ਵੀਰਵਾਰ, 16 ਜੁਲਾਈ, 2026
1 ਸਾਉਣ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 45

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 16 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੰਜਾਬ 'ਚ ਐੱਸ ਆਈ ਆਰ ਪ੍ਰਕਿਰਿਆ 11 ਦਿਨ ਵਧੀ

### ਬੀ ਐੱਲ ਓ ਹੁਣ 3 ਅਗਸਤ ਤੱਕ ਘਰ-ਘਰ ਪੁੱਜਣਗੇ

**ਨਵੀਂ ਦਿੱਲੀ (ਨ ਜ਼ ਸ)** : ਭਾਰਤੀ ਚੋਣ ਕਮਿਸ਼ਨ ਨੇ ਬੁੱਧਵਾਰ ਪੰਜਾਬ ਅਤੇ ਦਿੱਲੀ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦੀ ਸਮਾਂ-ਸਾਰਣੀ ਨੂੰ ਕ੍ਰਮਵਾਰ 11 ਅਤੇ 12 ਦਿਨਾਂ ਲਈ ਵਧਾ ਦਿੱਤਾ ਹੈ। ਸੋਧੀ ਹੋਈ ਸਮਾਂ-ਸਾਰਣੀ ਮੁਤਾਬਕ ਪੰਜਾਬ ਦੀ ਅੰਤਮ ਵੋਟਰ ਸੂਚੀ ਹੁਣ 12 ਅਕਤੂਬਰ ਨੂੰ ਜਾਰੀ ਹੋਵੇਗੀ, ਜਿਹੜੀ ਪਹਿਲਾਂ ਇੱਕ ਅਕਤੂਬਰ ਨੂੰ ਜਾਰੀ ਹੋਣੀ ਸੀ। ਦਿੱਲੀ ਦੀ ਅੰਤਮ ਵੋਟਰ ਸੂਚੀ 19 ਅਕਤੂਬਰ ਨੂੰ ਆਵੇਗੀ, ਜੋ ਕਿ ਪਹਿਲਾਂ 7 ਅਕਤੂਬਰ ਨੂੰ ਆਉਣੀ ਸੀ। ਪੰਜਾਬ ਵਿੱਚ ਬੀ ਐੱਲ ਓਜ਼ ਵੱਲੋਂ ਵੋਟਰਾਂ ਦੀ ਘਰ-ਘਰ ਜਾ ਕੇ ਪੜਤਾਲ (ਵੈਰੀਫਿਕੇਸ਼ਨ) ਦਾ ਕੰਮ 3 ਅਗਸਤ ਤੱਕ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਇਸ ਨੂੰ 24 ਜੁਲਾਈ ਤੱਕ ਪੂਰਾ ਕੀਤਾ ਜਾਣਾ ਸੀ। ਪੜਤਾਲ ਦੀ ਪ੍ਰਕਿਰਿਆ 25 ਜੂਨ ਨੂੰ ਸ਼ੁਰੂ ਹੋਈ ਸੀ। ਪੰਜਾਬ ਦੀ ਡਰਾਫਟ ਸੂਚੀ 13 ਅਗਸਤ ਨੂੰ ਪ੍ਰਕਾਸ਼ਤ ਹੋਵੇਗੀ। ਇਸ ਤੋਂ ਪਹਿਲਾਂ ਇਹ 31 ਜੁਲਾਈ ਨੂੰ ਜਾਰੀ ਕੀਤੀ ਜਾਣੀ ਸੀ। ਪੰਜਾਬ ਵਿੱਚ ਸੋਧੀ ਹੋਈ ਸਮਾਂ-ਸਾਰਣੀ ਮੁਤਾਬਕ ਦਾਅਵੇ ਅਤੇ ਇਤਰਾਜ਼ ਦਾਖਲ ਕਰਨ ਦੀ ਨਵੀਂ ਮਿਆਦ 13 ਅਗਸਤ ਤੋਂ 12 ਸਤੰਬਰ 2026 ਤੱਕ ਹੋਵੇਗੀ। ਇਸ ਤੋਂ ਪਹਿਲਾਂ ਇਹ ਪ੍ਰਕਿਰਿਆ 31 ਜੁਲਾਈ ਤੋਂ 30 ਅਗਸਤ ਦਰਮਿਆਨ ਕੀਤੀ ਜਾਣੀ ਸੀ। ਸੂਬੇ ਵਿੱਚ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 13 ਅਗਸਤ ਤੋਂ 8 ਅਕਤੂਬਰ ਤੱਕ ਕੀਤਾ ਜਾਵੇਗਾ।



## ਭਾਰਤ 'ਤੇ 100 ਫ਼ੀਸਦੀ ਤੱਕ ਟੈਰਿਫ ਲਾਉਣ ਵਾਲਾ ਬਿੱਲ ਅਮਰੀਕੀ ਸੈਨੇਟ 'ਚ ਪੇਸ਼

**ਵਾਸ਼ਿੰਗਟਨ (ਨ ਜ਼ ਸ)** : ਅਮਰੀਕੀ ਸੈਨੇਟਰਾਂ ਦੇ ਇੱਕ ਦੋ-ਪੱਖੀ ਸਮੂਹ ਨੇ ਰੂਸੀ ਤੇਲ ਦੀ ਲਗਾਤਾਰ ਖਰੀਦ ਨੂੰ ਲੈ ਕੇ ਭਾਰਤ, ਚੀਨ ਅਤੇ ਤਿੰਨ ਹੋਰ ਦੇਸ਼ਾਂ ਤੋਂ ਦਰਾਮਦ 'ਤੇ 100 ਫੀਸਦੀ ਤੱਕ ਟੈਰਿਫ (ਟੈਕਸ) ਲਗਾਉਣ ਦਾ ਪ੍ਰਸਤਾਵ ਰੱਖਣ ਵਾਲਾ ਬਿੱਲ ਪੇਸ਼ ਕੀਤਾ ਹੈ, ਜੋ ਕਿ ਯੂਕਰੇਨ ਜੰਗ ਨੂੰ ਲੈ ਕੇ ਮਾਸਕੋ 'ਤੇ ਆਰਥਿਕ ਦਬਾਅ ਵਧਾਉਣ ਲਈ ਵਾਸ਼ਿੰਗਟਨ ਵੱਲੋਂ ਕੀਤੀ ਗਈ ਨਵੀਨਤਮ ਕੋਸ਼ਿਸ਼ ਹੈ। ਬਿੱਲ ਰੂਸੀ ਤੇਲ ਦੇ ਪੰਜ ਸਭ ਤੋਂ ਵੱਡੇ ਖਰੀਦਦਾਰਾਂ-ਭਾਰਤ, ਚੀਨ, ਸਲੋਵਾਕੀਆ, ਹੰਗਰੀ ਅਤੇ ਅਜ਼ਰਬਾਈਜਾਨ ਨੂੰ ਨਿਸ਼ਾਨਾ ਬਣਾਉਂਦਾ ਹੈ, ਜਦੋਂ ਕਿ ਰੂਸੀ ਕੁਦਰਤੀ ਗੈਸ ਦੀ ਦਰਾਮਦ ਜਾਰੀ ਰੱਖਣ ਵਾਲੇ 15 ਯੂਰਪੀ ਦੇਸ਼ਾਂ ਨੂੰ ਇਸ ਤੋਂ ਛੋਟ ਦਿੱਤੀ ਗਈ ਹੈ। ਕਾਨੂੰਨ ਬਣਾਉਣ ਵਾਲਿਆਂ ਦਾ ਤਰਕ ਹੈ ਕਿ ਉਹ ਖਰੀਦਦਾਰੀ ਉਨ੍ਹਾਂ ਦੀਆਂ ਊਰਜਾ ਲੋੜਾਂ ਦਾ ਸਿਰਫ ਇੱਕ ਛੋਟਾ ਹਿੱਸਾ ਹੈ ਅਤੇ ਉਹ ਦੇਸ਼ ਮਾਸਕੋ 'ਤੇ ਆਪਣੀ ਨਿਰਭਰਤਾ ਘਟਾ ਰਹੇ ਹਨ। ਇਹ ਬਿੱਲ, ਜੋ ਕਿ ਮਰਹੂਮ ਰਿਪਬਲਿਕਨ ਸੈਨੇਟਰ ਲਿੰਡਸੇ ਗ੍ਰਾਹਮ ਵੱਲੋਂ ਸਮਰਥਤ ਆਖਰੀ ਪ੍ਰਮੁੱਖ ਪਹਿਲਕਦਮੀਆਂ ਵਿੱਚੋਂ ਇੱਕ ਹੈ, ਨੂੰ ਡੈਮੋਕ੍ਰੇਟਿਕ ਸੈਨੇਟਰ ਰਿਚਰਡ ਬਲੂਮੈਂਥਲ ਵੱਲੋਂ ਵੀ ਸਪਾਂਸਰ ਕੀਤਾ ਗਿਆ ਹੈ, ਜਿਨ੍ਹਾ ਨੇ ਕਾਂਗਰਸ ਨੂੰ ਇਸ ਨੂੰ ਜਲਦੀ ਪਾਸ ਕਰਨ ਦੀ ਅਪੀਲ ਕੀਤੀ ਹੈ। ਬਲੂਮੈਂਥਲ ਨੇ ਕਿਹਾ ਕਿ ਵ੍ਹਾਈਟ ਹਾਊਸ ਗ੍ਰਾਹਮ ਦੀ ਮੌਤ ਤੋਂ ਪਹਿਲਾਂ ਹੀ ਇਸ ਪ੍ਰਸਤਾਵ ਨਾਲ ਸਹਿਮਤ ਹੋ ਗਿਆ ਸੀ। ਬਲੂਮੈਂਥਲ ਨੇ ਕਿਹਾ, "ਹੁਣ ਇਸ ਵਿਆਪਕ ਪਾਬੰਦੀਆਂ ਵਾਲੇ ਬਿੱਲ ਦਾ ਸਮਾਂ ਹੈ।" ਉਨ੍ਹਾ ਕਿਹਾ ਕਿ ਇਹ ਕਾਨੂੰਨ ਰੂਸੀ • ਬਾਕੀ ਸਫਾ 2 'ਤੇ

## ਬੇਅਦਬੀ ਕਾਨੂੰਨ ਬਾਰੇ ਅਕਾਲੀ ਦਲ ਦਾ ਦੋਹਰਾ ਮਾਪਦੰਡ : ਮਾਨ





**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਬੀਰ ਸਿੰਘ ਸੈਣੀ)** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੁਕੇਰੀਆਂ 'ਚ ਜਨਤਕ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ 'ਤੇ ਬੇਅਦਬੀ ਕਾਨੂੰਨ ਨੂੰ ਲੈ ਕੇ ਦੋਹਰੇ ਮਾਪਦੰਡ ਅਪਣਾਉਣ ਦਾ ਦੋਸ਼ ਲਾਇਆ। ਉਨ੍ਹਾ ਕਿਹਾ ਕਿ ਅਕਾਲੀ ਦਲ ਅੱਜ ਕਾਨੂੰਨ ਦਾ ਵਿਰੋਧ ਕਰ ਰਿਹਾ ਹੈ, ਪਰ ਪਹਿਲਾਂ ਇਹ ਦੱਸਣਾ ਚਾਹੀਦਾ ਹੈ ਕਿ ਜਦੋਂ ਉਹ ਪੰਜ ਵਾਰ ਮੁੱਖ ਮੰਤਰੀ ਦੇ ਨਾਲ ਸੱਤਾ ਵਿੱਚ ਸੀ ਤਾਂ ਉਸ ਨੇ ਅਜਿਹਾ ਕਾਨੂੰਨ ਕਿਉਂ ਨਹੀਂ ਬਣਾਇਆ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ 'ਤੇ ਤਨਜ਼ ਕਸਦਿਆਂ ਉਨ੍ਹਾ ਕਿਹਾ—ਅਕਾਲੀ ਆਗੂ ਲੋਕਾਂ ਵਿੱਚ ਆਪਣਾ ਆਧਾਰ ਗੁਆ ਚੁੱਕੇ ਹਨ। ਉਹ ਆਪਣੀਆਂ ਰੈਲੀਆਂ ਵਿੱਚ ਭੀੜ ਦਿਖਾਉਣ ਲਈ ਪੈਸੇ ਦੇ ਕੇ ਲਿਆਂਦੇ ਗਏ ਵਰਕਰਾਂ ਦੀ ਵਰਤੋਂ ਕਰ ਰਹੇ ਹਨ। ਹਰ ਅਕਾਲੀ ਰੈਲੀ ਵਿੱਚ ਉਹੀ ਭੀੜ ਨਜ਼ਰ ਆਉਂਦੀ ਹੈ। ਇਹ ਲੋਕ ਕਦੇ ਦਾਅਵਾ ਕਰਦੇ ਸਨ ਕਿ ਉਹ ਪੰਜਾਬ 'ਤੇ 25 ਸਾਲ ਰਾਜ ਕਰਨਗੇ, ਪਰ ਸੂਬੇ ਦੇ ਸੂਝਵਾਨ ਅਤੇ ਦਲੇਰ ਲੋਕਾਂ ਨੇ ਉਨ੍ਹਾਂ ਨੂੰ ਸਿਆਸੀ ਗੁੰਮਨਾਮੀ ਵਿੱਚ ਧੱਕ ਦਿੱਤਾ ਹੈ। ਇਹ ਮੌਕਾਪ੍ਰਸਤ ਆਗੂ ਆਪਣੀ ਸਹੂਲਤ ਅਤੇ ਨਿੱਜੀ ਸਿਆਸੀ ਹਿੱਤਾਂ ਮੁਤਾਬਕ ਰੰਗ ਅਤੇ ਆਪਣਾ ਸਟੈਂਡ ਬਦਲਦੇ ਹਨ। ਪੂਰਾ ਸੂਬਾ ਇਨ੍ਹਾਂ ਦਾ ਅਸਲੀ ਚਿਹਰਾ ਜਾਣਦਾ ਹੈ, ਕਿਉਂਕਿ ਇਨ੍ਹਾਂ ਹਮੇਸ਼ਾ ਸਿਆਸੀ ਡਰਾਮੇਬਾਜ਼ੀ ਰਾਹੀਂ ਲੋਕਾਂ ਨੂੰ ਗੁੰਮਰਾਹ ਕੀਤਾ ਹੈ। ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਪੰਜਾਬ ਦੇ ਅਸਲ ਗੱਦਾਰ ਹਨ, ਕਿਉਂਕਿ ਉਨ੍ਹਾਂ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਧਰਮ ਦੀ ਦੁਰਵਰਤੋਂ ਕੀਤੀ। ਉਹ ਆਮ ਲੋਕਾਂ ਲਈ ਬਣੀਆਂ ਸਹੂਲਤਾਂ ਹੜੱਪ ਕੇ ਅਮੀਰ ਬਣ ਗਏ। ਉਨ੍ਹਾਂ ਦੇ ਲੰਮੇ ਸ਼ਾਸਨ ਦੌਰਾਨ ਸੂਬਾ ਬਦਹਾਲ ਹੋ ਗਿਆ ਅਤੇ ਮਾਫੀਆ ਦਾ ਰਾਜ ਰਿਹਾ। ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੇ ਵੀ ਸੁਖਬੀਰ ਸਿੰਘ ਬਾਦਲ ਨੂੰ ਸੂਬੇ ਦਾ ਮੁਖੀ ਨਹੀਂ ਬਣਾਇਆ, ਕਿਉਂਕਿ ਉਹ ਜਾਣਦੇ ਸਨ ਕਿ ਸਾਬਕਾ ਉਪ ਮੁੱਖ ਮੰਤਰੀ ਪੰਜਾਬ ਨੂੰ ਬਰਬਾਦੀ ਦੇ ਕੰਢੇ 'ਤੇ ਲੈ ਜਾਣਗੇ। ਮਾਨ ਨੇ ਦੋਸ਼ ਲਾਇਆ ਕਿ ਜੇ ਕਾਂਗਰਸ, ਭਾਜਪਾ ਜਾਂ ਸ਼੍ਰੋਮਣੀ ਅਕਾਲੀ ਦਲ ਸੱਤਾ ਵਿੱਚ • ਬਾਕੀ ਸਫਾ 2 'ਤੇ

## ਥਰੂਰ ਦੀ ਵਾਂਗਚੁੱਕ ਨੂੰ ਮਰਨ ਵਰਤ ਛੱਡਣ ਦੀ ਅਪੀਲ


**ਨਵੀਂ ਦਿੱਲੀ (ਨ ਜ਼ ਸ)** : ਨੀਟ ਪ੍ਰੀਖਿਆ ਵਿੱਚ ਹੋਈਆਂ ਬੇਨੇਮੀਆਂ ਦੇ ਖਿਲਾਫ ਦਿੱਲੀ ਦੇ ਜੰਤਰ-ਮੰਤਰ ਵਿਖੇ ਚੱਲ ਰਹੇ ਪ੍ਰਦਰਸ਼ਨ ਦੌਰਾਨ ਕਾਂਗਰਸ ਦੇ ਸੀਨੀਅਰ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ ਬੁੱਧਵਾਰ ਪ੍ਰਸਿੱਧ ਸਮਾਜਿਕ ਕਾਰਕੁਨ ਸੋਨਮ ਵਾਂਗਚੁੱਕ ਨੂੰ ਆਪਣਾ ਮਰਨ ਵਰਤ ਖਤਮ ਕਰਨ ਦੀ ਜਜ਼ਬਾਤੀ ਅਪੀਲ ਕੀਤੀ। ਇਸ ਦੇ ਨਾਲ ਹੀ ਉਨ੍ਹਾ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਪ੍ਰਦਰਸ਼ਨਕਾਰੀਆਂ ਨਾਲ ਤੁਰੰਤ ਗੱਲਬਾਤ ਸ਼ੁਰੂ ਕਰੇ। ਥਰੂਰ ਨੇ ਕਿਹਾ ਕਿ ਨੌਜਵਾਨਾਂ ਨਾਲ ਗੱਲਬਾਤ ਦਾ ਹੱਥ ਵਧਾਉਣਾ ਕੋਈ ਕਮਜ਼ੋਰੀ ਨਹੀਂ, ਸਗੋਂ ਸਿਆਣਪ ਅਤੇ ਚੰਗੀ ਰਾਜਨੀਤੀ ਦੀ ਨਿਸ਼ਾਨੀ ਹੈ।

ਐਕਸ 'ਤੇ ਸਾਂਝੀ ਕੀਤੀ ਇੱਕ ਖੁੱਲ੍ਹੀ ਚਿੱਠੀ ਵਿੱਚ ਤਿਰੂਵਨੰਤਪੁਰਮ ਤੋਂ ਸੰਸਦ ਮੈਂਬਰ ਥਰੂਰ ਨੇ ਲਿਖਿਆ ਕਿ ਸੋਮਵਾਰ ਤੋਂ ਸੰਸਦ ਦਾ ਸੈਸ਼ਨ ਮੁੜ ਸ਼ੁਰੂ ਹੋਣ ਜਾ ਰਿਹਾ ਹੈ, ਜਿੱਥੇ ਲੋਕਤੰਤਰ ਦੇ ਸਭ ਤੋਂ ਵੱਡੇ ਮੰਚ 'ਤੇ ਵਿਦਿਆਰਥੀਆਂ ਦੇ ਇਸ ਅਹਿਮ ਮੁੱਦੇ ਨੂੰ ਜ਼ੋਰ-ਸ਼ੋਰ ਨਾਲ ਉਠਾਇਆ ਜਾਵੇਗਾ। ਉਨ੍ਹਾ ਕਿਹਾ, "ਸਮੱਸਿਆ ਦਾ ਹੱਲ ਸੰਸਦ ਵਿੱਚ ਹੋਣਾ ਚਾਹੀਦਾ ਹੈ, ਨਾ ਕਿ ਮਰਨ ਵਰਤ 'ਤੇ ਬੈਠ ਕੇ। ਕਿਰਪਾ ਕਰਕੇ ਮੇਰੀ ਬੇਨਤੀ ਨੂੰ ਪ੍ਰਵਾਨ ਕਰੋ।"

ਉਨ੍ਹਾ ਆਪਣੇ ਵਿਦਿਆਰਥੀ ਜੀਵਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਇੱਕ ਮੱਧ-ਵਰਗੀ ਪਰਵਾਰ ਲਈ ਇਮਾਨਦਾਰ ਪ੍ਰੀਖਿਆਵਾਂ ਅਤੇ ਮੈਰਿਟ ਹੀ ਬੱਚਿਆਂ ਦੇ ਸੁਪਨਿਆਂ ਨੂੰ ਪੂਰਾ ਕਰਨ ਦਾ ਇੱਕਮਾਤਰ ਜ਼ਰੀਆ ਹੁੰਦੇ ਹਨ ਅਤੇ ਜਦੋਂ ਇਹ ਢਾਂਚਾ ਟੁੱਟਦਾ ਹੈ ਤਾਂ ਸਭ ਤੋਂ ਵੱਧ ਨੁਕਸਾਨ ਗਰੀਬ ਤੇ ਮੱਧ ਵਰਗ ਦਾ ਹੁੰਦਾ ਹੈ।

ਇਸੇ ਦੌਰਾਨ ਦਿੱਲੀ ਹਾਈ ਕੋਰਟ ਨੇ ਬੁੱਧਵਾਰ ਕਾਰਕੁਨ ਸੋਨਮ ਵਾਂਗਚੁੱਕ ਲਈ ਤੁਰੰਤ ਡਾਕਟਰੀ ਦਖਲ ਦੀ ਮੰਗ ਕਰਦੀ ਜਨਹਿਤ ਪਟੀਸ਼ਨ 'ਤੇ ਕੇਂਦਰ ਅਤੇ ਦਿੱਲੀ ਸਰਕਾਰ ਤੋਂ ਜਵਾਬ ਮੰਗਿਆ ਹੈ। ਚੀਫ ਜਸਟਿਸ ਦੇਵੇਂਦਰ ਕੁਮਾਰ ਉਪਾਧਿਆਏ ਅਤੇ ਜਸਟਿਸ ਤੇਜਸ ਕਰੀਆ ਦੀ ਬੈਂਚ ਨੇ ਵਕੀਲ ਅਤੇ ਕਾਰਕੁਨ ਰਾਕੇਸ਼ ਕੁਮਾਰ ਸੈਣੀ ਵੱਲੋਂ ਦਾਇਰ ਪਟੀਸ਼ਨ ਦਾ ਗੰਭੀਰਤਾ ਦਾ ਨੋਟਿਸ ਲੈਂਦਿਆਂ ਦੋਵਾਂ ਸਰਕਾਰਾਂ ਨੂੰ ਜਵਾਬ ਦਾਇਰ ਕਰਨ ਦੇ ਨਿਰਦੇਸ਼ ਦਿੱਤੇ ਅਤੇ ਮਾਮਲੇ ਨੂੰ ਵੀਰਵਾਰ ਨੂੰ ਸੁਣਵਾਈ ਲਈ ਸੂਚੀਬੱਧ ਕੀਤਾ। ਪਟੀਸ਼ਨ ਵਿੱਚ ਅਧਿਕਾਰੀਆਂ ਨੂੰ ਨਿਰਦੇਸ਼ ਦੇਣ ਦੀ ਮੰਗ ਕੀਤੀ ਗਈ ਹੈ ਕਿ ਵਾਂਗਚੁੱਕ ਨੂੰ ਸਰਕਾਰੀ ਹਸਪਤਾਲ ਵਿੱਚ ਤਬਦੀਲ ਕੀਤਾ ਜਾਵੇ, ਤਾਂ ਜੋ ਉਨ੍ਹਾ ਦੀ ਜਾਨ ਨੂੰ ਕੋਈ ਖਤਰਾ ਨਾ ਹੋਵੇ।

## ਸਕੂਟਰ ਚਾਰਜ ਕਰਨ ਵੇਲੇ ਭੜਕੀ ਅੱਗ, ਦੋ ਮੌਤਾਂ



**ਨੋਇਡਾ (ਨ ਜ਼ ਸ)**: ਇੱਥੇ ਸੈਕਟਰ 66 ਵਿੱਚ ਸਥਿਤ ਮਾਮੂਰਾ ਪਿੰਡ 'ਚ ਬੁੱਧਵਾਰ ਪੰਜ ਮੰਜ਼ਲਾ ਰਿਹਾਇਸ਼ੀ ਇਮਾਰਤ ਦੇ ਪਾਰਕਿੰਗ ਏਰੀਆ ਵਿੱਚ ਚਾਰਜ ਹੋ ਰਹੇ ਇਲੈਕਟ੍ਰਿਕ ਸਕੂਟਰ ਨੂੰ ਲੱਗੀ ਅੱਗ ਨੇ ਦੋ ਲੋਕਾਂ ਦੀ ਜਾਨ ਲੈ ਲਈ ਅਤੇ ਇਮਾਰਤ ਵਿੱਚ ਰਹਿਣ ਵਾਲੇ 100 ਤੋਂ ਵੱਧ ਵਸਨੀਕਾਂ ਦੀ ਜਾਨ ਖਤਰੇ ਵਿੱਚ ਪਾ ਦਿੱਤੀ। ਹਾਦਸਾ ਫੇਜ਼ 3 ਪੁਲਸ ਸਟੇਸ਼ਨ ਖੇਤਰ ਦੇ ਅਧੀਨ ਮਾਮੂਰਾ ਦੀ ਗਲੀ ਨੰਬਰ 2 ਵਿੱਚ ਵਾਪਰਿਆ।

ਪੁਲਸ ਮੁਤਾਬਕ ਅੱਗ ਇਮਾਰਤ ਦੀ ਪਹਿਲੀ ਮੰਜ਼ਲ ਤੋਂ ਸ਼ੁਰੂ ਹੋਈ ਸੀ, ਜਿੱਥੇ ਇੱਕ ਇਲੈਕਟ੍ਰਿਕ ਸਕੂਟਰ ਚਾਰਜ ਹੋ ਰਿਹਾ ਸੀ। ਚੰਗਿਆੜੀ ਨਿਕਲਣ ਕਾਰਨ ਸਕੂਟਰ ਨੂੰ ਅੱਗ ਲੱਗ ਗਈ ਅਤੇ ਦੇਖਦੇ ਹੀ ਦੇਖਦੇ ਅੱਗ ਦੀਆਂ ਲਾਟਾਂ ਤੇਜ਼ੀ ਨਾਲ ਉੱਥੇ ਪਾਰਕ ਕੀਤੇ ਪੈਟਰੋਲ ਵਾਲੇ ਹੋਰ ਕਈ ਵਾਹਨਾਂ ਤੱਕ ਫੈਲ ਗਈਆਂ। ਸੰਘਣਾ ਧੂੰਆਂ ਤੇਜ਼ੀ ਨਾਲ ਉੱਪਰਲੀਆਂ ਮੰਜ਼ਲਾਂ ਵੱਲ ਚਲਾ ਗਿਆ ਅਤੇ ਘਰਾਂ ਦੇ ਅੰਦਰ ਵੜ ਗਿਆ। ਲੋਕ ਅੰਦਰ ਹੀ ਫਸ ਗਏ। ਇਮਾਰਤ ਵਿੱਚ ਕਰੀਬ 50 ਪਰਵਾਰ ਸਨ। ਦਮ ਘੁੱਟਣ ਨਾਲ 26 ਸਾਲਾ ਔਰਤ ਅਤੇ ਇੱਕ ਮਰਦ ਦੀ ਮੌਤ ਹੋ ਗਈ, ਜਦਕਿ 100 ਤੋਂ ਵੱਧ ਬਚਾ ਲਏ ਗਏ। ਦੋ ਹੋਰ ਵਿਅਕਤੀ ਝੁਲਸ ਗਏ ਅਤੇ ਉਨ੍ਹਾਂ ਨੂੰ ਇਲਾਜ ਲਈ ਦਾਖਲ ਕਰਵਾਇਆ ਗਿਆ ਹੈ।

## ਐੱਮ ਬੀ ਬੀ ਐੱਸ ਦੀਆਂ ਸੀਟਾਂ 7 ਫੀਸਦੀ ਵਧ ਕੇ ਇੱਕ ਲੱਖ 37 ਹਜ਼ਾਰ ਤੱਕ ਪੁੱਜੀਆਂ

**ਨਵੀਂ ਦਿੱਲੀ (ਨ ਜ਼ ਸ)** : ਭਾਰਤ ਵਿੱਚ ਐੱਮ ਬੀ ਬੀ ਐੱਸ ਦੀਆਂ ਕੁੱਲ ਸੀਟਾਂ ਦੀ ਗਿਣਤੀ 1.36 ਲੱਖ ਨੂੰ ਪਾਰ ਕਰ ਗਈ ਹੈ। ਸਾਲ 2025 ਦੇ ਮੁਕਾਬਲੇ ਇਸ ਵਾਰ ਸੀਟਾਂ ਵਿੱਚ 7 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਨੈਸ਼ਨਲ ਮੈਡੀਕਲ ਕਮਿਸ਼ਨ ਵੱਲੋਂ ਅਕਾਦਮਿਕ ਸਾਲ 2026-27 ਲਈ ਜਾਰੀ ਕੀਤੇ ਗਏ ਅਧਿਕਾਰਤ ਅੰਕੜਿਆਂ (ਸੀਟ ਮੈਟ੍ਰਿਕਸ) ਮੁਤਾਬਕ, ਦੇਸ਼ ਦੇ 823 ਮੈਡੀਕਲ ਕਾਲਜਾਂ ਵਿੱਚ ਹੁਣ ਕੁੱਲ 1,36,939 ਸੀਟਾਂ ਉਪਲੱਬਧ ਹੋਣਗੀਆਂ। ਪਿਛਲੇ ਸਾਲ (2025-26) 818 ਕਾਲਜਾਂ ਵਿੱਚ 1,28,976 ਸੀਟਾਂ ਸਨ, ਜਿਸ ਦਾ ਮਤਲਬ ਹੈ ਕਿ ਇਸ ਵਾਰ 7,963 ਸੀਟਾਂ ਦਾ ਵਾਧਾ ਹੋਇਆ ਹੈ।

ਇਸ ਸਾਲ ਦੀਆਂ ਕੁੱਲ 1,36,939 ਸੀਟਾਂ ਵਿੱਚੋਂ 1,27,028 ਸੀਟਾਂ ਪੁਰਾਣੀਆਂ (ਰੀਨਿਊਅਲ ਸਿਸਟਮ ਤਹਿਤ) ਹਨ ਅਤੇ 9,911 ਨਵੀਆਂ ਸੀਟਾਂ ਜੋੜੀਆਂ ਗਈਆਂ ਹਨ।

ਪਹਿਲਾਂ 441 ਸਰਕਾਰੀ ਮੈਡੀਕਲ ਕਾਲਜਾਂ ਦੀਆਂ ਸੀਟਾਂ 61,185 ਸਨ ਤੇ ਹੁਣ 2,111 ਵਧ ਕੇ 63,296 ਸੀਟਾਂ ਹੋ ਗਈਆਂ ਹਨ। 382 ਪ੍ਰਾਈਵੇਟ ਮੈਡੀਕਲ ਕਾਲਜਾਂ ਦੀਆਂ 73,643 ਸੀਟਾਂ ਹੋ ਗਈਆਂ ਹਨ। ਪਹਿਲਾਂ 65,843 ਸਨ ਤੇ 7,800 ਨਵੀਆਂ ਜੁੜੀਆਂ ਹਨ। ਇਨ੍ਹਾਂ ਅੰਕੜਿਆਂ ਵਿੱਚ ਏਮਜ਼, ਜਿਪਮੇਰ ਪੁੱਡੂਚੇਰੀ • ਬਾਕੀ ਸਫਾ 2 'ਤੇ

## ਮੌਨਸੂਨ ਸੈਸ਼ਨ ਅਗਸਤ ਦੇ ਪਹਿਲੇ ਹਫਤੇ ਸੰਭਵ

**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਦਾ ਮੌਨਸੂਨ ਸੈਸ਼ਨ ਅਗਸਤ ਮਹੀਨੇ ਦੇ ਪਹਿਲੇ ਹਫਤੇ ਹੋਣ ਦੀ ਸੰਭਾਵਨਾ ਹੈ। ਸੂਤਰਾਂ ਮੁਤਾਬਕ ਸਰਕਾਰ ਕਰੀਬ ਹਫਤੇ ਭਰ ਦਾ ਸੈਸ਼ਨ ਸੱਦਣ ਦੇ ਰੌਂਅ 'ਚ ਹੈ ਅਤੇ 15 ਅਗਸਤ ਤੋਂ ਪਹਿਲਾਂ ਇਹ ਸੈਸ਼ਨ ਸਮਾਪਤ ਕਰਨ ਦੀ ਵਿਉਂਤ ਬਣਾਈ ਜਾ ਰਹੀ ਹੈ। ਇਸ ਸੈਸ਼ਨ 'ਚ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026 'ਚ ਸੋਧ ਕੀਤੇ ਜਾਣ ਦਾ ਏਜੰਡਾ ਆਉਣ ਦੀ ਸੰਭਾਵਨਾ ਹੈ।

## ਜੱਗੂ ਗੈਂਗ ਦਾ ਨਿਤੀਸ਼ ਕੌਸ਼ਲ ਅਮਰੀਕਾ 'ਚ ਮੋਸਟ ਵਾਂਟਿਡ



**ਵਾਸ਼ਿੰਗਟਨ**: ਐੱਫ ਬੀ ਆਈ ਨੇ ਭਗਵਾਨਪੁਰੀਆ ਗੈਂਗ 'ਤੇ ਸ਼ਿਕੰਜਾ ਕੱਸਦਿਆਂ ਅਮਰੀਕਾ ਵਿੱਚ ਕਤਲ, ਅਗਵਾ ਅਤੇ ਨਸ਼ਾ ਤਸਕਰੀ ਵਿੱਚ ਸ਼ਾਮਲ ਕਥਿਤ ਗੈਂਗਸਟਰ ਨਿਤੀਸ਼ ਕੌਸ਼ਲ ਨੂੰ ਆਪਣੀ ਸਭ ਤੋਂ ਵੱਧ ਲੋੜੀਂਦੇ ਅਪਰਾਧੀਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਹੈ। ਉਸ ਨੇ ਦੱਸਿਆ ਕਿ ਕੌਸ਼ਲ ਭਗਵਾਨਪੁਰੀਆ ਗਰੁੱਪ ਲਈ ਹਿੰਸਕ ਵਾਰਦਾਤਾਂ ਨੂੰ ਅੰਜਾਮ ਦਿੰਦਾ ਸੀ, ਜਿਸ ਵਿੱਚ ਅਗਵਾ ਅਤੇ ਹਮਲੇ ਵਰਗੀਆਂ ਘਟਨਾਵਾਂ ਸ਼ਾਮਲ ਹਨ। ਏਜੰਸੀ ਨੇ ਕੌਸ਼ਲ ਬਾਰੇ ਕਿਸੇ ਵੀ ਜਾਣਕਾਰੀ ਲਈ ਸਥਾਨਕ ਐੱਫ ਬੀ ਆਈ ਦਫਤਰ, ਅਮਰੀਕੀ ਦੂਤਾਵਾਸ ਜਾਂ ਕੌਂਸਲਖਾਨੇ ਨਾਲ ਸੰਪਰਕ ਕਰਨ ਲਈ ਕਿਹਾ ਹੈ। ਐੱਫ ਬੀ ਆਈ ਮੁਤਾਬਕ ਜੱਗੂ ਭਗਵਾਨਪੁਰੀਆ ਗਰੁੱਪ ਪੰਜਾਬ ਤੋਂ ਸ਼ੁਰੂ ਹੋਇਆ ਸੀ ਅਤੇ ਕੈਲੀਫੋਰਨੀਆ ਦੇ ਕੇਂਦਰੀ ਜ਼ਿਲ੍ਹੇ ਸਮੇਤ ਹੋਰ ਥਾਵਾਂ 'ਤੇ ਸਰਗਰਮ ਹੈ।

## ਭਾਜਪਾ ਚਾਹੁੰਦੀ ਮੈਨੂੰ ਹਾਰਟ ਅਟੈਕ ਹੋ ਜਾਵੇ : ਮਮਤਾ

**ਕੋਲਕਾਤਾ** : ਮਮਤਾ ਬੈਨਰਜੀ ਨੇ ਬੁੱਧਵਾਰ ਕਿਹਾ ਕਿ ਭਾਜਪਾ ਚਾਹੁੰਦੀ ਹੈ ਕਿ ਉਸ ਨੂੰ ਦਿਲ ਦਾ ਦੌਰਾ ਪਵੇ ਪਰ ਉਹ ਭਾਜਪਾ ਦੇ ਅੰਤ ਤੱਕ ਜਿਊਂਦੀ ਰਹੇਗੀ। ਈ ਡੀ ਵੱਲੋਂ ਪਤਨੀ ਤੇ ਪੁੱਤਰਾਂ ਨੂੰ ਸੰਮਨ ਕਰਨ ਤੋਂ ਇੱਕ ਦਿਨ ਬਾਅਦ ਮਦਨ ਮਿੱਤਰਾ ਦੇ ਸਾਥ ਛੱਡ ਕੇ ਬਾਗੀ ਧੜੇ ਨਾਲ ਮਿਲਣ 'ਤੇ ਮਮਤਾ ਨੇ ਕਿਹਾ ਕਿ ਉਹ ਗ਼ੱਦਾਰਾਂ ਦੇ ਸਾਥ ਛੱਡਣ ਲਈ ਲੋਕਾਂ ਤੋਂ ਖਿਮਾ ਮੰਗਦੀ ਹੈ ਪਰ ਉਹ ਅਸੂਲਾਂ ਨਾਲ ਸਮਝੌਤਾ ਨਹੀਂ ਕਰੇਗੀ।

## ਕਿਰਨਦੀਪ ਦੇ ਕਤਲ ਤੋਂ ਬਾਅਦ ਇੰਗਲੈਂਡ 'ਚ ਨਸਲੀ ਨਫਰਤ ਦਾ ਮੁੱਦਾ ਗਰਮਾਇਆ



**ਲੰਡਨ (ਨ ਜ਼ ਸ)** : ਤਰਨ ਤਾਰਨ ਨੇੜਲੇ ਪਿੰਡ ਪਿੱਦੀ ਦੀ ਮੁਟਿਆਰ ਕਿਰਨਦੀਪ ਕੌਰ ਦੇ ਪੱਛਮੀ ਲੰਡਨ ਦੇ ਹੇਜ਼ ਖੇਤਰ ਵਿੱਚ ਕਤਲ ਦੇ ਸੰਬੰਧ ਵਿੱਚ ਮੈਟਰੋਪੋਲੀਟਨ ਪੁਲਸ ਨੇ 44 ਸਾਲਾ ਹਮਲਾਵਰ ਡੈਨੀਅਲ ਸੀਨ ਜੇਮਜ਼ ਨੂੰ ਗ੍ਰਿਫਤਾਰ ਕਰਕੇ ਵਿਲਸਡਨ ਮੈਜਿਸਟ੍ਰੇਟ ਅਦਾਲਤ ਵਿੱਚ ਪੇਸ਼ ਕਰਕੇ ਕਤਲ, ਕਤਲ ਦੀ ਕੋਸ਼ਿਸ਼ ਅਤੇ ਮਾਰੂ ਹਥਿਆਰ ਰੱਖਣ ਦੇ ਦੋਸ਼ ਲਾਏ ਹਨ। ਮੈਟਰੋਪੋਲੀਟਨ ਪੁਲਸ ਨੇ ਦੱਸਿਆ ਕਿ ਐਤਵਾਰ ਨੂੰ ਹੇਜ਼ ਦੀ ਅਕਸਬ੍ਰਿਜ ਰੋਡ ਸਥਿਤ ਇੱਕ ਘਰ ਵਿੱਚ ਚਾਕੂ ਚੱਲਣ ਦੀ ਸੂਚਨਾ ਮਿਲਣ ਤੋਂ ਬਾਅਦ ਜਦੋਂ ਅਧਿਕਾਰੀ ਲੰਡਨ ਐਂਬੂਲੈਂਸ ਸੇਵਾ ਸਮੇਤ ਮੌਕੇ 'ਤੇ ਪਹੁੰਚੇ, ਤਾਂ ਕਿਰਨਦੀਪ ਕੌਰ ਲਹੂ-ਲੁਹਾਨ ਹਾਲਤ ਵਿੱਚ ਮਿਲੀ। ਐਮਰਜੈਂਸੀ ਸੇਵਾਵਾਂ ਦੀਆਂ ਲੱਖ ਕੋਸ਼ਿਸ਼ਾਂ ਦੇ ਬਾਵਜੂਦ ਉਸ ਨੂੰ ਬਚਾਇਆ ਨਹੀਂ ਜਾ ਸਕਿਆ ਅਤੇ ਮੌਕੇ 'ਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਸ ਨੇ ਦੱਸਿਆ ਕਿ ਦੂਜਾ ਜ਼ਖ਼ਮੀ ਨੌਜਵਾਨ ਘਰ ਦੇ ਬਾਹਰ ਮਿਲਿਆ ਸੀ। ਹਮਲਾਵਰ ਨੇ ਵਾਰਦਾਤ ਤੋਂ ਬਾਅਦ ਖਿੜਕੀ ਤੋਂ ਕੁੱਦ ਕੇ ਭੱਜਣ ਦੀ ਕੋਸ਼ਿਸ਼ ਕੀਤੀ ਸੀ, ਜਿਸ ਕਾਰਨ ਉਹ ਖੁਦ ਵੀ ਜ਼ਖ਼ਮੀ ਹੋ ਗਿਆ ਅਤੇ ਪੁਲਸ ਨੇ ਉਸ ਨੂੰ ਨਜ਼ਦੀਕੀ ਇਲਾਕੇ ਵਿੱਚੋਂ ਹੀ ਦਬੋਚ ਲਿਆ।

ਇਸ ਘਟਨਾ ਨੇ ਬ੍ਰਿਟੇਨ ਵਿੱਚ ਇੱਕ ਵਾਰ ਫਿਰ ਨਸਲੀ ਅਤੇ ਧਾਰਮਿਕ ਨਫਰਤ ਦਾ ਮੁੱਦਾ ਗਰਮਾ ਦਿੱਤਾ ਹੈ। ਕਈ ਸਿੱਖ ਜਥੇਬੰਦੀਆਂ ਨੇ ਖਦਸ਼ਾ ਪ੍ਰਗਟਾਇਆ ਹੈ ਕਿ ਇਹ ਹਮਲਾ ਸਿੱਖ ਵਿਰੋਧੀ ਨਫਰਤੀ ਅਪਰਾਧ ਹੋ ਸਕਦਾ ਹੈ। ਇਹ ਖਦਸ਼ਾ ਇਸ ਲਈ ਵੀ ਡੂੰਘਾ ਹੋ ਗਿਆ ਹੈ ਕਿਉਂਕਿ ਕੁਝ ਹਫਤੇ ਪਹਿਲਾਂ ਹੀ ਦੱਖਣ-ਪੂਰਬੀ ਇੰਗਲੈਂਡ ਵਿੱਚ ਇੱਕ 18 ਸਾਲਾ ਨੌਜਵਾਨ ਹੈਨਰੀ ਨੋਵਾਕ ਦੇ ਕਤਲ ਦੇ ਮਾਮਲੇ ਵਿੱਚ 23 ਸਾਲਾ ਬ੍ਰਿਟਿਸ਼ ਸਿੱਖ ਨੌਜਵਾਨ ਵਿਕਰਮ ਦਿਗਵਾ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ।

ਇਸੇ ਸੰਬੰਧ ਵਿੱਚ 'ਸਿੱਖ ਨੈੱਟਵਰਕ' ਵੱਲੋਂ ਬੁੱਧਵਾਰ ਨੂੰ ਬ੍ਰਿਟਿਸ਼ ਸੰਸਦ ਵਿੱਚ ਇੱਕ ਵਿਸ਼ੇਸ਼ ਸਰਵੇਖਣ ਦੀ ਰਿਪੋਰਟ ਪੇਸ਼ ਕੀਤੀ ਜਾ ਰਹੀ ਹੈ। ਇਸ ਰਿਪੋਰਟ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਵਿਕਰਮ ਦਿਗਵਾ ਦੇ ਕੇਸ ਦੀ ਸੁਣਵਾਈ ਤੋਂ ਬਾਅਦ ਬ੍ਰਿਟੇਨ ਵਿੱਚ ਰਹਿਣ ਵਾਲੇ ਕਰੀਬ 40 ਫੀਸਦੀ ਸਿੱਖਾਂ ਨੇ ਸਿੱਖ ਵਿਰੋਧੀ ਨਫਰਤੀ ਟਿੱਪਣੀਆਂ ਜਾਂ ਅਪਰਾਧਾਂ ਦਾ ਸਾਹਮਣਾ ਕੀਤਾ ਹੈ ਜਾਂ ਉਹ ਇਸ ਦੇ ਗਵਾਹ ਬਣੇ ਹਨ। ਪੁਲਸ ਫਿਲਹਾਲ ਹਰ ਪਹਿਲੂ ਤੋਂ ਮਾਮਲੇ ਦੀ ਜਾਂਚ ਕਰ ਰਹੀ ਹੈ।

## ਡਾ. ਇਕਬਾਲ ਕੌਰ ਸੌਂਦ ਨੂੰ ਸੇਜਲ ਅੱਖਾਂ ਨਾਲ ਵਿਦਾਇਗੀ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਉੱਘੇ ਪੰਜਾਬੀ ਵਿਦਵਾਨ, ਆਲੋਚਕ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਪੰਜਾਬੀ ਵਿਭਾਗ ਦੇ ਸਾਬਕਾ ਪ੍ਰੋਫੈਸਰ ਡਾ. ਇਕਬਾਲ ਕੌਰ ਸੌਂਦ ਦਾ ਅੰਤਮ ਸੰਸਕਾਰ ਬੁੱਧਵਾਰ ਗੁਰਦਵਾਰਾ ਸ਼ਹੀਦਾਂ ਸਾਹਿਬ ਨੇੜਲੇ ਸ਼ਮਸ਼ਾਨਘਾਟ ਵਿਚ ਸਾਹਿਤਕ, ਅਕਾਦਮਿਕ ਅਤੇ ਜਨਤਕ ਜਥੇਬੰਦੀਆਂ ਦੀ ਹਾਜ਼ਰੀ ਵਿਚ ਸੇਜਲ ਅੱਖਾਂ ਨਾਲ ਕੀਤਾ ਗਿਆ। ਉਨ੍ਹਾ ਦੀ ਚਿਤਾ ਨੂੰ ਅਗਨੀ ਸਪੁੱਤਰ ਡਾ. ਸਰਤਾਜ ਸਿੰਘ ਅਤੇ ਧੀ ਡਾ. ਨਵਕਿਰਨ ਵੱਲੋਂ ਸਾਂਝੇ ਰੂਪ ਵਿਚ ਵਿਖਾਈ ਗਈ।

ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਦੀਪ ਦੇਵਿੰਦਰ ਸਿੰਘ ਅਤੇ ਸ਼ੇਲਿੰਦਰਜੀਤ ਸਿੰਘ ਰਾਜਨ, ਪੰਜਾਬ ਸੰਗੀਤ ਨਾਟਕ ਅਕੈਡਮੀ ਅਤੇ ਵਿਰਸਾ ਵਿਹਾਰ ਸੁਸਾਇਟੀ ਵੱਲੋਂ ਨਾਟਕਕਾਰ ਕੇਵਲ ਧਾਲੀਵਾਲ, ਪੰਜਾਬੀ ਸਾਹਿਤ ਅਕੈਡਮੀ ਵੱਲੋਂ ਭੁਪਿੰਦਰ ਸਿੰਘ ਸੰਧੂ, ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਡਾ. ਬਲਜੀਤ ਰਿਆੜ ਅਤੇ ਡਾ. ਅਮਰਜੀਤ ਸਿੱਧੂ, ਕਾਮਰੇਡ ਗਹਿਲ ਸਿੰਘ ਛੱਜਲਵੱਡੀ ਟਰੱਸਟ ਵੱਲੋਂ ਜਰਮਨਜੀਤ ਸਿੰਘ ਆਦਿ ਨੇ ਡਾ. ਸੌਂਦ ਦੀ ਮ੍ਰਿਤਕ ਦੇਹ 'ਤੇ ਦੋਸ਼ਾਲੇ ਅਤੇ ਫੁੱਲਮਾਲਾਵਾਂ ਭੇਟ ਕੀਤੀਆਂ।

ਇਸ ਮੌਕੇ ਅਮਰਜੀਤ ਆਸਲ, ਅਰਤਿੰਦਰ ਸੰਧੂ, ਰਾਜ ਖੁਸ਼ਵੰਤ ਸਿੰਘ, ਮਨਜੀਤ ਸਿੰਘ ਵੱਸੀ, ਮੱਖਣ ਭੈਣੀਵਾਲ, ਸੁਰਿੰਦਰ ਖਿਲਚੀਆਂ, ਰਾਜਵਿੰਦਰ ਰਾਜ, ਜਸਬੀਰ ਕੌਰ, ਨਵਦੀਪ ਸਿੰਘ, ਰਜਿੰਦਰਪਾਲ ਕੌਰ, ਤੇਜਿੰਦਰ ਕੌਰ, ਜਸਬੀਰ ਸਿੰਘ ਸੋਢੀ, ਕੁਲਦੀਪ ਮੁਹਾਵਾ, ਡਾ. ਧਰਮ ਸਿੰਘ, ਡਾ. ਕਸ਼ਮੀਰ ਸਿੰਘ, ਕੁਲਦੀਪ ਸਿੰਘ ਅਜ਼ਾਦ ਬੁੱਕ, ਡਾ. ਕੰਵਲਜੀਤ ਜੱਸਲ, ਇੰਦਰਜੀਤ ਸਿੰਘ ਅੜੀ, ਸਰਬਜੀਤ ਸੰਧੂ, ਡਾ. ਮੋਹਨ ਬੇਗੋਵਾਲ, ਗੁਰਵਿੰਦਰ ਸਿੰਘ ਮੰਮਣਕੇ, ਰਮੇਸ਼ ਯਾਦਵ, ਲਖਬੀਰ ਸਿੰਘ ਨਿਜ਼ਾਮਪੁਰ, ਡਾ. ਇੰਦਰਾ ਵਿਰਕ, ਡਾ. ਗੁਰਪ੍ਰੀਤ ਛਾਬੜਾ, ਡਾ. ਨਰਿੰਦਰ, ਡਾ. ਜਸਪਾਲ ਅਤੇ ਡਾ. ਹੀਰਾ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸਾਹਿਤਕਾਰ ਅਤੇ ਰਿਸ਼ਤੇਦਾਰ ਹਾਜ਼ਰ ਸਨ।

## ਲਾਡੋਵਾਲ ਟੋਲ ਪਲਾਜ਼ਾ 'ਤੇ ਨਵੇਂ ਰੇਟ ਲਾਗੂ

**ਲੁਧਿਆਣਾ (ਨ ਜ਼ ਸ)** : ਨੈਸ਼ਨਲ ਹਾਈਵੇਅ 'ਤੇ ਸਥਿਤ ਲਾਡੋਵਾਲ ਟੋਲ ਪਲਾਜ਼ਾ 'ਤੇ ਸਾਰੀਆਂ ਸ਼੍ਰੇਣੀਆਂ ਦੇ ਵਾਹਨਾਂ ਲਈ ਟੋਲ ਦਰਾਂ ਵਧ ਗਈਆਂ ਹਨ। ਟੋਲ ਪਲਾਜ਼ਾ ਵਾਲਿਆਂ ਨੇ ਦੱਸਿਆ ਕਿ ਸਾਰੀਆਂ ਫਾਸਟੈਗ ਲੇਨਾਂ ਸੁਚਾਰੂ ਢੰਗ ਨਾਲ ਕੰਮ ਕਰ ਰਹੀਆਂ ਹਨ ਅਤੇ ਵਾਹਨ ਚਾਲਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਖੱਜਲ-ਖੁਆਰੀ ਤੋਂ ਬਚਣ ਲਈ ਆਪਣੇ ਫਾਸਟੈਗ ਖਾਤਿਆਂ ਵਿੱਚ ਲੋੜੀਂਦਾ ਬੈਲੇਂਸ ਰੱਖਣ। ਹਾਈਵੇਅ 'ਤੇ ਸਫਰ ਕਰਨ ਵਾਲੇ ਹਰ ਵਾਹਨ ਲਈ ਫਾਸਟੈਗ ਲਾਜ਼ਮੀ ਹੈ। ਟੋਲ ਪਲਾਜ਼ਾ ਦੇ 20 ਕਿਲੋਮੀਟਰ ਦੇ ਘੇਰੇ ਵਿੱਚ ਰਹਿਣ ਵਾਲੇ ਗੈਰ-ਵਪਾਰਕ ਵਾਹਨਾਂ ਦੇ ਮਾਲਕ ਨਿਰਧਾਰਤ ਸ਼ਰਤਾਂ ਪੂਰੀਆਂ ਕਰਕੇ ਪਹਿਲਾਂ ਵਾਂਗ 360 ਰੁਪਏ ਵਿੱਚ ਆਪਣਾ ਮਹੀਨਾਵਾਰ ਪਾਸ ਬਣਵਾ ਸਕਦੇ ਹਨ। ਇਸ ਤੋਂ ਇਲਾਵਾ, ਵੈਧ ਫਾਸਟੈਗ ਵਾਲੇ ਯੋਗ ਗੈਰ-ਵਪਾਰਕ ਵਾਹਨਾਂ ਲਈ 3,075 ਰੁਪਏ ਦਾ ਸਾਲਾਨਾ ਪਾਸ ਵੀ ਨੋਟੀਫਾਈ ਕੀਤਾ ਗਿਆ ਹੈ।

## ਬਘੇਲ ਵੱਲੋਂ ਪੰਜਾਬ ਕਾਂਗਰਸ 'ਚ ਕਲੇਸ਼ ਦੀ ਰਿਪੋਰਟ ਹਾਈਕਮਾਨ ਨੂੰ ਪੇਸ਼

**ਨਵੀਂ ਦਿੱਲੀ (ਨ ਜ਼ ਸ)** : ਪੰਜਾਬ ਕਾਂਗਰਸ ਦੇ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਨੇ ਪੰਜਾਬ ਇਕਾਈ ਵਿੱਚ ਚੱਲ ਰਹੇ ਕਲੇਸ਼ ਬਾਰੇ ਆਪਣੀ ਰਿਪੋਰਟ ਬੁੱਧਵਾਰ ਕਾਂਗਰਸ ਦੇ ਕੁਲ ਹਿੰਦ ਜਨਰਲ ਸਕੱਤਰ (ਸੰਗਠਨ) ਕੇ ਸੀ ਵੇਣੂਗੋਪਾਲ ਨੂੰ ਸੌਂਪ ਦਿੱਤੀ ਅਤੇ ਕਿਹਾ ਕਿ ਪਾਰਟੀ ਦੀ ਲੀਡਰਸ਼ਿਪ ਬਾਰੇ ਕੋਈ ਵੀ ਫੈਸਲਾ ਸੋਚ-ਵਿਚਾਰ ਤੋਂ ਬਾਅਦ ਹੀ ਲਿਆ ਜਾਵੇਗਾ ਤੇ ਇਸ ਨੂੰ ਮਾਮੂਲੀ ਕੰਮ ਨਹੀਂ ਮੰਨਿਆ ਜਾਵੇਗਾ।

ਬਘੇਲ, ਜਿਨ੍ਹਾ ਨੇ ਵੇਣੂਗੋਪਾਲ ਨਾਲ ਉਨ੍ਹਾ ਦੀ ਰਿਹਾਇਸ਼ 'ਤੇ ਮੁਲਾਕਾਤ ਕੀਤੀ, ਨੇ ਕਿਹਾ ਕਿ ਉਨ੍ਹਾ ਨੇ ਰਿਪੋਰਟ ਤਿਆਰ ਕਰਨ ਤੋਂ ਪਹਿਲਾਂ ਪੰਜਾਬ ਵਿੱਚ ਛੇ ਦਿਨਾਂ ਦੀ ਵਿਆਪਕ ਸਲਾਹ-ਮਸ਼ਵਰਾ ਪ੍ਰਕਿਰਿਆ ਪੂਰੀ ਕੀਤੀ। ਉਨ੍ਹਾ ਪੱਤਰਕਾਰਾਂ ਨੂੰ ਦੱਸਿਆ, "ਮੈਂ ਸੂਬੇ ਭਰ ਦੇ ਨੇਤਾਵਾਂ ਨਾਲ ਮੁਲਾਕਾਤ ਕੀਤੀ, ਪੰਜਾਬ ਕਾਂਗਰਸ ਕਮੇਟੀ ਦਫਤਰ ਵਿੱਚ ਮੀਟਿੰਗਾਂ ਵਿੱਚ ਵੀ ਅਤੇ ਇੱਕ-ਇੱਕ ਕਰਕੇ ਵੀ। ਉਨ੍ਹਾਂ ਚਰਚਾਵਾਂ ਦੇ ਆਧਾਰ 'ਤੇ, ਮੈਂ ਆਪਣੀ ਰਿਪੋਰਟ ਕੇ ਸੀ ਵੇਣੂਗੋਪਾਲ ਨੂੰ ਸੌਂਪ ਦਿੱਤੀ ਹੈ।"

ਸੂਬਾਈ ਲੀਡਰਸ਼ਿਪ ਵਿੱਚ ਸੰਭਾਵਤ ਬਦਲਾਅ ਦੀਆਂ ਚਰਚਾਵਾਂ ਦੇ ਵਿਚਕਾਰ ਬਘੇਲ ਨੇ ਕਿਹਾ ਕਿ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਹੁਣ ਤੱਕ ਕੋਈ ਅਸਤੀਫਾ ਨਹੀਂ ਦਿੱਤਾ ਗਿਆ ਹੈ। ਉਨ੍ਹਾ ਇਨ੍ਹਾਂ ਸੁਝਾਵਾਂ ਨੂੰ ਵੀ ਖਾਰਜ ਕਰ ਦਿੱਤਾ ਕਿ ਪਾਰਟੀ ਜਲਦਬਾਜ਼ੀ ਵਿੱਚ ਫੈਸਲੇ ਲਵੇਗੀ। ਉਨ੍ਹਾ ਕਿਹਾ ਕਿ ਲੀਡਰਸ਼ਿਪ ਵਿੱਚ ਬਦਲਾਅ ਨੂੰ ਕਠਪੁਤਲੀਆਂ ਜਾਂ ਗੁੱਡੀਆਂ ਦੀ ਖੇਡ ਵਾਂਗ ਨਹੀਂ ਸੰਭਾਲਿਆ ਜਾ ਸਕਦਾ। ਇਸ ਤੋਂ ਸੰਕੇਤ ਮਿਲਦਾ ਹੈ ਕਿ ਕਾਂਗਰਸ ਹਾਈਕਮਾਂਡ ਪਾਰਟੀ ਨੇਤਾਵਾਂ ਤੋਂ ਪ੍ਰਾਪਤ ਫੀਡਬੈਕ ਦੀ ਜਾਂਚ ਕਰਨ ਤੋਂ ਬਾਅਦ ਹੀ ਕੋਈ ਸੋਚਿਆ-ਸਮਝਿਆ ਫੈਸਲਾ ਲਵੇਗੀ।

ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੀ ਵੇਣੂਗੋਪਾਲ ਦੀ ਰਿਹਾਇਸ਼ 'ਤੇ ਪਹੁੰਚੇ, ਕਿਉਂਕਿ ਕਾਂਗਰਸ ਲੀਡਰਸ਼ਿਪ ਸੂਬਾਈ ਇਕਾਈ ਵਿੱਚ ਸੰਕਟ ਬਾਰੇ ਸਲਾਹ-ਮਸ਼ਵਰਾ ਜਾਰੀ ਰੱਖ ਰਹੀ ਹੈ। ਮੰਗਲਵਾਰ ਰਾਹੁਲ ਗਾਂਧੀ ਨੇ ਪੰਜਾਬ ਕਾਂਗਰਸ ਵਿੱਚ ਧੜੇਬੰਦੀ ਅਤੇ ਅੱਗੇ ਦੀ ਰਣਨੀਤੀ ਬਾਰੇ ਚਰਚਾ ਕਰਨ ਲਈ ਪਾਰਟੀ ਪ੍ਰਧਾਨ ਮੱਲਿਕਾਰਜੁਨ ਖੜਗੇ ਅਤੇ ਵੇਣੂਗੋਪਾਲ ਨਾਲ ਮੀਟਿੰਗ ਕੀਤੀ ਸੀ।

ਲੀਡਰਸ਼ਿਪ ਦੀ ਇਹ ਕਵਾਇਦ ਬਘੇਲ ਵੱਲੋਂ 11 ਜੁਲਾਈ ਨੂੰ ਪੰਜਾਬ ਵਿੱਚ ਪਾਰਟੀ ਨੇਤਾਵਾਂ ਨਾਲ ਕੀਤੀਆਂ ਮੀਟਿੰਗਾਂ ਤੋਂ ਬਾਅਦ ਹੋਈ ਹੈ, ਜਿਸ ਦੌਰਾਨ ਕਈ ਸੀਨੀਅਰ ਨੇਤਾਵਾਂ ਨੇ ਖੁੱਲ੍ਹੇਆਮ ਵੜਿੰਗ ਦੀ ਲੀਡਰਸ਼ਿਪ 'ਤੇ ਸਵਾਲ ਚੁੱਕੇ ਸਨ।

ਗੱਲਬਾਤ ਦੌਰਾਨ ਬਘੇਲ ਨੂੰ ਮਿਲਣ ਵਾਲੇ 92 ਨੇਤਾਵਾਂ ਵਿੱਚੋਂ ਬਹੁਤਿਆਂ, ਜਿਸ ਵਿੱਚ ਮੌਜੂਦਾ ਵਿਧਾਇਕ ਅਤੇ ਸਾਬਕਾ ਵਿਧਾਇਕ ਸ਼ਾਮਲ ਹਨ, ਨੇ ਕਥਿਤ ਤੌਰ 'ਤੇ ਇਹ ਸੰਦੇਸ਼ ਦਿੱਤਾ ਕਿ ਭਾਵੇਂ ਉਨ੍ਹਾਂ ਨੂੰ ਵੜਿੰਗ ਨਾਲ ਕੋਈ ਨਿੱਜੀ ਮਤਭੇਦ ਨਹੀਂ ਹੈ, ਪਰ ਉਨ੍ਹਾਂ ਨੂੰ ਨਹੀਂ ਲੱਗਦਾ ਕਿ ਉਹ ਕਾਂਗਰਸ ਨੂੰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਮੁੜ ਸੱਤਾ ਵਿੱਚ ਲਿਆ ਸਕਦੇ ਹਨ।

ਬਘੇਲ ਨਾਲ ਸਲਾਹ-ਮਸ਼ਵਰੇ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਰਾਣਾ ਗੁਰਜੀਤ ਸਿੰਘ, ਸੁਖਜਿੰਦਰ ਸਿੰਘ ਰੰਧਾਵਾ, ਸੰਗਤ ਸਿੰਘ ਗਿਲਜ਼ੀਆਂ, ਅਰੁਣਾ ਚੌਧਰੀ, ਓ ਪੀ ਸੋਨੀ, ਪਰਗਟ ਸਿੰਘ, ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਅਤੇ ਭਾਰਤ ਭੂਸ਼ਣ ਆਸ਼ੂ ਸ਼ਾਮਲ ਸਨ।

## ਅੱਜ-ਨਾਮਾ

ਸਿਹਤ ਸੇਵਾਵਾਂ ਦੀ ਖੁੱਲ੍ਹੀ ਆ ਪੋਲ ਮੁੜ ਕੇ,
ਆਈ ਲੁਧਿਆਣੇ ਦੀ ਖਬਰ ਅਜੀਬ ਮੀਆਂ।
ਹਾਦਸਾ ਹੋਇਆ ਤੇ ਹੋ ਗਿਆ ਕੋਈ ਫੱਟੜ,
ਆਦਮੀ ਸੁਣਿਆ ਸੀ ਬਹੁਤ ਗਰੀਬ ਮੀਆਂ।
ਹੈਸੀਅਤ ਵਾਲੇ ਦੇ ਮਗਰ ਨੇ ਬੜੇ ਆਉਂਦੇ,
ਕੋਈ ਨਹੀਂ ਗਰੀਬ ਦੇ ਆਏ ਕਰੀਬ ਮੀਆਂ।
ਇਲਾਜ ਹੋਇਆ ਤੇ ਬਚੀ ਨਾ ਜਾਨ ਉਹਦੀ,
ਮਰਨ ਦੇ ਬਾਅਦ ਫਿਰ ਬੁਰੇ ਨਸੀਬ ਮੀਆਂ।
ਹਸਪਤਾਲ ਵਿੱਚ ਰੋਕੀ ਗਈ ਲਾਸ਼ ਉਸ ਦੀ,
ਕਰਦੇ ਨੇ ਲਾਸ਼ ਲਈ ਬਿੱਲ ਦੀ ਮੰਗ ਮੀਆਂ।
ਮਰਿਆ ਜਿਨ੍ਹਾਂ ਦਾ ਜੀਅ ਉਹ ਵਿਲ੍ਹਕਦੇ ਈ,
ਰੁਲ ਰਹੀ ਲਾਸ਼ ਤੇ ਪੀੜਤ ਸੀ ਤੰਗ ਮੀਆਂ।

-ਤੀਸ ਮਾਰ ਖਾਂ

## ਸਪੇਨ ਨੇ ਗੇਮ ਨੂੰ ਸਾਡੇ ਨਾਲੋਂ ਬਿਹਤਰ ਕੰਟਰੋਲ ਕੀਤਾ : ਐੱਮਬਾਪੇ



**ਟੈਕਸਾਸ (ਨ ਜ਼ ਸ)** : ਵਰਲਡ ਫੁੱਟਬਾਲ ਕੱਪ ਦੇ ਸੈਮੀਫਾਈਨਲ ਵਿੱਚ ਮੰਗਲਵਾਰ ਸਪੇਨ ਹੱਥੋਂ ਸਿਫਰ ਦੇ ਮੁਕਾਬਲੇ ਦੋ ਗੋਲਾਂ ਨਾਲ ਹਾਰਨ ਤੋਂ ਬਾਅਦ ਫਰਾਂਸੀਸੀ ਕਪਤਾਨ ਕਿਲੀਅਨ ਐੱਮਬਾਪੇ ਨੇ ਆਪਣੀ ਟੀਮ ਦੀਆਂ ਰਣਨੀਤਕ ਅਤੇ ਤਕਨੀਕੀ ਗਲਤੀਆਂ 'ਤੇ ਅਫਸੋਸ ਪ੍ਰਗਟ ਕੀਤਾ ਹੈ।

ਐੱਮਬਾਪੇ, ਜੋ ਲਗਾਤਾਰ ਤੀਜੀ ਵਾਰ ਵਿਸ਼ਵ ਕੱਪ ਫਾਈਨਲ ਵਿੱਚ ਪਹੁੰਚਣ ਲਈ ਜਤਨਸ਼ੀਲ ਸੀ, ਨੇ ਫਰਾਂਸ ਦੇ ਪ੍ਰਦਰਸ਼ਨ 'ਤੇ ਨਿਰਾਸ਼ਾ ਜ਼ਾਹਰ ਕਰਦਿਆਂ ਕਿਹਾ, "ਮੈਨੂੰ ਨਹੀਂ ਲੱਗਦਾ ਕਿ ਅਸੀਂ ਉਹ ਮੈਚ ਖੇਡਿਆ, ਜੋ ਅਸੀਂ ਖੇਡਣਾ ਚਾਹੁੰਦੇ ਸੀ, ਭਾਵੇਂ ਰਣਨੀਤਕ ਤੌਰ 'ਤੇ ਤਕਨੀਕੀ ਤੌਰ 'ਤੇ ਜਾਂ ਸਾਡੇ ਸਮੁੱਚੇ ਪ੍ਰਦਰਸ਼ਨ ਦੇ ਪੱਧਰ ਦੇ ਮਾਮਲੇ ਵਿੱਚ ਅਤੇ ਜਦੋਂ ਤੁਸੀਂ ਉਹ ਨਹੀਂ ਕਰਦੇ, ਜੋ ਤੁਹਾਨੂੰ ਵਿਸ਼ਵ ਕੱਪ ਸੈਮੀਫਾਈਨਲ ਵਿੱਚ ਕਰਨਾ ਚਾਹੀਦਾ ਹੈ, ਤਾਂ ਤੁਸੀਂ ਨਹੀਂ ਜਿੱਤਦੇ। ਖੇਡ ਨੂੰ ਕੰਟਰੋਲ ਕਰਨ ਵਿੱਚ ਸਪੇਨੀ ਸਾਡੇ ਨਾਲੋਂ ਬਿਹਤਰ ਰਹੇ ਤੇ ਅਸੀਂ ਅਸਫਲ ਰਹੇ।'

ਫਰਾਂਸ ਦੇ ਆਖਰੀ ਚਾਰ ਵਿੱਚ ਪਹੁੰਚਣ ਦੌਰਾਨ ਐੱਮਬਾਪੇ ਟੂਰਨਾਮੈਂਟ ਦੇ ਸਿਤਾਰਿਆਂ ਵਿੱਚੋਂ ਇੱਕ ਵਜੋਂ ਉਭਰਿਆ ਸੀ। ਉਸ ਨੇ ਅੱਠ ਗੋਲ ਕੀਤੇ, ਜਿਸ ਨੇ ਦੁਨੀਆ ਭਰ ਦੇ ਦੀਵਾਨਿਆਂ ਨੂੰ ਖੁਸ਼ ਕੀਤਾ, ਪਰ 27 ਸਾਲਾ ਖਿਡਾਰੀ ਦੇ ਇੱਕ ਹੋਰ ਵਿਸ਼ਵ ਕੱਪ ਫਾਈਨਲ ਵਿੱਚ ਪਹੁੰਚਣ ਦੇ ਸੁਪਨੇ ਅਚਾਨਕ ਖਤਮ ਹੋ ਗਏ, ਜਦੋਂ ਸਪੇਨ ਨੇ ਟੈਕਸਾਸ ਦੇ ਆਰਲਿੰਗਟਨ ਦੇ ਡੱਲਾਸ ਸਟੇਡੀਅਮ ਵਿੱਚ ਫਰਾਂਸ ਨੂੰ ਹਰਾ ਦਿੱਤਾ। ਐੱਮਬਾਪੇ ਨੇ ਮੰਨਿਆ ਕਿ ਮਿਡਫੀਲਡ ਵਿੱਚ ਕਮਜ਼ੋਰੀ ਰਹੀ, ਜਿੱਥੇ ਫਰਾਂਸ ਦੀ ਐਡਰਿਅਨ ਰਾਬੀਓਟ ਅਤੇ ਔਰੇਲੀਅਨ ਚੋਮੇਨੀ ਦੀ ਜੋੜੀ ਨੂੰ ਸਪੇਨ ਦੀ ਰੋਡਰੀ, ਦਾਨੀ ਓਲਮੋ ਅਤੇ ਫੈਬੀਅਨ ਰੁਇਜ਼ ਦੀ ਤਿੱਕੜੀ ਨੇ ਪਛਾੜ ਦਿੱਤਾ।

ਸਪੇਨ ਦੇ ਮਿਕੇਲ ਓਯਾਰਜ਼ਾਬਲ ਨੇ ਪਹਿਲੇ ਅੱਧ ਵਿੱਚ ਪੈਨਲਟੀ ਸਪਾਟ ਤੋਂ ਗੋਲ ਕਰਕੇ ਖਾਤਾ ਖੋਲ੍ਹਿਆ, ਜਦੋਂ ਲਾਮੀਨ ਯਮਾਲ ਨੂੰ ਬਾਕਸ ਦੇ ਅੰਦਰ ਡਿੱਗਣ ਲਈ ਮਜਬੂਰ ਕੀਤਾ ਗਿਆ ਸੀ। ਪੇਡਰੋ ਪੋਰੋ ਨੇ ਦੂਜੇ ਅੱਧ ਦੀ ਸ਼ੁਰੂਆਤ ਵਿੱਚ ਸਪੇਨ ਦੀ ਬੜ੍ਹਤ ਨੂੰ ਦੁੱਗਣਾ ਕਰ ਦਿੱਤਾ, ਜਿਸ ਨਾਲ ਉਨ੍ਹਾਂ ਫਾਈਨਲ ਵਿੱਚ ਆਪਣੀ ਜਗ੍ਹਾ ਪੱਕੀ ਕਰ ਲਈ, ਜਿੱਥੇ ਉਹ 19 ਜੁਲਾਈ ਨੂੰ ਈਸਟ ਰਦਰਫੋਰਡ ਵਿੱਚ ਇੰਗਲੈਂਡ ਜਾਂ ਅਰਜਨਟੀਨਾ ਦਾ ਸਾਹਮਣਾ ਕਰਨਗੇ।

ਮਿਕੇਲ ਓਯਾਰਜ਼ਾਬਲ ਨੇ ਸਪੇਨ ਲਈ ਆਪਣੇ ਪਿਛਲੇ 20 ਮੈਚਾਂ ਵਿੱਚ 18 ਗੋਲ ਕੀਤੇ ਹਨ। ਉਸ ਦੀ ਪੈਨਲਟੀ ਨੇ ਉਸ ਨੂੰ ਡੇਵਿਡ ਸਿਲਵਾ (35), ਅਲਵਾਰੋ ਮੋਰਾਟਾ (37), ਫਰਨਾਂਡੋ ਟੋਰੇਸ (38), ਰਾਊਲ (44) ਅਤੇ ਡੇਵਿਡ ਵਿਲਾ (59) ਤੋਂ ਬਾਅਦ ਸਪੇਨ ਲਈ 30 ਗੋਲ ਕਰਨ ਵਾਲਾ ਛੇਵਾਂ ਖਿਡਾਰੀ ਬਣਾ ਦਿੱਤਾ ਹੈ।

ਫਰਾਂਸ ਨੂੰ ਉਦੋਂ ਵੱਡਾ ਝਟਕਾ ਲੱਗਾ, ਜਦੋਂ ਕੇਂਦਰੀ ਡਿਫੈਂਡਰ ਵਿਲੀਅਮ ਸਲੀਬਾ ਪਹਿਲੇ ਅੱਧ ਦੇ ਅੱਧ ਵਿੱਚ ਪਿੱਠ ਦੀ ਸੱਟ ਕਾਰਨ ਬਾਹਰ ਹੋ ਗਿਆ ਅਤੇ ਉਸ ਦੀ ਥਾਂ ਮੈਕਸੈਂਸ ਲੈਕਰੋਇਕਸ ਨੇ ਲਈ।

ਸਪੇਨ ਨੇ ਗੇਂਦ 'ਤੇ ਕਬਜ਼ਾ ਬਣਾ ਕੇ ਰੱਖਿਆ ਅਤੇ ਫਰਾਂਸ ਦੀ ਮਾਈਕਲ ਓਲੀਸੇ, ਕਿਲੀਅਨ ਐੱਮਬਾਪੇ ਅਤੇ ਉਸਮਾਨ ਡੇਮਬੇਲੇ ਦੀ ਹਮਲਾਵਰ ਤਿਕੜੀ ਨੂੰ ਕਾਫੀ ਹੱਦ ਤੱਕ ਸ਼ਾਂਤ ਰੱਖਿਆ, ਜਿਸ ਨਾਲ ਉਹ 1-0 ਦੀ ਬੜ੍ਹਤ • ਬਾਕੀ ਸਫਾ 2 'ਤੇ

## ਜਨਮ ਦਿਨ ਮੁਬਾਰਕ



ਪੰਜਾਬ ਇਸਤਰੀ ਸਭਾ ਦੀ ਪ੍ਰਧਾਨ ਰਜਿੰਦਰ ਪਾਲ ਕੌਰ ਤੇ ਸੁਖਚੈਨ ਸਿੰਘ ਦੇ ਦੋਹਤੇ ਅਤੇ ਰਾਜਦੀਪ ਸਿੰਘ ਤੇ ਮਾਨਵਦੀਪ ਹੁੰਦਲ ਦੇ ਸਪੁੱਤਰ ਆਦੇਸ਼ਵਰ ਸਿੰਘ ਹੁੰਦਲ ਦੇ ਜਨਮ ਦਿਨ 'ਤੇ 'ਨਵਾਂ ਜ਼ਮਾਨਾ' ਨੂੰ 2100 ਰੁਪਏ ਸਹਾਇਤਾ ਭੇਜੀ ਗਈ ਹੈ। ਅਦਾਰਾ ਖੁਸ਼ੀਆਂ ਵਿੱਚ ਸ਼ਾਮਲ ਹੁੰਦਿਆਂ ਧੰਨਵਾਦੀ ਹੈ।

# ਕੌਂਸਲਰ ਦੇ ਪਤੀ 'ਤੇ ਘਰ 'ਚ ਵੜ ਕੇ ਕੁੱਟਮਾਰ ਦੇ ਦੋਸ਼

## • ਪੀੜਤ ਪਰਵਾਰ ਵੱਲੋਂ ਪੁਲਸ 'ਤੇ ਕਾਰਵਾਈ ਨਾ ਕਰਨ ਦੇ ਦੋਸ਼

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਦਸ ਨੰਬਰ ਵਾਰਡ ਦੀ ਇੱਕ ਗਲੀ ਵਿੱਚ ਇਕੱਠੇ ਹੋਏ ਕੂੜੇ ਨੂੰ ਲੈ ਕੇ ਦੋ ਪਰਵਾਰਾਂ ਵਿੱਚ ਹੋਈ ਤਕਰਾਰਬਾਜ਼ੀ ਨੇ ਉਸ ਸਮੇਂ ਭਿਆਨਕ ਰੂਪ ਅਖਤਿਆਰ ਕਰ ਲਿਆ, ਜਦੋਂ ਕੁੱਝ ਵਿਅਕਤੀਆਂ ਨੇ ਘਰ ਉੱਤੇ ਹਮਲਾ ਕਰਕੇ ਨਾ ਸਿਰਫ ਭੰਨਤੋੜ ਕੀਤੀ, ਸਗੋਂ ਇੱਕ ਨੌਜਵਾਨ ਨੂੰ ਜ਼ਖਮੀ ਕਰ ਦਿੱਤਾ।ਘਟਨਾ ਦੀ ਵੀਡੀਓ ਸੋਸ਼ਲ ਮੀਡੀਆ ਉੱਤੇ ਵਾਇਰਲ ਹੋ ਗਈ।ਜ਼ਖਮੀ ਵਿਅਕਤੀ ਨੂੰ ਇਲਾਜ ਲਈ ਮਿਨੀ ਪ੍ਰਾਇਮਰੀ ਹੈਲਥ ਸੈਂਟਰ ਪਾਤੜਾਂ ਲਿਜਾਇਆ ਗਿਆ, ਜਿੱਥੋਂ ਡਾਕਟਰਾਂ ਨੇ ਉਸ ਨੂੰ ਸਮਾਨ ਰੈਫਰ ਕਰ ਦਿੱਤਾ।ਪੁਲਸ ਨੇ ਮਾਮਲੇ ਦੀ ਪੜਤਾਲ ਕਰਕੇ ਕਥਿਤ ਦੋਸ਼ੀਆਂ ਖਿਲਾਫ਼ ਕਾਰਵਾਈ ਕਰਨ ਦਾ ਦਾਅਵਾ ਕੀਤਾ ਹੈ।ਅਮਰੀਕ ਕਲੋਨੀ ਵਾਸੀ ਮੇਘ ਚੰਦ ਸਮੇਤ ਕੇਵਲ ਕ੍ਰਿਸ਼ਨ, ਸਤੀਸ਼ ਕੁਮਾਰ, ਸੁਰੇਸ਼ ਕੁਮਾਰ ਤੇ ਜਸਪਾਲ ਮੋਦੀ ਆਦਿ ਨੇ ਦੱਸਿਆ ਕਿ ਸੋਮਵਾਰ ਨੂੰ ਗਲੀ ਵਿੱਚ ਇਕੱਠੇ ਹੋਏ ਕੂੜੇ ਨੂੰ ਲੈ ਕੇ ਸ਼ਹਿਰ ਦੋ ਪਰਵਾਰਾਂ ਵਿੱਚ ਤਕਰਾਰ ਹੋ ਗਿਆ ਸੀ, ਜਿਸ ਮਗਰੋਂ ਮੇਘ ਚੰਦ ਦੇ ਗੁਆਂਢੀ ਅਕਸ਼ੈ ਕੁਮਾਰ ਤੇ ਉਸਦੀ ਪਤਨੀ ਨੇ ਸ਼ਹਿਰ ਦੇ ਵਾਰਡ ਨੰਬਰ ਸੱਤ ਤੋਂ ਆਜ਼ਾਦ ਉਮੀਦਵਾਰ ਵਜੋਂ ਜਿੱਤੀ ਕੌਂਸਲਰ ਪ੍ਰੇਮ ਲਤਾ ਦੇ ਪਤੀ ਰਾਜ ਕੁਮਾਰ ਨੂੰ ਫੋਨ ਕਰਕੇ ਬੁਲਾਇਆ।ਦਰਜਨ ਦੇ ਕਰੀਬ ਅਣਪਛਾਤੇ ਵਿਅਕਤੀਆਂ ਨਾਲ ਆਏ ਰਾਜ ਕੁਮਾਰ ਨੇ ਘਰ ਦਾ ਦਰਵਾਜ਼ਾ ਟੱਪ ਕੇ ਉਨ੍ਹਾਂ ਦੇ ਘਰ ਉਤੇ ਹਮਲਾ ਕਰਦਿਆਂ ਸ਼ਰੇਆਮ ਉਨ੍ਹਾਂ ਦੇ ਦੋ ਲੜਕਿਆਂ ਦੀ ਕੁੱਟਮਾਰ ਕੀਤੀ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਇੱਕ ਲੜਕੇ ਦੇ ਗੰਭੀਰ ਸੱਟਾਂ ਲੱਗੀਆਂ, ਜਿਸ ਨੂੰ ਪਾਤੜਾਂ ਦੇ ਸਰਕਾਰੀ



ਹਸਪਤਾਲ ਲਿਜਾਇਆ ਗਿਆ, ਜਿੱਥੋਂ ਡਾਕਟਰਾਂ ਨੇ ਉਸ ਨੂੰ ਸਮਾਣਾ ਰੈਫਰ ਕਰ ਦਿੱਤਾ।ਉਨ੍ਹਾਂ ਦੋਸ਼ ਲਾਇਆ ਕਿ ਰਾਜਕੁਮਾਰ ਨੇ ਸੱਤਾ ਦੇ ਨਸ਼ੇ ਵਿੱਚ ਉਕਤ ਅਣਪਛਾਤੇ ਵਿਅਕਤੀਆਂ ਨਾਲ ਸ਼ਰੇਆਮ ਕੀਤੀ ਹੈ, ਇਸ ਗੁੰਡਾਗਰਦੀ ਕਰਕੇ ਉਨ੍ਹਾਂ ਦਾ ਪਰਵਾਰ ਸਦਮੇ ਵਿੱਚ ਹੈ।ਉਨ੍ਹਾਂ ਦੱਸਿਆ ਕਿ ਹਮਲਾਵਰਾਂ ਨੇ ਉਨ੍ਹਾਂ ਦੇ ਘਰ ਵਿੱਚ ਰੱਖੇ ਫੁੱਲਾਂ ਵਾਲੇ ਗਮਲਿਆਂ ਸਮੇਤ ਖਿੜਕੀਆਂ ਦੇ ਸ਼ੀਸ਼ੇ ਤੱਕ ਤੋੜ ਦਿੱਤੇ।ਉਨ੍ਹਾਂ ਦੋਸ਼ ਲਾਇਆ ਕਿ ਕਥਿਤ ਹਮਲਾਵਰਾਂ ਦੀ ਮੌਕੇ ਉੱਤੇ ਬਣਾਈ ਗਈ ਵੀਡੀਓ ਵਿੱਚ ਸ਼ਰੇਆਮ ਹਮਲਾਵਰ ਉਹਨਾਂ ਦੇ ਪਰਵਾਰਕ ਮੈਂਬਰਾਂ ਦੀ ਕੁੱਟਮਾਰ ਕਰ ਰਹੇ ਹਨ, ਪਰ ਦਰਖਾਸਤ ਦਿੱਤੇ ਜਾਣ ਦੇ ਬਾਵਜੂਦ ਪੁਲਸ ਹਾਲੇ ਤੱਕ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਨਹੀਂ ਕਰ ਰਹੀ।ਉਨ੍ਹਾਂ ਮੰਗ ਕੀਤੀ ਕਿ ਹਮਲਾਵਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।ਕੌਂਸਲਰ ਪ੍ਰੇਮ ਲਤਾ ਦੇ ਪਤੀ ਰਾਜ ਕੁਮਾਰ ਨਾਲ ਗੱਲ ਹੋਈ ਤਾਂ ਉਨ੍ਹਾਂ ਦੋਸ਼ਾਂ ਦਾ ਖੰਡਨ ਕਰਦਿਆਂ ਕਿਹਾ ਕਿ ਝਗੜਾ ਉਨ੍ਹਾਂ ਦੀ ਭਤੀਜੀ ਦੇ ਪਰਵਾਰ ਨਾਲ ਹੋਇਆ ਸੀ ਅਤੇ ਉਹ ਇੱਕ ਪੰਚਾਇਤੀ ਵਿਅਕਤੀ ਹੋਣ ਦੇ ਨਾਤੇ ਸਮਝੌਤਾ ਕਰਾਉਣ ਦੇ ਮਕਸਦ ਨਾਲ ਉੱਥੇ ਗਏ ਸੀ। ਉਹ ਮੇਘ ਚੰਦ ਦੇ ਘਰ ਡਰਾਇੰਗ ਰੂਮ ਵਿੱਚ ਬੈਠੇ ਗੱਲਬਾਤ ਕਰ ਰਹੇ ਸਨ ਕਿ ਬਾਹਰ ਝਗੜਾ ਹੋ ਗਿਆ।ਉਨ੍ਹਾਂ ਦਾ ਇਸ ਝਗੜੇ ਨਾਲ ਕੋਈ ਸੰਬੰਧ ਨਹੀਂ।ਉਹਨਾਂ ਨੂੰ ਜਾਣ-ਬੁੱਝ ਕੇ ਮਾਮਲੇ ਵਿੱਚ ਇੱਕ ਘਸੀਟਿਆ ਜਾ ਰਿਹਾ ਹੈ। ਚੌਕੀ ਇੰਚਾਰਜ ਜੱਜਵੀਰ ਸਿੰਘ ਨੇ ਦੱਸਿਆ ਕਿ ਪੁਲਿਸ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕਰ ਰਹੀ ਹੈ।ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ।

## ਕੇਂਦਰ ਦੀਆਂ ਕਿਸਾਨ ਮਾਰੂ ਨੀਤੀਆਂ ਖਿਲਾਫ਼ ਝੰਡਾ ਮਾਰਚ

**ਦਿੜ੍ਹਬਾ (ਜਸਵੀਰ ਲਾਡੀ)** ਦੇਸ਼ ਬਚਾਓ ਮੋਰਚੇ ਦੇ ਸੱਦੇ ਤਹਿਤ ਦੋ ਦਰਜਨ ਪਿੰਡਾਂ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਸੈਂਕੜੇ ਮੋਟਰਸਾਈਕਲਾਂ ਨਾਲ ਝੰਡਾ ਮਾਰਚ ਬਲਾਕ ਆਗੂ ਨਾਇਬ ਸਿੰਘ ਗੁੱਜਰਾਂ ਦੀ ਅਗਵਾਈ ਹੇਠ ਕੀਤਾ ਗਿਆ।ਸੈਂਕੜੇ ਮੋਟਰਸਾਈਕਲਾਂ ਦਾ ਕਾਫ਼ਲਾ ਕੇਂਦਰ ਸਰਕਾਰ ਖਿਲਾਫ਼ ਤੇ ਕਿਸਾਨੀ ਮੰਗਾਂ ਦੇ ਪੱਖ ਨਾਅਰੇ ਲਾਉਂਦਾ ਹੋਇਆ ਐਸ ਡੀ ਐਮ ਦਫਤਰ ਅੱਗੇ ਪਹੁੰਚ ਕੇ ਭਾਰਤ ਸਰਕਾਰ ਦੇ ਨਾਂਅ ਮੰਗ ਪੱਤਰ ਸੌਂਪਿਆ। ਐਸ ਡੀ ਐਮ ਨੇ ਕਿਸਾਨਾਂ ਤੋਂ ਮੰਗ ਪੱਤਰ ਪ੍ਰਾਪਤ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਕੇਂਦਰ ਸਰਕਾਰ ਨੂੰ ਭੇਜ ਦਿੱਤਾ ਜਾਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ



ਕੇਂਦਰ ਸਰਕਾਰ ਭਾਰਤ ਅਮਰੀਕਾ ਟਰੇਡ ਡੀਲ ਦੇ ਤਹਿਤ ਦੇਸ਼ ਦੇ ਲੋਕਾਂ ਦੇ ਰੁਜ਼ਗਾਰ ਤਬਾਹ ਕਰਨ ਦੇ ਰਸਤੇ ਪੈ ਰਹੀ ਹੈ।ਮੁੱਠੀ ਭਰ ਕਾਰਪੋਰੇਟ ਘਰਾਨਿਆਂ ਦੇ ਅੰਨ੍ਹੇ ਮੁਨਾਫ਼ੇ ਸੁਰੱਖਿਅਤ ਕਰਨ ਲਈ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਛੋਟੇ ਵਪਾਰੀਆਂ ਤੇ ਕਾਰੋਬਾਰੀਆਂ ਨਾਲ ਵਿਸ਼ਵਾਸਘਾਤ ਕੀਤਾ ਜਾ ਰਿਹਾ ਹੈ, ਜੋ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਤੋਂ ਦੋ ਕਦਮ ਅੱਗੇ ਚੱਲਦਿਆਂ ਲੈਂਡ ਪੂਲਿੰਗ ਨੀਤੀ ਤਹਿਤ ਕਿਸਾਨਾਂ ਦਾ ਉਜਾੜਾ ਕਰਨ ਤੇ ਉਤਾਰੂ ਹੈ ਤੇ ਕਾਰਪੋਰੇਟ ਘਰਾਨਿਆਂ ਦੀ ਦਲਾਲੀ ਕਰ ਰਹੀ ਹੈ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਕੇਂਦਰ ਸਰਕਾਰ ਭਾਰਤ ਅਮਰੀਕਾ ਟਰੇਡ ਡੀਲ ਤੁਰੰਤ ਰੱਦ ਕੀਤੀ ਜਾਵੇ ਤੇ ਪੰਜਾਬ ਸਰਕਾਰ ਸਰਮਾਏਦਾਰਾਂ ਪੱਖੀ ਲੈਂਡ ਪੂਲਿੰਗ ਪਾਲਿਸੀ ਤੁਰੰਤ ਰੱਦ ਕਰੇ।ਕਿਸਾਨ ਆਗੂਆਂ ਨੇ ਕਿਸਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਦੇਸ਼ ਬਚਾਓ ਮੋਰਚੇ ਦੇ ਸੱਦੇ ਨੂੰ ਸਫ਼ਲ ਬਣਾਉਣ ਲਈ 21 ਜੁਲਾਈ ਨੂੰ ਦਿੱਲੀ ਕਿਸਾਨ ਘਾਟ ਤੇ ਕੀਤੀ ਜਾ ਰਹੀ ਭਾਰਤ ਪੱਧਰੀ ਮਹਾਂ ਰੈਲੀ ਨੂੰ ਸਫ਼ਲ ਬਣਾਉਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਸਹੀ 11 ਵਜੇ ਪਹੁੰਚ ਕੇ ਆਪਣੇ ਏਕੇ ਦਾ ਸਬੂਤ ਦੇਣ ਤੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਆਪਣਾ ਯੋਗਦਾਨ ਪਾਉਣ।

## ਜਥੇ. ਪਿਆਰਾ ਸਿੰਘ ਗੁੜਥੜੀ ਦਾ ਦੇਹਾਂਤ, ਭੋਗ 19 ਨੂੰ



**ਭੀਖੀ, (ਧਰਮਵੀਰ ਸ਼ਰਮਾ)** ਟਕਸਾਲੀ ਅਕਾਲੀ ਆਗੂ ਤੇ ਰਿਟਾਇਰਡ ਪੀਆਰਟੀਸੀ ਇੰਸਪੈਕਟਰ ਜਥੇਦਾਰ ਪਿਆਰਾ ਸਿੰਘ ਗੁੜਥੜੀ ਦਾ ਸੰਖੇਪ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਜਾਣ ਨਾਲ ਸਮੁੱਚੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਮਿਲਦਿਆਂ ਹੀ ਰਾਜਨੀਤਕ, ਸਮਾਜਿਕ ਤੇ ਧਾਰਮਿਕ ਵਰਗਾਂ ਵਿੱਚ ਗਹਿਰਾ ਦੁੱਖ ਪਾਇਆ ਗਿਆ। ਜਥੇਦਾਰ ਪਿਆਰਾ ਸਿੰਘ ਗੁੜਥੜੀ ਲੰਬੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਨਾਲ ਜੁੜੇ ਹੋਏ ਸਨ ਤੇ ਇਲਾਕੇ ਵਿੱਚ ਇੱਕ ਸਾਫ਼-ਸੁਥਰੇ ਅਕਸ, ਮਿਲਣਸਾਰ ਸੁਭਾਅ ਅਤੇ ਲੋਕ ਸੇਵਾ ਲਈ ਜਾਣੇ ਜਾਂਦੇ ਸਨ। ਪੀਆਰਟੀਸੀ ਵਿੱਚ ਇੰਸਪੈਕਟਰ ਵਜੋਂ ਆਪਣੀਆਂ ਸੇਵਾਵਾਂ ਨਿਭਾਉਣ ਤੋਂ ਬਾਅਦ ਵੀ ਉਹ ਸਮਾਜਿਕ ਤੇ ਰਾਜਨੀਤਕ ਗਤੀਵਿਧੀਆਂ ਵਿੱਚ ਸਰਗਰਮ ਰਹੇ। ਉਨ੍ਹਾਂ ਨੇ ਹਮੇਸ਼ਾ ਪੰਥਕ ਸੋਚ ਅਤੇ ਲੋਕ ਹਿੱਤ ਦੇ ਮੁੱਦਿਆਂ ਨੂੰ ਪਹਿਲ ਦਿੱਤੀ। ਉਨ੍ਹਾਂ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ, ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਬਲਵਿੰਦਰ ਸਿੰਘ ਭੂੰਦੜ, ਬਲਵੀਰ ਸਿੰਘ ਬੀਰੋਕੇ, ਗੁਰਪ੍ਰੀਤ ਸਿੰਘ ਝੱਬਰ, ਕਰਮਜੀਤ ਕੌਰ ਸਮਾਉਂ, ਮਨਿੰਦਰ ਸਿੰਘ ਮਨੀ ਸਰਪੰਚ ਗੁੜਥੜੀ, ਜਥੇਦਾਰ ਗੁਰਪਾਲ ਸਿੰਘ ਗੁੜਥੜੀ, ਸਾਬਕਾ ਸਰਪੰਚ ਰਾਏ ਸਿੰਘ ਗੁੜਥੜੀ, ਗੁਰਬਚਨ ਸਿੰਘ ਗੁੜਥੜੀ, ਅਮਰੀਕ ਸਿੰਘ ਸਾਬਕਾ ਸਰਪੰਚ ਖੀਵਾ ਕਲਾਂ, ਰੂਪ ਸਿੰਘ ਬਲਾਕ ਸੰਮਤੀ ਮੈਂਬਰ, ਅਵਤਾਰ ਸਿੰਘ ਸਾਬਕਾ ਸਰਪੰਚ ਖੀਵਾ ਦਿਆਲੂਵਾਲਾ, ਜਗਜੀਤ ਸਿੰਘ ਸਰਪੰਚ ਖੀਵਾ ਖੁਰਦ, ਜਥੇਦਾਰ ਨਰਾਇਣ ਸਿੰਘ ਮੱਤੀ, ਸਾਬਕਾ ਸਰਪੰਚ ਨਛੱਤਰ ਸਿੰਘ ਕੋਟੜਾ, ਲਖਵੀਰ ਸੀਰਾ ਕੋਟੜਾ, ਕੁਲਸ਼ੇਰ ਸਿੰਘ ਰੂਬਲ, ਗੁਰਇਕਬਾਲ ਸਿੰਘ ਬਾਲੀ, ਕੌਂਸਲਰ ਹਰਪ੍ਰੀਤ ਸਿੰਘ ਚਹਿਲ, ਵਿਜੈ ਕੁਮਾਰ ਗਰਗ, ਜੀਵਨ ਸਿੰਗਲਾ, ਭੀਮ ਸੈਨ ਬਾਂਸਲ, ਰਜਿੰਦਰ ਚਹਿਲ, ਸਾਬਕਾ ਕੌਂਸਲਰ ਰਾਮ ਪਾਲ, ਐਡਵੋਕੇਟ ਉਂਕਾਰ ਸਿੰਘ ਮਿੱਤਲ, ਬੂਟਾ ਸਮਾਘ ਫਰਵਾਹੀ, ਕੁਲਦੀਪ ਸਿੰਘ ਭੰਗੂ, ਹਰਵਿੰਦਰ ਸਿੰਘ ਧਲੇਵਾਂ ਮਜੀਠਾ ਠੇਕੇਦਾਰ ਆਦਿ ਨੇ ਕਿਹਾ ਕਿ ਜਥੇਦਾਰ ਪਿਆਰਾ ਸਿੰਘ ਗੁੜਥੜੀ ਦਾ ਚਲੇ ਜਾਣਾ ਇਲਾਕੇ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਲਈ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਅਕਾਲ ਪੁਰਖ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਇਹ ਦੁੱਖ ਸਹਿਣ ਦਾ ਬਲ ਬਖ਼ਸ਼ਣ ਦੀ ਅਰਦਾਸ ਕੀਤੀ। ਜਥੇਦਾਰ ਪਿਆਰਾ ਸਿੰਘ ਦੇ ਸਪੁੱਤਰ ਵਰਿੰਦਰ ਸਿੰਘ ਇੰਸਪੈਕਟਰ ਫੂਡ ਸਪਲਾਈ ਨੇ 19 ਜੁਲਾਈ ਨੂੰ ਪਿੰਡ ਗੁੜਥੜੀ ਵਿਖੇ ਉਨ੍ਹਾਂ ਦੀ ਅੰਤਮ ਅਰਦਾਸ ਅਤੇ ਭੋਗ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਸਮੂਹ ਸੰਗਤ ਨੂੰ ਬੇਨਤੀ ਕੀਤੀ।

## ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ 'ਚ ਭਖਦੀਆਂ ਮੰਗਾਂ ਜਲਦ ਮੰਨਣ ਦੀ ਮੰਗ


**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਸਬ-ਡਵੀਜ਼ਨ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਸੱਘੜ ਸਿੰਘ ਹਾਲ ਵਿਖੇ ਪ੍ਰਧਾਨ ਬਿੱਕਰ ਸਿੰਘ ਮਾਛੀਕੇ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਬੁਲਾਰਿਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਭਖਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਮੇਲ ਸਿੰਘ ਖੋਟੇ, ਗੁਰਜੰਟ ਸਿੰਘ ਬੌਡੇ, ਸਕਿੰਦਰ ਸਿੰਘ ਭਾਗੀਕੇ, ਗੁਰਮੇਲ ਸਿੰਘ ਬੌਡੇ, ਪ੍ਰਿੰਸੀਪਲ ਸੁਖਚੈਨ ਸਿੰਘ ਅਤੇ ਪ੍ਰਿੰਸੀਪਲ ਹਰਭਜਨ ਸਿੰਘ ਤਖਤੂਪੁਰਾ ਸਮੇਤ ਹੋਰ ਬੁਲਾਰਿਆਂ ਨੇ ਸਰਕਾਰ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕੀਤੀ।ਉਨ੍ਹਾਂ 2.59 ਦੇ ਗੁਣਾਂਕ ਅਨੁਸਾਰ ਤਨਖ਼ਾਹਾਂ ਅਤੇ ਪੈਨਸ਼ਨਾਂ ਵਿੱਚ ਸੋਧ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਏ ਅਤੇ ਡੀ.ਏ. ਦੇ ਬਕਾਏ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ। ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਤਾਂ 27 ਜੁਲਾਈ 2026 ਨੂੰ ਸੰਗਰੂਰ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ।ਇਸ ਤੋਂ ਇਲਾਵਾ 7 ਅਗਸਤ ਨੂੰ ਮੁਲਾਜ਼ਮ ਮੰਚ ਅਤੇ ਸਾਂਝੇ ਰਲਕੇ ਦੇ ਸੱਦੇ 'ਤੇ ਚੰਡੀਗੜ੍ਹ ਦੇ ਸੈਕਟਰ-39 ਸਥਿਤ ਅਨਾਜ ਮੰਡੀ ਵਿੱਚ ਸਾਰੀਆਂ ਜਥੇਬੰਦੀਆਂ ਮਿਲ ਕੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ, ਪਿੱਟ ਸਿਆਪਾ ਤੇ ਰੋਸ ਮਾਰਚ ਕਰਨਗੀਆਂ।ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ ਤੇ ਆਉਣ ਵਾਲੇ ਸੰਘਰਸ਼ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਮੰਗਾਂ ਪ੍ਰਤੀ ਗੰਭੀਰਤਾ ਨਾ ਦਿਖਾਈ ਤਾਂ 7 ਅਗਸਤ ਤੋਂ ਤਿੱਖੇ ਸੰਘਰਸ਼ ਦੀ ਸ਼ੁਰੂਆਤ ਕੀਤੀ ਜਾਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਚੰਡੀਗੜ੍ਹ ਦੇ ਮਿਨਿਸਟਰੀਅਲ ਸਟਾਫ਼, ਡਾਇਰੈਕਟੋਰੇਟ, ਪੁਲਿਸ, ਪਟਵਾਰੀ-ਕਾਨੂੰਗੋ ਅਤੇ ਹੋਰ ਭਰਾਤਰੀ ਜੱਥੇਬੰਦੀਆਂ ਵੀ ਵੱਡੀ ਗਿਣਤੀ ਵਿੱਚ ਇਸ ਰੋਸ ਰੈਲੀ ਵਿੱਚ ਸ਼ਮੂਲੀਅਤ ਕਰਨਗੀਆਂ।

## ਸੈਂਡਵਾਲ ਵਿਖੇ ਬਾਬਾ ਸ਼ਾਹ ਮੁਰਾਲੀ ਦਾ ਤਿੰਨ ਦਿਨਾ ਮੇਲਾ 19 ਤੱਕ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)** - ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬਾ ਸ਼ਾਹ ਮੁਰਾਲੀ ਜੀ ਦਾ ਸਾਲਾਨਾ ਜੋੜ ਮੇਲਾ ਵੈਲਫੇਅਰ ਸੁਸਾਇਟੀ ਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਬੜੀ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਬਾਬਾ ਸ਼ਾਹ ਮੁਰਾਲੀ ਦਰਬਾਰ ਦੇ ਗੱਦੀਨਸ਼ੀਨ ਬਾਬਾ ਅਜੈਪਾਲ ਨੇ ਦੱਸਿਆ ਕੇ 17 - 18 - 19 ਜੁਲਾਈ ਤਿੰਨ ਦਿਨ ਚੱਲਣ ਵਾਲੇ ਇਸ ਮੇਲੇ ਦੇ ਪਹਿਲੇ ਦਿਨ 17 ਜੁਲਾਈ ਨੂੰ ਸ਼ਾਮ ਪੰਜ ਵਜੇ ਮਹਿੰਦੀ ਦੀ ਰਸਮ ਹੋਵੇਗੀ ਤੇ ਸ਼ਾਮ ਪੰਜ ਵਜੇ ਤੋਂ ਅੱਠ ਵਜੇ ਤੱਕ ਕੱਵਾਲੀਆਂ ਦੀ ਮਹਿਫਲ ਸੱਜੇਗੀ। ਝੰਡੇ ਦੀ ਰਸਮ 18 ਜੁਲਾਈ ਨੂੰ ਸਵੇਰੇ ਅੱਠ ਵਜੇ ਕੀਤੀ ਜਾਵੇਗੀ ਤੇ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਕੱਵਾਲੀ ਮਹਿਫਲ ਹੋਵੇਗੀ। ਮੇਲੇ ਦੇ ਅਖੀਰਲੇ ਦਿਨ 19 ਜੁਲਾਈ ਨੂੰ ਸਵੇਰੇ 9 ਵਜੇ ਚਾਦਰ ਦੀ ਰਸਮ ਕੀਤੀ ਜਾਵੇਗੀ ਤੇ ਸਵੇਰੇ 10 ਵਜੇ ਤੋਂ ਸ਼ਾਮ ਪੰਜ ਵਜੇ ਤੱਕ ਕੱਵਾਲੀਆਂ ਦਾ ਦੌਰ ਚੱਲੇਗਾ। ਇਸ ਮੌਕੇ ਪਰਸਿੱਧ ਕੱਵਾਲ ਸਰਦਾਰ ਅਲੀ, ਦੇਵ ਸਹੋਤਾ, ਸਰਬਜੀਤ ਤੇ ਸੰਨੀ ਮਾਹਲ ਆਪਣਾ ਕਲਾਮ ਸੰਗਤਾਂ ਨੂੰ ਸੁਨਾਉਣਗੇ।

## ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਗੰਦਗੀ ਦੇ ਲੱਗੇ ਢੇਰ

**ਸਮਰਾਲਾ, (ਸੁਰਜੀਤ ਸਿੰਘ)** ਆਪਣੀਆਂ ਮੰਗਾਂ ਨੂੰ ਲੈ ਕੇ ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਜਾਰੀ ਹੜਤਾਲ ਅੱਠਵੇਂ ਦਿਨ ਵਿਚ ਪ੍ਰਵੇਸ਼ ਕਰ ਗਈ ਹੈ, ਜਿਸ ਦੇ ਚੱਲਦਿਆਂ ਵੱਖ-ਵੱਖ ਗਲੀ ਮੁਹੱਲਿਆਂ ਜਿਨ੍ਹਾਂ ਵਿਚ ਚਾਵਾ ਰੋਡ, ਬਸ ਸਟੈਂਡ, ਆਈ ਟੀ ਆਈ, ਖੰਨਾ ਰੋਡ, ਦੁਰਗਾ ਮੰਦਰ ਰੋਡ, ਮਾਛੀਵਾੜਾ ਰੋਡ, ਨਨਕਾਣਾ ਸਕੂਲ ਦੇ ਪਿਛਲੇ ਪਾਸੇ, ਬੋਂਦਲ ਰੋਡ, ਪੁਰਾਣੀ ਸਬਜ਼ੀ ਮੰਡੀ, ਮੁੱਖ ਚੌਕ ਨੇੜੇ ਠੇਕਾ ਆਦਿ ਥਾਵਾਂ ਤੇ ਲੋਕਾਂ ਨੇ ਗੰਦਗੀ ਦੇ ਅਸਥਾਈ ਡੰਪ ਬਣਾਏ ਹੋਏ ਹਨ।ਇਸ ਤੋਂ ਇਲਾਵਾ ਸ਼ਹਿਰ ਵਿਚ ਗੰਦਗੀ ਦੇ ਢੇਰ ਥਾਂ ਥਾਂ ਲੱਗੇ ਨਜ਼ਰ ਆ ਰਹੇ ਹਨ, ਜਿਸ ਦੇ ਚੱਲਦਿਆਂ ਮੱਖੀ ਅਤੇ ਮੱਛਰਾਂ ਦਾ ਸਾਮਰਾਜ ਹੋ ਰਿਹਾ ਹੈ।ਗਲੀ ਮੁਹੱਲਿਆਂ ਵਿਚ ਬਦਬੂ ਫੈਲ ਗਈ ਹੈ।ਕੂੜੇ ਦੇ ਢੇਰਾਂ ਤੇ ਜਾਨਵਰਾਂ ਵਲੋਂ ਖਿਲਾਰਾ ਪਾਏ ਜਾਣ ਨਾਲ ਵਾਤਾਵਰਣ ਹੋਰ ਵੀ ਦੂਸ਼ਿਤ ਹੀ ਗਿਆ ਹੈ। ਬਰਸਾਤ ਦੇ ਮੌਸਮ 'ਚ ਗੰਦਗੀ ਕਾਰਨ ਕੂੜੇ ਦੇ ਢੇਰਾਂ ਦੇ ਨੇੜੇ ਰਹਿਣ ਵਾਲੇ ਵਸਨੀਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ। ਸਫ਼ਾਈ ਸੇਵਕਾਂ ਦੀ ਹੜਤਾਲ ਤੋਂ ਲੱਗਦਾ ਹੈ ਕਿ ਪ੍ਰਸ਼ਾਸਨ ਬੇਵੱਸ ਹੋ ਕੇ ਰਹਿ ਗਿਆ ਹੈ।ਸਮੁੱਚਾ ਪ੍ਰਸ਼ਾਸਨ ਸਮਰਾਲਾ ਵਾਸੀਆਂ ਦੀ ਤਰਸਯੋਗ ਹਾਲਤ ਦਾ ਚੁੱਪਚਾਪ ਤਮਾਸ਼ਾ ਦੇਖ ਰਿਹਾ ਹੈ।ਨਗਰ ਕੌਂਸਲ ਵਿੱਚ ਸਫ਼ਾਈ ਸੇਵਕ ਹਰ ਰੋਜ਼ ਧਰਨਾ ਦੇ ਰਹੇ ਹਨ ਤੇ ਸਰਕਾਰ ਅਤੇ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਕਰ ਰਹੇ ਹਨ।ਸਫ਼ਾਈ ਸੇਵਕਾਂ ਨੇ ਕਾਲੀਆਂ ਝੰਡੀਆਂ ਲੈਕੇ ਸ਼ਹਿਰ ਵਿਚ ਰੋਸ ਮਾਰਚ ਕੱਢਿਆ।ਸਫ਼ਾਈ ਸੇਵਕ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਰਘਬੀਰ ਲਾਲ ਨੇ ਕਿਹਾ ਕਿ ਇਸ ਤੋਂ ਪਹਿਲਾਂ ਮਈ ਮਹੀਨੇ ਵਿਚ ਕਰੀਬ 20 ਦਿਨਾਂ ਦੀ ਹੜਤਾਲ ਤੋਂ ਬਾਅਦ ਸਰਕਾਰ ਜਾਗੀ ਸੀ।ਯੂਨੀਅਨ ਨਾਲ ਮੀਟਿੰਗ ਵਿੱਚ ਲੋਕਲ ਬਾਡੀਜ਼ ਮਨਿਸਟਰ ਨੇ ਯੂਨੀਅਨ ਨੂੰ ਯਕੀਨ ਦੁਆਇਆ ਕਿ ਉਹਨਾਂ ਦੀਆਂ ਮੰਗਾਂ ਦਾ ਛੇਤੀ ਹੱਲ ਕੱਢ ਲਿਆ ਜਾਵੇਗਾ।ਸਰਕਾਰ ਨੇ ਯੂਨੀਅਨ ਤੋਂ ਇੱਕ ਮਹੀਨੇ ਦਾ ਸਮਾਂ ਮੰਗਿਆ ਸੀ।ਸਫ਼ਾਈ ਸੇਵਕ ਯੂਨੀਅਨ ਆਗੂ ਨੇ ਕਿਹਾ ਕਿ ਉਹਨਾਂ ਸਰਕਾਰ ਦੇ ਵਾਅਦੇ ਮੁਤਾਬਿਕ ਇੱਕ ਮਹੀਨਾ ਇੰਤਜ਼ਾਰ ਕੀਤਾ, ਪਰ ਸਰਕਾਰ ਨੇ ਮੰਗਾਂ ਵੱਲ ਕੋਈ ਤਵੱਜੋਂ ਨਾ ਦਿੱਤੀ।ਯੂਨੀਅਨ ਨੇ ਸਰਕਾਰ ਅਤੇ ਲੋਕਲ ਬਾਡੀਜ਼ ਪ੍ਰਸ਼ਾਸਨ ਨੂੰ ਜਗਾਉਣ ਲਈ ਮੁੜ ਖਰੜ ਵਿਖੇ ਮਹਾਂ ਰੋਸ ਰੈਲੀ ਕੀਤੀ।ਰੈਲੀ ਵਿਚ ਖਰੜ ਦੇ




ਐਸ ਡੀ ਐਮ ਸਮੇਤ ਸਰਕਾਰ ਦੇ ਦੋ ਪ੍ਰਤੀਨਿਧੀ ਯੂਨੀਅਨ ਨਾਲ ਗੱਲਬਾਤ ਕਰਨ ਲਈ ਆਏ, ਪਰ ਉਨ੍ਹਾਂ ਦੇ ਭਰੋਸੇ ਵੀ ਠੁੱਸ ਹੀ ਸਾਬਤ ਹੋਏ।

ਰਘਬੀਰ ਲਾਲ ਨੇ ਕਿਹਾ ਕਿ ਹੁਣ 8 ਜੁਲਾਈ ਤੋਂ ਪੰਜਾਬ ਭਰ ਦੇ ਸਫ਼ਾਈ ਸੇਵਕ ਆਪਣੀਆਂ ਮੰਗਾਂ ਨੂੰ ਲੈ ਕੇ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਬੈਠੇ ਹਨ।ਯੂਨੀਅਨ ਦੀਆਂ ਮੰਗਾਂ ਵਿਚ ਮੁੱਖ ਤੌਰ 'ਤੇ ਠੇਕੇਦਾਰੀ ਪ੍ਰਥਾ ਬੰਦ ਕੀਤੀ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਪਰਖ ਕਾਲ ਦਾ ਸਮਾਂ ਘਟਾਇਆ ਜਾਵੇ, ਤਰਸ ਦੇ ਅਧਾਰ ਤੇ ਬਿਨਾ ਸ਼ਰਤ ਨੌਕਰੀ ਦਿੱਤੀ ਜਾਵੇ ਅਤੇ ਖਤਰੇ ਦੇ ਕੰਮ ਸਮੇਂ ਸੁਰੱਖਿਅਤ ਮਾਹੌਲ ਦਿੱਤਾ ਜਾਵੇ।

## ਸ਼੍ਰੋਮਣੀ ਅਕਾਲੀ ਦਲ ਨੂੰ ਝਟਕਾ, ਕਈ ਆਗੂ 'ਆਪ' 'ਚ ਸ਼ਾਮਲ

**ਸਨੌਰ (ਰਾਜਿੰਦਰ ਸਿੰਘ ਥਿੰਦ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਕਰਵਾਏ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਤੇ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਣਥੱਕ ਮਿਹਨਤ ਸਦਕਾ ਹਲਕੇ ਅੰਦਰ ਆਮ ਆਦਮੀ ਪਾਰਟੀ ਦਾ ਕਾਫ਼ਲਾ ਦਿਨ-ਬ-ਦਿਨ ਹੋਰ ਵੱਡਾ ਤੇ ਮਜ਼ਬੂਤ ਹੁੰਦਾ ਜਾ ਰਿਹਾ ਹੈ।ਪਿੰਡ ਬੋਲੜ ਕਲਾਂ ਵਿਖੇ



ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਬਹੁਤ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਪਿੰਡ ਦੇ ਕਈ ਰਵਾਇਤੀ ਤੇ ਪ੍ਰਮੁੱਖ ਆਗੂਆਂ ਨੇ ਅਕਾਲੀ ਦਲ ਨੂੰ ਹਮੇਸ਼ਾ ਲਈ ਅਲਵਿਦਾ ਆਖ ਕੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦੀ ਰਹਿਨੁਮਾਈ ਹੇਠ ਮਲਕੀਤ ਸਿੰਘ ਅਤੇ ਸਾਧੂ ਸਿੰਘ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਆਗੂਆਂ ਵਿੱਚ ਪ੍ਰੇਮ ਸਿੰਘ, ਅਮਰਜੀਤ ਸਿੰਘ, ਉੱਤਮ ਸਿੰਘ, ਹਰਬੰਸ ਸਿੰਘ, ਬਲਦੇਵ ਸਿੰਘ, ਨਿਰਭੈ ਸਿੰਘ, ਜੋਗਿੰਦਰ ਸਿੰਘ, ਜਸਵੀਰ ਸਿੰਘ ਤੇ ਹੋਰ ਵਰਕਰਾਂ ਨੂੰ ਸਿਰੋਪਾਓ ਪਾ ਕੇ ਜੀ ਆਇਆਂ ਨੂੰ ਆਖਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਪੰਜਾਬ ਦਾ ਹਰ ਵਰਗ ਮਾਨ ਸਰਕਾਰ ਦੀ 'ਸਾਫ਼ ਨੀਅਤ ਅਤੇ ਤੇਜ਼ ਵਿਕਾਸ' ਵਾਲੀ ਸੋਚ ਤੋਂ ਬੇਹੱਦ ਖ਼ੁਸ਼ ਹੈ।ਉਨ੍ਹਾਂ ਕਿਹਾ ਕਿ ਬੋਲੜ ਕਲਾਂ ਦੇ ਇਨ੍ਹਾਂ ਪ੍ਰਮੁੱਖ ਆਗੂਆਂ ਦੇ 'ਆਪ' ਵਿੱਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਖੇਤਰ ਵਿੱਚ ਬਹੁਤ ਵੱਡਾ ਬਲ ਮਿਲਿਆ ਹੈ ਤੇ ਵਿਰੋਧੀ ਪਾਰਟੀਆਂ ਦਾ ਵਜੂਦ ਹਲਕੇ ਵਿੱਚੋਂ ਬਿਲਕੁਲ ਖ਼ਤਮ ਹੋ ਚੁੱਕਾ ਹੈ।

## ਵਿਜੀਲੈਂਸ ਬਿਊਰੋ ਵੱਲੋਂ 8,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਮਾਲ ਹਲਕਾ ਮਾਨਸਾ ਖੁਰਦ, ਜ਼ਿਲ੍ਹਾ ਮਾਨਸਾ ਵਿਖੇ ਤਾਇਨਾਤ ਪਟਵਾਰੀ ਹਿਤੇਸ਼ ਕੁਮਾਰ ਨੂੰ 8,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਵਾਰਡ ਨੰਬਰ 2, ਮਾਨਸਾ ਖੁਰਦ, ਜ਼ਿਲ੍ਹਾ ਮਾਨਸਾ ਦੇ ਰਹਿਣ ਵਾਲੇ ਇੱਕ ਵਿਅਕਤੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਮਾਨਸਾ ਖੁਰਦ ਵਿੱਚ ਆਪਣੀ ਪਤਨੀ ਦੇ ਨਾਂਅ 'ਤੇ 4 ਕਨਾਲ ਜ਼ਮੀਨ ਖ਼ਰੀਦੀ ਸੀ।ਫਿਰ ਸ਼ਿਕਾਇਤਕਰਤਾ ਨੇ ਆਪਸੀ ਸਹਿਮਤੀ ਨਾਲ ਇਹ ਜ਼ਮੀਨ ਕਿਸੇ ਹੋਰ ਵਿਅਕਤੀ ਨੂੰ ਤਬਦੀਲ ਕਰ ਦਿੱਤੀ।ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਮੁਲਜ਼ਮ ਪਟਵਾਰੀ ਨੇ ਤਬਦੀਲ ਕੀਤੀ ਜ਼ਮੀਨ ਦਾ ਇੰਤਕਾਲ ਮਾਲ ਰਿਕਾਰਡ ਵਿੱਚ ਦਰਜ ਕਰਨ ਬਦਲੇ 25,000 ਰੁਪਏ ਦੀ ਰਿਸ਼ਵਤ ਮੰਗੀ ਸੀ। ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਗੱਲਬਾਤ ਰਿਕਾਰਡ ਕਰ ਲਈ ਸੀ।ਰਿਸ਼ਵਤ ਦੀ ਰਕਮ ਰਾਜ਼ੀ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਨਾਲ ਸੰਪਰਕ ਕੀਤਾ।ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਪਟਵਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਕੋਲੋਂ 8,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਥਾਣਾ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਮਾਡਰਨ ਜੇਲ੍ਹ 'ਚ ਐੱਚ.ਆਈ.ਵੀ. ਟੈਸਟਿੰਗ ਤੇ ਜਾਗਰੂਕਤਾ ਕੈਂਪ, 389 ਕੈਦੀਆਂ ਦੀ ਕੀਤੀ ਜਾਂਚ


**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜਾ)** ਸਿਵਲ ਸਰਜਨ ਡਾ. ਰਮਨਦੀਪ ਸਿੰਗਲਾ ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਟੀ.ਬੀ. ਅਤੇ ਏਡਜ਼ ਕੰਟਰੋਲ ਅਫਸਰ ਡਾ. ਸਰਵਦੀਪ ਸਿੰਘ ਰੋਮਾਣਾ ਦੀ ਅਗਵਾਈ ਹੇਠ ਮਾਡਰਨ ਜੇਲ੍ਹ ਫਰੀਦਕੋਟ ਵਿਖੇ ਐੱਚ.ਆਈ.ਵੀ. ਟੈਸਟਿੰਗ ਸਹਿਤ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦੌਰਾਨ 389 ਵਿਅਕਤੀਆਂ ਦੇ ਐੱਚ.ਆਈ.ਵੀ. ਟੈਸਟ ਕੀਤੇ ਗਏ ਤੇ ਉਨ੍ਹਾਂ ਨੂੰ ਐੱਚ.ਆਈ.ਵੀ/ਏਡਜ਼ ਤੋਂ ਬਚਾਅ, ਸਮੇਂ ਸਿਰ ਜਾਂਚ ਕਰਾਉਣ ਦੇ ਮਹੱਤਵ, ਸੁਰੱਖਿਅਤ ਵਿਵਹਾਰ ਤੇ ਉਪਲਬਧ



ਮੁਫ਼ਤ ਇਲਾਜ ਸੇਵਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਸੀਨੀਅਰ ਮੈਡੀਕਲ ਅਫ਼ਸਰ (ਜੇਲ੍ਹ) ਡਾ. ਅਰਸ਼ਦੀਪ ਬਰਾੜ ਨੇ ਕਿਹਾ ਕਿ ਐੱਚ.ਆਈ.ਵੀ. ਦੀ ਸਮੇਂ ਸਿਰ ਜਾਂਚ ਤੇ ਸਹੀ ਇਲਾਜ ਨਾਲ ਪ੍ਰਭਾਵਿਤ ਵਿਅਕਤੀ ਆਮ ਅਤੇ ਸਿਹਤਮੰਦ ਜੀਵਨ ਬਤੀਤ ਕਰ ਸਕਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਜਾਗਰੂਕਤਾ ਵਧਾਉਣਾ ਅਤੇ ਸਮੇਂ-ਸਮੇਂ 'ਤੇ ਟੈਸਟਿੰਗ ਕਰਾਉਣਾ ਹੀ ਇਸ ਬਿਮਾਰੀ ਦੀ ਰੋਕਥਾਮ ਲਈ ਸਭ ਤੋਂ ਪ੍ਰਭਾਵਸ਼ਾਲੀ ਕਦਮ ਹੈ।

## ਮੁਲਾਜ਼ਮ ਤੇ ਪੈਨਸ਼ਨਰਜ਼ ਭਲਕੇ ਕਰਨਗੇ ਡੀ ਸੀ ਦਫ਼ਤਰ ਅੱਗੇ ਰੋਸ ਰੈਲੀ

**ਮੋਗਾ, (ਇਕਬਾਲ ਸਿੰਘ ਖਹਿਰਾ)** ਪੰਜਾਬ ਸਰਕਾਰ ਵੱਲੋਂ 17 ਜੁਲਾਈ 2020 ਨੂੰ ਇੱਕ ਅਜਿਹਾ ਮੁਲਾਜ਼ਮ ਮਾਰੂ ਨੋਟੀਫੀਕੇਸ਼ਨ ਜਾਰੀ ਕੀਤਾ ਗਿਆ ਸੀ, ਜਿਸ ਨਾਲ 17 ਜੁਲਾਈ ਤੋਂ ਬਾਅਦ ਭਰਤੀ ਹੋਣ ਵਾਲੇ ਪੰਜਾਬ ਸਰਕਾਰ ਦੇ ਮੁਲਾਜਮਾਂ ਨੂੰ ਕੇਂਦਰ ਦੇ ਤਨਖਾਹ ਸਕੇਲਾਂ ਨਾਲ ਬੰਨ ਦਿੱਤਾ ਗਿਆ, ਜਿਸ ਕਾਰਨ ਉਨ੍ਹਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੇ ਲਾਭ ਪ੍ਰਾਪਤ ਕਰਨ ਤੋਂ ਵਾਂਝੇ ਕਰ ਦਿੱਤਾ ਗਿਆ। ਤਾਲਮੇਲ ਕਮੇਟੀ ਮੋਗਾ ਦੇ ਆਗੂਆਂ ਜਗਦੀਸ਼ ਸਿੰਘ ਚਾਹਲ, ਬਲੌਰ ਸਿੰਘ ਘਾਲੀ, ਕੁਲਦੀਪ ਸਿੰਘ ਡੀ.ਸੀ. ਦਫ਼ਤਰ, ਭਜਨ ਸਿੰਘ ਗਿੱਲ, ਦਿੱਗ ਵਿਜੈ



ਸ਼ਰਮਾ, ਗੁਰਮੇਲ ਸਿੰਘ ਨਾਹਰ, ਕੁਲਵੀਰ ਸਿੰਘ ਢਿੱਲੋਂ, ਰਾਜਿੰਦਰ ਸਿੰਘ ਰਿਆੜ, ਸੁਰਜੀਤ ਸਿੰਘ ਗਗੜਾ, ਪਰਗਟਜੀਤ ਸਿੰਘ ਕਿਸ਼ਨਪੁਰਾ, ਹਰਜੰਟ ਸਿੰਘ ਬੌਡੇ, ਦਲਜੀਤ ਸਿੰਘ ਭੁੱਲਰ, ਸੁਖਮੰਦਰ ਸਿੰਘ, ਭੁਪਿੰਦਰ ਸਿੰਘ ਸੇਖੋਂ,ਪ੍ਰੇਮ ਕੁਮਾਰ, ਬਲਜਿੰਦਰ ਸਿੰਘ ਧਾਲੀਵਾਲ, ਗੁਰਜੰਟ ਸਿੰਘ ਕੋਕਰੀ ਨੇ ਦੱਸਿਆ ਕਿ ਸਾਂਝਾ ਫਰੰਟ ਤੇ ਸਾਂਝਾ ਮੰਚ ਵੱਲੋਂ 17 ਜੁਲਾਈ ਦੇ ਦਿਨ ਨੂੰ ਮੁਲਾਜ਼ਮਾਂ ਲਈ ਕਾਲਾ ਦਿਨ ਦੱਸਦਿਆਂ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਠੀਕ 2 ਵਜੇ ਇੱਕ ਵਿਸ਼ਾਲ ਰੈਲੀ ਕਰਨ ਉਪਰੰਤ ਇਸ ਮੁਲਾਜ਼ਮ ਮਾਰੂ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਦਾ ਪਰਦਾ ਚਾਕ ਕੀਤਾ ਜਾਵੇਗਾ। ਤਾਲਮੇਲ ਕਮੇਟੀ ਦੇ ਮੈਂਬਰ ਸੁਰਿੰਦਰ ਰਾਮ ਕੁੱਸਾ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਪੈਨਸ਼ਨਰ ਵਿਰੋਧੀ ਕਾਰਪੋਰੇਟ ਘਰਾਣੇ ਪੱਖੀ ਨੀਤੀਆਂ ਕਰਕੇ ਮੁਲਾਜ਼ਮਾਂ/ਪੈਨਸ਼ਨਰਾਂ ਵਲੋਂ ਤਿੱਖੇ ਅਤੇ ਲੰਮੇ ਘੋਲਾਂ ਰਾਹੀ ਪ੍ਰਾਪਤ ਹੱਕਾਂ ਨੂੰ ਇੱਕ ਇੱਕ ਕਰਕੇ ਖੋਹਿਆ ਜਾ ਰਿਹਾ ਹੈ, ਜਿਸ ਕਰਕੇ ਪੰਜਾਬ ਸਰਕਾਰ ਦੇ ਸੈਂਕੜੇ ਵਿਭਾਗ ਨਿੱਜੀਕਰਨ ਦੀ ਭੇਟ ਚਾੜ੍ਹ ਦਿੱਤੇ ਗਏ ਹਨ ਅਤੇ ਨਵੀਆਂ ਭਰਤੀਆਂ ਦਾ ਭੋਗ ਪਾ ਦਿੱਤਾ ਗਿਆ ਹੈ।ਉਨ੍ਹਾਂ ਸਮੂਹ ਮੁਲਾਜਮਾਂ ਨੂੰ ਇਸ ਰੈਲੀ ਵਿੱਚ 17 ਜੁਲਾਈ ਨੂੰ ਦੁਪਹਿਰ 2 ਵਜੇ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ, ਜਿਹੜੇ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਹਨ ਅਤੇ ਇਸ ਮੁਲਾਜ਼ਮ ਮਾਰੂ ਨੋਟੀਫਿਕੇਸ਼ਨ ਦੀ ਮਾਰ ਝੱਲ ਰਹੇ ਹਨ ।

## ਕੰਮ ਮੁਕੰਮਲ ਕਰਨ ਵਾਲੇ 31 ਬੀ.ਐਲ.ਓਜ਼ ਨੂੰ ਕੀਤਾ ਸਨਮਾਨਿਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ ਪੂਜਾ)**- ਭਾਰਤ ਚੋਣ ਕਮਿਸ਼ਨ ਵਲੋਂ ਚਲਾਈ ਜਾ ਰਹੀ ਐਸ.ਆਈ.ਆਰ. ਪ੍ਰਕਿਰਿਆ ਅਧੀਨ ਗਣਨਾ ਫਾਰਮਾਂ ਨੂੰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਵਿੱਚ ਸਭ ਤੋਂ ਪਹਿਲਾਂ 100 ਪ੍ਰਤੀਸ਼ਤ ਡਿਜ਼ੀਟਾਈਜੇਸ਼ਨ ਕਰਨ ਵਾਲੇ 31 ਬੀ.ਐਲ.ਓਜ ਨੂੰ ਸ੍ਰੀ ਅਮਿਤ ਕੁਮਾਰ ਪੰਚਾਲ ਡਿਪਟੀ ਕਮਿਸ਼ਨਰ—ਕਮ—ਜ਼ਿਲ੍ਹਾ ਚੋਣ ਅਫਸਰ ਸ੍ਰੀ ਮੁਕਤਸਰ ਸਾਹਿਬ ਨੇ ਆਪਣੇ ਦਫਤਰ ਵਿਖੇ ਵਿਸ਼ੇਸ਼ ਤੌਰ 'ਤੇ ਪ੍ਰਸੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਅਤੇ ਵਧਾਈ ਦਿੱਤੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹਨਾਂ ਕਰਮਚਾਰੀਆਂ ਨੇ



ਐਸ.ਆਈ.ਆਰ. ਪ੍ਰਕਿਰਿਆ ਅਧੀਨ ਸਭ ਤੋਂ ਪਹਿਲਾਂ ਗਣਨਾ ਫਾਰਮਾਂ ਦਾ ਡਿਜ਼ੀਟਾਈਜੇਸ਼ਨ ਕਰਨ ਦਾ ਕੰਮ ਮੁਕੰਮਲ ਕੀਤਾ ਹੈ ਅਤੇ ਚੋਣ ਵਿਭਾਗ ਅਤੇ ਜਿਲ੍ਹਾ ਪ੍ਰਸ਼ਾਸਨ ਨੂੰ ਪੂਰਾ ਸਹਿਯੋਗ ਦਿੱਤਾ ਹੈ।

## ਨਸ਼ੇ ਦੇ ਟੀਕਿਆਂ ਦੇ ਮਾਮਲੇ 'ਚ ਦੋ ਵਿਅਕਤੀਆਂ ਨੂੰ 12-12 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਕਰੀਬ ਛੇ ਸਾਲ ਪਹਿਲਾਂ ਥਾਣਾ ਖੇੜੀ ਨੌਧ ਸਿੰਘ ਦੀ ਪੁਲਿਸ ਵੱਲੋਂ ਨਸ਼ੇ ਦੇ ਟੀਕਿਆਂ ਸਮੇਤ ਕਾਬੂ ਕੀਤੇ ਗਏ ਪਿੰਡ ਤਲਾਣੀਆਂ ਦੇ ਦੋ ਵਿਅਕਤੀਆਂ ਨੂੰ ਸਥਾਨਕ ਅਦਾਲਤ ਵੱਲੋਂ ਕੈਦ ਅਤੇ ਜ਼ੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜਗਜੋਤ ਸਿੰਘ ਉਰਫ ਜੱਗਾ (33) ਅਤੇ ਮਨਜੋਤ ਸਿੰਘ ਉਰਫ ਜੋਤ(37) ਵਾਸੀਆਨ ਪਿੰਡ ਤਲਾਣੀਆਂ ਨੂੰ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ 12-12 ਸਾਲ ਕੈਦ ਬਾਮੁਸ਼ੱਕਤ ਅਤੇ 1-1 ਲੱਖ ਰੁਪਏ ਜ਼ੁਰਮਾਨੇ ਦੀ ਸਜ਼ਾ ਸੁਣਾਈ ਹੈ।

## ਕਰੰਟ ਲੱਗਣ ਕਾਰਨ ਮ੍ਰਿਤਕ ਕਿਸਾਨ ਦੇ ਪਰਵਾਰ ਨੂੰ 3 ਲੱਖ ਮੁਆਵਜ਼ਾ ਦਿੱਤਾ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਪੰਜਾਬ ਸਰਕਾਰ ਦੇ ਮੰਡੀ ਬੋਰਡ ਵਿਭਾਗ ਵਲੋਂ ਨੇੜਲੇ ਪਿੰਡ ਗੜ੍ਹੀ ਬੇਟ ਵਿਖੇ ਕਰੰਟ ਲੱਗਣ ਕਾਰਨ ਮ੍ਰਿਤਕ ਕਿਸਾਨ ਜਗਦੇਵ ਸਿੰਘ ਦੇ ਪਰਵਾਰ ਨੂੰ 3 ਲੱਖ ਰੁਪਏ ਮੁਆਵਜ਼ੇ ਦਾ ਚੈੱਕ ਸੌਂਪਿਆ। ਕਿਸਾਨ ਜਗਦੇਵ ਸਿੰਘ ਖੇਤਾਂ ਵਿਚ ਕੰਮ ਕਰ ਰਿਹਾ ਸੀ, ਜਿਸ ਦੀ ਕਰੰਟ ਲੱਗਣ ਕਾਰਨ ਮੌਤ ਹੋ ਗਈ। ਮਾਰਕੀਟ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ ਵੱਲੋਂ ਮ੍ਰਿਤਕ ਦੀ



ਪਤਨੀ ਕਮਲਜੀਤ ਕੌਰ ਨੂੰ ਇਹ 3 ਲੱਖ ਰੁਪਏ ਦਾ ਚੈੱਕ ਸੌਂਪਿਆ। ਇਸ ਮੌਕੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਕੌਂਸਲਰ ਅਮਨਦੀਪ ਸਿੰਘ ਤਨੇਜਾ, ਸਕੱਤਰ ਅਰੁਨਿੰਦਰ ਸਿੰਘ ਮਾਂਗਟ, ਗੁਰਕੰਵਲ ਸਿੰਘ, ਜਸਵੀਰ ਸਿੰਘ ਗੜ੍ਹੀ ਤੇ ਕੁਲਵੰਤ ਸਿੰਘ ਗੜ੍ਹੀ ਵੀ ਮੌਜੂਦ ਸਨ।

## ਭੈਣ ਨੂੰ ਸਕੂਲ ਬੱਸ ਚੜ੍ਹਾਉਣ ਗਏ 3 ਸਾਲਾ ਮਾਸੂਮ ਦੀ ਮੌਤ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਨੇੜਲੇ ਪਿੰਡ ਸਾਲੂ ਭੈਣੀ ਵਿਖੇ ਵਾਪਰੇ ਦਰਦਨਾਕ ਹਾਦਸੇ ਵਿਚ ਸਕੂਲ ਬੱਸ ਹੇਠਾਂ ਆਉਣ ਕਾਰਨ 3 ਸਾਲਾ ਮਾਸੂਮ ਬੱਚੇ ਸਮਰਦੀਪ ਸਿੰਘ ਦੀ ਮੌਤ ਹੋ ਗਈ। ਸਾਲੂ ਭੈਣੀ ਦੇ ਵਾਸੀ ਹਰਮੇਸ਼ ਸਿੰਘ ਦੀ ਬੱਚੀ ਰਮਨਦੀਪ ਕੌਰ ਜੋ ਕਿ ਕੜਿਆਣਾ ਵਿਖੇ ਪ੍ਰਾਈਵੇਟ ਸਕੂਲ ਵਿਚ ਪੜ੍ਹਦੀ ਹੈ, ਜਿਸ ਨੂੰ ਰੋਜ਼ਾਨਾ ਦੀ ਤਰ੍ਹਾਂ ਉਸਦੀ ਮਾਤਾ ਅਮਨਦੀਪ ਕੌਰ ਸਕੂਲ ਭੇਜਣ ਲਈ ਸੜਕ 'ਤੇ ਬੱਸ ਚੜ੍ਹਾਉਣ ਲਈ ਗਈ। ਆਪਣੀ ਭੈਣ ਨੂੰ ਸਕੂਲ ਬੱਸ 'ਚ ਬਿਠਾਉਣ ਲਈ ਮਾਸੂਮ ਬੱਚਾ ਸਮਰਦੀਪ ਸਿੰਘ ਵੀ ਆਪਣੀ ਮਾਤਾ ਨਾਲ ਚਲਾ ਗਿਆ। ਸੜਕ 'ਤੇ ਜਦੋਂ ਸਕੂਲ ਬੱਸ ਆਈ ਤਾਂ ਲੜਕੀ ਨੂੰ ਬੱਸ ਵਿਚ ਬਿਠਾ ਦਿੱਤਾ ਗਿਆ ਤੇ ਸਮਰਦੀਪ ਸਿੰਘ ਆਪਣੀ ਮਾਤਾ ਦੀ ਉਂਗਲ ਫੜ ਕੇ ਬੱਸ ਅੱਗੋਂ ਲੰਘ ਰਹੀ ਸੀ ਤਾਂ ਅਚਾਨਕ ਡਰਾਇਵਰ ਨੇ ਇਸ ਨੂੰ ਤੋਰ ਲਿਆ। ਹਾਦਸੇ ਵਿਚ ਬੱਚਾ ਸਮਰਦੀਪ ਸਿੰਘ ਬੱਸ ਦੇ ਟਾਇਰ ਹੇਠਾਂ ਆ ਗਿਆ, ਜਿਸ ਕਾਰਨ ਉਸਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਸਕੂਲ ਬੱਸ ਚਾਲਕ ਆਪਣੀ ਬੱਸ ਭਜਾ ਕੇ ਲੈ ਗਿਆ, ਜਿਸ ਨੂੰ ਕੁਝ ਕਿਲੋਮੀਟਰ 'ਤੇ ਜਾ ਕੇ ਘੇਰ ਲਿਆ। ਅਚਾਨਕ ਮਾਸੂਮ ਬੱਚੇ ਸਮਰਦੀਪ ਸਿੰਘ ਦੀ ਮੌਤ ਕਾਰਨ ਮਾਂ ਦੀਆਂ ਚੀਕਾਂ ਨਿਕਲ ਗਈਆਂ ਤੇ ਪਿੰਡ ਵਿਚ ਸੋਗ ਦੀ ਲਹਿਰ ਦੌੜ ਗਈ। ਜਾਣਕਾਰੀ ਅਨੁਸਾਰ ਕੂੰਮਕਲਾਂ ਪੁਲਸ ਵੀ ਮੌਕੇ 'ਤੇ ਪਹੁੰਚ ਗਈ ਹੈ, ਜਿਸ ਵਲੋਂ ਬੱਚੇ ਦੀ ਲਾਸ਼ ਨੂੰ ਕਬਜੇ 'ਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ ਹੈ।

## ਕਾਤਰੋਂ ਤੇ ਲੱਡਾ 'ਚ ਓ ਐਸ ਡੀ ਸੁਖਵੀਰ ਸਿੰਘ ਦੀ ਲੋਕ ਮਿਲਣੀ

**ਧੂਰੀ, (ਮਨੋਹਰ ਸਿੰਘ ਸੱਗੂ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਨੇ ਪਿੰਡ ਕਾਤਰੋਂ ਤੇ ਲੱਡਾ ਵਿੱਚ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਸਬੰਧਤ ਅਧਿਕਾਰੀਆਂ ਨੂੰ ਸਮੇਂ ਸਿਰ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨਾਲ ਸਿੱਧਾ ਸੰਪਰਕ ਰੱਖਦਿਆਂ ਸ਼ਿਕਾਇਤਾਂ ਦੇ ਤਰਜੀਹੀ ਆਧਾਰ 'ਤੇ ਹੱਲ ਲਈ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਕਾਤਰੋਂ ਅਤੇ ਨੇੜਲੇ ਪਿੰਡਾਂ ਦੇ ਵਿਕਾਸ ਲਈ ਕਰੋੜਾਂ ਰੁਪਏ ਦੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ ਤੇ ਲੋਕਾਂ ਨੂੰ ਸਰਕਾਰੀ ਭਲਾਈ ਸਕੀਮਾਂ ਦਾ ਲਾਭ ਲੈਣ ਦੀ ਅਪੀਲ ਕੀਤੀ।ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਤੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ ਨੇ



ਵੀ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਤੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜ਼ਿਕਰ ਕੀਤਾ।

## ਪੰਚਾਇਤ ਸਕੱਤਰ ਸੁਖਦੀਪ ਸਿੰਘ ਸੁੱਖੀ ਦੀ ਮੁਅੱਤਲੀ ਮਾਮਲੇ 'ਚ ਡੀ.ਸੀ. ਦਾ ਯੂ-ਟਰਨ

### -24 ਘੰਟਿਆਂ ਦੇ ਅੰਦਰ ਬਹਾਲੀ ਦੇ ਹੁਕਮ



**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)** ਡਿਪਟੀ ਕਮਿਸ਼ਨਰ ਵੱਲੋਂ ਬਲਾਕ ਮਹਿਲ ਕਲਾਂ ਦੇ ਪੰਚਾਇਤ ਸਕੱਤਰ ਸੁਖਦੀਪ ਸਿੰਘ ਸੁੱਖੀ ਦੀ ਮੁਅੱਤਲੀ ਦੇ ਮਾਮਲੇ ਵਿੱਚ ਯੂ-ਟਰਨ ਲੈਂਦੇ ਨਵੇਂ ਹੁਕਮ ਜਾਰੀ ਕੀਤੇ ਗਏ ਹਨ। ਜ਼ਿਕਰਯੋਗ ਹੈ ਕਿ 13 ਜੁਲਾਈ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਵੱਲੋਂ ਹੁਕਮ ਜਾਰੀ ਕਰਕੇ ਸੁਖਦੀਪ ਸਿੰਘ ਨੂੰ ਗ੍ਰਾਮ ਪੰਚਾਇਤ ਛੀਨੀਵਾਲ ਕਲਾਂ ਦੇ ਸਰਕਾਰੀ ਫੰਡਾਂ ਅਤੇ ਗ੍ਰਾਂਟਾਂ ਦੀ ਦੁਰਵਰਤੋਂ ਤੇ ਗਬਨ ਦੇ ਲੱਗੇ ਦੋਸ਼ਾਂ ਤਹਿਤ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ ਸੀ।ਪਰ ਇਸ ਕਾਰਵਾਈ ਦੇ ਮਹਿਜ਼ 24 ਘੰਟਿਆਂ ਦੇ ਅੰਦਰ ਹੀ ਪ੍ਰਸ਼ਾਸਨ ਨੇ ਆਪਣੇ ਪੁਰਾਣੇ ਫੈਸਲੇ ਨੂੰ ਬਦਲ ਦਿੱਤਾ ਹੈ।14 ਜੁਲਾਈ ਨੂੰ ਡਿਪਟੀ ਕਮਿਸ਼ਨਰ ਬਰਨਾਲਾ ਵੱਲੋਂ ਨਵੇਂ ਹੁਕਮ ਜਾਰੀ ਕੀਤੇ ਗਏ ਹਨ, ਜਿਸ ਵਿੱਚ ਦੱਸਿਆ ਗਿਆ ਹੈ ਕਿ ਪ੍ਰਬੰਧਕੀ ਅਤੇ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ 13 ਜੁਲਾਈ ਦੇ ਮੁਅੱਤਲੀ ਦੇ ਹੁਕਮਾਂ ਨੂੰ ਤੁਰੰਤ ਪ੍ਰਭਾਵ ਨਾਲ ਵਾਪਸ ਲਿਆ ਜਾਂਦਾ ਹੈ। ਇਸ ਨਵੇਂ ਫੈਸਲੇ ਨਾਲ ਪੰਚਾਇਤ ਸਕੱਤਰ ਸੁਖਦੀਪ ਸਿੰਘ ਸੁੱਖੀ ਨੂੰ ਦੁਬਾਰਾ ਅਹੁਦੇ 'ਤੇ ਬਹਾਲ ਕਰ ਦਿੱਤਾ ਗਿਆ ਹੈ। ਇਸ ਪੂਰੇ ਮਾਮਲੇ ਤੇ ਨਵੇਂ ਹੁਕਮਾਂ ਸਬੰਧੀ ਗੱਲਬਾਤ ਕਰਦਿਆਂ ਪੰਚਾਇਤ ਸਕੱਤਰ ਸੁਖਦੀਪ ਸਿੰਘ ਸੁੱਖੀ ਨੇ ਦੱਸਿਆ ਕਿ ਸ਼ਿਕਾਇਤਕਰਤਾ ਵੱਲੋਂ ਗਲਤ ਜਾਣਕਾਰੀ ਦੇ ਕੇ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਗੁੰਮਰਾਹ ਕਰ ਦਿੱਤਾ ਗਿਆ ਸੀ।ਸ਼ਿਕਾਇਤਕਰਤਾ ਦਾ ਦੋਸ਼ ਸੀ ਕਿ ਗ੍ਰਾਮ ਪੰਚਾਇਤ ਛੀਨੀਵਾਲ ਦੇ ਖਾਤੇ ਵਿਚੋਂ 1 ਤੇ 2 ਜੁਲਾਈ ਨੂੰ ਲੈਣ-ਦੇਣ ਕੀਤਾ ਗਿਆ ਹੈ, ਜਦਕਿ ਅਸਲੀਅਤ ਇਹ ਹੈ ਕਿ 8 ਜੁਲਾਈ ਨੂੰ ਪ੍ਰਬੰਧਕ ਦੀ ਨਿਯੁਕਤੀ ਹੋਣ ਤੋਂ ਬਾਅਦ 11 ਤੇ 12 ਜੁਲਾਈ ਨੂੰ ਪੰਚਾਇਤ ਦੇ ਖਾਤੇ 'ਚ ਲੈਣ-ਦੇਣ ਕੀਤਾ ਗਿਆ ਸੀ।ਸੁਖਦੀਪ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਡਿਪਟੀ ਕਮਿਸ਼ਨਰ ਬਰਨਾਲਾ ਨੂੰ ਸਾਰੀ ਸਥਿਤੀ ਸਪਸ਼ਟ ਕੀਤੀ ਗਈ, ਜਿਸ ਤੋਂ ਬਾਅਦ ਤੱਥਾਂ ਨੂੰ ਸਮਝਦਿਆਂ ਪ੍ਰਸ਼ਾਸਨ ਵੱਲੋਂ ਤੁਰੰਤ ਬਹਾਲੀ ਦਾ ਇਹ ਫੈਸਲਾ ਲਿਆ ਗਿਆ ਹੈ।ਸੁੱਖੀ ਨੇ ਕਿਹਾ ਝੂਠੀ ਸ਼ਿਕਾਇਤ ਦਾਇਰ ਕਰਨ ਵਾਲੇ ਵਿਅਕਤੀਆਂ ਦੇ ਖ਼ਿਲਾਫ਼ ਉਹ ਕਾਨੂੰਨੀ ਕਾਰਵਾਈ ਕਰਨਗੇ। ਜਦੋਂ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ.ਏ.ਐੱਸ. ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਫੋਨ ਨਹੀਂ ਚੁੱਕਿਆ।

## ਪ੍ਰਿੰਸੀਪਲ ਡਾ. ਚੰਦਨਦੀਪ ਕੌਰ 'ਨੈਸ਼ਨਲ ਲੌਰੀਏਟ ਪ੍ਰਿੰਸੀਪਲ ਐਵਾਰਡ' ਨਾਲ ਸਨਮਾਨਿਤ

**ਸਮਾਣਾ (ਇਕਬਾਲ ਸਿੰਘ ਬੱਲ)** : ਸਿੱਖਿਆ ਦੇ ਖੇਤਰ ਵਿੱਚ ਬਿਹਤਰੀਨ ਲੀਡਰਸ਼ਿਪ ਅਤੇ ਸ਼ਾਨਦਾਰ ਅਕਾਦਮਿਕ ਯੋਗਦਾਨ ਬਦਲੇ ਇਲਾਕੇ ਦੀ ਪ੍ਰਸਿੱਧ ਵਿਦਿਅਕ ਸੰਸਥਾ ਐਸ.ਆਰ.ਐਸ. ਵਿਦਿਆਪੀਠ ਦੀ ਪ੍ਰਿੰਸੀਪਲ ਡਾ. ਚੰਦਨਦੀਪ ਕੌਰ ਨੂੰ ਵੱਕਾਰੀ 'ਨੈਸ਼ਨਲ ਲੌਰੀਏਟ ਪ੍ਰਿੰਸੀਪਲ ਐਵਾਰਡ' ਨਾਲ ਨਿਵਾਜਿਆ ਗਿਆ ਹੈ। ਇਹ ਰਾਸ਼ਟਰੀ ਪੱਧਰ ਦਾ ਸਨਮਾਨ ਪਾਰਕ ਪਲਾਜ਼ਾ, ਜ਼ੀਰਕਪੁਰ (ਚੰਡੀਗੜ੍ਹ) ਵਿਖੇ ਆਯੋਜਿਤ 'ਐਜੂਕੇਸ਼ਨ ਲੀਡਰਜ਼ ਲੀਡਰਸ਼ਿਪ ਕਾਂਕਲੇਵ ਸਮਿੱਟ' ਦੌਰਾਨ ਪੀ.ਆਈ. ਮੀਡੀਆ ਸੋਲੂਸ਼ਨਜ਼ ਵੱਲੋਂ ਪ੍ਰਦਾਨ ਕੀਤਾ ਗਿਆ। ?ਇਹ




ਪ੍ਰਤਿਸ਼ਠਿਤ ਸਨਮਾਨ ਡਾ. ਚੰਦਨਦੀਪ ਕੌਰ ਦੀ ਦੂਰਦਰਸ਼ੀ ਸੋਚ, ਗੁਣਵੱਤਾ ਭਰਪੂਰ ਸਿੱਖਿਆ ਪ੍ਰਤੀ ਸਮਰਪਣ ਅਤੇ ਸਕੂਲ ਨੂੰ ਵਿਦਿਅਕ ਉਚਾਈਆਂ 'ਤੇ ਲੈ ਕੇ ਜਾਣ ਦੇ ਨਿਰੰਤਰ ਯਤਨਾਂ ਦਾ ਪ੍ਰਤੀਕ ਹੈ। ਪ੍ਰਿੰਸੀਪਲ ਡਾ. ਚੰਦਨਦੀਪ ਕੌਰ ਦੀ ਇਸ ਮਾਣਮੱਤੀ ਉਪਲਬਧੀ 'ਤੇ ਸਕੂਲ ਦੇ ਚੇਅਰਮੈਨ ਸੀ.ਏ. ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀ.ਏ. ਲਲਿਤ ਸਿੰਗਲਾ ਅਤੇ ਵਾਈਸ ਚੇਅਰਪਰਸਨ ਸਮਿਧਾ ਸਿੰਗਲਾ ਨੇ ਉਨ੍ਹਾਂ ਨੂੰ ਦਿਲੋਂ ਵਧਾਈ ਦਿੱਤੀ।

## ਨਾਬਾਲਗ ਨਾਲ ਸਰੀਰਕ ਸਬੰਧ ਬਣਾਏ ਤੇ ਦੋਸਤ ਨੇ ਬਣਾਈ ਵੀਡੀਓ

ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) ਪੁਲਸ ਨੇ ਇੱਕ ਨਾਬਾਲਗ ਲੜਕੇ ਵੱਲੋਂ ਨਾਬਾਲਗ ਲੜਕੀ ਨਾਲ ਸਰੀਰਕ ਸੰਬੰਧ ਬਣਾਉਣ ਅਤੇ ਉਸਦੇ ਦੋਸਤ ਵਲੋਂ ਇਸ ਦੀ ਵੀਡੀਓ ਬਣਾ ਕੇ ਧਮਕਾਉਣ ਦੇ ਕਥਿਤ ਦੋਸ਼ ਹੇਠ 2 ਨੂੰ ਕਾਬੂ ਕਰ ਮਾਮਲਾ ਦਰਜ ਕੀਤਾ ਹੈ। ਡੀ.ਐੱਸ.ਪੀ. ਸਮਰਾਲਾ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਪੀੜ੍ਹਤ ਲੜਕੀ ਦੀ ਮਾਤਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਘਰੇਲੂ ਕੰਮਕਾਰ ਕਰਦੀ ਹੈ ਤੇ ਉਸਦੀ 14 ਸਾਲਾ ਲੜਕੀ ਨੇ ਉਸ ਨੂੰ ਦੱਸਿਆ ਕਿ ਜਦੋਂ ਉਹ ਘਰ ਦੇ ਨੇੜੇ ਹੀ ਖੇਤਾਂ ਵਿਚ ਲੱਕੜੀਆਂ ਲੈਣ ਲਈ ਗਈ ਸੀ ਤਾਂ ਰਸਤੇ ਵਿਚ ਉਸ ਨੂੰ ਇੱਕ ਲੜਕਾ ਸ਼ਾਮ (ਕਾਲਪਨਿਕ ਨਾਂ) ਮਿਲ ਗਿਆ। ਇਹ ਲੜਕਾ ਉਸਨੂੰ ਖੇਤਾਂ ਨੇੜੇ ਝਾੜੀਆਂ ਵਿਚ ਲੈ ਗਿਆ, ਜਿੱਥੇ ਉਸਨੇ ਨਾਬਾਲਗ ਲੜਕੀ ਨਾਲ ਸਰੀਰਕ ਸਬੰਧ ਬਣਾਏ। ਉੱਥੇ ਹੀ ਮੌਜੂਦ ਇੱਕ ਹੋਰ ਲੜਕਾ ਸੀ, ਜਿਸ ਨੇ ਇਹ ਸਾਰੇ ਵਾਕਿਆ ਦੀ ਵੀਡੀਓ ਬਣਾ ਲਈ। ਵੀਡੀਓ ਬਣਾਉਣ ਉਪਰੰਤ ਇਨ੍ਹਾਂ ਨੇ ਡਰਾਇਆ, ਧਮਕਾਇਆ ਕਿ ਜੇਕਰ ਇਸ ਬਾਰੇ ਕਿਸੇ ਨੂੰ ਨਾ ਦੱਸੇ। ਘਰ ਆ ਕੇ ਲੜਕੀ ਨੇ ਇਹ ਸਾਰੀ ਘਟਨਾ ਬਾਰੇ ਜਾਣਕਾਰੀ ਦਿੱਤੀ, ਜਿਸ 'ਤੇ ਉਸਨੇ ਪੁਲਸ ਨੂੰ ਇਹ ਬਿਆਨ ਦਰਜ ਕਰਵਾਏ। ਮਾਛੀਵਾੜਾ ਪੁਲਸ ਵਲੋਂ ਮਾਮਲਾ ਦਰਜ ਕਰ ਲਿਆ ਗਿਆ ਹੈ ਤੇ ਦੋਵੇਂ ਮੁਲਜਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਸ ਵਲੋਂ ਲੜਕੀ ਦਾ ਸਮਰਾਲਾ ਸਿਵਲ ਹਸਪਤਾਲ ਵਿਖੇ ਮੈਡੀਕਲ ਕਰਾਇਆ ਗਿਆ, ਜਿੱਥੇ ਮੌਜੂਦ ਡਾਕਟਰ ਗੁਰਦਵਿੰਦਰ ਕੌਰ ਨੇ ਦੱਸਿਆ ਕਿ ਲੜਕੀ ਦਾ ਮੈਡੀਕਲ ਕੀਤਾ ਜਾ ਰਿਹਾ ਹੈ ਤੇ ਰਿਪੋਰਟ ਆਉਣ ਤੋਂ ਬਾਅਦ ਪਤਾ ਲੱਗੇਗਾ ਕਿ ਉਸ ਨਾਲ ਸਰੀਰਕ ਸਬੰਧ ਬਣਾਏ ਗਏ ਹਨ ਜਾਂ ਨਹੀਂ।

# ਸਫਾ 1 ਦੇ ਬਾਕੀ...

## ਬੇਅਦਬੀ ਕਾਨੂੰਨ ਬਾਰੇ ਅਕਾਲੀ ਦਲ ਦਾ ਦੋਹਰਾ...

ਵਾਪਸ ਆਉਂਦੇ ਹਨ, ਤਾਂ ਉਹ ਸਭ ਤੋਂ ਪਹਿਲਾ ਕਦਮ ਪੰਜਾਬ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਭਲਾਈ ਸਕੀਮਾਂ ਅਤੇ ਜਨਤਕ ਲਾਭਾਂ ਨੂੰ ਬੰਦ ਕਰਨ ਦਾ ਚੁੱਕਣਗੇ।

ਮੁੱਖ ਮੰਤਰੀ ਦੇ ਅਹੁਦੇ ਲਈ ਦਾਅਵਾ ਪੇਸ਼ ਕਰਨ ਵਾਲੇ ਵਿਰੋਧੀ ਨੇਤਾਵਾਂ 'ਤੇ ਚੁਟਕੀ ਲੈਂਦਿਆਂ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਪਹਿਲਾਂ ਘੱਟੋ-ਘੱਟ 60 ਵਿਧਾਨ ਸਭਾ ਸੀਟਾਂ ਜਿੱਤ ਕੇ ਆਪਣੀ ਤਾਕਤ ਸਾਬਤ ਕਰਨੀ ਚਾਹੀਦੀ ਹੈ। ਉਨ੍ਹਾ ਸਵਾਲ ਕੀਤਾ- ਉਨ੍ਹਾਂ ਨੂੰ ਇੰਨੀਆਂ ਸੀਟਾਂ ਕਿੱਥੋਂ ਮਿਲਣਗੀਆਂ? ਮੁੱਖ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 'ਆਪ' ਦੇ ਲੋਕ-ਪੱਖੀ ਕੰਮਾਂ ਦੇ ਆਧਾਰ 'ਤੇ ਪਾਰਟੀ ਨੂੰ ਏਨਾ ਵੱਡਾ ਫਤਵਾ ਦੇਣ ਕਿ ਇਨ੍ਹਾਂ ਮੌਕਾਪ੍ਰਸਤ ਆਗੂਆਂ ਨੂੰ ਸਰਕਾਰ ਬਣਾਉਣ ਅਤੇ ਮੁੱਖ ਮੰਤਰੀ ਦੀ ਕੁਰਸੀ ਲਈ ਲੜਨ ਦਾ ਮੌਕਾ ਹੀ ਨਾ ਮਿਲੇ।

ਰਾਹੁਲ ਗਾਂਧੀ ਦੇ ਪ੍ਰਸਤਾਵਿਤ ਪੰਜਾਬ ਦੌਰੇ ਦਾ ਹਵਾਲਾ ਦਿੰਦਿਆਂ ਮਾਨ ਨੇ ਟਿੱਪਣੀ ਕੀਤੀ ਕਿ ਰਾਹੁਲ ਗਾਂਧੀ ਨੇ ਕਿਹਾ ਹੈ ਕਿ ਉਹ ਪੰਜਾਬ ਕਾਂਗਰਸ ਦੇ ਸਾਰੇ ਆਗੂਆਂ ਨੂੰ ਇੱਕ ਬੱਸ ਵਿੱਚ ਇਕੱਠੇ ਲੈ ਕੇ ਜਾਣਗੇ। ਉਨ੍ਹਾ ਵਿਅੰਗ ਕਰਦਿਆਂ ਕਿਹਾ, "ਉਹ ਬੱਸ ਵਿੱਚ ਇਕੱਠੇ ਤਾਂ ਚੜ੍ਹ ਸਕਦੇ ਹਨ, ਪਰ ਆਪਸ ਵਿੱਚ ਲੜ ਕੇ ਉਤਰਨਗੇ।"

ਮੁੱਖ ਮੰਤਰੀ ਨੇ ਵਾਸੀਆਂ ਨੂੰ ਮੁਕੇਰੀਆਂ ਵਿੱਚ ਸਰਕਾਰੀ ਕਾਲਜ ਦੀ ਉਸਾਰੀ ਲਈ ਢੁੱਕਵੀਂ ਜ਼ਮੀਨ ਮੁਹੱਈਆ ਕਰਵਾਉਣ ਦੀ ਅਪੀਲ ਵੀ ਕੀਤੀ। ਉਨ੍ਹਾ ਭਰੋਸਾ ਦਿੱਤਾ ਕਿ ਇੱਕ ਵਾਰ ਜ਼ਮੀਨ ਉਪਲੱਬਧ ਹੋਣ 'ਤੇ, ਸਰਕਾਰ ਆਧੁਨਿਕ ਸਹੂਲਤਾਂ ਨਾਲ ਲੈਸ ਇੱਕ ਅੱਤ-ਆਧੁਨਿਕ ਸਰਕਾਰੀ ਕਾਲਜ ਸਥਾਪਤ ਕਰੇਗੀ। ਉਨ੍ਹਾ ਅੱਗੇ ਐਲਾਨ ਕੀਤਾ ਕਿ ਹਾਜੀਪੁਰ ਅਤੇ ਮੁਕੇਰੀਆਂ ਦੇ ਸਰਕਾਰੀ ਹਸਪਤਾਲਾਂ ਨੂੰ ਖੇਤਰ ਦੇ ਵਾਸੀਆਂ ਲਈ ਸੇਵਾਵਾਂ ਬਿਹਤਰ ਬਣਾਉਣ ਵਾਸਤੇ ਉੱਨਤ ਮੈਡੀਕਲ ਬੁਨਿਆਦੀ ਢਾਂਚੇ ਅਤੇ ਆਧੁਨਿਕ ਸਿਹਤ ਸਹੂਲਤਾਂ ਨਾਲ ਅੱਪਗ੍ਰੇਡ ਕੀਤਾ ਜਾਵੇਗਾ।

## ਐੱਮ ਬੀ ਬੀ ਐੱਸ ਦੀਆਂ ਸੀਟਾਂ 7 ਫੀਸਦੀ ਵਧ...

ਅਤੇ ਪੀ ਜੀ ਆਈ ਚੰਡੀਗੜ੍ਹ ਦੀਆਂ ਸੀਟਾਂ ਸ਼ਾਮਲ ਨਹੀਂ ਹਨ। ਇਹ ਕੇਂਦਰੀ ਸੰਸਥਾਨ ਮਿਲ ਕੇ ਆਮ ਤੌਰ 'ਤੇ ਲੱਗਭੱਗ 2,900 ਸੀਟਾਂ ਦੀ ਪੇਸ਼ਕਸ਼ ਕਰਦੇ ਹਨ। ਇਸ ਵਾਰ ਦੇਸ਼ ਵਿੱਚ 25 ਨਵੇਂ ਮੈਡੀਕਲ ਕਾਲਜ ਖੋਲ੍ਹੇ ਗਏ ਹਨ, ਜਿਨ੍ਹਾਂ ਨਾਲ 2,400 ਬਿਲਕੁਲ ਨਵੀਆਂ ਸੀਟਾਂ ਜੁੜੀਆਂ ਹਨ। ਇਨ੍ਹਾਂ ਵਿੱਚ 7 ਨਵੇਂ ਸਰਕਾਰੀ ਕਾਲਜਾਂ ਦੀਆਂ 400 ਸੀਟਾਂ ਅਤੇ 18 ਨਵੇਂ ਪ੍ਰਾਈਵੇਟ ਕਾਲਜਾਂ 2,000 ਸੀਟਾਂ ਹਨ।

## ਸਪੇਨ ਨੇ ਗੇਮ ਨੂੰ ਸਾਡੇ ਨਾਲੋਂ ਬਿਹਤਰ ...

ਨਾਲ ਹਾਫ ਟਾਈਮ ਤੱਕ ਪਹੁੰਚ ਗਏ।

ਫਰਾਂਸ ਦੇ ਖਿਲਾਫ ਇਤਿਹਾਸ ਵੀ ਸੀ, ਕਿਉਂਕਿ ਕੇਵਲ ਅਰਜਨਟੀਨਾ (1990 ਵਿੱਚ ਇਟਲੀ ਦੇ ਖਿਲਾਫ) ਅਤੇ ਕ੍ਰੋਏਸ਼ੀਆ (2018 ਵਿੱਚ ਇੰਗਲੈਂਡ ਦੇ ਖਿਲਾਫ) ਨੇ ਪਹਿਲਾਂ ਹਾਫ-ਟਾਈਮ ਦੇ ਘਾਟੇ ਤੋਂ ਉਭਰ ਕੇ ਵਰਲਡ ਕੱਪ ਸੈਮੀਫਾਈਨਲ ਜਿੱਤਿਆ ਸੀ।

ਫਰਾਂਸ ਦੇ ਹੈੱਡ ਕੋਚ ਡਿਡੀਅਰ ਡੇਸ਼ੈਂਪਸ ਨੇ ਮੈਚ ਦੇ ਅੱਧੇ ਸਮੇਂ ਵਿੱਚ ਐਡਰਿਅਨ ਰਾਬੀਓਟ ਦੀ ਥਾਂ ਮਨੂ ਕੋਨੇ ਨੂੰ ਸ਼ਾਮਲ ਕੀਤਾ ਅਤੇ ਬਾਅਦ ਵਿੱਚ ਬ੍ਰੈਡਲੀ ਬਾਰਕੋਲਾ ਦੀ ਥਾਂ ਡੇਸਾਇਰ ਡੌਏ ਨੂੰ ਲਿਆਂਦਾ ਤਾਂ ਜੋ ਮੈਚ ਦੀ ਗਤੀ ਬਦਲੀ ਜਾ ਸਕੇ। ਹਾਲਾਂਕਿ, ਸਪੇਨ ਨੇ ਲਗਾਤਾਰ ਦਬਾਅ ਅਤੇ ਗੋਲਕੀਪਰ ਉਨਾਈ ਸਾਈਮਨ ਦੁਆਰਾ ਕੀਤੇ ਗਏ ਮਹੱਤਵਪੂਰਨ ਬਚਾਅ ਦੇ ਜ਼ਰੀਏ ਕੰਟਰੋਲ ਬਣਾ ਕੇ ਰੱਖਿਆ। ਪੋਰੋ ਨੇ ਫਿਰ ਇੱਕ ਸ਼ਾਨਦਾਰ ਹਮਲਾਵਰ ਚਾਲ ਨੂੰ ਪੂਰਾ ਕਰਦੇ ਹੋਏ ਸਪੇਨ ਦਾ ਦੂਜਾ ਗੋਲ ਕੀਤਾ, ਜਿਸ ਨਾਲ ਮੁਕਾਬਲਾ ਪ੍ਰਭਾਵਸ਼ਾਲੀ ਢੰਗ ਨਾਲ ਫਰਾਂਸ ਦੀ ਪਹੁੰਚ ਤੋਂ ਬਾਹਰ ਹੋ ਗਿਆ। ਇਸ ਜਿੱਤ ਦੇ ਨਾਲ ਸਪੇਨ ਨੇ ਇਟਲੀ ਦੇ ਲਗਾਤਾਰ 37 ਮੈਚਾਂ ਵਿੱਚ ਅਜੇਤੂ ਰਹਿਣ ਦੇ ਰਿਕਾਰਡ ਦੀ ਬਰਾਬਰੀ ਕਰ ਲਈ ਹੈ ਅਤੇ ਆਪਣੇ ਸਿਰਫ ਦੂਜੇ ਫੀਫਾ ਵਰਲਡ ਕੱਪ ਫਾਈਨਲ ਵਿੱਚ ਪ੍ਰਵੇਸ਼ ਕੀਤਾ ਹੈ।

## ਭਾਰਤ 'ਤੇ 100 ਫੀਸਦੀ ਤੱਕ ਟੈਰਿਫ....

ਅਰਥਚਾਰੇ ਦੇ ਮੁੱਖ ਖੇਤਰਾਂ, ਜਿਸ ਵਿੱਚ ਇਸ ਦੇ ਊਰਜਾ, ਵਿੱਤੀ ਅਤੇ ਰੱਖਿਆ ਉਦਯੋਗ ਸ਼ਾਮਲ ਹਨ, 'ਤੇ ਪੂਰਨ ਰੋਕ ਲਗਾਉਣ ਵਾਲੀਆਂ ਪਾਬੰਦੀਆਂ ਲਗਾਏਗਾ, ਅਤੇ ਨਾਲ ਹੀ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ, ਓਲੀਗਾਰਕਾਂ (ਅਮੀਰ ਕਾਰੋਬਾਰੀਆਂ) ਅਤੇ ਵਪਾਰਕ ਸ਼ਖਸੀਅਤਾਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਪਾਬੰਦੀਆਂ ਲਗਾਏਗਾ।

ਬਲੂਮੈਂਥਲ ਨੇ ਕਿਹਾ ਕਿ 100 ਫੀਸਦੀ ਤੱਕ ਦੇ ਪ੍ਰਸਤਾਵਤ ਟੈਰਿਫ ਨੂੰ ਸਾਵਧਾਨੀ ਨਾਲ ਤਿਆਰ ਕੀਤਾ ਗਿਆ ਹੈ, ਤਾਂ ਜੋ ਇਹ ਸਿਰਫ ਰੂਸੀ ਤੇਲ ਦੇ ਪੰਜ ਸਭ ਤੋਂ ਵੱਡੇ ਖਰੀਦਦਾਰਾਂ 'ਤੇ ਹੀ ਲਾਗੂ ਹੋਵੇ।

ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ, ਇੱਕ ਕਾਨੂੰਨ ਨਿਰਮਾਤਾ ਨੇ ਕਿਹਾ ਕਿ ਸਹੀ ਟੈਰਿਫ ਦਰ ਜੋ ਜ਼ੀਰੋ ਤੋਂ 100 ਫੀਸਦੀ ਤੱਕ ਹੋਵੇਗੀ, ਨੂੰ ਇਸ ਉਦੇਸ਼ ਨਾਲ ਨਿਰਧਾਰਤ ਕੀਤਾ ਜਾਵੇਗਾ ਕਿ ਨਿਸ਼ਾਨਾ ਬਣਾਏ ਗਏ ਦੇਸ਼ਾਂ ਵੱਲੋਂ ਰੂਸੀ ਊਰਜਾ ਦੀ ਲਗਾਤਾਰ ਖਰੀਦ ਨੂੰ ਸਖਤੀ ਨਾਲ ਖਤਮ ਕੀਤਾ ਜਾ ਸਕੇ।

ਇਹ ਕਦਮ ਉਦੋਂ ਚੁੱਕਿਆ ਗਿਆ ਹੈ, ਜਦੋਂ ਵਾਸ਼ਿੰਗਟਨ ਯੂਕਰੇਨ ਵਿੱਚ ਚੱਲ ਰਹੇ ਸੰਘਰਸ਼ ਦੇ ਵਿਚਕਾਰ ਮਾਸਕੋ ਵਿਰੁੱਧ ਆਰਥਿਕ ਉਪਾਵਾਂ ਨੂੰ ਸਖਤ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਅਮਰੀਕੀ ਕਾਨੂੰਨ ਨਿਰਮਾਤਾਵਾਂ ਨੇ ਤਰਕ ਦਿੱਤਾ ਹੈ ਕਿ ਰੂਸੀ ਊਰਜਾ ਨਿਰਯਾਤ ਤੋਂ ਮਾਲੀਆ ਘਟਾਉਣਾ ਜੰਗ ਨੂੰ ਜਾਰੀ ਰੱਖਣ ਦੀ ਰੂਸ ਦੀ ਸਮਰੱਥਾ ਨੂੰ ਕਮਜ਼ੋਰ ਕਰਨ ਦੇ ਯਤਨਾਂ ਦੇ ਕੇਂਦਰ ਵਿੱਚ ਹੈ। ਭਾਰਤ ਨੇ 2022 ਵਿੱਚ ਯੂਕਰੇਨ ਸੰਘਰਸ਼ ਦੇ ਸ਼ੁਰੂ ਹੋਣ ਤੋਂ ਬਾਅਦ ਰੂਸੀ ਕੱਚੇ ਤੇਲ ਦੀ ਦਰਾਮਦ ਵਿੱਚ ਕਾਫੀ ਵਾਧਾ ਕੀਤਾ ਹੈ। ਭਾਰਤ ਨੇ ਇਹ ਕਹਿੰਦਿਆਂ ਲਗਾਤਾਰ ਆਪਣੀ ਸਥਿਤੀ ਦਾ ਬਚਾਅ ਕੀਤਾ ਹੈ ਕਿ ਉਸ ਦੇ ਊਰਜਾ ਸੋਰਸਿੰਗ ਦੇ ਫੈਸਲੇ ਬਾਜ਼ਾਰ ਦੀਆਂ ਸਥਿਤੀਆਂ ਅਤੇ ਘਰੇਲੂ ਜ਼ਰੂਰਤਾਂ 'ਤੇ ਅਧਾਰਤ ਹਨ। ਪ੍ਰਸਤਾਵਤ ਬਿੱਲ ਨੂੰ ਕਾਨੂੰਨ ਬਣਨ ਤੋਂ ਪਹਿਲਾਂ ਅਮਰੀਕੀ ਕਾਂਗਰਸ ਦੇ ਦੋਵਾਂ ਸਦਨਾਂ ਨੂੰ ਪਾਸ ਕਰਨਾ ਹੋਵੇਗਾ, ਅਤੇ ਇਹ ਅਨਿਸ਼ਚਿਤ ਹੈ ਕਿ ਕੀ ਇਹ ਆਪਣੇ ਮੌਜੂਦਾ ਰੂਪ ਵਿੱਚ ਅੱਗੇ ਵਧੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਕੱਢਿਆ ਮੋਟਰਸਾਈਕਲ ਮਾਰਚ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨਤਾਰਨ ਦੇ ਅਧੀਨ ਆਉਂਦੇ ਪੰਜਾਂ ਜ਼ੋਨਾਂ ਸ੍ਰੀ ਗੁਰੂ ਅੰਗਦ ਦੇਵ ਜੀ, ਸ਼ਹੀਦ ਬਾਬਾ ਬਲਾਕਾ ਸਿੰਘ ਕੰਗ, ਟਾਂਡਾ ਜ਼ੋਨ,ਖਡੂਰ ਸਾਹਿਬ ਜ਼ੋਨ ਅਤੇ ਬਾਬਾ ਦਹੀਆ ਜੀ ਜ਼ੋਨ ਵੱਲੋਂ ਪ੍ਰਧਾਨ ਜਗਜੀਤ ਸਿੰਘ ਭਲੋਜਲਾ, ਹਰਬਿੰਦਰਜੀਤ ਸਿੰਘ ਕੰਗ, ਕੁਲਵੰਤ ਸਿੰਘ ਭੈਲ ਪਾਖਰ ਸਿੰਘ ਲਾਲਪੁਰਾ ਅਤੇ ਸੁਖਚੈਨ ਸਿੰਘ ਅੱਲੋਵਾਲ ਦੀ ਅਗਵਾਈ ਹੇਠ ਦੇਸ਼ ਬਚਾਓ ਮੋਰਚੇ ਦੀ ਕਾਲ ਤੇ ਸੈਂਟਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੇ ਖਿਲਾਫ ਅਤੇ ਲੋਕਾਂ ਨੂੰ ਆਉਂਦੇ ਦਿਨਾਂ ਤੱਕ ਸਰਕਾਰਾ ਦੇ ਖਿਲਾਫ ਇੱਕ ਵੱਡੇ ਸੰਘਰਸ਼ ਵਾਸਤੇ ਪ੍ਰੇਰਿਤ ਕਰਨ ਲਈ ਵੱਖ ਵੱਖ ਪਿੰਡਾਂ ਵਿਚ ਦੀ ਵੱਡੇ ਕਾਫ਼ਲਿਆਂ ਦੇ ਰੂਪ ਵਿੱਚ ਮੋਟਰਸਾਈਕਲ ਮਾਰਚ ਕੱਢਦੇ ਹੋਏ ਐੱਸ ਡੀ ਐੱਮ ਦਫਤਰ ਖਡੂਰ ਸਾਹਿਬ ਵਿਖੇ ਪਹੁੰਚੇ। ਇਸ ਦੀ ਜਾਣਕਾਰੀ ਪ੍ਰੈੱਸ ਸਕੱਤਰ ਹਰਜਿੰਦਰ ਸਿੰਘ ਘੱਗੇ ਅਤੇ ਬਿਕਰਮਜੀਤ ਸਿੰਘ ਮੀਆਂਵਿੰਡ ਨੇ ਦਿੰਦੇ ਹੋਏ ਦੱਸਿਆ ਕਿ ਇਸ ਮੌਕੇ ਜ਼ਿਲ੍ਹਾ ਤਰਨਤਾਰਨ ਦੇ



ਸੀਨੀਅਰ ਮੀਤ ਪ੍ਰਧਾਨ ਦਿਆਲ ਸਿੰਘ ਮੀਆਂ ਵਿੰਡ ਅਤੇ ਜ਼ਿਲ੍ਹਾ ਜਥੇਬੰਦਕ ਸਕੱਤਰ ਹਰਬਿੰਦਰਜੀਤ ਸਿੰਘ ਕੰਗ ਵਿਸ਼ੇਸ਼ ਤੌਰ ਤੇ ਪਹੁੰਚੇ। ਸੈਂਕੜਿਆਂ ਦੀ ਗਿਣਤੀ ਵਿੱਚ ਇਕੱਤਰ ਹੋਏ ਕਿਸਾਨਾਂ, ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂਆਂ ਨੇ ਕਿਹਾ ਕਿ ਬੇਸ਼ੱਕ ਕੇਂਦਰ ਸਰਕਾਰ ਕਰ ਮੁਕਤ ਸਮਝੌਤੇ ਨੂੰ ਲਾਭਕਾਰੀ ਦਰਸਾ ਰਹੀ ਹੈ ਪਰ ਇਸ ਦੇ ਲਾਗੂ ਹੋਣ ਨਾਲ ਹਰੇਕ ਵਰਗ ਦਾ ਨੁਕਸਾਨ ਹੋਣਾ ਤੈਅ ਹੈ। ਉਨ੍ਹਾਂ ਕਿਹਾ ਕਿ ਹਿੱਕ ਦੇ ਜ਼ੋਰ ਨਾਲ ਰਾਜ ਕਰਨ ਵਾਲੀ ਭਾਜਪਾ ਦੀ ਮੋਦੀ ਸਰਕਾਰ ਦੀ ਨੀਂਦ ਖੋਲ੍ਹਣ ਵਾਸਤੇ ਦੇਸ਼ ਭਰ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਏਕਤਾ ਦਾ ਪ੍ਰਦਰਸ਼ਨ ਕਰਦਿਆਂ ਕਿਸਾਨ ਭਵਨ ਦਿੱਲੀ ਵਿਖੇ ਬੇਮਿਸਾਲ ਮਹਾਂਪੰਚਾਇਤ ਕੀਤੀ ਜਾ ਰਹੀ ਹੈ ਜਿਸ ਦਾ ਮੰਤਵ ਕਿਸਾਨਾਂ ਦੀਆਂ ਭਵਿੱਖਤ ਯੋਜਨਾਵਾਂ ਕਾਰਨ ਹੋਣ ਵਾਲੇ ਨੁਕਸ਼ਾਨ ਪ੍ਰਤੀ ਦੇਸ਼ ਦੀ ਜਨਤਾ ਨੂੰ ਜਗਾਉਣਾ ਹੈ। ਇਸ ਮੌਕੇ ਸਤਨਾਮ ਸਿੰਘ ਖੋਜਕੀਪੁਰ, ਪ੍ਰਮਜੀਤ ਸਿੰਘ ਬਾਠ, ਮਨਜੀਤ ਸਿੰਘ ਵੈਰੋਵਾਲ ਬਾਵਿਆਂ, ਸੁਖਚੈਨ ਸਿੰਘ ਦਾਰਾਪੁਰ, ਬਲਜਿੰਦਰ ਆਲਮਪੁਰ, ਸਾਹਿਬ ਸਿੰਘ ਨਰੋਤਮਪੁਰ, ਮੋਹਨ ਸਿੰਘ ਖੋਜਕੀਪੁਰ, ਲਵਜੀਤ ਸਿੰਘ ਖੋਜਕੀਪੁਰ, ਗੁਰਪ੍ਰੀਤ ਸਿੰਘ ਘੱਗੇ, ਹਰਜਿੰਦਰ ਸਿੰਘ ਜਲਾਲਾਬਾਦ, ਗੁਲਜ਼ਾਰ ਸਿੰਘ ਮੀਆਂ ਵਿੰਡ, ਬਲਜੀਤ ਸਿੰਘ ਘੱਗੇ, ਸੁਖਦੇਵ ਸਿੰਘ ਬਿਹਾਰੀਪੁਰ ਤੋਂ ਇਲਾਵਾ ਸਾਰੀਆਂ ਜੋਨਾ ਦੇ ਆਗੂ ਸਾਹਿਬਾਨ ਹਾਜ਼ਰ ਸਨ।

# ਲੋਕ ਨਿਰਮਾਣ ਮੰਤਰੀ ਈ. ਟੀ. ਓ. ਵੱਲੋਂ ਹਰ ਪਿੰਡ 'ਚ ਕੀਤੀ ਮਿਲਣੀ ਨੇ ਧਾਰਿਆ ਰੈਲੀ ਦਾ ਰੂਪ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਹਲਕੇ ਦੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਮੌਕੇ ਤੇ ਹੱਲ ਕਰਨ ਦੇ ਮੰਤਵ ਨਾਲ ਰੋਜ਼ਾਨਾ ਲੋਕ ਮਿਲਣੀਆਂ ਕੀਤੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਹਲਕੇ ਦੇ ਪਿੰਡ ਗਦਲੀ, ਰਾਣਾ ਕਾਲਾ, ਜੱਬੋਵਾਲ, ਸੂਰੋ ਪੱਡਾ, ਚੁੰਗ, ਮਹਿਤਾ ਚੌਕ ਅਤੇ ਬੁੱਟਰ ਖੁਰਦ ਵਿਖੇ ਲੋਕ ਮਿਲਣੀਆਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਲੋਕ ਮਿਲਣੀਆਂ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਪਿੰਡ ਪੱਧਰ ਦੀਆਂ ਇਹ ਮੀਟਿੰਗਾਂ ਲੋਕਾਂ ਦੇ ਭਾਰੀ ਉਤਸ਼ਾਹ ਅਤੇ ਭਰਵੇਂ ਇਕੱਠ ਕਾਰਨ ਰੈਲੀਆਂ ਦਾ ਰੂਪ ਧਾਰ ਗਈਆਂ। ਲੋਕਾਂ ਨੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਦਾ ਭਰਪੂਰ ਸਵਾਗਤ ਕਰਦਿਆਂ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਇਕੱਠਾਂ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਕਿਹਾ ਕਿ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਦਿੱਤਾ ਗਿਆ ਪਿਆਰ, ਸਤਿਕਾਰ



ਅਤੇ ਭਰੋਸਾ ਉਨ੍ਹਾਂ ਲਈ ਸਭ ਤੋਂ ਵੱਡੀ ਤਾਕਤ ਹੈ। ਉਨ੍ਹਾਂ ਕਿਹਾ ਕਿ ਹਲਕੇ ਦਾ ਸਰਬਪੱਖੀ ਵਿਕਾਸ ਕਰਨਾ ਅਤੇ ਹਰ ਪਰਿਵਾਰ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਅਤੇ ਸਿਹਤ ਖੇਤਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਹਲਕਾ ਜੰਡਿਆਲਾ ਗੁਰੂ ਵਿੱਚ ਵੀ ਇਨ੍ਹਾਂ ਖੇਤਰਾਂ ਵਿੱਚ ਮਹੱਤਵਪੂਰਨ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ ਅਤੇ ਹੋਰ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਇਨ੍ਹਾਂ ਨੂੰ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ।

ਈ. ਟੀ. ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਚੋਣ ਵਾਅਦਿਆਂ ਅਤੇ ਗਰੰਟੀਆਂ ਨੂੰ ਪੂਰਾ ਕਰਨ ਲਈ ਇਮਾਨਦਾਰੀ ਨਾਲ ਕੰਮ ਕੀਤਾ ਹੈ।

ਉਨ੍ਹਾਂ ਕਿਹਾ ਕਿ ਲੋਕ ਮਿਲਣੀਆਂ ਦੌਰਾਨ ਲੋਕਾਂ ਵੱਲੋਂ ਮਿਲ ਰਹੇ ਪਿਆਰ ਅਤੇ ਸਮਰਥਨ ਤੋਂ ਇਹ ਸਪੱਸ਼ਟ ਹੋ ਗਿਆ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਪਹਿਲਾਂ ਨਾਲੋਂ ਵੀ ਵੱਡੀ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਪਰਕ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਪੰਜਾਬ ਸਰਕਾਰ ਦੀ ਕਾਰਜ-ਸ਼ੈਲੀ ਦਾ ਅਹਿਮ ਹਿੱਸਾ ਹੈ ਅਤੇ ਇਹ ਲੋਕ ਮਿਲਣੀਆਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹਿਣਗੀਆਂ।

# 8 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਪਟਵਾਰੀ ਅੜਿੱਕੇ

**ਮਾਨਸਾ (ਗੀਤਵਾਲ)**- ਭ੍ਰਿਸ਼ਟਾਚਾਰ ਖ਼ਿਲਾਫ਼ ਚੱਲ ਰਹੀ ਮੁਹਿੰਮ ਤਹਿਤ ਵਿਜੀਲੈਂਸ ਬਿਊਰੋ ਨੇ 8 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦੇ ਮਾਨਸਾ ਦੇ ਇੱਕ ਪਟਵਾਰੀ ਨੂੰ ਰੰਗੇ ਹੱਥੀਂ ਕਾਬੂ ਕੀਤਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮੁਲਜ਼ਮ ਪਟਵਾਰੀ ਨੇ ਇੰਤਕਾਲ ਕਰਨ ਦੇ ਬਦਲੇ ਸ਼ਿਕਾਇਤਕਰਤਾ ਤੋਂ 8 ਹਜ਼ਾਰ ਰੁਪਏ ਦੀ ਮੰਗ ਕੀਤੀ ਸੀ। ਸ਼ਿਕਾਇਤ ਮਿਲਣ ਤੋਂ ਬਾਅਦ ਵਿਜੀਲੈਂਸ ਬਿਊਰੋ ਨੇ ਮਾਮਲੇ ਦੀ ਜਾਂਚ ਕਰਕੇ ਜਾਲ ਵਿਛਾਇਆ ਅਤੇ ਪਟਵਾਰੀ ਨੂੰ ਰਿਸ਼ਵਤ ਦੀ ਰਕਮ ਲੈਂਦੇ ਸਮੇਂ ਕਾਬੂ ਕਰ ਲਿਆ।ਵਿਜੀਲੈਂਸ ਅਧਿਕਾਰੀਆਂ ਨੇ ਦੱਸਿਆ ਕਿ ਮੁਲਜ਼ਮ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ।ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕੋਈ ਸਰਕਾਰੀ ਕਰਮਚਾਰੀ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਵਿਜੀਲੈਂਸ ਬਿਊਰੋ ਨੂੰ ਦਿੱਤੀ ਜਾਵੇ, ਤਾਂ ਜੋ ਭ੍ਰਿਸ਼ਟਾਚਾਰ ਤੇ ਪ੍ਰਭਾਵਸ਼ਾਲੀ ਢੰਗ ਨਾਲ ਨੱਥ ਪਾਈ ਜਾ ਸਕੇ।

# ਪੱਤਰਕਾਰ ਨੂੰ ਧਮਕੀ ਦੇਣ ਦਾ ਮਸਲਾ ਐੱਸ ਐੱਚ ਓ ਨੇ ਹੱਲ ਕਰਵਾਇਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**: ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈੱਸ ਕਲੱਬ ਨੂੰ ਖ਼ਬਰ ਨਾ ਲਗਾਉਣ ਸਬੰਧੀ ਦਿੱਤੀ ਧਮਕੀ ਦੇ ਮਾਮਲੇ ਵਿਚ ਜੰਡਿਆਲਾ ਪ੍ਰੈੱਸ ਕਲੱਬ ਵੱਲੋਂ ਪੁਲਸ ਨੂੰ ਦਿੱਤੀ ਲਿਖਤੀ ਦਰਖਾਸਤ ਤੋਂ ਬਾਅਦ ਐੱਸ ਐੱਚ ਓ ਹਰਪਾਲ ਸਿੰਘ ਵੱਲੋਂ ਦੋਹਾਂ ਧਿਰਾਂ ਨੂੰ ਬਿਠਾ ਕੇ ਬੜੀ ਸੂਝਬੂਝ ਨਾਲ ਮਸਲੇ ਨੂੰ ਹੱਲ ਕਰਵਾ ਦਿੱਤਾ ਗਿਆ ਹੈ। ਧਮਕੀ ਦੇਣ ਵਾਲੇ ਕਪਿਲ ਦੇਵ ਨੇ ਪੱਤਰਕਾਰ ਭਾਈਚਾਰੇ ਸਾਹਮਣੇ ਆਪਣੀ ਗਲਤੀ ਦਾ ਅਹਿਸਾਸ ਕਰਦੇ ਹੋਏ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਉਹ ਪੱਤਰਕਾਰ ਭਾਈਚਾਰੇ ਦਾ ਸਤਿਕਾਰ ਕਰਨਗੇ।ਪੁਲਸ ਸਟੇਸ਼ਨ ਪਹੁੰਚੇ ਪੱਤਰਕਾਰ ਭਾਈਚਾਰੇ ਵਿੱਚ ਚੇਅਰਮੈਨ ਸੁਨੀਲ ਦੇਵਗਨ ਪੀਟੀਸੀ , ਮੀਤ ਪ੍ਰਧਾਨ ਹਰਿੰਦਰਪਾਲ ਸਿੰਘ, ਸਕੱਤਰ ਵਰੁਣ ਸੋਨੀ ਅਤੇ ਜਗਜੀਤ ਸਿੰਘ ਆਦਿ ਮੌਜੂਦ ਸਨ।

# ਕਟਾਰੂਚੱਕ ਵੱਲੋਂ ਭੋਆ ਹਲਕੇ ਦੇ ਪਿੰਡਾਂ 'ਚ ਕੀਤੀਆਂ ਲੋਕ ਮਿਲਣੀਆਂ ਦੌਰਾਨ ਲੋਕਾਂ ਦੇ ਵੇਖਣ ਨੂੰ ਮਿਲੇ ਭਾਰੀ ਇਕੱਠ

**ਪਠਾਨਕੋਟ, (ਦਵਿੰਦਰ ਸਿੰਘ)**- ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਅਤੇ ਵਿਕਾਸ ਕਾਰਜਾਂ ਨੂੰ ਤਰਜੀਹ ਦੇਣ ਦੇ ਮੱਦੇਨਜ਼ਰ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਨਾਲਾ, ਲਾਹੜੀ ਬਾਵਿਆਂ ਅਤੇ ਪਿੰਡ ਮੈਰਾਂ ਕਲੋਨੀ, ਵਿਖੇ ਲੋਕ ਮਿਲਣੀਆਂ ਕਰਵਾਈਆਂ ਗਈਆਂ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵੱਡੇ ਜਨ ਸਮੂਹ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਜਨਤਾ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਹੈ ਅਤੇ ਲੋਕ ਸਰਕਾਰ ਦੇ ਵਿਕਾਸ ਕਾਰਜਾਂ ਤੇ ਜਨ ਭਲਾਈ ਨੀਤੀਆਂ ਨਾਲ ਪੂਰੀ ਤਰ੍ਹਾਂ ਸੰਤੁਸ਼ਟ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਨਤਾ ਨਾਲ ਕੀਤੇ ਸਾਰੇ ਵਾਅਦਿਆਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕੀਤਾ, ਤਾਂ ਜੋ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਵਰਗ ਤੱਕ ਪਹੁੰਚ ਸਕੇ।ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਰਾਸ਼ਨ ਸਕੀਮ ਤਹਿਤ ਅਨਾਜ ਦੇ ਨਾਲ ਖੰਡ, ਤੇਲ, ਚਣੇ ਦੀ ਦਾਲ, ਨਮਕ ਸਮੇਤ ਹੋਰ ਜ਼ਰੂਰੀ ਵਸਤਾਂ ਦੀ ਸਪਲਾਈ ਲੋਕਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸੜਕ ਸੁਰੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ



ਕਰਨ ਲਈ ਸੜਕਾਂ ਦਾ ਜਾਲ ਵਿਛਾਇਆ ਗਿਆ ਹੈ। ਵਿਧਾਨ ਸਭਾ ਹਲਕਾ ਭੋਆ ਦੀਆਂ ਕਈ ਅਜਿਹੀਆਂ ਸੜਕਾਂ ਅਤੇ ਮੁੱਖ ਮਾਰਗ, ਜਿਨ੍ਹਾਂ ਵੱਲ ਪਿਛਲੀਆਂ ਸਰਕਾਰਾਂ ਨੇ ਕੋਈ ਧਿਆਨ ਨਹੀਂ ਦਿੱਤਾ, ਮੌਜੂਦਾ ਸਰਕਾਰ ਵੱਲੋਂ ਇਨ੍ਹਾਂ ਸੜਕਾਂ ਦਾ ਨਵ-ਨਿਰਮਾਣ ਕਰਵਾਇਆ ਹੈ ਅਤੇ ਚੌੜਾਈ ਵਿੱਚ ਵੀ ਵਾਧਾ ਕੀਤਾ ਗਿਆ ਹੈ ਤਾਂ ਜੋ ਲੋਕਾਂ ਨੂੰ ਆਵਾਜਾਈ ਵਿੱਚ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਮਹਿਲਾਵਾਂ ਦੇ ਸਸ਼ਕਤੀਕਰਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਮਾਵਾਂ-ਭੈਣਾਂ ਲਈ ਸਤਿਕਾਰ ਯੋਜਨਾ ਤਹਿਤ ਦਿੱਤੀ ਜਾਣ ਵਾਲੀ ਆਰਥਿਕ ਸਹਾਇਤਾ ਲਈ ਪੂਰੇ ਪੰਜਾਬ ਵਿੱਚ ਰਜਿਸਟ੍ਰੇਸ਼ਨ ਜਾਰੀ ਹੈ ਅਤੇ ਜ਼ਿਲ੍ਹਾ ਪਠਾਨਕੋਟ ਵਿੱਚ ਵੀ ਇਸ ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਵੱਡੀ ਗੱਲ ਕੀ ਬਹੁਤ ਸਾਰੀਆਂ ਮਹਿਲਾਵਾਂ ਦੇ ਖਾਤਿਆਂ ਵਿੱਚ ਪੈਸੇ ਵੀ ਆ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਵੀ ਵੱਖ-ਵੱਖ ਵਿਭਾਗਾਂ ਵੱਲੋਂ ਕੈਂਪ ਲਗਾ ਕੇ ਯੋਗ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਲਈ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਗਈ ਹੈ ਅਤੇ ਪਿੰਡ ਪੱਧਰ 'ਤੇ ਖੇਡ ਮੈਦਾਨ ਤਿਆਰ ਕਰਕੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਭੋਆ ਹਲਕੇ ਦੇ ਕਈ ਪਿੰਡਾਂ ਵਿੱਚ ਖੇਡ ਮੈਦਾਨਾਂ ਦੇ ਨਿਰਮਾਣ ਕਾਰਜ ਜਾਰੀ ਹਨ, ਜਿਨ੍ਹਾਂ ਨੂੰ ਜਲਦੀ ਪੂਰਾ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਮੁਫ਼ਤ ਬਿਜਲੀ ਯੂਨਿਟ ਦੇ ਕੇ ਕੀਤਾ ਵਾਇਦਾ ਪੂਰਾ ਕੀਤਾ ਅੱਜ 90% ਲੋਕਾਂ ਦੇ ਘਰਾਂ ਦੇ ਬਿੱਲ ਜ਼ੀਰੋ ਆ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਠਾਕੁਰ ਮਨੋਹਰ ਸਿੰਘ ਨਰੋਟ ਜੈਮਲ ਸਿੰਘ ਮਾਰਕੀਟ ਕਮੇਟੀ ਚੇਅਰਮੈਨ, ਪਵਨ ਕਟਾਰੂਚੱਕ ਚੇਅਰਮੈਨ ਬਲਾਕ ਸੰਮਤੀ ਘਰੋਟਾ, ਸਾਹਿਬ ਸਿੰਘ ਸਾਬਾ ਮੈਂਬਰ ਜ਼ਿਲ੍ਹਾ ਪਰਿਸ਼ਦ, ਭੁਪਿੰਦਰ ਸਿੰਘ ਕਟਾਰੂਚੱਕ ਮੈਂਬਰ ਜ਼ਿਲ੍ਹਾ ਪਰਿਸ਼ਦ, ਵਿਜੇ ਕਟਾਰੂਚੱਕ,ਅਨੀਤਾ ਦੇਵੀ ਬਲਾਕ ਸਮਿਤੀ ਮੈਂਬਰ, ਨੀਰੂ ਸ਼ਰਮਾ ਵਾਈਸ ਚੇਅਰਮੈਨ ਬਲਾਕ ਸਮਿਤੀ,ਬਲਕਾਰ ਸਿੰਘ ਨਾਲਾ, ਸ਼ੈਲੀ ਸ਼ਰਮਾ ਬਲਾਕ ਪ੍ਰਧਾਨ, ਸੋਹਣ ਲਾਲ ਲਾਹੜੀ ਬਾਵਿਆਂ, ਸਰਪੰਚ ਰਾਜੀਵ ਕੁਮਾਰ, ਸਰਪੰਚ ਰਾਜ ਰਾਣੀ ਮੈਰਾ ਕਾਲੋਨੀ, ਸੁਰਜੀਤ ਮੈਰਾ ਕਾਲੋਨੀ ਅਤੇ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।

# ਮੇਅਰ ਬਾਜਵਾ ਵੱਲੋਂ ਕੂੜਾ ਪ੍ਰਬੰਧਨ ਦੇ ਕੰਮਾਂ ਦਾ ਅਚਨਚੇਤ ਨਿਰੀਖਣ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਨਗਰ ਨਿਗਮ ਬਟਾਲਾ ਦੇ ਨਵ-ਨਿਯੁਕਤ ਮੇਅਰ ਭੁਪਿੰਦਰ ਸਿੰਘ ਬਾਜਵਾ ਵੱਲੋਂ ਨਗਰ ਨਿਗਮ ਬਟਾਲਾ ਅਧੀਨ ਕੂੜਾ ਪ੍ਰਬੰਧਨ ਦੇ ਕੰਮਾਂ ਦਾ ਅਚਨਚੇਤ ਨਿਰੀਖਣ



ਕੀਤਾ ਗਿਆ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫ਼ਾਈ ਨੂੰ ਲੈ ਕੇ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਚਹੁੰਪੱਖੀ ਵਿਕਾਸ ਅਤੇ ਸ਼ਹਿਰ ਸਾਫ ਸੁਥਰਾ ਰੱਖਣ ਲਈ ਲਗਾਤਾਰ ਯਤਨ ਜਾਰੀ ਹਨ।ਨਿਰੀਖਣ ਦੌਰਾਨ ਉਨ੍ਹਾਂ ਸਖਤ ਸ਼ਬਦਾਂ ਵਿੱਚ ਕਿਹਾ ਕਿ ਜਿੱਥੇ ਵੀ ਕੰਮਾਂ ਵਿੱਚ ਕੋਈ ਕਮੀ ਜਾਂ ਲਾਪਰਵਾਹੀ ਪਾਈ ਗਈ, ਉਥੇ ਸੰਬੰਧਿਤ ਅਧਿਕਾਰੀਆਂ ਅਤੇ ਕਰਮਚਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਨਗਰ ਨਿਗਮ ਬਟਾਲਾ, ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਸੁੰਦਰ ਬਣਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰ ਅੰਦਰ ਵੱਖ-ਵੱਖ ਥਾਵਾਂ 'ਤੇ ਕੂੜੇ ਦੀ ਸੰਭਾਲ ਲਈ ਪਿੱਟਸ ਬਣਾਈਆਂ ਗਈਆਂ ਹਨ, ਜਿਸ ਵਿੱਚ ਖਾਦ ਤਿਆਰ ਕੀਤੀ ਜਾਂਦੀ ਹੈ। ਉਨ੍ਹਾਂ ਸ਼ਹਿਰ ਵਾਸੀਆਂ ਤੇ ਖਾਸਕਰਕੇ ਸਕੂਲ, ਕਾਲਜ, ਹਸਪਤਾਲ, ਫੈਕਟਰੀਆਂ, ਹੋਟਲ ਅਤੇ ਵੱਡੀਆਂ ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪਿੱਟਸ ਬਣਾਉਣ ਵਿੱਚ ਸਹਿਯੋਗ ਕਰਨ।ਉਨ੍ਹਾਂ ਦੱਸਿਆ ਕਿ ਪਿੱਟਸ ਬਣਾਉਣ ਨਾਲ ਕੋਈ ਸਮੈੱਲ (ਬਦਬੋਅ) ਨਹੀਂ ਆਉਂਦੀ ਹੈ ਬਲਕਿ ਵੇਸਟੇਜ ਤੋਂ ਖਾਦ ਤਿਆਰ ਹੁੰਦੀ ਹੈ, ਜੋ ਪੌਦਿਆਂ ਆਦਿ ਦੀ ਵਰਤੋਂ ਵਿੱਚ ਬਹੁਤ ਲਾਹਵੰਦ ਸਾਬਤ ਹੁੰਦੀ ਹੈ।ਮੇਅਰ ਭੁਪਿੰਦਰ ਸਿੰਘ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਸਮੂਹਿਕ ਸਹਿਯੋਗ ਨਾਲ ਬਟਾਲਾ ਸ਼ਹਿਰ ਨੂੰ ਵਿਕਾਸ ਅਤੇ ਸਫ਼ਾਈ ਪੱਖੋਂ ਬਿਹਤਰੀਨ ਸ਼ਹਿਰ ਬਣਾਇਆ ਜਾਵੇਗਾ।

# ਆਰਤੀ ਸ਼ਿਵ ਦੁਰਗਾ ਮੰਦਰ ਵਿਖੇ ਸਾਵਣ ਦਾ ਤਿਉਹਾਰ 16 ਜੁਲਾਈ ਤੋਂ 17 ਅਗਸਤ ਤੱਕ

**ਅੰਮ੍ਰਿਤਸਰ (ਅਰੋੜਾ)**- ਪਰਮ ਸੰਤ ਅਦਵੈਤ ਸਵਰੂਪ ਮਾਤਾ ਆਰਤੀ ਦੇਵਾ ਜੀ ਮਹਾਰਾਜ ਦੇ ਆਸ਼ੀਰਵਾਦ ਨਾਲ ਅਤੇ ਮੰਦਰ ਦੇ ਮੁੱਖ ਸੇਵਕ ਸੁਮਿਤ ਸ਼ਾਸਤਰੀ ਦੀ ਦੇਖ-ਰੇਖ ਵਿੱਚ ਭਗਵਾਨ ਸ਼ਿਵ ਦੀ ਕਿਰਪਾ ਨਾਲ ਸਾਵਣ ਮਹੀਨੇ ਦਾ ਤਿਉਹਾਰ 16 ਜੁਲਾਈ ਤੋਂ 17 ਅਗਸਤ ਤੱਕ ਮੰਦਰ ਵਿਖੇ ਬੜੀ ਸ਼ਰਧਾ ਅਤੇ ਧੂਮਧਾਮ ਦੇ ਨਾਲ



ਮਨਾਇਆ ਜਾ ਰਿਹਾ ਹੈ।ਇਸ ਸਬੰਧ ਵਿੱਚ ਮੰਦਰ ਦੇ ਟਰੱਸਟ ਵੱਲੋਂ ਰੋਜ਼ਾਨਾ ਰੁਦਰ ਅਭਿਸ਼ੇਕ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ ਜਿਸ ਵਿੱਚ ਮਹਾ ਵਿਦਵਾਨ ਬ੍ਰਾਹਮਣ ਭਾਗ ਲੈਣਗੇ।ਇਹ ਰੁਦਰ ਅਭਿਸ਼ੇਕ ਸਵੇਰੇ ਸਾਢੇ 5 ਵਜੇ ਤੋਂ 7 ਵਜੇ ਤੱਕ ਕੀਤਾ ਜਾਵੇਗਾ।17 ਅਗਸਤ ਨੂੰ ਸੰਗਰਾਦ ਮੌਕੇ ਲੋੜਵੰਦ ਲੜਕੀਆਂ ਦੀਆਂ ਸ਼ਾਦੀਆਂ ਕਰਵਾਈਆਂ ਜਾਣਗੀਆਂ ਅਤੇ ਬ੍ਰਾਹਮਣਾਂ ਦੇ ਲਈ ਇੱਕ ਖਾਸ ਪ੍ਰੀਤੀ ਭੋਜ ਦਾ ਆਯੋਜਨ ਕੀਤਾ ਜਾਵੇਗਾ।ਸਾਵਣ ਮਹੀਨੇ ਦਾ ਜਸ਼ਨ ਹਰ ਐਤਵਾਰ 19 ਜੁਲਾਈ, 26 ਜੁਲਾਈ, 2 ਅਗਸਤ, 9 ਅਗਸਤ ਅਤੇ 16 ਅਗਸਤ ਨੂੰ ਮਨਾਇਆ ਜਾਵੇਗਾ।ਇਸ ਸਾਵਣ ਦੇ ਸਮਾਗਮ ਦੌਰਾਨ ਰੋਜ਼ਾਨਾ ਮਾਤਾ ਆਰਤੀ ਦੇਵਾ ਜੀ ਵੱਲੋਂ ਸੰਕੀਰਤਨ ਕੀਤਾ ਜਾਵੇਗਾ।ਸਾਵਣ ਦਾ ਤਿਉਹਾਰ ਹਰ ਐਤਵਾਰ ਦੁਪਹਿਰ 3 ਵਜੇ ਤੋਂ ਸ਼ਾਮ 7 ਵਜੇ ਤੱਕ ਸੰਪੰਨ ਹੋਵੇਗਾ।ਮੰਦਰ ਕਮੇਟੀ ਦੇ ਪ੍ਰਧਾਨ ਬਾਬੂ ਬਾਲ ਕਿਸ਼ਨ ਸ਼ਰਮਾ, ਪਰਮ ਸਵੇਕ ਪਵਨ ਅਰੋੜਾ, ਬਿੱਲੂ ਭਗਤ, ਸੋਹਣ ਲਾਲ, ਮੋਹਨ ਲਾਲ, ਮਨਜੀਤ ਮਿੰਟਾ, ਅਮਿਤ ਸ਼ਰਮਾ, ਅਸ਼ੋਕ ਬਿਜਲੀ ਵਾਲੇ ਅਤੇ ਹੋਰ ਸਾਰੇ ਮੈਂਬਰਾਂ ਨੇ ਸੰਗਤ ਨੂੰ ਇਸ ਧਾਰਮਿਕ ਸਮਾਗਮ ਵਿੱਚ ਸ਼ਾਮਿਲ ਹੋਣ ਦੀ ਅਪੀਲ ਕੀਤੀ।

# ਵਾਰਡ ਨੰਬਰ ਚਾਰ 'ਚ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



**ਬਟਾਲਾ, (ਤਰਲੋਕ ਬੱਗਾ)**- ਮੇਰੀ ਰਸੋਈ ਯੋਜਨਾ ਤਹਿਤ ਵਾਰਡ ਨੰਬਰ 4 ਵਿਖੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ, ਮਨਜੀਤ ਸਿੰਘ ਬਮਰਾਹ ਸਮੇਤ ਵਾਰਡ ਵਾਸੀ ਮੌਜੂਦ ਸਨ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਲੋੜਵੰਦ ਪਰਿਵਾਰਾਂ ਦੀ ਬਾਂਹ ਫੜੀ ਗਈ ਹੈ।ਉਨਾਂ ਦੱਸਿਆ ਕਿ ਮਹਿਜ਼ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਸ਼ਹਿਰ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਹਨ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ ਸੁਥਰਾ ਪਾਣੀ ਮਿਲੇਗਾ।ਉਨ੍ਹਾਂ ਦੱਸਿਆ ਕਿ ਸਕੂਲ ਆਫ ਐਮੀਨੈਂਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵ ਰਹੇ ਹਨ।ਸ਼ਾਨਦਾਰ ਪਾਰਕਾਂ ਦੀ ਉਸਾਰੀ ਕਰਵਾਈ ਗਈ ਹੈ।

# ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਦਾ ਸਹਿਯੋਗ ਬੇਹੱਦ ਜ਼ਰੂਰੀ : ਥਾਣਾ ਮੁਖੀ

**ਢਿੱਲਵਾ (ਪਲਵਿੰਦਰ ਸਿੰਘ ਜੈ ਰਾਮਪੁਰ)**- ਨਸ਼ਿਆਂ ਦੇ ਮਾਰੂ ਰੁਝਾਨ ਨੂੰ ਠੱਲ੍ਹ ਪਾਉਣ ਲਈ ਆਮ ਲੋਕਾਂ ਦਾ ਪੁਲਸ ਪ੍ਰਸ਼ਾਸਨ ਨੂੰ ਸਹਿਯੋਗ ਦੇਣਾ ਬੇਹੱਦ ਜ਼ਰੂਰੀ ਹੈ। ਇਹ ਪ੍ਰਗਟਾਵਾ ਥਾਣਾ ਮੁਖੀ ਢਿੱਲਵਾਂ ਹਰਜਿੰਦਰ ਸਿੰਘ ਨੇ ਕੀਤਾ। ਉਨ੍ਹਾਂ ਕਿਹਾ ਕਿ ਢਿੱਲਵਾਂ ਇਲਾਕੇ ਅੰਦਰ ਨਸ਼ਿਆਂ ਦਾ ਕਾਲਾ ਧੰਦਾ ਕਰਨ ਵਾਲਿਆਂ ਤੇ ਅਮਨ ਕਾਨੂੰਨ ਦੀ ਵਿਵਸਥਾ ਨੂੰ ਭੰਗ ਕਰਨ ਵਾਲੇ ਅਨਸਰ ਚਾਹੇ ਕੋਈ ਵੀ ਹੋਣ, ਕਿਸੇ ਵੀ ਕੀਮਤ 'ਤੇ ਬਖ਼ਸ਼ੇ ਨਹੀਂ ਜਾਣਗੇ।ਗੱਲਬਾਤ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਗੂ ਕਰਦਿਆਂ ਮਾੜੇ ਅਨਸਰਾਂ ਤੇ ਨਸ਼ਾ ਵਿਕਰੇਤਾਵਾਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਰਹੇ ਨਸ਼ੇ ਪੰਜਾਬ ਦੀ ਜਵਾਨੀ ਦਾ ਬੇੜਾ ਗਰਕ ਕਰ ਰਹੇ ਹਨ, ਜਿਸ ਕਰਕੇ ਲੋਕ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਪੁਲਸ ਪ੍ਰਸ਼ਾਸਨ ਦਾ ਸਹਿਯੋਗ ਦੇਣ। ਜੇਕਰ ਕੋਈ ਵੀ ਨਸ਼ਾ ਵਿਕਰੇਤਾ ਧਿਆਨ ਵਿੱਚ ਆਵੇ ਤਾਂ ਉਸ ਦੀ ਇਤਲਾਹ ਥਾਣਾ ਢਿੱਲਵਾਂ ਪੁਲਸ ਨੂੰ ਤੁਰੰਤ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਨਸ਼ਾ ਤਸਕਰਾਂ ਜਾਂ ਅਪਰਾਧਿਕ ਗਤੀਵਿਧੀਆਂ ਬਾਰੇ ਜਾਣਕਾਰੀ ਪੁਲਸ ਨਾਲ ਸਾਂਝੀ ਕਰਨ। ਜਾਣਕਾਰੀ ਦੇਣ ਵਾਲੇ ਨਾਗਰਿਕ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਪੁਲਸ ਪ੍ਰਸ਼ਾਸਨ ਪੂਰੀ ਚੌਕਸੀ ਨਾਲ ਨਸ਼ਿਆਂ ਖਿਲਾਫ ਕਾਰਵਾਈ ਕਰਨ ਲਈ ਸਰਗਰਮ ਹੈ।

# ਸਿੱਖ ਜਥੇਬੰਦੀਆਂ ਨੇ 'ਸਤਲੁਜ' ਦੀ ਰਿਲੀਜ਼ ਲਈ ਡੀਸੀ ਨੂੰ ਦਿੱਤਾ ਮੰਗ ਪੱਤਰ

**ਪਠਾਨਕੋਟ, (ਦਵਿੰਦਰ ਸਿੰਘ)**- ਜਥੇਦਾਰ ਹਰੀ ਸਿੰਘ ਪੁਰੇਵਾਲ ਦੀ ਅਗਵਾਈ ਹੇਠ ਸਿੱਖ ਜਥੇਬੰਦੀਆਂ ਵੱਲੋਂ ਸਤਲੁਜ ਫ਼ਿਲਮ ਦੀ ਰਿਲੀਜ਼ ਸਬੰਧੀ ਡਿਪਟੀ ਕਮਿਸ਼ਨਰ ਨੂੰ ਮੰਗ



ਪੱਤਰ ਸੌਂਪਿਆ ਗਿਆ।ਇਨ੍ਹਾਂ ਜਥੇਬੰਦੀਆਂ ਵਿੱਚ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ), ਇੰਟਰਨੈਸ਼ਨਲ ਪੰਥਕ ਦਲ, ਯੂਨਾਈਟਿਡ ਅਕਾਲੀ ਦਲ, ਬੇਗਮਪੁਰਾ ਖਾਲਸਾ ਰਾਜ ਪਾਰਟੀ ਅਤੇ ਆਜ਼ਾਦ ਪੰਥਕ ਗਰੁੱਪ ਸ਼ਾਮਲ ਸਨ।ਮੰਗ ਪੱਤਰ ਵਿੱਚ ਕਿਹਾ ਗਿਆ ਕਿ 1980 ਤੋਂ 1995 ਤੱਕ ਪੰਜਾਬ ਵਿੱਚ ਸਰਕਾਰੀ ਰਾਜ ਦੌਰਾਨ ਪੁਲਿਸ ਵੱਲੋਂ ਨੌਜਵਾਨਾਂ, ਸਿੱਖ ਬੱਚਿਆਂ, ਬਜ਼ੁਰਗਾਂ ਅਤੇ ਔਰਤਾਂ ਦਾ ਕਤਲੇਆਮ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸ ਸਬੰਧੀ ਮਨੁੱਖੀ ਅਧਿਕਾਰ ਕਾਰਕੁਨ ਜਸਵੰਤ ਸਿੰਘ ਖਾਲੜਾ ਵੱਲੋਂ ਪੇਸ਼ ਕੀਤੇ ਗਏ ਅੰਕੜਿਆਂ ਦੇ ਆਧਾਰ 'ਤੇ ਮਾਣਯੋਗ ਸੁਪਰੀਮ ਕੋਰਟ ਨੇ ਵੀ ਸਿੱਖ ਪਰਿਵਾਰਾਂ ਨੂੰ ਮੁਆਵਜ਼ਾ ਦਿੱਤਾ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਨੂੰ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਆਧਾਰਿਤ ਫ਼ਿਲਮ ਰਿਲੀਜ਼ ਕਰਨੀ ਚਾਹੀਦੀ ਹੈ।

ਇਸ ਦੇ ਨਾਲ ਹੀ ਜਸਵੰਤ ਸਿੰਘ ਖਾਲੜਾ ਦੀ ਮੌਤ ਲਈ ਜ਼ਿੰਮੇਵਾਰ ਦੱਸੇ ਜਾਂਦੇ ਡੀਐੱਸਪੀ ਜਸਪਾਲ ਸਿੰਘ, ਜੋ ਜੇਲ੍ਹ ਤੋਂ ਛੁੱਟੀ ਲੈ ਕੇ ਫ਼ਰਾਰ ਹੈ, ਨੂੰ ਲੱਭ ਕੇ ਕਾਨੂੰਨ ਦੇ ਘੇਰੇ ਵਿੱਚ ਲਿਆਂਦਾ ਜਾਵੇ ਅਤੇ ਜੇਲ੍ਹ ਭੇਜਿਆ ਜਾਵੇ।

# ਮੁਫ਼ਤ ਕਾਨੂੰਨੀ ਸਹਾਇਤਾ ਸੰਬੰਧੀ ਸੈਮੀਨਾਰ ਆਯੋਜਿਤ

**ਪਠਾਨਕੋਟ (ਦਵਿੰਦਰ ਸਿੰਘ)**- ਡਿਸਟ੍ਰਿਕਟ ਲੀਗਲ ਸਰਵਿਸਿਜ਼ ਅਥਾਰਟੀ ਪਠਾਨਕੋਟ ਦੇ ਚੇਅਰਮੈਨ-ਕਮ-ਡਿਸਟ੍ਰਿਕਟ ਐਂਡ ਸੈਸ਼ਨਜ਼ ਜੱਜ ਰਜਨੀਸ਼ ਗਰਗ ਅਤੇ ਸੀ.ਜੇ.ਐੱਮ. ਪ੍ਰਭਜੋਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪਿੰਡ ਰਾਣੀਪੁਰ ਝਿਕਲਾ ਅਤੇ ਰਾਣੀਪੁਰ ਉਪਲਾ ਵਿੱਚ ਸਰਪੰਚ



ਰਾਕੇਸ਼ ਕੁਮਾਰ ਅਤੇ ਸਰਪੰਚ ਕਾਮਨਾ ਦੀ ਅਗਵਾਈ ਹੇਠ ਮੁਫ਼ਤ ਕਾਨੂੰਨੀ ਸਹਾਇਤਾ ਸੰਬੰਧੀ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਐਡਵੋਕੇਟ ਭਾਰਤ ਭੂਸ਼ਣ ਸ਼ਰਮਾ ਅਤੇ ਪੀ. ਐੱਲ. ਵੀ. ਵਿਨੋਦ ਕੁਮਾਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬੁਲਾਰਿਆਂ ਨੇ ਦੱਸਿਆ ਕਿ ਡਿਸਟ੍ਰਿਕਟ ਲੀਗਲ ਸਰਵਿਸਿਜ਼ ਅਥਾਰਟੀ ਹਰ ਲੋੜਵੰਦ ਵਿਅਕਤੀ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਦਾਨ ਕਰਦੀ ਹੈ।ਉਨ੍ਹਾਂ ਦੱਸਿਆ ਕਿ ਮਜ਼ਦੂਰਾਂ, ਮਹਿਲਾਵਾਂ, ਦਿਵਿਆਂਗ ਵਿਅਕਤੀਆਂ ਅਤੇ ਉਹ ਲੋਕ ਜਿਨ੍ਹਾਂ ਦੀ ਸਾਲਾਨਾ ਆਮਦਨ 3 ਲੱਖ ਰੁਪਏ ਤੋਂ ਘੱਟ ਹੈ, ਉਹ ਇਸ ਸਹੂਲਤ ਦਾ ਲਾਭ ਲੈ ਸਕਦੇ ਹਨ। ਇਸ ਅਧੀਨ ਵਕੀਲ ਦੀ ਫੀਸ ਅਤੇ ਹੋਰ ਕਾਨੂੰਨੀ ਖਰਚੇ ਡਿਸਟ੍ਰਿਕਟ ਲੀਗਲ ਸਰਵਿਸਿਜ਼ ਅਥਾਰਟੀ ਵੱਲੋਂ ਉਠਾਏ ਜਾਂਦੇ ਹਨ।ਉਨ੍ਹਾਂ ਇਹ ਵੀ ਦੱਸਿਆ ਕਿ ਕੋਰਟ ਕੰਪਲੈਕਸ ਮਲਿਕਪੁਰ ਵਿਖੇ ਸਮੇਂ-ਸਮੇਂ ਤੇ ਨੈਸ਼ਨਲ ਲੋਕ ਅਦਾਲਤਾਂ ਲਗਾਈਆਂ ਜਾਂਦੀਆਂ ਹਨ, ਜਿੱਥੇ ਕੇਸ ਦਾਇਰ ਕਰਕੇ ਤੇਜ਼ ਅਤੇ ਸੌਖੇ ਤਰੀਕੇ ਨਾਲ ਇਨਸਾਫ਼ ਪ੍ਰਾਪਤ ਕੀਤਾ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਲੋਕ ਅਦਾਲਤ ਦੇ ਫ਼ੈਸਲੇ ਖ਼ਿਲਾਫ਼ ਕਿਸੇ ਵੀ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ, ਕਿਉਂਕਿ ਲੋਕ ਅਦਾਲਤ ਦਾ ਫ਼ੈਸਲਾ ਅੰਤਿਮ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਲੋਕ ਅਦਾਲਤਾਂ ਵਿੱਚ ਪਰਿਵਾਰਕ ਵਿਵਾਦ, ਜਾਇਦਾਦ ਦੇ ਨੁਕਸਾਨ ਦੇ ਮੁਆਵਜ਼ੇ ਅਤੇ ਛੋਟੇ-ਮੋਟੇ ਫੌਜਦਾਰੀ ਮਾਮਲਿਆਂ ਦਾ ਨਿਪਟਾਰਾ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਬਿਜਲੀ ਅਤੇ ਪਾਣੀ ਨਾਲ ਸੰਬੰਧਿਤ ਵਿਵਾਦਾਂ ਦੇ ਕੇਸ ਵੀ ਪਰਮਾਨੈਂਟ ਲੋਕ ਅਦਾਲਤ ਵਿੱਚ ਦਾਇਰ ਕੀਤੇ ਜਾ ਸਕਦੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਡਿਸਟ੍ਰਿਕਟ ਲੀਗਲ ਸਰਵਿਸਿਜ਼ ਅਥਾਰਟੀ ਵੱਲੋਂ ਦਿੱਤੀਆਂ ਜਾ ਰਹੀਆਂ ਮੁਫ਼ਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਨਿਆਂ ਪ੍ਰਾਪਤ ਕਰਨ।

# ਲੱਖਾਂ ਰੁਪਏ ਖ਼ਰਚਣ ਦੇ ਬਾਵਜੂਦ ਸੜਕ 'ਤੇ ਫਿਰ ਰਿਹਾ ਗੰਦਾ ਪਾਣੀ

**ਗੁਰਦਾਸਪੁਰ, (ਜਨਕ ਮਹਾਜਨ)**- ਪਿੰਡ ਨਵਾਂ ਸ਼ਾਲਾ ਤੋਂ ਨੌਸ਼ਹਿਰਾ ਬਹਾਦਰ ਨੂੰ ਜਾਣ ਵਾਲੀ ਸੜਕ 'ਤੇ ਲੱਖਾਂ ਰੁਪਏ ਖ਼ਰਚ ਕਰਕੇ ਇਸ ਨੂੰ ਸਾਫ਼ ਸੁਥਰਾ ਬਣਾਇਆ ਸੀ ਪਰ ਸੜਕ ਕੰਢੇ ਬਣੇ ਨਾਲੇ ਦਾ ਪਾਣੀ ਸੜਕ 'ਤੇ ਆਉਣ ਕਰਕੇ ਰਾਹਗੀਰਾਂ ਤੇ ਪਿੰਡ ਵਾਸੀਆਂ ਨੂੰ ਭਾਰੀ ਬਦਬੂ



ਕਾਰਨ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਦੋਂ ਕਿ ਗੰਦੇ ਪਾਣੀ ਦੀ ਭੈੜੀ ਬਦਬੂ ਕਾਰਨ ਨੇੜਲੇ ਘਰਾਂ ਵਾਲਿਆਂ ਨੂੰ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੈ। ਇਸ ਸਬੰਧੀ ਵਾਤਾਵਰਨ ਪ੍ਰੇਮੀ ਸੰਗੀਤਾ ਸ਼ਰਮਾ, ਸੰਜੀਵ ਸ਼ਰਮਾ, ਇੰਦਰਜੀਤ ਸ਼ਰਮਾ ਤੇ ਹੋਰ ਪਿੰਡ ਵਾਸੀਆਂ ਨੇ ਦੱਸਿਆ ਕਿ ਗੰਦੇ ਪਾਣੀ ਦੇ ਨਾਲੇ ਦੀ ਨਿਕਾਸੀ ਬੰਦ ਕਰਨ ਸਬੰਧੀ ਪਿੰਡ ਦੀ ਪੰਚਾਇਤ ਨੂੰ ਵੀ ਜਾਣੂੰ ਕਰਵਾਇਆ ਹੈ ਪਰ ਉਸ ਦੇ ਬਾਵਜੂਦ ਕੋਈ ਨਿਕਾਸ ਦਾ ਹੱਲ ਨਹੀਂ ਹੋ ਰਿਹਾ। ਉਨ੍ਹਾਂ ਦੱਸਿਆ ਕਿ ਪਿੰਡ ਨੌਸ਼ਹਿਰਾ ਵਾਸੀਆਂ ਦੀ ਮੁਸ਼ਕਿਲ ਦਾ ਹੱਲ ਨਹੀਂ ਹੋਇਆ। ਇਸ ਸੜਕ 'ਤੇ ਰੋਜ਼ਾਨਾ ਗੁਰਦੁਆਰਾ ਸ਼ਹੀਦ ਬੀਬੀ ਸੁੰਦਰੀ ਨੂੰ ਸ਼ਰਧਾਲੂ, ਸਕੂਲ ਵਿਦਿਆਰਥੀ ਤੇ ਰਾਹਗੀਰ ਲੰਘਦੇ ਹਨ ਪਰ ਪਾਣੀ ਕਾਰਨ ਸਾਰਿਆਂ ਨੂੰ ਪ੍ਰੇਸ਼ਾਨੀ ਝੱਲਣੀ ਪੈ ਰਹੀ ਹੈ। ਉਨ੍ਹਾਂ ਡੀ. ਡੀ. ਪੀ. ਓ. ਗੁਰਦਾਸਪੁਰ ਤੋਂ ਮੰਗ ਕੀਤੀ ਕਿ ਬੀ. ਡੀ. ਪੀ. ਓ. ਨੂੰ ਹਦਾਇਤਾਂ ਕਰਕੇ ਗੰਦੇ ਪਾਣੀ ਦੇ ਨਿਕਾਸ ਦਾ ਹੱਲ ਕਰਵਾਇਆ ਜਾਵੇ ਜਿਸ ਨਾਲ ਲੋਕਾਂ ਨੂੰ ਰਾਹਤ ਮਿਲ ਸਕੇ।

# ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਨੂੰ ਰੈਗੂਲੇਟ ਕਰਨ ਦਾ ਫ਼ੈਸਲਾ ਇਤਿਹਾਸਕ : ਜੀਵਨਜੋਤ ਕੌਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਿਧਾਇਕਾ ਜੀਵਨਜੋਤ ਕੌਰ ਨੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਪੰਜਾਬ ਰੈਗੂਲੇਸ਼ਨ ਆਫ਼ ਫੀਸ ਆਫ਼ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਆਰਡੀਨੈਂਸ, 2026 ਦਾ ਸਵਾਗਤ ਕਰਦਿਆਂ ਇਸ ਨੂੰ ਵਿਦਿਆਰਥੀਆਂ, ਮਾਪਿਆਂ ਅਤੇ ਸਿੱਖਿਆ ਪ੍ਰਣਾਲੀ ਦੇ ਹਿੱਤ ਵਿੱਚ ਇੱਕ ਇਤਿਹਾਸਕ ਅਤੇ ਲੋਕ-ਪੱਖੀ ਫ਼ੈਸਲਾ ਕਰਾਰ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਵੱਲੋਂ ਮਨਮਰਜ਼ੀ ਨਾਲ ਕੀਤੇ ਜਾਂਦੇ ਫੀਸ ਵਾਧੇ 'ਤੇ ਸਖ਼ਤ ਨਿਯੰਤਰਣ ਲਗਾ ਕੇ ਲੱਖਾਂ ਪਰਿਵਾਰਾਂ ਨੂੰ ਵੱਡੀ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੁਣ ਕੋਈ ਵੀ ਪ੍ਰਾਈਵੇਟ ਸਕੂਲ ਸਾਲਾਨਾ 5 ਫ਼ੀਸਦੀ ਤੋਂ ਵੱਧ ਫੀਸ ਨਹੀਂ ਵਧਾ ਸਕੇਗਾ ਅਤੇ ਜੇਕਰ ਕਿਸੇ ਸਕੂਲ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਕੁੱਲ ਮਿਲਾ ਕੇ 15 ਫ਼ੀਸਦੀ ਤੋਂ ਵੱਧ ਫੀਸ ਵਧਾਈ ਹੈ ਤਾਂ ਉਸ ਨੂੰ ਮਾਪਿਆਂ ਤੋਂ ਵਸੂਲੀ ਗਈ ਵਾਧੂ ਰਕਮ ਵਾਪਸ ਕਰਨੀ ਹੋਵੇਗੀ। ਵਿਧਾਇਕਾ ਨੇ ਕਿਹਾ ਕਿ ਪੰਜਾਬ ਦੇ ਲਗਭਗ 7,800 ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹ ਰਹੇ 32 ਲੱਖ ਤੋਂ ਵੱਧ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਫ਼ੈਸਲੇ ਦਾ ਸਿੱਧਾ ਲਾਭ ਮਿਲੇਗਾ।

ਉਨ੍ਹਾਂ ਕਿਹਾ ਕਿ ਸਰਕਾਰ ਨੇ ਸਾਰੇ ਪ੍ਰਾਈਵੇਟ ਸਕੂਲਾਂ ਨੂੰ ਅਗਲੇ 10 ਦਿਨਾਂ ਦੇ ਅੰਦਰ ਪਿਛਲੇ ਚਾਰ ਸਾਲਾਂ ਦੀਆਂ ਫੀਸਾਂ ਦਾ ਪੂਰਾ ਵੇਰਵਾ ਨਿਰਧਾਰਤ ਪੋਰਟਲ 'ਤੇ ਅਪਲੋਡ ਕਰਨ ਦੇ ਨਿਰਦੇਸ਼ ਦਿੱਤੇ ਹਨ, ਜਿਸ ਨਾਲ ਫੀਸ ਢਾਂਚੇ ਵਿੱਚ ਪਾਰਦਰਸ਼ਤਾ ਯਕੀਨੀ ਬਣੇਗੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਸਿੱਖਿਆ ਨੂੰ ਵਪਾਰ ਨਹੀਂ, ਸਗੋਂ ਸੇਵਾ ਦਾ ਸਾਧਨ ਮੰਨਦੀ ਹੈ ਅਤੇ ਹਰ ਬੱਚੇ ਨੂੰ ਗੁਣਵੱਤਾ ਭਰਪੂਰ ਅਤੇ ਕਿਫ਼ਾਇਤੀ ਸਿੱਖਿਆ ਉਪਲਬਧ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਦੀ ਅਗਵਾਈ ਵਾਲੀਆਂ ਜ਼ਿਲ੍ਹਾ ਰੈਗੂਲੇਟਰੀ ਕਮੇਟੀਆਂ ਫੀਸਾਂ ਵਿੱਚ ਵਾਧੇ ਸਬੰਧੀ ਹਰ ਪ੍ਰਸਤਾਵ ਦੀ ਜਾਂਚ ਕਰਨਗੀਆਂ, ਜਿਸ ਨਾਲ ਪੂਰੀ ਪ੍ਰਕਿਰਿਆ ਪਾਰਦਰਸ਼ੀ ਅਤੇ ਜਵਾਬਦੇਹ ਬਣੇਗੀ।

# ਬਾਬਾ ਬੁੱਢਾ ਕਾਲਜ ਦਾ ਸਾਲਾਨਾ ਮੈਗਜ਼ੀਨ 'ਮਿਰੋਆ' ਜਾਰੀ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਬਾਬਾ ਸੰਤੋਖ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਾਬਾ ਬੁੱਢਾ ਕਾਲਜ ਵਿਖੇ ਕਾਲਜ ਦਾ ਸਾਲਾਨਾ ਮੈਗਜ਼ੀਨ 'ਮਿਰੋਆ' ਪ੍ਰਿੰਸੀਪਲ ਅਤੇ ਸਮੂਹ ਸਟਾਫ ਵੱਲੋਂ ਜਾਰੀ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਬੇਦੀ ਨੇ ਕਿਹਾ ਕਿ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਅਤੇ ਬੱਚਿਆਂ ਵਿੱਚ ਸਾਹਿਤਕ ਰੁਝਾਨ ਵਧਾਉਣ ਲਈ ਹਰ ਸਾਲ ਇਹ ਮੈਗਜ਼ੀਨ ਜਾਰੀ ਕੀਤਾ ਜਾਂਦਾ ਹੈ।ਮੈਗਜ਼ੀਨ ਦੇ ਮੁੱਖ ਸੰਪਾਦਕ ਪ੍ਰੋ. ਸੁਖਪਾਲ ਕੌਰ ਨੇ ਦੱਸਿਆ ਕਿ ਇਸ ਮੈਗਜ਼ੀਨ ਵਿੱਚ ਵਿਦਿਆਰਥੀਆਂ ਦੇ ਅਨੁਭਵ, ਅੰਦਰੂਨੀ ਵਲਵਲੇ ਅਤੇ ਵਿਚਾਰਾਂ ਨੂੰ ਕਵਿਤਾ, ਕਹਾਣੀ ਅਤੇ ਲੇਖਾਂ ਦੇ ਰੂਪ ਵਿੱਚ ਸ਼ਾਮਿਲ ਕੀਤਾ ਗਿਆ ਹੈ।ਇਸ ਨਾਲ ਜਿੱਥੇ ਵਿਦਿਆਰਥੀਆਂ ਨੂੰ ਆਪਣੀ ਸਾਹਿਤਿਕ ਸਮਝ ਦਾ ਗਿਆਨ ਹੁੰਦਾ ਹੈ, ਉਥੇ ਇਸ ਪ੍ਰਤੀ ਸ਼ੌਕ ਵੀ ਪੈਦਾ ਹੁੰਦਾ ਹੈ।ਪ੍ਰੋ. ਸੁਖਪਾਲ ਕੌਰ ਨੇ ਅੱਗੇ ਕਿਹਾ ਕਿ ਇਸ ਮੈਗਜ਼ੀਨ ਵਿੱਚ ਕਾਲਜ ਵਿਦਿਆਰਥੀਆਂ ਵੱਲੋਂ ਬਹੁਤ ਸੰਵੇਦਨਸ਼ੀਲ ਸਮਾਜਿਕ ਅਤੇ ਰਾਜਨੀਤਿਕ ਮੁੱਦਿਆਂ ਨੂੰ ਵੀ ਛੋਹਿਆ ਗਿਆ ਹੈ।ਇਸ ਮੌਕੇ ਕਾਲਜ ਸਟਾਫ ਵਿੱਚੋਂ ਸ. ਤਜਿੰਦਰਜੀਤ ਸਿੰਘ, ਡਾ. ਅਮਰਬੀਰ ਸਿੰਘ, ਪ੍ਰੋ. ਸੁਰਿੰਦਰ ਸਿੰਘ, ਪ੍ਰੋ. ਹਰਪ੍ਰੀਤ ਕੌਰ, ਸ. ਇੰਦਰਜੀਤ ਸਿੰਘ ਅਤੇ ਸਰਦਾਰ ਸੁਖਬੀਰ ਸਿੰਘ ਸ਼ਾਮਿਲ ਸਨ।

# ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਾਰਮਿਕ ਮੁਕਾਬਲੇ ਕਰਵਾਏ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਨੌਜਵਾਨ ਭਾਈ ਤਾਰੂ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਸਮਾਜਿਕ ਬੁਰਾਈਆਂ ਦਾ ਤਿਆਗ ਕਰਨ ਅਤੇ ਗੁਰਸਿੱਖੀ ਮੁੱਲਾਂ ਨੂੰ ਜੀਵਨ ਦਾ ਹਿੱਸਾ ਬਣਾਉਣ: ਦਸਤੂਰ-ਏ-ਦਸਤਾਰ ਲਹਿਰ ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ (ਰਜਿ.) ਪੰਜਾਬ ਵੱਲੋਂ ਮਹਾਨ ਸੂਰਬੀਰ, ਕਿਰਤੀ ਗੁਰਸਿੱਖ ਅਤੇ ਸਿੱਖੀ ਨੂੰ ਕੇਸਾਂ-ਸੁਆਸਾਂ ਨਾਲ ਨਿਭਾਉਣ ਵਾਲੇ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਜੀ, ਪਿੰਡ ਪੂਹਲਾ ਵਿਖੇ ਧਾਰਮਿਕ ਮੁਕਾਬਲੇ ਕਰਵਾਏ ਗਏ।ਇਹ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਹਰਮੋਹਿੰਦਰ ਸਿੰਘ ਜੀ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੇ ਲਗਭਗ 200 ਬੱਚਿਆਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਦਸਤਾਰ ਸਜਾਉਣ, ਦੁਮਾਲਾ ਸਜਾਉਣ, ਗੁਰਬਾਣੀ ਕੰਠ ਅਤੇ ਕਵੀਸ਼ਰੀ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿੱਚ ਗੁਰੂ ਨਾਨਕ ਡੀ.ਏ.ਵੀ. ਪਬਲਿਕ ਸਕੂਲ, ਸ਼ਹੀਦ ਭਗਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ, ਗੁਰੂਕੁਲ ਸਕੂਲ ਮਾੜੀ ਗੌੜ ਸਿੰਘ, ਆਈ.ਟੀ.ਆਈ. ਗਰਲਜ਼ ਸਕੂਲ ਭਗਵਾਨਪੁਰਾ, ਰੈਡੀਅਨਸ਼ ਸਕੂਲ ਪਹੂਵਿੰਡ ਅਤੇ ਬਾਬਾ ਦੀਪ ਸਿੰਘ ਪਬਲਿਕ ਸਕੂਲ ਪਹੂਵਿੰਡ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਗੁਰਬਾਣੀ ਕੰਠ ਮੁਕਾਬਲੇ ਦੇ ਜੂਨੀਅਰ ਵਰਗ ਵਿੱਚ ਗੁਰਲੀਨ ਕੌਰ ਨੇ ਪਹਿਲਾ, ਸ਼ਬਨਾਜ ਕੌਰ ਨੇ ਦੂਜਾ ਅਤੇ ਰਣਦੀਪ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸੀਨੀਅਰ ਵਰਗ ਵਿੱਚ ਵਿਸ਼ਾਲਪ੍ਰੀਤ ਸਿੰਘ ਪਹਿਲੇ, ਗੁਰਨੂਰ



ਕੌਰ ਦੂਜੇ ਅਤੇ ਜਪਜੀਤ ਕੌਰ ਤੀਜੇ ਸਥਾਨ ਤੇ ਰਹੇ। ਕਵੀਸ਼ਰੀ ਮੁਕਾਬਲੇ ਵਿੱਚ ਜੂਨੀਅਰ ਅਤੇ ਸੀਨੀਅਰ ਵਰਗ ਦੋਵਾਂ ਵਿੱਚ ਆਈ.ਟੀ.ਆਈ. ਸਕੂਲ ਭਗਵਾਨਪੁਰਾ ਨੇ ਪਹਿਲਾ, ਜਦਕਿ ਸ਼ਹੀਦ ਭਗਤ ਸਿੰਘ ਸਕੂਲ ਨੇ ਦੂਜਾ ਸਥਾਨ ਹਾਸਲ ਕੀਤਾ। ਦਸਤਾਰ ਅਤੇ ਦੁਮਾਲਾ ਮੁਕਾਬਲਿਆਂ ਵਿੱਚ ਵੀ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।ਜੇਤੂ ਵਿਦਿਆਰਥੀਆਂ ਨੂੰ ਸ਼ੀਲਡਾਂ ਅਤੇ ਧਾਰਮਿਕ ਸਾਹਿਤ ਦੇ ਕੇ ਸਨਮਾਨਿਤ ਕੀਤਾ ਗਿਆ, ਜਦਕਿ ਬਾਕੀ ਸਾਰੇ ਭਾਗੀਦਾਰਾਂ ਨੂੰ ਮੈਡਲ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ। ਇਸ ਮੌਕੇ ਸੁਸਾਇਟੀ ਦੇ ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਮੁੱਖ ਬੁਲਾਰੇ ਭਾਈ ਸੁਖਵਿੰਦਰ ਸਿੰਘ ਖਾਲੜਾ, ਖਜ਼ਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ, ਪ੍ਰੋਗਰਾਮ ਕੋਆਰਡੀਨੇਟਰ ਹਰਜੀਤ ਸਿੰਘ ਲਹਿਰੀ, ਭਾਈ ਮਨਦੀਪ ਸਿੰਘ ਘੋਲੀਆਂ ਕਲਾਂ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਾਈ ਤਾਰੂ ਸਿੰਘ ਜੀ ਦਾ ਜੀਵਨ ਸਿੱਖ ਕੌਮ ਲਈ ਅਮਰ ਪ੍ਰੇਰਨਾ ਹੈ।ਆਈ.ਟੀ.ਆਈ. ਕਾਲਜ ਭਗਵਾਨਪੁਰਾ ਦੇ ਡਾਇਰੈਕਟਰ ਭਾਈ ਇੰਦਰਜੀਤ ਸਿੰਘ ਬਾਗਾਂ ਵਾਲੇ, ਬਾਬਾ ਹਰਮੋਹਿੰਦਰ ਸਿੰਘ ਜੀ, ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਜਗੀਰ ਸਿੰਘ, ਰਿਸੀਵਰ ਭਾਈ ਜਸਪਾਲ ਸਿੰਘ ਅਤੇ ਹੈੱਡ ਗ੍ਰੰਥੀ ਭਾਈ ਮਨਦੀਪ ਸਿੰਘ ਨੇ ਸੁਸਾਇਟੀ ਵੱਲੋਂ ਧਰਮ ਪ੍ਰਚਾਰ ਅਤੇ ਨੌਜਵਾਨਾਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਗੁਰਦੁਆਰਾ ਸਾਹਿਬ ਵੱਲੋਂ ਸੁਸਾਇਟੀ ਦੀ ਟੀਮ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਇਨਾਮਾਂ ਲਈ 7 ਹਜ਼ਾਰ ਰੁਪਏ ਦੀ ਰਾਸ਼ੀ ਵੀ ਭੇਟ ਕੀਤੀ ਗਈ।ਗੁਰਬਾਣੀ ਕੰਠ ਮੁਕਾਬਲੇ ਦੀਆਂ ਜੱਜਮੈਂਟ ਸੇਵਾਵਾਂ ਭਾਈ ਭਗਵਾਨ ਸਿੰਘ (ਇੰਚਾਰਜ ਸਿੱਖ ਮਿਸ਼ਨਰੀ ਕਾਲਜ ਸਰਕਲ ਭਿੱਖੀਵਿੰਡ) ਅਤੇ ਭਾਈ ਮਨਦੀਪ ਸਿੰਘ (ਹੈੱਡ ਗ੍ਰੰਥੀ ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਜੀ) ਨੇ ਨਿਭਾਈਆਂ, ਜਦਕਿ ਕਵੀਸ਼ਰੀ ਮੁਕਾਬਲੇ ਦੀ ਜੱਜਮੈਂਟ ਭਾਈ ਸੁਖਵਿੰਦਰ ਸਿੰਘ ਖਾਲੜਾ ਨੇ ਕੀਤੀ। ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ ਅਤੇ ਦਸਤਾਰ ਕੋਆਰਡੀਨੇਟਰ ਹਰਪ੍ਰੀਤ ਸਿੰਘ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਅਧਿਆਪਕਾਂ, ਸਹਿਯੋਗੀਆਂ, ਇਲਾਕਾ ਨਿਵਾਸੀਆਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿੱਤਾ ਕਿ ਸੁਸਾਇਟੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਧਾਰਮਿਕ, ਵਿਦਿਅਕ ਅਤੇ ਸਮਾਜਿਕ ਗਤੀਵਿਧੀਆਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਗੁਰਸਿੱਖੀ ਨਾਲ ਜੋੜਨ ਦੇ ਯਤਨ ਜਾਰੀ ਰੱਖੇਗੀ।

# 'ਮੇਰੀ ਰਸੋਈ' ਸਕੀਮ ਤਹਿਤ ਰਾਸ਼ਨ ਕਿੱਟਾਂ ਦੀ ਵੰਡ ਨੇ 27 ਲੱਖ ਦਾ ਅੰਕੜਾ ਪਾਰ ਕੀਤਾ : ਡਾ. ਜਸਬੀਰ ਸਿੰਘ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੱਛਮੀ ਦੇ ਵਿਧਾਇਕ ਡਾ. ਜਸਬੀਰ ਸਿੰਘ ਨੇ ਪੰਜਾਬ ਸਰਕਾਰ ਦੀ ਲੋਕ ਭਲਾਈ ਯੋਜਨਾ 'ਮੇਰੀ ਰਸੋਈ' ਤਹਿਤ ਰਾਸ਼ਨ ਕਿੱਟਾਂ ਦੀ ਵੰਡ 27 ਲੱਖ ਤੋਂ ਵੱਧ ਪਰਿਵਾਰਾਂ ਤੱਕ ਪਹੁੰਚਣ 'ਤੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦਾ ਧੰਨਵਾਦ ਕੀਤਾ ਹੈ।

ਡਾ. ਜਸਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ਼ੁਰੂ ਕੀਤੀ ਗਈ ਇਹ ਸਕੀਮ ਬਹੁਤ ਹੀ ਲਾਹੇਵੰਦ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਹੁਣ ਤੱਕ ਸੂਬੇ ਦੇ ਲਗਭਗ 27.18 ਲੱਖ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ, ਜਦਕਿ ਸਰਕਾਰ ਦਾ ਟੀਚਾ ਹਰ ਤਿੰਨ ਮਹੀਨਿਆਂ ਬਾਅਦ 40.48 ਲੱਖ ਯੋਗ ਪਰਿਵਾਰਾਂ ਤੱਕ ਇਹ ਸਹੂਲਤ ਪਹੁੰਚਾਉਣ ਦਾ ਹੈ। ਉਨ੍ਹਾਂ ਕਿਹਾ ਕਿ ਹਰ ਰਾਸ਼ਨ ਕਿੱਟ ਵਿੱਚ ਦੋ ਕਿੱਲੋ ਦਾਲ, ਦੋ ਕਿਲੋ ਖੰਡ, ਇੱਕ ਕਿਲੋ ਨਮਕ, 200 ਗ੍ਰਾਮ ਹਲਦੀ ਪਾਊਡਰ ਅਤੇ ਇੱਕ ਲੀਟਰ ਸਰ੍ਹੋਂ ਦਾ ਤੇਲ ਸ਼ਾਮਲ ਕੀਤਾ ਗਿਆ ਹੈ, ਤਾਂ ਜੋ ਪਰਿਵਾਰਾਂ ਦੀਆਂ ਰੋਜ਼ਾਨਾ ਖੁਰਾਕੀ ਜ਼ਰੂਰਤਾਂ ਦੀ ਪੂਰਤੀ ਹੋ ਸਕੇ। ਡਾ. ਜਸਬੀਰ ਸਿੰਘ ਨੇ ਦੱਸਿਆ ਕਿ ਹੁਣ ਤੱਕ ਲੁਧਿਆਣਾ ਜ਼ਿਲ੍ਹਾ 3 ਲੱਖ ਤੋਂ ਵੱਧ ਰਾਸ਼ਨ ਕਿੱਟਾਂ ਦੀ ਵੰਡ ਨਾਲ ਪਹਿਲੇ ਸਥਾਨ 'ਤੇ ਹੈ, ਜਦਕਿ ਪਟਿਆਲਾ ਅਤੇ ਬਠਿੰਡਾ ਕ੍ਰਮਵਾਰ ਦੂਜੇ ਅਤੇ ਤੀਜੇ ਸਥਾਨ 'ਤੇ ਹਨ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਵੀ 1,59,408 ਰਾਸ਼ਨ ਕਿੱਟਾਂ ਦੀ ਵੰਡ ਕੀਤੀ ਜਾ ਚੁੱਕੀ ਹੈ, ਜਿਸ ਨਾਲ ਹਜ਼ਾਰਾਂ ਲੋੜਵੰਦ ਪਰਿਵਾਰਾਂ ਨੂੰ ਸਿੱਧਾ ਲਾਭ ਮਿਲਿਆ ਹੈ। ਡਾ. ਜਸਬੀਰ ਸਿੰਘ ਨੇ ਕਿਹਾ ਕਿ 'ਮੇਰੀ ਰਸੋਈ' ਯੋਜਨਾ ਸੂਬਾ ਸਰਕਾਰ ਦੀ ਲੋਕ-ਪੱਖੀ ਸੋਚ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਪ੍ਰਤੀ ਵਚਨਬੱਧਤਾ ਦਾ ਪ੍ਰਤੱਖ ਸਬੂਤ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਭੁੱਖਮਰੀ ਅਤੇ ਕੁਪੋਸ਼ਣ ਵਰਗੀਆਂ ਸਮੱਸਿਆਵਾਂ ਨਾਲ ਨਜਿੱਠਣ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।

ਨਵਾਂ ਜ਼ਮਾਨਾ
ਵੀਰਵਾਰ, 16 ਜੁਲਾਈ 2026

## ‘ਚੰਗਾ ਆਚਰਣ’

*22 ਜਨਵਰੀ 1999 ਦੀ ਰਾਤ ਨੂੰ ਈਸਾਈ ਮਿਸ਼ਨਰੀ ਗ੍ਰਾਹਮ ਸਟੇਨਜ਼ (58) ਅਤੇ ਉਸ ਦੇ ਦੋ ਪੁੱਤਰਾਂ ਟਿਮੋਥੀ (10) ਤੇ ਫਿਲਿਪ (6) ਨੂੰ ਓਡੀਸ਼ਾ ਦੇ ਮਨੋਹਰਪੁਰ ਪਿੰਡ ਵਿੱਚ ਚਰਚ ਦੇ ਅਹਾਤੇ ਵਿੱਚ ਵੈਗਨ ’ਚ ਸੁੱਤੇ ਪਿਆਂ ਨੂੰ ਸਾੜ ਕੇ ਮਾਰ ਦੇਣ ਦੇ ਦੋਸ਼ ਵਿੱਚ ਪਿਛਲੇ 26 ਸਾਲਾਂ ਤੋਂ ਉਮਰ ਕੈਦ ਦੀ ਸਜ਼ਾ ਕੱਟ ਰਹੇ ਮੁੱਖ ਦੋਸ਼ੀ ਰਵਿੰਦਰ ਕੁਮਾਰ ਪਾਲ ਉਰਫ ਦਾਰਾ ਸਿੰਘ ਨੂੰ ‘ਚੰਗੇ ਆਚਰਣ’ ਦੇ ਆਧਾਰ ’ਤੇ ਓਡੀਸ਼ਾ ਦੀ ਕਿਓਂਝਰ ਜੇਲ੍ਹ ਵਿੱਚੋਂ ਛੇਤੀ ਹੀ ਰਿਹਾਅ ਕੀਤਾ ਜਾ ਸਕਦਾ ਹੈ। ਸੁਪਰੀਮ ਕੋਰਟ ਦੇ ਜਸਟਿਸ ਮਨੋਜ ਮਿਸ਼ਰਾ ਤੇ ਵਿਜੇ ਬਿਸ਼ਨੋਈ ਨੇ ਸੂਬਾ ਸਰਕਾਰ ਨੂੰ ਮੰਗਲਵਾਰ ਕਿਹਾ ਕਿ ਉਹ ਇਸ ਬਾਰੇ 15 ਅਗਸਤ ਤੱਕ ਫੈਸਲਾ ਕਰੇ। ਮਾਮਲੇ ਦੀ ਅਗਲੀ ਸੁਣਵਾਈ 19 ਅਗਸਤ ਨੂੰ ਹੋਵੇਗੀ। ਫਾਜ਼ਲ ਜੱਜਾਂ ਨੇ ਕਿਹਾ ਕਿ ਦਾਰਾ ਸਿੰਘ ਨੂੰ ਵੀ ਆਜ਼ਾਦੀ ਦਾ ਜਸ਼ਨ ਮਨਾਉਣ ਦਿੱਤਾ ਜਾਵੇ। ਸੂਬਾ ਸਰਕਾਰ ਦੇ ਵਕੀਲ ਨੇ ਇਹ ਕਹਿੰਦਿਆਂ ਕੁਝ ਸਮਾਂ ਮੰਗਿਆ ਕਿ ਰਾਜ ਸਜ਼ਾ ਨਜ਼ਰਸਾਨੀ ਬੋਰਡ ਨੇ ਰਿਹਾਈ ਦੀ ਸਿਫਾਰਸ਼ ਕਰਨ ਲਈ ਕੁਝ ਹੋਰ ਦਸਤਾਵੇਜ਼ ਮੰਗੇ ਹਨ।*

*ਕਿਓਂਝਰ ਜ਼ਿਲ੍ਹਾ ਪ੍ਰਸ਼ਾਸਨ ਤੋਂ ਤਜਵੀਜ਼ ਪ੍ਰਾਪਤ ਹੋਣ ਤੋਂ ਬਾਅਦ ਆਈ ਜੀ (ਜੇਲ੍ਹ) ਦਾਰਾ ਸਿੰਘ ਦੀ ਰਿਹਾਈ ਦੀ ਸਿਫਾਰਸ਼ ਕਰ ਚੁੱਕੇ ਹਨ। ਓਡੀਸ਼ਾ ਰਾਜ ਸਜ਼ਾ ਨਜ਼ਰਸਾਨੀ ਬੋਰਡ, ਜਿਸ ਦੀ ਮੀਟਿੰਗ ਜੁਲਾਈ ਦੇ ਪਹਿਲੇ ਹਫਤੇ ਹੋਈ, ਨੇ ਉਮਰ ਕੈਦ ਦੀ ਸਜ਼ਾ ਕੱਟ ਰਹੇ ਕੈਦੀਆਂ ਦੇ ਮਾਮਲਿਆਂ ’ਤੇ ਵਿਚਾਰ ਕੀਤਾ, ਜੋ ਸਮੇਂ ਤੋਂ ਪਹਿਲਾਂ ਰਿਹਾਈ ਦੇ ਪਾਤਰ ਸਨ। ਇਸ ਤੋਂ ਪਹਿਲਾਂ ਸਤੰਬਰ 2025 ਵਿੱਚ ਹੋਈ ਬੋਰਡ ਦੀ ਪਿਛਲੀ ਮੀਟਿੰਗ ਵਿੱਚ 107 ਮਾਮਲਿਆਂ ’ਤੇ ਵਿਚਾਰ ਕੀਤਾ ਗਿਆ ਸੀ। ਇਨ੍ਹਾਂ ਵਿੱਚੋਂ 18 ਮਾਮਲਿਆਂ ਵਿੱਚ ਰਿਹਾਈ ਦੀ ਸਿਫਾਰਸ਼ ਕੀਤੀ ਗਈ ਸੀ, 75 ਮਾਮਲਿਆਂ ਨੂੰ ਖਾਰਜ ਕਰ ਦਿੱਤਾ ਗਿਆ ਸੀ ਅਤੇ 14 ਮਾਮਲਿਆਂ ਨੂੰ ਮੁਲਤਵੀ ਕਰ ਦਿੱਤਾ ਗਿਆ ਸੀ। ਓਡੀਸ਼ਾ ਦੇ ਜੇਲ੍ਹ ਅਤੇ ਸੁਧਾਰ ਸੇਵਾ ਡਾਇਰੈਕਟੋਰੇਟ ਦੇ ਇੱਕ ਅਧਿਕਾਰੀ ਨੇ ਦੱਸਿਆ, “ਨਵੰਬਰ 2025 ਵਿੱਚ ਸਰਕਾਰੀ ਪ੍ਰਵਾਨਗੀ ਮਿਲਣ ਤੋਂ ਬਾਅਦ ਉਮਰ ਕੈਦ ਦੀ ਸਜ਼ਾ ਕੱਟ ਰਹੇ ਸਾਰੇ 18 ਦੋਸ਼ੀਆਂ ਨੂੰ ਜੇਲ੍ਹਾਂ ਤੋਂ ਰਿਹਾਅ ਕਰ ਦਿੱਤਾ ਗਿਆ ਹੈ। ਸਮੇਂ ਤੋਂ ਪਹਿਲਾਂ ਰਿਹਾਈ ਲਈ ਵਿਚਾਰ ਲਈ ਮੁਲਤਵੀ ਕੀਤੇ ਗਏ ਸਾਰੇ 14 ਕੇਸ ਬੋਰਡ ਦੇ ਸਾਹਮਣੇ ਰੱਖੇ ਗਏ ਸਨ। ਦਾਰਾ ਸਿੰਘ ਦਾ ਕੇਸ ਉਨ੍ਹਾਂ ਵਿੱਚੋਂ ਇੱਕ ਸੀ।”*

*ਬਜਰੰਗ ਦਲ ਦੇ ਕਾਰਕੁੰਨ ਦਾਰਾ ਸਿੰਘ ਨੇ ਇੱਕ ਭੀੜ ਦੀ ਅਗਵਾਈ ਕਰਦਿਆਂ ਉਸ ਵੈਗਨ ਨੂੰ ਅੱਗ ਲਗਾ ਦਿੱਤੀ, ਜਿਸ ਵਿੱਚ ਗ੍ਰਾਹਮ ਸਟੇਨਜ਼ ਅਤੇ ਉਸ ਦੇ ਦੋ ਪੁੱਤਰ ਸੁੱਤੇ ਪਏ ਸਨ। ਕੋਹੜ ਦੇ ਮਰੀਜ਼ਾਂ ਲਈ ਆਸਰਾ ਘਰ ਚਲਾਉਣ ਵਾਲੇ ਸਟੇਨਜ਼ ਅਤੇ ਉਸ ਦੇ ਦੋ ਪੁੱਤਰਾਂ ਦੀ ਸੜ ਕੇ ਮੌਤ ਹੋ ਗਈ ਸੀ। 2003 ਵਿੱਚ ਖੁਰਦਾ ਦੀ ਟ੍ਰਾਇਲ ਕੋਰਟ ਨੇ ਦਾਰਾ ਸਿੰਘ ਨੂੰ ਮੌਤ ਦੀ, ਜਦੋਂ ਕਿ 12 ਹੋਰ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਸੀ। ਬਾਅਦ ਵਿੱਚ ਓਡੀਸ਼ਾ ਹਾਈ ਕੋਰਟ ਨੇ ਦਾਰਾ ਸਿੰਘ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ ਸੀ। ਦਾਰਾ ਸਿੰਘ ਨੂੰ ਇੱਕ ਮੁਸਲਿਮ ਵਪਾਰੀ ਅਤੇ ਇੱਕ ਹੋਰ ਈਸਾਈ ਮਿਸ਼ਨਰੀ ਦੇ ਕਤਲ ਦੇ ਦੋ ਹੋਰ ਮਾਮਲਿਆਂ ਵਿੱਚ ਵੀ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਉਨ੍ਹਾਂ ਮਾਮਲਿਆਂ ਵਿੱਚ ਵੀ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਸੀ।*

*ਓਡੀਸ਼ਾ ਦੇ ਵਰਤਮਾਨ ਮੁੱਖ ਮੰਤਰੀ ਮੋਹਨ ਚਰਨ ਮਾਝੀ ਨੇ 2022 ਵਿੱਚ ਸੁਦਰਸ਼ਨ ਟੀ ਵੀ ਦੇ ਸੰਪਾਦਕ ਸੁਰੇਸ਼ ਚਵ੍ਹਾਨਕੇ ਵੱਲੋਂ ਉਠਾਈ ਗਈ ਦਾਰਾ ਸਿੰਘ ਦੀ ਰਿਹਾਈ ਦੀ ਮੰਗ ਦਾ ਸਮਰਥਨ ਕੀਤਾ ਸੀ। ਮਾਝੀ ਉਸ ਸਮੇਂ ਭਾਜਪਾ ਵਿਧਾਇਕ ਸਨ। ਇਸਲਾਮ ਦੇ ਕੱਟੜ ਵਿਰੋਧ ਲਈ ਜਾਣਿਆ ਜਾਂਦਾ ਚਵ੍ਹਾਨਕੇ ਲੰਬੇ ਸਮੇਂ ਤੋਂ ਦਾਰਾ ਸਿੰਘ ਦੀ ਰਿਹਾਈ ਲਈ ਮੁਹਿੰਮ ਚਲਾ ਰਿਹਾ ਹੈ। ਸਤੰਬਰ 2022 ਵਿੱਚ ਚਵ੍ਹਾਨਕੇ ਨੂੰ ਕਿਓਂਝਾਰ ਜੇਲ੍ਹ ਵਿੱਚ ਦਾਰਾ ਸਿੰਘ ਨੂੰ ਮਿਲਣ ਦੀ ਆਗਿਆ ਨਹੀਂ ਸੀ ਦਿੱਤੀ ਗਈ। ਇਸ ਤੋਂ ਬਾਅਦ ਉਸ ਨੇ ਅਤੇ ਉਸ ਦੇ ਨਾਲ ਆਏ ਭਾਜਪਾ ਆਗੂਆਂ, ਜਿਨ੍ਹਾਂ ਵਿੱਚ ਮੋਹਨ ਚਰਨ ਮਾਝੀ ਵੀ ਸ਼ਾਮਲ ਸਨ, ਨੇ ਜੇਲ੍ਹ ਅਧਿਕਾਰੀਆਂ ’ਤੇ ਦਬਾਅ ਪਾਉਣ ਲਈ ਧਰਨਾ ਦਿੱਤਾ ਸੀ। ਜਦੋਂ ਕਿਓਂਝਰ ਜੇਲ੍ਹ ਪ੍ਰਸ਼ਾਸਨ ਨੇ ਕਿਹਾ ਕਿ ਦਾਰਾ ਸਿੰਘ ਨੂੰ 2022 ਵਿੱਚ ਸਿਰਫ ਉਸ ਦੇ ਪਰਵਾਰਕ ਮੈਂਬਰਾਂ ਅਤੇ ਵਕੀਲਾਂ ਨੂੰ ਮਿਲਣ ਦੀ ਇਜਾਜ਼ਤ ਦਿੱਤੀ ਜਾਵੇਗੀ, ਤਾਂ ਚਵ੍ਹਾਨਕੇ, ਮਾਝੀ ਅਤੇ ਹੋਰ ਭਾਜਪਾ ਆਗੂਆਂ ਨੇ ਇਸ ਫੈਸਲੇ ਦਾ ਵਿਰੋਧ ਕੀਤਾ ਸੀ। ਉਸ ਸਮੇਂ ਅਸੈਂਬਲੀ ਵਿੱਚ ਭਾਜਪਾ ਦੇ ਚੀਫ ਵ੍ਹਿਪ ਰਹੇ ਮੋਹਨ ਚਰਨ ਮਾਝੀ ਨੇ ਕਿਹਾ ਸੀ, “ਇਹ ਸਿਰਫ ਇੱਕ ਮੰਗ ਹੈ। ਜੇ ਸਥਿਤੀ ਸਹੀ ਰਹੀ ਤਾਂ ਅਸੀਂ ਪਾਰਟੀ ਦੇ ਅੰਦਰ ਦਾਰਾ ਸਿੰਘ ਦੇ ਸਮਰਥਨ ’ਤੇ ਚਰਚਾ ਕਰਾਂਗੇ।” ਹੁਣ ਸੂਬੇ ਵਿੱਚ ਭਾਜਪਾ ਦੀ ਸਰਕਾਰ ਹੈ ਤੇ ਮਾਝੀ ਮੁੱਖ ਮੰਤਰੀ ਹਨ।*

*ਚੇਤੇ ਰਹੇ ਇਸੇ ਕੇਸ ਵਿੱਚ ਉਮਰ ਕੈਦ ਦੀ ਸਜ਼ਾ ਭੁਗਤਣ ਵਾਲੇ ਮਹਿੰਦਰ ਹੈਮਬ੍ਰਮ ਨੂੰ ਰਾਜ ਸਜ਼ਾ ਨਜ਼ਰਸਾਨੀ ਬੋਰਡ ਦੀ ਸਿਫਾਰਸ਼ ’ਤੇ ‘ਚੰਗੇ ਆਚਰਣ’ ਦੇ ਆਧਾਰ ’ਤੇ 16 ਅਪ੍ਰੈਲ 2025 ਵਿੱਚ ਰਿਹਾਅ ਕਰ ਦਿੱਤਾ ਗਿਆ ਸੀ। ਉਦੋਂ ਜੇਲ੍ਹ ਦੇ ਬਾਹਰ ਉਸ ਦੇ ਹਮਾਇਤੀਆਂ ਨੇ ਹਾਰ ਪਾ ਕੇ ਤੇ ਜੈ ਸ੍ਰੀ ਰਾਮ ਦੇ ਨਾਅਰੇ ਲਾ ਕੇ ਉਸ ਦਾ ਸਵਾਗਤ ਕੀਤਾ ਸੀ। ਹੈਰਾਨੀ ਨਹੀਂ ਹੋਵੇਗੀ ਜੇ ਦਾਰਾ ਸਿੰਘ ਦੀ ‘ਚੰਗੇ ਆਚਰਣ’ ਦੇ ਹਵਾਲੇ ਨਾਲ ਰਿਹਾਈ ਕਰ ਦਿੱਤੀ ਜਾਵੇ। ਹੁਣ ਤਾਂ ਸੁਪਰੀਮ ਕੋਰਟ ਵੱਲੋਂ ਵੀ ਹਰੀ ਝੰਡੀ ਮਿਲ ਚੁੱਕੀ ਹੈ। ਬਦਕਿਸਮਤ ਉਮਰ ਖਾਲਿਦ ਵਰਗੇ ਹਨ, ਜਿਹੜੇ ਬਿਨਾਂ ਮੁਕੱਦਮੇ ਦੇ ਵਰ੍ਹਿਆਂ ਤੋਂ ਜੇਲ੍ਹਾਂ ਵਿੱਚ ਸੜ ਰਹੇ ਹਨ।*

### ਨੇਕੀ ਬਨਾਮ ਬਦੀ

*ਸੱਚ-ਕੁਫਰ ਜਾਂ ਨੇਕੀ ਤੇ ਬਦੀ ਵਾਂਗਰ,*
*ਸਦਾ ਰਹਿਣੇ ਨੇ ਕ੍ਰਿਸ਼ਨ ਤੇ ਕੰਸ ਭਾਈ।*
*ਹੁੰਦਾ ਟਾਕਰਾ ਆਇਆ ਏ ਜ਼ਾਲਮਾਂ ਦਾ,*
*ਖਤਮ ਹੋਈ ਨਾ ਜ਼ੁਲਮ ਦੀ ਅੰਸ ਭਾਈ।*
*ਦੁਨੀਆ ਵਿੱਚ ਜੇ ਬਗਲੇ ਹਨ ਬਹੁਤ ਹੁੰਦੇ,*
*ਵਿਰਲੇ ਕੀਮਤੀ ਹੁੰਦੇ ਜੀਅ ਹੰਸ ਭਾਈ।*
*ਹੱਕ-ਸੱਚ ਇਨਸਾਫ ਲਈ ਆਏ ਲੜਦੇ,*
*ਗਿਣਤੀ ਸੂਰਿਆਂ ਵਾਲੀ ਸਹੰਸ ਭਾਈ।*
*ਜਾਨਾਂ ਲੈਂਦੇ ਇੱਕ ਆ ਜਾਂਦੇ ‘ਦੂਸਰੇ’ ਵੀ,*
*ਰੱਖ ਕੇ ਸਿਰ ਤਲੀ ਜੂਝਣੇ ‘ਵਾਲੜੇ’ ਵੀ।*
*ਜ਼ੁਲਮ-ਓ-ਜਬਰ ਜੇ ਕਦੇ ਵੀ ਮੁੱਕਣੇ ਨੀਂ,*
*ਆਉਂਦੇ ਰਹਿਣਗੇ ਸੂਰਮੇਂ ‘ਖਾਲੜੇ’ ਵੀ!*

*-ਤਰਲੋਚਨ ਸਿੰਘ ਦੁਪਾਲਪੁਰ, 001-408-905-5517*

# ਪੰਜਾਬ ਨੂੰ ਸਦਭਾਵਨਾ ਅਤੇ ਲੋਕ ਭਲਾਈ ਬਾਰੇ ਸੰਵਾਦ ਦੀ ਲੋੜ

***(ਸਮਾਜਾਂ ਨੂੰ ਨਾ ਤਾਂ ਇਤਿਹਾਸ ਦੇ ਔਖੇ ਅਧਿਆਇਆਂ ਨੂੰ ਮਿਟਾਉਣਾ ਚਾਹੀਦਾ ਹੈ ਅਤੇ ਨਾ ਹੀ ਉਨ੍ਹਾਂ ਨੂੰ ਸਿਆਸੀ ਲਾਭ ਲਈ ਵਰਤਣਾ ਚਾਹੀਦਾ ਹੈ। ਅਤੀਤ ਦਾ ਇਮਾਨਦਾਰੀ ਨਾਲ ਅਧਿਐਨ, ਤਰਕਸੰਗਤ ਚਰਚਾ ਅਤੇ ਸਮੁੱਚੇ ਰੂਪ ਵਿੱਚ ਸਮਝ ਹੋਣੀ ਚਾਹੀਦੀ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਉਹੀ ਗਲਤੀਆਂ ਦੁਹਰਾਉਣ ਤੋਂ ਬਚ ਸਕਣ।)***

ਜਿਵੇਂ-ਜਿਵੇਂ ਚੋਣਾਂ ਨੇੜੇ ਆਉਂਦੀਆਂ ਹਨ, ਉਵੇਂ-ਉਵੇਂ ਲੋਕਾਂ ਦਾ ਧਿਆਨ ਸਮਾਜਿਕ ਅਤੇ ਆਰਥਿਕ ਤੌਰ ’ਤੇ ਅਹਿਮ ਮੁੱਦਿਆਂ ਤੋਂ ਹਟਾਉਣ ਲਈ ਨਵੇਂ ਵਿਵਾਦ ਖੜ੍ਹੇ ਕੀਤੇ ਜਾਂਦੇ ਹਨ। ਬੇਰੁਜ਼ਗਾਰੀ, ਕਰਜ਼ਾ, ਸਿੱਖਿਆ, ਸਿਹਤ ਸੇਵਾਵਾਂ ਅਤੇ ਵਿਕਾਸ ਵਰਗੇ ਮੁੱਦਿਆਂ ਦਾ ਹੱਲ ਲੱਭਣ ਦੀ ਥਾਂ ਸਿਆਸੀ ਚਰਚਾ ਵਧੇਰੇ ਭਾਵਨਾਤਮਕ ਮੁੱਦਿਆਂ ਦੇ ਆਲੇ-ਦੁਆਲੇ ਕੇਂਦਰਤ ਕੀਤੀ ਜਾਂਦੀ ਹੈ, ਜੋ ਸਮਾਜ ਵਿੱਚ ਵੰਡ ਨੂੰ ਹੋਰ ਡੂੰਘਾ ਕਰਦੇ ਹਨ ਅਤੇ ਸੱਤਾ ਵਿੱਚ ਬੈਠੇ ਲੋਕਾਂ ਲਈ ਚੋਣੀ ਲਾਭ ਦਾ ਸਾਧਨ ਬਣਦੇ ਹਨ।


1980 ਦੇ ਦਹਾਕੇ ਅਤੇ 1990 ਦੇ ਸ਼ੁਰੂਆਤੀ ਸਾਲਾਂ ਵਿੱਚ ਆਪਣੇ ਇਤਿਹਾਸ ਦੇ ਸਭ ਤੋਂ ਕਾਲੇ ਦੌਰ ਵਿੱਚੋਂ ਲੰਘਣ ਤੋਂ ਬਾਅਦ ਪੰਜਾਬ ਦੇ ਲੋਕਾਂ ਨੇ ਅਮਨ ਬਹਾਲ ਕਰਨ ਅਤੇ ਸਮਾਜ ਨੂੰ ਮੁੜ ਉਸਾਰਨ ਲਈ ਬੇਹੱਦ ਮਿਹਨਤ ਕੀਤੀ, ਪਰ ਪੰਜਾਬ ਦਾ ਇਤਿਹਾਸ ਸਿਰਫ਼ ਟਕਰਾਅ ਦੀ ਕਹਾਣੀ ਨਹੀਂ, ਇਹ ਬਹਾਦਰੀ, ਕੁਰਬਾਨੀ ਅਤੇ ਜ਼ੁਲਮ ਵਿਰੁੱਧ ਡਟ ਕੇ ਮੁਕਾਬਲਾ ਕਰਨ ਦੇ ਜਜ਼ਬੇ ਦਾ ਵੀ ਇਤਿਹਾਸ ਹੈ।

ਸਦੀਆਂ ਤੱਕ ਪੰਜਾਬ ਵਿਦੇਸ਼ੀ ਹਮਲਿਆਂ ਦੇ ਵਿਰੋਧ ਦੀ ਅਗਵਾਈ ਕਰਦਾ ਰਿਹਾ। ਭਾਰਤ ਦੇ ਆਜ਼ਾਦੀ ਸੰਘਰਸ਼ ਦੌਰਾਨ ਵੀ ਇਸ ਨੇ ਬਰਤਾਨਵੀ ਬਸਤੀਵਾਦ ਵਿਰੋਧੀ ਲਹਿਰ ਵਿੱਚ ਅਸਾਧਾਰਨ ਯੋਗਦਾਨ ਪਾਇਆ। ਗ਼ਦਰ ਲਹਿਰ ਅੱਜ ਵੀ ਪੰਜਾਬ ਦੀ ਕ੍ਰਾਂਤੀਕਾਰੀ ਵਿਰਾਸਤ ਦਾ ਸਦੀਵੀ ਪ੍ਰਤੀਕ ਹੈ। ਸ਼ਹੀਦ ਭਗਤ ਸਿੰਘ, ਕਰਤਾਰ ਸਿੰਘ ਸਰਾਭਾ, ਸੁਖਦੇਵ ਥਾਪਰ, ਊਧਮ ਸਿੰਘ, ਲਾਲਾ ਲਾਜਪਤ ਰਾਏ, ਤੇਜਾ ਸਿੰਘ ਸੁਤੰਤਰ, ਸੋਹਣ ਸਿੰਘ ਜੋਸ਼ ਅਤੇ ਅਣਗਿਣਤ ਕਮਿਊਨਿਸਟ ਕ੍ਰਾਂਤੀਕਾਰੀਆਂ ਨੇ ਪੀੜ੍ਹੀਆਂ ਨੂੰ ਸਾਮਰਾਜਵਾਦ ਅਤੇ ਬੇਇਨਸਾਫ਼ੀ ਵਿਰੁੱਧ ਲੜਨ ਲਈ ਪ੍ਰੇਰਿਤ ਕੀਤਾ।

ਬਦਕਿਸਮਤੀ ਨਾਲ, 13 ਅਪ੍ਰੈਲ 1978 ਨੂੰ ਅਖੰਡ ਕੀਰਤਨੀ ਜਥਾ, ਦਮਦਮੀ ਟਕਸਾਲ ਅਤੇ ਨਿਰੰਕਾਰੀ ਸਮਾਗਮ ਵਿਚਕਾਰ ਹੋਈ ਝੜਪ ਤੋਂ ਬਾਅਦ ਇਤਿਹਾਸ ਨੇ ਇੱਕ ਦੁਖਦਾਈ ਮੋੜ ਲਿਆ। ਇਹ ਲੰਮੇ ਸਮੇਂ ਤੱਕ ਚੱਲੀ ਅਸਥਿਰਤਾ ਦੇ ਦੌਰ ਦੀ ਸ਼ੁਰੂਆਤ ਸੀ। ਹੌਲੀ-ਹੌਲੀ ਪੰਜਾਬ ਅੱਤਵਾਦ, ਵੱਖਵਾਦ ਅਤੇ ਰਾਜਕੀ ਦਮਨ ਦੀ ਲਪੇਟ ਵਿੱਚ ਆ ਗਿਆ, ਜਿਸ ਕਾਰਨ ਇੱਥੋਂ ਦੇ ਲੋਕਾਂ ਨੂੰ ਸਾਲਾਂ ਤੱਕ ਹਿੰਸਾ ਅਤੇ ਡਰ ਦਾ ਸਾਹਮਣਾ ਕਰਨਾ ਪਿਆ।

ਸਰਕਾਰੀ ਅੰਕੜਿਆਂ ਅਨੁਸਾਰ, 1981 ਤੋਂ 1993 ਦਰਮਿਆਨ ਪੰਜਾਬ ਵਿੱਚ ਅੱਤਵਾਦ ਕਾਰਨ 21,350 ਲੋਕਾਂ ਦੀ ਜਾਨ ਗਈ। ਇਨ੍ਹਾਂ ਵਿੱਚ 11,690 ਆਮ ਨਾਗਰਿਕ ਅਤੇ ਰਾਜਨੀਤਕ ਆਗੂ, 1,714 ਪੁਲਸ ਅਤੇ ਅਰਧ-ਸੈਨਿਕ ਬਲਾਂ ਦੇ ਜਵਾਨ ਅਤੇ 7,946 ਅੱਤਵਾਦੀ ਸ਼ਾਮਲ ਸਨ। ਇਸ ਦੁਖਦਾਈ ਦੌਰ ਵਿੱਚ ਹਰ ਧਰਮ ਅਤੇ ਹਰ ਭਾਈਚਾਰੇ ਦੇ ਲੋਕਾਂ ਨੇ ਦੁੱਖ ਅਤੇ ਨੁਕਸਾਨ ਝੱਲਿਆ।

ਸ਼ੁਰੂਆਤੀ ਦੌਰ ਵਿੱਚ ਪੁਲਸ ਬਲ ਦਾ ਮਨੋਬਲ ਡਿੱਗਿਆ ਹੋਇਆ ਸੀ ਅਤੇ ਉਹ ਹਥਿਆਰਬੰਦ ਅੱਤਵਾਦੀਆਂ ਦਾ ਸਾਹਮਣਾ ਕਰਨ ਤੋਂ ਹਿਚਕਚਾ ਰਿਹਾ ਸੀ। ਜੂਲੀਓ ਰਿਬੇਰੋ ਦੀ ਪੁਲਸ ਮਹਾਂਨਿਰਦੇਸ਼ਕ (ਡੀ ਜੀ ਪੀ) ਵਜੋਂ ਨਿਯੁਕਤੀ ਇੱਕ ਮਹੱਤਵਪੂਰਨ ਮੋੜ ਸਾਬਤ ਹੋਈ, ਕਿਉਂਕਿ ਉਨ੍ਹਾ ਪੁਲਸ ਬਲ ਵਿੱਚ ਮੁੜ ਆਤਮਵਿਸ਼ਵਾਸ ਪੈਦਾ ਕੀਤਾ ਅਤੇ ਉਸ ਨੂੰ ਕਾਨੂੰਨ-ਵਿਵਸਥਾ ਅਤੇ ਫਿਰਕੂ ਸਦਭਾਵਨਾ ਦੀ ਰੱਖਿਆ ਲਈ ਪ੍ਰੇਰਿਤ ਕੀਤਾ। ਬਾਅਦ ਵਿੱਚ ਉਨ੍ਹਾ ਦੀ ਥਾਂ ਕੇ ਪੀ ਐਸ ਗਿੱਲ ਨੇ ਸੰਭਾਲੀ, ਜਿਨ੍ਹਾ ਦੀ ਅਗਵਾਈ ਹੇਠ ਅੱਤਵਾਦ ਵਿਰੋਧੀ ਮੁਹਿੰਮ ਹੋਰ ਤੇਜ਼ ਹੋ ਗਈ।



ਡਾ. ਅਰੁਣ ਮਿਤਰਾ

ਇਨ੍ਹਾਂ ਔਖੇ ਸਾਲਾਂ ਦੌਰਾਨ ਭਾਰਤੀ ਕਮਿਊਨਿਸਟ ਪਾਰਟੀ ਦੇ ਵੱਡੀ ਗਿਣਤੀ ਵਿੱਚ ਕੇਡਰ ਨੇ ਦੇਸ਼ ਦੀ ਅਖੰਡਤਾ ਅਤੇ ਪ੍ਰਭੂਸੱਤਾ ਦੀ ਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ ਅਤੇ ‘ਨਾ ਹਿੰਦੂ ਰਾਜ, ਨਾ ਖਾਲਿਸਤਾਨ’ ਦਾ ਨਾਅਰਾ ਲੋਕਪ੍ਰਿਯ ਬਣਾਇਆ, ਜੋ ਫਿਰਕੂ ਬਹੁਸੰਖਿਆਕਵਾਦ ਅਤੇ ਵੱਖਵਾਦ, ਦੋਵਾਂ ਦੇ ਵਿਰੋਧ ਨੂੰ ਦਰਸਾਉਂਦਾ ਸੀ। ਇਸੇ ਤਰ੍ਹਾਂ ਪੰਜਾਬ ਦੇ ਲੋਕਾਂ ਵੱਲੋਂ ਇਸ ਪੂਰੇ ਦੌਰ ਵਿੱਚ ਦਿਖਾਇਆ ਗਿਆ ਸੰਜਮ ਵੀ ਬੇਹੱਦ ਮਹੱਤਵਪੂਰਨ ਸੀ। 1984 ਦੇ ਭਿਆਨਕ ਸਿੱਖ ਵਿਰੋਧੀ ਕਤਲੇਆਮ ਤੋਂ ਬਾਅਦ ਵੀ ਪੰਜਾਬ ਵਿੱਚ ਕਦੇ ਵੀ ਬਦਲੇ ਦੀ ਭਾਵਨਾ ਨਾਲ ਫਿਰਕੂ ਦੰਗੇ ਨਹੀਂ ਹੋਏ, ਜੋ ਇਸ ਦੇ ਸਮਾਜਿਕ ਤਾਣੇ-ਬਾਣੇ ਦੀ ਮਜ਼ਬੂਤੀ ਦਾ ਪ੍ਰਮਾਣ ਹੈ।

ਵਿਗੜਦੇ ਹਾਲਾਤ ਦਾ ਅੰਤ ਜੂਨ 1984 ਵਿੱਚ ਅਪਰੇਸ਼ਨ ਬਲੂ ਸਟਾਰ ਦੇ ਰੂਪ ਵਿੱਚ ਹੋਇਆ। ਇਸ ਫੌਜੀ ਕਾਰਵਾਈ ਨੇ ਸਿੱਖ ਭਾਈਚਾਰੇ ਦੇ ਇੱਕ ਵੱਡੇ ਹਿੱਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ। ਭਾਵੇਂ ਸਰਕਾਰ ਵੱਲੋਂ ਨੁਕਸਾਨ ਪਹੁੰਚੇ ਅਕਾਲ ਤਖ਼ਤ ਦਾ ਮੁੜ ਨਿਰਮਾਣ ਕਰਵਾਇਆ ਗਿਆ ਸੀ, ਪਰ ਬਾਅਦ ਵਿੱਚ ਸਿੱਖ ਭਾਈਚਾਰੇ ਨੇ ਇਸ ਨੂੰ ਆਪਣੇ ਯਤਨਾਂ ਨਾਲ ਦੁਬਾਰਾ ਬਣਾਇਆ।

ਇਨ੍ਹਾਂ ਘਟਨਾਵਾਂ ਦੇ ਨਤੀਜੇ ਵਜੋਂ ਆਖ਼ਰਕਾਰ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਹੋਈ। ਕੀ ਅਪਰੇਸ਼ਨ ਬਲੂ ਸਟਾਰ ਟਾਲਿਆ ਨਹੀਂ ਜਾ ਸਕਦਾ ਸੀ ਜਾਂ ਕੀ ਇਸ ਦੇ ਬਦਲੇ ਹੋਰ ਰਾਹ ਅਪਣਾਏ ਜਾ ਸਕਦੇ ਸਨ, ਇਹ ਅੱਜ ਵੀ ਚਰਚਾ ਦਾ ਵਿਸ਼ਾ ਹੈ। ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਉਸ ਸਮੇਂ ਪੰਜਾਬ ਡਰ ਦੇ ਮਾਹੌਲ ਵਿੱਚ ਘਿਰਿਆ ਹੋਇਆ ਸੀ। ਅੱਤਵਾਦੀਆਂ ਨੇ ਕਰਫ਼ਿਊ ਲਗਾਏ, ਰੋਜ਼ਾਨਾ ਜੀਵਨ ਨੂੰ ਨਿਯੰਤਰਿਤ ਕਰਨ ਲਈ ਹੁਕਮ ਜਾਰੀ ਕੀਤੇ, ਲੋਕਾਂ ਨੂੰ ਆਜ਼ਾਦੀ ਦਿਵਸ ਨਾ ਮਨਾਉਣ ਲਈ ਕਿਹਾ ਅਤੇ ਖ਼ਾਸ ਕਰਕੇ ਔਰਤਾਂ ਲਈ ਪਹਿਰਾਵੇ ਸੰਬੰਧੀ ਨਿਯਮ ਵੀ ਲਾਗੂ ਕੀਤੇ। ਭਾਈਚਾਰੇ ਜਾਂ ਧਾਰਮਿਕ ਪਛਾਣ ਤੋਂ ਇਲਾਵਾ ਲੋਕਾਂ ਵਿੱਚ ਡਰ ਅਤੇ ਅਵਿਸ਼ਵਾਸ ਦੀ ਡੂੰਘੀ ਭਾਵਨਾ ਮੌਜੂਦ ਸੀ।

ਜਦੋਂ ਅੱਤਵਾਦ ਨੇ ਮੁੜ ਸਿਰ ਚੁੱਕਿਆ ਤਾਂ 1986 ਵਿੱਚ ਅਕਾਲੀ ਸਰਕਾਰ ਦੇ ਦੌਰਾਨ ਅਪਰੇਸ਼ਨ ਬਲੈਕ ਥੰਡਰ ਸ਼ੁਰੂ ਕੀਤਾ ਗਿਆ, ਜਿਸ ਤੋਂ ਬਾਅਦ 1988 ਵਿੱਚ ਇੱਕ ਲੰਮੀ ਮੁਹਿੰਮ ਚਲਾਈ ਗਈ, ਜਿਸ ਰਾਹੀਂ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚੋਂ ਅੱਤਵਾਦੀਆਂ ਨੂੰ ਕਾਮਯਾਬੀ ਨਾਲ ਬਾਹਰ ਕੱਢਿਆ ਗਿਆ। ਅਪਰੇਸ਼ਨ ਬਲੂ ਸਟਾਰ ਤੋਂ ਵੱਖਰਾ ਬਲੈਕ ਥੰਡਰ ਕਾਫ਼ੀ ਵੱਧ ਪਾਰਦਰਸ਼ੀ ਢੰਗ ਨਾਲ ਚਲਾਇਆ ਗਿਆ ਅਤੇ ਇਸ ਕਰਕੇ ਇਸ ਵਿਰੁੱਧ ਲੋਕਾਂ ਵਿੱਚ ਬਹੁਤ ਘੱਟ ਰੋਸ ਪੈਦਾ ਹੋਇਆ।

ਫਿਰ ਵੀ ਕਈ ਮਹੱਤਵਪੂਰਨ ਸਵਾਲ ਅਜੇ ਵੀ ਬੇਜਵਾਬ ਹਨ। ਏਨੀ ਵੱਡੀ ਮਾਤਰਾ ਵਿੱਚ ਆਧੁਨਿਕ ਹਥਿਆਰ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਅਸਥਾਨਾਂ ਵਿੱਚੋਂ ਇੱਕ ਤੱਕ ਕਿਵੇਂ ਪਹੁੰਚੇ? ਇਹ ਵੀ ਸਪੱਸ਼ਟ ਹੈ ਕਿ ਵੱਖਵਾਦੀ ਲਹਿਰ ਦੇ ਕੁਝ ਹਿੱਸਿਆਂ ਨੂੰ ਪਾਕਿਸਤਾਨ ਅਤੇ ਕੈਨੇਡਾ ਤੇ ਯੂਨਾਈਟਿਡ ਕਿੰਗਡਮ ਵਿੱਚ ਅਧਾਰਤ ਕੱਟੜਪੰਥੀ ਗਰੁੱਪਾਂ ਤੋਂ ਵਿੱਤੀ ਅਤੇ ਰਾਜਨੀਤਕ ਸਮਰਥਨ ਮਿਲਿਆ।

ਇਸ ਦੌਰ ਨੇ ਕੇਂਦਰ ਸਰਕਾਰ ਵੱਲੋਂ ਹਾਲਾਤ ਨਾਲ ਨਜਿੱਠਣ ਵਿੱਚ ਰਹੀਆਂ ਗੰਭੀਰ ਕਮਜ਼ੋਰੀਆਂ ਅਤੇ ਰਾਜ ਦੀਆਂ ਏਜੰਸੀਆਂ ਵੱਲੋਂ ਕੀਤੇ ਗਏ ਦੁਰਵਿਹਾਰ ਨੂੰ ਵੀ ਉਜਾਗਰ ਕੀਤਾ। ਜਿੱਥੇ ਹਜ਼ਾਰਾਂ ਪੁਲਸ ਕਰਮਚਾਰੀਆਂ ਨੇ ਅੱਤਵਾਦ ਵਿਰੁੱਧ ਬਹਾਦਰੀ ਨਾਲ ਲੜਾਈ ਲੜੀ, ਉਥੇ ਹੀ ਕਈ ਮਾਮਲਿਆਂ ਵਿੱਚ ਨਿਆਂਇਕ ਪ੍ਰਕਿਰਿਆ ਤੋਂ ਬਿਨਾਂ ਹੱਤਿਆਵਾਂ, ਜ਼ਬਰਦਸਤੀ ਗਾਇਬ ਕੀਤੇ ਜਾਣ, ਗੈਰ-ਕਾਨੂੰਨੀ ਵਸੂਲੀ ਅਤੇ ਅਧਿਕਾਰਾਂ ਦੀ ਦੁਰਵਰਤੋਂ ਵੀ ਹੋਈ। ਕੁਝ ਅਧਿਕਾਰੀਆਂ ਅਤੇ ਹੋਰ ਵਿਅਕਤੀਆਂ ਨੇ ਉਸ ਸਮੇਂ ਦੀ ਕਾਨੂੰਨਹੀਣਤਾ ਦਾ ਫ਼ਾਇਦਾ ਚੁੱਕ ਕੇ ਬੇਹਿਸਾਬ ਦੌਲਤ ਇਕੱਠੀ ਕੀਤੀ। ਇਨ੍ਹਾਂ ਉਲੰਘਣਾਵਾਂ ਨੇ ਲੋਕਾਂ ਦਾ ਭਰੋਸਾ ਕਮਜ਼ੋਰ ਕੀਤਾ ਅਤੇ ਨਾਰਾਜ਼ਗੀ ਨੂੰ ਹੋਰ ਡੂੰਘਾ ਕੀਤਾ। ਦੂਜੇ ਪਾਸੇ, ਅੱਤਵਾਦੀ ਗਰੁੱਪਾਂ ਨੇ ਆਮ ਨਾਗਰਿਕਾਂ ਉੱਤੇ ਵੀ ਨਿਰਦਈ ਹਮਲੇ ਕੀਤੇ, ਜਿਸ ਕਾਰਨ ਉਹ ਉਸੇ ਲੋਕਾਈ ਤੋਂ ਦੂਰ ਹੋ ਗਏ, ਜਿਸ ਦੀ ਨੁਮਾਇੰਦਗੀ ਕਰਨ ਦਾ ਉਹ ਦਾਅਵਾ ਕਰਦੇ ਸਨ। ਜਿਵੇਂ-ਜਿਵੇਂ ਲੋਕ ਸਮਰਥਨ ਘਟਦਾ ਗਿਆ, ਅੱਤਵਾਦ ਵੀ ਹੌਲੀ-ਹੌਲੀ ਕਮਜ਼ੋਰ ਪੈਂਦਾ ਗਿਆ ਅਤੇ 1993 ਤੱਕ ਵੱਡੇ ਪੱਧਰ ’ਤੇ ਹਾਰ ਚੁੱਕਾ ਸੀ।

ਹਜ਼ਾਰਾਂ ਪੀੜਤਾਂ ਲਈ ਇਨਸਾਫ਼ ਅੱਜ ਵੀ ਦੂਰ ਦੀ ਗੱਲ ਹੈ। ਅਨੇਕਾਂ ਪਰਵਾਰ ਇੱਕੋ ਰਾਤ ਵਿੱਚ ਤਬਾਹ ਹੋ ਗਏ। ਪੰਜਾਬ ਇਸਤਰੀ ਸਭਾ ਦੀ ਮੌਜੂਦਾ ਸੂਬਾ ਸਕੱਤਰ ਨਰਿੰਦਰ ਸੋਹਲ ਨੇ ਛੋਟੀ ਉਮਰ ਵਿੱਚ ਹੀ ਅੱਤਵਾਦੀਆਂ ਹੱਥੋਂ ਆਪਣੇ ਪਰਵਾਰ ਦੀ ਹੱਤਿਆ ਆਪਣੀਆਂ ਅੱਖਾਂ ਨਾਲ ਦੇਖੀ। ਉਨ੍ਹਾਂ ਵਰਗੇ ਬਚੇ ਹੋਏ ਲੋਕਾਂ ਨੇ ਸਾਰੀ ਉਮਰ ਜੋ ਮਾਨਸਿਕ ਸਦਮਾ ਝੱਲਿਆ, ਉਸ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ। ਹਜ਼ਾਰਾਂ ਬੱਚਿਆਂ ਨੇ ਆਪਣੇ ਮਾਪਿਆਂ, ਸਿੱਖਿਆ, ਸੁਰੱਖਿਆ ਅਤੇ ਭਵਿੱਖ ਦੇ ਮੌਕੇ ਗੁਆ ਦਿੱਤੇ। ਉਨ੍ਹਾਂ ਦੀਆਂ ਕਹਾਣੀਆਂ ਵੀ ਉਸ ਹਿੰਸਕ ਦੌਰ ਦੇ ਹਰ ਹੋਰ ਪੀੜਤ ਦੀ ਤਰ੍ਹਾਂ ਮਾਨਤਾ ਦੀਆਂ ਹੱਕਦਾਰ ਹਨ। ਇਤਿਹਾਸ ਨੂੰ ਚੋਣਵੇਂ ਢੰਗ ਨਾਲ ਯਾਦ ਕਰਕੇ ਨਹੀਂ ਸਮਝਿਆ ਜਾ ਸਕਦਾ, ਇਸ ਲਈ ਇੱਕ ਵਿਆਪਕ ਅਤੇ ਸੰਤੁਲਿਤ ਮੁਲਾਂਕਣ ਦੀ ਲੋੜ ਹੁੰਦੀ ਹੈ।

ਇਸ ਲਈ ਇਹ ਬਹੁਤ ਹੀ ਦੁੱਖਦਾਈ ਹੈ ਕਿ ਇੱਕ ਵਾਰ ਫਿਰ ਉਨ੍ਹਾਂ ਦਰਦਨਾਕ ਘਟਨਾਵਾਂ ਤੋਂ ਰਾਜਨੀਤਕ ਲਾਭ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਸੰਦਰਭ ਵਿੱਚ ਕੇਂਦਰ ਸਰਕਾਰ ਵੱਲੋਂ ਪਹਿਲਾਂ ‘ਸਤਲੁਜ’ ਫ਼ਿਲਮ ਨੂੰ ਇੱਕ ਓ ਟੀ ਟੀ ਪਲੇਟਫਾਰਮ ’ਤੇ ਰਿਲੀਜ਼ ਕਰਨ ਦੀ ਮਨਜ਼ੂਰੀ ਦੇਣਾ ਅਤੇ ਫਿਰ ਉਸ ਮਨਜ਼ੂਰੀ ਨੂੰ ਵਾਪਸ ਲੈ ਲੈਣਾ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਇਹ ਕਦਮ ਮੇਲ-ਮਿਲਾਪ ਨੂੰ ਉਤਸ਼ਾਹਤ ਕਰਨ ਦੀ ਬਜਾਏ ਫਿਰਕੂ ਵੰਡ ਪੈਦਾ ਕਰਨ ਦੇ ਉਦੇਸ਼ ਨਾਲ ਚੁੱਕਿਆ ਗਿਆ ਜਾਪਦਾ ਹੈ। ਦੂਜੇ ਪਾਸੇ, ਦ ਕਸ਼ਮੀਰ ਫ਼ਾਈਲਜ਼, ਧੁਰੰਧਰ ਅਤੇ ਦ ਕੇਰਲਾ ਸਟੋਰੀ ਵਰਗੀਆਂ ਫ਼ਿਲਮਾਂ, ਜਿਨ੍ਹਾਂ ਦੇ ਕਥਾਨਕਾਂ ਨੂੰ ਕਈ ਆਲੋਚਕਾਂ ਅਤੇ ਇਤਿਹਾਸਕਾਰਾਂ ਨੇ ਚੁਣੌਤੀ ਦਿੱਤੀ ਹੈ, ਨਾ ਸਿਰਫ਼ ਰਿਲੀਜ਼ ਹੋਈਆਂ, ਸਗੋਂ ਖ਼ੁਦ ਪ੍ਰਧਾਨ ਮੰਤਰੀ ਵੱਲੋਂ ਜਨਤਕ ਤੌਰ ’ਤੇ ਉਨ੍ਹਾਂ ਦਾ ਸਮਰਥਨ ਵੀ ਕੀਤਾ ਗਿਆ। ਵਿਡੰਬਨਾ ਇਹ ਹੈ ਕਿ ਸਤਲੁਜ ਨੂੰ ਦਬਾਉਣ ਦੀ ਇਸ ਕੋਸ਼ਿਸ਼ ਨੇ ਲੋਕਾਂ ਦੀ ਉਤਸੁਕਤਾ ਹੋਰ ਵਧਾ ਦਿੱਤੀ ਅਤੇ ਨਤੀਜੇ ਵਜੋਂ ਪੰਜਾਬ ਭਰ ਵਿੱਚ ਬਹੁਤ ਸਾਰੇ ਲੋਕਾਂ ਨੇ ਇਸ ਨੂੰ ਗੈਰ-ਅਧਿਕਾਰਤ ਮਾਧਿਅਮਾਂ ਰਾਹੀਂ ਦੇਖਿਆ।

ਜਸਵੰਤ ਸਿੰਘ ਖਾਲੜਾ ਨੇ ਸ਼ਮਸ਼ਾਨਘਾਟਾਂ ਦੇ ਰਿਕਾਰਡਾਂ ਅਤੇ ਸਰਕਾਰੀ ਦਸਤਾਵੇਜ਼ਾਂ ਦੀ ਬੜੀ ਬਾਰੀਕੀ ਨਾਲ ਜਾਂਚ ਕਰਕੇ ਕਥਿਤ ਗੈਰ-ਕਾਨੂੰਨੀ ਪੁਲਸ ਹੱਤਿਆਵਾਂ ਦਾ ਦਸਤਾਵੇਜ਼ੀਕਰਨ ਕੀਤਾ ਸੀ। ਬਾਅਦ ਵਿੱਚ ਉਨ੍ਹਾ ਨੂੰ ਅਗਵਾ ਕਰ ਲਿਆ ਗਿਆ ਅਤੇ ਉਹ ਲਾਪਤਾ ਹੋ ਗਏ। ਹਾਲ ਹੀ ਵਿੱਚ ਰਿਲੀਜ਼ ਹੋਈ ਫ਼ਿਲਮ ‘ਸਤਲੁਜ’, ਜਿਸ ਵਿੱਚ ਦਿਲਜੀਤ ਦੋਸਾਂਝ ਨੇ ਮੁੱਖ ਭੂਮਿਕਾ ਨਿਭਾਈ ਹੈ, ਦੀਆਂ ਕਈ ਪਿੰਡਾਂ ਵਿੱਚ ਨਿੱਜੀ ਸਕ੍ਰੀਨਿੰਗਾਂ ਕੀਤੀਆਂ ਗਈਆਂ ਹਨ ਅਤੇ ਖ਼ਬਰਾਂ ਅਨੁਸਾਰ ਪੰਜਾਬ ਦੀ ਵੱਡੀ ਆਬਾਦੀ ਇਸ ਨੂੰ ਪਹਿਲਾਂ ਹੀ ਦੇਖ ਚੁੱਕੀ ਹੈ।

ਸਮਾਜਾਂ ਨੂੰ ਨਾ ਤਾਂ ਇਤਿਹਾਸ ਦੇ ਔਖੇ ਅਤੇ ਦੁਖਦਾਈ ਅਧਿਆਇਆਂ ਨੂੰ ਮਿਟਾਉਣਾ ਚਾਹੀਦਾ ਹੈ ਅਤੇ ਨਾ ਹੀ ਉਨ੍ਹਾਂ ਦਾ ਸਿਆਸੀ ਲਾਭ ਲਈ ਇਸਤੇਮਾਲ ਕਰਨਾ ਚਾਹੀਦਾ ਹੈ। ਅਤੀਤ ਦਾ ਇਮਾਨਦਾਰੀ ਨਾਲ ਅਧਿਐਨ ਹੋਣਾ ਚਾਹੀਦਾ ਹੈ, ਤਰਕਸੰਗਤ ਢੰਗ ਨਾਲ ਉਸ ਉੱਤੇ ਵਿਚਾਰ-ਵਟਾਂਦਰਾ ਹੋਣਾ ਚਾਹੀਦਾ ਹੈ ਅਤੇ ਉਸ ਨੂੰ ਉਸ ਦੇ ਪੂਰੇ ਪ੍ਰਸੰਗ ਵਿੱਚ ਸਮਝਣਾ ਚਾਹੀਦਾ ਹੈ, ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਉਹੀ ਗਲਤੀਆਂ ਦੁਬਾਰਾ ਨਾ ਦੁਹਰਾਉਣ।

ਅੱਜ ਦਾ ਪੰਜਾਬ ਤਿੰਨ ਦਹਾਕੇ ਪਹਿਲਾਂ ਦੇ ਮੁਕਾਬਲੇ ਕਾਫ਼ੀ ਵੱਧ ਸ਼ਾਂਤਮਈ ਹੈ, ਪਰ ਇਸ ਦੇ ਨਾਲ ਹੀ ਨਵੀਆਂ ਚੁਣੌਤੀਆਂ ਵੀ ਸਾਹਮਣੇ ਆਈਆਂ ਹਨ। ਸੰਗਠਿਤ ਅਪਰਾਧ, ਨਸ਼ਿਆਂ ਦੀ ਤਸਕਰੀ, ਫਿਰੌਤੀ ਅਤੇ ਅੰਤਰਰਾਸ਼ਟਰੀ ਅਪਰਾਧਿਕ ਗਰੋਹ ਜਨਤਕ ਸੁਰੱਖਿਆ ਲਈ ਵਧਦਾ ਖ਼ਤਰਾ ਬਣ ਰਹੇ ਹਨ। ਕਾਨੂੰਨ ਲਾਗੂ ਕਰਨ ਵਾਲੇ ਅਧਿਕਾਰੀਆਂ ਦੇ ਨਾਂਅ ਨਾਲ ਜੁੜੀਆਂ ਵੱਡੇ ਪੱਧਰ ਦੀਆਂ ਫਿਰੌਤੀ ਮੰਗਣ ਦੀਆਂ ਰਿਪੋਰਟਾਂ ਇਸ ਸਥਿਤੀ ਦੀ ਗੰਭੀਰਤਾ ਨੂੰ ਦਰਸਾਉਂਦੀਆਂ ਹਨ।

ਪੰਜਾਬ ਪਹਿਲਾਂ ਹੀ ਨਫ਼ਰਤ ਅਤੇ ਵੰਡ ਦੀ ਬਹੁਤ ਵੱਡੀ ਕੀਮਤ ਅਦਾ ਕਰ ਚੁੱਕਾ ਹੈ। ਅੱਜ ਦੀ ਲੋੜ ਪੁਰਾਣੇ ਜ਼ਖ਼ਮਾਂ ਨੂੰ ਚੋਣਾਵੀ ਲਾਭ ਲਈ ਮੁੜ ਹਰਾ ਕਰਨ ਦੀ ਨਹੀਂ, ਸਗੋਂ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਨ, ਲੋਕਤੰਤਰੀ ਕਦਰਾਂ-ਕੀਮਤਾਂ ਦੀ ਰੱਖਿਆ ਕਰਨ, ਰੁਜ਼ਗਾਰ ਦੇ ਮੌਕੇ ਪੈਦਾ ਕਰਨ, ਸਿੱਖਿਆ ਅਤੇ ਸਿਹਤ ਸੇਵਾਵਾਂ ਵਿੱਚ ਸੁਧਾਰ ਲਿਆਉਣ, ਆਰਥਿਕਤਾ ਨੂੰ ਮੁੜ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਬਿਹਤਰ ਭਵਿੱਖ ਯਕੀਨੀ ਬਣਾਉਣ ਦੀ ਹੈ। ਜਨਤਕ ਚਰਚਾ ਦਾ ਕੇਂਦਰ ਇਨ੍ਹਾਂ ਤੁਰੰਤ ਅਤੇ ਅਹਿਮ ਚੁਣੌਤੀਆਂ ਉੱਤੇ ਹੋਣਾ ਚਾਹੀਦਾ ਹੈ, ਨਾ ਕਿ ਉਹਨਾਂ ਮੁੱਦਿਆਂ ਉੱਤੇ ਜੋ ਸਮਾਜਿਕ ਸ਼ਾਂਤੀ ਨੂੰ ਭੰਗ ਕਰਨ ਅਤੇ ਆਪਸੀ ਭਰੋਸੇ ’ਤੇ ਸਹਿ-ਅਸਤਿਤਵ ਦੇ ਰਿਸ਼ਤਿਆਂ ਨੂੰ ਕਮਜ਼ੋਰ ਕਰਨ ਦਾ ਖ਼ਤਰਾ ਪੈਦਾ ਕਰ ਸਕਦੇ ਹਨ।

**# ਸੰਪਰਕ : 94170-00360**

# ਆਫਲਾਈਨ ਹੀ ਨਵੀਂ ਸ਼ਾਨੋ-ਸ਼ੌਕਤ

ਅੱਜ ਦਾ ਯੁੱਗ ਡਿਜੀਟਲ ਕ੍ਰਾਂਤੀ ਦਾ ਯੁੱਗ ਹੈ। ਸਮਾਰਟ ਫੋਨ, ਇੰਟਰਨੈੱਟ ਅਤੇ ਸੋਸ਼ਲ ਮੀਡੀਆ ਨੇ ਸਾਡੇ ਜੀਵਨ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਇੱਕ ਪਾਸੇ ਤਕਨਾਲੋਜੀ ਨੇ ਸੰਚਾਰ, ਸਿੱਖਿਆ, ਵਪਾਰ ਅਤੇ ਮਨੋਰੰਜਨ ਨੂੰ ਬਹੁਤ ਆਸਾਨ ਬਣਾ ਦਿੱਤਾ ਹੈ, ਪਰ ਦੂਜੇ ਪਾਸੇ ਇਸ ਨੇ ਮਨੁੱਖ ਨੂੰ ਹਰ ਸਮੇਂ ਆਨਲਾਈਨ ਰਹਿਣ ਦੀ ਆਦਤ ਵੀ ਪਾ ਦਿੱਤੀ ਹੈ। ਅਜਿਹੇ ਸਮੇਂ ਵਿੱਚ ਕੁਝ ਘੰਟੇ ਜਾਂ ਕੁਝ ਦਿਨ ਡਿਜੀਟਲ ਦੁਨੀਆ ਤੋਂ ਦੂਰ ਰਹਿਣਾ ਆਪਣੇ ਆਪ ਵਿੱਚ ਇੱਕ ਵਿਲੱਖਣ ਅਨੁਭਵ ਬਣ ਗਿਆ ਹੈ। ਇਸੇ ਲਈ ਅੱਜ ਇਹ ਕਿਹਾ ਜਾਣ ਲੱਗਾ ਹੈ ਕਿ ‘ਆਫਲਾਈਨ ਹੀ ਨਵੀਂ ਸ਼ਾਨੋ-ਸ਼ੌਕਤ ਹੈ।’

ਪਹਿਲਾਂ ਸ਼ਾਨੋ-ਸ਼ੌਕਤ ਦਾ ਅਰਥ ਵੱਡੇ ਘਰਾਂ, ਮਹਿੰਗੀਆਂ ਗੱਡੀਆਂ, ਵਿਦੇਸ਼ੀ ਯਾਤਰਾਵਾਂ ਅਤੇ ਕੀਮਤੀ ਵਸਤਾਂ ਨਾਲ ਜੋੜਿਆ ਜਾਂਦਾ ਸੀ, ਪਰ ਅੱਜ ਦੇ ਸਮੇਂ ਵਿੱਚ ਮਨ ਦੀ ਸ਼ਾਂਤੀ, ਆਪਣੇ ਲਈ ਸਮਾਂ ਅਤੇ ਡਿਜੀਟਲ ਵਿਘਨਾਂ ਤੋਂ ਮੁਕਤ ਜੀਵਨ ਵੀ ਇੱਕ ਕਿਸਮ ਦੀ ਦੌਲਤ ਬਣ ਗਏ ਹਨ। ਜਿਹੜਾ ਵਿਅਕਤੀ ਕੁਝ ਸਮੇਂ ਲਈ ਆਪਣਾ ਫੋਨ ਬੰਦ ਕਰਕੇ ਕੁਦਰਤ ਦੇ ਨੇੜੇ ਰਹਿ ਸਕਦਾ ਹੈ, ਪਰਵਾਰ ਨਾਲ ਸਮਾਂ ਬਿਤਾ ਸਕਦਾ ਹੈ ਅਤੇ ਆਪਣੇ ਮਨ ਦੀ ਆਵਾਜ਼ ਸੁਣ ਸਕਦਾ ਹੈ, ਉਹ ਅਸਲ ਵਿੱਚ ਆਧੁਨਿਕ ਯੁੱਗ ਦੀ ਸਭ ਤੋਂ ਵੱਡੀ ਸ਼ਾਨ ਦਾ ਅਨੁਭਵ ਕਰ ਰਿਹਾ ਹੈ।ਤਕਨਾਲੋਜੀ ਨੇ ਮਨੁੱਖੀ ਜੀਵਨ ਨੂੰ ਬੇਹੱਦ ਸੁਵਿਧਾਜਨਕ ਬਣਾਇਆ ਹੈ। ਅੱਜ ਅਸੀਂ ਘਰ ਬੈਠੇ ਖਰੀਦਦਾਰੀ ਕਰ ਸਕਦੇ ਹਾਂ, ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਬੈਠੇ ਵਿਅਕਤੀ ਨਾਲ ਤੁਰੰਤ ਸੰਪਰਕ ਕਰ ਸਕਦੇ ਹਾਂ ਅਤੇ ਅਣਗਿਣਤ ਜਾਣਕਾਰੀਆਂ ਕੁਝ ਸਕਿੰਟਾਂ ਵਿੱਚ ਪ੍ਰਾਪਤ ਕਰ ਸਕਦੇ ਹਾਂ, ਪਰ ਇਸ ਸਹੂਲਤ ਦੀ ਕੀਮਤ ਵੀ ਚੁਕਾਉਣੀ ਪੈ ਰਹੀ ਹੈ। ਹਰ ਸਮੇਂ ਆਨਲਾਈਨ ਰਹਿਣ ਦਾ ਦਬਾਅ ਮਨੁੱਖ ਦੀ ਮਾਨਸਿਕ ਸ਼ਾਂਤੀ ਨੂੰ ਪ੍ਰਭਾਵਤ ਕਰ ਰਿਹਾ ਹੈ। ਨੋਟੀਫਿਕੇਸ਼ਨਾਂ, ਈ-ਮੇਲਾਂ ਅਤੇ ਸੋਸ਼ਲ ਮੀਡੀਆ ਦੀ ਲਗਾਤਾਰ ਭੀੜ ਕਾਰਨ ਮਨ ਨੂੰ ਕਦੇ ਵੀ ਪੂਰੀ ਤਰ੍ਹਾਂ ਆਰਾਮ ਨਹੀਂ ਮਿਲਦਾ।



ਵਿਜੈ ਗਰਗ

ਮਾਨਸਿਕ ਸਿਹਤ ਦੇ ਮਾਹਰਾਂ ਦਾ ਮੰਨਣਾ ਹੈ ਕਿ ਬੇਹੱਦ ਸਕ੍ਰੀਨ ਸਮਾਂ ਤਣਾਅ, ਚਿੰਤਾ, ਨੀਂਦ ਦੀ ਕਮੀ ਅਤੇ ਧਿਆਨ ਵਿੱਚ ਘਾਟ ਦਾ ਕਾਰਨ ਬਣ ਸਕਦਾ ਹੈ। ਜਦੋਂ ਮਨੁੱਖ ਕੁਝ ਸਮੇਂ ਲਈ ਆਫਲਾਈਨ ਹੁੰਦਾ ਹੈ, ਤਾਂ ਉਸ ਨੂੰ ਆਪਣੇ ਵਿਚਾਰਾਂ ਨੂੰ ਸਮਝਣ ਅਤੇ ਆਤਮ-ਚਿੰਤਨ ਕਰਨ ਦਾ ਮੌਕਾ ਮਿਲਦਾ ਹੈ। ਕੁਦਰਤ ਵਿੱਚ ਸੈਰ ਕਰਨਾ, ਕਿਤਾਬਾਂ ਪੜ੍ਹਨਾ, ਸੰਗੀਤ ਸੁਣਨਾ ਜਾਂ ਪਰਵਾਰ ਨਾਲ ਗੱਲਬਾਤ ਕਰਨਾ ਮਨ ਨੂੰ ਨਵੀਂ ਊਰਜਾ ਅਤੇ ਸੰਤੁਲਨ ਪ੍ਰਦਾਨ ਕਰਦਾ ਹੈ।ਅੱਜ ਦੁਨੀਆ ਭਰ ਵਿੱਚ ‘ਡਿਜੀਟਲ ਡੀਟੌਕਸ’ ਦੀ ਪ੍ਰਵਿਰਤੀ ਤੇਜ਼ੀ ਨਾਲ ਵਧ ਰਹੀ ਹੈ। ਲੋਕ ਅਜਿਹੇ ਸੈਰ-ਸਪਾਟਾ ਸਥਾਨਾਂ ਦੀ ਚੋਣ ਕਰ ਰਹੇ ਹਨ, ਜਿੱਥੇ ਇੰਟਰਨੈੱਟ ਦੀ ਸੀਮਿਤ ਸਹੂਲਤ ਹੋਵੇ ਜਾਂ ਮੋਬਾਈਲ ਫੋਨਾਂ ਦੀ ਵਰਤੋਂ ਘੱਟ ਤੋਂ ਘੱਟ ਹੋਵੇ। ਯੋਗਾ ਕੈਂਪ, ਧਿਆਨ ਕੇਂਦਰ ਅਤੇ ਕੁਦਰਤੀ ਸਥਾਨ ਇਸੇ ਕਾਰਨ ਪ੍ਰਸਿੱਧ ਹੋ ਰਹੇ ਹਨ। ਲੋਕ ਹੁਣ ਅਜਿਹੇ ਅਨੁਭਵਾਂ ਲਈ ਪੈਸਾ ਖਰਚ ਕਰਨ ਨੂੰ ਵੀ ਤਿਆਰ ਹਨ, ਜਿੱਥੇ ਉਨ੍ਹਾਂ ਨੂੰ ਡਿਜੀਟਲ ਦੁਨੀਆ ਤੋਂ ਕੁਝ ਸਮੇਂ ਲਈ ਮੁਕਤੀ ਮਿਲ ਸਕੇ। ਇਹ ਸਥਿਤੀ ਸਪੱਸ਼ਟ ਕਰਦੀ ਹੈ ਕਿ ਆਫਲਾਈਨ ਰਹਿਣਾ ਹੁਣ ਇੱਕ ਵਿਲਾਸਤਾ ਦਾ ਪ੍ਰਤੀਕ ਬਣਦਾ ਜਾ ਰਿਹਾ ਹੈ।ਪਰਵਾਰਕ ਜੀਵਨ ਵਿੱਚ ਵੀ ਆਫਲਾਈਨ ਸਮੇਂ ਦਾ ਮਹੱਤਵ ਵਧ ਗਿਆ ਹੈ। ਅੱਜ ਕਈ ਪਰਵਾਰਾਂ ਵਿੱਚ ਇੱਕੋ ਕਮਰੇ ਵਿੱਚ ਬੈਠੇ ਲੋਕ ਵੀ ਆਪਣੇ-ਆਪਣੇ ਮੋਬਾਈਲ ਫੋਨਾਂ ਵਿੱਚ ਰੁੱਝੇ ਰਹਿੰਦੇ ਹਨ। ਆਪਸੀ ਗੱਲਬਾਤ ਅਤੇ ਭਾਵਨਾਤਮਕ ਨੇੜਤਾ ਘਟਦੀ ਜਾ ਰਹੀ ਹੈ। ਜੇਕਰ ਪਰਵਾਰ ਕੁਝ ਸਮਾਂ ਬਿਨਾਂ ਡਿਜੀਟਲ ਉਪਕਰਣਾਂ ਦੇ ਇਕੱਠੇ ਬਿਤਾਉਣ, ਤਾਂ ਰਿਸ਼ਤੇ ਹੋਰ ਮਜ਼ਬੂਤ ਅਤੇ ਗੂੜ੍ਹੇ ਹੋ ਸਕਦੇ ਹਨ। ਅਸਲ ਖੁਸ਼ੀ ਅਤੇ ਸੰਤੁਸ਼ਟੀ ਵਰਚੂਅਲ ਦੁਨੀਆ ਨਾਲੋਂ ਹਕੀਕੀ ਸੰਬੰਧਾਂ ਵਿੱਚ ਵਧੇਰੇ ਮਿਲਦੀ ਹੈ।ਬੱਚਿਆਂ ਅਤੇ ਨੌਜਵਾਨਾਂ ਲਈ ਵੀ ਇਹ ਮੁੱਦਾ ਬਹੁਤ ਮਹੱਤਵਪੂਰਨ ਹੈ। ਤਕਨਾਲੋਜੀ ਉਨ੍ਹਾਂ ਨੂੰ ਗਿਆਨ ਅਤੇ ਸਿੱਖਣ ਦੇ ਨਵੇਂ ਮੌਕੇ ਦਿੰਦੀ ਹੈ, ਪਰ ਬੇਹੱਦ ਸਕ੍ਰੀਨ ਸਮਾਂ ਉਨ੍ਹਾਂ ਦੀ ਸਰੀਰਕ ਅਤੇ ਸਮਾਜਿਕ ਵਿਕਾਸ ਪ੍ਰਕਿਰਿਆ ਨੂੰ ਪ੍ਰਭਾਵਤ ਕਰ ਸਕਦਾ ਹੈ। ਖੇਡਾਂ, ਕਲਾ, ਸੰਗੀਤ ਅਤੇ ਕਿਤਾਬਾਂ ਨਾਲ ਜੁੜਨਾ ਉਨ੍ਹਾਂ ਦੀ ਰਚਨਾਤਮਕਤਾ ਨੂੰ ਵਧਾਉਂਦਾ ਹੈ। ਇਸ ਲਈ ਮਾਪਿਆਂ ਅਤੇ ਅਧਿਆਪਕਾਂ ਨੂੰ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਡਿਜੀਟਲ ਅਤੇ ਅਸਲ ਜੀਵਨ ਵਿਚਕਾਰ ਸੰਤੁਲਨ ਬਣਾਉਣ ਦੀ ਸਿੱਖਿਆ ਦੇਣ।

ਹਾਲਾਂਕਿ, ਆਫਲਾਈਨ ਰਹਿਣ ਦਾ ਅਰਥ ਤਕਨਾਲੋਜੀ ਦਾ ਵਿਰੋਧ ਕਰਨਾ ਨਹੀਂ ਹੈ। ਆਧੁਨਿਕ ਜੀਵਨ ਵਿੱਚ ਤਕਨਾਲੋਜੀ ਦੀ ਮਹੱਤਤਾ ਅਸਵੀਕਾਰ ਨਹੀਂ ਕੀਤੀ ਜਾ ਸਕਦੀ। ਲੋੜ ਸਿਰਫ਼ ਇਸ ਗੱਲ ਦੀ ਹੈ ਕਿ ਅਸੀਂ ਤਕਨਾਲੋਜੀ ਦੀ ਵਰਤੋਂ ਸਮਝਦਾਰੀ ਅਤੇ ਸੰਤੁਲਨ ਨਾਲ ਕਰੀਏ। ਸਾਨੂੰ ਤਕਨਾਲੋਜੀ ਦੇ ਮਾਲਕ ਬਣਨਾ ਚਾਹੀਦਾ ਹੈ, ਉਸ ਦੇ ਗੁਲਾਮ ਨਹੀਂ।ਅਸਲ ਵਿੱਚ ਅੱਜ ਦੀ ਸਭ ਤੋਂ ਵੱਡੀ ਦੌਲਤ ਸਮਾਂ, ਮਨ ਦੀ ਸ਼ਾਂਤੀ ਅਤੇ ਆਪਣੇ ਪਿਆਰਿਆਂ ਨਾਲ ਬਿਤਾਏ ਗਏ ਪਲ ਹਨ। ਜੋ ਵਿਅਕਤੀ ਆਪਣੇ ਜੀਵਨ ਵਿੱਚ ਡਿਜੀਟਲ ਅਤੇ ਹਕੀਕਤੀ ਦੁਨੀਆ ਵਿਚਕਾਰ ਸੰਤੁਲਨ ਕਾਇਮ ਕਰ ਸਕਦਾ ਹੈ, ਉਹੀ ਸੱਚੇ ਅਰਥਾਂ ਵਿੱਚ ਅਮੀਰ ਹੈ। ਇੱਕ ਸ਼ਾਂਤ ਸ਼ਾਮ, ਕੁਦਰਤ ਦੀ ਗੋਦ ਵਿੱਚ ਬਿਤਾਇਆ ਸਮਾਂ ਜਾਂ ਪਰਵਾਰ ਨਾਲ ਬਿਨਾਂ ਕਿਸੇ ਵਿਘਨ ਦੇ ਕੀਤੀ ਗਈ ਗੱਲਬਾਤ ਅੱਜ ਦੀ ਸਭ ਤੋਂ ਕੀਮਤੀ ਵਿਲਾਸਤਾਵਾਂ ਵਿੱਚੋਂ ਇੱਕ ਬਣ ਚੁੱਕੀ ਹੈ।

‘ਆਫਲਾਈਨ ਹੀ ਨਵੀਂ ਸ਼ਾਨੋ-ਸ਼ੌਕਤ ਹੈ’ ਸਿਰਫ਼ ਇੱਕ ਆਕਰਸ਼ਕ ਨਾਅਰਾ ਨਹੀਂ, ਸਗੋਂ ਆਧੁਨਿਕ ਜੀਵਨ ਦੀ ਇੱਕ ਡੂੰਘੀ ਸਚਾਈ ਹੈ। ਇਹ ਸਾਨੂੰ ਯਾਦ ਦਿਵਾਉਂਦਾ ਹੈ ਕਿ ਤਕਨਾਲੋਜੀ ਦੀ ਤਰੱਕੀ ਦੇ ਨਾਲ-ਨਾਲ ਮਨੁੱਖੀ ਰਿਸ਼ਤਿਆਂ, ਮਾਨਸਿਕ ਸਿਹਤ ਅਤੇ ਅੰਦਰੂਨੀ ਸ਼ਾਂਤੀ ਨੂੰ ਵੀ ਓਨਾ ਹੀ ਮਹੱਤਵ ਦੇਣਾ ਜ਼ਰੂਰੀ ਹੈ। ਭਵਿੱਖ ਉਨ੍ਹਾਂ ਲੋਕਾਂ ਦਾ ਹੋਵੇਗਾ, ਜੋ ਆਨਲਾਈਨ ਅਤੇ ਆਫਲਾਈਨ ਜੀਵਨ ਵਿਚਕਾਰ ਸਹੀ ਸੰਤੁਲਨ ਬਣਾਉਣ ਵਿੱਚ ਸਫਲ ਹੋਣਗੇ। ਅਸਲ ਵਿਲਾਸਤਾ ਹੁਣ ਮਹਿੰਗੀਆਂ ਚੀਜ਼ਾਂ ਵਿੱਚ ਨਹੀਂ, ਸਗੋਂ ਕੁਝ ਪਲਾਂ ਦੀ ਨਿਰਵਿਘਨ ਸ਼ਾਂਤੀ ਅਤੇ ਮਨੁੱਖੀ ਨੇੜਤਾ ਵਿੱਚ ਵਸਦੀ ਹੈ।

# ਆਖ਼ਰ ਕਦੋਂ ਮਿਲੇਗੀ ਅਧਿਆਪਕਾਂ ਨੂੰ ਗੈਰ-ਵਿੱਦਿਅਕ ਕੰਮਾਂ ਤੋਂ ਮੁਕਤੀ

ਸੂਬੇ ਦੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਤੋਂ ਗੈਰ-ਵਿੱਦਿਅਕ ਕੰਮ ਲੈਣਾ ਪਿਛਲੇ ਲੰਮੇ ਅਰਸੇ ਤੋਂ ਭਖਦਾ ਮੁੱਦਾ ਬਣਿਆ ਹੈ। ਇੱਥੋਂ ਤੱਕ ਕਿ ਕਈ ਰਾਜਸੀ ਪਾਰਟੀਆਂ ਨੇ ਇਸ ਨੂੰ ਆਪਣਾ ਚੋਣ ਮੁੱਦਾ ਵੀ ਬਣਾਇਆ, ਪਰ ਰਾਜਸੀ ਪਾਰਟੀਆਂ ਨੂੰ ਇਹ ਮੁੱਦਾ ਸਿਰਫ਼ ਸੱਤਾ ਤੋਂ ਬਾਹਰ ਹੋਣ ਦੌਰਾਨ ਹੀ ਯਾਦ ਆਉਂਦਾ ਹੈ।ਸੱਤਾ ’ਚ ਆਉਣ ਉਪਰੰਤ ਸਰਕਾਰਾਂ ਲਈ ਇਹ ਮੁੱਦਾ ਗੰਭੀਰ ਨਹੀਂ ਰਹਿੰਦਾ। ਅਧਿਆਪਕਾਂ ਤੋਂ ਲਏ ਜਾਂਦੇ ਗੈਰ-ਵਿੱਦਿਅਕ ਕੰਮ ਸਰਕਾਰੀ ਸਕੂਲਾਂ ਦੀਆਂ ਪ੍ਰਾਪਤੀਆਂ ਨੂੰ ਨਾਕਾਰਤਮਕ ਰੂਪ ਵਿੱਚ ਪ੍ਰਭਾਵਤ ਕਰਦੇ ਹਨ।ਸਰਕਾਰੀ ਸਕੂਲਾਂ ਦੇ ਅਧਿਆਪਕ ਹੁਣ ਸਿਰਫ਼ ਕਲਾਸ ਰੂਮ ਤੱਕ ਹੀ ਸੀਮਿਤ ਨਹੀਂ ਰਹੇ, ਉਹ ਸਮਾਜ ਅਤੇ ਪ੍ਰਸ਼ਾਸਨ ਦੇ ਕਈ ਮਹੱਤਵਪੂਰਨ ਕੰਮਾਂ ਵਿੱਚ ਵੀ ਆਪਣਾ ਯੋਗਦਾਨ ਪਾਉਂਦੇ ਹਨ। ਚੋਣਾਂ, ਜਨਗਣਨਾ, ਵੋਟਰ ਸੂਚੀਆਂ ਦੀ ਤਿਆਰੀ, ਸਮਾਜਿਕ ਅਤੇ ਆਰਥਿਕ ਸਰਵੇਖਣ, ਸਰਕਾਰੀ ਮੁਹਿੰਮਾਂ ਅਤੇ ਵਿਸ਼ੇਸ਼ ਗਿਣਤੀਆਂ ਵਰਗੇ ਕਈ ਕੰਮਾਂ ਵਿੱਚ ਅਧਿਆਪਕਾਂ ਦੀਆਂ ਸੇਵਾਵਾਂ ਲਗਾਤਾਰ ਲਈਆਂ ਜਾਂਦੀਆਂ ਹਨ। ਹਾਲ ਹੀ ਵਿੱਚ ਵੋਟਾਂ ਦੀ ਵਿਸ਼ੇਸ਼ ਸੁਧਾਈ (SIR) ਨਾਲ ਸੰਬੰਧਤ ਡਿਊਟੀਆਂ ਅਧਿਆਪਕਾਂ ਨੂੰ ਦੂਜੇ ਸ਼ਨੀਵਾਰ ਅਤੇ ਐਤਵਾਰ ਵਰਗੀਆਂ ਹਫ਼ਤਾਵਾਰੀ ਛੁੱਟੀਆਂ ਦੌਰਾਨ ਵੀ ਡਿਊਟੀ ਕਰਨ ਲਈ ਕਿਹਾ ਗਿਆ। ਇਸ ਨਾਲ ਅਧਿਆਪਕ ਵਰਗ ਵਿੱਚ ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਕੀ ਇੱਕ ਅਧਿਆਪਕ ਦਾ ਸਮਾਂ ਸਿਰਫ਼ ਸਰਕਾਰੀ ਕੰਮਾਂ ਲਈ ਹੀ ਹੈ ਜਾਂ ਉਸ ਦੇ ਨਿੱਜੀ ਅਤੇ ਪਰਵਾਰਕ ਜੀਵਨ ਦਾ ਵੀ ਕੋਈ ਮਹੱਤਵ ਹੈ? ਇਹ ਸਵਾਲ ਕੇਵਲ ਇੱਕ ਵਰਗ ਦੀ ਨਾਰਾਜ਼ਗੀ ਨਹੀਂ, ਸਗੋਂ ਇੱਕ ਸੰਤੁਲਿਤ ਅਤੇ ਮਨੁੱਖੀ ਪ੍ਰਸ਼ਾਸਨਿਕ ਪ੍ਰਣਾਲੀ ਦੀ ਲੋੜ ਨੂੰ ਵੀ ਉਜਾਗਰ ਕਰਦਾ ਹੈ।ਹਫ਼ਤਾਵਾਰੀ ਛੁੱਟੀ ਕਿਸੇ ਵੀ ਕਰਮਚਾਰੀ ਲਈ ਕੇਵਲ ਆਰਾਮ ਦਾ ਦਿਨ ਨਹੀਂ ਹੁੰਦੀ, ਇਹ ਉਹ ਸਮਾਂ ਹੁੰਦਾ ਹੈ, ਜਦੋਂ ਉਹ ਆਪਣੇ ਪਰਵਾਰ ਨਾਲ ਸਮਾਂ ਬਿਤਾਉਂਦਾ ਹੈ, ਬੱਚਿਆਂ ਦੀ ਪੜ੍ਹਾਈ, ਘਰੇਲੂ ਜ਼ਿੰਮੇਵਾਰੀਆਂ ਅਤੇ ਸਮਾਜਿਕ ਰਿਸ਼ਤਿਆਂ ਵੱਲ ਧਿਆਨ ਦਿੰਦਾ ਹੈ। ਇਸ ਦੇ ਨਾਲ ਹੀ ਇਹ ਦਿਨ ਸਰੀਰਕ ਅਤੇ ਮਾਨਸਿਕ ਤਾਜ਼ਗੀ ਪ੍ਰਾਪਤ ਕਰਨ ਦਾ ਵੀ ਮੌਕਾ ਹੁੰਦਾ ਹੈ। ਅਧਿਆਪਕਾਂ ਦੀ ਜ਼ਿੰਮੇਵਾਰੀ ਸਿਰਫ਼ ਸਕੂਲ ਵਿੱਚ ਪੜ੍ਹਾਉਣ ਤੱਕ ਸੀਮਿਤ ਨਹੀਂ ਹੁੰਦੀ, ਉਹ ਘਰ ਜਾ ਕੇ ਅਗਲੇ ਦਿਨ ਦੀ ਪਾਠ-ਯੋਜਨਾ ਤਿਆਰ ਕਰਦੇ ਹਨ, ਕਾਪੀਆਂ ਚੈੱਕ ਕਰਦੇ ਹਨ, ਪ੍ਰੀਖਿਆਵਾਂ ਲਈ ਪ੍ਰਸ਼ਨ-ਪੱਤਰ ਬਣਾਉਂਦੇ ਹਨ, ਨਤੀਜੇ ਤਿਆਰ ਕਰਦੇ ਹਨ ਅਤੇ ਵਿਦਿਆਰਥੀਆਂ ਦੀ ਪ੍ਰਗਤੀ ਬਾਰੇ ਵੀ ਵਿਚਾਰ ਕਰਦੇ ਹਨ।ਇਹ ਗੱਲ ਬਿਲਕੁੱਲ ਦਰੁਸਤ ਹੈ ਕਿ ਸਰਕਾਰ ਦੀਆਂ ਪ੍ਰਸ਼ਾਸਨਿਕ ਲੋੜਾਂ ਵੀ ਮਹੱਤਵਪੂਰਨ ਹਨ। ਕਿਸੇ ਵੀ ਰਾਜ ਦੀਆਂ ਯੋਜਨਾਵਾਂ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਲਈ ਸਹੀ ਅਤੇ ਭਰੋਸੇਯੋਗ ਡਾਟਾ ਇਕੱਠਾ ਕਰਨਾ ਜ਼ਰੂਰੀ ਹੁੰਦਾ ਹੈ, ਪਰ ਇਸ ਦੇ ਨਾਲ ਇਹ ਵੀ ਉਤਨਾ ਹੀ ਮਹੱਤਵਪੂਰਨ ਹੈ ਕਿ ਅਜਿਹੀਆਂ ਡਿਊਟੀਆਂ ਦੀ ਯੋਜਨਾ ਇਸ ਤਰ੍ਹਾਂ ਬਣਾਈ ਜਾਵੇ ਕਿ ਸਿੱਖਿਆ ਪ੍ਰਣਾਲੀ ਪ੍ਰਭਾਵਤ ਨਾ ਹੋਵੇ। ਜਦੋਂ ਅਧਿਆਪਕਾਂ ਨੂੰ ਲਗਾਤਾਰ ਗੈਰ-ਅਕਾਦਮਿਕ ਕੰਮਾਂ ਵਿੱਚ ਲਗਾਇਆ ਜਾਂਦਾ ਹੈ, ਤਾਂ ਇਸ ਦਾ ਸਿੱਧਾ ਪ੍ਰਭਾਵ ਵਿਦਿਆਰਥੀਆਂ ਦੀ ਪੜ੍ਹਾਈ ’ਤੇ ਪੈਂਦਾ ਹੈ। ਕਲਾਸਾਂ ਪ੍ਰਭਾਵਿਤ ਹੁੰਦੀਆਂ ਹਨ, ਪਾਠਕ੍ਰਮ ਪਿੱਛੇ ਰਹਿ ਜਾਂਦਾ ਹੈ ਅਤੇ ਵਿਦਿਆਰਥੀਆਂ ਦੀ ਸਿੱਖਣ ਦੀ ਗਤੀ ਹੌਲੀ ਪੈ ਜਾਂਦੀ ਹੈ। ਸਿੱਖਿਆ ਨੂੰ ਜੇਕਰ ਦੇਸ਼ ਦੇ ਵਿਕਾਸ ਦਾ ਆਧਾਰ ਮੰਨਿਆ ਜਾਂਦਾ ਹੈ, ਤਾਂ ਅਧਿਆਪਕ ਨੂੰ ਉਸ ਦੇ ਮੁੱਖ ਫ਼ਰਜ਼ ਲਈ ਪੂਰਾ ਸਮਾਂ ਅਤੇ ਅਨੁਕੂਲ ਮਾਹੌਲ ਦੇਣਾ ਵੀ ਸਰਕਾਰ ਦੀ ਜ਼ਿੰਮੇਵਾਰੀ ਹੈ।ਛੁੱਟੀ ਵਾਲੇ ਦਿਨ ਡਿਊਟੀ ਲਗਾਉਣ ਦਾ ਇੱਕ ਮਨੋਵਿਗਿਆਨਕ ਪ੍ਰਭਾਵ ਵੀ ਹੁੰਦਾ ਹੈ। ਜਦੋਂ ਕਿਸੇ ਕਰਮਚਾਰੀ ਨੂੰ ਇਹ ਮਹਿਸੂਸ ਹੋਵੇ ਕਿ ਉਸ ਦੇ ਆਰਾਮ, ਪਰਿਵਾਰਕ ਜੀਵਨ ਅਤੇ ਨਿੱਜੀ ਸਮੇਂ ਦੀ ਕਦਰ ਨਹੀਂ ਕੀਤੀ ਜਾ ਰਹੀ, ਤਾਂ ਉਸ ਦਾ ਮਨੋਬਲ ਹੌਲੀ-ਹੌਲੀ ਘਟਣ ਲੱਗਦਾ ਹੈ। ਅਧਿਆਪਕ ਸਿਰਫ਼ ਪਾਠ ਨਹੀਂ ਪੜ੍ਹਾਉਂਦੇ, ਸਗੋਂ ਉਹ ਵਿਦਿਆਰਥੀਆਂ ਦੇ ਚਰਿੱਤਰ, ਸੋਚ ਅਤੇ ਭਵਿੱਖ ਦੀ ਨੀਂਹ ਰੱਖਦੇ ਹਨ। ਜੇ ਕਿਸੇ ਵਿਸ਼ੇਸ਼ ਹਾਲਾਤ ਵਿੱਚ ਛੁੱਟੀ ਵਾਲੇ ਦਿਨ ਡਿਊਟੀ ਲੈਣੀ ਲਾਜ਼ਮੀ ਹੋਵੇ, ਤਾਂ ਇਸ ਦੇ ਬਦਲੇ ਨਿਯਮਾਂ ਅਨੁਸਾਰ ਬਦਲਵੀਂ ਛੁੱਟੀ (Compensatory Leave) ਜਾਂ ਹੋਰ ਉਚਿਤ ਸਹੂਲਤਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ। ਇਸ ਨਾਲ ਅਧਿਆਪਕਾਂ ਨੂੰ ਇਹ ਅਹਿਸਾਸ ਹੋਵੇਗਾ ਕਿ ਉਨ੍ਹਾਂ ਦੀ ਮਿਹਨਤ ਅਤੇ ਸਮੇਂ ਦੀ ਕਦਰ ਕੀਤੀ ਜਾ ਰਹੀ ਹੈ। ਨਾਲ ਹੀ, ਡਿਊਟੀਆਂ ਦੀ ਯੋਜਨਾ ਪਹਿਲਾਂ ਤੋਂ ਬਣਾਈ ਜਾਵੇ, ਤਾਂ ਜੋ ਅਧਿਆਪਕ ਆਪਣੇ ਨਿੱਜੀ ਅਤੇ ਪਰਿਵਾਰਕ ਕੰਮਾਂ ਨੂੰ ਵੀ ਉਸੇ ਅਨੁਸਾਰ ਵਿਵਸਥਿਤ ਕਰ ਸਕਣ। ਅਚਾਨਕ ਜਾਰੀ ਕੀਤੇ ਗਏ ਹੁਕਮ ਅਕਸਰ ਬੇਲੋੜੀ ਪਰੇਸ਼ਾਨੀ ਅਤੇ ਅਸੰਤੁਸ਼ਟੀ ਦਾ ਕਾਰਨ ਬਣਦੇ ਹਨ।ਇਸ ਸਮੱਸਿਆ ਦਾ ਇੱਕ ਵਿਹਾਰਕ ਹੱਲ ਇਹ ਵੀ ਹੈ ਕਿ ਸਰਵੇਖਣਾਂ ਅਤੇ ਵਿਸ਼ੇਸ਼ ਗਿਣਤੀਆਂ ਲਈ ਵੱਖਰਾ ਅਸਥਾਈ ਸਟਾਫ਼ ਜਾਂ ਤਰਬੀਅਤ ਯਾਫ਼ਤਾ ਡਾਟਾ ਇਕੱਠਾ ਕਰਨ ਵਾਲੇ ਕਰਮਚਾਰੀ ਨਿਯੁਕਤ ਕੀਤੇ ਜਾਣ। ਅੱਜ ਦੇ ਡਿਜੀਟਲ ਯੁੱਗ ਵਿੱਚ ਮੋਬਾਈਲ ਐਪਲੀਕੇਸ਼ਨਾਂ, ਆਨਲਾਈਨ ਪੋਰਟਲਾਂ ਅਤੇ ਆਧੁਨਿਕ ਤਕਨਾਲੋਜੀ ਰਾਹੀਂ ਕਈ ਕੰਮ ਪਹਿਲਾਂ ਨਾਲੋਂ ਕਾਫ਼ੀ ਆਸਾਨ ਅਤੇ ਤੇਜ਼ੀ ਨਾਲ ਕੀਤੇ ਜਾ ਸਕਦੇ ਹਨ। ਜਿੱਥੇ ਅਧਿਆਪਕਾਂ ਦੀ ਸੇਵਾ ਲੈਣੀ ਲਾਜ਼ਮੀ ਹੋਵੇ, ਉਥੇ ਡਿਊਟੀਆਂ ਨੂੰ ਵਾਰੀ-ਵਾਰੀ ਵੰਡਿਆ ਜਾਵੇ, ਤਾਂ ਜੋ ਇੱਕੋ ਵਰਗ ਉੱਤੇ ਵਾਰ-ਵਾਰ ਵਾਧੂ ਬੋਝ ਨਾ ਪਵੇ। ਇਸ ਨਾਲ ਨਾ ਸਿਰਫ਼ ਅਧਿਆਪਕਾਂ ਦੀਆਂ ਮੁਸ਼ਕਲਾਂ ਘਟਣਗੀਆਂ, ਸਗੋਂ ਪ੍ਰਸ਼ਾਸਨਿਕ ਕੰਮ ਵੀ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਪੂਰੇ ਹੋ ਸਕਣਗੇ।



ਬਲਜਿੰਦਰ ਅਕਲੀਆ

ਇਸ ਪੂਰੇ ਮਾਮਲੇ ਵਿੱਚ ਸਭ ਤੋਂ ਮਹੱਤਵਪੂਰਨ ਗੱਲ ਸੰਵਾਦ ਦੀ ਹੈ। ਸਰਕਾਰ, ਸਿੱਖਿਆ ਵਿਭਾਗ ਅਤੇ ਅਧਿਆਪਕ ਜਥੇਬੰਦੀਆਂ ਵਿਚਕਾਰ ਸਮੇਂ-ਸਮੇਂ ’ਤੇ ਰਚਨਾਤਮਕ ਗੱਲਬਾਤ ਹੋਣੀ ਚਾਹੀਦੀ ਹੈ। ਜਦੋਂ ਨੀਤੀਆਂ ਪ੍ਰਭਾਵਤ ਧਿਰਾਂ ਦੀ ਰਾਏ ਨਾਲ ਬਣਦੀਆਂ ਹਨ, ਤਾਂ ਉਹ ਵਧੇਰੇ ਵਿਹਾਰਕ, ਪ੍ਰਭਾਵਸ਼ਾਲੀ ਅਤੇ ਟਿਕਾਊ ਸਾਬਤ ਹੁੰਦੀਆਂ ਹਨ। ਅਧਿਆਪਕਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਅਤੇ ਉਨ੍ਹਾਂ ਦੇ ਸੁਝਾਵਾਂ ਨੂੰ ਨੀਤੀ ਦਾ ਹਿੱਸਾ ਬਣਾਉਣਾ ਕਿਸੇ ਵੀ ਲੋਕਤੰਤਰੀ ਪ੍ਰਸ਼ਾਸਨ ਦੀ ਪਹਿਚਾਣ ਹੁੰਦੀ ਹੈ।ਇੱਕ ਮਜ਼ਬੂਤ ਸਿੱਖਿਆ ਪ੍ਰਣਾਲੀ ਦੀ ਨੀਂਹ ਖੁਸ਼ਹਾਲ, ਸੰਤੁਸ਼ਟ ਅਤੇ ਪ੍ਰੇਰਿਤ ਅਧਿਆਪਕ ਹੁੰਦੇ ਹਨ। ਜੇ ਅਸੀਂ ਚਾਹੁੰਦੇ ਹਾਂ ਕਿ ਸਾਡੇ ਬੱਚੇ ਗੁਣਵੱਤਾ ਭਰਪੂਰ ਸਿੱਖਿਆ ਪ੍ਰਾਪਤ ਕਰਨ, ਤਾਂ ਸਭ ਤੋਂ ਪਹਿਲਾਂ ਸਾਨੂੰ ਆਪਣੇ ਅਧਿਆਪਕਾਂ ਨੂੰ ਸਨਮਾਨ, ਭਰੋਸਾ ਅਤੇ ਸੰਤੁਲਿਤ ਕਾਰਜ-ਪਰਿਸਥਿਤੀਆਂ ਦੇਣੀਆਂ ਪੈਣਗੀਆਂ। ਸਰਕਾਰੀ ਕੰਮ ਜ਼ਰੂਰ ਹੋਣ, ਪਰ ਅਜਿਹੀ ਯੋਜਨਾ ਨਾਲ ਕਿ ਨਾ ਸਿੱਖਿਆ ਪ੍ਰਭਾਵਤ ਹੋਵੇ ਅਤੇ ਨਾ ਹੀ ਅਧਿਆਪਕਾਂ ਦੇ ਜਾਇਜ਼ ਹੱਕ।

**# ਸੰਪਰਕ : 95018-67733**

# ਬਰਸਟ ਵੱਲੋਂ ਹਲਕਾ ਸਮਾਣਾ ਦੇ ਪਿੰਡਾਂ ਵਿੱਚ 86.22 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਸਮਾਣਾ (ਇਕਬਾਲ ਸਿੰਘ ਬੱਲ)** :- ਪੰਜਾਬ ਦੇ ਪਿੰਡਾਂ ਦੀ ਨੁਹਾਰ ਬਦਲਣ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਬੁੱਧਵਾਰ ਨੂੰ ਇੱਕ ਹੋਰ ਵੱਡਾ ਕਦਮ ਚੁੱਕਿਆ ਗਿਆ ਹੈ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ



ਵੱਖ-ਵੱਖ ਪਿੰਡਾਂ ਵਿੱਚ ਫਿਰਨੀਆਂ ਦੇ ਨਿਰਮਾਣ ਕਾਰਜਾਂ ਦੇ ਉਦਘਾਟਨ ਕੀਤੇ ਗਏ। ਕਰੀਬ 86.22 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਇਨ੍ਹਾਂ ਵਿਕਾਸ ਕਾਰਜਾਂ ਦੀ ਸ਼ੁਰੂਆਤ ਨਾਲ ਸਮੂਹ ਇਲਾਕਾ ਨਿਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਵਿਕਾਸ ਕਾਰਜਾਂ ਦੇ ਵੇਰਵੇ ਸਾਂਝੇ ਕਰਦਿਆਂ ਬਰਸਟ ਨੇ ਦੱਸਿਆ ਕਿ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿੱਚ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਲਈ ਇਹ ਨਿਰਮਾਣ ਕਾਰਜ ਸ਼ੁਰੂ ਕਰਵਾਏ ਗਏ ਹਨ। ਉਨ੍ਹਾਂ ਵੱਲੋਂ ਹਲਕਾ ਸਮਾਣਾ ਦੇ ਪਿੰਡ ਰੱਖੜਾ ਵਿਖੇ 0.55 ਕਿਲੋਮੀਟਰ ਲੰਬੀ ਫਿਰਨੀ ਦੇ ਨਿਰਮਾਣ ਕਾਰਜਾਂ ਦੀ ਰਸਮੀ ਸ਼ੁਰੂਆਤ ਕਰਵਾਈ ਗਈ। ਇਸ ਫਿਰਨੀ ਨੂੰ ਆਧੁਨਿਕ ਤਕਨੀਕ ਨਾਲ ਤਿਆਰ ਕੀਤਾ ਜਾਵੇਗਾ, ਜਿਸ ਉੱਤੇ ਕਰੀਬ 41.24 ਲੱਖ ਰੁਪਏ ਦੀ ਲਾਗਤ ਆਵੇਗੀ। ਇਸੇ ਤਰ੍ਹਾਂ ਸ. ਬਰਸਟ ਨੇ ਪਿੰਡ ਦਦਹੇੜਾ ਵਿਖੇ 0.60 ਕਿਲੋਮੀਟਰ ਲੰਬੀ ਫਿਰਨੀ ਦੇ ਨਿਰਮਾਣ ਕਾਰਜਾਂ ਦੀ ਵੀ ਰਸਮੀ ਸ਼ੁਰੂਆਤ ਕਰਵਾਈ। ਇਸ ਤੇ ਕਰੀਬ 44.98 ਲੱਖ ਰੁਪਏ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਮਾਗਮ ਦੌਰਾਨ ਇਲਾਕਾ ਵਾਸੀਆਂ ਵੱਲੋਂ ਪੰਜਾਬ ਸਰਕਾਰ ਅਤੇ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਤਰਲੋਚਨ ਸਿੰਘ ਸਰਪੰਚ ਰੱਖੜਾ, ਗੁਰਜੀਤ ਸਿੰਘ ਸਰਪੰਚ ਦਦਹੇੜਾ, ਨਰਿੰਦਰ ਸਿੰਘ ਸਰਪੰਚ ਬਰਸਟ, ਰਾਮ ਸਿੰਘ ਸਰਪੰਚ ਫਤਿਹਪੁਰ, ਬਹਾਦਰ ਸਿੰਘ ਸਰਪੰਚ ਦੁਘਾਟ, ਜਗਦੀਪ ਸਿੰਘ ਸਰਪੰਚ ਬਿਸ਼ਨਪੁਰ ਛੰਨਾ, ਪ੍ਰੇਮ ਸਿੰਘ ਸਰਪੰਚ ਖੇੜੀ ਮੁਸਲਮਾਨੀਆਂ, ਰਾਜੀਵ ਕੁਮਾਰ ਸਰਪੰਚ ਸੋਜਾ, ਪਰਗਟ ਸਿੰਘ ਸਰਪੰਚ ਮੁੰਡਖੇੜਾ, ਪਰਗਟ ਸਿੰਘ ਅਗੇਤੀ, ਗੁਲਜ਼ਾਰ ਦੁਘਾਟ, ਪਰਗਟ ਬਲਾਕ ਪ੍ਰਧਾਨ, ਗਿੰਨੀ ਖੰਗੂੜਾ ਹਲਕਾ ਵਾਇਸ ਕੁਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਜੱਸੀ ਫਤਿਹਪੁਰ, ਹੇਮਇੰਦਰ ਸਿੰਘ ਮਾਲੋਮਾਜਰਾ, ਗੁਰਜੀਤ ਸਿੰਘ ਇੰਦਰਪੁਰਾ, ਮਦਨ ਸਿੰਘ, ਗੁਰਸੇਵਕ ਸਿੰਘ ਮੈਂਬਰ ਪੰਚਾਇਤ, ਸੁਰਿੰਦਰ ਕੌਰ, ਅਮਰਦੀਪ, ਸੁਖੀ, ਪਰਮਿੰਦਰ ਮੰਡੋੜ, ਗੁਰਸੇਵਕ ਸਿੰਘ ਮੰਡੋੜ, ਮਨਜਿੰਦਰ ਸਿੰਘ ਢਕੜੱਬਾ, ਹਰਬੰਸ ਢਕੜੱਬਾ, ਗੁਰਪ੍ਰੀਤ ਸਿੰਘ ਕਲਿਆਣ, ਕੁਲਵਿੰਦਰ ਸਿੰਘ ਕਲਿਆਣ, ਰਾਣਾ ਰੱਖੜਾ, ਨਿਰਭੈ ਸਿੰਘ, ਸਾਹਿਲ ਰੋਣੀ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ, ਸਤਨਾਮ ਸਿੰਘ ਐਸ.ਡੀ.ਓ. ਸਮੇਤ ਸਮੂਹ ਇਲਾਕਾ ਨਿਵਾਸੀ ਅਤੇ ਮੰਡੀ ਬੋਰਡ ਦੇ ਅਧਿਕਾਰੀ ਮੌਜੂਦ ਰਹੇ।

## ਮਜ਼ਦੂਰ ਪਰਿਵਾਰਾਂ ਦੇ ਹੱਕ 'ਚ ਐਸ ਡੀ ਐਮ ਦਫ਼ਤਰ ਅੱਗੇ ਧਰਨਾ



**ਪਾਤੜਾਂ : (ਨਿਸ਼ਾਨ ਸਿੰਘ ਬਣਵਾਲਾ)**- ਸਬ ਡਵੀਜ਼ਨ ਪਾਤੜਾਂ ਅਧੀਨ ਆਉਂਦੇ ਕਸਬਾ ਘੱਗਾ ਵਿਖੇ ਝੁੱਗੀਆਂ ਵਿੱਚ ਪਿਛਲੇ ਕਈ ਦਹਾਕਿਆਂ ਤੋਂ ਰਹਿ ਰਹੇ ਮਜ਼ਦੂਰ ਪਰਿਵਾਰਾਂ ਨੇ ਨੌਜਵਾਨ ਭਾਰਤ ਸਭਾ ਦੀ ਅਗਵਾਈ ਹੇਠ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਐਸ ਡੀ ਐਮ ਦਫ਼ਤਰ ਪਾਤੜਾਂ ਵਿਖੇ ਰੋਸ ਧਰਨਾ ਦਿੱਤਾ। ਇਸ ਦੌਰਾਨ ਮਜ਼ਦੂਰ ਪਰਿਵਾਰਾਂ ਨੇ ਰਹਿਣ ਲਈ ਪੰਜ ਪੰਜ ਮਰਲਿਆਂ ਦੇ ਪਲਾਟ ਦਿੱਤੇ ਜਾਣ ਅਤੇ ਪੱਕੇ ਘਰ ਬਣਾਉਣ ਲਈ ਸਰਕਾਰੀ ਸਹਾਇਤਾ ਮੁਹੱਈਆ ਕਰਵਾਏ ਜਾਣ ਦੀ ਮੰਗ ਕੀਤੀ। ਐਸ ਡੀ ਐਮ ਪਾਤੜਾਂ ਕਾਲਾ ਰਾਮ ਕਾਂਸਲ ਨੇ ਧਰਨਾਕਾਰੀਆਂ ਤੋਂ ਮੰਗ ਪੱਤਰ ਪ੍ਰਾਪਤ ਕਰਦਿਆਂ ਭਰੋਸਾ ਦਿੱਤਾ ਕਿ ਆਉਂਦੇ ਸੋਮਵਾਰ ਨੂੰ ਨਗਰ ਪੰਚਾਇਤ ਘੱਗਾ ਅਤੇ ਪਾਤੜਾਂ ਪ੍ਰਸ਼ਾਸਨ ਨਾਲ ਮੀਟਿੰਗ ਕਰਵਾਈ ਜਾਵੇਗੀ, ਜਿਸ ਵਿੱਚ ਮਜ਼ਦੂਰਾਂ ਦੀਆਂ ਮੰਗਾਂ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ। ਨੌਜਵਾਨ ਭਾਰਤ ਸਭਾ ਦੇ ਸੂਬਾ ਕਮੇਟੀ ਮੈਂਬਰ ਦਵਿੰਦਰ ਛਬੀਲਪੁਰ ਅਤੇ ਜ਼ਿਲ੍ਹਾ ਆਗੂ ਖੁਸ਼ਵੰਤ ਹਨੀ ਨੇ ਕਿਹਾ ਕਿ ਜੇਕਰ ਪ੍ਰਸ਼ਾਸਨ ਆਪਣੇ ਵਾਅਦੇ ਮੁਤਾਬਕ ਮੀਟਿੰਗ ਨਹੀਂ ਕਰਦਾ ਜਾਂ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕੱਢਿਆ ਜਾਂਦਾ, ਤਾਂ ਮਜ਼ਦੂਰਾਂ ਦੀ ਅਗਲੀ ਮੀਟਿੰਗ ਬੁਲਾ ਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਨੌਜਵਾਨ ਆਗੂ ਗੁਰਦੀਪ ਕਲਵਾਨੂੰ, ਗੌਰਵ ਸ਼ੁਤਰਾਣਾ ਤੇ ਰਾਹੁਲ ਘੱਗਾ ਨੇ ਕਿਹਾ ਕਿ ਮਜ਼ਦੂਰ ਪਰਿਵਾਰਾਂ ਨੂੰ ਲੰਮੇ ਸਮੇਂ ਤੋਂ ਬੁਨਿਆਦੀ ਹੱਕਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ।

# ਗੋਇੰਦਵਾਲ ਥਰਮਲ ਪਲਾਂਟ ਦੇ ਜੀ.ਵੀ ਦੇ ਮੁਲਾਜ਼ਮਾਂ ਨੂੰ ਪੱਕੇ ਕਰੇਗੀ ਸਰਕਾਰ; ਪਾਵਰਕਾਮ ਵੱਲੋਂ 108 ਨਵੀਆਂ ਅਸਾਮੀਆਂ ਨੂੰ ਮਨਜ਼ੂਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਵਿੱਤੀ ਸੰਕਟ ਦੇ ਬਾਵਜੂਦ ਪਾਵਰਕਾਮ ਮੈਨੇਜਮੈਂਟ ਨੇ ਲਿਆ ਵੱਡਾ ਫੈਸਲਾ ਲੈਂਦੇ ਹੋਏ ਇੰਜੀਨੀਅਰਾਂ, ਤਕਨੀਕੀ ਤੇ ਪ੍ਰਸ਼ਾਸਨਿਕ ਸਟਾਫ਼ ਨੂੰ ਸਰਕਾਰੀ ਦਾਇਰੇ ਵਿੱਚ ਲਿਆਉਣ ਦਾ ਫ਼ੈਸਲਾ ਕੀਤਾ ਹੈ

ਵਿੱਤੀ ਤੰਗੀ ਨਾਲ ਜੂਝ ਰਹੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ: ਵੱਲੋਂ ਗੋਇੰਦਵਾਲ ਸਾਹਿਬ ਥਰਮਲ ਪਲਾਂਟ ਵਿੱਚ ਜੀ.ਵੀ.ਕੇ. ਪ੍ਰਬੰਧਨ ਅਧੀਨ ਕੰਮ ਕਰ ਰਹੇ ਇੰਜੀਨੀਅਰਾਂ, ਅਧਿਕਾਰੀਆਂ, ਤਕਨੀਕੀ ਤੇ ਗੈਰ-ਤਕਨੀਕੀ ਸਟਾਫ਼ ਨੂੰ ਵਿਭਾਗ ਵਿੱਚ ਸ਼ਾਮਲ ਕਰਨ ਲਈ 108 ਨਵੀਆਂ ਅਸਾਮੀਆਂ ਸਿਰਜੀਆਂ ਗਈਆਂ ਹਨ।ਪਾਵਰਕਾਮ ਪ੍ਰਬੰਧਨ ਵੱਲੋਂ ਹਰੀ ਝੰਡੀ ਮਿਲਣ ਤੋਂ ਬਾਅਦ ਹੁਣ ਇਸ ਸਟਾਫ਼ ਨੂੰ ਸਰਕਾਰੀ ਦਾਇਰੇ ਵਿੱਚ ਲਿਆ ਕੇ ਪੱਕੇ ਤੌਰ 'ਤੇ ਐਡਜਸਟ ਕਰ ਲਿਆ ਜਾਵੇਗਾ।

ਜੀ.ਵੀ.ਕੇ. ਵੱਲੋਂ ਸੌਂਪੀ ਗਈ 108 ਕ੍ਰਮਚਾਰੀਆਂ ਦੀ ਸੂਚੀ ਦੇ ਆਧਾਰ 'ਤੇ ਪਾਵਰਕਾਮ ਨੇ ਆਪਣੀਆਂ ਸੰਚਾਲਨ ਲੋੜਾਂ ਮੁਤਾਬਕ ਅਸਾਮੀਆਂ ਤੈਅ ਕੀਤੀਆਂ ਹਨ।ਇਨ੍ਹਾਂ ਵਿੱਚ ਚੀਫ਼ ਇੰਜੀਨੀਅਰ ਦੀ 1 ਪੋਸਟ, ਸੀਨੀਅਰ ਐਕਸੀਅਨ (ਇਲੈਕਟ੍ਰੀਕਲ) ਦੀਆਂ 17, ਸੀਨੀਅਰ ਐਕਸੀਅਨ (ਸਿਵਲ) ਦੀਆਂ 2, ਏ.ਈ.ਈ. (ਇਲੈਕਟ੍ਰੀਕਲ) ਦੀਆਂ 30, ਏ.ਈ.ਈ. (ਸਿਵਲ) ਦੀਆਂ 2, ਏ.ਈ. (ਸਿਵਲ) ਦੀ 1, ਏ.ਈ. (ਇਲੈਕਟ੍ਰੀਕਲ) ਦੀਆਂ 27 ਅਤੇ ਜੇ.ਈ. (ਇਲੈਕਟ੍ਰੀਕਲ) ਦੀਆਂ 6 ਅਸਾਮੀਆਂ ਸਣੇ ਹੋਰ ਖਾਤਾ ਅਤੇ ਪ੍ਰਸ਼ਾਸਨਿਕ ਸਟਾਫ਼ ਸ਼ਾਮਲ ਹੈ।ਦੱਸਿਆ ਜਾ ਰਿਹਾ ਹੈ ਕਿ ਇਨ੍ਹਾਂ ਵਿੱਚ ਭੁਵਨੇਸ਼ਵਰ ਸਥਿਤ ਜੀ.ਵੀ.ਕੇ. ਦੇ ਮੁੱਖ ਦਫ਼ਤਰ ਵਿੱਚ ਕੰਮ ਕਰਨ ਵਾਲੇ ਇਸ ਤਬਦੀਲੀ ਦੌਰਾਨ ਮੁਲਾਜ਼ਮਾਂ ਨੂੰ ਫਿਲਹਾਲ ਉਹੀ ਤਨਖਾਹ ਮਿਲੇਗੀ ਜੋ ਉਹ ਮੌਜੂਦਾ ਸਮੇਂ ਲੈ ਰਹੇ ਹਨ।ਜੀ.ਵੀ.ਕੇ. ਦੇ ਬਹੁਤੇ ਮੁਲਾਜ਼ਮਾਂ ਦੀ ਤਨਖਾਹ ਪੀ.ਐਸ.ਪੀ.ਸੀ.ਐਲ. ਦੇ ਬਰਾਬਰ ਦੇ ਅਹੁਦਿਆਂ ਦੇ ਮੁਕਾਬਲੇ ਘੱਟ ਹੈ, ਜਦੋਂਕਿ ਕੁਝ ਮੁਲਾਜ਼ਮਾਂ ਨੂੰ ਜ਼ਿਆਦਾ ਤਨਖਾਹ ਵੀ ਮਿਲ ਰਹੀ ਹੈ।ਮੌਜੂਦਾ ਸਮੇਂ ਵਿੱਚ ਇਹ ਥਰਮਲ ਪਲਾਂਟ ਰੋਪੜ ਥਰਮਲ ਦੇ ਚੀਫ਼ ਇੰਜੀਨੀਅਰ ਦੀ ਦੇਖ-ਰੇਖ ਹੇਠ ਚੱਲ ਰਿਹਾ ਹੈ ਅਤੇ ਪਾਵਰਕਾਮ ਦੇ 4 ਏ.ਈ. (ਸਹਾਇਕ ਇੰਜੀਨੀਅਰ) ਪਹਿਲਾਂ ਹੀ ਗੋਇੰਦਵਾਲ ਪਲਾਂਟ ਵਿੱਚ ਸੇਵਾਵਾਂ ਨਿਭਾਅ ਰਹੇ ਹਨ।

ਪ੍ਰਸ਼ਾਸਨਿਕ ਤੇ ਖਾਤਾ ਵਿਭਾਗ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਇਸ 540 ਮੈਗਾਵਾਟ ਦੇ ਥਰਮਲ ਪਲਾਂਟ ਵਿੱਚ ਸੀਨੀਅਰ ਸਹਾਇਕ (ਸੀਨੀਅਰ ਅਸਿਸਟੈਂਟ) ਦੀਆਂ 2 ਅਤੇ ਅੱਪਰ ਡਿਵੀਜ਼ਨ ਕਲਰਕ ਦੀ 1 ਪੋਸਟ ਸਿਰਜੀ ਗਈ ਹੈ।ਇਸ ਤੋਂ ਇਲਾਵਾ ਇੱਕ ਡਿਪਟੀ ਚੀਫ਼ ਅਕਾਊਂਟਸ ਅਫ਼ਸਰ ਦੋ ਅਕਾਊਂਟਸ ਅਫ਼ਸਰ ਤੇ ਦੋ ਸਹਾਇਕ ਅਕਾਊਂਟਸ ਅਫ਼ਸਰਾਂ ਦੀਆਂ ਅਸਾਮੀਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ।

ਇਸ ਫੈਸਲੇ ਤੋਂ ਬਾਅਦ ਪਲਾਂਟ ਵਿੱਚ ਆਊਟਸੋਰਸ (ਠੇਕੇ 'ਤੇ) ਕੰਮ ਕਰ ਰਹੇ ਦੂਜੇ ਕ੍ਰਮਚਾਰੀਆਂ ਵਿੱਚ ਵੀ ਉਮੀਦ ਦੀ ਕਿਰਨ ਜਾਗੀ ਹੈ ਕਿ ਪੰਜਾਬ ਸਰਕਾਰ ਦੀ ਅਡਜਸਟਮੈਂਟ ਨੀਤੀ ਤਹਿਤ ਆਉਣ ਵਾਲੇ ਦਿਨਾਂ ਵਿੱਚ ਉਨ੍ਹਾਂ ਨੂੰ ਵੀ ਵਿਭਾਗ ਵਿੱਚ ਪੱਕੇ ਹੋਣ ਦਾ ਲਾਭ ਮਿਲ ਸਕਦਾ ਹੈ।ਦੂਜੇ ਪਾਸੇ ਪਾਵਰਕਾਮ ਮੈਨੇਜਮੈਂਟ ਵੱਲੋਂ ਸਟਾਫ਼ ਦੇ ਸਮਾਯੋਜਨ ਦੀ ਪ੍ਰਕਿਰਿਆ ਨੂੰ ਬਿਨਾਂ ਕਿਸੇ ਅੜਿੱਕੇ ਦੇ ਨੇਪਰੇ ਚਾੜ੍ਹਨ ਅਤੇ ਇਸ ਦੌਰਾਨ ਆਉਣ ਵਾਲੀਆਂ ਤਕਨੀਕੀ ਖਾਮੀਆਂ ਨੂੰ ਦੂਰ ਕਰਨ ਲਈ ਇੱਕ ਉੱਚ ਪੱਧਰੀ ਕਮੇਟੀ ਦਾ ਗਠਨ ਵੀ ਕਰ ਦਿੱਤਾ ਗਿਆ ਹੈ।

## ਚੰਦੂ ਵੱਲੋਂ ਫਿਰੋਜ਼ਪੁਰ ਦਿਹਾਤੀ ਦੇ 30 ਦੇ ਕਰੀਬ ਸਰਪੰਚਾਂ ਨਾਲ ਮੀਟਿੰਗ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਫ਼ਿਰੋਜ਼ਪੁਰ ਦਿਹਾਤੀ ਹਲਕੇ ਦੀ ਸਿਆਸਤ ਉਸ ਵੇਲੇ ਹੋਰ ਗਰਮਾ ਗਈ, ਜਦੋਂ ਪ੍ਰਮੁੱਖ ਆਗੂ ਤੇ ਸਮਾਜ ਸੇਵੀ ਚੰਦਨ ਕੁਮਾਰ ਉਰਫ਼ ਚੰਦੂ ਵੱਲੋਂ ਹਲਕੇ ਦੇ ਤੀਹ ਦੇ ਕਰੀਬ ਪਿੰਡਾਂ ਦੇ ਸਰਪੰਚਾਂ ਅਤੇ ਮੋਹਤਬਰਾਂ ਨਾਲ ਇਕ ਵਿਸ਼ੇਸ਼ ਅਤੇ ਅਹਿਮ ਮੀਟਿੰਗ ਕੀਤੀ ਗਈ। ਪਿੰਡਾਂ ਦੀਆਂ ਸਮੱਸਿਆਵਾਂ, ਚੱਲ ਰਹੇ ਵਿਕਾਸ ਕਾਰਜਾਂ ਤੇ ਆਉਣ ਵਾਲੀਆਂ ਸਿਆਸੀ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਚੰਦਨ ਕੁਮਾਰ ਚੰਦੂ ਨੇ ਕਿਹਾ ਕਿ ਪਿੰਡਾਂ ਦਾ ਸਰਵਪੱਖੀ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਉਨ੍ਹਾਂ ਦਾ ਮੁੱਖ ਮਕਸਦ ਹੈ। ਉਨ੍ਹਾਂ ਦਾਅਵਾ ਕੀਤਾ ਕਿ ਹਲਕੇ ਦੇ ਸਰਪੰਚ ਤੇ ਆਮ ਲੋਕ ਚੱਟਾਨ ਵਾਂਗ ਉਨ੍ਹਾਂ ਦੇ ਨਾਲ ਖੜ੍ਹੇ ਹਨ ਅਤੇ ਆਉਣ ਵਾਲੇ ਸਮੇਂ ਵਿਚ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਆਵਾਜ਼ ਨੂੰ ਹੋਰ ਬੁਲੰਦ ਕੀਤਾ ਜਾਵੇਗਾ। ਹਾਜ਼ਰ ਸਰਪੰਚਾਂ ਨੇ ਚੰਦਨ ਕੁਮਾਰ ਚੰਦੂ ਦੀ ਅਗਵਾਈ ਵਿਚ ਪੂਰਨ ਭਰੋਸਾ ਪ੍ਰਗਟਾਇਆ ਤੇ ਹਲਕੇ ਦੀ ਚੜ੍ਹਦੀ ਕਲਾ ਲਈ ਇੱਕਜੁੱਟ ਹੋ ਕੇ ਚੱਲਣ ਦਾ ਅਹਿਦ ਲਿਆ। ਸਿਆਸੀ ਮਾਹਰਾਂ ਮੁਤਾਬਕ ਬਸ਼ੀਨ ਪੈਲੇਸ ਵਿਖੇ ਹੋਈ ਇਸ ਵੱਡੀ ਇਕੱਤਰਤਾ ਅਤੇ ਸਰਪੰਚਾਂ ਦੇ ਇਕੱਠ ਨੇ ਵਿਰੋਧੀ ਖੇਮਿਆਂ ਵਿੱਚ ਵੀ ਹਲਚਲ ਪੈਦਾ ਕਰ ਦਿੱਤੀ ਹੈ ਤੇ ਇਸ ਦੇ ਆਉਣ ਵਾਲੇ ਦਿਨਾਂ ਵਿੱਚ ਵੱਡੇ ਸਿਆਸੀ ਮਾਇਨੇ ਕੱਢੇ ਜਾ ਰਹੇ ਹਨ। ਇਸ ਮੀਟਿੰਗ ਵਿਚ ਹਲਕੇ ਦੇ ਕਈ ਨਾਮਵਰ ਪੰਚ-ਸਰਪੰਚ, ਸਮਾਜ ਸੇਵੀ ਅਤੇ ਵੱਖ-ਵੱਖ ਪਿੰਡਾਂ ਦੇ ਮੋਹਤਬਰ ਆਗੂ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਗੁਰੂ ਰਵਿਦਾਸ ਜੀ ਨੂੰ ਸਮਰਪਤ ਡਾਕੂਮੈਂਟਰੀ ਫ਼ਿਲਮ ਦਿਖਾਈ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਚਲਾਈ ਜਾ ਰਹੀ ਵਿਸ਼ੇਸ਼ ਡਾਕੂਮੈਂਟਰੀ ਮੁਹਿੰਮ ਤਹਿਤ ਵੱਖ-ਵੱਖ ਪਿੰਡਾਂ ਵਿੱਚ ਐਲ.ਈ.ਡੀ. ਸਕਰੀਨਾਂ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਫ਼ਿਲਮ



ਦਿਖਾਈ ਗਈ।ਖੋਟੇ ਤੇ ਜਵਾਹਰ ਸਿੰਘ ਵਾਲਾ ਪਿੰਡ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਇਸ ਦਾ ਲਾਹਾ ਲਿਆ।ਡਿਪਟੀ ਕਮਿਸ਼ਨਰ ਮੋਗਾ ਸ੍ਰੀ ਸਾਗਰ ਸੇਤੀਆ ਨੇ ਦੱਸਿਆ ਕਿ ਇਹ ਦਸਤਾਵੇਜ਼ੀ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਫ਼ਲਸਫ਼ੇ ਤੇ ਸਮਾਨਤਾ, ਸਮਾਜਿਕ ਨਿਆਂ, ਪ੍ਰਭੂ ਭਗਤੀ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਉਪਰਾਲਾ ਹੈ।ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਵਿੱਚ ਇਹ ਦਸਤਾਵੇਜ਼ੀ ਦਿਖਾਈ ਜਾ ਰਹੀ ਹੈ ਤਾਂ ਜੁ ਖ਼ਾਸ ਕਰਕੇ ਨੌਜਵਾਨ ਪੀੜ੍ਹੀ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਜਾਣੂ ਹੋ ਸਕੇ। ਦਸਤਾਵੇਜ਼ੀ ਦੇਖਣ ਉਪਰੰਤ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਜੀ ਨੂੰ ਸੱਚੀ ਸ਼ਰਧਾਂਜਲੀ ਹੈ।ਪਿੰਡ ਵਾਸੀਆਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਸਮਾਨਤਾ, ਭਾਈਚਾਰੇ ਅਤੇ ਭੇਦਭਾਵ ਰਹਿਤ ਸਮਾਜ ਦਾ ਸੰਦੇਸ਼ ਅੱਜ ਵੀ ਉਨਾਂ ਹੀ ਪ੍ਰਸੰਗਿਕ ਹੈ ਅਤੇ ਅਜਿਹੀਆਂ ਪਹਿਲਕਦਮੀਆਂ ਨਵੀਂ ਪੀੜ੍ਹੀ ਨੂੰ ਉਨ੍ਹਾਂ ਦੇ ਆਦਰਸ਼ਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।

## ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ 'ਚ ਮੰਗਾਂ ਜਲਦ ਮੰਨਣ ਦੀ ਮੰਗ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਸਬ-ਡਵੀਜ਼ਨ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਸੱਘੜ ਸਿੰਘ ਹਾਲ ਵਿਖੇ ਪ੍ਰਧਾਨ ਬਿੱਕਰ ਸਿੰਘ ਮਾਛੀਕੇ ਦੀ ਪ੍ਰਧਾਨਗੀ ਹੇਠ ਹੋਈ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਭਖਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਮੇਲ ਸਿੰਘ ਖੋਟੇ, ਗੁਰਜੰਟ ਸਿੰਘ ਬੌਡੇ, ਸਕਿੰਦਰ ਸਿੰਘ ਭਾਗੀਕੇ, ਗੁਰਮੇਲ ਸਿੰਘ ਬੌਡੇ, ਪ੍ਰਿੰਸੀਪਲ ਸੁਖਚੈਨ ਸਿੰਘ ਅਤੇ ਪ੍ਰਿੰਸੀਪਲ ਹਰਭਜਨ ਸਿੰਘ ਤਖਤੂਪੁਰਾ ਸਮੇਤ ਹੋਰ ਬੁਲਾਰਿਆਂ ਨੇ ਸਰਕਾਰ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕੀਤੀ।ਉਨ੍ਹਾਂ ਨੇ 2.59 ਦੇ ਗੁਣਾਂਕ ਅਨੁਸਾਰ ਤਨਖ਼ਾਹਾਂ ਅਤੇ ਪੈਨਸ਼ਨਾਂ ਵਿੱਚ ਸੋਧ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਏ ਅਤੇ ਡੀ.ਏ. ਦੇ ਬਕਾਏ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ। ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਵੱਲ ਤੁਰੰਤ ਧਿਆਨ ਨਾ ਦਿੱਤਾ ਤਾਂ 27 ਜੁਲਾਈ 2026 ਨੂੰ ਸੰਗਰੂਰ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ।ਇਸ ਤੋਂ ਇਲਾਵਾ 7 ਅਗਸਤ 2026 ਨੂੰ ਮੁਲਾਜ਼ਮ ਮੰਚ ਅਤੇ ਸਾਂਝੇ ਰਲਕੇ ਦੇ ਸੱਦੇ 'ਤੇ ਚੰਡੀਗੜ੍ਹ ਦੇ ਸੈਕਟਰ-39 ਸਥਿਤ ਅਨਾਜ ਮੰਡੀ ਵਿੱਚ ਸਾਰੀਆਂ ਜੱਥੇਬੰਦੀਆਂ ਮਿਲ ਕੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ, ਪਿੱਟ ਸਿਆਪਾ ਤੇ ਰੋਸ ਮਾਰਚ ਕਰਨਗੀਆਂ। ਸੂਬਾ ਪ੍ਰਧਾਨ ਭਜਨ ਸਿੰਘ ਗਿੱਲ ਨੇ ਪਿਛਲੇ ਮਹੀਨੇ ਦੀਆਂ ਗਤੀਵਿਧੀਆਂ ਤੇ ਆਉਣ ਵਾਲੇ ਸੰਘਰਸ਼ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਨੇ ਮੰਗਾਂ ਪ੍ਰਤੀ ਗੰਭੀਰਤਾ ਨਾ ਦਿਖਾਈ ਤਾਂ 7 ਅਗਸਤ ਤੋਂ ਤਿੱਖੇ ਸੰਘਰਸ਼ ਦੀ ਸ਼ੁਰੂਆਤ ਕੀਤੀ ਜਾਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਸਰਕਾਰ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੀ ਹੋਵੇਗੀ।ਉਨ੍ਹਾਂ ਦੱਸਿਆ ਕਿ ਚੰਡੀਗੜ੍ਹ ਦੇ ਮਿਨਿਸਟਰੀਅਲ ਸਟਾਫ਼, ਡਾਇਰੈਕਟੋਰੇਟ, ਪੁਲਿਸ, ਪਟਵਾਰੀ-ਕਾਨੂੰਗੋ ਅਤੇ ਹੋਰ ਭਰਾਤਰੀ ਜੱਥੇਬੰਦੀਆਂ ਵੀ ਵੱਡੀ ਗਿਣਤੀ ਵਿੱਚ ਇਸ ਰੋਸ ਰੈਲੀ ਵਿੱਚ ਸ਼ਮੂਲੀਅਤ ਕਰਨਗੀਆਂ।

## ਪੰਜਾਬ ਸਰਕਾਰ ਲੋਕ ਭਲਾਈ ਲਈ ਲਗਾਤਾਰ ਕੰਮ ਕਰ ਰਹੀ : ਸ਼ੰਕਰ ਕਟਾਰੀਆ

**ਮੱਖੂ, (ਰਛਪਾਲ ਸਿੰਘ ਸੰਧੂ)** ਜ਼ਿਲ੍ਹਾ ਪ੍ਰੀਸ਼ਦ ਫਿਰੋਜ਼ਪੁਰ ਦੇ ਮੈਂਬਰ ਸ਼ੰਕਰ ਕਟਾਰੀਆ ਯੂਥ



ਆਗੂ ਵੱਲੋਂ ਬਲਾਕ ਮੱਖੂ ਦੇ ਪਿੰਡ ਵਾਰਸਵਾਲਾ ਜੱਟਾਂ ਵਿਖੇ ਸਰਪੰਚ ਬਲਦੇਵ ਸਿੰਘ ਦੇ ਗ੍ਰਹਿ ਵਿਖੇ ਲੋਕ ਮਿਲਣੀ ਕੀਤੀ ਗਈ ਲੋਕ ਮਿਲਣੀ ਦੌਰਾਨ ਪੰਜਾਬ ਸਰਕਾਰ ਵੱਲੋਂ ਚਲਾਈ ਹੋਈ ਰਸੋਈ ਸਕੀਮ ਦੀਆਂ ਕਿੱਟਾਂ ਵੰਡੀਆਂ ਤੇ ਲੋਕਾਂ ਦੀਆਂ ਦੁੱਖ ਤਕਲੀਫਾਂ ਸੁਣੀਆਂ ਗਈਆਂ।ਸ਼ੰਕਰ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ ਤੇ ਸਰਕਾਰ ਦੀ ਕੋਸ਼ਿਸ਼ ਹੈ ਕਿ ਹਰ ਯੋਗ ਵਿਅਕਤੀ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚੇ।

## ਸੇਵਾ ਕੇਂਦਰਾਂ ਦਾ ਸਮੇਂ ਸਿਰ ਬਿੱਲ ਨਾ ਭਰਨ ਕਾਰਨ ਬੱਤੀ ਗੁੱਲ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਏ.ਪੀ. ਇਨਕਲੇਵ ਤੇ ਤਹਿਸੀਲ ਕੰਪਲੈਕਸ 'ਚ ਸਥਿਤ ਸਰਕਾਰੀ ਸੇਵਾ ਕੇਂਦਰਾਂ ਵਿੱਚ ਬਿਜਲੀ ਦਾ ਬਿੱਲ ਨਾ ਭਰੇ ਜਾਣ ਕਾਰਨ ਪ੍ਰੀ-ਪੇਡ ਮੀਟਰ ਰਿਚਾਰਜ ਨਾ ਹੋਣ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ।ਬਿਜਲੀ ਗੁੱਲ ਹੋਣ ਕਾਰਨ ਪਿਛਲੇ ਕੁਝ ਦਿਨਾਂ ਤੋਂ ਸੇਵਾ ਕੇਂਦਰ ਦਾ ਕੰਮਕਾਜ ਪੂਰੀ ਤਰ੍ਹਾਂ ਠੱਪ ਹੋ ਕੇ ਰਹਿ ਗਿਆ, ਜਿਸ ਕਾਰਨ ਆਪਣੇ ਸਰਕਾਰੀ ਕੰਮ-ਕਾਰ ਕਰਾਉਣ ਆਏ ਆਮ ਲੋਕਾਂ ਨੂੰ ਭਾਰੀ ਖੱਜਲ-ਖੁਆਰੀ ਅਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣੇ ਕਰਨਾ ਪੈ ਰਿਹਾ ਹੈ।ਚੱਲਦੀ ਗਰਮੀ ਦੇ ਇਸ ਮੌਸਮ ਵਿੱਚ ਲੋਕ ਘੰਟਿਆਂ ਬੱਧੀ ਲਾਈਨਾਂ ਵਿੱਚ ਖੜੇ ਰਹਿਣ ਲਈ ਮਜਬੂਰ ਹਨ। ਤਹਿਸੀਲਦਾਰ ਧੂਰੀ ਅਮਿਤ ਕੁਮਾਰ ਨਾਲ ਫ਼ੋਨ 'ਤੇ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਇਹ ਸੇਵਾ ਕੇਂਦਰ ਆਊਟਸੋਰਸਿੰਗ ਰਾਹੀਂ ਚਲਾਏ ਜਾ ਰਹੇ ਹਨ। ਇਸ ਲਈ ਇਨ੍ਹਾਂ ਦਾ ਸਾਰਾ ਕੰਮਕਾਜ, ਦੇਖ-ਰੇਖ ਅਤੇ ਬਿੱਲਾਂ ਦਾ ਭੁਗਤਾਨ ਸਬੰਧਤ ਨਿੱਜੀ ਕੰਪਨੀ ਦੇ ਅਧੀਨ ਹੀ ਆਉਂਦਾ ਹੈ।ਸੇਵਾ ਕੇਂਦਰ ਦੇ ਸਹਾਇਕ ਜ਼ਿਲ੍ਹਾ ਮੈਨੇਜਰ ਤਲਵਿੰਦਰ ਸਿੰਘ ਮੰਡੇਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਬਿਜਲੀ ਮਹਿਕਮੇ ਵੱਲੋਂ ਸਾਨੂੰ ਸਮੇਂ ਸਿਰ ਬਿਜਲੀ ਦਾ ਬਿੱਲ ਨਾ ਭੇਜੇ ਜਾਣ ਕਾਰਨ ਹੀ ਪਿਛਲਾ ਭੁਗਤਾਨ ਨਹੀਂ ਕੀਤਾ ਜਾ ਸਕਿਆ, ਜਿਸ ਕਰਕੇ ਪ੍ਰੀ-ਪੇਡ ਮੀਟਰ ਡਾਊਨ ਹੋ ਗਿਆ।ਹਾਲਾਂਕਿ, ਹੁਣ ਮੀਟਰ ਨੂੰ ਰਿਚਾਰਜ ਕਰਾ ਲਿਆ ਗਿਆ ਹੈ ਤੇ ਫਿਲਹਾਲ ਲੋਕਾਂ ਦੀ ਸਹੂਲਤ ਲਈ ਜਨਰੇਟਰ ਰਾਹੀਂ ਬਿਜਲੀ ਦਾ ਪ੍ਰਬੰਧ ਕਰਕੇ ਕੰਮਕਾਜ ਮੁੜ ਚਾਲੂ ਕਰ ਦਿੱਤਾ ਗਿਆ ਹੈ।

## ਕਾਲਾਝਾੜ ਟੋਲ ਪਲਾਜ਼ਾ ਸਮੇਤ ਹਾਈਵੇਅ 'ਤੇ ਵੱਡੀ ਨਾਕੇਬੰਦੀ

**ਭਵਾਨੀਗੜ੍ਹ, (ਰਾਜ ਖੁਰਮੀ)** ਪੰਜਾਬ ਪੁਲਿਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਭਵਾਨੀਗੜ੍ਹ ਇਲਾਕੇ ਵਿੱਚ ਵੱਡੇ ਪੱਧਰ 'ਤੇ ਸਰਪ੍ਰਾਈਜ਼ ਨਾਕਾਬੰਦੀ ਅਤੇ ਚੈਕਿੰਗ ਅਭਿਆਨ ਚਲਾਇਆ ਗਿਆ।ਇਸ ਦੌਰਾਨ ਭਵਾਨੀਗੜ੍ਹ ਨੇੜੇ ਕਾਲਾ ਝਾੜ ਟੋਲ ਪਲਾਜ਼ਾ ਸਮੇਤ ਮੁੱਖ ਹਾਈਵੇਅ 'ਤੇ ਪੁਲਿਸ ਦੀਆਂ ਟੀਮਾਂ ਵੱਲੋਂ ਆਉਣ-ਜਾਣ ਵਾਲੇ ਵਾਹਨਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ। ਚੈਕਿੰਗ ਦੌਰਾਨ ਐਸ.ਪੀ. (ਡੀ) ਦਵਿੰਦਰ ਅੱਤਰੀ, ਡੀ.ਐਸ.ਪੀ. ਸਤਨਾਮ ਸਿੰਘ, ਐਸ.ਐਚ.ਓ. ਭਵਾਨੀਗੜ੍ਹ ਰਮਨਦੀਪ ਸਿੰਘ, ਕਾਲਾਝਾੜ ਪੁਲਿਸ ਚੌਂਕੀ ਦੇ ਇੰਚਾਰਜ ਐਸ.ਆਈ. ਸੁਖਵੰਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪੁਲਿਸ ਅਧਿਕਾਰੀ ਤੇ ਮੁਲਾਜ਼ਮ ਮੌਜੂਦ ਰਹੇ। ਐਸ.ਐਸ.ਪੀ. ਡਾ. ਰਵਜੋਤ ਕੌਰ ਗਰੇਵਾਲ ਨੇ ਕਿਹਾ ਕਿ ਇਸ ਵਿਸ਼ੇਸ਼ ਅਭਿਆਨ ਦਾ ਮੁੱਖ ਉਦੇਸ਼ ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਮਜ਼ਬੂਤ ਬਣਾਉਣਾ, ਸਮਾਜ ਵਿਰੋਧੀ ਅਨਸਰਾਂ 'ਤੇ ਨਕੇਲ ਕੱਸਣਾ ਅਤੇ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ।ਉਨ੍ਹਾਂ ਕਿਹਾ ਕਿ ਅਪਰਾਧੀਆਂ ਅਤੇ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਅਜਿਹੇ ਵਿਸ਼ੇਸ਼ ਅਭਿਆਨ ਅੱਗੇ ਵੀ ਲਗਾਤਾਰ ਜਾਰੀ ਰਹਿਣਗੇ।

# ਬੱਸਾਂ ਦੇ ਬਾਈਪਾਸ ਰਾਹੀਂ ਲੰਘਣ ਕਾਰਨ ਸਵਾਰੀਆਂ ਪ੍ਰੇਸ਼ਾਨ

**ਸਮਰਾਲਾ, (ਸੁਰਜੀਤ ਸਿੰਘ)** ਚੰਡੀਗੜ੍ਹ ਲੁਧਿਆਣਾ ਸਮੇਤ ਲੰਮੇ ਰੂਟ ਦੀਆਂ ਬੱਸਾਂ ਸਮਰਾਲਾ ਦੇ ਅੱਡੇ ਵਿਚੋਂ ਦੀ ਹੋ ਕੇ ਜਾਣ ਦੀ ਬਜਾਏ ਸਮਰਾਲਾ ਦੇ ਬਾਹਰੋਂ ਬਾਹਰ ਬਣੇ ਬਾਈਪਾਸ ਰਾਹੀਂ ਲੰਘ ਜਾਣ ਕਾਰਨ ਸਵਾਰੀਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਵੇਰੇ ਡਿਊਟੀਆਂ, ਅਦਾਲਤਾਂ ਅਤੇ ਵਿਸ਼ੇਸ਼ ਤੌਰ 'ਤੇ ਪੀਜੀਆਈ ਜਾਣ ਵਾਲੀਆਂ ਸਵਾਰੀਆਂ ਨੂੰ ਬਸ ਅੱਡੇ ਤੇ ਘੰਟਿਆਂਬੱਧੀ ਇੰਤਜ਼ਾਰ ਕਰਨਾ ਪੈਂਦਾ ਹੈ।ਖਾਸ ਤੌਰ 'ਤੇ ਮੁਫ਼ਤ ਬਸ ਸਫ਼ਰ ਵਾਲੀ ਔਰਤ ਸਵਾਰੀਆਂ ਲਈ ਤਾਂ ਸਮਰਾਲਾ ਬੱਸ ਅੱਡੇ ਤੋਂ ਬਸ ਲੈਣੀ ਬਹੁਤ ਜ਼ਿਆਦਾ ਮੁਸ਼ਕਲ ਹੈ।ਅਜਿਹੇ ਹਾਲਾਤ ਵਿਚ ਪ੍ਰਾਈਵੇਟ ਬਸ ਚਾਲਕਾਂ ਦੀ ਚਾਂਦੀ ਹੈ, ਜਿਹੜੇ ਸਵਾਰੀਆਂ ਨੂੰ ਚੰਡੀਗੜ੍ਹ ਦਾ ਝਾਂਸਾ ਦੇ ਕੇ ਮੋਹਾਲੀ ਵਿਖੇ ਕਿਧਰੇ ਰਾਹ ਵਿਚ ਲਾਹ ਦਿੰਦੇ ਹਨ, ਜਿੱਥੋਂ ਪ੍ਰਾਈਵੇਟ ਬਸ ਚਾਲਕਾਂ ਦੇ ਧੋਖੇ ਦਾ ਸ਼ਿਕਾਰ ਹੋਈਆਂ ਸਵਾਰੀਆਂ ਨੂੰ ਚੰਡੀਗੜ੍ਹ ਦੇ ਸੈਕਟਰ 43 ਜਾਣ ਲਈ ਆਟੋ ਦੀ ਸ਼ਰਨ ਲੈਣੀ ਪੈਂਦੀ ਹੈ, ਜਿਸ ਨਾਲ ਉਨ੍ਹਾਂ ਦੇ ਸਮੇਂ ਦੀ ਬਰਬਾਦੀ ਹੁੰਦੀ ਹੈ।ਦਫ਼ਤਰਾਂ ਅਤੇ ਅਦਾਲਤਾਂ ਵਿਚ ਜਾਣ ਵਾਲੀਆਂ ਸਵਾਰੀਆਂ ਨੂੰ ਭਾਰੀ ਪ੍ਰੇਸ਼ਾਨੀ ਹੁੰਦੀ ਹੈ।ਅਣਜਾਣਪੁਣੇ ਵਿੱਚ ਬਸ 'ਚ ਚੜ੍ਹੀ ਸਵਾਰੀ ਨੂੰ ਪ੍ਰਾਈਵੇਟ ਬਸ ਚਾਲਕਾਂ ਦੀ ਚਲਾਕੀ ਬਹੁਤ ਮਹਿੰਗੀ ਪੈਂਦੀ ਹੈ।ਲੋਕਾਂ ਦੀ ਇਸ ਪ੍ਰੇਸ਼ਾਨੀ ਦੇ ਹੱਲ ਲਈ ਬਲਾਕ ਸਮਰਾਲਾ ਕਾਂਗਰਸ ਕਮੇਟੀ ਅਤੇ ਸਮਾਜਸੇਵੀ ਜਥੇਬੰਦੀਆਂ ਵੱਲੋਂ ਸਾਂਝੇ ਰੂਪ ਵਿੱਚ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਪਰਮਿੰਦਰ ਸਿੰਘ ਗੋਲਡੀ ਤੇ ਐਡਵੋਕੇਟ ਗਗਨਦੀਪ ਸ਼ਰਮਾ ਚੇਅਰਮੈਨ ਸਮਰਾਲਾ ਸੋਸ਼ਲ ਵੈੱਲਫੇਅਰ ਦੀ ਅਗਵਾਈ ਹੇਠ ਸਮਰਾਲਾ ਸ਼ਹਿਰ ਵਿੱਚ ਬੱਸਾਂ ਦਾਖ਼ਲ ਨਾ ਹੋ, ਬਾਈਪਾਸ ਰਾਹੀਂ ਲੰਘਣ



ਕਾਰਨ ਸਵਾਰੀਆਂ ਨੂੰ ਹੁੰਦੀ ਪ੍ਰੇਸ਼ਾਨੀ ਸਬੰਧੀ ਮੰਗ ਪੱਤਰ ਐਸ.ਡੀ.ਐਮ. ਨੂੰ ਦਿੱਤਾ ਗਿਆ।ਮੰਗ ਕੀਤੀ ਗਈ ਕਿ ਸਮਰਾਲਾ ਦਾ ਮੁੱਖ ਬੱਸ ਅੱਡਾ ਜੋ ਬੱਸਾਂ ਨਾ ਆਉਣ ਕਾਰਨ ਪੂਰੀ ਤਰ੍ਹਾਂ ਖੰਡਰ ਬਣ ਚੁੱਕਾ ਹੈ ਅਤੇ ਸਵਾਰੀਆਂ ਨੂੰ ਬੱਸਾਂ ਲੈਣ ਲਈ ਸਮਰਾਲਾ ਦੇ ਮੇਨ ਚੌਂਕ ਵਿੱਚ ਖੜ ਕੇ ਉਡੀਕ ਕਰਨੀ ਪੈਂਦੀ ਹੈ, ਜਿੱਥੇ ਉਨ੍ਹਾਂ ਦੇ ਖੜ੍ਹਨ ਲਈ ਕੋਈ ਢੁੱਕਵੀਂ ਥਾਂ ਨਹੀਂ ਹੈ।ਸਵੇਰ ਮੌਕੇ ਇੱਥੋਂ ਵੱਖ-ਵੱਖ ਸਕੂਲ, ਕਾਲਜਾਂ ਤੇ ਨੌਕਰੀਪੇਸ਼ਾ ਲੋਕ ਬੱਸਾਂ ਰਾਹੀਂ ਸਫਰ ਕਰਦੇ ਹਨ, ਪ੍ਰੰਤੂ ਬਹੁਤੀਆਂ ਬੱਸਾਂ ਵਾਲੇ ਸਮਰਾਲਾ ਸ਼ਹਿਰ ਦੇ ਅੰਦਰ ਦਾਖਲ ਨਾ ਹੋ ਕੇ, ਬੱਸ ਡਰਾਈਵਰ ਬੱਸਾਂ ਬਾਈਪਾਸ ਤੋਂ ਹੀ ਲੈ ਕੇ ਲੰਘ ਜਾਂਦੇ ਹਨ, ਜਿਸ ਕਾਰਨ ਇੱਥੋਂ ਚੜ੍ਹਨ ਵਾਲੀਆਂ ਸਵਾਰੀਆਂ ਸਮੇਂ ਸਿਰ ਆਪਣੇ ਸਥਾਨਾਂ 'ਤੇ ਨਹੀਂ ਪੁੱਜ ਸਕਦੀਆਂ। ਉਨ੍ਹਾਂ ਮੰਗ ਕੀਤੀ ਕਿ ਸਾਰੀਆਂ ਬੱਸਾਂ ਵਾਲੇ ਸਮਰਾਲਾ ਸ਼ਹਿਰ ਦੇ ਅੱਡੇ ਰਾਹੀਂ ਹੋ ਕੇ ਜਾਣੀ ਚਾਹੀਦੀਆਂ ਹਨ। ਮੰਗ ਪੱਤਰ ਪ੍ਰਾਪਤ ਕਰਨ ਉਪਰੰਤ ਐਸ. ਡੀ. ਐਮ. ਸਮਰਾਲਾ ਗੁਰਸਿਮਰਨਜੀਤ ਕੌਰ ਨੇ ਭਰੋਸਾ ਦਿਵਾਇਆ ਕਿ ਉਹ ਇਸ ਮੰਗ ਨੂੰ ਪੂਰਾ ਕਰਨ ਲਈ ਜਨਰਲ ਮੈਨੇਜਰ ਪੰਜਾਬ ਰੋਡਵੇਜ਼ ਅਤੇ ਪੈਪਸੂ ਟਰਾਂਸਪੋਰਟ ਨੂੰ ਅਗਲੇਰੀ ਕਾਰਵਾਈ ਲਈ ਭੇਜ ਦਿੱਤਾ ਗਿਆ ਹੈ। ਮੰਗ ਪੱਤਰ ਦੇਣ ਮੌਕੇ ਉਪਰੋਕਤ ਤੋਂ ਇਲਾਵਾ ਬਲਜਿੰਦਰ ਸਿੰਘ ਸਾਬਕਾ ਐਮ. ਸੀ., ਨਰਿੰਦਰ ਸਮਰਾਲਾ, ਤਨਵੀਰ ਚੱਠਾ, ਦਲਜਿੰਦਰ ਸਿੰਘ, ਰਿੰਕੂ ਥਾਪਰ, ਅਮਰਦੀਪ ਸਿੰਘ ਬਾਲਿਓਂ, ਵਿਸ਼ਾਲ ਭਾਰਤੀ, ਕੈਪਟਨ ਚਰਨ ਸਿੰਘ, ਰਿੰਕੂ ਧਾਲੀਵਾਲ ਸਾਬਕਾ ਐਮ.ਸੀ. ਆਦਿ ਤੋਂ ਇਲਾਵਾ ਬਲਾਕ ਕਾਂਗਰਸ ਕਮੇਟੀ ਅਤੇ ਸਮਾਜਸੇਵੀ ਜਥੇਬੰਦੀਆਂ ਦੇ ਹੋਰ ਵਰਕਰ ਹਾਜ਼ਰ ਸਨ।

## ਮਨਜੀਤ ਸਿੰਘ ਧੁੰਨਾ ਨੂੰ ਅਕਾਲੀ ਦਲ ਵਿਚੋਂ ਕੀਤਾ ਬਾਹਰ

**ਬਠਿੰਡਾ (ਰਾਜੀਵ ਗੋਇਲ)** : ਬੁੱਧਵਾਰ ਨੂੰ ਦੁਪਹਿਰ ਸਮੇਂ ਹਲਕਾ ਰਾਮਪੁਰਾ ਫੂਲ ਵਿੱਚ ਉਸ ਸਮੇਂ ਸਿਆਸੀ ਹਲਚਲ ਮੱਚ ਗਿਆ,ਜਦੋਂ ਸਾਬਕਾ ਵਜ਼ੀਰ ਸਿਕੰਦਰ ਸਿੰਘ ਮਲੂਕਾ ਦੀ ਮੁੱਛ ਦਾ ਵਾਲ ਜਾਣੇ ਜਾਂਦੇ ਮਨਜੀਤ ਸਿੰਘ ਧੁੰਨਾ ਨੂੰ



ਅਕਾਲੀ ਦਲ ਵਿੱਚੋਂ ਛੇ ਸਾਲਾਂ ਲਈ ਬਾਹਰ ਕੱਢਣ ਦੀ ਖਬਰ ਸੋਸ਼ਲ ਮੀਡੀਆ 'ਤੇ ਫੈਲ ਗਈ। ਸਿਕੰਦਰ ਸਿੰਘ ਮਲੂਕਾ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਪਿਛਲੇ ਦਿਨੀ ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਉਕਤ ਆਗੂ ਖਿਲਾਫ ਭਗਤਾ ਭਾਈਕਾ ਦੀ ਜਥੇਬੰਦੀ ਵੱਲੋਂ ਜ਼ਿਲ੍ਹਾ ਕਮੇਟੀ ਪਾਸ ਪਾਰਟੀ ਵਿਰੋਧੀ ਗਤੀਵਿਧੀਆਂ ਨੂੰ ਲੈ ਕੇ ਸ਼ਿਕਾਇਤ ਕੀਤੀ ਗਈ ਸੀ,ਜਿਸ ਨੂੰ ਲੈ ਕੇ ਹੀ ਇਹ ਕਾਰਵਾਈ ਹੋਈ ਹੈ ਅਤੇ ਜ਼ਿਲ੍ਹਾ ਕਮੇਟੀ ਵੱਲੋਂ ਇਹ ਫੈਸਲਾ ਲਿਆ ਗਿਆ ਹੈ। ਉਧਰ ਨਜੀਤ ਸਿੰਘ ਧੁੰਨਾ ਦਾ ਕਹਿਣਾ ਹੈ ਕਿ ਗਗਨਦੀਪ ਗਰੇਵਾਲ ਵੱਲੋਂ ਪਾਰਟੀ ਦੀ ਵਿਰੋਧਤਾ ਕੀਤੀ ਗਈ ਹੈ ਜਦ ਕਿ ਮੈਂ ਪਾਰਟੀ ਦਾ ਹਮੇਸ਼ਾ ਸਾਥ ਦਿੱਤਾ ਹੈ ਪਰ ਫੇਰ ਵੀ ਜਿਵੇਂ ਮਲੂਕਾ ਸਾਹਿਬ ਕਰਨਗੇ,ਉਹ ਸਹੀ ਹੈ।

## 25 ਔਰਤਾਂ ਨੂੰ ਕਰਵਾਇਆ ਜਾਵੇਗਾ ਕੰਪਿਊਟਰ ਕੋਰਸ, ਦਾਖਲਾ ਸ਼ੁਰੂ : ਪੰਮਾ ਸੰਧੂ

**ਸ੍ਰੀ ਮੁਕਤਸਰ ਸਾਹਿਬ ( ਸ਼ਮਿੰਦਰ ਪਾਲ, ਪੂਜਾ)** -ਸੋਸਵਾ ਅਧੀਨ ਪੰਜਾਬ ਸਰਕਾਰ ਦੁਆਰਾ ਮਿਲੀ ਗਰਾਂਟ ਰਾਹੀਂ ਸਿਰਫ 250 ਰੁਪਏ ਪ੍ਰਤੀ ਮਹੀਨਾ ਫੀਸ ਨਾਲ ਛਿਮਾਹੀ ਕੰਪਿਊਟਰ ਕੋਰਸ ਦੇ ਦੂਸਰੇ ਗੇੜ ਦਾ ਦਾਖਲਾ ਸ਼ੁਰੂ ਹੋ ਚੁੱਕਾ ਹੈ। ਜਾਣਕਾਰੀ ਦਿੰਦੇ ਹੋਏ ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਇਹ ਛਿਮਾਹੀ ਕੰਪਿਊਟਰ ਕੋਰਸ ਖ਼ਾਸ ਕਰਕੇ ਐਸ ਸੀ, ਬੀ ਸੀ ਵਰਗ ਅਤੇ ਲੋੜਵੰਦ ਪਰਿਵਾਰਾਂ ਦੀਆਂ 25 ਔਰਤਾਂ ਨੂੰ ਕਰਵਾਇਆ ਜਾਵੇਗਾ । ਇਸ ਕੋਰਸ ਲਈ ਵਿਧਵਾ ਤੇ ਤਲਾਕਸ਼ੁਦਾ ਔਰਤਾਂ ਨੂੰ ਪਹਿਲ ਦੇ ਆਧਾਰ 'ਤੇ ਦਾਖਲਾ ਦਿੱਤਾ ਜਾਵੇਗਾ । ਕੋਰਸ ਦੇ ਦਾਖਲੇ ਲਈ ਉਮਰ ਹੱਦ 18 ਸਾਲ ਤੇ ਵਿਦਿਅਕ ਯੋਗਤਾ ਦਸਵੀਂ ਪਾਸ ਹੋਣੀ ਚਾਹੀਦੀ ਹੈ। ਲੋੜਵੰਦ ਲਾਭਪਾਤਰੀ ਆਪਣੇ ਨਾਲ ਆਧਾਰ ਕਾਰਡ, ਦਸਵੀਂ ਪਾਸ ਦਾ ਸਰਟੀਫਿਕੇਟ, ਜਾਤੀ ਸਰਟੀਫਿਕੇਟ ਤੇ ਦੋ ਤਾਜ਼ਾ ਪਾਸਪੋਰਟ ਸਾਈਜ਼ ਫੋਟੋ ਸਮੇਤ ਸੰਸਥਾ ਦੇ ਮੁੱਖ ਦਫ਼ਤਰ ਕੋਟਕਪੂਰਾ ਰੋਡ ਨੇੜੇ ਸਰਕਾਰੀ ਕਾਲਜ ਪਹੁੰਚ ਸਕਦੇ ਹਨ।

## ਇੰਜ. ਅਸ਼ੋਕ ਕੁਮਾਰ ਭਾਰਤੀ ਦਾ ਜੀਜਾ ਸਵਰਗਵਾਸ

**ਸ੍ਰੀ ਮੁਕਤਸਰ ਸਾਹਿਬ ( ਸ਼ਮਿੰਦਰ ਪਾਲ/ ਪੂਜਾ)** - ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਗਾਈਡ ਇੰਜ. ਅਸ਼ੋਕ ਕੁਮਾਰ ਭਾਰਤੀ ਦੇ ਜੀਜਾ ਪੰਜਾਬ ਰਾਜ ਬਿਜਲੀ ਬੋਰਡ ਵਿੱਚੋਂ ਸੇਵਾ ਮੁਕਤ ਤੇ ਜੀ.ਈ. ਇੰਦੂ ਰਾਮ (77) ਕੱਲ ਇਸ ਖਾਂ ਵਾਲੇ



ਅਕਾਲ ਚਲਾਣਾ ਕਰ ਗਏ ਹਨ। ਸਵ: ਇੰਦੂ ਰਾਮ ਆਪਣੇ ਪੂਰੇ ਸੇਵਾ ਕਾਲ ਅਤੇ ਸਮਾਜਿਕ ਜੀਵਨ ਵਿੱਚ ਬਹੁਤ ਹੀ ਮਿਲਵਰਤਣ ਵਾਲੇ ਅਤੇ ਇਮਾਨਦਾਰ ਅਧਿਕਾਰੀ ਵਜੋਂ ਜਾਣੇ ਜਾਂਦੇ ਰਹੇ ਹਨ। ਉਨ੍ਹਾਂ ਦੀ ਮੌਤ 'ਤੇ ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ, ਡਾ. ਸੁਰਿੰਦਰ ਗਿਰਧਰ ਅਤੇ ਪ੍ਰਦੀਪ ਧੂੜੀਆ (ਦੋਵੇਂ ਪੈਟਰਨ), ਜਗਦੀਸ਼ ਚੰਦਰ ਧਵਾਲ, ਚੇਅਰਮੈਨ ਨਿਰੰਜਨ ਸਿੰਘ ਰੱਖਰਾ ਸਮੇਤ ਵਿਜੇ ਸਿਡਾਨਾ, ਪ੍ਰੋ. ਕੁਲਵੰਤ ਸ਼ਰਮਾ, ਸਾਹਿਲ ਕੁਮਾਰ ਹੈਪੀ, ਰਜਿੰਦਰ ਖੁਰਾਣਾ, ਰਵਿੰਦਰ ਕਟਾਰੀਆ, ਰਾਮ ਸਿੰਘ ਪੀਪੀ ਐਸ.ਸੀ.,ਅਮਰ ਨਾਥ ਸੇਤੀਆ, ਪ੍ਰਸ਼ੋਤਮ ਗਿਰਧਰ, ਡਾ. ਸਤੀਸ਼ ਗਲਹੋਤਰਾ, ਗੁਰਾਂਦਿੱਤਾ ਸਿੰਘ ਧਾਲੀ, ਡਾ. ਜਸਵਿੰਦਰ ਸਿੰਘ, ਬਲਜੀਤ ਸਿੰਘ ਮਰਵਾਹ, ਸੁਖਬੰਸ ਸਿੰਘ ਚਹਿਲ ਅਤੇ ਕਾਕਾ ਸੱਚਦੇ ਗਾਂਧੀ ਸਮੇਤ ਹੋਰਨਾਂ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਭਾਰਤੀ ਪਰਿਵਾਰ ਅਤੇ ਰਾਜੋਰੀਆ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸਵ: ਇੰਦੂ ਰਾਮ ਨਮਿਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 21 ਜੁਲਾਈ ਨੂੰ ਉਨ੍ਹਾਂ ਦੇ ਗ੍ਰਹਿ ਕੋਟ ਈਸੇ ਖਾਂ ਦੇ ਮਸੀਤਾ ਰੋਡ ਸਥਿਤ ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਦੁਪਹਿਰ 12:00 ਤੋਂ 1:00 ਵਜੇ ਤੱਕ ਪਾਇਆ ਜਾਵੇਗਾ।

## ਸਫ਼ਾਈ ਸੇਵਕਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ



**ਪਾਤੜਾਂ : (ਨਿਸ਼ਾਨ ਸਿੰਘ ਬਣਵਾਲਾ)**- ਨਗਰ ਕੌਂਸਲਾਂ ਅਧੀਨ ਕੰਮ ਕਰਦੇ ਸਫਾਈ ਸੇਵਕਾਂ ਦੀ ਜਥੇਬੰਦੀ ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਅਣਮਿੱਥੇ ਸਮੇਂ ਦੀ ਕੀਤੀ ਗਈ ਹੜਤਾਲ ਦੇ ਚਲਦਿਆਂ ਸਫਾਈ ਸੇਵਕ ਮਜ਼ਦੂਰ ਯੂਨੀਅਨ ਪਾਤੜਾਂ ਵੱਲੋਂ ਪ੍ਰਧਾਨ ਰਵੀ ਕੁਮਾਰ ਲੋਹਟ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੀਆਂ ਮਜ਼ਦੂਰ ਮਾਰੂ ਨੀਤੀਆਂ ਦੇ ਵਿਰੋਧ ਵਿੱਚ ਨਗਰ ਕੌਂਸਲ ਪਾਤੜਾਂ ਦੇ ਦਫਤਰ ਸਾਹਮਣੇ ਜ਼ੋਰਦਾਰ ਨਾਰੇਬਾਜ਼ੀ ਕੀਤੀ ਗਈ।ਸਫਾਈ ਸੇਵਕ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਰਵੀ ਕੁਮਾਰ ਲੋਹਟ ਅਤੇ ਸਰਪ੍ਰਸਤ ਬਲਵਾਨ ਸਿੰਘ ਚੌਹਾਨ ਨੇ ਦੱਸਿਆ ਕਿ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੇ ਸਫਾਈ ਸੇਵਕਾਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਸੀ ਪਰ ਸਾਢੇ ਚਾਰ ਸਾਲ ਦੇ ਕਰੀਬ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਸਰਕਾਰ ਨੇ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਅਣਗੌਲਿਆ ਕੀਤਾ ਹੋਇਆ ਹੈ। ਉਹਨਾਂ ਕਿਹਾ ਕਿ 8 ਜੁਲਾਈ ਤੋਂ ਰਾਜ ਭਰ ਵਿੱਚ ਸਫਾਈ ਸੇਵਕਾਂ ਦੀ ਅਣਮਿੱਥੇ ਸਮੇਂ ਦੀ ਚੱਲ ਰਹੀ ਸਫਾਈ ਸੇਵਕਾਂ ਦੀ ਹੜਤਾਲ ਕਰਕੇ ਸ਼ਹਿਰਾਂ ਵਿੱਚ ਕੂੜੇ ਦੇ ਢੇਰ ਲੱਗ ਰਹੇ ਹਨ ਪਰ ਬਦਕਿਸਮਤੀ ਦੀ ਗੱਲ ਹੈ ਕਿ ਬਰਸਾਤਾਂ ਦੇ ਮੌਸਮ ਦੌਰਾਨ ਲੋਕ ਹਿਤੈਸ਼ੀ ਕਹਾਉਣ ਵਾਲੀ ਸਰਕਾਰ ਸਫਾਈ ਸੇਵਕਾਂ ਦੀਆਂ ਮੰਗਾਂ ਦੀ ਕੋਈ ਪਰਵਾਹ ਨਹੀਂ ਕਰ ਰਹੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੋਮਨਾਥ ਕਲਿਆਣ, ਰਵਿੰਦਰ ਕੁਮਾਰ ਗੱਗੀ , ਸੁਭਾਸ਼ ਲੋਹਟ, ਜਗਤਾਰ ਸਿੰਘ ਤਾਰੀ,ਕਿਰਪਾਲ ਸਿੰਘ, ਸ਼ੀਨੋ ਦੇਵੀ, ਦੀਪ ਕੌਰ ,ਰਾਣੀ ਕੌਰ ਅਤੇ ਅਮਰਜੀਤ ਕੌਰ ਆਦਿ ਹਾਜ਼ਰ ਸਨ।

## ਰਾਜਪਾਲ ਨੇ ਰਾਜ ਪੱਧਰੀ ਮੈਰਿਟ ਪ੍ਰਾਪਤ ਵਿਦਿਆਰਥੀਆਂ ਦਾ ਕੀਤਾ ਸਨਮਾਨ



**ਭੀਖੀ (ਗੁਰਿੰਦਰ ਸਿੰਘ ਔਲਖ)**- ਵਿੱਦਿਆ ਭਾਰਤੀ ਅਖਿਲ ਭਾਰਤੀ ਸਿੱਖਿਆ ਸੰਸਥਾਨ ਦੀ ਪ੍ਰਾਂਤੀ ਇਕਾਈ ਸਰਵਹਿੱਤਕਾਰੀ ਸਿੱਖਿਆ ਸਮਿਤੀ, ਪੰਜਾਬ ਵੱਲੋਂ ਸੰਚਾਲਿਤ ਸ੍ਰੀ ਤਾਰਾ ਚੰਦ ਵਿਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ, ਭੀਖੀ ਲਈ ਉਸ ਸਮੇਂ ਬਹੁਤ ਹੀ ਮਾਣ ਅਤੇ ਗੌਰਵ ਦਾ ਪਲ ਆਇਆ, ਜਦੋਂ ਸਕੂਲ ਦੇ ਰਾਜ ਪੱਧਰੀ ਮੈਰਿਟ ਪ੍ਰਾਪਤ ਵਿਦਿਆਰਥੀਆਂ , ਪ੍ਰਿੰਸੀਪਲ ਅਤੇ ਅਧਿਆਪਕਾਂ ਨੂੰ ਪੰਜਾਬ ਦੇ ਮਾਨਯੋਗ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਮਿਲਣ ਦਾ ਸੁਭਾਗ ਪ੍ਰਾਪਤ ਹੋਇਆ।ਇਸ ਮੌਕੇ ਮਾਨਯੋਗ ਰਾਜਪਾਲ ਨੇ ਵਿੱਦਿਅਕ ਸੈਸ਼ਨ 2025-26 ਦੌਰਾਨ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ ਜਮਾਤ ਦੀ ਪ੍ਰੀਖਿਆ ਵਿੱਚ ਰਾਜ ਪੱਧਰੀ ਮੈਰਿਟ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਸਮਰਪਿਤ ਸੇਵਾ ਅਤੇ ਸਕੂਲ ਪ੍ਰਬੰਧਕ ਕਮੇਟੀ ਦੇ ਸਹਿਯੋਗ ਦੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਦੌਰਾਨ ਰਾਜਪਾਲ ਨੇ ਵਿਦਿਆਰਥੀਆਂ ਨਾਲ ਲਗਭਗ ਇੱਕ ਘੰਟੇ ਤੱਕ ਵੱਖ-ਵੱਖ ਵਿਸ਼ਿਆਂ 'ਤੇ ਸੰਵਾਦ ਕੀਤਾ ਅਤੇ ਉਨ੍ਹਾਂ ਨੂੰ ਉੱਚੇ ਜੀਵਨ-ਮੁੱਲਾਂ ਨਾਲ ਅੱਗੇ ਵੱਧਦਿਆਂ ਦੇਸ਼ ਅਤੇ ਸਮਾਜ ਦੀ ਸੇਵਾ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ, ਮੈਂਬਰ ਡਾ. ਗੌਰਵ ਗਰਗ, ਪ੍ਰਿੰਸੀਪਲ ਰਪਿੰਦਰ ਪਟਿਆਲ, ਵਾਈਸ ਪ੍ਰਿੰਸੀਪਲ ਰਾਜੇਸ਼ ਕੁਮਾਰ ਅਤੇ ਅਧਿਆਪਕ ਭਰਪੂਰ ਸਿੰਘ, ਬਲਵਿੰਦਰ ਸਿੰਘ, ਊਸ਼ਾ ਕੁਮਾਰੀ, ਹਰਪ੍ਰੀਤ ਕੌਰ, ਦਿਸ਼ਾ ਜਿੰਦਲ ਅਤੇ ਸਪਨਾ ਚੌਹਾਨ ਵੀ ਹਾਜ਼ਰ ਸਨ।

## ਕਤਲ ਮਾਮਲੇ 'ਚ 2 ਮੁਲਜ਼ਮ ਗ੍ਰਿਫ਼ਤਾਰ

**ਮਾਲੇਰਕੋਟਲਾ (ਅਸਗਰ ਪਰਿਹਾਰ)**- ਸਫ਼ਾਈ ਸੇਵਕ ਸ਼ਿਵ ਕੁਮਾਰ ਦੇ ਕਤਲ ਮਾਮਲੇ ਵਿੱਚ ਲਗਾਤਾਰ ਛੇ ਦਿਨ ਚੱਲੇ ਤਿੱਖੇ ਸੰਘਰਸ਼ ਤੋਂ ਬਾਅਦ ਆਖ਼ਰਕਾਰ ਪੁਲਿਸ ਨੇ ਦੋ ਮੁਲਜ਼ਮਾਂ ਨਾਸਰਾ ਅਤੇ ਉਸ ਦੇ ਜਵਾਈ ਜਾਵੇਦ ਨਦੀਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਦੀ ਇਸ ਕਾਰਵਾਈ ਤੋਂ ਬਾਅਦ ਪੀੜਤ ਪਰਿਵਾਰ ਨੇ ਮ੍ਰਿਤਕ ਸ਼ਿਵ ਕੁਮਾਰ ਦਾ ਪੋਸਟ ਮਾਰਟਮ ਕਰਵਾਉਣ ਅਤੇ ਅੰਤਿਮ ਸੰਸਕਾਰ ਲਈ ਸਹਿਮਤੀ ਦੇ ਦਿੱਤੀ, ਪਰ ਨਾਲ ਹੀ ਸਾਫ਼ ਕਰ ਦਿੱਤਾ ਕਿ ਇਨਸਾਫ਼ ਦੀ ਲੜਾਈ ਅਜੇ ਖ਼ਤਮ ਨਹੀਂ ਹੋਈ ਹੈ। ਜ਼ਿਕਰਯੋਗ ਹੈ ਕਿ ਸ਼ਿਵ ਕੁਮਾਰ, ਜੋ ਪੰਜਾਬ ਐਸ.ਸੀ. ਕਮਿਸ਼ਨ ਦੀ ਸਾਬਕਾ ਮੈਂਬਰ ਬੀਬੀ ਪੂਨਮ ਕਾਂਗੜਾ ਦੇ ਇਕਲੌਤੇ ਭਰਾ ਸਨ, ਦੀ ਲਾਸ਼ 8 ਜੁਲਾਈ ਨੂੰ ਮਾਲੇਰਕੋਟਲਾ ਦੀ ਨਹਿਰੂ ਮਾਰਕੀਟ ਵਿੱਚੋਂ ਭੇਦਭਰੀ ਹਾਲਤ ਵਿੱਚ ਮਿਲੀ ਸੀ। ਪਰਿਵਾਰ ਦਾ ਦੋਸ਼ ਹੈ ਕਿ ਮ੍ਰਿਤਕ ਦੇ ਸਰੀਰ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਸਨ, ਜੋ ਸੋਚੀ-ਸਮਝੀ ਹੱਤਿਆ ਵੱਲ ਇਸ਼ਾਰਾ ਕਰਦੇ ਹਨ। ਪੁਲਿਸ ਵੱਲੋਂ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਬੁੱਧਵਾਰ ਨੂੰ ਅੰਤਿਮ ਸੰਸਕਾਰ ਤਾਂ ਕਰ ਦਿੱਤਾ ਗਿਆ, ਪਰ ਸੰਘਰਸ਼ ਦੀ ਅਗਵਾਈ ਕਰ ਰਹੇ ਆਗੂਆਂ ਨੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਬਾਕੀ ਰਹਿੰਦੇ ਮੁਲਜ਼ਮਾਂ ਨੂੰ ਸ਼ਿਵ ਕੁਮਾਰ ਦੇ ਭੋਗ ਤੋਂ ਪਹਿਲਾਂ ਗ੍ਰਿਫ਼ਤਾਰ ਨਾ ਕੀਤਾ ਗਿਆ, ਤਾਂ ਭੋਗ ਦੀਆਂ ਰਸਮਾਂ ਮਾਲੇਰਕੋਟਲਾ ਦੇ ਲੁਧਿਆਣਾ ਬਾਈਪਾਸ 'ਤੇ ਸੜਕ ਉੱਤੇ ਟੈਂਟ ਲਗਾ ਕੇ ਕੀਤੀਆਂ ਜਾਣਗੀਆਂ ਅਤੇ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

## ਦਿਮਾਗੀ ਤੌਰ 'ਤੇ ਪ੍ਰੇਸ਼ਾਨ ਵਿਅਕਤੀ ਵੱਲੋਂ ਖੁਦਕੁਸ਼ੀ

**ਬਰੇਟਾ (ਗੀਤਵਾਲ)**- ਦਿਮਾਗੀ ਤੌਰ 'ਤੇ ਪ੍ਰੇਸ਼ਾਨ 55 ਸਾਲਾ ਵਿਅਕਤੀ ਵੱਲੋਂ ਰੇਲ ਗੱਡੀ ਹੇਠ ਆ ਕੇ ਖੁਦਕੁਸ਼ੀ ਕਰਨ ਦਾ ਦੁਖਦਾਈ ਮਾਮਲਾ ਸਾਹਮਣੇ ਆਇਆ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਰੇਲਵੇ ਪੁਲਸ ਚੌਂਕੀ ਦੇ ਜਾਂਚ ਅਧਿਕਾਰੀ ਜੁਗਰਾਜ ਸਿੰਘ ਨੇ ਦੱਸਿਆ ਕਿ ਬੀਤੀ ਮੰਗਲਵਾਰ ਦੀ ਰਾਤ 9 ਵਜੇ ਦੇ ਕਰੀਬ ਜਾਖਲ ਤੋਂ ਮਾਨਸਾ ਵੱਲ ਜਾ ਰਹੀ ਇੱਕ ਰੇਲ ਗੱਡੀ ਹੇਠ ਗੁਰਤੇਜ ਸਿੰਘ ਵਾਸੀ ਬਹਾਦਰਪੁਰ ਨੇ ਆ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਪਰਿਵਾਰਕ ਮੈਂਬਰਾਂ ਦੇ ਦੱਸਣ ਅਨੁਸਾਰ ਮ੍ਰਿਤਕ ਕੁਝ ਸਮੇਂ ਤੋਂ ਦਿਮਾਗੀ ਤੌਰ 'ਤੇ ਪ੍ਰੇਸ਼ਾਨ ਸੀ ।

## ਪਟਿਆਲਾ 'ਚ ਪਲਾਟ ਦੀ ਰਜਿਸਟਰੀ ਤੋਂ ਪਹਿਲਾਂ ਵਿਅਕਤੀ ਦੀ ਮਿਲੀ ਲਾਸ਼

**ਪਟਿਆਲਾ (ਰਾਜਿੰਦਰ ਸਿੰਘ ਥਿੰਦ )** : ਪਟਿਆਲਾ ਦੇ ਥਾਣਾ ਅਨਾਜ ਮੰਡੀ ਇਲਾਕੇ ਤੋਂ ਇਕ ਦਿਲ ਦਹਿਲਾਉਣ ਵਾਲੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਵਿਰਾਜ ਨਾਮ ਦੇ ਇਕ ਵਿਅਕਤੀ ਦੀ ਫੰਦੇ ਨਾਲ ਲਟਕਦੀ ਲਾਸ਼ ਬਰਾਮਦ ਹੋਈ ਹੈ। ਜਾਣਕਾਰੀ ਮੁਤਾਬਕ, ਵਿਰਾਜ ਨੇ ਹਾਲ ਹੀ 'ਚ ਇਕ ਪਲਾਟ ਖਰੀਦਿਆ ਸੀ, ਜਿਸ ਦੀ ਰਜਿਸਟਰੀ 15 ਜੁਲਾਈ ਨੂੰ ਹੋਣੀ ਸੀ। ਪਰ ਇਸ ਰਜਿਸਟਰੀ ਤੋਂ ਪਹਿਲਾਂ ਹੀ ਉਸ ਦੀ ਭੇਤਭਰੇ ਹਾਲਾਤ 'ਚ ਫੰਦੇ ਨਾਲ ਲਟਕਦੀ ਹੋਈ ਲਾਸ਼ ਮਿਲੀ।ਮ੍ਰਿਤਕ ਦੀ ਪਤਨੀ ਬਬੀਤਾ ਨੇ ਦੋਸ਼ ਲਗਾਉਂਦਿਆਂ ਕਿਹਾ ਕਿ ਉਸ ਦੇ ਪਤੀ ਨੇ ਪਲਾਟ ਦੀ ਰਜਿਸਟਰੀ ਕਰਵਾਉਣ ਲਈ ਘਰ ਵਿਚ ਮੋਟੀ ਰਕਮ ਰੱਖੀ ਹੋਈ ਸੀ। ਉਨ੍ਹਾਂ ਖ਼ਦਸ਼ਾ ਪ੍ਰਗਟਾਇਆ ਹੈ ਕਿ ਕਿਸੇ ਨੇ ਉਨ੍ਹਾਂ ਪੈਸਿਆਂ ਦੀ ਖਾਤਰ ਹੀ ਵਿਰਾਜ ਦਾ ਕਤਲ ਕੀਤਾ ਹੈ ਅਤੇ ਮਾਮਲੇ ਨੂੰ ਖੁਦਕੁਸ਼ੀ ਦਾ ਰੂਪ ਦੇਣ ਦੀ ਕੋਸ਼ਿਸ਼ ਕੀਤੀ ਹੈ। ਇਸ ਮਾਮਲੇ ਸੰਬੰਧੀ ਥਾਣਾ ਅਨਾਜ ਮੰਡੀ ਦੇ ਇੰਚਾਰਜ ਪ੍ਰਿੰਸਪ੍ਰੀਤ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

# ਭਾਰਤ-ਅਮਰੀਕਾ ਸਮਝੌਤੇ ਦੇ ਵਿਰੋਧ 'ਚ ਸੈਂਕੜੇ ਕਿਸਾਨਾਂ-ਮਜ਼ਦੂਰਾਂ ਵੱਲੋਂ ਮੋਟਰਸਾਈਕਲ ਮਾਰਚ

**ਮੋਗਾ (ਇਕਬਾਲ ਸਿੰਘ ਖਹਿਰਾ)** ਦੇਸ਼ ਬਚਾਓ ਮੋਰਚੇ ਦੇ ਸੱਦੇ ਉੱਤੇ ਕਿਸਾਨ ਮਜ਼ਦੂਰ ਮੋਰਚੇ ਨਾਲ ਸਬੰਧਤ ਜਥੇਬੰਦੀਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਬੀਕੇਯੂ ਏਕਤਾ ਆਜ਼ਾਦ, ਬੀਕੇਯੂ ਬਹਿਰਾਮ ਕੇ ਤੇ ਬੀਕੇਯੂ ਕ੍ਰਾਂਤੀਕਾਰੀ ਦੀ ਅਗਵਾਈ ਹੇਠ ਸੈਂਕੜੇ ਕਿਸਾਨਾਂ, ਮਜ਼ਦੂਰਾਂ ਤੇ ਨੌਜਵਾਨਾਂ ਵੱਲੋਂ ਭਾਰਤ-ਅਮਰੀਕਾ



ਫ੍ਰੀ ਟ੍ਰੇਡ ਸਮਝੌਤੇ ਦੇ ਵਿਰੁੱਧ ਵਿੱਚ ਵਿਸ਼ਾਲ ਮੋਟਰਸਾਈਕਲ ਮਾਰਚ ਕੱਢਿਆ ਗਿਆ।ਇਹ ਮਾਰਚ ਜ਼ਿਲ੍ਹਾ ਮੋਗਾ ਦੇ ਪਿੰਡ ਦੁਸਾਂਝ ਤੋਂ ਸ਼ੁਰੂ ਹੋ ਕੇ ਡੀ.ਸੀ.ਕੰਪਲੈਕਸ ਮੋਗਾ ਵਿਖੇ ਸਮਾਪਤ ਹੋਇਆ ਤੇ ਕਿਸਾਨ ਆਗੂਆਂ ਨੇ ਡੀਸੀ ਸਾਗਰ ਸੇਤੀਆ ਨੂੰ ਭਾਰਤ ਸਰਕਾਰ ਦੇ ਨਾਂਅ ਮੰਗ ਪੱਤਰ ਸੌਂਪਿਆ ਤੇ ਭਾਰਤ ਅਮਰੀਕਾ ਸਮਝੌਤਾ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ। ਵਿਸ਼ਾਲ ਮੋਟਰਸਾਈਕਲ ਮਾਰਚ ਨੂੰ ਸੰਬੋਧਨ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਮੋਗਾ, ਬੀਕੇਯੂ ਕ੍ਰਾਂਤੀਕਾਰੀ ਦੇ ਸੂਬਾ ਆਗੂ ਜਗਮੋਹਨ ਸਿੰਘ ਕੰਗ, ਬੀਕੇਯੂ ਏਕਤਾ ਆਜ਼ਾਦ ਦੇ ਸੂਬਾ ਆਗੂ ਲਖਵੀਰ ਸਿੰਘ ਦੌਧਰ, ਬੀਕੇਯੂ ਬਹਿਰਾਮ ਕੇ ਦੇ ਸੂਬਾ ਪ੍ਰਧਾਨ ਬਲਵੰਤ ਸਿੰਘ ਬਹਿਰਾਮ ਕੇ ਤੇ ਬੀਕੇਯੂ ਤੋਤੇਵਾਵਾ ਦੇ ਸੂਬਾ ਪ੍ਰਧਾਨ ਸੁੱਖ ਗਿੱਲ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਅਮਰੀਕਾ ਨਾਲ ਕੀਤਾ ਜਾ ਰਿਹਾ ਫ੍ਰੀ ਟ੍ਰੇਡ ਸਮਝੌਤਾ ਦੇਸ਼ ਦੇ ਕਿਸਾਨਾਂ, ਖੇਤ ਮਜ਼ਦੂਰਾਂ, ਛੋਟੇ ਵਪਾਰੀਆਂ, ਛੋਟੇ ਦੁਕਾਨਦਾਰਾਂ ਤੇ ਆਮ ਲੋਕਾਂ ਦੇ ਹਿੱਤਾਂ ਦੇ ਉਲਟ ਹੈ।ਇਸ ਸਮਝੌਤੇ ਨਾਲ ਬਹੁਰਾਸ਼ਟਰੀ ਕੰਪਨੀਆਂ ਨੂੰ ਭਾਰਤ ਦੇ ਖੇਤੀਬਾੜੀ, ਡੇਅਰੀ, ਬੀਜ, ਖ਼ੁਰਾਕ ਤੇ ਹੋਰ ਖੇਤਰਾਂ ਵਿੱਚ ਬੇਰੋਕ ਦਾਖਲਾ ਮਿਲੇਗਾ, ਜਿਸ ਨਾਲ ਦੇਸ਼ ਦੀ ਖੇਤੀ ਅਤੇ ਪੇਂਡੂ ਆਰਥਿਕਤਾ ਨੂੰ ਭਾਰੀ ਨੁਕਸਾਨ ਪਹੁੰਚੇਗਾ। ਵਿਦੇਸ਼ੀ ਖੇਤੀ ਉਤਪਾਦਾਂ ਦੀ ਆਮਦ ਵਧਣ ਨਾਲ ਭਾਰਤੀ ਕਿਸਾਨਾਂ ਨੂੰ ਆਪਣੀਆਂ ਫਸਲਾਂ ਦਾ ਲਾਹੇਵੰਦ ਭਾਅ ਨਹੀਂ ਮਿਲੇਗਾ, ਜਿਸ ਨਾਲ ਖੇਤੀ ਸੰਕਟ ਹੋਰ ਡੂੰਘਾ ਹੋਵੇਗਾ।ਕਿਸਾਨ ਆਗੂਆਂ ਕਿਹਾ ਕਿ ਭਾਰਤ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਲੋਕਾਂ ਦੇ ਹਿੱਤਾਂ ਨੂੰ ਨਜ਼ਰਅੰਦਾਜ਼ ਕਰ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਦੇਸ਼ ਬਚਾਓ ਮੋਰਚੇ ਵੱਲੋਂ ਦੇਸ਼ ਦੇ ਲੋਕਾਂ ਨੂੰ ਇਸ ਸਮਝੌਤੇ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਜੇਕਰ ਕੇਂਦਰ ਸਰਕਾਰ ਨੇ ਕਿਸਾਨਾਂ ਅਤੇ ਲੋਕਾਂ ਦੀ ਆਵਾਜ਼ ਨੂੰ ਅਣਸੁਣਿਆ ਕਰਦੇ ਹੋਏ ਇਹ ਸਮਝੌਤਾ ਲਾਗੂ ਕੀਤਾ ਤਾਂ ਦੇਸ਼ ਪੱਧਰ 'ਤੇ ਤਿੱਖਾ ਅਤੇ ਲੰਬਾ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ।

## ਕਿਸਾਨ ਮੱਛੀ ਪਾਲਣ ਕਿੱਤੇ ਨੂੰ ਅਪਣਾ ਕੇ ਆਰਥਿਕ ਪੱਧਰ ਉੱਚਾ ਚੁੱਕ ਸਕਦੇ -ਡੀ ਸੀ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਪ੍ਰਧਾਨ ਮੰਤਰੀ ਮਤੱਸਯ ਸੰਪਦਾ ਯੋਜਨਾ ਅਧੀਨ ਮੱਛੀ ਪਾਲਣ ਦੇ ਕਿੱਤੇ ਲਈ ਜਨਰਲ ਵਰਗ ਦੇ ਲਾਭਪਾਤਰੀਆਂ ਨੂੰ 40 ਫੀਸਦੀ ਅਤੇ ਅਨੁਸੂਚਿਤ ਜਾਤੀ/ਅਨੁਸੂਚਿਤ ਜਨਜਾਤੀ ਅਤੇ ਮਹਿਲਾ ਲਾਭਪਾਤਰੀਆਂ ਨੂੰ 60 ਫੀਸਦੀ ਸਬਸਿਡੀ ਸਰਕਾਰੀ ਨਿਯਮਾਂ ਅਨੁਸਾਰ ਦਿੱਤੀ ਜਾਂਦੀ ਹੈ, ਇਸ ਲਈ ਮੱਛੀ ਪਾਲਕ ਇਸ ਕਿੱਤੇ ਨੂੰ ਅਪਣਾ ਕੇ ਆਪਣਾ ਆਰਥਿਕ ਪੱਧਰ ਉੱਚਾ ਚੁੱਕ ਸਕਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਪ੍ਰਧਾਨ ਮੰਤਰੀ ਮਤੱਸਯ ਸੰਪਦਾ ਯੋਜਨਾ ਅਧੀਨ ਗਠਿਤ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਕਮੇਟੀ ਵੱਲੋਂ ਪੇਸ਼ ਕੀਤੇ ਗਏ ਸਾਰੇ ਪ੍ਰੋਜੈਕਟਾਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪ੍ਰਧਾਨ ਮੰਤਰੀ ਮਤੱਸਯ ਸੰਪਦਾ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਂਦੇ ਹੋਏ ਮੱਛੀ ਪਾਲਣ ਦੇ ਖੇਤਰ ਨਾਲ ਜੁੜਨ। ਉਨ੍ਹਾਂ ਕਿਹਾ ਕਿ ਮੱਛੀ ਪਾਲਣ ਇੱਕ ਉਭਰਦਾ ਹੋਇਆ ਖੇਤਰ ਹੈ, ਜਿਸ ਰਾਹੀਂ ਰੋਜ਼ਗਾਰ ਅਤੇ ਆਮਦਨ ਵਿੱਚ ਵਾਧਾ ਕੀਤਾ ਜਾ ਸਕਦਾ ਹੈ ਅਤੇ ਸਰਕਾਰ ਵੱਲੋਂ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਦਾ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ।ਮੀਟਿੰਗ ਦੌਰਾਨ ਸਹਾਇਕ ਡਾਇਰੈਕਟਰ ਮੱਛੀ ਪਾਲਣ, ਸ੍ਰੀਮਤੀ ਰਾਸ਼ੂ ਮਹਿੰਦੀਰੱਤਾ ਨੇ ਦੱਸਿਆ ਕਿ ਪੰਜਾਬ ਦਾ ਕੋਈ ਵੀ ਵਸਨੀਕ ਇਸ ਸਕੀਮ ਦਾ ਲਾਭ ਲੈ ਸਕਦਾ ਹੈ। ਇਸ ਮੰਤਵ ਲਈ ਬਿਨੈਕਾਰ ਸਹਾਇਕ ਡਾਇਰੈਕਟਰ ਮੱਛੀ ਪਾਲਣ, ਫਤਿਹਗੜ੍ਹ ਸਾਹਿਬ ਦੇ ਦਫ਼ਤਰ ਵਿੱਚ ਅਰਜ਼ੀ ਦੇ ਸਕਦੇ ਹਨ। ਮੀਟਿੰਗ ਵਿੱਚ ਵਧੀਕ ਡਿ1ਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਰਿੰਦਰ ਸਿੰਘ ਧਾਲੀਵਾਲ ਤੋਂ ਇਲਾਵਾ ਖੇਤੀਬਾੜੀ, ਮੱਛੀ ਪਾਲਣ ਅਫਸਰ ਸੁਖਵਿੰਦਰ ਕੌਰ, ਸਿੰਚਾਈ, ਜਲ ਸਪਲਾਈ ਅਤੇ ਸੈਨੀਟੇਸ਼ਨ, ਲੀਡ ਬੈਂਕ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਨੁਮਾਇੰਦੇ ਹਾਜ਼ਰ ਸਨ।


## ਹਮੀਦੀ ਦੇ ਨਹਿਰੀ ਪਾਈਪ ਲਾਈਨ ਪ੍ਰੋਜੈਕਟ ਲਈ ਸਰਵੇ ਸ਼ੁਰੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**- ਪਿੰਡ ਹਮੀਦੀ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਲੈ ਕੇ ਵੱਖ-ਵੱਖ ਮੀਡੀਆ ਵੱਲੋਂ ਲਗਾਤਾਰ ਪ੍ਰਮੁੱਖਤਾ ਨਾਲ ਖ਼ਬਰਾਂ ਪ੍ਰਕਾਸ਼ਿਤ ਕੀਤੀਆਂ ਗਈਆਂ, ਜਿਸ ਤੋਂ ਬਾਅਦ ਪੰਜਾਬ ਸਰਕਾਰ ਨੇ ਮਾਮਲੇ ਦਾ ਨੋਟਿਸ ਲੈਂਦਿਆਂ ਪਾਈਪ ਲਾਈਨ ਪ੍ਰੋਜੈਕਟ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਤਹਿਤ ਸਰਕਾਰ ਵੱਲੋਂ ਭੇਜੀ ਗਈ ਤਕਨੀਕੀ ਟੀਮ ਨੇ ਪਿੰਡ ਹਮੀਦੀ 'ਚ ਪਹੁੰਚ ਕੇ ਕਿਸਾਨਾਂ ਦੇ ਖੇਤਾਂ ਦਾ ਸਰਵੇ ਅਤੇ ਪ੍ਰਸਤਾਵਿਤ ਪਾਈਪ ਲਾਈਨ ਦੇ ਰੂਟ ਦੀ ਨਿਸ਼ਾਨਦੇਹੀ ਕੀਤੀ।ਜਾਣਕਾਰੀ ਅਨੁਸਾਰ ਪਿੰਡ ਦੇ ਉੱਦਮੀ ਨੌਜਵਾਨ ਸਰਪੰਚ ਉਮਨਦੀਪ ਸਿੰਘ ਸੋਹੀ ਵੱਲੋਂ ਕਿਸਾਨਾਂ ਦੀ ਸਮੱਸਿਆ ਨੂੰ ਲਗਾਤਾਰ ਉਠਾਇਆ ਜਾ ਰਿਹਾ ਹੈ। ਉਨ੍ਹਾਂ ਪਿਛਲੇ ਦਿਨੀ ਐਲਾਨ ਕੀਤਾ ਸੀ ਕਿ ਉਹ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਵੱਲੋਂ ਐਲਾਨੀ 10 ਹਜ਼ਾਰ ਮਾਣ ਰਾਸ਼ੀ ਨਹੀਂ ਚਾਹੁੰਦੇ। ਉਹ ਤਾਂ ਆਪਣੇ ਪਿੰਡ ਹਮੀਦੀ ਦਾ ਵਿਕਾਸ ਅਤੇ



ਖੇਤਾਂ ਨੂੰ ਪਾਣੀ ਦੀ ਸਹੂਲਤ ਚਾਹੁੰਦੇ ਹਨ। ਅਧਿਕਾਰੀਆਂ ਨੇ ਦੱਸਿਆ ਕਿ ਸਰਵੇ ਮੁਕੰਮਲ ਹੋਣ ਤੋਂ ਬਾਅਦ ਪਾਈਪ ਲਾਈਨ ਵਿਛਾਉਣ ਦਾ ਕੰਮ ਪਹਿਲ ਦੇ ਆਧਾਰ 'ਤੇ ਸ਼ੁਰੂ ਕੀਤਾ ਜਾਵੇਗਾ, ਜਿਸ ਨਾਲ ਸੈਂਕੜੇ ਏਕੜ ਰਕਬੇ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ । ਇਸ ਮੌਕੇ ਸਰਪੰਚ ਉਮਨਦੀਪ ਸਿੰਘ ਸੋਹੀ, ਹਰਪ੍ਰੀਤ ਸਿੰਘ ਦਿਉਲ ਨੇ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀ ਮੰਗ 'ਤੇ ਤੁਰੰਤ ਕਾਰਵਾਈ ਕਰਨਾ ਸ਼ਲਾਘਾਯੋਗ ਕਦਮ ਹੈ । ਗ੍ਰਾਮ ਪੰਚਾਇਤ ਅਤੇ ਕਿਸਾਨਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦਾ ਧੰਨਵਾਦ ਕੀਤਾ ਹੈ।

## ਲੋਕ ਅਕਾਲੀ ਦਲ ਵਾਰਸ ਪੰਜਾਬ ਨਾਲ ਜੁੜ ਰਹੇ: ਜਸਵਿੰਦਰ ਸਿੱਧੂ



**ਕੋਟ ਈਸੇ ਖਾਂ (ਅਰੋੜਾ)** ਅਕਾਲੀ ਦਲ ਵਾਰਸ ਪੰਜਾਬ ਦੇ ਵੱਲੋਂ 19 ਜੁਲਾਈ ਨੂੰ ਕੋਟ ਈਸੇ ਖਾਂ ਦੇ ਵਾਲੀਆ ਪੈਲੇਸ ਵਿਖੇ ਭਾਰੀ ਇੱਕਠ ਕੀਤਾ ਜਾ ਰਿਹਾ ਹੈ ਜਿਸ ਵਿੱਚ ਪਾਰਟੀ ਦੇ ਸੀਨੀਅਰ ਆਗੂ ਪਹੁੰਚ ਕੇ ਆਪਣੇ ਵਿਚਾਰ ਹਲਕਾ ਧਰਮਕੋਟ ਦੇ ਲੋਕਾਂ ਨਾਲ ਸਾਂਝੇ ਕਰਨਗੇ। ਜਿਸ ਨੂੰ ਲੈ ਕੇ ਹਲਕਾ ਧਰਮਕੋਟ ਤੋਂ ਸੀਨੀਅਰ ਆਗੂ ਜਸਵਿੰਦਰ ਸਿੰਘ ਸਿੱਧੂ ਵੱਲੋਂ ਆਪਣੀ ਟੀਮ ਨਾਲ ਵੱਖ- ਵੱਖ ਪਿੰਡਾਂ ਵਿੱਚ ਜਾ ਕੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਇਸ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ ਜਾ ਰਹੀ ਹੈ। ਜਸਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਲੋਕਾਂ ਨੇ ਸਾਰੀਆਂ ਪਾਰਟੀਆਂ ਨੂੰ ਦੇਖ ਲਿਆ ਹੈ ਤੇ ਇਹ ਪਾਰਟੀਆਂ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਲੋਕਾਂ ਨੂੰ ਗੁੰਮਰਾਹ ਕਰਦੀਆਂ ਹਨ। ਉਨ੍ਹਾ ਕਿਹਾ ਕਿ ਪੰਜਾਬ ਵਿੱਚ ਨਸ਼ੇ ਨੇ ਨੌਜਵਾਨੀ ਨੂੰ ਖਤਮ ਕਰ ਦਿੱਤਾ ਹੈ ਜਿਸ ਕਰਕੇ ਨੌਜਵਾਨਾਂ ਨੂੰ ਅਤੇ ਆਉਣ ਵਾਲੀਆਂ ਪੀੜ੍ਹੀਆ ਨੂੰ ਬਚਾਉਣ ਲਈ ਸਾਨੂੰ ਅਕਾਲੀ ਦਲ ਵਾਰਸ ਪੰਜਾਬ ਦੇ ਨਾਲ ਜੁੜਨਾ ਚਾਹੀਦਾ ਹੈ ਅਤੇ ਸਮਾਗਮ ਵਿੱਚ ਪਹੁੰਚ ਕੇ ਸੀਨੀਅਰ ਲੀਡਰਾਂ ਦੇ ਵਿਚਾਰ ਸੁਣਨੇ ਚਾਹੀਦੇ ਹਨ।

# ਰੋਟਰੈਕਟ ਕਲੱਬ ਨਾਭਾ ਗ੍ਰੇਟਰ ਵੱਲੋਂ ਸਥਾਪਨਾ ਸਮਾਰੋਹ

**ਨਾਭਾ (ਅਮਨ ਗਰਗ)** - ਰੋਟਰੈਕਟ ਕਲੱਬ, ਨਾਭਾ ਗ੍ਰੇਟਰ ਦੇ ਪ੍ਰਧਾਨ ਰਾਹੁਲ ਸਿੰਗਲਾ ਦੀ ਅਗਵਾਈ ਹੇਠ ਹਿਮਾਚਲ ਪ੍ਰਦੇਸ਼ ਦੇ ਬੜੋਗ ਦੇ ਪਾਈਨ ਡਰਾਈਵ ਰਿਜ਼ੋਰਟ ਵਿਖੇ ਰੋਟਰੈਕਟ ਡਿਸਟ੍ਰਿਕਟ 3090 ਲਈ ਇੱਕ ਸ਼ਾਨਦਾਰ ਜ਼ਿਲ੍ਹਾ ਅਸੈਂਬਲੀ ਅਤੇ ਸਥਾਪਨਾ



ਸਮਾਰੋਹ ਦੀ ਮੇਜ਼ਬਾਨੀ ਕੀਤੀ। ਇਸ ਮੌਕੇ ਰੋਟਰੈਕਟ ਮੈਂਬਰ ਕਸ਼ਿਸ਼ ਨਰੂਲਾ ਨੂੰ ਰੋਟਰੀ ਇੰਟਰਨੈਸ਼ਨਲ ਸਾਲ 2026-27 ਲਈ ਜ਼ਿਲ੍ਹਾ ਰੋਟਰੈਕਟ ਪ੍ਰਤੀਨਿਧੀ (ਡੀ.ਆਰ.ਆਰ) ਵਜੋਂ ਸਹੁੰ ਚੁਕਾਈ ਗਈ। ਇਸ ਸਾਲ ਦਾ ਜ਼ਿਲ੍ਹਾ ਥੀਮ "ਇੱਕਤ੍ਰ, ਇੱਕ ਵਿਰਾਸਤ ਬਣਾਉਣ ਲਈ ਇੱਕਜੁੱਟ" ਘੋਸ਼ਿਤ ਕੀਤਾ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਰੋਹਿਤ ਸ਼ਰਮਾ, ਡਿਪਟੀ ਐਡਵੋਕੇਟ ਜਨਰਲ, ਹਿਮਾਚਲ ਪ੍ਰਦੇਸ਼ ਸਨ। ਰੋਟੇਰੀਅਨ ਸੀ ਏ ਅਮਿਤ ਸਿੰਗਲਾ, ਜ਼ਿਲ੍ਹਾ ਗਵਰਨਰ ਆਰ ਆਈ ਡੀ 3090 ਨੇ ਨਵੀਂ ਚੁਣੀ ਗਈ ਜ਼ਿਲ੍ਹਾ ਟੀਮ ਨੂੰ ਇੰਸਟਾਲੇਸ਼ਨ ਅਫ਼ਸਰ ਵਜੋਂ ਸਹੁੰ ਚੁਕਾਈ। ਸਮਾਗਮ ਦੇ ਵਿਸ਼ੇਸ਼ ਮਹਿਮਾਨ ਪੀ ਡੀ ਆਰ ਆਰ ਰੋਟਰੈਕਟ ਅਰੁਣ ਤੇਜਾ ਗੋਦਾਵਰਤੀ, ਪ੍ਰਧਾਨ ਆਰ ਐਸ ਐਮ ਡੀ ਆਈ ਓ ਐਚ ਸਨ ਅਤੇ ਮਹਿਮਾਨ ਵਜੋਂ ਪੀ ਡੀ ਜੀ ਰੋਟੇਰੀਅਨ ਅਮਜਦ ਅਲੀ ਸਨ। ਸਮਾਗਮ ਦੀ ਮੇਜ਼ਬਾਨੀ ਰੋਟਰੈਕਟ ਕਲੱਬ ਨਾਭਾ ਗ੍ਰੇਟਰ ਦੇ ਪ੍ਰਧਾਨ ਰੋਟਰੈਕਟਰ ਰਾਹੁਲ ਸਿੰਗਲਾ ਨੇ ਕੀਤੀ ਜਦੋਂ ਕਿ ਰੋਟਰੈਕਟ ਹਿਮਾਂਸ਼ੂ ਜਿੰਦਲ ਨੇ ਜ਼ਿਲ੍ਹਾ ਅਸੈਂਬਲੀ ਚੇਅਰਮੈਨ ਵਜੋਂ ਸਮਾਗਮ ਦਾ ਸਫਲਤਾਪੂਰਵਕ ਸੰਚਾਲਨ ਕੀਤਾ। ਪ੍ਰੋਗਰਾਮ ਵਿੱਚ ਪੀ ਡੀ ਜੀ ਆਰ ਆਰ ਰਾਜੇਸ਼ ਗੋਇਲ, ਪੀ ਡੀਆਰ ਆਰ ਚਰਨਦਾਸ ਅਰੋੜਾ, ਪੀ ਡੀ ਆਰ ਆਰ ਰੁਪੇਸ਼ ਬਾਂਸਲ, ਪੀ ਡੀ ਆਰ ਆਰ ਵਿਪੁਲ ਮਿੱਤਲ, ਪੀ ਡੀ ਆਰ ਆਰ ਸਾਹਿਲ ਜਿੰਦਲ, ਡਿਪਟੀ ਚੀਫ਼ ਐਡਵਾਈਜ਼ਰ ਰੋਟੇਰੀਅਨ ਕ੍ਰਿਸ਼ਨਾ ਬਾਂਸਲ, ਡਿਪਟੀ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਯਸ਼ ਗਰਗ, ਜ਼ਿਲ੍ਹਾ ਸਕੱਤਰ ਜਨਰਲ ਰੋਟੇਰੀਅਨ ਸੁਮਿਤ ਗੋਇਲ, ਸਹਾਇਕ ਗਵਰਨਰ ਰੋਟੇਰੀਅਨ ਪ੍ਰਦੀਪ ਗੋਇਲ, ਸਹਾਇਕ ਗਵਰਨਰ ਰੋਟੇਰੀਅਨ ਨਵਿੰਦਰ ਭਾਰਤੀ, ਜ਼ਿਲ੍ਹਾ ਚੇਅਰ ਰੋਟੇਰੀਅਨ ਨਰਾਇਣ ਗਰਗ ਅਤੇ ਰੋਟੇਰੀਅਨ ਲਲਿਤ ਸ਼ਰਮਾ ਸਮੇਤ ਕਈ ਸੀਨੀਅਰ ਰੋਟਰੀ ਅਤੇ ਰੋਟਰੈਕਟ ਅਧਿਕਾਰੀ ਮੌਜੂਦ ਸਨ। ਇਸ ਸਫਲ ਸਮਾਗਮ ਵਿੱਚ ਕਲੱਬ ਦੇ ਮੈਂਬਰ ਐਡਵੋਕੇਟ ਸੰਦੀਪ ਸਿੰਗਲਾ ਸਾਬਕਾ ਪ੍ਰਧਾਨ ਅਤੇ ਜ਼ਿਲ੍ਹਾ ਮੁੱਖ ਕੋਆਰਡੀਨੇਟਰ, ਸ਼ਾਂਤਨੂ ਖੰਨਾ, ਜ਼ਿਲ੍ਹਾ ਰੋਟਰੈਕਟ ਸਕੱਤਰ ਕੇਸ਼ਵ ਗਰਗ, ਕਲੱਬ ਦੇ ਜਨਰਲ ਸਕੱਤਰ, ਤਰੁਣ ਗੁਪਤਾ, ਸਾਬਕਾ ਪ੍ਰਧਾਨ, ਸਾਹਿਲ ਸਿੰਗਲਾ ਸਾਬਕਾ ਪ੍ਰਧਾਨ, ਰਜਤ ਗਰਗ, ਜ਼ਿਲ੍ਹਾ ਖਜ਼ਾਨਚੀ, ਮਾਨਿਕ ਸਿੰਗਲਾ ਕਲੱਬ ਦੇ ਖਜ਼ਾਨਚੀ, ਮਨੀਸ਼ ਗੋਇਲ, ਹਾਰੂਨ ਵਰਮਾ, ਭਾਨੂ ਜਿੰਦਲ, ਵਿਵੇਕ ਗਰਗ, ਨਿਖਿਲ ਗਰਗ, ਕਰਨਜੀਤ ਸਿੰਘ ਨਰੂਲਾ, ਯੁਵਰਾਜ ਢਿੱਲੋਂ, ਹਿਮਾਂਸ਼ੂ ਸਿੰਗਲਾ ਅਤੇ ਦਕਸ਼ ਸਿੰਗਲਾ ਦਾ ਵਿਸ਼ੇਸ਼ ਯੋਗਦਾਨ ਸੀ।

# ਪੈਪਸੀਕੋ ਕੰਟਰੈਕਟ ਵਰਕਰਾਂ ਦਾ ਸੰਘਰਸ਼ ਤੇਜ਼ ਹੋਣ ਦੇ ਆਸਾਰ

## ਟੋਲ ਪਲਾਜ਼ਾ ਕਾਲਾਝਾੜ 'ਚ ਮੀਟਿੰਗ ਕਰਕੇ ਅਗਲੇ ਐਕਸ਼ਨ ਦਾ ਐਲਾਨ

**ਭਵਾਨੀਗੜ੍ਹ (ਰਾਜ ਖੁਰਮੀ)** ਪੈਪਸੀਕੋ ਚੰਨੋ ਦੇ ਕੰਟਰੈਕਟ ਵਰਕਰਾਂ ਤੇ ਪੈਪਸੀਕੋ ਮੈਨੇਜਮੈਂਟ ਵਿਚਾਲੇ ਲੰਮੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਸਬੰਧੀ ਬਾਈ ਜੀ ਹਵੇਲੀ ਵਿਖੇ ਸੱਤਵੀਂ ਮੀਟਿੰਗ ਵੀ ਕਿਸੇ ਠੋਸ ਨਤੀਜੇ 'ਤੇ ਨਹੀਂ ਪਹੁੰਚ ਸਕੀ।ਮੀਟਿੰਗ ਦੌਰਾਨ ਵੱਖ-ਵੱਖ ਮੰਗਾਂ 'ਤੇ ਵਿਚਾਰ-ਵਟਾਂਦਰਾ ਹੋਇਆ ਅਤੇ ਕੁਝ ਮੰਗਾਂ 'ਤੇ ਸਹਿਮਤੀ ਵੀ ਬਣੀ, ਪਰ ਵਰਕਰਾਂ ਦੀ ਮੁੱਖ ਮੰਗ ਤਨਖਾਹ ਵਿੱਚ ਵਾਧੇ ਨੂੰ ਲੈ ਕੇ ਕੋਈ ਫੈਸਲਾ ਨਾ ਹੋਣ ਕਾਰਨ ਮਾਮਲਾ ਅਜੇ ਵੀ ਅਟਕਿਆ ਹੋਇਆ ਹੈ।



ਪੈਪਸੀਕੋ ਕੰਟਰੈਕਟ ਵਰਕਰ ਯੂਨੀਅਨ ਚੰਨੋ ਦੀ 11 ਮੈਂਬਰੀ ਕਮੇਟੀ ਦੀ ਅਹਿਮ ਮੀਟਿੰਗ ਸੇਖੂਪੁਰ ਗੁਰਦੁਆਰਾ ਸਾਹਿਬ ਵਿਖੇ ਹੋਈ। ਮੀਟਿੰਗ ਉਪਰੰਤ ਯੂਨੀਅਨ ਦੇ ਪ੍ਰਧਾਨ ਕਸ਼ਮੀਰ ਸਿੰਘ ਵਲਦ ਕਲਾਂ ਤੇ ਜਨਰਲ ਸਕੱਤਰ ਪ੍ਰਦੀਪ ਸਿੰਘ ਭਾਨੀਗੜ੍ਹ ਨੇ ਦੱਸਿਆ ਕਿ ਪਿਛਲੀਆਂ ਸੱਤ-ਅੱਠ ਮੀਟਿੰਗਾਂ ਦੌਰਾਨ ਕਈ ਮੰਗਾਂ 'ਤੇ ਸਹਿਮਤੀ ਬਣੀ ਸੀ, ਪਰ ਤਨਖਾਹ ਵਾਧੇ ਵਰਗੀ ਮੁੱਖ ਮੰਗ 'ਤੇ ਮੈਨੇਜਮੈਂਟ ਵੱਲੋਂ ਕੋਈ ਸਕਾਰਾਤਮਕ ਰਵੱਈਆ ਨਹੀਂ ਅਪਣਾਇਆ ਗਿਆ। ਉਨ੍ਹਾਂ ਕਿਹਾ ਕਿ ਹੁਣ ਇਸ ਮੁੱਦੇ 'ਤੇ ਸਮੂਹ ਵਰਕਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।ਇਸ ਲਈ 18 ਜੁਲਾਈ ਨੂੰ ਸਵੇਰੇ 10 ਵਜੇ ਟੋਲ ਪਲਾਜ਼ਾ ਕਾਲਾ ਝਾੜ ਵਿਖੇ 11 ਮੈਂਬਰੀ ਕਮੇਟੀ ਤੇ ਭਰਾਤਰੀ ਜਥੇਬੰਦੀਆਂ ਦੇ ਇੱਕ-ਇੱਕ ਨੁਮਾਇੰਦੇ ਦੀ ਸਾਂਝੀ ਮੀਟਿੰਗ ਸੱਦੀ ਗਈ ਹੈ, ਜਿਸ ਵਿੱਚ ਅਗਲੇ ਸੰਘਰਸ਼ ਦੀ ਰੂਪ-ਰੇਖਾ ਅਤੇ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਬਾਈ ਜੀ ਹਵੇਲੀ ਵਿਖੇ ਹੋਈ ਮੀਟਿੰਗ 'ਚ ਪੈਪਸੀਕੋ ਮੈਨੇਜਮੈਂਟ ਵੱਲੋਂ ਜੀ.ਐਮ. ਸਤਿਅਮ ਗੁਪਤਾ, ਐਚ.ਆਰ. ਮੈਨੇਜਰ ਆਸ਼ੂਤੋਸ਼ ਪੰਜਾਬੀ, ਸੰਦੀਪ ਬਾਂਸਲ ਅਤੇ ਵੱਖ-ਵੱਖ ਠੇਕੇਦਾਰ ਵੀ ਮੌਜੂਦ ਸਨ।ਹੁਣ ਵਰਕਰਾਂ ਦੀਆਂ ਨਜ਼ਰਾਂ 18 ਜੁਲਾਈ ਦੀ ਮੀਟਿੰਗ 'ਤੇ ਟਿਕੀਆਂ ਹੋਈਆਂ ਹਨ, ਜਿੱਥੇ ਸੰਘਰਸ਼ ਦੀ ਅਗਲੀ ਦਿਸ਼ਾ ਤੈਅ ਕੀਤੀ ਜਾਵੇਗੀ।

# ਨਸ਼ੇ ਦੀ ਓਵਰਡੋਜ਼ ਕਾਰਨ ਨੌਜਵਾਨ ਦੀ ਮੌਤ



**ਤਲਵੰਡੀ ਸਾਬੋ, (ਜਗਦੀਪ ਗਿੱਲ)** ਨਸ਼ਿਆਂ ਦੇ ਵਧ ਰਹੇ ਪ੍ਰਭਾਵ ਨੇ ਇੱਕ ਹੋਰ ਪਰਿਵਾਰ ਨੂੰ ਗਹਿਰੇ ਸੋਗ ਵਿੱਚ ਧੱਕ ਦਿੱਤਾ। ਵਾਰਡ ਨੰਬਰ 9 ਦੇ ਰਹਿਣ ਵਾਲੇ 24 ਸਾਲਾ ਆਕਾਸ਼ਦੀਪ ਸਿੰਘ ਪੁੱਤਰ ਸੋਦਾਗਰ ਸਿੰਘ ਦੀ ਕਥਿਤ ਤੌਰ 'ਤੇ ਨਸ਼ੇ ਦੀ ਓਵਰਡੋਜ਼ ਕਾਰਨ ਮੌਤ ਹੋ ਗਈ।ਪਰਿਵਾਰਕ ਮੈਂਬਰਾਂ ਅਨੁਸਾਰ ਆਕਾਸ਼ਦੀਪ ਨੇ ਘਰ ਵਿੱਚ ਹੀ ਨਸ਼ੀਲਾ ਟੀਕਾ ਲਾਇਆ, ਜਿਸ ਤੋਂ ਬਾਅਦ ਉਸ ਦੀ ਹਾਲਤ ਵਿਗੜ ਗਈ ਅਤੇ ਉਸ ਦੀ ਮੌਤ ਹੋ ਗਈ। ਘਟਨਾ ਤੋਂ ਬਾਅਦ ਪਰਿਵਾਰ ਵਿੱਚ ਸੋਗ ਦੀ ਲਹਿਰ ਹੈ।ਮ੍ਰਿਤਕ ਦੀ ਮਾਤਾ ਸੁਖਜੀਤ ਕੌਰ, ਪਿਤਾ ਸੋਦਾਗਰ ਸਿੰਘ ਤੇ ਸ਼ਹਿਰ ਦੇ ਸਾਬਕਾ ਵਾਈਸ ਪ੍ਰਧਾਨ ਹਰਬੰਸ ਸਿੰਘ ਨੇ ਦੋਸ਼ ਲਾਇਆ ਕਿ ਤਲਵੰਡੀ ਸਾਬੋ ਵਿੱਚ ਨਸ਼ਿਆਂ ਦੀ ਵਿਕਰੀ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਨਹੀਂ ਲੱਗ ਰਹੀ, ਜਿਸ ਕਾਰਨ ਨੌਜਵਾਨ ਨਸ਼ਿਆਂ ਦੀ ਲਪੇਟ ਵਿੱਚ ਆ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਨਸ਼ਿਆਂ 'ਤੇ ਸਮੇਂ ਸਿਰ ਸਖ਼ਤ ਕਾਰਵਾਈ ਕੀਤੀ ਜਾਂਦੀ ਤਾਂ ਸ਼ਾਇਦ ਇਹ ਦੁਖਦਾਈ ਘਟਨਾ ਨਾ ਵਾਪਰਦੀ।ਉਨ੍ਹਾਂ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਤੋਂ ਨਸ਼ਿਆਂ ਖ਼ਿਲਾਫ਼ ਹੋਰ ਸਖ਼ਤ ਤੇ ਪ੍ਰਭਾਵਸ਼ਾਲੀ ਮੁਹਿੰਮ ਚਲਾਉਣ ਦੀ ਮੰਗ ਕੀਤੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਮ੍ਰਿਤਕ ਦਾ ਪਿਤਾ ਲੰਬੇ ਸਮੇਂ ਤੋਂ ਬਿਮਾਰ ਰਹਿੰਦਾ ਹੈ ਤੇ ਘਰ ਦੀ ਆਰਥਿਕ ਜ਼ਿੰਮੇਵਾਰੀ ਮੁੱਖ ਤੌਰ 'ਤੇ ਮਾਤਾ ਸੁਖਜੀਤ ਕੌਰ ਦਿਹਾੜੀ-ਮਜ਼ਦੂਰੀ ਕਰਕੇ ਨਿਭਾ ਰਹੀ ਸੀ।ਉਨ੍ਹਾਂ ਨੇ ਬੜੀ ਮੁਸ਼ਕਲ ਨਾਲ ਆਪਣੇ ਬੱਚਿਆਂ ਦੀ ਪਰਵਰਿਸ਼ ਕੀਤੀ ਸੀ, ਪਰ ਹੁਣ ਜਵਾਨ ਪੁੱਤਰ ਦੀ ਮੌਤ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ। ਜਦੋਂ ਥਾਣਾ ਮੁਖੀ ਅਮਰੀਕ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਮੁੱਢਲੀ ਜਾਣਕਾਰੀ ਅਨੁਸਾਰ ਨੌਜਵਾਨ ਨੇ ਨਸ਼ੀਲੀਆਂ ਗੋਲੀਆਂ ਨੂੰ ਘੋਲ ਕੇ ਟੀਕਾ ਲਾਇਆ ਸੀ, ਜਿਸ ਕਾਰਨ ਉਸ ਦੀ ਮੌਤ ਹੋਈ।ਉਨ੍ਹਾਂ ਕਿਹਾ ਕਿ ਹਾਲੇ ਤੱਕ ਪੁਲਸ ਨੂੰ ਹਸਪਤਾਲ ਵੱਲੋਂ ਅਧਿਕਾਰਤ ਰਿਪੋਰਟ (ਰੁੱਕਾ) ਪ੍ਰਾਪਤ ਨਹੀਂ ਹੋਈ।ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਕਾਨੂੰਨੀ ਕਾਰਵਾਈ ਰਿਪੋਰਟ ਮਿਲਣ ਉਪਰੰਤ ਕੀਤੀ ਜਾਵੇਗੀ।

# ਘੱਗਰ ਹੜ੍ਹਾਂ 'ਤੇ ਭਾਜਪਾ ਦਾ ਮਾਨ ਸਰਕਾਰ 'ਤੇ ਤਿੱਖਾ ਹਮਲਾ

**ਜ਼ੀਰਕਪੁਰ, (ਜਤਿੰਦਰ ਕੁਮਾਰ)** ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ, ਭਾਜਪਾ ਪੰਜਾਬ ਸਕੱਤਰ ਸੰਜੀਵ ਖੰਨਾ ਤੇ ਗੁਰਦਰਸ਼ਨ ਸਿੰਘ ਸੈਣੀ ਨਾਲ, ਘੱਗਰ ਨਦੀ ਦੇ ਨਾਲ ਲੱਗਦੇ ਹੜ੍ਹ ਪ੍ਰਭਾਵਤ ਖੇਤਰਾਂ ਦਾ ਦੌਰਾ ਕੀਤਾ, ਜੋ ਮਾਨਸੂਨ ਦੇ ਮੌਸਮ ਦੌਰਾਨ ਵਧ ਰਹੇ ਪਾਣੀ ਦੇ ਪੱਧਰ ਤੋਂ ਸਭ ਤੋਂ ਵੱਧ ਪ੍ਰਭਾਵਤ ਹੁੰਦੇ ਹਨ। ਹੜ੍ਹਾਂ ਕਾਰਨ ਹੋਏ ਨੁਕਸਾਨ ਬਾਰੇ ਜਾਣਨ ਲਈ ਗੱਲਬਾਤ ਕੀਤੀ ਤੇ ਪ੍ਰਭਾਵਤ ਖੇਤਰਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ ਮੀਟਿੰਗ ਵਿੱਚ ਸਰਕਾਰ ਬਾਰੇ ਗੰਭੀਰ ਸਵਾਲ ਉਠਾਏ।ਲਾਲਪੁਰਾ ਨੇ ਕਿਹਾ ਕਿ ਜਦੋਂ ਘੱਗਰ ਦਰਿਆ ਦਾ ਪਾਣੀ ਪੱਧਰ ਵਧਦਾ ਹੈ ਤਾਂ ਬਲਟਾਣਾ, ਜ਼ੀਰਕਪੁਰ, ਸਾਧਨਪੁਰ, ਖਜੂਰ ਮੰਡੀ, ਟਿਵਾਣਾ, ਆਲਮਗੀਰ ਤੇ ਅਮਲਾਲਾ ਸਮੇਤ ਕਈ ਇਲਾਕੇ ਬੁਰੀ ਤਰ੍ਹਾਂ ਹੜ੍ਹਾਂ ਅਤੇ ਪਾਣੀ ਵਿੱਚ ਡੁੱਬ ਜਾਂਦੇ ਹਨ।ਲੋਕਾਂ ਦੇ ਘਰ, ਦੁਕਾਨਾਂ, ਵਾਹਨ ਤੇ ਫ਼ਸਲਾਂ ਨੂੰ ਨੁਕਸਾਨ ਪਹੁੰਚਦਾ ਹੈ, ਪਰ ਸਰਕਾਰ ਹਰ ਸਾਲ ਸਿਰਫ਼ ਭਰੋਸਾ ਦਿੰਦੀ ਹੈ ਤੇ ਸਥਿਤੀ ਉਹੀ ਰਹਿੰਦੀ



ਹੈ। ਉਨ੍ਹਾਂ ਦੋਸ਼ ਲਾਇਆ ਕਿ ਹਰ ਸਾਲ ਘੱਗਰ ਦਰਿਆ ਦੇ ਹੜ੍ਹ ਕਾਰਨ ਹਜ਼ਾਰਾਂ ਏਕੜ ਖੇਤੀਬਾੜੀ ਜ਼ਮੀਨ ਡੁੱਬ ਜਾਂਦੀ ਹੈ ਤੇ ਤਬਾਹ ਹੋ ਜਾਂਦੀ ਹੈ, ਜਿਸ ਨਾਲ ਕਿਸਾਨਾਂ ਨੂੰ ਭਾਰੀ ਵਿੱਤੀ ਨੁਕਸਾਨ ਹੁੰਦਾ ਹੈ।ਇਸ ਦੇ ਬਾਵਜੂਦ ਸੂਬਾ ਸਰਕਾਰ ਕਿਸਾਨਾਂ ਨੂੰ ਸਮੇਂ ਸਿਰ ਮੁਆਵਜ਼ਾ ਦੇਣ ਵਿੱਚ ਅਸਫਲ ਰਹੀ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਨੂੰ ਮੁਆਵਜ਼ਾ ਮਨਜ਼ੂਰ ਹੈ, ਉਨ੍ਹਾਂ ਨੂੰ ਵੀ ਲੰਬੇ ਸਮੇਂ ਤੱਕ ਇੰਤਜ਼ਾਰ ਕਰਨਾ ਪੈਂਦਾ ਹੈ, ਜਿਸ ਨਾਲ ਉਨ੍ਹਾਂ ਦੀ ਵਿੱਤੀ ਸਥਿਤੀ ਹੋਰ ਵੀ ਵਿਗੜ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਘੱਗਰ ਦਰਿਆ ਦੀ ਪੁਟਾਈ ਕੀਤੀ ਜਾਂਦੀ, ਬੰਨ੍ਹ ਮਜ਼ਬੂਤ ਕੀਤੇ ਜਾਂਦੇ, ਨਾਲੀਆਂ ਦੀ ਸਫ਼ਾਈ ਕੀਤੀ ਜਾਂਦੀ ਤੇ ਵਿਗਿਆਨਕ ਡਰੇਨੇਜ ਸਿਸਟਮ ਸਮੇਂ ਸਿਰ ਲਾਗੂ ਕੀਤੇ ਜਾਂਦੇ ਤਾਂ ਲੋਕਾਂ ਨੂੰ ਹਰ ਸਾਲ ਇਸ ਦੁਖਾਂਤ ਦਾ ਸਾਹਮਣਾ ਨਾ ਕਰਨਾ ਪੈਂਦਾ।ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਇਸ਼ਤਿਹਾਰਾਂ ਅਤੇ ਦਾਅਵਿਆਂ ਤੱਕ ਸੀਮਤ ਹੈ, ਜਦੋਂ ਕਿ ਜ਼ਮੀਨੀ ਪੱਧਰ 'ਤੇ ਵਿਕਾਸ ਅਤੇ ਆਫ਼ਤ ਪ੍ਰਬੰਧਨ ਦੀ ਅਸਲ ਸਥਿਤੀ ਬਿਲਕੁਲ ਵੱਖਰੀ ਦਿਖਾਈ ਦਿੰਦੀ ਹੈ।ਭਾਜਪਾ ਪੰਜਾਬ ਦੇ ਜਨਰਲ ਸਕੱਤਰ ਅਤੇ ਹਲਕਾ ਇੰਚਾਰਜ ਸੰਜੀਵ ਖੰਨਾ ਨੇ ਕਿਹਾ ਕਿ ਬਰਸਾਤ ਦਾ ਮੌਸਮ ਹਰ ਸਾਲ ਆਉਂਦਾ ਹੈ, ਪਰ ਸਰਕਾਰ ਦੀਆਂ ਤਿਆਰੀਆਂ ਹਮੇਸ਼ਾ ਗਾਇਬ ਰਹਿੰਦੀਆਂ ਹਨ।ਭਾਜਪਾ ਆਗੂ ਗੁਰਦਰਸ਼ਨ ਸਿੰਘ ਸੈਣੀ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕ ਹੁਣ ਸਿਰਫ਼ ਸਰਕਾਰੀ ਐਲਾਨਾਂ ਦੀ ਬਜਾਏ ਸਥਾਈ ਹੱਲ ਚਾਹੁੰਦੇ ਹਨ।

# ਬਿਲਡਿੰਗ ਉਸਾਰੀ ਠੇਕੇਦਾਰ ਕਮੇਟੀ ਦੇ ਜਸਦੇਵ ਸਿੰਘ ਜੱਸਾ ਪ੍ਰਧਾਨ ਬਣੇ

**ਧੂਰੀ ( ਮਨੋਹਰ ਸਿੰਘ ਸੱਗੂ / ਮੋਹਿਤ ਗਰਗ)**-ਬਿਲਡਿੰਗ ਉਸਾਰੀ ਠੇਕੇਦਾਰ ਕਮੇਟੀ ਧੂਰੀ ਦੀ ਅਹੁੱਦੇਦਾਰਾਂ ਦੀ ਚੋਣ ਸਰਬਸੰਮਤੀ ਨਾਲ ਕਰਵਾਈ ਗਈ। ਇਸ ਦੌਰਾਨ ਠੇਕੇਦਾਰ ਜਸਦੇਵ ਸਿੰਘ (ਮਣਕੂ) ਜੱਸਾ ਨੂੰ ਕਮੇਟੀ ਦਾ ਪ੍ਰਧਾਨ ਚੁਣਿਆ ਗਿਆ।ਚੋਣ ਦੌਰਾਨ ਨਿਰਭੈ



ਸਿੰਘ ਮਾਹੀ ਅਤੇ ਸੁਖਦੇਵ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਸੱਗੂ ਅਤੇ ਗੁਰਪ੍ਰੀਤ ਸਿੰਘ ਰਾਜੋਮਾਜਰਾ ਨੂੰ ਮੀਤ ਪ੍ਰਧਾਨ, ਅਵਤਾਰ ਸਿੰਘ ਦਿਓਸੀ ਨੂੰ ਜਨਰਲ ਸਕੱਤਰ, ਸਾਬਰ ਖਾਨ ਨੂੰ ਸਹਾਇਕ ਸਕੱਤਰ, ਗੁਰਪ੍ਰੀਤ ਸਿੰਘ ਕਾਲਾ ਨੂੰ ਖ਼ਜ਼ਾਨਚੀ ਅਤੇ ਅਵਤਾਰ ਸਿੰਘ ਛਾਪੇਵਾਲੇ ਨੂੰ ਸਹਾਇਕ ਖ਼ਜ਼ਾਨਚੀ ਚੁਣਿਆ ਗਿਆ।ਇਸ ਤੋਂ ਇਲਾਵਾ ਸੰਦੀਪ ਸਿੰਘ ਵਿੱਕੀ, ਕਰਮਜੀਤ ਸਿੰਘ ਬਮਾਲ, ਵਰਿੰਦਰ ਸਿੰਘ ਰਾਜੋਮਾਜਰਾ ਅਤੇ ਚਮਕੌਰ ਸਿੰਘ ਪੰਮਾ ਨੂੰ ਕਮੇਟੀ ਦੇ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ।ਇਸ ਮੌਕੇ ਠੇਕੇਦਾਰ ਰਘਵੀਰ ਸਿੰਘ, ਸਾਬਕਾ ਕੌਂਸਲਰ ਮਲਕੀਤ ਸਿੰਘ ਮਾਧੋ, ਲੱਖਾ ਧਾਂਦਰਾ, ਬੰਤ ਸਿੰਘ, ਠੇਕੇਦਾਰ ਸੁਦਾਗਰ ਸਿੰਘ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

# ਪਿੰਡਾਂ ਵਿੱਚ ਗੁਰੂ ਰਵਿਦਾਸ ਦੇ ਜੀਵਨ 'ਤੇ ਦਸਤਾਵੇਜ਼ੀ ਫਿਲਮ ਦਿਖਾਈ



**ਜਗਰਾਉਂ/ਹਠੂਰ -(ਨਛੱਤਰ ਸੰਧੂ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਵਿਸ਼ੇਸ਼ ਦਸਤਾਵੇਜ਼ੀ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਤਹਿਤ ਬੀਤੀ ਸ਼ਾਮ ਬਲਾਕ ਮਾਛੀਵਾੜਾ ਸਾਹਿਬ ਦੇ ਪਿੰਡ ਹਰਿਓ ਖੁਰਦ, ਪਿੰਡ ਟੱਪਰੀਆਂ ਅਤੇ ਬਲਾਕ ਰਾਏਕੋਟ ਦੇ ਪਿੰਡ ਅੱਛਰਵਾਲ ਅਤੇ ਪਿੰਡ ਫੇਰੂ ਅਰਾਈਆਂ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ, ਫਲਸਫ਼ੇ, ਸਮਾਜਿਕ ਸੰਦੇਸ਼ ਅਤੇ ਉੱਚੀਆਂ ਸਿੱਖਿਆਵਾਂ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪਿੰਡ ਹਰਿਓ ਖੁਰਦ ਦੀ ਸਰਪੰਚ ਅਮਰੀਕ ਕੌਰ, ਪਿੰਡ ਟੱਪਰੀਆਂ ਦੇ ਸਰਪੰਚ ਗੁਰਬਚਨ ਸਿੰਘ, ਪਿੰਡ ਅੱਛਰਵਾਲ ਦੇ ਸਰਪੰਚ ਚਮਕੌਰ ਸਿੰਘ ਅਤੇ ਪਿੰਡ ਫੇਰੂ ਅਰਾਈਆਂ ਦੀ ਸਰਪੰਚ ਸਿੰਦਰਪਾਲ ਕੌਰ ਨੇ ਪੰਚਾਇਤ ਮੈਂਬਰਾਂ, ਪਿੰਡ ਵਾਸੀਆਂ ਅਤੇ ਵੱਡੀ ਗਿਣਤੀ ਵਿੱਚ ਹਾਜ਼ਰ ਨੌਜਵਾਨਾਂ ਅਤੇ ਮਹਿਲਾਵਾਂ ਸਮੇਤ ਸ਼ਰਧਾਪੂਰਵਕ ਦਸਤਾਵੇਜ਼ੀ ਫਿਲਮ ਦੇਖੀ।ਇਸ ਮੌਕੇ ਸੰਬੋਧਨ ਕਰਦਿਆਂ ਪਿੰਡਾਂ ਦੇ ਸਰਪੰਚਾਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤਾ ਗਿਆ ਇਹ ਵਿਸ਼ੇਸ਼ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਨੇ ਸਮਾਜਿਕ ਬਰਾਬਰੀ, ਜਾਤ-ਪਾਤ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਸੇਵਾ, ਸੱਚ, ਮਿਹਨਤ, ਆਪਸੀ ਭਾਈਚਾਰੇ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੱਤਾ, ਜੋ ਅੱਜ ਵੀ ਸਮਾਜ ਲਈ ਬਰਾਬਰ ਪ੍ਰਸੰਗਿਕ ਹੈ ।


# ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਸਖ਼ਤ ਨਿਖੇਧੀ



**ਕੋਟਕਪੂਰਾ (ਰਛਪਾਲ ਭੁੱਲਰ )** - ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਜ਼ਿਲ੍ਹਾ ਫਰੀਦਕੋਟ ਦੀ ਮਹੀਨਾਵਾਰ ਮੀਟਿੰਗ ਕੁਲਵੰਤ ਸਿੰਘ ਚਾਨੀ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੈਨਸ਼ਨਰ ਆਗੂ ਇਕਬਾਲ ਸਿੰਘ ਮੰਘੇੜਾ, ਸੋਮ ਨਾਥ ਅਰੋੜਾ , ਤਰਸੇਮ ਨਰੂਲਾ, ਇਕਬਾਲ ਸਿੰਘ ਰਣ ਸਿੰਘ ਵਾਲਾ, ਅਮਰਜੀਤ ਕੌਰ ਛਾਬੜਾ ਅਤੇ ਮੰਦਰ ਸਿੰਘ ਲੈਕਚਰਾਰ ਨੇ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 18 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਣਦੀਆਂ 6 ਕਿਸ਼ਤਾਂ ਦੇਣ ਤੋਂ ਵੀ ਮੁਨਕਰ ਹੋ ਗਈ ਹੈ ਅਤੇ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਦਲੀਲਾਂ ਪੇਸ਼ ਕਰਕੇ ਡੀ ਏ ਨੂੰ ਕੇਂਦਰੀ ਪੈਟਰਨ ਨਾਲੋਂ ਡੀਲਿੰਕ ਕਰਨ ਦੀਆਂ ਕੋਝੀਆਂ ਹਰਕਤਾਂ ਕਰ ਰਹੀ ਹੈ। ਮੀਟਿੰਗ ਦੌਰਾਨ ਪੈਨਸ਼ਨਰ ਆਗੂ ਤਰਸੇਮ ਨਰੂਲਾ ਵੱਲੋਂ ਪਿਛਲੇ ਸਮੇਂ ਦੌਰਾਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਸਬੰਧਤ ਹੋਏ ਵੱਖ ਵੱਖ ਅਦਾਲਤੀ ਫੈਸਲਿਆਂ ਬਾਰੇ ਅਤੇ ਪੈਨਸ਼ਨ ਸੇਵਾ ਪੋਰਟਲ ਤੇ ਪੈਨਸ਼ਨਰਾਂ ਦਾ ਐਲ ਟੀ ਸੀ ਅਪਲਾਈ ਕਰਨ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ।ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਮੁਲਾਜ਼ਮ ਅਤੇ ਪੈਨਸ਼ਨ ਵਿਰੋਧੀ ਵਤੀਰੇ ਦੇ ਖਿਲਾਫ ਸਾਂਝੀ ਤਾਲਮੇਲ ਕਮੇਟੀ ,ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਦੇ ਸੱਦੇ 'ਤੇ 17 ਜੁਲਾਈ ਨੂੰ ਡੀ ਸੀ ਦਫਤਰ ਫਰੀਦਕੋਟ ਵਿਖੇ ਜ਼ਿਲ੍ਹਾ ਪੱਧਰੀ ਐਕਸ਼ਨ , ਪੈਨਸ਼ਨਰ ਜੁਆਇੰਟ ਫਰੰਟ ਵੱਲੋਂ 29 ਜੁਲਾਈ ਨੂੰ ਸੰਗਰੂਰ ਰੈਲੀ ਅਤੇ ਸਾਂਝੀ ਤਾਲਮੇਲ ਕਮੇਟੀ ਵੱਲੋਂ 7 ਅਗਸਤ ਨੂੰ ਚੰਡੀਗੜ੍ਹ ਵਿਖੇ ਹੋ ਰਹੀ ਮਹਾਂ ਰੈਲੀ ਵਿੱਚ ਭਰਵੀ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ ।

# ਪੰਜਾਬੀ ਅਕਾਲੀ ਦਲ ਵਾਰਸ ਦੀ ਸਰਕਾਰ ਬਣਾਉਣ ਲਈ ਤਿਆਰ : ਗਗਨਦੀਪ ਸਿੰਘ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪੰਜਾਬ ਦੇ ਲੋਕ 2027 ਦੀਆਂ ਚੋਣਾਂ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ ਤਾਂ ਜੋ ਸੂਬੇ ਵਿਚ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੀ ਸਰਕਾਰ ਬਣਾਈ ਜਾ ਸਕੇ ਅਤੇ ਪੰਜਾਬ ਨੂੰ ਫਿਰ ਤੋਂ ਦੇਸ਼ ਦਾ ਨੰਬਰ ਇਕ ਸੂਬਾ ਬਣਾਇਆ ਜਾ ਸਕੇ। ਇਹ ਪ੍ਰਗਟਾਵਾ ਪਾਰਟੀ ਦੇ ਜ਼ੋਨ ਇੰਚਾਰਜ ਗਗਨਦੀਪ ਸਿੰਘ ਗੋਰਾਇਆ ਨੇ



ਕੀਤਾ ਹੈ।ਇਥੇ ਕੀਤੀ ਪਟਿਆਲਾ ਜ਼ੋਨ ਦੀ ਮੀਟਿੰਗ ਦੌਰਾਨ ਗਗਨਦੀਪ ਸਿੰਘ ਗੋਰਾਇਆ ਨੇ ਕਿਹਾ ਕਿ ਪਾਰਟੀ ਵਰਕਰਾਂ ਨੂੰ ਹੁਣ ਤੋਂ ਹੀ ਵਿਧਾਨ ਸਭਾ ਚੋਣਾਂ ਲਈ ਕਮਰਕੱਸੇ ਕਰ ਲੈਣੇ ਚਾਹੀਦੇ ਹਨ । ਇਸ ਮੌਕੇ ਸੀਨੀਅਰ ਆਗੂ ਲਖਵੀਰ ਸਿੰਘ ਲੌਟ ਦੀ ਅਗਵਾਈ ਹੇਠ ਪਾਰਟੀ ਲੀਡਰਸ਼ਿਪ ਨੇ ਗਗਨਦੀਪ ਸਿੰਘ ਗੋਰਾਇਆ ਨੂੰ ਸਨਮਾਨਤ ਕੀਤਾ ਤੇ ਭਰੋਸਾ ਦੁਆਇਆ ਕਿ ਪਾਰਟੀ ਦੀ ਚੜ੍ਹਦੀ ਕਲਾ ਵਾਸਤੇ ਦਿਨ ਰਾਤ ਇਕ ਕੀਤਾ ਜਾਵੇਗਾ।ਇਸ ਮੌਕੇ ਲਖਵੀਰ ਸਿੰਘ ਲੋਟ ਸਾਬਕਾ ਚੇਅਰਮੈਨ, ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਡਰੌਲੀ, ਯੂਥ ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਭਿੰਡਰ, ਨਿਸ਼ਾਨ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਬਾਰਨ, ਜਰਨੈਲ ਸਿੰਘ ਆਨੰਦ ਨਗਰ, ਜਸਵੰਤ ਸਿੰਘ ਅਕੌਤ, ਗੁਰਮੋਹਨ ਸਿੰਘ ਮੰਡੋਲੀ, ਰਾਜਵੰਤ ਕੌਰ ਘੜਾਮ, ਜਰਨੈਲ ਸਿੰਘ ਨਾਭਾ ਤੇ ਗੁਰਸੇਵਕ ਸ਼ੇਖ ਵੀ ਹਾਜ਼ਰ ਸਨ।

# ਕੀਤੇ ਕੰਮ ਬਦਲੇ ਕਮਾਈ ਛੁੱਟੀਆਂ ਸਰਵਿਸ ਰਿਕਾਰਡ 'ਚ ਦਰਜ ਕੀਤੀਆਂ ਜਾਣ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** - ਅਧਿਆਪਕਾਂ ਵੱਲੋਂ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਅਤੇ ਐਤਵਾਰ ਵਾਲੇ ਦਿਨਾਂ ਵਿੱਚ ਐੱਸ ਆਈ ਆਰ, ਜਨ ਗਣਨਾ, ਡਰੱਗ ਸਰਵੇ ਅਤੇ ਹੋਰ ਕੀਤੇ ਗਏ ਕੰਮਾਂ ਬਦਲੇ ਕਮਾਈ ਛੁੱਟੀਆਂ ਉਹਨਾਂ ਦੇ ਸਰਵਿਸ ਰਿਕਾਰਡ ਵਿੱਚ ਤੁਰੰਤ ਜਮਾਂ ਕੀਤੀਆਂ ਜਾਣ।ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਇਹ ਮੰਗ ਕਰਦਿਆਂ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਰਸੋਨਲ ਵਿਭਾਗ ਦੇ ਜ਼ਾਰੀ ਕੀਤੇ ਪੱਤਰ ਅਨੁਸਾਰ ਜੇ ਕੋਈ ਕਰਮਚਾਰੀ ਛੁੱਟੀਆਂ ਜਾਂ ਐਤਵਾਰ ਵਾਲੇ ਦਿਨ ਕੋਈ ਕੰਮ ਕਰਦਾ ਹੈ ਤਾਂ ਉਸ ਬਦਲੇ ਉਸ ਨੂੰ ਕਮਾਈ ਛੁੱਟੀ ਮਿਲਣੀ ਹੁੰਦੀ ਹੈ ਜੋ ਕੇ ਉਸ ਦੇ ਸਰਵਿਸ ਰਿਕਾਰਡ ਵਿੱਚ ਜਮਾਂ ਹੋ ਜਾਂਦੀ ਹੈ। ਆਗੂਆਂ ਨੇ ਦੱਸਿਆ ਕਿ ਹਜ਼ਾਰਾਂ ਅਧਿਆਪਕ ਨੇ 15 ਮਈ ਤੋਂ 13 ਜੂਨ ਤੱਕ ਜਨ ਗਣਨਾ ਕੀਤੀ, ਅਤੇ 15 ਜੂਨ ਤੋਂ 24 ਜੁਲਾਈ ਤੱਕ ਬੀ ਐੱਲ ਓਜ਼ ਲੱਗੇ ਅਧਿਆਪਕ ਐੱਸ ਆਈ ਆਰ ਦੀਆਂ ਟ੍ਰੇਨਿੰਗਾਂ ਅਤੇ ਐੱਸ ਆਈ ਆਰ ਦੇ ਕੰਮ ਵਿੱਚ ਲੱਗੇ ਹੋਏ ਹਨ । ਇਸ ਤੋਂ ਇਲਾਵਾ ਹਜ਼ਾਰਾਂ ਅਧਿਆਪਕ ਪੰਜਾਬ ਸਰਕਾਰ ਦਾ ਡਰੱਗ ਸਰਵੇ ਕਰ ਰਹੇ ਹਨ । ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁੱਖਵਿੰਦਰ ਸੁੱਖੀ,ਸੰਯੁਕਤ ਸਕੱਤਰ ਦਲਜੀਤ ਸਮਰਾਲਾ, ਵਿਤ ਸਕੱਤਰ ਜਸਵਿੰਦਰ ਬਠਿੰਡਾ,ਪ੍ਰੈਸ ਸਕੱਤਰ ਲਖਵੀਰ ਮੁਕਤਸਰ , ਸਹਾਇਕ ਪ੍ਰੈਸ ਸਕੱਤਰ ਰਾਜਵਿੰਦਰ ਸਿੰਘ ਬੈਹਣੀਵਾਲ ਤੇ ਤਲਵਿੰਦਰ ਸਿੰਘ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਵੀ ਕੀਤੀ ਕਿ ਅਧਿਆਪਕਾਂ ਨੂੰ ਛੁੱਟੀ ਵਾਲੇ ਦਿਨ ਫਾਲਤੂ ਦੇ ਕੰਮਾਂ ਵਿੱਚ ਉਲਝਾਇਆ ਜਾ ਰਿਹਾ ਹੈ ਜਿਸ ਕਰਕੇ ਉਹਨਾਂ ਦੇ ਆਪਣੇ ਘਰੇਲੂ ਕੰਮਕਾਰ ਬੁਰੀ ਤਰਾਂ ਪ੍ਰਭਾਵਿਤ ਹੋ ਰਹੇ ਹਨ।

# ਰੱਖੜੀ ਮੌਕੇ ਡਾਕਖਾਨੇ ਐਤਵਾਰ ਤੇ ਸਰਕਾਰੀ ਛੁੱਟੀਆਂ ਵਾਲੇ ਦਿਨ ਵੀ ਖੁੱਲ੍ਹੇ ਰਹਿਣਗੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ )**-ਸੁਪਰਡੈਂਟ ਡਾਕ ਘਰ ਪਟਿਆਲਾ ਡਿਵੀਜ਼ਨ ਸ੍ਰੀਮਤੀ ਮੋਨਿਕਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੱਖੜੀ ਦੇ ਪਵਿੱਤਰ ਤਿਉਹਾਰ ਨੂੰ ਧਿਆਨ ਵਿੱਚ ਰੱਖਦੇ ਹੋਏ ਆਮ ਲੋਕਾਂ ਦੀ ਸਹੂਲਤ ਲਈ 15 ਜੁਲਾਈ ਤੋਂ 28 ਅਗਸਤ ਤੱਕ ਸਾਰੇ ਐਤਵਾਰਾਂ ਅਤੇ ਸਰਕਾਰੀ ਛੁੱਟੀਆਂ ਦੌਰਾਨ ਵੀ ਪਟਿਆਲਾ ਡਿਵੀਜ਼ਨ ਦੇ ਹੇਠ ਲਿਖੇ ਡਾਕ ਘਰ ਆਮ ਲੋਕਾਂ ਲਈ ਖੁੱਲ੍ਹੇ ਰਹਿਣਗੇ। ਇਸ ਦੌਰਾਨ, ਇਨ੍ਹਾਂ ਡਾਕ ਘਰਾਂ ਵਿੱਚ ਰੱਖੜੀਆਂ, ਪਾਰਸਲ ਅਤੇ ਹੋਰ ਡਾਕ ਸਮੱਗਰੀ ਦੀ ਬੁਕਿੰਗ ਦੇ ਨਾਲ-ਨਾਲ ਆਧਾਰ ਨਾਮਾਂਕਨ ਅਤੇ ਆਧਾਰ ਅਪਡੇਟ ਦੀਆਂ ਸੇਵਾਵਾਂ ਵੀ ਉਪਲਬਧ ਰਹਿਣਗੀਆਂ।ਖੁੱਲ੍ਹੇ ਰਹਿਣ ਵਾਲੇ ਡਾਕ ਘਰਾਂ ਵਿੱਚ ਸਰਹਿੰਦ ਡਾਕ ਘਰ , ਸਮਾਣਾ ਡਾਕ ਘਰ ,ਨਾਭਾ ਡਾਕ,ਘਰ, ਮੰਡੀ ਗੋਬਿੰਦਗੜ੍ਹ ਡਾਕ ਘਰ, ਪਾਤੜਾਂ ਡਾਕ ਘਰ ,ਪਟਿਆਲਾ ਤੇ ਮੁੱਖ ਡਾਕ ਘਰ ਰਾਜਪੁਰਾ ਸ਼ਾਮਿਲ ਹਨ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 5 ਮੁਲਜ਼ਮ ਗ੍ਰਿਫਤਾਰ

**ਸੰਗਰੂਰ (ਪ੍ਰਵੀਨ ਸਿੰਘ)**-ਡਾ. ਰਵਜੋਤ ਗਰੇਵਾਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਤਹਿਤ ਮਾੜੇ ਅਨਸਰਾਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਸਬ ਡਵੀਜ਼ਨ ਸੰਗਰੂਰ ਦੀ ਪੁਲਿਸ ਵੱਲੋਂ ਕਾਰਵਾਈ ਕਰਦੇ ਹੋਏ ਲੰਘੇ ਹਫਤੇ ਮੁਕੱਦਮੇਂ ਦਰਜ ਕਰਕੇ 5 ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਕੇ ਉਹਨਾਂ ਪਾਸੋਂ 30 ਗ੍ਰਾਮ ਹੈਰੋਇਨ/ਚਿੱਟਾ ਬ੍ਰਾਮਦ ਕੀਤਾ ਗਿਆ ਅਤੇ ਨਸ਼ੇ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਨਸ਼ੇ ਤੋਂ ਨਿਜਾਤ ਦਿਵਾਉਣ ਲਈ 1 ਵਿਅਕਤੀ ਨੂੰ ਦਾਖਲ ਕਰਵਾਇਆ ਗਿਆ। ਹੋਰ ਜੁਰਮਾਂ ਤਹਿਤ 12 ਮੁਲਜ਼ਮਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ ਹੈ।

# ਅੰਨਪੂਰਨਾ ਦਿਵਸ ਮਨਾ ਕੇ ਨਵੇਂ ਸੈਸ਼ਨ ਦੀ ਸ਼ੁਰੂਆਤ



**ਜ਼ੀਰਕਪੁਰ, (ਜਤਿੰਦਰ ਕੁਮਾਰ)** ਇਨਰ ਵ੍ਹੀਲ ਕਲੱਬ ਜ਼ੀਰਕਪੁਰ ਗ੍ਰੀਨਜ਼ ਨੇ ਅੰਨਪੂਰਣਾ ਦਿਵਸ ਮਨਾ ਕੇ ਸਾਲ 2026-27 ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਕੀਤੀ।ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਕਲੱਬ ਦੀਆਂ ਮੈਂਬਰਾਂ ਨੇ ਮਾਤਾ ਮਨਸਾ ਦੇਵੀ ਮੰਦਰ ਵਿਖੇ ਮੱਥਾ ਟੇਕ ਕੇ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਕਲੱਬ ਵੱਲੋਂ ਲੋੜਵੰਦ ਬੱਚਿਆਂ ਨੂੰ ਖਾਣ-ਪੀਣ ਦੀ ਸਮੱਗਰੀ ਵੰਡੀ ਗਈ ਤੇ ਸਫ਼ਾਈ ਤੇ ਨਿੱਜੀ ਸਵੱਛਤਾ ਦੇ ਮਹੱਤਵ ਬਾਰੇ ਜਾਗਰੂਕਤਾ ਸੰਦੇਸ਼ ਵੀ ਦਿੱਤਾ ਗਿਆ।ਪ੍ਰੋਗਰਾਮ 'ਚ ਕਲੱਬ ਦੀ ਮੈਂਟਰ, ਸਾਬਕਾ ਪ੍ਰਧਾਨ ਤੇ ਖ਼ਜ਼ਾਨਚੀ ਨਿਹਾਰਿਕਾ ਗਰਗ, ਪ੍ਰਧਾਨ ਅਨੀਤਾ ਭਾਰਦਵਾਜ, ਆਈ.ਐੱਸ.ਓ. ਹਿਮਾਕਸ਼ੀ, ਸੁਨੀਤਾ, ਖੁਸ਼ੀ, ਕਵਿਤਾ ਅਤੇ ਹੋਰ ਮੈਂਬਰਾਂ ਨੇ ਉਤਸ਼ਾਹ ਨਾਲ ਭਾਗ ਲਿਆ।

# ਹੈਰੋਇਨ ਸਣੇ 2 ਵਿਅਕਤੀ ਗ੍ਰਿਫ਼ਤਾਰ, ਮੁਕੱਦਮਾ ਦਰਜ

**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਵੈਰੋਕੇ ਦੀ ਪੁਲਸ ਨੇ 4 ਗ੍ਰਾਮ ਹੈਰੋਇਨ ਸਣੇ 2 ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਐਸ.ਆਈ. ਗੋਵਿਸ਼ ਕਪੂਰ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪੁਲ ਸੂਆ ਕਾਠਗੜ੍ਹ ਤੋਂ ਜੈਮਲ ਵਾਲਾ ਲਿੰਕ ਰੋਡ 'ਤੇ ਜਾ ਰਹੇ ਸੀ ਤਾਂ ਇੱਕ ਔਰਤ ਅਤੇ ਇੱਕ ਮੋਨਾ ਵਿਅਕਤੀ ਜੋ ਕੋਈ ਸ਼ੱਕੀ ਵਸਤੂ ਲੈ ਕੇ ਜਾ ਰਹੇ ਸੀ, ਪੁਲਸ ਪਾਰਟੀ ਦੀ ਗੱਡੀ ਨੂੰ ਵੇਖ ਕੇ ਘਬਰਾ ਗਏ ਅਤੇ ਸ਼ੱਕੀ ਵਸਤੂ ਸੁੱਟ ਕੇ ਖਿਸਕਣ ਲੱਗੇ, ਜਿਨ੍ਹਾਂ ਨੂੰ ਪੁਲਸ ਪਾਰਟੀ ਨੇ ਕਾਬੂ ਕਰਕੇ ਸੁੱਟੀ ਵਸਤੂ ਦੀ ਚੈਕਿੰਗ ਕੀਤੀ ਗਈ ਤਾਂ ਉਸ ਵਿਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਪਰਮਜੀਤ ਕੌਰ ਪਤਨੀ ਓਮ ਪ੍ਰਕਾਸ਼ ਅਤੇ ਚੰਨ ਸਿੰਘ ਪੁਤਰ ਮੰਗਤ ਸਿੰਘ ਵਾਸੀਆਨ ਚੱਕ ਬਲੋਚਾ ਉਰਫ ਮਹਾਲਮ ਨੂੰ ਹੈਰੋਇਨ ਸਣੇ ਕਾਬੂ ਕਰਨ ਉਪਰੰਤ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 108 ਮਿਤੀ 14 ਜੁਲਾਈ 2026 ਨੂੰ ਧਾਰਾ 21/61/85 ਐਨ.ਡੀ.ਪੀ.ਐਸ. ਐਕਟ ਅਧੀਨ ਦਰਜ ਕੀਤਾ ਗਿਆ ਹੈ।


# ਦੇਵ ਮਾਨ ਦੀ ਅਗਵਾਈ ਮਹਿਲਾ ਵਿੰਗ ਦੀ ਹੋਈ ਮੀਟਿੰਗ



**ਨਾਭਾ (ਅਮਨ ਗਰਗ )**- ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ ਐਮ.ਐਲ.ਏ. ਦਫ਼ਤਰ ਨਾਭਾ ਵਿਖੇ ਆਮ ਆਦਮੀ ਪਾਰਟੀ ਦੇ ਮਹਿਲਾ ਵਿੰਗ ਦੀ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਵੀਰਪਾਲ ਕੌਰ (ਜ਼ੋਨ ਇੰਚਾਰਜ), ਮੁਕਤਾ ਗੁਪਤਾ (ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ) ਸਮੇਤ ਨਾਭਾ ਦੇ ਸਾਰੇ ਬਲਾਕਾਂ ਦੀਆਂ ਮਹਿਲਾ ਪ੍ਰਧਾਨਾਂ ਅਤੇ ਵੱਡੀ ਗਿਣਤੀ ਵਿੱਚ ਮਹਿਲਾ ਆਗੂਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ, ਸਸ਼ਕਤੀਕਰਨ ਅਤੇ ਸਮਾਜਿਕ ਸੁਰੱਖਿਆ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਵਿਸ਼ੇਸ਼ ਸਹੂਲਤਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਨਾਲ ਹੀ ਇਨ੍ਹਾਂ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਵੱਧ ਤੋਂ ਵੱਧ ਮਹਿਲਾਵਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਦਿਵਾਉਣ ਲਈ ਰਣਨੀਤੀ ਵੀ ਤਿਆਰ ਕੀਤੀ ਗਈ। ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਮਹਿਲਾ ਆਗੂਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੇ ਸਨਮਾਨ, ਸੁਰੱਖਿਆ ਅਤੇ ਆਰਥਿਕ ਮਜ਼ਬੂਤੀ ਲਈ ਪੂਰੀ ਵਚਨਬੱਧ ਹੈ। ਇਸ ਮੌਕੇ ਉਨਾਂ ਦੇ ਨਾਲ ਕਪਿਲ ਮਾਨ, ਹਰਪ੍ਰੀਤ ਕੌਰ, ਕੁਲਵਿੰਦਰ ਕੌਰ ,ਜਸਵਿੰਦਰ ਕੌਰ ਭੁੱਲਰ, ਗੀਨਾ ਰਾਣੀ, ਮਨਦੀਪ ਕੌਰ, ਊਸ਼ਾ ਢੀਂਗਰਾ, ਗਗਨਦੀਪ ਕੌਰ, ਸੁਮਨ ਬੇਗਮ , ਸੁਮਨ ਮਲਕੋ, ਮੰਜੂ ਸ਼ਰਮਾ ਅਤੇ ਹੋਰ ਅਹੁਦੇਦਾਰਾਂ ਮੌਜੂਦ ਸਨ।

# ਲੁੱਟ-ਖੋਹ 24 ਘੰਟੇ 'ਚ ਟਰੇਸ, 3 ਗ੍ਰਿਫ਼ਤਾਰ, ਵਾਰਦਾਤ ਸਮੇਂ ਵਰਤਿਆ ਹਥਿਆਰ ਤੇ ਮੋਟਰਸਾਈਕਲ ਬਰਾਮਦ

**ਸੰਗਰੂਰ (ਪ੍ਰਵੀਨ ਸਿੰਘ)** ਡਾ. ਰਵਜੋਤ ਗਰੇਵਾਲ ਐਸ.ਐਸ.ਪੀ ਨੇ ਦੱਸਿਆ ਕਿ ਮਾੜੇ ਅਨਸਰਾਂ ਖਿਲਾਫ਼ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਿਟੀ-1 ਸੰਗਰੂਰ ਦੇ ਏਰੀਆ ਅੰਦਰ ਹੋਈ ਲੁੱਟ-ਖੋਹ ਨੂੰ 24 ਘੰਟਿਆਂ ਦੇ ਅੰਦਰ ਟਰੇਸ ਕਰਕੇ 03 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ ਵਾਰਦਾਤ ਸਮੇਂ ਵਰਤਿਆ ਗਿਆ ਦਾਹ ਲੋਹਾ, 01 ਮੋਟਰਸਾਈਕਲ ਅਤੇ 24,500/- ਰੁਪਏ ਬਰਾਮਦ ਕਰਾਏ ਗਏ। ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ ਪਿੰਡ ਗੁਰਦਾਸਪੁਰਾ ਦੇ ਨਜਦੀਕ ਲਿਕ ਰੋਡ ਤੋਂ ਸੂਏ ਨਾਲ ਲੱਗਦੀ ਜ਼ਮੀਨ ਵਿਖੇ ਜੀਰੀ ਲਾਉਣ ਆਏ ਲੇਬਰ ਪਾਸੋਂ 03 ਅਣਪਛਾਤੇ ਵਿਅਕਤੀਆਂ ਵੱਲੋਂ 65,000/- ਰੁਪਏ ਦੀ ਨਕਦੀ ਖੋਹ ਕਰਨ ਦੀ



ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਸੀ, ਜਿਸ ਸਬੰਧੀ ਮੁਕੱਦਮਾ ਨੰਬਰ 101 ਮਿਤੀ 11.07.2026 ਅ/ਧ 304 ਥਾਣਾ ਸਿਟੀ-1 ਸੰਗਰੂਰ ਬਰਖਿਲਾਫ਼ 03 ਨਾਮਲੂਮ ਵਿਅਕਤੀਆਂ ਦੇ ਦਰਜ ਰਜਿਸਟਰ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ। ਮੁਕੱਦਮਾ ਨੂੰ ਟਰੇਸ ਕਰਨ ਲਈ ਸ੍ਰੀ ਦਵਿੰਦਰ ਅੱਤਰੀ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਸੰਗਰੂਰ ਦੀ ਯੋਗ ਅਗਵਾਈ ਹੇਠ ਸ੍ਰੀ ਸੁਖਦੇਵ ਸਿੰਘ, ਉਪ ਕਪਤਾਨ ਪੁਲਿਸ (ਡਿਟੈਕਟਿਵ) ਸੰਗਰੂਰ ਤੇ ਸ੍ਰੀ ਦਲਬੀਰ ਸਿੰਘ ਗਰੇਵਾਲ, ਉਪ ਕਪਤਾਨ ਪੁਲਿਸ, ਸਬ ਡਵੀਜ਼ਨ ਸੰਗਰੂਰ ਦੀ ਨਿਗਰਾਨੀ ਹੇਠ ਇੰਸਪੈਕਟਰ ਸੁਖਦੀਪ ਸਿੰਘ, ਮੁੱਖ ਅਫ਼ਸਰ ਥਾਣਾ ਸਿਟੀ-1 ਸੰਗਰੂਰਅਤੇ ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ ਸੰਗਰੂਰ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਤਕਨੀਕੀ ਤੇ ਮਨੁੱਖੀ ਸੂਚਨਾਵਾਂ ਦੇ ਆਧਾਰ ਪਰ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ। ਦੌਰਾਨੇ ਤਫ਼ਤੀਸ਼ 12.07.2026 ਨੂੰ ਰਮਨ ਕੁਮਾਰ ਪੁੱਤਰ ਸੁਰਿੰਦਰ ਕੁਮਾਰ ਵਾਸੀ ਗੁਰੂ ਤੇਗ ਬਹਾਦਰਕਲੋਨੀ ਸੰਗਰੂਰ, ਅਭੀਸ਼ੇਕ ਪੁੱਤਰ ਹਰਦੇਵ ਸਿੰਘ ਵਾਸੀ ਅੰਬੇਦਕਰ ਨਗਰ ਸੰਗਰੂਰ ਅਤੇ ਲਵਪ੍ਰੀਤ ਸਿੰਘ ਉਰਫ ਲਭੂ ਪੁੱਤਰ ਰਾਜ ਕੁਮਾਰ ਵਾਸੀ ਅੰਬੇਦਕਰ ਨਗਰ ਸੰਗਰੂਰ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕੀਤਾ ਗਿਆ ਤੇ ਦੋਸ਼ੀਆਂ ਪਾਸੋਂ ਵਾਰਦਾਤ ਸਮੇਂ ਵਰਤਿਆ ਗਿਆ ਦਾਹ ਲੋਹਾ, 01 ਮੋਟਰਸਾਈਕਲ ਤੇ 24,500/- ਰੁਪਏ ਬਰਾਮਦ ਕਰਾਏ ਗਏ।ਦੋਸ਼ੀਆਂ ਦਾ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।ਦੌਰਾਨੇ ਪੁੱਛ-ਗਿੱਛ ਦੋਸ਼ੀਆਂਨ ਦਾ ਸਾਬਕਾ ਰਿਕਾਰਡ ਚੈੱਕ ਕਰਨ ਤੋਂ ਪਤਾ ਲੱਗਾ ਕਿ ਦੋਸੀਰਮਨ ਕੁਮਾਰ, ਅਭੀਸ਼ੇਕ ਤੇ ਲਵਪ੍ਰੀਤ ਸਿੰਘ ਉਰਫ ਲਭੂ ਦੇ ਖਿਲਾਫ ਪਹਿਲਾਂ ਵੀ ਲੁੱਟਾਂ-ਖੋਹਾਂ ਤੇ ਚੋਰੀ ਦੇ ਮੁਕੱਦਮੇ ਦਰਜ ਰਜਿਸਟਰ ਹਨ।

## ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ

CFM thoughtful regeneration

ਕਾਰਪੋਰੇਟ ਦਫ਼ਤਰ : ਪਹਿਲੀ ਮੰਜ਼ਲ, ਵੇਕਫੀਲਡ ਹਾਊਸ, ਸਪਰੌਟ ਰੋਡ, ਬੈਲਾਰਡ ਈਸਟ, ਮੁੰਬਈ-400038

### ਕਬਜ਼ਾ ਨੋਟਿਸ

ਅੰਤਿਕਾ IV | (ਅਚੱਲ ਜਾਇਦਾਦ ਵਾਸਤੇ) | ਰੂਲ 8(1) ਨਾਲ ਪੜ੍ਹੇ ਜਾਂਦੇ

ਜਦੋਂ ਕਿ ਨਿਮਨਹਸਤਾਖਰੀ ਨੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ (ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੇ ਟਰੱਸਟੀ ਦੀ ਹੈਸੀਅਤ 'ਚ ਕਾਰਜਸ਼ੀਲ) ਦਾ ਅਧਿਕਾਰਤ ਅਫ਼ਸਰ ਹੋਣ ਦੇ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12), 13(2) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਕਤ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ ਨੋਟਿਸ 'ਚ ਦਰਸਾਈ ਰਕਮ 60 ਦਿਨਾਂ ਦੇ ਅੰਦਰ-ਅੰਦਰ ਮੋੜਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਇਸ ਤੋਂ ਇਲਾਵਾ ਸਰਫੇਸੀ ਐਕਟ 2002 ਦੇ ਸੈਕਸ਼ਨ 5 ਦੀਆਂ ਵਿਵਸਥਾਵਾਂ ਅਧੀਨ ਐਕਸਕਲੂਸਿਵ ਅਤੇ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦਰਮਿਆਨ ਮਿਤੀ 30.09.2025 ਨੂੰ ਰਜਿਸਟਰਡ ਸਪੁਰਦਗੀ ਇਕਰਾਰਨਾਮੇ ਤਹਿਤ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਪੱਖ 'ਚ ਐਕਸਕਲੂਸਿਵ ਲੀਜ਼ਿੰਗ ਐਂਡ ਫਾਇਨਾਂਸ ਪ੍ਰਾਈਵੇਟ ਲਿਮਟਿਡ ਨੇ ਆਪਣੇ ਸਾਰੇ ਅਧਿਕਾਰਾਂ, ਸਿਰਲੇਖ ਅਤੇ ਹਿੱਤ ਸਮੁੱਚੀ ਬਕਾਇਆ ਕਰਜ਼ ਸਕਿਉਰਟੀਜ਼ ਸਹਿਤ ਸੌਂਪ ਦਿੱਤੇ ਹਨ। ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਪਰੋਕਤ ਦਰਸਾਏ "ਕਬਜ਼ੇ ਦੀ ਮਿਤੀ" ਦੇ ਕਾਲਮ ਤਹਿਤ ਉਕਤ ਦਰਸਾਏ ਰੂਲਜ਼ ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਉਪਰੋਕਤ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ। ਬੈਂਕ ਦੁਆਰਾ ਲਏ ਗਏ ਗਿਰਵੀ ਜਾਇਦਾਦ ਦੇ ਕਬਜ਼ੇ ਦੇ ਨਾਲ-ਨਾਲ ਧਿਰਾਂ ਦੇ ਵੇਰਵੇ ਹੇਠਾਂ ਦਿੱਤੇ ਗਏ ਹਨ:-

| ਗਾਹਕ (ਕਰਜ਼ਦਾਰ/ਸਹਿ-ਕਰਜ਼ਦਾਰ ਅਤੇ ਗਰੰਟਰ/ਭਾਈਵਾਲ/ਰਹਿਣਕਾਰ) ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ ਅਤੇ ਰਕਮ ਰੁਪਏ 'ਚ | ਕਬਜ਼ੇ ਦੀ ਮਿਤੀ |
|---|---|---|
| **ਦਿਨੇਸ਼ ਕੁਮਾਰ ਗੁਪਤਾ** (ਕਰਜ਼ਦਾਰ), **ਇੰਦੂ** (ਸਹਿ-ਕਰਜ਼ਦਾਰ), **ਗੋਬਰੀ ਗੁਪਤਾ** (ਸਹਿ-ਕਰਜ਼ਦਾਰ), **ਰਾਜੇਸ਼ ਕੁਮਾਰ** (ਸਹਿ-ਕਰਜ਼ਦਾਰ) **ਕਰਜ਼ਾ ਖਾਤਾ ਨੰ: ਐਲ ਏ ਪੀ-ਜੇ ਡੀ ਐਚ-401** | ਡਿਮਾਂਡ ਨੋਟਿਸ ਮਿਤੀ 03.02.2026, **ਰੁਪਏ 8,49,717/-** (ਅੱਠ ਲੱਖ ਉਨੰਜਾ ਹਜ਼ਾਰ ਸੱਤ ਸੌ ਸਤਾਰਾਂ ਰੁਪਏ ਕੇਵਲ) 30.11.2025 ਨੂੰ | 10.07.2026 |
| **ਰਹਿਣ ਕੀਤੀ ਜਾਇਦਾਦ:** ਖੱਤਾ ਨੰਬਰ 550/619, ਖਸਰਾ ਨੰ: 134/1 (20-13), ਵਾਕਿਆ ਨੇੜੇ ਚੂੰਗੀ ਨਾਕਾ (ਫਿਲੌਰ ਕਲੋਨੀ) ਰਵਿਦਾਸਪੁਰਾ ਰੋਡ ਨੂਰਮਹਿਲ, ਹਦਬਸਤ ਨੰ: 64, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ। ਚਾਰ ਹੱਦਾਂ:- ਉੱਤਰ: ਹੋਰ ਦੀ ਜਾਇਦਾਦ, ਦੱਖਣ: ਬਹਾਦਰ ਸਿੰਘ ਦੀ ਜਾਇਦਾਦ, ਪੂਰਬ: ਗਲੀ, ਪੱਛਮ: ਬਹਾਦਰ ਸਿੰਘ ਦੀ ਜਾਇਦਾਦ। | | |
| **ਦੀਪਕ ਕੁਮਾਰ** (ਕਰਜ਼ਦਾਰ), **ਰੁਪਾਲੀ ਕੁਮਾਰੀ** (ਸਹਿ-ਕਰਜ਼ਦਾਰ), **ਅਰਜਨ ਸਾਹਨੀ** (ਸਹਿ-ਕਰਜ਼ਦਾਰ), **ਅਸ਼ੋਕ** (ਗਰੰਟਰ) ਕਰਜ਼ਾ ਖਾਤਾ ਨੰ: ਐਲ ਏ ਪੀ-ਐਲ ਡੀ ਐਚ-252 | ਡਿਮਾਂਡ ਨੋਟਿਸ ਮਿਤੀ 07.01.2026, **ਰੁਪਏ 10,50,789/-** (ਦੱਸ ਲੱਖ ਪੰਜਾਹ ਹਜ਼ਾਰ ਸੱਤ ਸੌ ਉਨੰਨਵੇਂ)ਮਿਤੀ 30.11.2025 ਨੂੰ | 13.07.2026 |
| **ਰਹਿਣ ਕੀਤੀ ਜਾਇਦਾਦ:** ਪਲਾਟ ਨੰ: 53, ਖਸਰਾ ਨੰ: 34//18-34//19-34//20, ਖੇਵਟ ਨੰ: 136/184, ਖਤੌਨੀ ਨੰ: 148-150, ਹੱਦਬਸਤ ਨੰ: 105 ਵਾਕਿਆ ਪਿੰਡ ਲਾਦੀਆਂ ਕਲਾਂ, ਲੁਧਿਆਣਾ। **ਚਾਰ ਹੱਦਾਂ:**- ਉੱਤਰ: ਗੁਆਂਢ ਮਕਾਨ, 33', ਦੱਖਣ: ਖਾਲੀ ਪਲਾਟ, 33', ਪੂਰਬ: ਸੜਕ 15' ਚੌੜੀ 20', ਪੱਛਮ: ਖਾਲੀ ਪਲਾਟ 15' | | |
| **ਨਿਰਮਲ ਚੰਦ** (ਕਰਜ਼ਦਾਰ), **ਸਕੀਨਾ** (ਸਹਿ-ਕਰਜ਼ਦਾਰ), **ਵਿਜੇ ਕੁਮਾਰ** (ਸਹਿ-ਕਰਜ਼ਦਾਰ), **ਅਸ਼ੋਕ** (ਗਰੰਟਰ) **ਕਰਜ਼ਾ ਖਾਤਾ ਨੰ: ਐਲ ਏ ਪੀ-ਜੇ ਡੀ ਐਚ-1040** | ਡਿਮਾਂਡ ਨੋਟਿਸ ਮਿਤੀ 18.02.2026, **ਰੁਪਏ 7,32,394/-** (ਸੱਤ ਲੱਖ ਬੱਤੀ ਹਜ਼ਾਰ ਤਿੰਨ ਸੌ ਚੌਰਾਨਵੇ ਰੁਪਏ ਕੇਵਲ) ਮਿਤੀ 31.12.2025 ਨੂੰ | 14.07.2026 |
| **ਰਹਿਣ ਕੀਤੀ ਜਾਇਦਾਦ:** ਖੱਤਾ ਨੰਬਰ 1302/1590, ਖਸਰਾ ਨੰ: 341/2/1 (0-10), ਜਮਾਂਬੰਦੀ ਸਾਲ 2012-13 ਹੱਦਬਸਤ ਨੰ: 02, ਪਿੰਡ ਜਹੂਰਾ, ਨੇੜੇ ਚਰਚ, ਤਹਿਸੀਲ ਦਸੂਹਾ, ਹੁਸ਼ਿਆਰਪੁਰ-144204, ਚਾਰ ਹੱਦਾਂ:- ਉੱਤਰ: ਸੁਖਦੇਵ ਸਿੰਘ ਦੀ ਜਾਇਦਾਦ, 34', ਦੱਖਣ: ਨਿੱਜੀ ਲਾਂਘਾ ਅਤੇ ਬਲਜੀਤ ਮਸੀਹ ਦਾ ਮਕਾਨ, 34', ਪੂਰਬ: ਨਰਿੰਦਰ ਸਿੰਘ ਦੀ ਜਾਇਦਾਦ, 41', ਪੱਛਮ: ਹਰਜਿੰਦਰ ਸਿੰਘ ਦੀ ਜਾਇਦਾਦ 41' | | |

ਉਕਤ ਦਰਸਾਏ ਕਰਜ਼ਦਾਰਾਂ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਇਸ ਨੋਟਿਸ ਦੁਆਰਾ ਸਾਵਧਾਨ ਕੀਤਾ ਜਾਂਦਾ ਹੈ ਕਿ ਉਕਤ ਜਾਇਦਾਦ ਨਾਲ ਕੋਈ ਵੀ ਲੈਣ-ਦੇਣ ਨਾ ਕਰਨ। ਇਸ ਨਾਲ ਕੀਤਾ ਕੋਈ ਵੀ ਲੈਣ-ਦੇਣ ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ ਦੇ ਚਾਰਜ ਅਧੀਨ ਹੋਵੇਗਾ, ਜੋ ਕਿ ਇਸ ਨੋਟਿਸ 'ਚ ਦੱਸੀ ਰਕਮ, ਠੇਕਾ ਦਰ 'ਤੇ ਵਿਆਜ, ਅਚਨਚੇਤੀ ਖਰਚੇ, ਲਾਗਤਾਂ ਅਤੇ ਚਾਰਜਜ਼ ਆਦਿ ਉਪਰੋਕਤ ਵੇਰਵਿਆਂ ਵਿੱਚ ਦਰਸਾਈ ਗਈ ਬਕਾਇਆ ਰਕਮ ਦੀ ਕਿਸਮ ਦੀ ਅਗਲੀ ਮਿਤੀ ਤੋਂ ਪੂਰੀ ਅਦਾਇਗੀ ਅਤੇ/ਜਾਂ ਪ੍ਰਾਪਤੀ ਮਿਤੀ ਦੀ ਮਿਤੀ ਤੱਕ। ਇਸ ਤੋਂ ਇਲਾਵਾ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਤਹਿਤ ਸਕਿਉਰਡ ਐਸਟਸ ਦੇ ਪੁਨਰਗ੍ਰਹਿਣ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ। **ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਦਰਸਾਈਆਂ ਜਾਇਦਾਦਾਂ ਦਾ ਵੇਰਵਾ ਉਕਤ ਦੱਸਿਆ ਗਿਆ ਹੈ।**

**ਮਿਤੀ : 16.07.2026**
**ਸਥਾਨ : ਪੰਜਾਬ**

**ਅਧਿਕਾਰਤ ਅਫ਼ਸਰ, ਸੀ ਐੱਫ ਐੱਮ ਐੱਸਟ ਰੀਕੰਸਟ੍ਰਕਸ਼ਨ ਪ੍ਰਾਈਵੇਟ ਲਿਮਟਿਡ**
**(ਸੀ ਐੱਫ ਐੱਮ ਏ ਆਰ ਸੀ ਟਰੱਸਟ-193 ਦੀ ਹੈਸੀਅਤ ਵਜੋਂ ਕਾਰਜਸ਼ੀਲ)**

## OFFICE OF CIVIL JUDGE SENIOR DIVISION, TARN TARAN

### AUCTION NOTICE

It is brought to the notice of General Public that the open re-auction of following contract regarding lease of three Shops (for the purpose of Public Utility Services like Photostat/Computer Services/ Petition Writers/Stamp Vendors/ Typists and Juice Bar), situated in Judicial Court Complex, Tarn Taran, for the year 2026-2027 (w.e.f 02.08.2026 to 31.03.2027), will be held on 01.08.2026 at 12.00 PM in Judicial Court Complex, Tarn Taran, on following terms and conditions. Tenders/Applications along-with security amount of Rs. 20,000/- (refundable) will be received in this office till 30.07.2026 upto 12:00 pm.

The successful bidder/lessee will deposit 25 % of lease money at the time of auction. The balance 75% of lease amount shall be deposited within one month of the commencement of lease period. In case of non-deposit of lease money within the prescribed time, deposit of 25% of lease money shall be forfeited and contract will be put to auction for remaining period. The first lease shall be liable to pay difference, if any between the lease money, if the subsequent lease is for lesser amount.

More Information in this regard can be obtained from Civil Nazir/COC of this office, on any working day from 9:30 am to 5:00 pm. Detailed information/terms & conditions can also be obtained from Civil Nazir on his contact No 96460-10109 and also from website of this Session Division-http://district.ecourts.gov.in/india/punjab/tarn-taran/tender. The particulars of the auction are as under:

| Sr. no | Place of Auction | Nature of work | Date and time of re-auction | Reserve Price |
|---|---|---|---|---|
| 1 | Judicial Court Complex, Tarn Taran | Three Shops: 1 Juice Bar 2. Petition Writer/Stamp Vendor/Typists 3. Photostat/ Computer Services | At 12:00 PM on 01.08.2026 | Rs. 60,000/- (each) |

Note: Reserve pricel will be calculated proportionately for remaining period financial year 2026-27

Sd/- Civil Judge (Senior Division)
Tarn Taran.

## ਉਤਰ ਰੇਲਵੇ

### ਸੂਚਨਾ

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰੀ ਰੇਲਵੇ, ਭਾਰਤ ਦੇ ਰਾਸ਼ਟਰਪਤੀ ਦੇ ਵਲਾਂ ਤੋਂ ਉਤਰੀ ਰੇਲਵੇ ਦੇ ਫਿਰੋਜਪੁਰ ਮੰਡਲ ਵਿਚ STBA (ਸਟੇਸ਼ਨ ਟਿਕਟ ਬੁਕਿੰਗ ਏਜੰਟ) ਦੇ ਰੂਪ ਵਿਚ ਨਿਯੁਕਤ ਕੀਤੇ ਜਾਣ ਲਈ, ਹੇਠਾਂ ਸੂਚੀਬ ਰੇਲਵੇ ਸਟੇਸ਼ਨਾਂ ਦੇ ਲਈ ਤੈਅ ਫਾਰਮੈਟ ਵਿਚ ਮੁਹਰਬੰਦ 'ਸਿੰਗਲ ਪੈਕੇਟ' ਦਰਖਾਸਤਾਂ ਦੀ ਮੰਗ ਕਰਦੇ ਹਨ।

| ਲ. ਨੰ. | ਸਟੇਸ਼ਨ ਦਾ ਨਾਮ | ਸਟੇਸ਼ਨ ਕੋਡ | ਸਟੇਸ਼ਨ ਦੀ ਸ਼੍ਰੇਣੀ/ਵਰਗ | ਅਗਾਊਂ ਧਨ (ਰੁਪਏ ਵਿਚ) | ਨਿਵਿਦਾ ਫਾਰਮ (ਰੁਪਏ ਵਿਚ) | ਕਾਂਟਰੈਕਟ ਦਾ ਸਮਾਂ |
|---|---|---|---|---|---|---|
| 1 | ਬੱਦੋਵਾਲ | BWZ | NSG-6 | 2000/- | 1180/- | ਤਿੰਨ ਸਾਲ |
| 2 | ਬੰਗਾ | BXB | NSG-6 | 2000/- | 1180/- | ਤਿੰਨ ਸਾਲ |
| 3 | ਚਿਹੇੜੂ | CEU | NSG-6 | 2000/- | 1180/- | ਤਿੰਨ ਸਾਲ |
| 4 | ਚੌਕੀਮਾਨ | CKM | NSG-6 | 2000/- | 1180/- | ਤਿੰਨ ਸਾਲ |
| 5 | ਹਮੀਰਾ | HMR | NSG-6 | 2000/- | 1180/- | ਤਿੰਨ ਸਾਲ |
| 6 | ਖੋਜੇਵਾਲਾ | KWJ | NSG-6 | 2000/- | 1180/- | ਤਿੰਨ ਸਾਲ |
| 7 | ਲਾਡੋਵਾਲ | LDW | NSG-6 | 2000/- | 1180/- | ਤਿੰਨ ਸਾਲ |
| 8 | ਰੋਮਾਨਾ ਅਲਬੇਲ ਸਿੰਘ | RLS | NSG-6 | 2000/- | 1180/- | ਤਿੰਨ ਸਾਲ |
| 9 | ਸੁੱਚੀ ਪਿੰਡ | SCPD | NSG-6 | 2000/- | 1180/- | ਤਿੰਨ ਸਾਲ |
| 10 | ਸੁਰਾਨੁੱਸੀ | SRX | NSG-6 | 2000/- | 1180/- | ਤਿੰਨ ਸਾਲ |
| 11 | ਟਾਂਗਰਾ | TRA | NSG-6 | 2000/- | 1180/- | ਤਿੰਨ ਸਾਲ |
| 12 | ਗੋਲੇਵਾਲਾ | GHA | NSG-6 | 2000/- | 1180/- | ਤਿੰਨ ਸਾਲ |
| 13 | ਫਿਰੋਜਸ਼ਾਹ | PHS | NSG-6 | 2000/- | 1180/- | ਤਿੰਨ ਸਾਲ |
| 14 | ਕੱਥੂਨੰਗਲ | KNG | NSG-6 | 2000/- | 1180/- | ਤਿੰਨ ਸਾਲ |
| 15 | ਚੂੜੀਵਾਲਾ ਧੰਨਾ | CWDA | NSG-6 | 2000/- | 1180/- | ਤਿੰਨ ਸਾਲ |
| 16 | ਖੁਈ ਖੇੜਾ | KUKA | NSG-6 | 2000/- | 1180/- | ਤਿੰਨ ਸਾਲ |
| 17 | ਗਿਆਨ ਜੈਲ ਸਿੰਘ ਸੰਧਵਾ | GZS | NSG-6 | 2000/- | 1180/- | ਤਿੰਨ ਸਾਲ |
| 18 | ਕਾਸੁ ਬੇਗੂ | KBU | NSG-6 | 2000/- | 1180/- | ਤਿੰਨ ਸਾਲ |
| 19 | ਡਗਰੂ | DAU | NSG-6 | 2000/- | 1180/- | ਤਿੰਨ ਸਾਲ |
| 20 | ਬਹਰਾਮ | BHM | NSG-6 | 2000/- | 1180/- | ਤਿੰਨ ਸਾਲ |
| 21 | ਕਰਤਾਰਪੁਰ | KRE | NSG-6 | 2000/- | 1180/- | ਤਿੰਨ ਸਾਲ |
| 22 | ਸੁਲਤਾਨਪੁਰ ਲੋਧੀ | SQR | NSG-6 | 2000/- | 1180/- | ਤਿੰਨ ਸਾਲ |
| 23 | ਹੁਸੈਨਪੁਰ | HSQ | NSG-6 | 2000/- | 1180/- | ਤਿੰਨ ਸਾਲ |
| 24 | ਵੇਰਕਾ | VKA | NSG-6 | 2000/- | 1180/- | ਤਿੰਨ ਸਾਲ |
| 25 | ਗੋਰਾਯਾ | GRY | NSG-6 | 2000/- | 1180/- | ਤਿੰਨ ਸਾਲ |
| 26 | ਜੈਂਤੀਪੁਰਾ | JNT | NSG-6 | 2000/- | 1180/- | ਤਿੰਨ ਸਾਲ |

STBA ਦੇ ਰੂਪ ਵਿਚ ਨਿਯੁਕਤੀ ਦੇ ਲਈ ਦਰਖਾਸਤ ਕੇਵਲ ਮੁਹਰਬੰਦ ਪੈਕੇਟ ਵਿਚ, ਵਾਣਿਜ ਬ੍ਰਾਂਚ, DRM ਦਫਤਰ, ਫਿਰੋਜਪੁਰ ਕੈਂਟ ਵਿਚ ਮਿਤੀ 12.08.2026 (ਬੁਧਵਾਰ) ਨੂੰ 15:00 ਵਜੇ ਤਕ ਸਵੀਕਾਰ ਕੀਤੇ ਜਾਣਗੇ। ਦਰਖਾਸਤ ਨੂੰ ਵਾਣਿਜ ਬ੍ਰਾਂਚ DRM ਦਫਤਰ FZR ਵਿਚ ਰਖੇ ਗਏ ਇਕ ਬਕਸੇ ਵਿਚ ਪਾਇਆ ਜਾ ਸਕਦਾ ਹੈ। ਵਧੇਰੇ ਜਾਣਕਾਰੀ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.nr.indianrailways.gov.in ਵੇਖੋ। ਨੰਬਰ: **MC/47000/STBA/Policy/2022 ਤਾਰੀਕ : 14.07.2026**

2439/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਪੰਜਾਬੀ ਬੋਲੀ ਤੇ ਪੰਜਾਬੀ ਵਿਰਸਾ



ਸਿਰ ਦੀ ਚੁੰਨੀ, ਪੰਜਾਬੀ ਬੋਲੀ
ਪੱਗ ਦੀ ਸ਼ਾਨ, ਪੰਜਾਬੀ ਬੋਲੀ
ਸਾਡੇ ਬੋਲਾਂ ਦੀ ਪਹਿਚਾਨ,
ਪੰਜਾਬੀ ਬੋਲੀ
ਬੋਹੜਾਂ ਥੱਲੇ ਸੱਥਾਂ ਲਾਉਣਾ
ਢੋਲੇ ਵਿੱਚ ਹੀਰ ਲਾਉਣੀ
ਚਾਟੀ ਵਿੱਚੋਂ ਮੱਖ ਰਿੜਕਾ ਪੀਣਾ
ਬਲਦਾਂ ਗੱਲ ਪੰਜਾਲੀ ਪਾਉਣੀ
ਇਹ ਝਾਤ ਪੁਰਾਣੇ ਪੰਜਾਬ ਦੀ
ਇਹ ਝਾਤ ਪੁਰਾਣੇ ਪੰਜਾਬ ਦੀ
ਸਾਉਣ ਮਹੀਨੇ ਤੀਆਂ ਲਾਉਣਾ
ਢੋਲ ਦੀ ਥਾਪ 'ਤੇ ਗਿੱਧਾ ਪਾਉਣਾ
ਘਰ-ਘਰ ਬਣਦੇ ਖੀਰ ਤੇ ਪੂੜੇ
ਇਹ ਮਹਿਕ ਪੁਰਾਣੇ ਪੰਜਾਬ ਦੀ
ਇਹ ਮਹਿਕ ਪੁਰਾਣੇ ਪੰਜਾਬ ਦੀ
ਆਜੋ ਵੀਰੋ! ਆਪਣੀ ਬੋਲੀ ਆਪਣਾ ਵਿਰਸਾ
ਆਪਣੇ ਅੰਦਰੋਂ ਲਈਏ ਸੰਭਾਲ
ਪੁਰਾਣਾ ਪੰਜਾਬ ਦਾ ਕਰਜ਼ ਚੁਕਾਈਏ
ਇਹ ਹੈ ਸਾਡਾ ਮਾਣ, ਇਹ ਹੈ ਸਾਡਾ ਮਾਣ

ਸ਼੍ਰੀਮਤੀ ਗੁਰਜੀਤ ਕੌਰ, ਪੰਜਾਬੀ ਮਿਸਟ੍ਰੈਸ ਸਰਕਾਰੀ ਹਾਈ ਸਮਾਰਟ ਸਕੂਲ, ਪੁਤਲੀਘਰ, ਬਲਾਕ 4 ਅੰਮ੍ਰਿਤਸਰ।

## ਡਿਸਟ੍ਰਿਕਟ ਸੈਂਸਜ਼ ਹੈਂਡ ਬੁੱਕ ਸੰਬੰਧੀ ਟਰੇਨਿੰਗ ਦਾ ਆਯੋਜਨ



ਸ੍ਰੀ ਮੁਕਤਸਰ ਸਾਹਿਬ ( ਸ਼ਮਿੰਦਰ ਪਾਲ / ਪੂਜਾ)-ਸ੍ਰੀ ਅਨਿਲ ਕੁਮਾਰ ਸਹਾਇਕ ਡਾਇਰੈਕਟਰ ਸੈਂਸਜ਼ ਦੀ ਪ੍ਰਧਾਨਗੀ ਹੇਠ ਦਫਤਰ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਵਿਖੇ ਇੱਕ ਰੋਜ਼ਾ ਡਿਸਟ੍ਰਿਕਟ ਸੈਂਸਜ਼ ਹੈਂਡਬੁੱਕ ਸਬੰਧੀ ਟਰੇਨਿੰਗ ਦਾ ਆਯੋਜਨ ਕੀਤਾ ਗਿਆ।ਇਸ ਟਰੇਨਿੰਗ ਦੌਰਾਨ ਦੱਸਿਆ ਕਿ ਸ੍ਰੀ ਮੁਕਤਸਰ ਸਾਹਿਬ ਜਿਲ੍ਹੇ ਨਾਲ ਸਬੰਧਿਤ ਹਰ ਤਰ੍ਹਾਂ ਦਾ ਡਾਟਾ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਕੱਤਰ ਕੀਤਾ ਜਾ ਰਿਹਾ ਹੈ ਤਾਂ ਜੋ ਉਸ ਅਨੁਸਾਰ ਵਿਕਾਸ ਦੇ ਕੰਮ ਕਰਵਾਏ ਜਾ ਸਕਣ।ਇਸ ਟਰੇਨਿੰਗ ਪ੍ਰੋਗਰਾਮ ਵਿੱਚ ਗੁਰਿੰਦਰ ਸਿੰਘ ਡਿਪਟੀ ਈ.ਐਸ.ਏ, ਪੰਕਜ ਕੁਮਾਰ ਨੋਡਲ ਅਫਸਰ, ਅਰਸ਼ਿਤ ਗਰਗ ਜੂਨੀਅਰ ਸਲਾਹਕਾਰ, ਜਤਿੰਦਰ ਸਿੰਘ ਜ਼ਿਲ੍ਹੇ ਤਹਿਸੀਲਦਾਰ, ਕਾਰਜ ਸਾਧਕ ਅਫਸਰ ਸ੍ਰੀ ਮੁਕਤਸਰ ਸਾਹਿਬ,ਮਲੋਟ ਅਤੇ ਨਗਰ ਪੰਚਾਇਤ ਬਰੀਵਾਲਾ ਮੰਡੀ ਰਾਮ, ਕਾਰਜ ਸਾਧਕ ਅਫਸਰ ਗਿੱਦੜਬਾਹਾ ਸੁਨੀਲ ਕੁਮਾਰ ਨੇ ਭਾਗ ਲਿਆ।

## ਪ੍ਰਕਾਸ਼ ਪੁਰਬ ਸਮਾਗਮਾਂ ਤਹਿਤ ਪ੍ਰਚਾਰ ਵੈਨ ਸੁਖਣਾ ਅਬਲੂ ਤੇ ਮਨੀਆਂਵਾਲਾ ਵਿਖੇ ਪੁੱਜੀ



ਸ੍ਰੀ ਮੁਕਤਸਰ ਸਾਹਿਬ : ( ਸ਼ਮਿੰਦਰ ਪਾਲ/ ਪੂਜਾ)-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਬਲਾਕ ਗਿੱਦੜਬਾਹਾ ਦੇ ਪਿੰਡ ਸੁਖਣਾ ਅਬਲੂ ਅਤੇ ਮਨੀਆਂਵਾਲਾ ਵਿਖੇ ਪੁੱਜੀ। ਇਸ ਮੌਕੇ ਦੋਵੇਂ ਪਿੰਡਾਂ ਦੇ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਬਾਣੀ ਅਤੇ ਮਨੁੱਖਤਾ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ।ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਆਪਸੀ ਸਦਭਾਵਨਾ ਅਤੇ ਊਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਸੰਦੇਸ਼ 'ਤੇ ਆਧਾਰਿਤ ਕਰੀਬ 30 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।ਹਾਜ਼ਰ ਲੋਕਾਂ ਨੇ ਇਸ ਡਾਕੂਮੈਂਟਰੀ ਨੂੰ ਬਹੁਤ ਸ਼ਰਧਾ ਅਤੇ ਰੁਚੀ ਨਾਲ ਦੇਖਿਆ ਅਤੇ ਗੁਰੂ ਸਾਹਿਬ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਵੀ ਲਿਆ।

## COURT NOTICE

(U/o 5 Rule 20 CPC)
In the Court of Sh. Gurdev Singh
Civil Judge (Junior Division),
Ludhiana
CNR No. PBLD02-009375-2025
Next Date:- 31-07-2026
Punjab National Bank
Vs.
Kalyani Lace House
Publication Issued To :

1. Kalyani Lace House B-XX-668, Dyal Nagar, Ghumar Mandi, Sabzi Mandi Road, Ludhiana 141001 Through Its Proprietor Sahil Sharma.
2. Sahil Sharma -proprietor M/S Kalyani Lace House, B-XX-668, Dyal Nagar, Ghumar Mandi, Sabzi Mandi Road, Ludhiana 141001 2nd Address :- House No.B-34-9718/7C, Street No. 03, Near Ram Darbara Mandir, Naveen Nagar, Jassian Road, Haibowal Kalan, Ludhiana 141001 (Mobile 95927-65665)

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 31-07-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division),
Ludhiana
Dated, this day of 14-07-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਕਰਮਜੀਤ ਸਿੰਘ ਸਹਾਇਕ ਕੁਲੈਕਟਰ ਦਰਜਾ ਪਹਿਲਾ (ਨਾਇਬ-ਤਹਿਸੀਲਦਾਰ) ਪਾਤੜਾਂ, ਪਟਿਆਲਾ

ਮਿਸਲ ਨੰ: 43 / ਰੀਡਰ-2 ਰਜੂਆ 19.12.2025 ਫੈਸਲਾ-ਪੇਸ਼ਿੰਗ
ਅਨੁਵਾਨ ਕੇਸ - ਗੀਤੂ ਗਰਗ
ਬਨਾਮ ਆਤਮਾ ਸਿੰਘ ਵਗੈਰਾ
ਵਾਕਾ ਰਕਬਾ -ਜੋਗੇਵਾਲਾ ਕਿਸਮ-ਤਕਸੀਮ

ਇਸ ਨੋਟਿਸ ਰਾਹੀਂ ਹੇਠ ਦਰਜ ਧਿਰਾਂ ਅਤੇ ਆਮ ਪਬਲਿਕ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਅਨੁਵਾਨ ਕੇਸ ਮਿਸਲ ਹਸਤਾਖਰ ਦੀ ਅਦਾਲਤ ਵਿੱਚ ਮਿਤੀ 30/07/2026 ਨੂੰ ਸੁਣਵਾਈ ਲਈ ਲੱਗਿਆ ਹੋਇਆ ਹੈ। ਉਕਤ ਅਨੁਵਾਨ ਕੇਸ ਵਿੱਚ ਜਵਾਬਦੇਹ ਦੇ ਦਰਜ ਕਿਸੇ ਵੀ ਧਿਰ ਜਾਂ ਆਮ ਪਬਲਿਕ ਨੂੰ ਉਕਤ ਅਨੁਵਾਨ ਕੇਸ ਸਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ ਮਿਤੀ ਮੁਕੱਰਰਾ ਨੂੰ ਖੁਦ ਜਾਂ ਆਪਣੇ ਵਕੀਲ ਰਾਹੀਂ ਹਾਜ਼ਰ ਅਦਾਲਤ ਹੋ ਕੇ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਇਸ ਤੋਂ ਇਲਾਵਾ ਜੇਕਰ ਕਿਸੇ ਮੁਲਜ਼ਮ ਦੀ ਮੌਤ ਹੋ ਚੁੱਕੀ ਹੋਵੇ ਤਾਂ ਉਸ ਦੇ ਵਾਰਸ ਹਾਜ਼ਰ ਅਦਾਲਤ ਹੋ ਸਕਦੇ ਹਨ। ਗੈਰ-ਹਾਜ਼ਰੀ ਦੀ ਸੂਰਤ ਵਿੱਚ ਉਕਤ ਅਨੁਵਾਨ ਕੇਸ ਵਿੱਚ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਧਿਰਾਂ:- ਨੰ. 1. ਆਤਮਾ ਸਿੰਘ ਪੁੱਤਰ ਤੇਜਾ ਸਿੰਘ 2. ਸਰਬਜੀਤ ਕੌਰ ਵਿਧਵਾ ਗੋਪਾਲ ਸਿੰਘ 3. ਕਵਲਜੀਤ ਕੌਰ ਪੁੱਤਰੀ ਗੋਪਾਲ ਸਿੰਘ, ਸਾਰੇ ਵਾਸੀਆਨ/ਖੇਵਟਦਾਰ ਪਿੰਡ ਜੋਗੇਵਾਲਾ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ।

ਅੱਜ ਇਹ ਇਸ਼ਤਿਹਾਰ ਮੇਰੇ ਦਸਤਖਤ ਅਤੇ ਮੋਹਰ ਨਾਲ ਜਾਰੀ ਕੀਤਾ ਗਿਆ ।

ਨੰਬਰ : 259 /ਰੀਡਰ-2 ਮਿਤੀ : 13/07/2026
ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ, (ਨਾਇਬ ਤਹਿਸੀਲਦਾਰ), ਪਾਤੜਾਂ।

## ਬਲਜਿੰਦਰ ਸਿੰਘ ਬੱਲੀ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਪੁੱਜੇ ਸੁਖਬੀਰ ਸਿੰਘ ਬਾਦਲ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)- ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਅਤੇ ਸਾਬਕਾ ਸਰਪੰਚ ਸ. ਬਲਜਿੰਦਰ ਸਿੰਘ ਬੱਲੀ ਦੇ ਅਕਾਲ ਚਲਾਣੇ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਪਰਿਵਾਰਕ ਮੈਂਬਰਾਂ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਸ. ਬਲਜਿੰਦਰ ਸਿੰਘ ਬੱਲੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਪਾਰਟੀ ਅਤੇ ਪਿੰਡ ਦੀ ਭਲਾਈ ਲਈ ਦਿੱਤਾ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਨੇ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਅਤੇ ਪਰਿਵਾਰ ਨੂੰ ਇਸ ਅਸਹਿ ਵਿਛੋੜੇ ਨੂੰ ਸਹਿਣ ਦਾ ਹੌਸਲਾ ਬਖਸ਼ਣ ਲਈ ਅਕਾਲ ਪੁਰਖ ਅੱਗੇ ਅਰਦਾਸ ਕੀਤੀ।ਇਸ ਮੌਕੇ ਸ. ਜਰਨੈਲ ਸਿੰਘ ਵਿਰਕ, ਹਲਕਾ ਸਮਾਣਾ ਇੰਚਾਰਜ ਸ. ਜਗਮੀਤ ਸਿੰਘ ਹਰਿਆਊ, ਪ੍ਰਗਟ ਸਿੰਘ ਵਿਰਕ, ਬਲਵੀਰ ਕੌਰ, ਗੁਰਲਾਲ ਸਿੰਘ ਵਿਰਕ, ਬਲਜਿੰਦਰ ਸਿੰਘ ਪਾਤੜਾਂ , ਪ੍ਰਿੰਸੀਪਲ ਸਿੰਘ ਨੱਕਟੀ, ਜਥੇਦਾਰ ਅਮਰਜੀਤ ਸਿੰਘ ਪੰਜਰਥ,ਗੁਰਮੀਤ ਸਿੰਘ ਵਿਰਕ, ਅਮਰਜੀਤ ਸਿੰਘ ਟੌਡਰਪੁਰ, ਮਲਕੀਤ ਸਿੰਘ ਚੀਮਾ, ਹਰਜੀਤ ਸਿੰਘ (ਮੈਂਬਰ ਬਲਾਕ ਸੰਮਤੀ), ਅਜੀਤ ਸਿੰਘ ਮੌਲੀ, ਨਿਸ਼ਾਨ ਸਿੰਘ ਸੰਧੂ, ਚੈਨ ਸਿੰਘ, ਸੁਖਵਿੰਦਰ ਸਿੰਘ, ਗੋਪਾਲ ਸ਼ਰਮਾ, ਸੁਖਵਿੰਦਰ ਦਾਨੀਪੁਰ, ਯਾਦਵਿੰਦਰ ਸਿੰਘ ਗੋਗਾ (ਸਰਪੰਚ), ਕੁਲਵਿੰਦਰ ਸਿੰਘ, ਗੁਰਿੰਦਰ ਸਿੰਘ, ਸੁਖਵਿੰਦਰ ਸਿੰਘ ਖੰਗੂੜੇ ਇੰਟ, ਨਵਪ੍ਰੀਤ ਸਿੰਘ ਅਤੇ ਗੁਲਾਬ ਸਿੰਘ ਵਿਰਕ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ, ਵਰਕਰ ਅਤੇ ਇਲਾਕਾ ਵਾਸੀ ਹਾਜ਼ਰ ਸਨ।

## ਮੁਫ਼ਤ ਬਣਾਉਟੀ ਅੰਗ ਕੈਂਪ 25 ਨੂੰ

ਧੂਰੀ, (ਸੁਖਦੇਵ ਧੂਰੀ) ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਮਨੁੱਖਤਾ ਦੀ ਸੇਵਾ ਲਈ ਚਲਾਈ ਜਾ ਰਹੀ ਇੱਕ ਕਦਮ ਆਸਾ ਦਾ ਮੁਹਿੰਮ ਤਹਿਤ 25 ਜੁਲਾਈ ਨੂੰ ਮਾਡਰਨ ਸੈਕੂਲਰ ਪਬਲਿਕ ਸਕੂਲ ਵਿਖੇ ਤੀਜਾ ਮੁਫ਼ਤ ਬਣਾਉਟੀ ਅੰਗ ਲਾਇਆ ਜਾ ਰਿਹਾ ਹੈ।ਇਹ ਕੈਂਪ ਰੋਟਰੀ ਕਲੱਬ ਚੰਡੀਗੜ੍ਹ ਸੈਂਟਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।ਆਪਣਾ ਪੰਜਾਬ ਫਾਊਂਡੇਸ਼ਨ ਦੇ ਫਾਊਂਡਰ ਡਾ. ਜਗਜੀਤ ਸਿੰਘ ਧੂਰੀ ਨੇ ਦੱਸਿਆ ਕਿ ਫਾਊਂਡੇਸ਼ਨ ਵੱਲੋਂ ਹਰ ਸਾਲ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਸਰੀਰਕ ਤੌਰ 'ਤੇ ਦਿਵਿਆਂਗ ਅਤੇ ਆਰਥਿਕ ਤੌਰ 'ਤੇ ਲੋੜਵੰਦ ਵਿਅਕਤੀਆਂ ਲਈ ਮੁਫ਼ਤ ਬਣਾਉਟੀ ਅੰਗਾਂ (ਲੱਤਾਂ ਤੇ ਬਾਂਹਾਂ) ਲਾਉਣ ਦੇ ਕੈਂਪ ਲਾਏ ਜਾਂਦੇ ਹਨ।ਇਸ ਲੜੀ ਤਹਿਤ ਧੂਰੀ ਦੇ ਵਿੱਚ ਇਹ ਤੀਜਾ ਵਿਸ਼ੇਸ਼ ਕੈਂਪ ਆਯੋਜਿਤ ਕੀਤਾ ਜਾ ਰਿਹਾ ਹੈ, ਜਿਸ ਦਾ ਉਦੇਸ਼ ਲੋੜਵੰਦਾਂ ਨੂੰ ਨਵੀਂ ਉਮੀਦ ਤੇ ਆਤਮ-ਵਿਸ਼ਵਾਸ ਨਾਲ ਜ਼ਿੰਦਗੀ ਜਿਊਣ ਦਾ ਮੌਕਾ ਪ੍ਰਦਾਨ ਕਰਨਾ ਹੈ।ਲੋੜਵੰਦ ਵਿਅਕਤੀ ਨੂੰ ਵੱਧ ਤੋਂ ਵੱਧ ਲਾਭ ਉਠਾਉਣ।

## ਉੱਤਰ ਰੇਲਵੇ

### ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੇ ਸੀਨੀਅਰ ਮੰਡਲ ਵਣਿਜ ਪ੍ਰਬੰਧਕ, ਉੱਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿੱਤੇ ਗਏ ਕੰਮ ਦੇ ਲਈ ਯੋਗ ਅਤੇ ਸੇਵਾ ਪ੍ਰਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| Catalogue No. | Nature of Contract |
|---|---|
| EAFZR-WVM26-2 | ਢੰਡਾਰੀ ਕਲਾਂ, ਫਿਰੋਜ਼ਪੁਰ ਕੈਂਟ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਤੇ ਵਾਟਰ ਵੇਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ। |
| ਈ-ਨੀਲਾਮੀ ਦੀ ਮਿਤੀ: 28.07.2026 | |

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

2430/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਸੂਚਨਾ

ਸੀਨੀਅਰ ਮੰਡਲ ਵਪਾਰਕ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ, ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਅਤੇ ਉਨ੍ਹਾਂ ਦੀ ਤਰਫ ਤੋਂ, ਹੇਠਾ ਦਿਤੇ ਗਏ ਕੰਮ ਲਈ ATVM ਫੈਸਿਲਿਟੇਟਰਸ ਦੀ ਨਿਯੁਕਤੀ ਦੇ ਲਈ ਨਿਰਧਾਰਿਤ ਪ੍ਰਾਰੂਪ ਉਤੇ ਸਿੰਗਲ ਪੈਕੇਟ ਆਵੇਦਨ ਮੰਗ ਕਰਦੇ ਹਨ :-

| ਲ. ਨੰ: | ਕੰਮ ਦਾ ਵੇਰਵਾ | ਅਨੁਬੰਧ ਦਾ ਸਮਾਂ | ਟੈਂਡਰ ਪ੍ਰਪੱਤਰ ਦੀ ਲਾਗਤ | ਟੈਂਡਰ ਜਮਾਂ ਕਰਨ ਦੀ ਮਿਤੀ |
|---|---|---|---|---|
| 1 | ਕੰਮ ਦੀ ਪ੍ਰਕ੍ਰਿਤੀ: ਫ਼ਿਰੋਜ਼ਪੁਰ ਮੰਡਲ ਦੇ 20 ਰੇਲਵੇ ਸਟੇਸ਼ਨਾਂ ਉਤੇ ਸਵਚਾਲਿਤ ਟਿਕਟ ਵੇਂਡਿੰਗ ਮਸ਼ੀਨਾਂ (ATVM) ਦੇ ਦੁਆਰਾ ਤੋਂ ਅਣਰਿਜ਼ਰਵ ਟਿਕਟ ਜਾਰੀ ਕਰਨ ਲਈ ਫੈਸਿਲਿਟੇਟਰਸ ਦੀ ਨਿਯੁਕਤੀ ਦੇ ਲਈ ਏਪਲੀਕੇਸ਼ਨ । | ਸ਼ੁਰੂਆਤ ਵਿਚ, ਫੈਸਿਲਿਟੇਟਰ ਨੂੰ ਕੰਮ ਸ਼ੁਰੂ ਹੋਣ ਦੀ ਮਿਤੀ ਤੋਂ ਦੋ ਸਾਲ ਲਈ ਰੱਖਿਆ ਜਾਵੇਗਾ । | ਮੁਫਤ: | ਮਿਤੀ 05.08.2026 (ਬੁੱਧਵਾਰ) ਨੂੰ 15:00 ਵਜੇ ਤਕ |

ਮਹੱਤਵਪੂਰਣ ਮਿਤੀਆਂ :

| | |
|---|---|
| ਆਵੇਦਨ ਜਾਰੀ ਹੋਣ ਦੀ ਮਿਤੀ | ਮਿਤੀ 14.07.2026 (ਮੰਗਲਵਾਰ) |
| ਆਵੇਦਨ ਪ੍ਰਪੱਤਰ ਜਮਾਂ ਕਰਨ ਦੀ ਮਿਤੀ ਅਤੇ ਸਮਾਂ | 05.08.2026 (ਬੁੱਧਵਾਰ) ਨੂੰ 15:00 ਵਜੇ ਤਕ |
| ਆਵੇਦਨ ਬਾਕਸ ਬੰਦ ਹੋਣ ਦੀ ਮਿਤੀ ਅਤੇ ਸਮਾਂ | ਮਿਤੀ 05.08.2026 (ਬੁੱਧਵਾਰ) ਨੂੰ 15:00 |
| ਆਵੇਦਨ ਖੁਲਣ ਦੀ ਮਿਤੀ ਅਤੇ ਸਮਾਂ | ਮਿਤੀ 05.08.2026 (ਬੁੱਧਵਾਰ) ਨੂੰ 15:30 ਵਜੇ ਤਕ |
| ਦਫਤਰ ਦਾ ਪਤਾ ਅਤੇ ਉਹ ਮਿਤੀ, ਜਦ ਤੋਂ ਆਵੇਦਨ ਦਸਤਾਵੇਜ ਉਪਲਬਧਤਾ | ਆਵੇਦਨ ਦਫਤਰ ਸੀਨੀਅਰ ਮੰਡਲ ਵਪਾਰਕ, ਵਪਾਰਕ ਬਰਾਂਚ, ਮੰਡਲ ਰੇਲ ਪ੍ਰਬੰਧਕ ਦਫਤਰ, ਉੱਤਰ ਰੇਲਵੇ, ਫ਼ਿਰੋਜ਼ਪੁਰ ਛਾਵਣੀ-152001 ਦੇ ਦਫਤਰ ਵਿਚ ਮਿਤੀ 15.07.2026 ਤੋਂ 05.08.2026 ਨੂੰ 10:00 ਵਜੇ ਤੋਂ 13:00 ਵਜੇ ਤਕ, ਕੰਮ ਵਾਲੇ ਦਿਨਾਂ ਵਿਚ ਦਫਤਰ ਸਮੇਂ ਦੇ ਦੌਰਾਨ ਉਪਲਬਧ ਰਹੇਗਾ । |

ਆਵੇਦਨ ਪੱਤਰ ਅਤੇ ਸ਼ਰਤਾਂ/ਨਿਯਮਾ ਸਹਿਤ ਹੋਰ ਸਬੰਧਿਤ ਜਾਣਕਾਰੀ ਦੇ ਲਈ ਜਾਰੀ ਸੂਚਨਾ, ਉੱਤਰ ਰੇਲਵੇ ਦੀ ਵੈੱਬਸਾਈਟ www.nr.indianrailways.gov.in ਉਤੇ ਵੀ ਉਪਲਬਧ ਹੈ ਅਤੇ ਇਸਨੂੰ ਮਿਤੀ 14.07.2026 (ਮੰਗਲਵਾਰ) ਨੂੰ 13:00 ਵਜੇ ਤੋਂ ਡਾਊਨਲੋਡ ਕੀਤਾ ਜਾਂ ਸਕਦਾ ਹੈ ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 2438/26

## PUBLIC NOTICE FOR AUCTION SALE OF GOLD

This is to inform the general public that Ms. Tarsem Singh availed a Gold Loan on 06.09.2025 (A/c 4445414930) has failed to repay the dues despite repeated reminders. The loan account has been classified as NPA as of 04.05.2026

As per the terms and conditions of the loan agreement, the pledged gold ornaments will be auctioned to recover the outstanding loan amount, interest and charges.

Date and time of Auction: 22.07.2026 at 11 am at Venue: SBI Suktanpur Road Branch,Near ESI hospital Kapurthala.

Description of Gold: One Ring and one chain (Gross weight 8.05 gm)

Outstanding Amount : Rs. 48833/-

Interested buyers may inspect the gold articles and participate in the auction. The sale will be conducted on an "as-is-where-is" basis. The highest bidder will be required to make full payment immediately after the conclusion of the auction.

For any further information, please contact : Gurbakhsish Singh Branch Manager Mobile 7009522612

## ਖੁੱਲੀ ਬੋਲੀ

ਦੀ ਰੜ੍ਹ ਬਹੁ-ਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਵੱਲੋਂ ਖੇਤੀਬਾੜੀ ਸੰਦਾਂ ਦੀ ਖੁੱਲੀ ਬੋਲੀ ਮਿਤੀ 29-07-2026 ਨੂੰ ਸਵੇਰੇ 10:30 ਵਜੇ ਸਭਾ ਦੇ ਦਫਤਰ ਵਿਖੇ ਰੱਖੀ ਗਈ ਹੈ। ਬੋਲੀ ਸੰਬੰਧੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ।

1 ਹੈਪੀ ਸੀਡਰ, 1 ਜੀਰੋ ਡਰਿੱਲ ਅਤੇ ਫੁਟਕਲ ਫਰਨੀਚਰ ਆਦਿ ।

ਪ੍ਰਧਾਨ ਜਗਸੀਰ ਸਿੰਘ 94639-72558
ਹਰਦੇਵ ਸਿੰਘ ਸੀਨੀਅਰ ਮੀਤ ਪ੍ਰਧਾਨ 83604-25202

## COURT NOTICE

(U/o 5 Rule 20 CPC)
In the Court of
Sh. Kapil Dev Singla
Addl. Principal Judge, Family Court, Nabha
CNR No. PBPTF3-000487-2025
Next Date:- 20-08-2026
GURMUKH SINGH
Vs.
GAGANDEEP KAUR
Publication Issued To:
Gagandeep Kaur W/O Gurmukh Singh D/O Puran Singh R/O Vill. Aujan Devigarh, Tehsil Dudhan Sadhan, Distt. Patiala.

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 20-08-2026 at 10:00 a.m.

For details logon to https://highcourtchd.gov.in/?mod=district_notice&district=patiala

Addl. Principal Judge, Family Court, Nabha
Dated, this day of 09-07-2026

## AXIS BANK LTD.

ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ। ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ ਕਾਨੂੰਨੀ ਵਾਰਸਾਂ ਦਾ ਨਾਂਅ | 1. ਐੱਨ ਪੀ ਏ ਮਿਤੀ 2. ਡਿਮਾਂਡ ਨੋਟਿਸ ਦੀ ਮਿਤੀ 3. ਕਬਜ਼ੇ ਦੀ ਮਿਤੀ 4. ਡਿਮਾਡ ਨੋਟਿਸ 'ਚ ਰਕਮ (ਰੁਪਏ) |
|---|---|---|
| 1. | 1. ਸ੍ਰੀ ਰਾਜਵੀਰ ਸਿੰਘ ਪੁੱਤਰ ਦਲੀਪ ਸਿੰਘ (ਅਰਜ਼ੀਕਾਰ ਅਤੇ ਰਹਿਣਕਾਰ) ਅਤੇ 2. ਸ੍ਰੀ ਮਨਪ੍ਰੀਤ ਸਿੰਘ ਪੁੱਤਰ ਬਿੱਕਰ ਸਿੰਘ (ਗਰੰਟਰ) | 1. 04 ਦਸੰਬਰ 2025 2. 17.03.2026 3. 13 ਜੁਲਾਈ 2026 4. ਰੁਪਏ 13,84,749.00/- (ਤੇਰਾਂ ਲੱਖ ਚੌਰਾਸੀ ਹਜ਼ਾਰ ਸੱਤ ਸੌ ਉਣੰਜਾ ਰੁਪਏ ਕੇਵਲ) |
| ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਜਾਇਦਾਦ ਦਾ ਉਚਿਤ ਗਿਰਵੀਨਾਮਾ ਸਮੇਤ ਜਾਇਦਾਦ ਨਾਲ ਸੰਬੰਧਤ ਸਭ ਕੁੱਝ ਜੋ ਕਿ ਫਲੈਟ/ਅਪਾਰਟਮੈਂਟ, ਖੱਤਾ/ਖੇਵਟ ਨੰ. 20/21 ਮਿੰਨ/21, ਖਸਰਾ ਨੰ. 121 (0-5), 122 (3-12), 124 (2-17), 431/110 (1-5), 433/111 (0-14) ਅਤੇ 510/471/123 (4-14), ਕਿੱਤਾ ਨੰ. 6, 3/5340 ਦਾ ਹਿੱਸਾ, 0 ਬਿਘਾ 0 ਬਿਸਵਾ 3 ਬਿਸਵਾਸੀ ਦੇ ਬਰਾਬਰ ਜੋ ਕਿ ਕੁੱਲ ਰਕਬਾ 13 ਬਿਘਾ 7 ਬਿਸਵਾ 'ਚੋਂ, ਹੱਦਬਸਤ ਨੰ. 14, ਜਮ੍ਹਾਂਬੰਦੀ ਸਾਲ 2019-20, ਜੋ ਕਿ ਫਲੈਟ ਨੰ. 275 ਟਾਵਰ/ਬਲਾਕ 5 ਦੀ ਦੂਜੀ ਮੰਜ਼ਲ, ਐਸ ਬੀ ਪੀ ਹਾਊਸਿੰਗ ਪਾਰਕ, ਪਿੰਡ ਰੌਣੀ ਵਿਖੇ ਸਥਿਤ, ਨਗਰ ਕੌਂਸਲ ਡੇਰਾ ਬੱਸੀ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਸ੍ਰੀ ਰਾਜਵੀਰ ਸਿੰਘ ਪੁੱਤਰ ਦਲੀਪ ਸਿੰਘ ਦੀ ਮਲਕੀਅਤ ਵਸੀਕਾ ਨੰ. 1322 ਮਿਤੀ 22.05.2022 ਅਨੁਸਾਰ। | | |
| 2. | 1. ਸ੍ਰੀ ਨੀਰਜ ਪੁੱਤਰ ਬਹਾਦਰ ਸਿੰਘ (ਅਰਜ਼ੀਕਾਰ ਅਤੇ ਰਹਿਣਕਾਰ) 2. ਸ੍ਰੀਮਤੀ ਸਵਿਤਾ ਦੇਵੀ ਪਤਨੀ ਨੀਰਜ | 1. 04 ਦਸੰਬਰ 2025 2. 17.03.2026 3. 13 ਜੁਲਾਈ 2026 4. ਰੁਪਏ 23,90,681.46/- (ਤੇਈ ਲੱਖ ਨੱਬੇ ਹਜ਼ਾਰ ਛੇ ਸੌ ਇਕਾਸੀ ਰੁਪਏ ਅਤੇ ਛਿਆਲੀ ਪੈਸੇ ਕੇਵਲ) |
| ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਜਾਇਦਾਦ ਦਾ ਉਚਿਤ ਗਿਰਵੀਨਾਮਾ ਸਮੇਤ ਜਾਇਦਾਦ ਨਾਲ ਸੰਬੰਧਤ ਸਭ ਕੁੱਝ ਜੋ ਕਿ ਮਕਾਨ ਨੰ. 119, ਇਕ ਓਂਕਾਰ ਸਿਟੀ, ਰਕਬਾ 108.75 ਵਰਗ ਗਜ਼, ਖੇਵਟ ਖਤੌਨੀ ਨੰ. 267/271, ਖਸਰਾ ਨੰ. 84/3 (0-1), 1226/85 (2-8), 1227/85 (2-8), 90/2/1 (2-2), ਕਿੱਤੇ 4, ਕੁੱਲ ਜ਼ਮੀਨ 6 ਬਿੱਘਾ 19 ਬਿਸਵੇ ਜਿਸ 'ਚੋਂ 13/834 ਹਿੱਸਾ ਜੋ ਕਿ 0 ਬਿੱਘਾ 2-1/6 ਬਿਸਵਾ, ਹੱਦਬਸਤ ਨੰ. 183, ਪਿੰਡ ਖਾਨਪੁਰ, ਤਹਿਸੀਲ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ, ਜ਼ਿਲ੍ਹਾ ਐੱਸ ਏ ਐੱਸ ਨਗਰ ਮੁਹਾਲੀ, ਪੰਜਾਬ ਸ੍ਰੀ ਨੀਰਜ ਪੁੱਤਰ ਬਹਾਦਰ ਸਿੰਘ ਅਤੇ ਸ੍ਰੀਮਤੀ ਸਵਿਤਾ ਦੇਵੀ ਪਤਨੀ ਨੀਰਜ਼ ਦੀ ਮਲਕੀਅਤ, ਵਸੀਕਾ ਨੰ. 2021-22/15/1/5202, ਅਨੁਸਾਰ। ਹੱਦਾਂ ਬੈਨਾਮਾ ਅਨੁਸਾਰ : ਪੂਰਬ : ਪਲਾਟ ਨੰ. 120, ਪੱਛਮ : ਪਲਾਟ ਨੰ. 118, ਉੱਤਰ : ਪਲਾਟ ਨੰ. 130, ਦੱਖਣ : ਸੜਕ 30 ਫੁੱਟ ਚੌੜੀ। | | |

ਮਿਤੀ : 16.07.2026
ਸਥਾਨ : ਲੁਧਿਆਣਾ
ਸਹੀ/- ਅਧਿਕਾਰਤ ਅਫ਼ਸਰ
ਐਕਸਿਸ ਬੈਂਕ ਲਿਮਟਿਡ



# ਕਲਾਸੀਫਾਈਡ ਇਸ਼ਤਿਹਾਰ



## Change of Name

I, Harjit Singh S/O Sh. Avtar Singh Vill. Budho Barket PO Chhangla Teh. Dasuya Distt Hoshiarpur PB India have changed my name Harjit Singh to Harjit Singh Cheema.

I Jaskirat Singh S/O Sh. Harjit Singh Cheema Vill. Budho Barket Po Chhangla Teh. Dasuya Distt Hoshiarpur PB India have changed my name Jaskirat Singh to Jaskirat Singh Cheema.

I Parminder Singh S/O Harwinder Singh R/o H. No. 355 Teacher Colony Ward No. 3 Balachaur, Teh. Balachahr Distt. SBS Nagar Punjab Have Changed My Name to Singh Parminder. Singh is my Surname. All please note.

I, Sumandeep Kaur W/o Iqbal Singh R/o VPO Takhtu Chak Tehsil Khadoor Sahib, Tarn Taran have declare that Sumandeep is my Given name Kaur is my Surname.

I, Sanjay Chopra S/o Kashmiri Lal R/o H.No.1-B, Old Jail Road, Race Course Road, Amritsar have changed my name from Sanjay Chopra to Sanjay Kumar Chopra.

I, Gurbhej Singh S/o Hazara Singh R/o Village Mianpur Tehsil and District Tarn Taran have declare that Gurbhej is my Given name and Singh is my Surname.

I, Rajwinder Kaur W/o Gurbhej Singh R/o Village Mianpur, Tehsil and District Tarn Taran have declare that Rajwinder is my Given name and Kaur is my Surname.

I, Jagdeep Singh S/o Mohinder Singh R/o VPO Lasara, Tehsil Phillaur, Distt. Jalandhar - 144410, Punjab have changed my name from Jagdeep Singh to Jagdeep as given name and Singh as Surname. All concerned please note.

I, hitherto known as Harinder Kaur Duggal w/o Kapil Dev Duggal, residing at 748-A, Surya Enclave, GT Road Byepass, Jalandhar City (Pb.)-144009, have changed my name and shall hereafter be known as Harinder Kaur. It is certified that I have complied with other legal requirements in this connection.

I Jaspreet Narula S/o Gurdip Singh R/o House No. 109, Lane No. 3, Near Plah Sahib Road, Green City, Gumtala Byepass, Amritsar, Punjab 143001 have changed my name from Jaspreet Narula to Jaspreet Singh.

I Nisha Manaktala w/o Yatin Sikka, R/o H.No 3, Shiv Vihar, Jalandhar have changed my name to Nisha Sikka.

I, Harbhajan Singh S/o Piara Singh R/o House No 46, Near Shiv Mandir, Modern Estate, Dakoha Distt Jalandhar Punjab 144023 I have changed my name from Harbhjan Singh to Harbhajan Singh

I, Balbir Kaur W/o Harbhajan Singh R/o House No 46, Near Shiv Mandir, Modern Estate, Dakoha Distt Jalandhar Punjab 144023 I have changed my name from Balvir Kaur to Balbir Kaur.

I, Asha W/o Ravi Kumar R/o Village Dhilwan, Tehsil & District Jalandhar, Punjab have changed my name from Asha Rani to Asha. All concerned may note.

I, Gurdev Kaur alias Rani w/o Gurdial Ram r/o Lallian Khurd, Lambra, Jalandhar, Punjab, 144026 changed my name to Rani. All Please Note.

I, Manjeet Kaur w/o Jasveer Singh R/o Mithra, Phillaur, Jalandhar have changed my name from Manjeet Kaur to Manjit Kaur Kang. All Please Note.

I, Jobanpreet Kaur w/o Didar Singh R/o VPO. Gumtala, Distt. Jalandhar have changed my name from Jobanpreet Kaur to Kaur Jobanpreet. All Please Note.

I, Raj Kaur w/o Darshan Singh R/o VPO. Chanian, Teh. Nakodar, Distt. Jalandhar have changed my name from Raj Kaur to Raj Rani. All Please Note.

I, Harjinder Kaur W/o Davinder Singh R/o VPO. Kahlwan, Distt. Jalandhar have changed my name from Harjinder Kaur to Jaswinder Kaur. All Please Note.

I, Raj Rani W/o Khazan Singh R/o Village Jawahar Nagar, Po & Tehsil Bholath, District Kapurthala has correct my name from Raj Rani to Raj Kaur. All Please Note.

## Change of Name

I, Shelly W/O Rajeev Sharma R/O H. No. 20, Loharka Road, Near Invictus School, Silver Oak, Amritsar Have Changed my name after Marriage to Shelly Mahajan. All concerned please note.

I, Tarsem S/o Gurdita R/o Village Domana, PO. Nathupur, Distt. Hoshiarpur, Punjab, have changed my name to Tarsem Singh. All concerned please note.

I, Amanjeet Kaur W/o Krishan Lal R/o Village Domana, PO. Nathupur, Distt. Hoshiarpur, Punjab, have changed my name to Amanjit Kaur. All concerned please note.

I, Giano, W/o Sh. Madan Lal Khuttan, R/o Village & Post Office Billi Chuharmi, Tehsil Shahkot, District Jalandhar, 144040, Punjab hereby declare that I have changed my name from Giano to Gian Kaur. Henceforth, I shall be known as Gian Kaur for all purposes. All concerned may please take notice.

I, Vijay Kumar Sharma son of Sh. Sansari Lal Sharma resident of H.No. 51, Shankar Garden Model Town, Jalandhar, Punjab-144001 declare that I am known by three names Vijay Kumar Sharma, Vijay Sharma and Vijay Kumar. That the above said three names belong to one and same person i.e. me. All concerned please note.

I, Karuna Rishi D/o Ved Parkash Rishi W/o Vijay Kumar Sharma R/o H.No. 32-B/51, Shankar Garden Model Town, Jalandhar, Punjab-144001 declare that I am known by three names Karuna Rishi, Karuna Sharma and Karuna. That the above said three names belong to one and same person i.e. me. All concerned please note.

I, Seema W/o Vikas R/o # 205, Gali Number 10, New Suraj Ganj, Jalandhar, Punjab-144001 have changed my name from Seema to Seema Rani. All concerned please note.

I, Rampreet son of Tarsem Lal R/o VPO. Sarhali, District Jalandhar, Punjab-144633 have changed my name from Rampreet to Rampreet Singh. All concerned please note.

## ਨਾਂਅ ਦੀ ਬਦਲੀ

ਮੈਂ, ਅੰਜੂ ਬਜਾਜ, ਪਤਨੀ ਸੰਜੀਵ ਬਜਾਜ, ਮਕਾਨ ਨੰਬਰ 455 MIG ਜਮਾਲਪੁਰ ਕਾਲੋਨੀ, ਫੋਕਲ ਪੌਇੰਟ, ਲੁਧਿਆਣਾ, ਪੰਜਾਬ - 141010, ਇਸ ਰਾਹੀਂ ਘੋਸ਼ਣਾ ਕਰਦੀ ਹਾਂ ਕਿ ਮੈਂ ਆਪਣਾ ਨਾਮ ਅੰਜੂ ਬਾਲਾ ਤੋਂ ਬਦਲ ਕੇ ਅੰਜੂ ਬਜਾਜ ਰੱਖ ਲਿਆ ਹੈ।ਕਿਰਪਾ ਕਰਕੇ ਸਾਰੇ ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਰਣਜੀਤ ਕੁਮਾਰ ਪੁੱਤਰ ਸ੍ਰੀ ਗੁਰਦਿਆਲ ਚੰਦ ਵਾਸੀ 3257/14, ਗਲੀ ਨੰ. 9, ਹਰੀਪੁਰਾ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੈਂ ਪਲਵੀ ਪੁੱਤਰੀ ਸ੍ਰੀ ਰੰਜੀਤ ਕੁਮਾਰ ਵਾਸੀ ਮਕਾਨ ਨੰ: 3257/14, ਵਾਰਡ ਨੰ: 61, ਗਲੀ ਨੰ. 9 ਵੱਡਾ ਹਰੀਪੁਰਾ, ਜੇ. ਐੱਫ ਮਿੱਲ, ਅੰਮ੍ਰਿਤਸਰ ਨੂੰ ਗੋਦ ਲਿਆ ਸੀ। ਹੁਣ ਉਹ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਤੇ ਮੇਰਾ ਪਰਵਾਰ ਉਸ ਦੇ ਕਿਸੇ ਲੈਣ-ਦੇਣ ਦੇ ਜ਼ਿੰਮੇਵਾਰ ਨਹੀਂ ਹੋਵਾਂਗੇ।

ਅਸੀਂ, ਨਰਿੰਦਰ ਪਾਲ ਰਤਨ ਪੁੱਤਰ ਭਗਤ ਰਾਮ ਰਤਨ ਅਤੇ ਅਨੀਤਾ ਰਤਨ ਪਤਨੀ ਨਰਿੰਦਰ ਪਾਲ ਰਤਨ ਵਾਸੀ 12 ਏ, ਗੁਰੂ ਰਾਮ ਦਾਸ ਐਨਕਲੇਵ , ਸ਼ੇਰ ਸਿੰਘ ਕਲੋਨੀ, ਜਲੰਧਰ ਇਹ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਸ਼ੀਸ਼ ਰਤਨ ਅਤੇ ਉਸਦੀ ਪਤਨੀ ਸ਼ਾਲੂ ਰਤਨ ਸਾਡੇ ਕਹਿਣੇ ਤੋਂ ਬਾਹਰ ਹਨ । ਇਸ ਲਈ ਅਸੀਂ ਇਹਨਾਂ ਨੂੰ ਆਪਣੀ ਚੱਲ - ਅੱਚਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰਕ ਮੈਂਬਰਾਂ ਦਾ ਇਹਨਾਂ ਨਾਲ ਕੋਈ ਸਬੰਧ ਨਹੀਂ ਹੈ। ਇਹਨਾਂ ਨਾਲ ਕਿਸੇ ਕਿਸਮ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਅਸੀ, ਰਾਜੇਸ਼ਵਰ ਸਿੰਘ ਪੁੱਤਰ ਗੁਲਜ਼ਾਰ ਸਿੰਘ ਅਤੇ ਰਜਨੀ ਪਤਨੀ ਰਾਜੇਸ਼ਵਰ ਸਿੰਘ, ਵਾਸੀ ਗਲੀ ਨੰਬਰ-2, ਮੁਹੱਲਾ ਸੰਤਪੁਰਾ, ਕਪੂਰਥਲਾ, ਪੰਜਾਬ, ਬਿਆਨ ਕਰਦੇ ਹਾਂ ਕਿ ਅਭੀਜੀਤ ਸਿੰਘ, ਜੋ ਕਿ ਸਾਡੇ ਕਹਿਣੇਕਾਰ ਵਿੱਚ ਨਹੀਂ ਹੈ। ਜਿਸ ਕਰਕੇ ਅਸੀ ਆਪਣੇ ਲੜਕੇ ਅਭੀਜੀਤ ਸਿੰਘ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡੇ ਲੜਕੇ ਅਭੀਜੀਤ ਸਿੰਘ ਨਾਲ ਜੋ ਕੋਈ ਵੀ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਦਾ ਹੈ ਤਾਂ ਇਸ ਲਈ ਉਹ ਖੁਦ ਜਿੰਮੇਵਾਰ ਹੋਵੇਗਾ। ਸਾਡੀ ਕੋਈ ਜਿੰਮੇਵਾਰੀ ਨਹੀਂ ਹੈ।

ਅਸੀਂ ਸੁਰੇਸ਼ ਪੁੱਤਰ ਉਮ ਪ੍ਰਕਾਸ਼ ਅਤੇ ਮੀਨਾ ਪਤਨੀ ਸੁਰੇਸ਼ ਵਾਸੀ ਸਾਂਹਸੀ ਕਲੋਨੀ, ਕਪੂਰਥਲਾ ਘੋਸ਼ਣਾ ਕਰਦੇ ਹਾਂ ਕਿ ਸਾਡਾ ਲੜਕਾ ਬਿਰਜੂ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜੀ ਕਰਦਾ ਹੈ। ਅਸੀਂ ਆਪਣੇ ਲੜਕੇ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਅਮਰਜੀਤ ਸਿੰਘ ਪੁੱਤਰ ਲਾਲ ਬਾਬੂ ਵਾਸੀ ਬੱਧਨੀ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੋਹਣ ਲਾਲ (ਨਾਬਾਲਗ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਮਨਜੀਤ ਕੌਰ ਪਤਨੀ ਸੁਖਦੇਵ ਸਿੰਘ ਵਾਸੀ ਮੀਨੀਆ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਸਰਬਜੀਤ ਕੌਰ, ਜੇ ਮੇਰੇ ਸਾਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰੋਸ਼ਨ ਲਾਲ ਪੁੱਤਰ ਚੰਨੂ ਰਾਮ, ਵਾਸੀ ਮਕਾਨ ਨੰ: ਬੀ-5/55, ਸਈਪੁਰ ਕਲਾਂ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਬਨੀਤ ਕੁਮਾਰ ਉਰਫ ਸੰਨੀ ਅਤੇ ਉਸ ਦੀ ਪਤਨੀ ਕਾਜੀਆ ਉਰਫ ਕਾਜੂ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ ਅਤੇ ਮੇਰੀ ਦੇਖ-ਭਾਲ ਨਹੀਂ ਕਰਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ/ਤਲਕ-ਵਾਸਤਾ ਨਹੀਂ ਹੈ।

ਮੈਂ, ਜਸਵੀਰ ਕੌਰ ਪੁੱਤਰੀ ਸੁਖਦੇਵ ਸਿੰਘ ਵਾਸੀ ਵਾਰਡ ਨੰ: 25 ਚੜਿੱਕ ਰੋਡ, ਮੋਹਨ ਸਿੰਘ ਬਸਤੀ ਮੋਗਾ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਬਲਜੀਤ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਆਸ਼ਾ ਰਾਣੀ ਪਤਨੀ ਸਵਰਗਵਾਸੀ ਸ੍ਰੀ ਬੰਸੀ ਲਾਲ ਵਾਸੀ ਮਕਾਨ ਨੰਬਰ 120, ਨਿਊ ਗੋਲਡਨ ਐਵੀਨਿਊ, ਜੌੜਾ ਫਾਟਕ, ਅੰਮ੍ਰਿਤਸਰ ਦੀ ਰਹਿਣ ਵਾਲੀ ਹਾਂ। ਮੈਂ ਇਹ ਘੋਸ਼ਣਾ ਕਰਦੀ ਹਾਂ ਕਿ ਮੇਰਾ ਛੋਟਾ ਲੜਕਾ ਗੌਤਮ ਰਤੜਾ ਮੇਰੇ ਕਹਿਣੇ-ਸੁਣਨੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਗੌਤਮ ਰਤੜਾ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਜੀਤ ਸਿੰਘ ਪੁੱਤਰ ਗੋਪਾਲ ਸਿੰਘ ਵਾਸੀ ਪਿੰਡ ਖੁਸਰ ਟਾਹਲੀ, ਡਾਕਖਾਨਾ ਪਰਾਚਾ, ਤਹਿਸੀਲ ਫਤਿਹਗੜ੍ਹ ਚੂੜੀਆਂ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਿਲਰਾਜ ਸਿੰਘ ਅਤੇ ਉਸ ਦੀ ਪਤਨੀ ਸੰਦੀਪ ਕੌਰ (ਨਿਊਜ਼ੀਲੈਂਡ), ਜੋ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਰਿਸ਼ਤਾ ਨਹੀਂ ਹੈ।

ਮੈਂ, ਰਾਜ ਕੁਮਾਰ ਪੁੱਤਰ ਬਲਦੇਵ ਰਾਜ ਵਾਸੀ ਮਕਾਨ ਨੰਬਰ 1063/8, ਇਸਲਾਮਾਬਾਦ, ਕ੍ਰਿਸ਼ਨਾ ਨਗਰ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਯੁਗੇਸ਼ ਕੁਮਾਰ ਰੰਧਾਵਾ ਅਤੇ ਉਸ ਦੀ ਪਤਨੀ ਅੰਕਿਤਾ ਰੰਧਾਵਾ (ਆਸਟਰੇਲੀਆ) ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਕੋਈ ਖਰਚਾ ਨਹੀਂ ਦਿੰਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਰਾਕੇਸ਼ ਵੋਹਰਾ ਪੁੱਤਰ ਸ਼ਾਂਤੀ ਸਰੂਪ ਵੋਹਰਾ ਅਤੇ ਸੋਬਨ ਵੋਹਰਾ ਪਤਨੀ ਰਾਕੇਸ਼ ਵੋਹਰਾ ਮਕਾਨ ਨੰ. 887/7 ਗਲੀ ਬਾਗ ਵਾਲੀ, ਚੌਕ ਲਸ਼ਮਣਸਰ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਹਿਲ ਵੋਹਰਾ, ਉਸ ਦੀ ਪਤਨੀ ਮਨੀਸ਼ਾ ਵੋਹਰਾ ਅਤੇ ਉਨ੍ਹਾਂ ਦੇ ਬੱਚੇ ਰਧਾਇਆ ਵੋਹਰਾ ਅਤੇ ਮੀਰਾਇਆ ਵੋਹਰਾ, ਜੋ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਪੂਨਮ ਰਾਣੀ ਪਤਨੀ ਬਲਦੇਵ ਰਾਜ ਵਾਸੀ ਮਕਾਨ ਨੰਬਰ 9, ਹਰੀ ਸਿੰਘ ਐਵੀਨਿਊ ਸਾਹਮਣੇ ਸੰਤ ਬਾਬਾ ਭੂਰੀ ਵਾਲਾ, ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਪੂਜਾ ਵਰਮਾ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ, ਅਮਰਜੋਤ ਕੌਰ ਪਤਨੀ ਹਰਜਿੰਦਰ ਸਿੰਘ ਵਾਸੀ ਪੱਤੀ ਮਨਸੂਰ ਦੀ, ਸੁਲਤਾਨਵਿੰਡ ਪਿੰਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨਦੀਪ ਸਿੰਘ (ਕੁਆਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਬਿਮਲਾ ਰਾਣੀ ਪਤਨੀ ਜਨਕ ਰਾਜ ਵਾਸੀ ਮਕਾਨ ਨੰ: 42/11, ਨੇੜੇ ਸਬਜੀ ਮੰਡੀ, ਜਵਾਹਰ ਨਗਰ ਕੈਂਪ, ਲੁਧਿਆਣਾ, ਪੰਜਾਬ-141001 ਸੂਚਿਤ ਕਰਦੀ ਹਾਂ ਕਿ ਮੇਰੀ ਪੋਤੀ ਸੋਨਮ ਮੇਰੇ ਕਹਿਣੇ ਤੋਂ ਬਾਹਰ ਹੈ, ਉਸ ਦੇ ਮਾਤਾ ਪਿਤਾ ਅਲਗ ਰਹਿ ਰਹੇ ਹਨ ਤੇ ਸੋਨਮ ਬਚਪਨ ਤੋਂ ਹੀ ਆਪਣੇ ਨਾਨਕੇ ਘਰ ਰਹਿ ਰਹੀ ਸੀ। ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਅਨੁਰਾਧਾ ਪਤਨੀ ਰਤਨ ਲਾਲ, ਵਾਸੀ 17, ਸਿਵਲ ਹਸਪਤਾਲ ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਪ੍ਰਿੰਸ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪ੍ਰਿਥਵੀ ਰਾਜ ਪੁੱਤਰ ਰੂਪ ਲਾਲ ਵਾਸੀ ਜਵਾਹਰ ਨਗਰ ਅਲੀਵਾਲ ਰੋਡ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਮਨੋਜ ਕੁਮਾਰ ਉਰਫ ਸੋਨੂੰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ, ਸੀਮਾ ਪਤਨੀ ਸ੍ਰੀ ਯਕੂਬ ਮਸੀਹ ਵਾਸੀ ਪਿੰਡ ਨੰਦਨਪੁਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਜਾ ਅਤੇ ਉਸਦੀ ਪਤਨੀ ਰਮਨਜੋਤ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਰਾਜ ਕੁਮਾਰ ਪੁੱਤਰ ਅਸਚਰਜ ਲਾਲ ਅਤੇ ਸੁਕੇਸ਼ ਲਤਾ ਪਤਨੀ ਰਾਜ ਕੁਮਾਰ ਦੋਨੋ ਵਾਸੀਆਨ ਗਲੀ ਨੰ. 10, ਨੇੜੇ ਗੁਰੂਦੁਆਰਾ ਬਾਬਾ ਜਵਾਨਾ ਜੀ, ਨਿਊ ਗੁਰੂ ਨਾਨਕ ਨਗਰ, ਗੁਲਾਬ ਦੇਵੀ ਰੋਡ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਰਜੁਨ ਮੇਹਤਾ ਅਤੇ ਉਸਦੀ ਪਤਨੀ ਕੋਮਲ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਆਮ ਸੂਚਨਾ

ਮੈ ਬਲਵੀਰ ਸਿੰਘ ਪੁੱਤਰ ਸ੍ਰੀ ਜੱਗਾ ਸਿੰਘ ਵਾਸੀ ਅਕਲੀਆ ਤਹਿਸੀਲ ਤੇ ਜ਼ਿਲ੍ਹਾ ਮਾਨਸਾ, ਬਿਆਨ ਕਰਦਾ ਹਾਂ ਕਿ ਮੈਨੂੰ ਦੋਵਾਂ ਨਾਵਾਂ ਬਲਵੀਰ ਸਿੰਘ ਉਰਫ਼ ਕਾਲਾ ਸਿੰਘ (Balvir Singh alias Kala Singh) ਪੁੱਤਰ ਸ੍ਰੀ ਜੱਗਾ ਸਿੰਘ (Jagga Singh) ਨਾਲ ਹੀ ਜਾਣਿਆ ਜਾਂਦਾ ਹੈ ਅਤੇ ਮੈ ਦੋਵਾਂ ਨਾਵਾਂ ਦਾ ਇੱਕ ਹੀ ਵਿਅਕਤੀ ਹਾਂ।

ਸ੍ਰੀ ਰੂਪ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਪਿੰਡ ਸੱਦਾ ਸਿੰਘ ਵਾਲਾ ਜ਼ਿਲ੍ਹਾ ਮੋਗਾ ਦੇ ਨਾਂਅ 'ਤੇ ਇਸ ਦਫਤਰ ਵਿੱਚ ਇੱਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ. ਏ ਪੀ 22/0726 ਬੀ.ਐੱਚ.ਪੀ 20 ਵਾਕਿਆ ਪਿੰਡ ਸੱਦਾ ਸਿੰਘ ਵਾਲਾ ਵਿਖੇ ਚੱਲ ਰਿਹਾ ਹੈ। ਹੁਣ ਇਸ ਕੁਨੈਕਸ਼ਨ ਦੀ ਨਾਂਅ ਤਬਦੀਲੀ ਲਈ ਸ੍ਰੀ ਜਗਤਾਰ ਸਿੰਘ ਪੁੱਤਰ ਸ੍ਰੀ ਚਮਕੌਰ ਸਿੰਘ ਵਾਸੀ ਕੋਟ ਈਸੇ ਖਾਂ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਵੱਲੋਂ ਆਪਣੇ ਨਾਂਅ 'ਤੇ ਕਰਾਉਣ ਲਈ ਦਰਖਾਸਤ ਦਿੱਤੀ ਹੈ। ਜੇਕਰ ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੀ.ਐੱਸ.ਪੀ.ਸੀ.ਐੱਲ ਉਪ ਮੰਡਲ ਡਗਰੂ (ਮੋਗਾ) ਨੂੰ ਪੇਸ਼ ਕਰ ਸਕਦਾ ਹੈ। ਨਾ ਇਤਰਾਜ਼ ਹੋਣ ਤੋਂ 15 ਦਿਨਾਂ ਬਾਅਦ ਕੁਨੈਕਸ਼ਨ ਉਸ ਨਾਂਅ ਉਪਰ ਤਬਦੀਲ ਕਰ ਦਿੱਤਾ ਜਾਵੇਗਾ ਅਤੇ ਇਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਸੁਣਿਆ ਜਾਵੇਗਾ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਐੱਮ ਏ-167 ਗੁਰਚਰਨ ਸਿੰਘ ਪੁੱਤਰ ਫੌਜਾ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਗੁਰਜਿੰਦਰ ਕੌਰ ਪਤਨੀ ਸਤਨਾਮ ਸਿੰਘ ਰਕਬਾ ਮੱਲਾਂਵਾਲਾ ਜਨੂਬੀ, ਤਹਿਸੀਲ ਜ਼ੀਰਾ ਨੇ ਇਸ ਦਫਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਖਾਤਾ ਨੰਬਰ ਡੀ ਐੱਮ ਏ ਪੀ/117, ਜੋ ਕਿ ਪਿੰਡ ਧਰਮਪੁਰਾ ਵਿਖੇ ਬਲਵੀਰ ਕੌਰ ਪਤਨੀ ਜਗਮੇਲ ਸਿੰਘ ਵਾਸੀ ਧਰਮਪੁਰਾ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਨੂੰ ਤਰਸੇਮ ਸਿੰਘ ਪੁੱਤਰ ਜਗਮੇਲ ਸਿੰਘ ਵਾਸੀ ਧਰਮਪੁਰਾ ਆਪਣੇ ਨਾਂਅ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐੱਸ.ਪੀ.ਸੀ.ਐੱਲ ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੈਂ, ਲਖਵਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ ਪਿੰਡ ਚੈਨੇਵਾਲ, ਤਹਿ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ । ਟਿਊਬਵੈੱਲ ਕੁਨੈਕਸ਼ਨ 3 ਹਾਰਸ ਪਾਵਰ ਜਿਸਦਾ ਖਾਤਾ ਨੰਬਰ (K660) ਹੈ ਵਾਕਿਆ ਪਿੰਡ ਚੈਨੇਵਾਲ ਦੇ ਨਾਮ ਤੇ ਚੱਲਦਾ ਹੈ । ਮੇਰੇ ਪਿਤਾ ਪਿਆਰਾ ਸਿੰਘ ਦੀ ਮੌਤ ਹੋ ਚੁੱਕੀ ਹੈ । ਇਹ ਟਿਊਬਵੈੱਲ ਮੈਂ ਆਪਣੇ ਨਾਮ ਤੇ ਟਰਾਸਫਰ ਕਰਵਾਉਣਾ ਹੈ ਇਸ ਸੰਬੰਧ ਵਿੱਚ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ ਉਹ ਸਬੰਧਤ ਦਫਤਰ ਕੋਟਲੀ ਸੂਰਤ ਮੱਲੀ ਸੰਪਰਕ ਕਰ ਸਕਦਾ ਹੈ ।

ਗੁਰਦਿਆਲ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਵਾਕਿਆ ਰਕਬਾ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਚੱਲਦੇ ਮੋਟਰ ਕੁਨੈਕਸ਼ਨ ਖਾਤਾ ਨੰਬਰ 3003704175, 15 ਹਾਰਸ ਪਾਵਰ ਨੂੰ ਹਰਭਜਨ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਦੇ ਨਾਂਅ ਪਰ ਤਬਦੀਲ ਕੀਤਾ ਜਾਣਾ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 30 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਪੀ. ਐੱਸ ਪੀ. ਸੀ. ਐੱਲ. ਬੱਧਨੀ ਕਲਾਂ, ਜ਼ਿਲ੍ਹਾ ਮੋਗਾ ਵਿਖੇ ਪੇਸ਼ ਹੋ ਕੇ ਲਗਾ ਸਕਦਾ ਹੈ।

ਮੈਂ, ਮਨਜੀਤ ਕੌਰ ਪਤਨੀ ਬਹਾਦਰ ਸਿੰਘ ਵਾਸੀ ਪੱਤੀ ਖੁਮਾਰੀ, ਰਾਊਕੇ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਨੇ ਆਪਣੇ ਲੜਕੇ ਮਨਪ੍ਰੀਤ ਸਿੰਘ, ਨੂੰਹ ਨਿਰਮਲ ਕੌਰ, ਪੋਤਰੀਆਂ ਰਵਨੀਤ ਕੌਰ ਵਾ ਰਾਜਦੀਪ ਕੌਰ ਅਤੇ ਪੋਤਾ ਮਨਵੀਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਬੇਦਖਲ ਕਰ ਦਿੱਤਾ ਸੀ। ਹੁਣ ਉਕਤ ਇਹ ਸਾਰੇ ਮੇਰੇ ਕਹਿਣੇਕਾਰ ਹਨ ਅਤੇ ਮੇਰੀ ਹਰ ਗੱਲ ਨਾਲ ਸਹਿਮਤ ਹਨ। ਇਸ ਲਈ ਮੈਂ ਆਪਣੇ ਲੜਕੇ, ਨੂੰਹ, ਪੋਤੇ ਅਤੇ ਪੋਤੀਆਂ ਦੀ ਬੇਦਖਲੀ ਰੱਦ ਕਰਦੀ ਹਾਂ ਅਤੇ ਮੇਰੀ ਚੱਲ-ਅਚੱਲ ਜਾਇਦਾਦ ਦੇ ਹੱਕਦਾਰ ਹੋਣਗੇ।

## Property documents missing

Sale deed bearing no.3384 dated 3.8.1988 qua the property measuring 8 marlas,situated at village chogiti jalandhar,executed by jagpal kaur in favour of malkiat singh general power of attorney No.7235 dated 13.12.1991

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## PUBLIC NOTICE

DCB Bank Ltd. issuing Public Notice for loss of original document in the loan case of Tarun Dhalll App.ID. APPL01364855

"Tarun Dhall S/o Raghunath is owner in possession of Plot measuring 9 Marlas 72 Sq.ft comprising under khasra No. 25575/10543, 25516/10543, 10546, 10547, 10548 situated at Baldev Nagar, Ravidass Nagar Road, Tehsil and District Jalandhar.

The previous chain document i.e. Original Sale deed No 907 Dated 28.04.2010 SR - Jalandhar and Sale deed No. 10236 Dated 15.02.1991 SR – Jalandhar have been lost/missing & is not traceable If any concern, Bank or any person having claim. Objection related to above transactions/ document or found them, he/she may contact DCB Bank Limited 10-R, First Floor, Adjoining Indusind Bank, Mall Road, Model Town, Jalandhar- 144003, Punjab.

## ਪਬਲਿਕ ਨੋਟਿਸ

ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ, ਦਰਜਾ ਦੋਮ, ਮਾਹਿਲਪੁਰ (ਹੁਸ਼ਿਆਰਪੁਰ)।

ਸ੍ਰੀ ਨਿਰਭੈ ਸਿੰਘ ਪੁੱਤਰ ਲੇਟ ਸ੍ਰੀ ਤਰਸੇਮ ਸਿੰਘ ਉਰਫ ਹਰਜਿੰਦਰ ਸਿੰਘ, ਵਾਸੀ ਪਿੰਡ ਕਾਲੇਵਾਲ ਭਗਤਾਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਇੱਕ ਦਰਖ਼ਾਸਤ ਇਸ ਦਫਤਰ ਵਿਚ ਪੇਸ਼ ਕਰਕੇ ਬੇਨਤੀ ਕੀਤੀ ਗਈ ਹੈ ਕਿ ਵਾਕਿਆ ਰਕਬਾ ਪਿੰਡ ਕਾਲੇਵਾਲ ਭਗਤਾਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਸ ਦਾ ਪਿਤਾ ਖੁਦ ਬਤੌਰ ਹਿੱਸੇਦਾਰ ਵਾ ਮਾਲਕ ਕਾਬਜ਼ ਹੈ। ਮਾਲ ਰਿਕਾਰਡ ਵਾਕਿਆ ਰਕਬਾ ਵਿਚ ਉਸ ਦੇ ਪਿਤਾ ਦਾ ਨਾਂਅ ਹਰਜਿੰਦਰ ਸਿੰਘ ਪੁੱਤਰ ਅਜੀਤ ਸਿੰਘ ਪੁੱਤਰ ਜਵਾਲਾ ਸਿੰਘ ਦਰਜ ਹੈ, ਜਦ ਕਿ ਉਸ ਦੇ ਪਿਤਾ ਦੇ ਬਾਕੀ ਦਸਤਾਵੇਜ਼ ਜਿਵੇਂ ਬੈਂਕ ਪਾਸ ਬੁੱਕ ਅਤੇ ਪਾਸਪੋਰਟ 'ਤੇ ਤਰਸੇਮ ਸਿੰਘ ਪੁੱਤਰ ਅਜੀਤ ਸਿੰਘ ਦਰਜ ਹੈ। ਇਸ ਦੇ ਸਬੂਤ ਵਜੋਂ ਪ੍ਰਾਰਥੀ ਵੱਲੋਂ ਬੈਂਕ ਪਾਸ ਬੁੱਕ ਅਤੇ ਪਾਸਪੋਰਟ ਦੀ ਕਾਪੀ ਦਰਖਾਸਤ ਨਾਲ ਨੱਥੀ ਕੀਤੀ ਗਈ ਹੈ।

ਦਰਖਾਸਤ ਕਰਤਾ ਦੀ ਦਰਖਾਸਤ ਨੂੰ ਵਾਚਿਆ ਗਿਆ। ਪੰਜਾਬ ਸਰਕਾਰ, ਮਾਲ ਪੁਨਰਵਾਸ ਅਤੇ ਡਿਜਾਸਟਰ ਮੈਨੇਜਮੈਂਟ ਵਿਭਾਗ, (ਭੌ ਮਾਲੀਆ ਸ਼ਾਖਾ), ਚੰਡੀਗੜ੍ਹ ਵੱਲੋਂ ਮੀਮੋ ਨੰਬਰ 25/78/2012-8 ਮ-2/12445-71 ਚੰਡੀਗੜ੍ਹ, ਮਿਤੀ 26.07.13 ਰਾਹੀਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਕਿਸੇ ਵੀ ਵਿਅਕਤੀ ਵੱਲੋਂ ਮਾਲ ਰਿਕਾਰਡ ਵਿਚ ਦਰਜ ਆਪਣੇ ਜਾਂ ਆਪਣੇ ਪਿਤਾ ਦੇ ਨਾਂਅ ਦੀ ਤਬਦੀਲੀ ਉਸ ਸੂਰਤ ਵਿੱਚ ਕਰਵਾਈ ਜਾ ਸਕਦੀ ਹੈ ਜੇਕਰ ਉਸ ਨੇ, ਉਸ ਦੇ ਪਿਤਾ ਨੇ ਪੰਜਾਬ ਰਾਜ ਵਿੱਚ ਸਥਿਤ ਜ਼ਮੀਨ ਵਾਲੇ ਏਰੀਏ ਵਿੱਚ ਸਰਕੂਲੇਟ ਹੋ ਰਹੇ 02 ਅਖਬਾਰਾਂ ਜਿਨ੍ਹਾਂ ਵਿਚੋਂ ਇੱਕ ਅਖਬਾਰ ਘੱਟੋ-ਘੱਟ ਪੰਜਾਬੀ ਭਾਸ਼ਾ ਦਾ ਹੋਵੇ, ਵਿੱਚ ਆਪਣੇ ਨਾਂਅ ਦੀ ਤਬਦੀਲੀ ਸੰਬੰਧੀ ਨੋਟਿਸ ਦਿੱਤਾ ਹੋਵੇ।

ਇਸ ਲਈ ਉਕਤ ਹਦਾਇਤਾਂ ਦੇ ਮੱਦੇਨਜ਼ਰ ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਾਲ ਰਿਕਾਰਡ ਪਿੰਡ ਕਾਲੇਵਾਲ ਭਗਤਾਂ/31, ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪ੍ਰਾਰਥੀ ਦੇ ਨਾਂਅ ਦੀ ਦਰੁਸਤੀ ਹਰਜਿੰਦਰ ਸਿੰਘ ਉਰਫ ਤਰਸੇਮ ਸਿੰਘ ਪੁੱਤਰ ਅਜੀਤ ਸਿੰਘ ਪੁੱਤਰ ਜਵਾਲਾ ਸਿੰਘ ਦਰਜ ਹੋਣ ਸੰਬੰਧੀ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿਚ ਆਪਣਾ ਪੱਖ ਇਤਰਾਜ਼ ਪੇਸ਼ ਕਰ ਸਕਦਾ ਹੈ। ਮਿੱਥੇ ਸਮੇਂ ਤੋਂ ਬਾਅਦ ਪ੍ਰਾਪਤ ਹੋਏ ਕਿਸੇ ਇਤਰਾਜ਼ 'ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਪ੍ਰਾਰਥੀ ਦਾ ਨਾਂਅ ਮਾਲ ਰਿਕਾਰਡ ਵਿੱਚ ਦਰੁਸਤ ਕਰ ਦਿੱਤਾ ਜਾਵੇਗਾ।

ਨੰਬਰ: ਰੀਡਰ/ 38 ਮਿਤੀ : 14/07/2026
ਸਹੀ/- ਨਾਇਬ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਦੋਮ, ਮਾਹਿਲਪੁਰ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਰਾਜ ਪ੍ਰਿਤਪਾਲ ਸਿੰਘ (ਝਾਵਰ) ਨਾਇਬ ਤਹਿਸੀਲਦਾਰ, ਰਾਜਾਸਾਂਸੀ, ਤਹਿਸੀਲ ਰਾਜਾਸਾਂਸੀ, ਜ਼ਿਲ੍ਹਾ ਅੰਮ੍ਰਿਤਸਰ

ਕੇਸ ਨੰਬਰ/ਰੈਸਟੋਰੇਸ਼ਨ/ਅਦਰ ਕੇਸ 5/2026
ਕਿਸਮ ਕੇਸ : ਗਿਰਦਾਵਰੀ ਵਾਕਿਆ ਰਕਬਾ : ਰਾਜਾਸਾਂਸੀ
ਦਾਇਰ ਮਿਤੀ : 13.2.2025 ਤਾਰੀਖ ਪੇਸ਼ੀ 22.7.2026
ਰਘਬੀਰ ਸਿੰਘ ਪੁੱਤਰ ਮੋਹਨ ਸਿੰਘ। ....ਦਾਹਵਾ ਕਰਤਾ ਧਿਰ
ਬਨਾਮ
ਸਤਨਾਮ ਸਿੰਘ ਪੁੱਤਰ ਪਿਆਰਾ ਸਿੰਘ ਆਦਿ।
.....ਉੱਤਰਵਾਦੀ ਧਿਰਾਂ

ਦਰਖਾਸਤ ਤਕਸੀਮ ਜ਼ੇਰ ਧਾਰਾ 111 ਮਾਲ ਗੁਜਾਰੀ ਐਕਟ (ਪੰਜਾਬ ਲੈਂਡ ਰੈਵੀਨਿਊ, ਐਕਟ 1887) ਬਾਬਤ ਕੁੱਲ ਰਕਬਾ 2 ਕਨਾਲ 13 ਮਰਲਾ ਖਸਰਾ ਨੰਬਰ ਦਰਖਾਸਤ ਜ਼ੇਰ ਧਾਰਾ 111 ਐਕਟ ਮਾਲ ਗੁਜਾਰੀ (ਪੰਜਾਬ ਲੈਂਡ ਰੈਵੀਨਿਊ ਐਕਟ) ਬਰਾਏ ਕਰਵਾਉਣੇ ਤਕਸੀਮ ਬਾਬਤ ਭੂਮੀ 2 ਕਨਾਲ 13 ਮਰਲਾ ਖਸਰਾ ਨੰਬਰਾਨ 44//17/1/2 [1-7], 44//18/2/2 [0-8], 44//19/2/2 [0-18], ਖਾਤਾ ਖਤੌਨੀ ਨੰਬਰ 817/1139 ਮੁਦਰਜਾ ਜਮ੍ਹਾਂਬੰਦੀ ਸਾਲ 2017-18 ਹੱਦਬਸਤ ਨੰਬਰ 312, ਵਾਕਿਆ ਰਕਬਾ ਰਾਜਾਸਾਂਸੀ, ਸਬ-ਤਹਿਸੀਲ ਰਾਜਾਸਾਂਸੀ ਜ਼ਿਲ੍ਹਾ ਅੰਮ੍ਰਿਤਸਰ।

ਉਪਰੋਕਤ ਅਨੁਵਾਨ ਕੇਸ ਵਿੱਚ ਹੇਠ ਦਰਜ ਉੱਤਰਵਾਦੀਆਂ ਨੂੰ ਅਖਬਾਰੀ ਇਸ਼ਤਿਹਾਰ ਰਾਹੀਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਅਦਾਲਤ ਵਿੱਚ ਕੇਸ ਤਕਸੀਮ ਉਪਰੋਕਤ ਖਸਰਾ ਨੰਬਰ 'ਤੇ ਪੇਸ਼ ਹੋਇਆ ਹੈ। ਇਸ ਲਈ ਜੇਕਰ ਕੋਈ ਵਿਅਕਤੀ ਜਾਂ ਹੇਠਾਂ ਲਿਖੇ ਉੱਤਰਵਾਦੀਆਂ ਵਿੱਚੋਂ ਕੋਈ ਇਸ ਕੇਸ ਗਿਰਦਾਵਰੀ ਵਿੱਚ ਕੋਈ ਜਵਾਬ/ਇਤਰਾਜ਼/ ਸੰਬੰਧੀ ਕਾਰਵਾਈ ਕਰਨਾ ਚਾਹੁੰਦੇ ਹਨ ਜਾਂ ਪੱਖ ਪੇਸ਼ ਕਰਨਾ ਚਾਹੁੰਦੇ ਹਨ, ਤਾਂ ਉੱਤਰਵਾਦੀ ਧਿਰਾਂ ਜਵਾਬ/ ਇਤਰਾਜ਼ ਅਗਲੀ ਤਾਰੀਖ ਪੇਸ਼ੀ ਮਿਤੀ 22-7-2026 ਨੂੰ ਅਸਾਲਤਨ ਜਾਂ ਵਕਾਲਤਨ ਅਦਾਲਤ ਵਿੱਚ ਪੇਸ਼ ਹੋਣ 'ਤੇ ਕੇਸ ਦੀ ਪੈਰਵਾਈ ਕਰਨ ਲਈ ਨਿੱਜੀ ਤੌਰ 'ਤੇ ਇਸ ਅਦਾਲਤ ਵਿਖੇ ਪੇਸ਼ ਕਰ ਸਕਦੇ ਹਨ। ਇਸ ਮਿਤੀ ਤੋਂ ਬਾਅਦ ਕਿਸੇ ਦਾ ਕੋਈ ਉਜ਼ਰ ਨਹੀਂ ਸੁਣਿਆ ਜਾਵੇਗਾ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਉਹਨਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਹੀ/- ਨਾਇਬ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ ਰਾਜਾਸਾਂਸੀ
ਨੰਬਰ/ਰੀਡਰ/ਐਨ.ਟੀ./449 ਮਿਤੀ : 14/7/2026

1. ਸਤਨਾਮ ਸਿੰਘ ਪੁੱਤਰ ਪਿਆਰਾ ਸਿੰਘ ਮਕਾਨ ਨੰਬਰ 35 ਏ ਜੱਪ ਇਨਕਲੇਵ, ਰਾਜਾਸਾਂਸੀ 2. ਕੰਵਲ ਸ਼ਮਸ਼ੇਰ ਸਿੰਘ ਪੁੱਤਰ ਬਲਦੇਵ ਸਿੰਘ ਹਰਛਾ ਛੀਨਾ, ਉੱਚਾ ਕਿਲ੍ਹਾ 3. ਚਰਨਜੀਤ ਸਿੰਘ ਪੁੱਤਰ ਹਰਭਜਨ ਸਿੰਘ, ਵਾਸੀ ਵਰਨਾਲੀ, ਤਹਿਸੀਲ ਲੋਪੋਕੇ 4. ਸੁੱਖ ਸਿੰਘ ਪੁੱਤਰ ਸਾਧਕ 5. ਵਿਕਰਮ ਪੁੱਤਰ ਤਰਸੇਮ 6. ਮੇਜਰ ਪੁੱਤਰ ਤਰਸੇਮ ਵਾਸੀਆਨ ਗਲੀ ਨੰਬਰ 2, ਚੋਗਾਵਾਂ ਰੋਡ ਅਜਨਾਲਾ, ਵਾਰਡ ਨੰਬਰ 2, 7. ਗੁਰਦਿਆਲ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਵਾਰਡ ਨੰਬਰ 7 ਰਾਜਾਸਾਂਸੀ, ਸਬ ਤਹਿਸੀਲ, ਰਾਜਾਸਾਂਸੀ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ।

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਅਮਨਦੀਪ ਚਾਵਲਾ, ਪੀ.ਆਰ.ਐਸ., ਜ਼ਿਲ੍ਹਾ ਮਾਲ ਅਫਸਰ-ਕਮ-ਚੱਕਬੰਦੀ ਅਫਸਰ, ਹੁਸ਼ਿਆਰਪੁਰ।
(ਦੀ ਈਸਟ ਪੰਜਾਬ ਹੋਲਡਿੰਗਜ਼ (ਕਲਸੋਲੀਡੇਸ਼ਨ ਐਂਡ ਫਰੈਗਮੈਨਟੇਸ਼ਨ) ਐਕਟ 1948 ਦੀ ਧਾਰਾ 21(2) ਦੇ ਅਧਿਕਾਰਾਂ ਸਹਿਤ)
ਸੁਰਜੀਤ ਸਿੰਘ ਪੁੱਤਰ ਵਿਧੀ ਚੰਦ, (ਪਟੀਸ਼ਨਰ)
ਬਨਾਮ
ਦਰਸ਼ਨ ਸਿੰਘ ਪੁੱਤਰ ਭਗਵਾਨ ਸਿੰਘ (ਉੱਤਰਵਾਦੀ)

ਉਪਰੋਕਤ ਚੱਕਬੰਦੀ ਕੇਸ ਪਿੰਡ ਭਵਨੌਰ, ਸਬ-ਤਹਿਸੀਲ ਤਲਵਾੜਾ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਇਸ ਅਦਾਲਤ ਵਿੱਚ ਚੱਲ ਰਿਹਾ ਹੈ। ਇਸ ਕੇਸ ਵਿੱਚ ਹੇਠ ਲਿਖੇ ਅਨੁਸਾਰ ਉੱਤਰਵਾਦੀਆਂ ਦੀ ਤਾਮੀਲ ਸਾਧਾਰਨ ਤਰੀਕੇ ਨਾਲ ਨਹੀਂ ਹੋ ਸਕੀ। ਇਸ ਲਈ ਇਨ੍ਹਾਂ ਉੱਤਰਵਾਦੀਆਂ ਦੀ ਇਤਲਾਹ ਅੰਗਰੇਜ਼ੀ ਅਤੇ ਪੰਜਾਬੀ ਅਖਬਾਰ ਨੋਟਿਸ ਰਾਹੀਂ ਤਾਮੀਲ ਕਰਵਾਈ ਜਾਂਦੀ ਹੈ ਕਿ ਉਹ ਅਸਾਲਤਨ/ਵਕਾਲਤਨ ਮਿਤੀ 24.07.2026 ਨੂੰ ਬਾਅਦ ਦੁਪਹਿਰ 2-00 ਵਜੇ ਇਸ ਅਦਾਲਤ ਵਿੱਚ ਹਾਜ਼ਰ ਆ ਕੇ ਆਪਣੇ ਕੇਸ ਦੀ ਪੈਰਵੀ ਕਰਨ। ਜੇਕਰ ਹੇਠ ਲਿਖੇ ਧਿਰਾਂ ਵਿਚੋ ਕਿਸੇ ਦੀ ਮੌਤ ਹੋ ਚੁੱਕੀ ਹੋਵੇ ਤਾਂ ਉਸ ਦੇ ਵਾਰਸ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦੀ ਪੈਰਵੀ ਕਰ ਸਕਦੇ ਹਨ। ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਕੇਸ 'ਤੇ ਹਦਾਇਤਾਂ ਅਨੁਸਾਰ ਅਗਲੇਰੀ ਕਾਰਵਾਈ ਕਰ ਦਿੱਤੀ ਜਾਵੇਗੀ।

1. ਦਰਸ਼ਨ ਸਿੰਘ ਪੁੱਤਰ ਭਗਵਾਨ ਸਿੰਘ, 2. ਸੁਸ਼ੀਲ ਕੁਮਾਰ ਪੁੱਤਰ ਉਜਾਗਰ ਸਿੰਘ, 3. ਮਨੋਜ ਕੁਮਾਰ ਪੁੱਤਰ ਉਜਾਗਰ ਸਿੰਘ, 4. ਮਾਇਆ ਦੇਵੀ ਪਤਨੀ ਗਿਆਨ ਚੰਦ, 5. ਚੈਂਚਲਾ ਦੇਵੀ ਪਤਨੀ ਲੇਖ ਰਾਜ, 6. ਨਰਿੰਦਰ ਕੁਮਾਰ ਪੁੱਤਰ ਲੇਖ ਰਾਜ, 7. ਬਲਜੀਤ ਸਿੰਘ ਪੁੱਤਰ ਲੇਖ ਰਾਜ, 8. ਤੋਤਾ ਰਾਮ, 9. ਸੁਮਨ ਪਤਨੀ ਰਾਮ ਕੁਮਾਰ, 10. ਬਲਵਿੰਦਰ ਸਿੰਘ ਪੁੱਤਰ ਰਾਮ ਕੁਮਾਰ, 11. ਮਨੋਜ ਕੁਮਾਰ ਪੁੱਤਰ ਰਾਮ ਕੁਮਾਰ, 12. ਲਛਮਣ ਸਿੰਘ, 13. ਕੁਸਮ ਪਤਨੀ ਮਨਜੀਤ ਸਿੰਘ, 14. ਅਨਕੁਸ਼ ਪੁੱਤਰ ਮਨਜੀਤ ਸਿੰਘ, 15. ਸੁਖਦੇਵ ਸਿੰਘ, 16. ਮਨੋਜ ਕੁਮਾਰ ਪੁੱਤਰ ਵਤਨ ਸਿੰਘ, 17. ਸੁਸ਼ੀਲ ਕੁਮਾਰ ਪੁੱਤਰ ਵਤਨ ਸਿੰਘ, 18. ਧਰਮ ਸਿੰਘ ਪੁੱਤਰ ਅਜੀਤ ਸਿੰਘ, 19. ਜਸਵਿੰਦਰ ਸਿੰਘ ਪੁੱਤਰ ਧਰਮ ਸਿੰਘ, 20. ਵਿਜੈ ਸਿੰਘ ਪੁੱਤਰ ਧਰਮ ਸਿੰਘ, 21. ਸੁਖਦੇਵ ਸਿੰਘ ਪੁੱਤਰ ਜੈ ਰਾਮ, 22. ਭਗਵਾਨ ਸਿੰਘ ਪੁੱਤਰ ਮੰਗਤ ਰਾਮ, 23. ਬਰਿਆਮ ਸਿੰਘ, 24. ਸ਼ਿਵ ਦਿਆਲ, ਉਪਰੋਕਤ ਸਾਰੇ ਵਾਸੀਆਨ ਪਿੰਡ ਭਵਨੌਰ, ਸਬ-ਤਹਿਸੀਲ ਤਲਵਾੜਾ, ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ।

ਸਹੀ/- ਜ਼ਿਲ੍ਹਾ ਮਾਲ ਅਫਸਰ-ਕਮ- ਚੱਕਬੰਦੀ ਅਫਸਰ, ਹੁਸ਼ਿਆਰਪੁਰ ਕਮਰਾ ਨੰ:205, ਫਲੋਰ ਨੰ:2, ਮਿੰਨੀ ਸੈਕਟਰੀਏਟ, ਹੁਸ਼ਿਆਰਪੁਰ।

## OFFICE OF CIVIL JUDGE SENIOR DIVISION, TARN TARAN

### AUCTION NOTICE

It is brought to the notice of General Public that the open auction of following contract regarding lease of Cycle/Scooter/Car parking, Canteen and one Shop (for the purpose of Public Utility Services like Petition Writers/Stamp Vendors/ Typists), situated in Judicial Court Complex, Patti, for the year 2026-2027 (w.e.f 02.08.2026 to 31.03.2027), will be held on 01.08.2026 at 3.00 PM in Judicial Court Complex, Patti, on following terms and conditions. Tenders/Applications along-with security amount of Rs. 20,000/- (refundable) will be received in this office till 30.07.2026 upto 12:00 pm.

The successful bidder/lessee will deposit 25 % of lease money at the time of auction. The balance 75% of lease amount shall be deposited within one month of the commencement of lease period. In case of non-deposit of lease money within the prescribed time, deposit of 25% of lease money shall be forfeited and contract will be put to auction for remaining period. The first lease shall be liable to pay the difference, if any between the lease money, if the subsequent lease is for lesser amount.

More Information in this regard can be obtained from Civil Nazir/COC of this office, on any working day from 9:30 am to 5:00 pm. Detailed information/terms & conditions can also be obtained from Civil Nazir on his contact No 96460-10109 and also from website of this Session Division-http://district.ecourts.gov.in/india/punjab/tarn-taran/tender. The particulars of the auction are as under:

| Sr. No. | Place of Auction | Nature of work | Date and time of auction | Reserve Price |
|---|---|---|---|---|
| 1 | Judicial Court Complex, Patti | Cycle/Scooter/Car Parking in Judicial Court Complex, Patti | At 3:00 PM on 01.08.2026 | Rs. 12,31,956/- |
| 2 | Judicial Court Complex, Patti | Canteen | At 3:30 PM on 01.08.2026 | Rs. 1,70,000/- |
| 3 | Judicial Court Complex, Patti | one Shops: 1. Petition Writer/Stamp Vendor/Typists | At 4:00 PM on 01.08.2026 | Rs. 1,09,200/- (each) |

Note : Reserve Price will be calculated proportionately for remaining period of financial year 2026-27.

Civil Judge (Senior Division)
Tarn Taran.

# ਜਲ ਸਰੋਤ ਮੰਤਰੀ ਨੇ ਪੌਂਗ ਡੈਮ ਦਾ ਕੀਤਾ ਦੌਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸੂਬੇ ਵਿੱਚ ਮਾਨਸੂਨ ਸੀਜ਼ਨ ਨੂੰ ਲੈ ਕੇ ਸਰਕਾਰ ਵੱਲੋਂ ਪ੍ਰਭਾਵਸ਼ਾਲੀ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੇ ਹਾਲਾਤ ਨਾਲ ਨਜਿੱਠਿਆ ਜਾ ਸਕੇ। ਮਾਨਸੂਨ ਦੇ ਸੀਜ਼ਨ ਦੌਰਾਨ ਹੜ੍ਹ ਵਰਗੀ ਕਿਸੇ ਵੀ ਸਥਿਤੀ ਤੋਂ ਸੂਬੇ ਦੇ ਲੋਕਾਂ ਦੇ ਬਚਾਅ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕੈਬਨਿਟ ਮੰਤਰੀ ਨੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਲੋਕਾਂ ਦੀ ਜਾਨ-ਮਾਲ, ਵਾਹੀਯੋਗ ਜ਼ਮੀਨ ਅਤੇ ਜਨਤਕ ਬੁਨਿਆਦੀ ਢਾਂਚੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ ਨਿਗਰਾਨ ਪ੍ਰਣਾਲੀ ਅਤੇ ਰੱਖਿਆ ਢਾਂਚਾ ਤਿਆਰ ਕੀਤਾ ਹੈ। ਉਨ੍ਹਾਂ ਨੇ ਪੌਂਗ ਡੈਮ ਵਿਖੇ ਪਾਣੀ ਦੇ ਪੱਧਰ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਡੈਮ ਵਿਖੇ ਪਾਣੀ ਦਾ ਪੱਧਰ 1322 ਫੁੱਟ ਸੀ ਜੋ ਕਿ ਪਿਛਲੇ ਸਾਲ ਇਸੇ ਦਿਨ 1328 ਸੀ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਨਾਲੋਂ ਪਾਣੀ ਦੇ ਪੱਧਰ ਵਿਚ ਗਿਰਾਵਟ ਦਰਜ ਕੀਤੀ ਗਈ ਹੈ ਅਤੇ ਸੂਬੇ ਵਿਚ ਮਾਨਸੂਨ ਸੀਜ਼ਨ ਨੂੰ ਲੈ ਕੇ ਪ੍ਰਬੰਧ ਪੂਰੀ ਤਰ੍ਹਾਂ ਅਮਲ ਵਿਚ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਦੋਆਬੇ ਵਿਚ ਦੋ ਦਿਨ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਨ ਤੋਂ ਇਲਾਵਾ ਮਾਨਸੂਨ ਸੀਜ਼ਨ ਲਈ ਤਿਆਰੀਆਂ ਦੀ ਵੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਪੂਰੀ ਤਰ੍ਹਾਂ ਚੌਕਸ ਰਹਿਣ ਦੇ ਨਿਰਦੇਸ਼ ਦਿੱਤੇ। ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹੜ੍ਹਾਂ ਦੀ ਸੰਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਸਾਰੀਆਂ ਸੰਵੇਦਨਸ਼ੀਲ ਥਾਵਾਂ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇ ਅਤੇ ਦਰਿਆਵਾਂ, ਡਰੇਨਾਂ, ਬੰਨ੍ਹਾਂ ਅਤੇ ਹੜ੍ਹ ਸੁਰੱਖਿਆ ਢਾਂਚੇ ਦੀ ਨਿਰੰਤਰ ਨਿਗਰਾਨੀ ਯਕੀਨੀ ਬਣਾਈ ਜਾਵੇ। ਫੀਲਡ ਅਧਿਕਾਰੀਆਂ ਨੂੰ ਮਾਨਸੂਨ ਸੀਜ਼ਨ ਦੌਰਾਨ ਚੌਕਸ ਰਹਿਣ ਦਾ ਨਿਰਦੇਸ਼ ਦਿੰਦਿਆਂ ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਹੜ੍ਹ ਵਾਲੀਆਂ ਸੰਵੇਦਨਸ਼ੀਲ ਥਾਵਾਂ 'ਤੇ 24 ਘੰਟੇ ਚੌਕਸੀ ਰੱਖਣ ਤੇ ਹਰ ਐਮਰਜੈਂਸੀ ਸਥਿਤੀ ਮੌਕੇ ਤੁਰੰਤ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।



# ਡਾ. ਅੰਬੇਡਕਰ ਦੇ ਬੁੱਤ ਦੀ ਬੇਅਦਬੀ ਤੇ ਬਸਪਾ ਆਗੂਆਂ 'ਤੇ ਪੁਲਸ ਜਬਰ ਬਰਦਾਸ਼ਤ ਨਹੀਂ : ਡਾ. ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਲੁਧਿਆਣਾ ਵਿਖੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੇ ਸਟੈਚੂ ਦੀ ਕੀਤੀ ਗਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ, ਬਸਪਾ ਦਾ ਸੰਘਰਸ਼ ਅਤੇ ਧਰਨਾ ਨਿਰੰਤਰ ਜਾਰੀ ਰਹੇਗਾ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਕਰੀਮਪੁਰੀ ਨੇ ਪ੍ਰਸ਼ਾਸਨ ਅਤੇ ਮੌਜੂਦਾ ਸਰਕਾਰਾਂ ਨੂੰ ਘੇਰਦਿਆਂ ਬੇਅਦਬੀ ਦੀ 10ਵੀਂ ਘਟਨਾ ਅਤੇ ਪ੍ਰਸ਼ਾਸਨਿਕ ਨਾਕਾਮੀ 'ਤੇ ਦੁੱਖ ਅਤੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਇਹ ਬਹੁਤ ਹੀ ਸ਼ਰਮਨਾਕ ਗੱਲ ਹੈ ਕਿ ਲੁਧਿਆਣਾ ਵਿੱਚ 10ਵੀਂ ਵਾਰ ਬਾਬਾ ਸਾਹਿਬ ਦੇ ਬੁੱਤ ਦੀ ਬੇਅਦਬੀ ਕਰਨ ਦੀ ਨਾਪਾਕ ਕੋਸ਼ਿਸ਼ ਕੀਤੀ ਗਈ ਹੈ। ਇਸ ਵਾਰ ਸਟੈਚੂ ਦੇ ਬਾਹਰ ਲੱਗਿਆ ਹੋਇਆ ਸੁਰੱਖਿਆ ਸ਼ੀਸ਼ਾ ਤੋੜਿਆ ਗਿਆ, ਜੋ ਕਿ ਸਿੱਧੇ ਤੌਰ 'ਤੇ ਸਮਾਜਿਕ ਸ਼ਾਂਤੀ ਨੂੰ ਭੰਗ ਕਰਨ ਦੀ ਡੂੰਘੀ ਸਾਜ਼ਿਸ਼ ਹੈ।ਪੁਲਸ ਜਬਰ ਦੀ ਕਰੜੀ ਨਿੰਦਾ ਕਰਦਿਆਂ ਕਰੀਮਪੁਰੀ ਨੇ ਕਿਹਾ ਕਿ ਇਨਸਾਫ਼ ਦੀ ਮੰਗ ਕਰ ਰਹੇ ਬਸਪਾ ਆਗੂਆਂ ਅਤੇ ਵਰਕਰਾਂ 'ਤੇ ਪੁਲਸ ਵੱਲੋਂ ਕੀਤੇ ਗਏ ਤਸ਼ੱਦਦ ਅਤੇ ਜਬਰ ਤੋਂ ਸਾਬਤ ਹੁੰਦਾ ਹੈ ਕਿ ਪੁਲਸ ਦੋਸ਼ੀਆਂ ਨੂੰ ਫੜਨ ਦੀ ਬਜਾਏ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਦੇਸ਼ ਭਗਤਾਂ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕੇਂਦਰ ਦੀ ਭਾਜਪਾ ਸਰਕਾਰ, ਪੰਜਾਬ ਦੀ ਆਪ ਸਰਕਾਰ ਸਮੇਤ ਕਾਂਗਰਸ ਅਤੇ ਅਕਾਲੀ ਦਲ ਦੀ ਖ਼ਾਮੋਸ਼ੀ 'ਤੇ ਤਿੱਖੇ ਸਵਾਲ ਖੜ੍ਹੇ ਕੀਤੇ। ਉਨ੍ਹਾਂ ਕਿਹਾ ਕਿ ਇਹ ਸਾਰੀਆਂ ਪਾਰਟੀਆਂ ਸੰਵਿਧਾਨ ਨਿਰਮਾਤਾ ਦਾ ਸਨਮਾਨ ਬਹਾਲ ਰੱਖਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਸਾਬਤ ਹੋਈਆਂ ਹਨ। ਵੋਟਾਂ ਵੇਲੇ ਬਾਬਾ ਸਾਹਿਬ ਦੇ ਨਾਂਅ 'ਤੇ ਰਾਜਨੀਤੀ ਕਰਨ ਵਾਲੇ ਅੱਜ ਇਸ ਘਿਨਾਉਣੀ ਹਰਕਤ 'ਤੇ ਚੁੱਪੀ ਧਾਰੀ ਬੈਠੇ ਹਨ।ਬਸਪਾ ਦੀਆਂ ਮੁੱਖ ਮੰਗਾਂ ਸਬੰਧੀ ਗੱਲ ਕਰਦਿਆਂ ਕਰੀਮਪੁਰੀ ਨੇ ਕਿਹਾ ਕਿ ਡਾ. ਅੰਬੇਡਕਰ ਦੇ ਸਟੈਚੂ ਨੂੰ ਨੁਕਸਾਨ ਪਹੁੰਚਾਉਣ ਵਾਲੇ ਸ਼ਰਾਰਤੀ ਅਨਸਰਾਂ ਅਤੇ ਦੋਸ਼ੀਆਂ ਨੂੰ ਬਿਨਾਂ ਦੇਰੀ ਗ੍ਰਿਫ਼ਤਾਰ ਕੀਤਾ ਜਾਵੇ, ਪੰਜਾਬ ਭਰ ਵਿੱਚ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਸਮੂਹ ਬੁੱਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਅਤੇ ਪ੍ਰਦਰਸ਼ਨਕਾਰੀਆਂ 'ਤੇ ਬੇਲੋੜੀ ਸਖ਼ਤੀ ਕਰਨ ਵਾਲੇ ਪੁਲਸ ਅਧਿਕਾਰੀਆਂ ਖ਼ਿਲਾਫ਼ ਤੁਰੰਤ ਕਾਰਵਾਈ ਕੀਤੀ ਜਾਵੇ।ਡਾ. ਕਰੀਮਪੁਰੀ ਨੇ ਸਪਸ਼ਟ ਸ਼ਬਦਾਂ ਵਿੱਚ ਆਖਿਆ ਕਿ ਜਦੋਂ ਤੱਕ ਦੋਸ਼ੀ ਸਲਾਖਾਂ ਦੇ ਪਿੱਛੇ ਨਹੀਂ ਹੁੰਦੇ, ਸਾਡਾ ਰੋਸ ਧਰਨਾ ਅਤੇ ਸੰਘਰਸ਼ ਇਵੇਂ ਹੀ ਜਾਰੀ ਰਹੇਗਾ।



# ਜੰਮੂ ਤੇ ਦਿੱਲੀ ਦੇ ਗ੍ਰਿਫ਼ਤਾਰ ਕੀਤੇ ਤਿੰਨ ਪ੍ਰਕਾਸ਼ਕਾਂ ਨੂੰ ਰਿਹਾਅ ਕਰਨ ਦੀ ਮੰਗ

**ਬੰਗਾ (ਅਵਤਾਰ ਕਲੇਰ)**- ਅਦਾਰਾ ਪਰਵਾਜ਼ ਪੰਜਾਬ ਨੇ ਕਾਊਂਟਰ ਇੰਟੈਲੀਜੈਂਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਤਿੰਨ ਨਾਮਵਰ ਪੁਸਤਕ ਪ੍ਰਕਾਸ਼ਕਾਂ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਉਹਨਾਂ ਨੂੰ ਫੌਰੀ ਰਿਹਾਅ ਕਰਨ ਦੀ ਮੰਗ ਕੀਤੀ ਹੈ। ਉਹਨਾਂ ਦੀ ਰਿਹਾਈ ਦੀ ਮੰਗ ਕਰਦਿਆਂ ਅਦਾਰੇ ਦੇ ਸੂਬਾ ਕਨਵੀਨਰ ਸੁਖਵਿੰਦਰ ਪੱਪੀ, ਅਰਵਿੰਦਰ ਕੌਰ ਕਾਕੜਾ (ਡਾ.), ਸੂਬਾ ਕਮੇਟੀ ਮੈਂਬਰ ਅਜਮੇਰ ਸਿੱਧੂ ਅਤੇ ਜਸਵੀਰ ਦੀਪ ਨੇ ਕਿਹਾ ਹੈ ਕਿ 'ਪਰਸਨੈਲਿਟੀਜ਼ ਐਂਡ ਲੈਜੈਂਡਜ਼ ਆਫ਼ ਜੇ ਐਂਡ ਕੇ', ਜਿਸ ਦੇ ਲੇਖਕ ਹਿਲਾਲ ਅਹਿਮਦ ਅਤੇ ਸੰਤੋਸ਼ ਮੀਨਾ ਹਨ ਅਤੇ ਇਹ ਮੁੰਬਈ-ਅਧਾਰਿਤ ਓਬਰਾਏ ਬੁੱਕ ਸਰਵਿਸ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਹੈ ਅਤੇ 'ਗ੍ਰੇਟ ਪਰਸਨੈਲਿਟੀਜ਼ ਆਫ਼ ਜੰਮੂ ਐਂਡ ਕਸ਼ਮੀਰ', ਜਿਸ ਦੇ ਲੇਖਕ ਸੁਸ਼ਾਂਤ ਗਿਰੀ ਹਨ ਤੇ ਇਹ ਦਿੱਲੀ-ਅਧਾਰਿਤ ਅਨੁਰਾਗ ਪ੍ਰਕਾਸ਼ਨ ਵੱਲੋਂ ਪ੍ਰਕਾਸ਼ਿਤ ਕੀਤੀ ਗਈ ਹੈ। ਅਦਾਲਤ ਨੇ ਤਿੰਨ ਪ੍ਰਕਾਸ਼ਕਾਂ ਨੂੰ 10 ਦਿਨਾਂ ਪੁਲਸ ਹਿਰਾਸਤ 'ਚ ਭੇਜ ਦਿੱਤਾ ਹੈ, ਜੋ ਕਿ ਵੱਖਵਾਦੀ ਆਗੂਆਂ ਦੀ ਸ਼ਲਾਘਾ ਕਰਨ ਵਾਲੀਆਂ ਕਿਤਾਬਾਂ ਦੀ ਕਥਿਤ ਛਪਾਈ ਅਤੇ ਵੰਡ ਨਾਲ ਸਬੰਧਤ ਹੈ।

ਅਧਿਕਾਰੀਆਂ ਅਨੁਸਾਰ ਜੰਮੂ ਵਿੱਚ ਕਾਊਂਟਰ ਇੰਟੈਲੀਜੈਂਸ ਯੂਨਿਟ ਨੇ 12 ਜੁਲਾਈ ਨੂੰ ਇਨ੍ਹਾਂ ਤਿੰਨਾਂ ਪ੍ਰਕਾਸ਼ਕਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਜੋ ਕਿ ਸਰਕਾਰੀ ਲਾਇਬ੍ਰੇਰੀਆਂ ਨੂੰ ਸਪਲਾਈ ਕੀਤੀਆਂ ਗਈਆਂ ਕੁਝ ਕਿਤਾਬਾਂ ਵਿੱਚ ਕਥਿਤ ਵੱਖਵਾਦੀਆਂ ਦੀ ਸ਼ਲਾਘਾ ਕਰਨ ਵਾਲੀ ਸਮੱਗਰੀ ਮਿਲਣ ਦੇ ਵਿਵਾਦ ਦੀ ਆਪਣੀ ਜਾਰੀ ਜਾਂਚ ਦੇ ਹਿੱਸੇ ਵਜੋਂ ਕੀਤੀ ਗਈ। 4 ਜੁਲਾਈ ਨੂੰ, ਕਾਊਂਟਰ ਇੰਟੈਲੀਜੈਂਸ ਯੂਨਿਟ ਨੇ ਭਾਰਤੀ ਨਿਆਂਇ ਸੰਹਿਤਾ ਦੀਆਂ ਧਾਰਾਵਾਂ 49 (ਉਕਸਾਉਣਾ), 61(2) (ਅਪਰਾਧਿਕ ਸਾਜ਼ਿਸ਼), 152 (ਭਾਰਤ ਦੀ ਖ਼ੁਦਮੁਖ਼ਤਿਆਰੀ, ਏਕਤਾ ਅਤੇ ਅਖੰਡਤਾ ਨੂੰ ਖ਼ਤਰੇ ਵਿੱਚ ਪਾਉਣਾ), 196 (ਦੁਸ਼ਮਣੀ, ਅਸ਼ਾਂਤੀ ਨੂੰ ਉਤਸ਼ਾਹਿਤ ਕਰਨਾ) ਅਤੇ 353 (ਝੂਠੇ ਬਿਆਨ, ਅਫ਼ਵਾਹਾਂ ਜਾਂ ਰਿਪੋਰਟਾਂ ਛਾਪਣਾ ਜਾਂ ਵੰਡਣਾ) ਦੇ ਨਾਲ-ਨਾਲ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ ਦੀ ਧਾਰਾ 13 ਤਹਿਤ ਐਫ.ਆਈ.ਆਰ. ਦਰਜ ਕੀਤੀ ਸੀ।ਇੱਥੇ ਵਰਨਣਯੋਗ ਹੈ ਕਿ ਇਸਤੋਂ ਪਹਿਲਾਂ ਜੰਮੂ ਕਸ਼ਮੀਰ ਸਰਕਾਰ ਵਲੋਂ ਉੱਘੇ ਲੇਖਕਾਂ ਦੀਆਂ 25 ਕਿਤਾਬਾਂ ਉੱਤੇ ਪਾਬੰਦੀ ਲਾਈ ਜਾ ਚੁੱਕੀ ਹੈ।

# ਵਿਸ਼ਵ ਆਬਾਦੀ ਦਿਵਸ ਮਨਾਇਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਡਾ.ਰਮਨ ਗੁਪਤਾ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸ੍ਰੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਸੈਕਟਰ ਕਾਈਨੌਰ ਅਧੀਨ ਵੱਖ-ਵੱਖ ਥਾਂਵਾ ਤੇ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ।ਇਸ ਮੌਕੇ ਤੇ ਜਸ਼ਨਪ੍ਰੀਤ ਕੌਰ ਸੀ ਐੱਚ ਓ ਨੇ ਲੋਕਾਂ ਵਿੱਚ ਆਬਾਦੀ ਸੰਭਾਲ, ਪਰਿਵਾਰ ਨਿਯੋਜਨ ਅਤੇ ਮਾਤਾ-ਬੱਚੇ ਦੀ ਸਿਹਤ ਸੰਬੰਧੀ ਜਾਣਕਾਰੀ ਦਿੱਤੀ।ਇਸ ਦੌਰਾਨ ਲੋਕਾਂ ਨੂੰ ਨਿਰੋਧ, ਮਾਲਾ-ਡੀ, ਅੰਤਰਾਲ ਗੋਲੀਆਂ ਅਤੇ ਕੌਪਰ-ਟੀ ਵਰਗੇ ਉਪਕਰਣਾਂ ਦੀ ਵਰਤੋਂ ਸੰਬੰਧੀ ਜਾਣਕਾਰੀ ਦਿੱਤੀ ਗਈ।ਯੋਗ ਜੋੜਿਆਂ ਨੂੰ ਪਰਵਾਰ ਨਿਯੋਜਨ ਦੇ ਸਹੀ ਤਰੀਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਦਿਨ ਲੋਕਾਂ ਨੂੰ ਪਰਵਾਰ , ਵਿਚਾਰ, ਲਿੰਗਕ ਬਰਾਬਰਤਾ, ਮਨੁੱਖੀ ਅਧਿਕਾਰ ਅਤੇ ਸਿਹਤ ਸਬੰਧੀ ਜਾਣਕਾਰੀ ਦਿੱਤੀ ਜਾਂਦੀ ਹੈ। ਵਿਸ਼ਵ ਆਬਾਦੀ ਦਿਵਸ ਦੇ ਦਿਨ ਵੱਖ-ਵੱਖ ਪ੍ਰੋਗਰਾਮ ਕੀਤੇ ਜਾਂਦੇ ਹਨ ਜਿਸ ਵਿਚ ਆਬਾਦੀ ਦੇ ਵਾਧੇ ਕਾਰਨ ਹੋਣ ਵਾਲੇ ਖ਼ਤਰਿਆਂ ਪ੍ਰਤੀ ਲੋਕਾਂ ਨੂੰ ਸੁਚੇਤ ਕੀਤਾ ਜਾਂਦਾ ਹੈ।ਇਸ ਦਿਨ ਦੀ ਸ਼ੁਰੂਆਤ ਸੰਯੁਕਤ ਰਾਸ਼ਟਰ ਸੰਘ ਦੇ ਵਿਕਾਸ ਪ੍ਰੋਗਰਾਮ ਤਹਿਤ ਹੋਈ ਅਤੇ ਇਸ ਤੋਂ ਬਾਅਦ ਸਾਰੇ ਦੇਸ਼ ਵਿਚ ਵਿਸ਼ਵ ਆਬਾਦੀ ਦਿਵਸ ਮਨਾਇਆ ਜਾਣ ਲੱਗਿਆ।ਇਸ ਮੌਕੇ ਤੇ ਸੁੰਦਰੀ ਦੇਵੀ ਐੱਲ ਐੱਚ ਵੀ ਨੇ ਵੱਧ ਰਹੀ ਆਬਾਦੀ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂਕ ਕਰਦਿਆਂ ਕਿਹਾ ਕਿ ਸ਼ਾਦੀ ਤੋਂ ਬਾਅਦ ਪਤੀ-ਪਤਨੀ ਵੱਲੋਂ ਪਰਿਵਾਰ ਦੀ ਯੋਜਨਾਬੰਦੀ ਕਰ ਲੈਣੀ ਚਾਹੀਦੀ ਹੈ।

# ਬੈਚਲਰ ਡਿਗਰੀ ਦੇ ਛੇਵੇਂ ਸਮੈਸਟਰ ਦਾ ਨਤੀਜਾ ਰਿਹਾ ਸ਼ਾਨਦਾਰ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਸਰਕਾਰ ਵੱਲੋ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਦੇ ਅੰਦਰ ਚੱਲ ਰਹੇ ਸਰਕਾਰੀ ਕਾਲਜ 'ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ, ਹੁਸ਼ਿਆਰਪੁਰ ਕੈਂਪਸ' ਜੋ ਕੇ ਵਿਭਾਗ ਵੱਲੋ ਹੋਰ ਕਈ ਜਿਲ੍ਹਿਆਂ ਵਿੱਚ ਚਲਾਏ ਜਾ ਰਹੇ ਕਈ ਹੋਰ ਸੈਨਿਕ ਇੰਸਟੀਚਿਊਟਸ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ ਦਾ ਨੋਡਲ ਆਫਿਸ ਵੀ ਹੈ ਤੇ ਆਈ ਕੇ ਜੀ ਪੰਜਾਬ ਟੈਕਨੀਕਲ ਯੂਨੀਵਰਸਿਟੀ ਤੋਂ ਮਾਨਤਾ ਪ੍ਰਾਪਤ ਹੈ, ਵਿਖੇ ਚੱਲ ਰਹੇ ਬੈਚਲਰ ਆਫ ਸਾਇੰਸ ਇੰਨ ਆਈ ਟੀ ਦੇ ਛੇਵੇਂ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਕੈਂਪਸ ਡਾਇਰੈਕਟਰ—ਕਮ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਕਮਾਂਡਰ (ਰਿਟਾ) ਬਲਜਿੰਦਰ ਸਿੰਘ ਵਿਰਕ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀ ਐੱਸ ਸੀ (ਆਈ ਟੀ) ਦੇ ਛੇਵੇਂ ਸਮੈਸਟਰ ਵਿੱਚ ਬਲਜੀਤ ਸਿੰਘ ਅਤੇ ਜਸਪ੍ਰੀਤ ਕੌਰ ਨੇ 9.15 ਫੀਸਦੀ ਅੰਕ ਲੈ ਕੇ ਪਹਿਲਾ, ਤਮੰਨਾ ਨੇ 9.00 ਫੀਸਦੀ ਅੰਕ ਲੈ ਕੇ ਦੂਜਾ, ਨਿਸ਼ਾ ਰਾਣੀ, ਅੰਜਲੀ ਅਤੇ ਜੈਸਮੀਨ ਸੈਣੀ ਨੇ 8.89 ਫੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਦੇ ਨਾਲ ਹੀ ਬੀ ਐੱਸ ਸੀ (ਆਈ.ਟੀ) ਐੱਲ ਈ ਦੇ ਛੇਵੇਂ ਸਮੈਸਟਰ ਵਿੱਚ ਰਾਜਵੀਰ ਕੌਰ ਨੇ 9.30 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ । ਇਨ੍ਹਾ ਸ਼ਾਨਦਾਰ ਨਤੀਜਿਆਂ ਲਈ ਸੈਨਿਕ ਇੰਸਟੀਚਿਊਟ ਕੈਂਪਸ ਦੇ ਡਾਇਰੈਕਟਰ-ਕਮ-ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਵੱਲੋਂ ਪ੍ਰਿੰਸੀਪਲ ਅਤੇ ਬਾਕੀ ਸਟਾਫ ਪ੍ਰੋ. ਰੀਤੂ ਤਿਵਾਰੀ, ਪ੍ਰੋ. ਸੁਖਵਿੰਦਰ ਸਿੰਘ, ਪ੍ਰੋ. ਜਸਵੀਰ ਸਿੰਘ, ਪ੍ਰੋ. ਚਾਂਦਨੀ ਸ਼ਰਮਾ, ਪ੍ਰੋ. ਸੰਦੀਪ ਕੌਰ , ਪ੍ਰੋ. ਸਿਮਰਨਜੋਤ ਸਿੰਘ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।



# ਭਾਗੋਵਾਲ 'ਚ ਕੈਬਨਿਟ ਮੰਤਰੀ ਨੇ ਨੌਜਵਾਨਾਂ ਨੂੰ ਸਪੋਰਟਸ ਕਿੱਟਾਂ ਵੰਡੀਆਂ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਭਲਾਈ ਸਕੀਮਾਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾ ਰਿਹਾ ਹੈ। ਇਹ ਪ੍ਰਗਟਾਵਾ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਪਿੰਡ ਭਾਗੋਵਾਲ ਵਿਖੇ ਕਰਵਾਈ ਗਈ 'ਲੋਕ ਮਿਲਣੀ' ਦੌਰਾਨ ਕੀਤਾ। ਇਸ ਲੋਕ ਮਿਲਣੀ ਮੌਕੇ ਮੁੱਖ ਮੰਤਰੀ ਮੇਰੀ ਰਸੋਈ ਸਕੀਮ ਤਹਿਤ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ, ਤਾਂ ਜੋ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਨੂੰ ਰੋਜ਼ਾਨਾ ਦੀਆਂ ਲੋੜੀਂਦੀਆਂ ਖਾਣ-ਪੀਣ ਵਾਲੀਆਂ ਵਸਤੂਆਂ ਪ੍ਰਾਪਤ ਹੋ ਸਕਣ ਅਤੇ ਸਰਕਾਰ ਦੀਆਂ ਭਲਾਈ ਯੋਜਨਾਵਾਂ ਦਾ ਲਾਭ ਸਿੱਧੇ ਤੌਰ 'ਤੇ ਉਨ੍ਹਾਂ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹੈ ਕਿ ਕੋਈ ਵੀ ਲੋੜਵੰਦ ਪਰਵਾਰ ਆਪਣੇ ਆਪ ਨੂੰ ਇਕੱਲਾ ਮਹਿਸੂਸ ਨਾ ਕਰੇ ਅਤੇ ਹਰ ਯੋਗ ਵਿਅਕਤੀ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਮਿਲੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਲੋਕ-ਪੱਖੀ ਨੀਤੀਆਂ ਤਹਿਤ ਕੰਮ ਕਰ ਰਹੀ ਹੈ, ਸਿੱਖਿਆ, ਸਿਹਤ, ਰੋਜ਼ਗਾਰ, ਬੁਨਿਆਦੀ ਸਹੂਲਤਾਂ ਅਤੇ ਸਮਾਜਿਕ ਸੁਰੱਖਿਆ ਦੇ ਨਾਲ-ਨਾਲ ਗਰੀਬ ਅਤੇ ਲੋੜਵੰਦ ਪਰਵਾਰਾਂ ਦੀ ਭਲਾਈ ਨੂੰ ਸਰਕਾਰ ਨੇ ਆਪਣੀ ਪ੍ਰਮੁੱਖ ਤਰਜੀਹ ਬਣਾਇਆ ਹੈ। ਕੈਬਨਿਟ ਮੰਤਰੀ ਨੇ ਇਸ ਮੌਕੇ ਨੌਜਵਾਨਾਂ ਨੂੰ ਸਪੋਰਟਸ ਕਿੱਟਾਂ ਵੀ ਵੰਡੀਆਂ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਲੋਕ ਮਿਲਣੀ ਦਾ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਸੁਣ ਕੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਕਰਨਾ ਹੈ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ ਮਾਮਲਿਆਂ ਦੀ ਸਮੀਖਿਆ ਕੀਤੀ ਗਈ ਅਤੇ ਅਧਿਕਾਰੀਆਂ ਨੂੰ ਲੋਕਾਂ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਨ ਦੇ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਭਾਗੋਵਾਲ ਸਮੇਤ ਪੂਰੇ ਹਲਕੇ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ ਅਤੇ ਲੋਕਾਂ ਦੀ ਹਰ ਜਾਇਜ਼ ਮੰਗ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਅਮਰਜੀਤ ਸਿੰਘ, ਹਰਜੀਤ ਸਿੰਘ ਪੰਚ, ਗੁਰਪ੍ਰੀਤ ਸਿੰਘ ਪੰਚ, ਪ੍ਰਿਯਾ ਹਾਂਡਾ, ਸੁਖਜਿੰਦਰ ਸਿੰਘ ਪੰਚ, ਗੁਰਬਚਨ ਸਿੰਘ ਨੰਬਰਦਾਰ, ਬਲਵੰਤ ਸਿੰਘ, ਗੁਰਜੀਤ ਸਿੰਘ, ਸੁਰਿੰਦਰ ਸਿੰਘ, ਬਲਜਿੰਦਰ ਸਿੰਘ ਆਦਿ ਵੀ ਮੌਜੂਦ ਸਨ।



# ਕੰਵਰ ਇਕਬਾਲ ਦਾ ਲਿਫਟ ਦੁਰਘਟਨਾ ਦੌਰਾਨ ਚੂਲਾ ਟੁੱਟਣ 'ਤੇ ਗਲੋਬਲ ਲਿਫਟ ਕੰਪਨੀ ਦੀ ਨਿੰਦਾ

**ਕਪੂਰਥਲਾ (ਮਨਜੀਤ ਮਾਨ)**- ਮੌਜੂਦਾ ਦੌਰ ਵਿਚ ਬੇਸ਼ੱਕ ਵਿਗਿਆਨ ਅਤੇ ਇੰਜੀਨੀਅਰਿੰਗ ਦੇ ਜ਼ਮਾਨੇ ਵਿੱਚ ਮਨੁੱਖ ਲਗਾਤਾਰ ਸੁਖਵਾਦੀ ਹੁੰਦਾ ਜਾ ਰਿਹਾ ਹੈ, ਉੱਥੇ ਸੁੱਖ-ਸਹੂਲਤਾਂ ਖਾਤਿਰ ਬਣਾਈਂ ਮਸੀਨਰੀ ਅਤੇ ਉਪਕਰਣ ਹੀ ਜਾਨ ਲੇਵਾ ਹੀ ਸਾਬਿਤ ਨਹੀਂ ਹੁੰਦੇ, ਬਲਕਿ ਅਸੀਂ ਕੀਮਤੀ ਜਾਨਾਂ ਤੋਂ ਵੀ ਹੱਥ ਧੋ ਬੈਠਦੇ ਹਾਂ।

ਇਹ ਸ਼ਬਦ ਸਿਰਜਣਾ ਕੇਂਦਰ ਕਪੂਰਥਲਾ (ਰਜਿ.) ਤੇ ਅੱਖਰ ਮੰਚ ਪੰਜਾਬ ਦੇ ਸਰਪ੍ਰਸਤ ਪ੍ਰੋਫੈਸਰ ਕੁਲਵੰਤ ਸਿੰਘ ਔਜਲਾ ਨੇ ਬੀਤੇ ਦਿਨੀਂ ਵਿਸ਼ਵ ਪ੍ਰਸਿੱਧ ਸ਼ਾਇਰ ਅਤੇ ਉੱਘੇ ਸਮਾਜ ਸੇਵੀ ਕੰਵਰ ਇਕਬਾਲ ਸਿੰਘ ਦੇ ਲਿਫਟ ਵਿੱਚ ਆਈ ਕੋਈ ਤਕਨੀਕੀ ਸਮੱਸਿਆ ਕਾਰਨ ਤੀਸਰੀ ਮੰਜ਼ਿਲ ਤੋਂ ਬੇਸਮੈਂਟ ਤੱਕ ਤਕਰੀਬਨ 60 ਫੁੱਟ ਦੀ ਉਚਾਈ ਤੋਂ ਹਾਦਸਾਗ੍ਰਸਤ ਹੋਣ ਉਪਰੰਤ ਗੰਭੀਰ ਜ਼ਖਮੀ ਹੋਣ ਕਰ ਕੇ ਉਨ੍ਹਾਂ ਦੀ ਸਿਹਤਯਾਬੀ ਲਈ ਦੁਆ ਕਰਦਿਆਂ ਕਹੇ।ਕੰਵਰ ਇਕਬਾਲ ਸਿੰਘ ਜਿੱਥੇ ਤਕਰੀਬਨ 40 ਸਾਲਾਂ ਤੋਂ ਨਿਰੰਤਰ ਕਾਰਜਸ਼ੀਲ ਵਿਸ਼ਵ ਪ੍ਰਸਿੱਧ ਲੇਖਕਾਂ ਦੀ ਸਭਾ ਸਿਰਜਣਾ ਕੇਂਦਰ ਕਪੂਰਥਲਾ (ਰਜਿ.) ਵਿਰਸਾ ਵਿਹਾਰ ਦੇ ਪਿਸ਼ਲੇ ਲੰਮੇ ਸਮੇਂ ਤੋਂ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਰਹੇ ਹਨ। ਉੱਘੇ ਵਿਦਵਾਨ ਡਾ. ਆਸਾ ਸਿੰਘ ਘੁੰਮਣ ਨੇ ਦੱਸਿਆ ਕਿ ਨਵਾਂ ਪਿੰਡ ਭੱਠਾ ਨੇੜੇ ਪ੍ਰਵਾਸੀ ਭਾਰਤੀ ਬਲਵੀਰ ਸਿੰਘ ਵੱਲੋਂ ਜਿਹੜਾ ਬਹੁਮੰਜ਼ਲੀ ਰਤਨ ਸੁਪਰ ਸਟੋਰ ਤਾਮੀਰ ਕੀਤਾ ਹੈ , ਵਿੱਚ ਸਥਾਪਤ ਕੀਤੀ ਗਈ ਲਿਫਟ ਵਿਚ ਆਈ ਤਕਨੀਕੀ ਖਰਾਬੀ ਕਾਰਣ ਗਲੋਬਲ ਲਿਫਟ ਕੰਪਨੀ ਦੀ ਕਾਰਜਸੈਲੀ ਸ਼ੱਕ ਦੇ ਘੇਰੇ ਵਿੱਚ ਆ ਗਈ ਹੈ।

ਕੰਪਨੀ ਵਲੋਂ ਲਗਾਈ ਗਈ ਲਿਫਟ ਦੀ ਗੁਣਵੱਤਾ ਦੀ ਹਰ ਪਹਿਲੂ ਤੋਂ ਜਾਂਚ ਕਰਵਾਈ ਜਾਵੇਗੀ , ਕਿ ਕਿਧਰੇ ਡੁਪਲੀਕੇਟ ਮਟੀਰੀਅਲ ਜਾਂ ਹਲਕੀ ਕੁਆਲਟੀ ਹੋਣ ਕਰ ਕੇ ਇਹ ਲਿਫਟ ਪੰਜਾਹ/ 60 ਫੁੱਟ ਦੀ ਉਚਾਈ ਤੋਂ ਹੇਠਾਂ ਬੇਸਮੈਂਟ ਵਿੱਚ ਤਾਂ ਨਹੀਂ ਡਿੱਗ ਪਈ।



# 3 ਦਿਨਾ ਸ਼ਹੀਦੀ ਜੋੜ ਮੇਲਾ ਤਨ-ਮਨ ਗੁਰੂ ਨੂੰ ਅਰਪਣ ਕਰਨ ਦਾ ਸੰਦੇਸ਼ ਦਿੰਦਿਆਂ ਸਮਾਪਤ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵਿਖੇ ਸੰਤ ਬਾਬਾ ਨਰਿੰਦਰ ਸਿੰਘ -ਸੰਤ ਬਾਬਾ ਬਲਵਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਅਤੇ ਜਥੇਦਾਰ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਵਾਲਿਆਂ ਦੀ ਸੁਚੱਜੀ ਦੇਖ-ਰੇਖ ਹੇਠ ਸ਼ਹੀਦ ਭਾਈ ਤਾਰੂ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਤੇ ਮੱਸਿਆ ਦੇ ਦਿਹਾੜੇ ਨੂੰ ਸਮਰਪਤ 3 ਦਿਨਾਂ ਸ਼ਹੀਦੀ ਜੋੜ ਮੇਲਾ ਤਨ ਮਨ ਗੁਰੂ ਨੂੰ ਸਮਰਪਣ ਕਰਨ ਦਾ ਸੰਦੇਸ਼ ਦਿੰਦਿਆਂ ਸਮਾਪਤ ਹੋ ਗਿਆ। ਜੋੜ ਮੇਲੇ ਦੇ ਦੌਰਾਨ ਵੱਖ-ਵੱਖ ਸੰਪਰਦਾਵਾਂ ਦੇ ਮੁਖੀਆਂ ਬਾਬਾ ਜਸਪਾਲ ਸਿੰਘ ਨੈਕੀ ਵਾਲੇ, ਬਾਬਾ ਕਸ਼ਮੀਰ ਸਿੰਘ ਦੁਸਾਂਝ, ਬਾਬਾ ਹਰਜਿੰਦਰ ਸਿੰਘ ਸਪਰੋੜ, ਬਾਬਾ ਗੁਰਦਿਆਲ ਸਿੰਘ ਕੰਗਰੋੜ, ਬਾਬਾ ਸ਼ੇਰ ਸਿੰਘ ਸਮੇਤ ਦੇਸ਼-ਵਿਦੇਸ਼ ਤੇ ਇਲਾਕੇ ਭਰ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀਆਂ ਭਰੀਆਂ। ਅੱਜ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਸ਼ਹੀਦੀ ਸਮਾਗਮ ਦੌਰਾਨ ਸੰਤ ਬਾਬਾ ਜੀਵਨ ਸਿੰਘ ਬਗੀਚੀ ਵਾਲੇ, ਭਾਈ ਵੀਰ ਜਤਿੰਦਰ ਸਿੰਘ ਮਲਕਪੁਰ ਵਾਲੇ, ਭਾਈ ਸੁਖਦੇਵ ਸਿੰਘ ਖਾਲਸਾ ਨਡਾਲੋਂ ਤੇ ਹੋਰ ਜਥਿਆਂ ਨੇ ਆਈਆਂ ਸੰਗਤਾਂ ਨੂੰ ਗੁਰਬਾਣੀ ਕਥਾ-ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕੀਤਾ।

ਇਸ ਮੌਕੇ ਮੰਚ ਸੰਚਾਲਣ ਦੀ ਸੇਵਾ ਜਿੱਥੇ ਬਾਬਾ ਜਰਨੈਲ ਸਿੰਘ ਨਡਾਲੋਂ ਵਾਲਿਆਂ ਨੇ ਬਾਖੂਬੀ ਨਿਭਾਈ ਉੱਥੇ ਜਥੇਦਾਰ ਬਾਬਾ ਗੁਰਮੀਤ ਸਿੰਘ ਜੀ ਕਾਰ ਸੇਵਾ ਵਾਲਿਆਂ ਨੇ ਆਈਆਂ ਸੰਗਤਾਂ ਦਾ ਧੰਨਵਾਦ ਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਜਥੇ. ਲਖਵਿੰਦਰ ਸਿੰਘ ਬਿੰਦਾ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਧਰਮਿੰਦਰ ਸਿੰਘ ਸੋਨੂੰ, ਕਮਲਜੀਤ ਸਿੰਘ ਰਾਣਾ ਅਜਨੋਹਾ, ਮੁੱਖ ਗ੍ਰੰਥੀ ਭਾਈ ਅਕਾਸ਼ਦੀਪ ਸਿੰਘ ਬਾਸਰਕੇ ਗਿੱਲਾਂ, ਪਰਮਜੀਤ ਸਿੰਘ ਭਾਮ, ਦਲਵੀਰ ਸਿੰਘ ਨਡਾਲੋਂ, ਕਰਮਜੀਤ ਕੌਰ ਵਾਹਦ, ਨਾਜ਼ਰ ਸਿੰਘ ਸ਼ੇਖੂਪੁਰ, ਪਰਮਜੀਤ ਸਿੰਘ ਰੱਕੜ ਕੋਟ ਫਤੂਹੀ, ਪਰਮਜੀਤ ਸਿੰਘ ਪੰਜੌੜ, ਸਾਬਕਾ ਐੱਸ. ਡੀ. ਓ. ਸੰਤੋਖ ਸਿੰਘ ਅਜਨੋਹਾ, ਕਿਸ਼ਨ ਸਿੰਘ ਲਾਂਗਰੀ, ਬਾਬਾ ਬਿੰਦਰ ਸਿੰਘ, ਭਜਨ ਕੌਰ, ਮੰਨਤ ਸਿੰਘ, ਪ੍ਰਿੰਸਪਾਲ ਸਿੰਘ ਹਰਿਆਣਾ, ਬੀਬੀ ਸ਼ਿੰਦੇ, ਰਣਜੀਤ ਸਿੰਘ ਈਸਪੁਰ, ਸਹਿਜ ਸਿੰਘ ਗੋਰਾ, ਦਰਸ਼ਣ ਸਿੰਘ ਨਡਾਲੋਂ, ਬਲਵੰਤ ਕੌਰ ਭਾਣਾ, ਸਾਰੰਗ ਸਿੰਘ ਨਡਾਲੋਂ, ਪ੍ਰਿੰਸ ਸਿੰਘ ਅਲਾਵਲਪੁਰ ਆਦਿ ਹਾਜ਼ਰ ਸਨ।



# ਭੂਪੇਂਦਰ ਸੋਲੰਕੀ ਚੀਫ ਇਨਫਾਰਮੇਸ਼ਨ ਅਫਸਰ ਨਿਯੁਕਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲਿਵਾਸਾ ਹੌਸਪੀਟਲਸ ਨੇ ਭੂਪੇਂਦਰ ਸੋਲੰਕੀ ਨੂੰ ਆਪਣਾ ਚੀਫ ਇਨਫਾਰਮੇਸ਼ਨ ਅਫਸਰ ਨਿਯੁਕਤ ਕਰਨ ਦਾ ਐਲਾਨ ਕੀਤਾ।ਇਹ ਨਿਯੁਕਤੀ ਲਿਵਾਸਾ ਹੌਸਪੀਟਲਸ ਦੀ ਵਿਕਾਸ ਯਾਤਰਾ ਦੇ ਇੱਕ ਮਹੱਤਵਪੂਰਨ ਪੜਾਅ 'ਤੇ ਹੋਈ ਹੈ, ਕਿਉਂਕਿ ਇਹ ਨੈੱਟਵਰਕ ਆਪਣੀਆਂ ਡਿਜੀਟਲ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਉੱਤਰ ਭਾਰਤ ਵਿੱਚ ਆਪਣੇ ਖੇਤਰੀ ਵਿਸਥਾਰ ਨੂੰ ਵਧਾ ਰਿਹਾ ਹੈ। ਹੈਲਥਕੇਅਰ ਦੇ ਹਰ ਪਹਿਲੂ-ਜਿਵੇਂ ਕਿ ਡਾਇਗਨੋਸਟਿਕ, ਕਲੀਨਿਕਲ ਡਿਸੀਜ਼ਨ-ਮੇਕਿੰਗ, ਪੇਸ਼ੈਂਟ ਇੰਗੇਜਮੈਂਟ, ਸਾਈਬਰ ਸੁਰੱਖਿਆ ਅਤੇ ਹਸਪਤਾਲ ਦੇ ਸੰਚਾਲਨ ਵਿੱਚ ਤਕਨਾਲੋਜੀ ਦੇ ਕੇਂਦਰ ਵਿੱਚ ਆਉਣ ਦੇ ਨਾਲ, ਲਿਵਾਸਾ ਇੱਕ ਏਕੀਕ੍ਰਿਤ, ਸਮਾਰਟ ਅਤੇ ਮਰੀਜ਼-ਕੇਂਦ੍ਰਿਤ ਹੈਲਥਕੇਅਰ ਈਕੋਸਿਸਟਮ ਬਣਾਉਣ ਲਈ ਰਣਨੀਤਕ ਨਿਵੇਸ਼ ਕਰ ਰਿਹਾ ਹੈ। ਆਈ ਆਈ ਐਮ ਕਲਕੱਤਾ ਅਲੂਮਨੀ, ਸੋਲੰਕੀ ਕੋਲ ਹੈਲਥ ਕੇਅਰ ਇਨਫਰਮੇਸ਼ਨ ਟੈਕਨਾਲੋਜੀ ਅਤੇ ਡਿਜੀਟਲ ਟ੍ਰਾਂਸਫਾਰਮੇਸ਼ਨ ਵਿੱਚ 25 ਸਾਲਾਂ ਤੋਂ ਵੱਧ ਦਾ ਤਜਰਬਾ ਹੈ। ਉਹ ਸਾਕਰਾ ਵਰਲਡ ਹੌਸਪੀਟਲ, ਕੋਕਿਲਾਬੇਨ ਧੀਰੂਭਾਈ ਅੰਬਾਨੀ ਹੌਸਪੀਟਲ, ਮੇਦਾਂਤਾ-ਦ ਮੈਡੀਸਿਟੀ ਅਤੇ ਫੋਰਟਿਸ ਹੈਲਥ ਕੇਅਰ ਲਿਮਟਿਡ ਵਿੱਚ ਸੀਨੀਅਰ ਤਕਨੀਕੀ ਲੀਡਰਸ਼ਿਪ ਅਹੁਦਿਆਂ 'ਤੇ ਰਹਿ ਚੁੱਕੇ ਹਨ। ਆਪਣੇ ਕਰੀਅਰ ਦੌਰਾਨ, ਉਹਨਾਂ ਨੇ ਮਲਟੀ-ਹੌਸਪੀਟਲ ਨੈੱਟਵਰਕਾਂ ਅਤੇ ਨਵੇਂ ਹੈਲਥ ਕੇਅਰ ਗ੍ਰੀਨਫੀਲਡ ਪ੍ਰੋਜੈਕਟਾਂ ਵਿੱਚ ਐਂਟਰਪ੍ਰਾਈਜ਼-ਵਾਈਡ , ਡਿਜੀਟਲ ਬਦਲਾਅ ਦੀ ਸਫਲਤਾਪੂਰਵਕ ਅਗਵਾਈ ਕੀਤੀ ਹੈ। ਉਹਨਾਂ ਦਾ ਸਵਾਗਤ ਕਰਦੇ ਹੋਏ, ਸੀ.ਈ.ਓ -ਲਿਵਾਸਾ ਹੌਸਪੀਟਲਸ ਅਨੁਰਾਗ ਯਾਦਵ ਨੇ ਕਿਹਾ, 'ਜਿਵੇਂ-ਜਿਵੇਂ ਲਿਵਾਸਾ ਹੌਸਪੀਟਲਸ ਆਪਣੀ ਵਿਕਾਸ ਯਾਤਰਾ ਨੂੰ ਅੱਗੇ ਵਧਾ ਰਿਹਾ ਹੈ, ਇੱਕ ਮਜ਼ਬੂਤ ਡਿਜੀਟਲ ਈਕੋਸਿਸਟਮ ਦਾ ਨਿਰਮਾਣ ਕਰਨਾ ਸਾਡੇ ਲਈ ਇੱਕ ਰਣਨੀਤਕ ਤਰਜੀਹ ਹੈ। ਭਾਰਤ ਦੇ ਕੁਝ ਪ੍ਰਮੁੱਖ ਸਿਹਤ ਸੰਸਥਾਵਾਂ ਵਿੱਚ ਤਕਨੀਕੀ ਤਬਦੀਲੀ ਦੀ ਅਗਵਾਈ ਕਰਨ ਦਾ ਭੂਪੇਂਦਰ ਦਾ ਅਮੀਰ ਤਜਰਬਾ ਸਾਨੂੰ ਇਸ ਯਾਤਰਾ ਨੂੰ ਤੇਜ਼ ਕਰਨ ਅਤੇ ਇੱਕ ਏਕੀਕ੍ਰਿਤ, ਸੁਰੱਖਿਅਤ ਅਤੇ ਭਵਿੱਖ ਲਈ ਤਿਆਰ ਹੈਲਥ ਕੇਅਰ ਨੈੱਟਵਰਕ ਬਣਾਉਣ ਵਿੱਚ ਮਦਦ ਕਰੇਗਾ।'



# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

**ਨਵਾਂਸ਼ਹਿਰ, (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ, 2023 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆ ਜ਼ਿਲ੍ਹੇ ਵਿੱਚ ਕਿਸੇ ਵੀ ਜਨਤਕ ਗਲੀ/ ਪਾਰਕ/ਸਰਕਾਰੀ ਜ਼ਮੀਨ ਉੱਤੇ ਅਣ-ਅਧਿਕਾਰਤ ਤੌਰ 'ਤੇ ਕਿਸੇ ਵੀ ਮੰਦਰ, ਚਰਚ, ਮਸੀਤ ਜਾਂ ਗੁਰਦੁਆਰੇ ਆਦਿ ਦੀ ਉਸਾਰੀ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਕਿਸੇ ਵਿਭਾਗ ਦੇ ਅਧਿਕਾਰੀ ਵਲੋਂ ਜਨਤਕ ਸਥਾਨ 'ਤੇ ਉਸਾਰੇ ਕਰਨ ਦੀ ਪ੍ਰਵਾਨਗੀ ਨਹੀਂ ਦਿੱਤੀ ਜਾਵੇਗੀ। ਜਾਰੀ ਹੁਕਮਾਂ ਅਨੁਸਾਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਦੀ ਜ਼ਿੰਮੇਵਾਰੀ ਹੋਵੇਗੀ ਕਿ ਉਹ ਆਪਣੇ ਵਿਭਾਗ ਅਧੀਨ ਪੈਂਦੀ ਜਮੀਨ ਉੱਤੇ ਅਜਿਹੀ ਕੋਈ ਉਸਾਰੀ ਨਾ ਹੋਣ ਦੇਣ। ਇਸੇ ਤਰ੍ਹਾਂ ਨਗਰ ਕੌਂਸਲ ਦੀ ਜਮੀਨ 'ਤੇ ਸਬੰਧਤ ਕਾਰਜਸਾਧਕ ਅਫ਼ਸਰ, ਨਗਰ ਕੌਂਸਲ ਅਤੇ ਪੰਚਾਇਤੀ/ਸ਼ਾਮਲਾਟ/ ਮੁਸ਼ਤਰਕਾ ਮਾਲਕਾਂ ਦੀ ਜਮੀਨ ਉੱਤੇ ਅਜਿਹੀ ਕੋਈ ਉਸਾਰੀ ਨਾ ਹੋਣ ਬਾਬਤ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਦੀ ਜਿੰਮੇਵਾਰੀ ਹੋਵੇਗੀ। ਜੇਕਰ ਕਿਸੇ ਵਿਅਕਤੀ/ਸੰਸਥਾ ਵੱਲੋਂ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਸੰਬੰਧਤ ਪੁਲਸ ਸਟੇਸ਼ਨ ਦੇ ਅਧਿਕਾਰੀ ਨੂੰ ਉਕਤ ਵਿਅਕਤੀ ਖਿਲਾਫ਼ ਕਾਰਵਾਈ ਲਈ ਰਿਪੋਰਟ ਕੀਤੀ ਜਾਵੇ। ਜ਼ਿਕਰਯੋਗ ਹੈ ਕਿ ਸੁਪਰੀਮ ਕੋਰਟ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ ਕਿ ਕਿਸੇ ਵੀ ਜਨਤਕ ਸਥਾਨ, ਪਾਰਕ ਜਾਂ ਗਲੀਆਂ ਆਦਿ ਵਿੱਚ ਕਿਸੇ ਵੀ ਮੰਦਰ, ਚਰਚ, ਮਸੀਤ ਜਾਂ ਗੁਰਦੁਆਰੇ ਆਦਿ ਨੂੰ ਬਣਾਉਣ ਦੀ ਇਜਾਜ਼ਤ ਨਾ ਦਿੱਤੀ ਜਾਵੇ।ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਇੱਕ ਵੱਖਰੇ ਹੁਕਮ ਵਿੱਚ ਜ਼ਿਲ੍ਹੇ ਅੰਦਰ ਵੱਖ-ਵੱਖ ਸਥਾਨਾਂ ਉੱਤੇ ਮਨਾਏ ਜਾ ਰਹੇ ਵਿਆਹ/ ਧਾਰਮਿਕ ਸਮਾਗਮ ਅਤੇ ਹੋਰ ਪ੍ਰੋਗਰਾਮਾਂ ਵਿੱਚ ਬਿਨ੍ਹਾਂ ਮਨਜੂਰੀ ਡਰੋਨ ਚਲਾਉਣ 'ਤੇ ਪੂਰਨ ਪਾਬੰਦੀ ਲਾਈ ਹੈ। ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹੇ ਅੰਦਰ ਟਰੈਕਟਰ ਅਤੇ ਟਰੈਕਟਰ ਨਾਲ ਸਬੰਧਤ ਸੰਦਾਂ ਆਦਿ ਨਾਲ ਖਤਰਨਾਕ ਪ੍ਰਦਰਸ਼ਨ/ਸਟੰਟ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਸਾਰੇ ਹੁਕਮ 12 ਸਤੰਬਰ 2026 ਤੱਕ ਲਾਗੂ ਰਹਿਣਗੇ।

# ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਐਕਸਪੋਜ਼ਰ ਵਿਜ਼ਿਟ ਕਰਵਾਈ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ (ਡਾਇਟ), ਬੁੱਢਣਪੁਰ, ਐੱਸ.ਏ.ਐੱਸ. ਨਗਰ (ਮੋਹਾਲੀ) ਵਿਖੇ ਸਥਾਪਤ ਸਟੈਮ ਇਨੋਵੇਸ਼ਨ ਐਂਡ ਲਰਨਿੰਗ ਸੈਂਟਰ ਵਿੱਚ ਸਰਕਾਰੀ ਹਾਈ ਸਕੂਲ ਨਗਲ ਸਲੇਮਪੁਰ ਦੇ 42 ਵਿਦਿਆਰਥੀਆਂ ਦੀ ਇੱਕ ਐਕਸਪੋਜ਼ਰ ਵਿਜ਼ਿਟ ਕਰਵਾਈ ਗਈ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨ, ਤਕਨਾਲੋਜੀ, ਇੰਜੀਨੀਅਰਿੰਗ ਅਤੇ ਗਣਿਤ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਅਨੁਭਵ ਆਧਾਰਤ ਸਿੱਖਣ ਦੇ ਮੌਕੇ ਪ੍ਰਦਾਨ ਕਰਨਾ ਸੀ।ਵਿਜ਼ਿਟ ਦੌਰਾਨ ਵਿਦਿਆਰਥੀਆਂ ਨੇ ਸਟੈਮ ਲੈਬ ਵਿੱਚ ਉਪਲਬਧ ਰੋਬੋਟਿਕਸ ਕਿੱਟਾਂ, ਵਿਗਿਆਨਕ ਉਪਕਰਨਾਂ, ਆਧੁਨਿਕ ਤਕਨੀਕੀ ਸਾਧਨਾਂ ਅਤੇ ਵੱਖ-ਵੱਖ ਪ੍ਰਯੋਗਾਤਮਕ ਗਤੀਵਿਧੀਆਂ ਦਾ ਤਜਰਬਾ ਹਾਸਲ ਕੀਤਾ। ਇਸ ਮੌਕੇ ਵਿਦਿਆਰਥੀਆਂ ਨਾਲ ਸਰਕਾਰੀ ਹਾਈ ਸਕੂਲ, ਨਗਲ ਸਲੇਮਪੁਰ ਦੇ ਅੰਗਰੇਜ਼ੀ ਮਾਸਟਰ ਸੁਸ਼ੀਲ ਕੁਮਾਰ ਵੀ ਮੌਜੂਦ ਰਹੇ। ਅਮਰੀਕਨ ਇੰਡੀਆ ਫਾਊਂਡੇਸ਼ਨ ਵੱਲੋਂ ਨਿਖਿਲ, ਪ੍ਰਦੀਪ ਅਤੇ ਵਿਜੇ ਨੇ ਵਿਦਿਆਰਥੀਆਂ ਨੂੰ ਸਟੈਮ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਅਤੇ ਪੂਰੇ ਪ੍ਰੋਗਰਾਮ ਦੌਰਾਨ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ। ਡਾਇਟ ਬੁੱਢਣਪੁਰ, ਐੱਸ.ਏ.ਐੱਸ. ਨਗਰ ਦੇ ਫੈਕਲਟੀ ਮੈਂਬਰਾਂ ਨੇ ਵੀ ਵਿਦਿਆਰਥੀਆਂ ਨਾਲ ਸੰਵਾਦ ਕਰਦਿਆਂ ਉਨ੍ਹਾਂ ਨੂੰ ਨਵੀਨਤਾਕਾਰੀ ਅਤੇ ਵਿਗਿਆਨਕ ਸੋਚ ਅਪਣਾਉਣ ਲਈ ਪ੍ਰੇਰਿਤ ਕੀਤਾ।ਅਖੀਰ ਵਿੱਚ ਡਾਇਟ ਐੱਸ.ਏ.ਐੱਸ. ਨਗਰ ਵੱਲੋਂ ਅਮਰੀਕਨ ਇੰਡੀਆ ਫਾਊਂਡੇਸ਼ਨ ਦਾ ਸਟੈਮ ਇਨੋਵੇਸ਼ਨ ਐਂਡ ਲਰਨਿੰਗ ਸੈਂਟਰ ਦੀ ਸਥਾਪਨਾ ਕਰਨ ਅਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਅਤੇ ਅਨੁਭਵ ਆਧਾਰਤ ਸਿੱਖਿਆ ਦੇ ਮੌਕੇ ਪ੍ਰਦਾਨ ਕਰਨ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ।



# ਲੋਹਟੀਆ ਨੇ ਕੀਤੀ ਕਿਸਾਨ ਵਿੰਗ ਦੇ ਬਲਾਕ ਪ੍ਰਧਾਨਾਂ ਨਾਲ ਅਹਿਮ ਮੀਟਿੰਗ



**ਗੁਰਾਇਆ (ਬਿੰਦਰ ਸੁਮਨ)**- ਹਲਕਾ ਫਿਲੌਰ ਦੀ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਦੀ ਅਗਵਾਈ ਹੇਠ ਕਿਸਾਨ ਵਿੰਗ ਦੇ ਬਲਾਕ ਪ੍ਰਧਾਨਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਪਿੰਡ ਪੱਧਰ 'ਤੇ ਪਾਰਟੀ ਦੀਆਂ ਨੀਤੀਆਂ ਅਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਹਰ ਘਰ ਤੱਕ ਪਹੁੰਚਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਹਰਜੋਤ ਕੌਰ ਲੋਹਟੀਆ ਨੇ ਕਿਸਾਨ ਵਿੰਗ ਦੇ ਅਹੁਦੇਦਾਰਾਂ ਨੂੰ ਹਦਾਇਤ ਕੀਤੀ ਕਿ ਉਹ ਕਿਸਾਨਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਸੁਣ ਕੇ ਹੱਲ ਕਰਵਾਉਣ ਲਈ ਯਤਨ ਕਰਨ। ਉਨ੍ਹਾਂ ਕਿਹਾ ਕਿ ਸੰਗਠਨ ਦੀ ਏਕਤਾ ਅਤੇ ਮਿਹਨਤ ਹੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਹੈ।ਮੀਟਿੰਗ ਵਿੱਚ ਆਉਣ ਵਾਲੇ ਪ੍ਰੋਗਰਾਮਾਂ, ਜਨ ਸੰਪਰਕ ਮੁਹਿੰਮਾਂ ਅਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣ ਲਈ ਵੀ ਰਣਨੀਤੀ ਤਿਆਰ ਕੀਤੀ ਗਈ। ਕਿਸਾਨ ਵਿੰਗ ਦੇ ਸਮੂਹ ਬਲਾਕ ਪ੍ਰਧਾਨਾਂ ਨੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਜ਼ਿਲ੍ਹਾ ਜਲੰਧਰ ਦਿਹਾਤੀ ਪ੍ਰਧਾਨ ਤੇ ਮਾਰਕੀਟ ਕਮੇਟੀ ਚੇਅਰਮੈਨ ਗੁਰਾਇਆ ਪ੍ਰਦੀਪ ਕੁਮਾਰ ਦੁੱਗਲ, ਕਿਸਾਨ ਵਿੰਗ ਜ਼ਿਲ੍ਹਾ ਪ੍ਰਧਾਨ ਰਣਜੀਤ ਪ੍ਰਤਾਪ ਸਿੰਘ, ਜ਼ਿਲ੍ਹਾ ਸੈਕਟਰੀ ਕਿਸਾਨ ਵਿੰਗ ਤਰਲੋਕ ਸਿੰਘ ਵਿਰਕ, ਹਰਮੇਸ਼ ਲਾਲ ਚੌਹਾਨ ਪ੍ਰਧਾਨ ਨਗਰ ਕੌਂਸਲ ਗੁਰਾਇਆ, ਹਲਕਾ ਕੋਆਰਡੀਨੇਟਰ ਕਿਸਾਨ ਵਿੰਗ ਦਿਲਜੀਤ ਸਿੰਘ ਲਸਾੜਾ, ਬਲਾਕ ਪ੍ਰਧਾਨ ਕਿਸਾਨ ਵਿੰਗ ਰਾਣਾ ਸਿੰਘ ਢੇਸੀ, ਕਸ਼ਮੀਰੀ ਲਾਲ, ਸਤਵਿੰਦਰ ਸਿੰਘ ਸਹੋਤਾ, ਬਲਜਿੰਦਰ ਸਿੰਘ, ਹਰਜੀਤ ਸਿੰਘ, ਤੀਰਥ ਸਿੰਘ, ਬਲਦੇਵ ਸਿੰਘ ਔਜਲਾ, ਗੌਰਵ ਬਾਵਾ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ, ਜੀਤਾ ਸਰਪੰਚ ਤੇ ਹੋਰ ਵਰਕਰ ਹਾਜ਼ਰ ਸਨ ।

# ਨਵੇਂ ਆਮਦਨ ਕਰ ਕਾਨੂੰਨ ਸੰਬੰਧੀ ਜਾਗਰੂਕਤਾ ਸੈਮੀਨਾਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਰੋਟਰੀ ਕਲੱਬ ਸ੍ਰੀ ਅਨੰਦਪੁਰ ਸਾਹਿਬ ਅਤੇ ਆਮਦਨ ਕਰ ਵਿਭਾਗ ਵੱਲੋਂ ਕਰਦਾਤਾ ਜਾਗਰੂਕਤਾ ਅਤੇ ਸਿੱਖਿਆ ਪ੍ਰੋਗਰਾਮ ਤਹਿਤ ਨਵੇਂ ਆਮਦਨ ਕਰ ਕਾਨੂੰਨ 2025 ਅਤੇ ਨਵੇਂ ਨਿਯਮ 2026 ਸਬੰਧੀ ਇੱਕ ਇੰਟਰਐਕਟਿਵ ਸੈਮੀਨਾਰ ਮਾਊਂਟ ਵਿਊ ਹੋਟਲ, ਸ੍ਰੀ ਆਨੰਦਪੁਰ ਸਾਹਿਬ ਵਿਖੇ ਆਯੋਜਿਤ ਕੀਤਾ ਗਿਆ ਜਿਸ ਵਿੱਚ ਬਾਰ ਹੋਟਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਦੀ ਅਗਵਾਈ ਹੇਠ ਸੈਂਕੜੇ ਵਪਾਰੀਆਂ ਨ ਹਿੱਸਾ ਲਿਆ। ਇਹ ਸੋਧੀ ਜਾਣਕਾਰੀ ਸਾਂਝੀ ਕਰਦੇ ਰੋਟਰੀ ਕਲੱਬ ਸ੍ਰੀ ਰਾਧਪੁਰ ਸਾਹਿਬ ਦੇ ਪ੍ਰਧਾਨ ਸੀ ਏ ਗੁਰਜਿੰਦਰ ਸਿੰਘ ਨੇ ਦੱਸਿਆ ਕਿ ਇਹ ਪ੍ਰੋਗਰਾਮ ਆਮਦਨ ਕਰ ਵਿਭਾਗ (ਆਈ ਐਂਡ ਸੀ ਆਈ) ਚੰਡੀਗੜ੍ਹ ਦੇ ਡਾਇਰੈਕਟਰ ਰੋਹਿਤ ਸ਼ਰਮਾ, ਆਈ ਆਰ ਐੱਸ ਅਤੇ ਜੋਇੰਟ ਡਾਇਰੈਕਟਰ ਜੋਤਿੰਦਰ ਬਾਜਵਾ, ਆਈ ਆਰ ਐਸ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਇਸ ਆਊਟਰੀਚ ਪ੍ਰੋਗਰਾਮ ਦਾ ਮੁੱਖ ਉਦੇਸ਼ ਆਈ ਐਂਡ ਸੀ ਆਈ ਦੀ ਭੂਮਿਕਾ ਅਤੇ ਨਵੇਂ ਆਮਦਨ ਕਰ ਕਾਨੂੰਨ 2025 ਦੇ ਪ੍ਰਾਵਧਾਨਾਂ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ। ਸੈਮੀਨਾਰ ਵਿੱਚ ਸਥਾਨਕ ਟੈਕਸ ਬਾਰ ਐਸੋਸੀਏਸ਼ਨ ਦੇ ਮੈਂਬਰਾਂ, ਚਾਰਟਰਡ ਅਕਾਊਂਟੈਂਟਾਂ, ਬੈਂਕਰਾਂ, ਐਸ.ਆਰ.ਓ. ਸ੍ਰੀ ਆਨੰਦਪੁਰ ਸਾਹਿਬ ਦੇ ਅਧਿਕਾਰੀਆਂ ਅਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਭਾਗ ਲਿਆ। ਪ੍ਰੋਗਰਾਮ ਦੌਰਾਨ ਸ੍ਰੀਮਤੀ ਸਰਿਤਾ ਅਗਰਵਾਲ, ਆਈ ਆਰ ਐੱਸ, ਸਹਾਇਕ ਡਾਇਰੈਕਟਰ ਆਮਦਨ ਕਰ, ਆਈ ਐਂਡ ਸੀ ਆਈ, ਚੰਡੀਗੜ੍ਹ ਨੇ ਹਾਜ਼ਰ ਜਨਸਮੂਹ ਨੂੰ ਸੰਬੋਧਨ ਕਰਦਿਆਂ ਨਵੇਂ ਆਮਦਨ ਕਰ ਕਾਨੂੰਨ 2025 ਨਾਲ ਜੁੜੇ ਵੱਖ-ਵੱਖ ਪ੍ਰਾਵਧਾਨਾਂ, ਟੈਕਸ ਕਾਨੂੰਨਾਂ ਵਿੱਚ ਹੋਏ ਤਾਜ਼ਾ ਬਦਲਾਵਾਂ ਅਤੇ ਕੇਂਦਰ ਸਰਕਾਰ ਵੱਲੋਂ ਸ਼ੁਰੂ ਕੀਤੀ 'ਕਰ ਸਾਰਥੀ ਐਪ' ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਨੇ ਆਏ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦਿਆ ਉਨ੍ਹਾਂ ਨੂੰ ਜੀ ਆਇਆ ਆਖਿਆ, ਰੋਟਰੀ ਕਲੱਬ ਵੱਲੋਂ ਡਾਕਟਰ ਪੀ ਜੇ ਐਸ ਕੰਗ ਨੇ ਆਏ ਸ੍ਰੀਮਤੀ ਸਰਿਤਾ ਅਗਰਵਾਲ ਅਤੇ ਉਨ੍ਹਾਂ ਦੀ ਟੀਮ ਨੂੰ ਮੋਮੈਂਟੋ ਦੇਖ ਕੇ ਸਨਮਾਨਿਤ ਕੀਤਾ। ਇਸ ਮੌਕੇ ਹਾਜ਼ਰੀ ਵਿੱਚ ਸੈਕਟਰੀ ਬਬਲੂ ਰਾਣਾ ਅਗਮਪੁਰ, ਵਪਾਰ ਮੰਡਲ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਗੰਡਾ, ਜਸਵਿੰਦਰ ਸਿੰਘ ਸੋਨੂ, ਅਭੀਜੀਤ ਸਿੰਘ ਅਲੈਕਸੀ, ਜਰਨੈਲ ਸਿੰਘ ਗੁੰਬਰ, ਦਲਜੀਤ ਸਿੰਘ ਗੋਪਾ, ਰਾਜਨ ਗਾਬਾ, ਕਮਲ ਵਰਮਾ, ਭੁਪਿੰਦਰ ਪਾਲ ਸਿੰਘ ਤਲਵਾਰ,ਸਾਬਕਾ ਪ੍ਰਧਾਨ ਗੁਰਚਰਨ ਸਿੰਘ ਘਟੀਵਾਲ ਆਦਿ ਹਾਜ਼ਰ ਸਨ।



# ਫਸਟਏਡ ਦੀ ਜਾਣਕਾਰੀ ਹਰ ਨਾਗਰਿਕ ਲਈ ਲਾਜ਼ਮੀ : ਕੋਮਲ ਮਿੱਤਲ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈਡ ਕਰਾਸ ਐਸ.ਏ.ਐਸ. ਨਗਰ ਕੋਮਲ ਮਿੱਤਲ ਦੀ ਅਗਵਾਈ ਹੇਠ ਸੇਂਟ ਜਾਨ੍ਹ ਐਂਬੂਲੈਂਸ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਫਸਟ ਏਡ ਟ੍ਰੇਨਿੰਗ ਸੰਬੰਧੀ 6 ਜੁਲਾਈ ਤੋਂ 15 ਜੁਲਾਈ ਤੱਕ ਟ੍ਰੇਨਿੰਗ ਕੈਂਪ ਲਗਾਇਆ ਗਿਆ, ਜਿਸ ਵਿੱਚ ਭਾਰਤੀ ਰੈਡ ਕਰਾਸ ਦੇ ਟ੍ਰੇਨਰ ਸੰਦੀਪ ਸਿੰਘ ਨੇ ਕੰਡਕਟਰਾਂ, ਡਰਾਈਵਰਾਂ, ਫੈਕਟਰੀ ਵਰਕਰਾਂ ਅਤੇ ਨੈਨੀ ਸਟੂਡੈਂਟਸ ਨੂੰ ਹਾਦਸਿਆਂ ਦੌਰਾਨ ਕੀਮਤੀ ਜਾਨਾਂ ਬਚਾਉਣ ਦੀ ਸਿਖਲਾਈ ਦਿੱਤੀ।ਸਿਖਿਆਰਥੀਆਂ ਨੂੰ ਦੱਸਿਆ ਕਿ ਦੁਰਘਟਨਾਵਾਂ ਦੌਰਾਨ ਫੱਟੜਾਂ ਦੀ ਜ਼ਿੰਦਗੀ ਬਚਾਉਣ ਅਤੇ ਉਨ੍ਹਾਂ ਦੀ ਦੁੱਖ ਤਕਲੀਫ ਘਟਾਉਣ ਵਿੱਚ ਫਸਟ ਏਡ ਦੀ ਬੇਹੱਦ ਲੋੜ ਰਹਿੰਦੀ ਹੈ। ਹਰ ਇਕ ਨਾਗਰਿਕ ਨੂੰ ਫਸਟ ਏਡ ਦੀ ਮੁਢਲੀ ਜਾਣਕਾਰੀ ਜ਼ਰੂਰ ਹੋਣੀ ਚਾਹੀਦੀ ਹੈ। ਉਨ੍ਹਾਂ ਵਲੋਂ ਸਿਖਿਆਰਥੀਆਂ ਨੂੰ ਸੀ ਪੀ ਆਰ, ਬਨਾਉਟੀ ਸਾਹ ਦੇਣਾ, ਬੇਹੋਸ਼ੀ, ਵਗਦੇ ਲਹੂ ਨੂੰ ਰੋਕਣ, ਟੁੱਟੀ ਹੱਡੀ ਨੂੰ ਸਹਾਰਾ ਦੇਣ, ਜਲਣ ਅਤੇ ਸੱਪ ਦੇ ਡੰਗਣ ਆਦਿ ਮੌਕੇ ਦਿੱਤੀ ਜਾਣ ਵਾਲੀ ਫਸਟ ਏਡ ਦੀ ਟ੍ਰੇਨਿੰਗ ਦਿੱਤੀ ਗਈ।ਟ੍ਰੇਨਰ ਸੰਦੀਪ ਸਿੰਘ ਨੇ ਦੱਸਿਆ ਕਿ ਦਿਲ ਦੇ ਦੌਰਿਆਂ ਦੌਰਾਨ ਦਿੱਤੀ ਗਈ ਸੀ ਪੀ ਆਰ ਜ਼ਿੰਦਗੀ ਬਚਾਉਣ ਵਿੱਚ ਬੇਹੱਦ ਮਦਦਗਾਰ ਸਾਬਤ ਹੁੰਦੀ ਹੈ। ਸਿਖਿਆਰਥੀਆਂ ਨੂੰ ਸਿਹਤ ਸੰਭਾਲ ਦੇ ਨਾਲ ਨਾਲ ਮਾਨਸਿਕ ਸਿਹਤ ਠੀਕ ਰੱਖਣ ਬਾਰੇ ਵੀ ਦੱਸਿਆ ਗਿਆ । ਹਰਬੰਸ ਸਿੰਘ ਸਕੱਤਰ ਨੇ ਵੱਧ ਤੋਂ ਵੱਧ ਰੁੱਖ ਲਗਾਉਣ, ਪਾਣੀ ਬਚਾਉਣ, ਵਾਤਾਵਰਨ ਨੂੰ ਸਾਫ ਰੱਖਣ, ਮਾਤਾ-ਪਿਤਾ, ਬਜ਼ੁਰਗਾਂ ਦਾ ਸਨਮਾਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਕਿਹਾ।ਡਾ. ਅੰਕਿਤਾ ਕਾਂਸਲ ਅਵੈਤਨੀ ਸਕੱਤਰ-ਕਮ-ਸਹਾਇਕ ਕਮਿਸ਼ਨਰ (ਜ) ਨੇ ਸਿਖਿਆਰਥੀਆਂ ਨੂੰ ਰੈਡ ਕਰਾਸ ਦੇ ਸਿਧਾਂਤਾਂ ਅਤੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਅਤੇ ਸੰਸਥਾ ਵਲੋਂ ਜ਼ਿਲ੍ਹੇ ਵਿੱਚ ਗਰੀਬਾਂ, ਮਰੀਜ਼ਾਂ, ਲੋੜਵੰਦਾਂ ਅਤੇ ਦਿਵਿਆਂਗਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਬਾਰੇ ਦੱਸਿਆ ਅਤੇ ਸੰਸਥਾ ਨਾਲ ਜੁੜ ਕੇ ਮਾਨਵਤਾ ਦੀ ਸੇਵਾ ਕਰਨ ਦੀ ਅਪੀਲ ਕੀਤੀ। ਹੋਰ ਜਾਣਕਾਰੀ ਅਤੇ ਟ੍ਰੇਨਿੰਗ ਲਈ ਸੰਦੀਪ ਸਿੰਘ, ਟ੍ਰੇਨਿੰਗ ਇੰਚਾਰਜ ਨਾਲ 9888786039 'ਤੇ ਸੰਪਰਕ ਕੀਤਾ ਜਾ ਸਕਦਾ ਹੈ।



# ਸਾਲਾਨਾ ਛਬੀਲ ਤੇ ਲੰਗਰ 18 ਤੋਂ

**ਨਕੋਦਰ (ਮਨਜੀਤ ਮਾਨ)**- ਲੋਕ ਭਲਾਈ ਸਭਾ (ਰਜਿ.) ਨਕੋਦਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਡੇਰਾ ਅੱਲਮਸਤ ਬਾਪੂ ਲਾਲ ਬਾਦਸ਼ਾਹ ਜੀ ਦੇ ਦਰਬਾਰ ਵਿਖੇ ਸਲਾਨਾ ਛਬੀਲ ਅਤੇ ਅਤੁੱਟ ਲੰਗਰ ਲਗਾਇਆ ਜਾਵੇਗਾ। ਇਹ ਸੇਵਾ ਸਭਾ ਵੱਲੋਂ ਦਰਬਾਰ 'ਤੇ ਨਤਮਸਤਕ ਹੋਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਹਰ ਸਾਲ ਸ਼ਰਧਾ ਭਾਵਨਾ ਨਾਲ ਲਗਾਈ ਜਾਂਦੀ ਹੈ। ਇਹ ਸਾਲਾਨਾ ਲੰਗਰ ਅਤੇ ਛਬੀਲ ਦੀ ਸੇਵਾ 18, 19 ਅਤੇ 20 ਜੁਲਾਈ ਨੂੰ ਲਗਾਤਾਰ ਤਿੰਨ ਦਿਨਾਂ ਤੱਕ ਨਿਰੰਤਰ ਜਾਰੀ ਰਹੇਗੀ। ਮੇਲੇ ਦੌਰਾਨ ਦੇਸ਼-ਵਿਦੇਸ਼ ਤੋਂ ਪਹੁੰਚਣ ਵਾਲੇ ਲੱਖਾਂ ਸ਼ਰਧਾਲੂਆਂ ਲਈ ਸਭਾ ਦੇ ਸੇਵਾਦਾਰ ਦਿਨ-ਰਾਤ ਹਾਜ਼ਰ ਰਹਿ ਕੇ ਸੇਵਾ ਨਿਭਾਉਣਗੇ।ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਸੰਗਤਾਂ ਲਈ ਠੰਢੇ-ਮਿੱਠੇ ਜਲ ਦੀ ਛਬੀਲ ਵਿਸ਼ੇਸ਼ ਤੌਰ 'ਤੇ ਲਗਾਈ ਜਾਵੇਗੀ। ਇਸ ਦੇ ਨਾਲ ਹੀ ਤਿੰਨੇ ਦਿਨ ਸੰਗਤਾਂ ਲਈ ਵੱਖ-ਵੱਖ ਤਰ੍ਹਾਂ ਦੇ ਸਾਫ਼-ਸੁਥਰੇ ਅਤੇ ਸਵਾਦਿਸ਼ਟ ਲੰਗਰਾਂ ਦਾ ਅਤੁੱਟ ਪ੍ਰਬੰਧ ਕੀਤਾ ਜਾ ਰਿਹਾ ਹੈ। ਲੋਕ ਭਲਾਈ ਸਭਾ ਦੇ ਮੁੱਖ ਪ੍ਰਬੰਧਕਾਂ ਵੱਲੋਂ ਸਮੂਹ ਇਲਾਕਾ ਨਿਵਾਸੀਆਂ, ਪਤਵੰਤੇ ਸੱਜਣਾਂ ਅਤੇ ਸੇਵਾਦਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਹਨਾਂ ਤਿੰਨਾਂ ਦਿਨਾਂ ਦੌਰਾਨ ਡੇਰਾ ਸਾਹਿਬ ਵਿਖੇ ਪਹੁੰਚ ਕੇ ਤਨ, ਮਨ ਅਤੇ ਧਨ ਨਾਲ ਇਸ ਮਹਾਨ ਸੇਵਾ ਕਾਰਜ ਵਿੱਚ ਆਪਣਾ ਯੋਗਦਾਨ ਪਾਉਣ ਤੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ।

# ਹੈਰੋਇਨ ਸਮੇਤ ਇੱਕ ਕਾਬੂ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਨਸ਼ਿਆਂ ਦੇ ਖ਼ਿਲਾਫ਼ ਵਿੱਢੀ ਗਈ ਵਿਸ਼ੇਸ਼ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਬਲਾਚੌਰ ਪੁਲਿਸ ਨੂੰ ਉਸ ਸਮੇਂ ਵੱਡੀ ਸਫ਼ਲਤਾ ਮਿਲੀ ਜਦੋਂ ਗਸ਼ਤ



ਦੌਰਾਨ ਇੱਕ ਨੌਜਵਾਨ ਨੂੰ 25 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ।ਇਹ ਕਾਰਵਾਈ ਤੁਸ਼ਾਰ ਗੁਪਤਾ , ਸੀਨੀਅਰ ਕਪਤਾਨ ਪੁਲਿਸ , ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੇ ਹੇਮੰਤ ਮਲਹੋਤਰਾ ਉਪ ਕਪਤਾਨ ਪੁਲਿਸ ਸਬ-ਡਵੀਜ਼ਨ ਬਲਾਚੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਮਲ ਵਿੱਚ ਲਿਆਂਦੀ ਗਈ। ?ਥਾਣਾ ਬਲਾਚੌਰ ਦੇ ਮੁੱਖ ਅਫ਼ਸਰ ਸਬ-ਇੰਸਪੈਕਟਰ ਬਿਕਰਮ ਸਿੰਘ ਦੀ ਯੋਗ ਅਗਵਾਈ ਹੇਠ, ਏ ਐੱਸ ਆਈ ਲਖਵੀਰ ਚੰਦ ਸਮੇਤ ਪੁਲਿਸ ਪਾਰਟੀ ਗਸ਼ਤ ਅਤੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੇ ਸੰਬੰਧ ਵਿੱਚ ਪਿੰਡ ਮਹਿਤਪੁਰ ਭੱਠੇ ਕੋਲ ਮੌਜੂਦ ਸੀ।ਪੁਲਸ ਮੁਲਾਜ਼ਮਾਂ ਦੀ ਮਦਦ ਨਾਲ ਉਸ ਨੂੰ ਕਾਬੂ ਕਰਕੇ ਜਦੋਂ ਨਾਂਅ-ਪਤਾ ਪੁੱਛਿਆ ਗਿਆ, ਤਾਂ ਉਸ ਨੇ ਆਪਣੀ ਪਛਾਣ ਜਸਕਰਨ ਸਿੰਘ ਵਾਸੀ ਖਰੋੜ ਥਾਣਾ ਪੋਜੇਵਾਲ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਜੋਂ ਦੱਸੀ। ?ਤਲਾਸ਼ੀ ਦੌਰਾਨ ਮੁਲਜ਼ਮ ਕੋਲੋਂ ਇੱਕ ਪਲਾਸਟਿਕ ਲਿਫ਼ਾਫ਼ੇ ਵਿੱਚੋਂ 25 ਗ੍ਰਾਮ ਹੈਰੋਇਨ ਬਰਾਮਦ ਹੋਈ।

ਬਲਾਚੌਰ ਪੁਲਿਸ ਵੱਲੋਂ ਮੁਲਜ਼ਮ ਖ਼ਿਲਾਫ਼ ਥਾਣਾ ਬਲਾਚੌਰ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਅਧਿਕਾਰੀਆਂ ਮੁਤਾਬਕ ਮੁਲਜ਼ਮ ਦਾ ਪੁਲਸ ਰਿਮਾਂਡ ਹਾਸਲ ਕਰਕੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਨਸ਼ੇ ਦੀ ਸਪਲਾਈ ਚੇਨ ਦਾ ਪਤਾ ਲਗਾਇਆ ਜਾ ਸਕੇ।

# ਬਾਰਾਪੁਰ 'ਚ ਸਾਫ਼ ਦੁੱਧ ਉਤਪਾਦਨ ਲਈ ਸਿਖਲਾਈ ਕੈਂਪ

**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)**- ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ ਬਾਹੋਵਾਲ ਹੁਸ਼ਿਆਰਪੁਰ ਵੱਲੋਂ ਗੜ੍ਹਸ਼ੰਕਰ ਬਲਾਕ ਦੇ ਪਿੰਡ ਬਾਰਾਪੁਰ ਵਿਖੇ ਸਾਫ਼ ਦੁੱਧ ਉਤਪਾਦਨ 'ਤੇ ਇੱਕ ਰੋਜ਼ਾ ਸਿਖਲਾਈ ਕੈਂਪ ਲਗਾਇਆ ਗਿਆ। ਇਸ ਪ੍ਰੋਗਰਾਮ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਦੇ




ਸਹਿਯੋਗੀ ਪ੍ਰੋਫੈਸਰ (ਪਸ਼ੂ ਵਿਗਿਆਨ) ਡਾ. ਪਰਮਿੰਦਰ ਸਿੰਘ ਦੁਆਰਾ ਸਾਫ਼ ਦੁੱਧ ਉਤਪਾਦਨ ਬਾਬਤ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਪਸ਼ੂ ਪਾਲਣ ਦੇ ਵੱਖ-ਵੱਖ ਪਹਿਲੂਆਂ ਜਿਵੇਂ ਮੌਸਮੀ ਪ੍ਰਬੰਧਨ, ਖ਼ੁਰਾਕ ਅਤੇ ਗਰਮੀ ਅਤੇ ਬਰਸਾਤ ਦੇ ਮੌਸਮ ਦੌਰਾਨ ਚਿੱਚੜਾਂ ਤੋਂ ਬਚਾਅ ਬਾਰੇ ਵੀ ਕਿਸਾਨਾਂ ਨਾਲ ਗੱਲਬਾਤ ਕੀਤੀ। ਸਹਾਇਕ ਪ੍ਰੋਫੈਸਰ (ਖੇਤੀਬਾੜੀ ਇੰਜੀਨੀਅਰਿੰਗ) ਡਾ. ਅਜੈਬ ਸਿੰਘ ਨੇ ਪਸ਼ੂ ਪਾਲਣ ਤੋਂ ਵਧੇਰੇ ਮੁਨਾਫੇ ਲਈ ਦੁੱਧ ਦੀ ਪ੍ਰੋਸੈਸਿੰਗ ਰਾਹੀਂ ਹੋਰ ਉਤਪਾਦ ਜਿਵੇਂ ਦਹੀਂ, ਪਨੀਰ, ਲੱਸੀ, ਮੱਖਣ ਤੇ ਘਿਉ ਬਣਾਉਣ ਬਾਰੇ ਚਾਨਣਾ ਪਾਇਆ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਦੁਆਰਾ ਪ੍ਰਦਾਨ ਕੀਤੀਆਂ ਜਾਂਦੀਆਂ ਕਿਸਾਨ ਭਲਾਈ ਸੇਵਾਵਾਂ ਬਾਰੇ ਵੀ ਜਾਣੂੰ ਕਰਵਾਇਆ। ਕੇਂਦਰ ਦੇ ਮਾਹਰਾਂ ਨੇ ਪਿੰਡ ਬਾਰਾਪੁਰ ਵਿਖੇ ਅਜੈ ਕੁਮਾਰ ਅਤੇ ਮੱਖਣ ਸਿੰਘ ਦੇ ਡੇਅਰੀ ਫਾਰਮ ਦਾ ਵੀ ਦੌਰਾ ਕੀਤਾ।

# ਸੁਮਿਤ ਗੁਪਤਾ ਨਵ ਦੁਰਗਾ ਚਿੰਤਪੁਰਨੀ ਲੰਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਨਿਯੁਕਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਾਤਾ ਚਿੰਤਪੁਰਨੀ ਜੀ ਦੇ ਦਰਬਾਰ ਵਿੱਚ ਲੱਗਣ ਵਾਲੇ ਸਾਵਨ ਮਹੀਨੇ ਦੇ ਮੇਲਿਆਂ ਵਿੱਚ ਮਾਤਾ ਜੀ ਦੇ ਦਰਸ਼ਨਾਂ ਲਈ ਪੈਦਲ ਅਤੇ ਵਾਹਨਾਂ ਰਾਹੀਂ ਜਾਣ ਵਾਲੇ ਸ਼ਰਧਾਲੂਆਂ ਦੇ ਖਾਣ ਪੀਣ ਦੇ ਲੰਗਰ ਲਗਾਉਣ ਸਬੰਧੀ



ਵਿਚਾਰ ਵਟਾਂਦਰਾ ਕਰਨ ਅਤੇ ਕਲੱਬ ਦੇ ਨਵੇਂ ਪ੍ਰਧਾਨ ਦੀ ਚੋਣ ਸੰਬੰਧੀ ਸ਼੍ਰੀ ਨਵ ਦੁਰਗਾ ਚਿੰਤਪੁਰਨੀ ਲੰਗਰ ਸੇਵਾ ਸੋਸਾਇਟੀ (ਰਜਿ.) ਹੁਸ਼ਿਆਰਪੁਰ ਦੇ ਸਰਪ੍ਰਸਤ ਮਿੱਕੀ ਪੰਡਿਤ ਦੀ ਦੇਖ-ਰੇਖ ਅਤੇ ਚੀਨੂੰ ਪੰਡਿਤ, ਸ਼ਿਵਮ ਵੈਦ ਤੇ ਵਿਕਾਸ ਜਸਰਾ ਦੀ ਅਗਵਾਈ ਵਿੱਚ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਵੈ ਸੇਵੀ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਸ਼ਿਵ ਸੈਨਾ ਪੰਜਾਬ ਦੇ ਵਰਕਰਾਂ ਨੇ ਭਾਗ ਲਿਆ। ਮੀਟਿੰਗ ਚ ਸ਼ਾਮਿਲ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਅਵਾਧਸ ਪੰਜਾਬ ਦੇ ਸੀਨੀਅਰ ਚੇਅਰਮੈਨ ਗਗਨ ਭੱਟੀ, ਇਕ ਹਾਥ ਸੇਵਾ ਕੇ ਨਾਮ ਸੋਸਾਇਟੀ ਦੇ ਸਰਪ੍ਰਸਤ ਸੁਮਿਤ ਗੁਪਤਾ, ਗਗਨ ਪਰੋਜ, ਹਰਜੀਤ ਸਿੰਘ ਬਘੇਲ ਜਿੰਦਰ ਬਨਿਆਲ, ਸ਼ੁਭਮ ਮਲਹੋਤਰਾ, ਗੁਰਮੀਤ ਅਰੋੜਾ, ਗਿੰਦਾ ਪਰੋਜ, ਕਰਨ ਕਪੂਰ, ਗੌਰਵ ਟਾਂਡਾ, ਜੋਬਨ, ਆਕਾਸ਼ ਰਾਣਾ, ਗੋਰਵ ਕੁਮਾਰ, ਰਵੀ ਕੁਮਾਰ, ਡਿੰਕੀ ਟਾਂਡਾ, ਸ਼ੁਭਮ ਮੱਟੂ, ਸੋਨੂੰ ਕੁਮਾਰ, ਵਿਸ਼ਾਲ ਕੁਮਾਰ, ਸੂਰਜ ਕੁਮਾਰ, ਸੰਜੂ, ਦੀਪਕ ਵਰਮਾ, ਆਸ਼ੂ, ਗੁਰਮੀਤ ਸਿੰਘ, ਸਨਮ ਨੈਨੋਵਾਲ, ਹਰਮਨ, ਗਗਨ ਰੜਾ ਅਤੇ ਲਾਡੀ ਤੋਂ ਇਲਾਵਾ ਸੋਸਾਇਟੀ ਦੇ ਹੋਰ ਮੈਂਬਰਾਂ ਨੇ ਸਰਬ ਸੰਮਤੀ ਨਾਲ ਸੁਮਿਤ ਗੁਪਤਾ ਨੂੰ ਸ੍ਰੀ ਨਵ ਦੁਰਗਾ ਚਿੰਤਪੁਰਨੀ ਲੰਗਰ ਸੇਵਾ ਸੋਸਾਇਟੀ ਦਾ ਪ੍ਰਧਾਨ ਅਤੇ ਗਗਨ ਭੱਟੀ ਨੂੰ ਵਾਈਸ ਪ੍ਰਧਾਨ ਨਿਯੁਕਤ ਕੀਤਾ।ਨਵ ਨਿਯੁਕਤ ਪ੍ਰਧਾਨ ਸੁਮਿਤ ਗੁਪਤਾ ਨੇ ਕਿਹਾ ਕਿ ਸ੍ਰੀ ਨਵ ਦੁਰਗਾ ਚਿੰਤਪੁਰਨੀ ਲੰਗਰ ਸੇਵਾ ਸੋਸਾਇਟੀ ਰਜਿਸਟਰ ਹੁਸ਼ਿਆਰਪੁਰ ਦੀ ਜਿਹੜੀ ਜਿੰਮੇਦਾਰੀ ਮੈਨੂੰ ਸੌਂਪੀ ਗਈ ਹੈ ਮੈਂ ਉਸ ਜਿੰਮੇਦਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਵਾਂਗਾ।

# ਸਿਗਲੀਕਰ ਬਰਾਦਰੀ ਨਾਲ ਸੰਬੰਧਤ 26 ਪਰਵਾਰ 'ਆਪ' 'ਚ ਸ਼ਾਮਲ

**ਮੋਹਾਲੀ (ਗੁਰਜੀਤ ਬਿੱਲਾ)**- ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੋਂ ਖ਼ੁਸ਼ ਹੋ ਕੇ ਵੱਡੀ ਗਿਣਤੀ ਦੇ ਵਿੱਚ ਪੰਜਾਬ ਭਰ ਦੇ ਵਿੱਚੋਂ ਵੱਖ-ਵੱਖ ਭਾਈਚਾਰੇ ਅਤੇ ਵਰਗ ਨਾਲ ਸੰਬੰਧਿਤ ਲੋਕਾਂ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਅਹਿਮ ਨੇਤਾ ਵੀ ਆਮ ਆਦਮੀ ਪਾਰਟੀ ਦੇ ਵਿੱਚ ਸ਼ਾਮਿਲ ਹੋ ਰਹੇ ਹਨ ਅਤੇ ਆਮ ਆਦਮੀ ਪਾਰਟੀ ਦੇ ਪਰਿਵਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ. ਸੈਕਟਰ -79 ਵਿਖੇ ਸਥਿਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਹੀ. ਵਿਧਾਇਕ ਕੁਲਵੰਤ ਸਿੰਘ ਪ੍ਰਤਾਪ ਸਿੰਘ -ਜੁਝਾਰ ਨਗਰ ਅਤੇ ਮੋਹਾਲੀ ਕਾਰਪੋਰੇਸ਼ਨ ਦੇ ਸੀਨੀਅਰ ਡਿਪਟੀ ਮੇਅਰ -ਰਜਿੰਦਰ ਪ੍ਰਸਾਦ ਸ਼ਰਮਾ ਦੀ ਅਗਵਾਈ ਹੇਠ ਸਿਗਲੀਗਰ ਬਰਾਦਰੀ ਨਾਲ ਸੰਬੰਧਿਤ 26 ਪਰਵਾਰਾਂ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਨ ਦੌਰਾਨ ਰੱਖੇ ਗਏ ਇੱਕ ਸੰਖੇਪ ਪਰੰਤੂ ਪ੍ਰਭਾਵਸ਼ਾਲੀ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਿਗਲੀਗਰ ਬਿਰਾਦਰੀ ਨਾਲ ਸੰਬੰਧਿਤ ਜੋ -ਜੋ ਵੀ ਇਹਨਾਂ ਦੀਆਂ ਲੋੜਾਂ ਅਤੇ ਸਮੱਸਿਆਵਾਂ ਹਨ , ਉਹਨਾਂ ਨੂੰ ਸਮਾਂ ਰਹਿੰਦਿਆਂ ਹੱਲ ਕੀਤਾ ਜਾਵੇਗਾ। ਇਸ ਮੌਕੇ ਤੇ ਪ੍ਰਤਾਪ ਸਿੰਘ ਜੁਝਾਰ ਨਗਰ, ਰਜਿੰਦਰ ਪ੍ਰਸਾਦ ਸ਼ਰਮਾ-ਸੀਨੀਅਰ ਡਿਪਟੀ ਮੇਅਰ ਮੋਹਾਲੀ ਕਾਰਪੋਰੇਸ਼ਨ, ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ -ਕੁਲਦੀਪ ਸਿੰਘ ਸਮਾਣਾ, ਰਾਜਕੁਮਾਰੀ, ਬਬਲੂ ,ਮਹਾ ਸਿੰਘ- ਜੁਝਾਰ ਨਗਰ, ਭਜਨ ਸਿੰਘ, ਬਖਤਾਵਰ ਸਿੰਘ, ਗੁਰਦੀਪ ਸਿੰਘ, ਸਰੂਪ ਸਿੰਘ, ਭਗਵਾਨ ਸਿੰਘ, ਅਜੈ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਮੁਹਤਰਮ ਵਿਅਕਤੀ ਵੀ ਮੌਜੂਦ ਰਹੇ।

# ਬਲਜਿੰਦਰ ਲੰਗੇਰੀ ਵੱਲੋਂ ਲਾਇਬ੍ਰੇਰੀ ਲਈ 5000 ਦੀਆਂ ਕਿਤਾਬਾਂ ਭੇਟ

**ਬੰਗਾ (ਅਵਤਾਰ ਕਲੇਰ)**- ਬਹੁਤ ਵੱਡਾ ਉਪਰਾਲਾ ਐੱਨ ਆਰ ਆਈ ਬਲਜਿੰਦਰ ਲੰਗੇਰੀ ਵੱਲੋਂ ਡਾ. ਬੀ ਆਰ ਅੰਬੇਡਕਰ ਸਪੋਰਟਸ ਅਤੇ ਵੈੱਲਫੇਅਰ ਕਲੱਬ



ਲੰਗੇਰੀ ਨੂੰ ਲਾਇਬ੍ਰੇਰੀ ਲਈ 5000 ਦੀਆਂ ਕਿਤਾਬਾਂ ਦਿੱਤੀਆਂ ਜਿਸ ਵਿੱਚ ਬਾਬਾ ਸਾਹਿਬ ਅੰਬੇਡਕਰ ਜੀਵਨੀ,ਗੁਰੂ ਰਵਿਦਾਸ ਜੀ ਦੇ ਜੀਵਨ, ਕਹਾਣੀਆਂ, ਮਹਾਨ ਖੋਜਕਾਰਾਂ ਦੀਆ ਜੀਵਨੀਆਂ, ਬੱਚਿਆ ਲਈ ਬਾਲ ਕਹਾਣੀਆਂ ਵਰਗੀਆਂ ਕਿਤਾਬਾਂ ਸ਼ਾਮਲ ਹਨ। ਇਸ ਦੇ ਨਾਲ ਹੀ ਛੋਟੀਆਂ-ਛੋਟੀਆਂ ਫਲੇਕਸ ਜਿਹਨਾ ਉਪਰ ਕਿਤਾਬਾਂ ਵਿੱਚੋਂ ਵਧੀਆ ਵਿਚਾਰ ਲੈ ਕੇ ਬਣਾਇਆ ਗਇਆ ਇਸ ਨੂੰ ਸ੍ਰੀ ਗੁਰੂ ਰਵਿਦਾਸ ਗੁਰੂਦਵਾਰਾ ਵਿਖੇ ਬਾਹਰ ਲਗਾਇਆ ਗਿਆ ਤਾਂ ਕੇ ਹਰ ਕੋਈ ਇਨਸਾਨ ਪੜ੍ਹ ਸਕੇ । ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਵਿਖੇ ਵੀ ਲਾਇਬ੍ਰੇਰੀ ਸਥਾਪਿਤ ਕੀਤੀ ਗਈ।ਇਸ ਦੇ ਨਾਲ ਹੀ ਗੁਰੂ ਘਰ ਵਿਖੇ ਆਉਣ ਵਾਲੀ ਸੰਗਤ ਵੀ ਕਿਤਾਬਾਂ ਪੜ੍ਹ ਸਕੇਗੀ ਨਾਲ ਹੀ ਕੋਈ ਵੀ ਸਾਥੀ ਕਿਤਾਬ ਘਰ ਲਿਜਾ ਕੇ ਵੀ ਪੜ੍ਹ ਸਕਦਾ ਹੈ। ਇਸ ਵਿੱਚ ਸੁਖਵਿੰਦਰ ਲੰਗੇਰੀ ਵਲੋਂ ਪੂਰਾ ਸਹਿਯੋਗ ਦਿੱਤਾ ਗਿਆ। ਕਿਤਾਬਾਂ ਦੀ ਚੋਣ ਵਿੱਚ ਅਹਿਮ ਰੋਲ ਅਦਾ ਕੀਤਾ । ਸਮੁੱਚੀ ਪੰਚਾਇਤ ਅਤੇ ਕਮੇਟੀ ਵੱਲੋਂ ਬਲਜਿੰਦਰ ਲੰਗੇਰੀ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਰਪੰਚ ਅਮਨਦੀਪ ਸਿੰਘ, ਕਵੀ ਸ਼ਿੰਗਰਾ ਲੰਗੇਰੀ, ਪ੍ਰਧਾਨ ਗੁਰਦਿਆਲ ਸਿੰਘ, ਕਮੇਟੀ ਮੈਂਬਰ ਹਰਮੇਸ਼ ਕੁਮਾਰ, ਦਿਲਸ਼ਾਨ ਕੁਮਾਰ, ਅਰਮਾਨ ਹੀਰ ਆਦਿ ਮੌਜੂਦ ਸਨ।

# ਡਿਪਟੀ ਸਪੀਕਰ ਨੇ 22 ਲੱਖ ਨਾਲ ਕੀਤਾ ਖੇਡ ਮੈਦਾਨ ਦਾ ਨਵੀਨੀਕਰਨ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਫਤਿਹਪੁਰ ਕਲਾਂ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨਾਲ ਰੂਬਰੂ ਹੋ ਕੇ



ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸੰਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਪਿੰਡ ਦੇ ਸਰਵਪੱਖੀ ਵਿਕਾਸ ਲਈ ਕਈ ਅਹਿਮ ਐਲਾਨ ਕਰਦਿਆਂ 22 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ। ਇਸ ਦੇ ਨਾਲ ਹੀ ਪਿੰਡ ਦੇ ਬਾਕੀ ਰਹਿੰਦੇ ਵਿਕਾਸ ਕਾਰਜਾਂ ਨੂੰ ਮੁਕੰਮਲ ਕਰਨ ਲਈ 10 ਲੱਖ ਰੁਪਏ ਦੀ ਵਾਧੂ ਗ੍ਰਾਂਟ ਦੇਣ ਦਾ ਵੀ ਐਲਾਨ ਕੀਤਾ। ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ। ਸੂਬੇ ਦੇ ਹਰ ਪਿੰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਆਪਣੇ ਪਿੰਡਾਂ ਵਿੱਚ ਹੀ ਵਧੀਆ ਜੀਵਨ ਸਹੂਲਤਾਂ ਮਿਲ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਦੀ ਸੋਚ ਸਿਰਫ਼ ਐਲਾਨ ਕਰਨ ਦੀ ਨਹੀਂ, ਸਗੋਂ ਹਰ ਐਲਾਨ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਦੀ ਹੈ। 22 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਖੇਡ ਮੈਦਾਨ ਪਿੰਡ ਦੇ ਨੌਜਵਾਨਾਂ ਲਈ ਵਰਦਾਨ ਸਾਬਤ ਹੋਵੇਗਾ ਅਤੇ ਉਨ੍ਹਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਲਈ ਉਚਿਤ ਮਾਹੌਲ ਮਿਲੇਗਾ।ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤ ਮੈਂਬਰ, ਸਮਾਜ ਸੇਵੀ, ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਸਨਮਾਨ ਸਮਾਰੋਹ ਤੇ ਸੱਭਿਆਚਾਰਕ ਪ੍ਰੋਗਰਾਮ 26 ਨੂੰ

**ਚੰਡੀਗੜ੍ਹ (ਸੁਰਜੀਤ ਸੁਮਨ)**- ਸ਼ਿਵਾਲਿਕ ਵੈਲਫੇਅਰ, ਸਪੋਰਟਸ ਅਤੇ ਕਲਚਰਲ ਸੋਸਾਇਟੀ (ਰਜਿ.) ਵੱਲੋਂ ਮੋਹਾਲੀ ਦੇ ਪੈਰਾਗਾਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਸਨਮਾਨ ਸਮਾਰੋਹ ਅਤੇ ਸਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਚਰਚਿਤ ਕਲਾਕਾਰਾਂ ਵੱਲੋਂ ਆਪਣੇ ਫਨ ਦਾ ਮੁਜ਼ਾਹਰ ਕੀਤਾ ਜਾਵੇਗਾ। ਇਸ



ਸੰਬੰਧੀ ਸੋਸਾਇਟੀ ਦੇ ਪ੍ਰਧਾਨ ਅਵਤਾਰ ਸਿੰਘ ਰੰਗਰਾ, ਡੀ ਐੱਫ ਐੱਸ ਓ (ਰਿਟਾ.) ਨੇ ਕਿਹਾ ਕਿ 26 ਜੁਲਾਈ ਨੂੰ ਸੋਸਾਇਟੀ ਵੱਲੋਂ ਇੱਕ ਵਿਸ਼ਾਲ ਸਭਿਆਚਾਰਕ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਨੌਜਵਾਨ ਪੀੜ੍ਹੀ ਨੂੰ ਉਤਸ਼ਾਹਿਤ ਕਰਦਿਆਂ ਨਸ਼ਿਆਂ ਤੋਂ ਦੂਰ ਰਹਿਣ ਵੱਲ ਪ੍ਰੇਰਿਤ ਕਰਨ ਦੇ ਮਕਸਦ ਨਾਲ ਖੇਡਾਂ ਅਤੇ ਵਿੱਦਿਆ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦੇ ਨਾਲ ਨਾਲ ਉੱਘੇ ਸਮਾਜ ਸੇਵੀਆਂ, ਲੋਕ ਗਾਇਕਾਂ, ਫਿਲਮੀ ਹਸਤੀਆਂ ਅਤੇ ਉੱਘੇ ਖਿਡਾਰੀਆਂ ਦਾ ਸਨਮਾਨ ਕੀਤਾ ਜਾਵੇਗਾ।

# ਚਾਹ-ਪਕੌੜਿਆਂ ਦਾ ਲੰਗਰ ਲਗਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕੰਧਾਲਾ ਜੱਟਾ ਵਿਖੇ ਡੇਰਾ ਬਾਬਾ ਨਰਾਇਣ ਦਾਸ ਦੇ ਦਰਬਾਰ ਤੇ ਗੱਦੀ ਨਸ਼ੀਨ ਬਾਬਾ ਹਰਭਜਨ ਦਾਸ ਦੀ ਰਹਿਨੁਮਾਈ ਹੇਠ ਬਲਵੀਰ ਸਿੰਘ ਪਰਵਾਰ ਵਲੋਂ ਦਰਬਾਰ ਤੇ ਪਰਵਾਰ ਤੇ ਸਰਬਤ ਭਲੇ ਦੀ ਅਰਦਾਸ ਕਰਨ ਉਪਰੰਤ ਚਾਹ ਪਕੌੜਿਆ ਅਤੇ ਬੇਸਨ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਹਰਭਜਨ ਦਾਸ, ਬਲਵੀਰ ਸਿੰਘ, ਅਵਤਾਰ ਸਿੰਘ ਆਦਿ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



# ਭਾਈ ਲਾਲੋ ਲੋਕ ਮੰਚ ਦੀ ਸੂਬਾ ਕਮੇਟੀ ਦੀ ਮੀਟਿੰਗ 20 ਨੂੰ

**ਪੋਜੇਵਾਲ (ਰਾਮ ਲਾਲ)**- ਪੰਜਾਬ ਦੇ ਲੋਕਾਂ ਦੇ ਭਖਦੇ ਮੁੱਦਿਆਂ ਤੇ ਵਿਚਾਰ ਕਰਨ ਲਈ ਸੂਬਾ ਕਮੇਟੀ ਦੀ ਵਧਾਈ ਹੋਈ ਮੀਟਿੰਗ 20 ਜੁਲਾਈ ਨੂੰ ਲੁਧਿਆਣਾ ਵਿਖੇ ਹੋਵੇਗੀ ਜਿਸ ਦੀ ਅਗਵਾਈ



ਸਾਥੀ ਤਰਸੇਮ ਜੋਧਾਂ ਸਾਬਕਾ ਵਿਧਾਇਕ ਅਤੇ ਬਲਕੌਰ ਸਿੰਘ ਗਿੱਲ ਸੂਬਾ ਪ੍ਰਧਾਨ ਕਰਨਗੇ। ਇਹ ਜਾਣਕਾਰੀ ਸਾਥੀ ਕਰਨ ਸਿੰਘ ਰਾਣਾ ਮੀਤ ਪ੍ਰਧਾਨ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਪ੍ਰੈਸ ਨਾਲ ਸਾਂਝੀ ਕੀਤੀ। ਉਹਨਾਂ ਦੱਸਿਆ ਕਿ ਮੀਟਿੰਗ ਵਿੱਚ ਫੈਕਟਰੀਆਂ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਪ੍ਰਦੂਸ਼ਿਤ ਕਰਨ ਸਬੰਧੀ, ਮਨਰੇਗਾ ਕਾਨੂੰਨ ਦੀ ਬਹਾਲੀ ਲਈ, ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਵਾਉਣ ਲਈ, 29 ਲੇਬਰ ਕਾਨੂੰਨ ਬਹਾਲ ਕਰਵਾਉਣ ਲਈ, ਬੰਧੂਆ ਮਜ਼ਦੂਰੀ ਖਤਮ ਕਰਵਾਉਣ ਲਈ, ਲੈਂਡ ਪੋਲਿੰਗ ਸਕੀਮ ਰੱਦ ਕਰਵਾਉਣ ਲਈ, ਕਿਸਾਨਾਂ ਮਜ਼ਦੂਰਾਂ ਨੂੰ ਕਰਜ ਮੁਕਤ ਕਰਵਾਉਣ ਲਈ ਅਤੇ ਅਮਨ ਕਾਨੂੰਨ ਦੇ ਮਸਲਿਆਂ ਤੇ ਚਰਚਾ ਉਪਰੰਤ ਸੰਘਰਸ਼ਾਂ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਦੀ ਰਾਜਨੀਤਿਕ ਅਵਸਥਾ ਤੇ ਵੀ ਵਿਚਾਰ ਚਰਚਾ ਹੋਵੇਗੀ ਤਾਂ ਕਿ ਪੰਜਾਬ ਦੇ ਅਧਿਕਾਰਾਂ ਅਤੇ ਮੰਗਾਂ ਲਈ ਲੜਿਆ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਜਿਲੇ ਦੇ ਆਗੂ ਕਰਨੈਲ ਸਿੰਘ ਭੱਲਾ ਅਤੇ ਮਨੋਹਰ ਲਾਲ ਵੀ ਹਾਜ਼ਰ ਸਨ।

# ਕੰਗ ਨੇ 'ਲੋਕ ਮਿਲਣੀ' ਦੌਰਾਨ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਉਣ ਦੇ ਉਦੇਸ਼ ਨਾਲ ਨਵਾਂਸ਼ਹਿਰ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਸਪ੍ਰੀਤ ਸਿੰਘ ਰੌਬੀ ਕੰਗ ਵੱਲੋਂ ਪਿੰਡ ਦੌਲਤਪੁਰ ਵਿਖੇ 'ਲੋਕ ਮਿਲਣੀ' ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਆਪਣੀਆਂ ਸਮੱਸਿਆਵਾਂ ਅਤੇ ਮੰਗਾਂ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦੀਆਂ। 'ਲੋਕ ਮਿਲਣੀ' ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ। ਬਾਕੀ ਰਹਿੰਦੀਆਂ ਸਮੱਸਿਆਵਾਂ ਦੇ ਤੁਰੰਤ ਹੱਲ ਲਈ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ 'ਤੇ ਰੌਬੀ ਕੰਗ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਉਨ੍ਹਾਂ ਦੇ ਘਰ-ਦੁਆਰ 'ਤੇ ਸੁਣ ਕੇ ਉਨ੍ਹਾਂ ਦਾ ਸਮੇਂ ਸਿਰ ਅਤੇ ਪੱਕਾ ਹੱਲ ਕਰਨਾ ਹੈ। 'ਲੋਕ ਮਿਲਣੀ' ਵਰਗੇ ਉਪਰਾਲਿਆਂ ਰਾਹੀਂ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਪਰਕ ਸਥਾਪਤ ਹੋ ਰਿਹਾ ਹੈ, ਜਿਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਤੇਜ਼ੀ ਨਾਲ ਨਿਪਟਾਰਾ ਸੰਭਵ ਹੋ ਰਿਹਾ ਹੈ।

# ਵਧੇ ਹੋਏ ਪੈਸੇ ਨਾ ਦੇਣ ਕਰਕੇ ਨਗਰ ਨਿਗਮ ਅਧਿਕਾਰੀਆਂ ਵਿਰੁੱਧ ਪੈਨਸ਼ਨਰਾਂ ਵੱਲੋਂ ਧਰਨਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵਲੋਂ ਵਧੇ ਹੋਏ ਸਕੇਲਾਂ ਦੇ ਪੈਸੇ ਦੇਣ ਲਈ ਵੱਖ ਵੱਖ ਸਮੇਂ ਨਿਰਧਾਰਤ ਕੀਤੇ ਗਏ ਸਨ, ਉਸ ਵਿਚੋਂ ਇੱਕ ਸਮਾਂ ਜਿਨ੍ਹਾਂ ਨੂੰ ਪੈਸੇ ਮਿਲਣੇ ਹਨ ਅਪ੍ਰੈਲ ਵਿਚ ਸ਼ੁਰੂ ਹੋਣੇ ਸਨ, ਉਹ ਪੈਸੇ ਨਗਰ ਨਿਗਮ ਦੇ ਅਧਿਕਾਰੀਆਂ ਵਲੋਂ 4 ਮਹੀਨੇ ਬੀਤ ਜਾਣ ਦੇ ਬਾਵਜੂਦ ਪੈਸਿਆਂ ਦੀ ਇੱਕ ਕਿਸ਼ਤ ਵੀ ਨਹੀਂ ਦਿੱਤੀ ਗਈ, ਜਿਸ ਵਿਚ ਸੇਵਾ ਮੁਕਤ



2 ਕਰਮਚਾਰੀਆਂ ਨੇ ਅੱਜ ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਅੱਗੇ ਧਰਨਾ ਦਿੱਤਾ ਅਤੇ ਨਾਅਰੇਬਾਜੀ ਕੀਤੀ। ਕੋਈ ਵੀ ਅਫਸਰ ਮੌਕੇ 'ਤੇ ਨਾ ਹੋਣ ਕਰਕੇ ਲੇਖਾਕਾਰ ਵਲੋਂ ਯੂਨੀਅਨ ਨਾਲ ਇੱਕ ਅਗਸਤ ਨੂੰ ਪੈਸੇ ਦੇਣ ਦਾ ਵਾਅਦਾ ਕਰਕੇ ਸੇਵਾ ਮੁਕਤ ਕਰਮਚਾਰੀਆਂ ਨੂੰ ਹੜਤਾਲ ਤੋੜਨ ਲਈ ਕਿਹਾ ਗਿਆ। ਸੋ ਸੇਵਾ ਮੁਕਤ ਕਰਮਚਾਰੀਆਂ ਨੂੰ ਨਗਰ ਨਿਗਮ ਦੀਆਂ ਕਾਰਵਾਈਆਂ ਦਾ ਜ਼ਿਆਦਾ ਸਮਾਂ ਇਸ ਕਰਕੇ ਲੱਗ ਰਿਹਾ ਹੈ ਕਿ ਨਗਰ ਨਿਗਮ ਵਿਚ ਕੰਮ ਕਰਦੇ ਮੁਲਾਜ਼ਮਾਂ ਨੂੰ ਵਾਰ ਵਾਰ ਬਦਲਿਆ ਜਾਂਦਾ ਹੈ, ਜਿਸ ਕਰਕੇ ਕੰਮ ਵਿਚ ਦਿੱਕਤ ਪੈਦਾ ਹੋ ਰਹੀ ਹੈ। ਇਹ ਧਰਨਾ ਕੁਲਵੰਤ ਸਿੰਘ ਸੈਣੀ ਚੇਅਰਮੈਨ ਦੀ ਅਗਵਾਈ ਵਿਚ ਦਿੱਤਾ ਗਿਆ।ਇਸ ਧਰਨੇ ਵਿਚ ਲਾਲ ਸਿੰਘ ਪ੍ਰਧਾਨ, ਜੋਗਿੰਦਰ ਪਾਲ ਆਦੀਆ ਵਾਈਸ ਪ੍ਰਧਾਨ, ਦਰਸ਼ਨ ਲਾਲ, ਅਸ਼ੋਕ ਕੁਮਾਰ, ਰਾਮ ਕੁਮਾਰ, ਨਰੇਸ਼ ਕੁਮਾਰ ਡਰਾਈਵਰ, ਹਰੀਸ਼ ਕੁਮਾਰ ਜੇ.ਈ, ਸੰਜੀਵ ਕੁਮਾਰ, ਸੁਰਿੰਦਰ ਕੁਮਾਰ, ਸੈਨਟਰੀ ਇੰਸਪੈਕਟਰ, ਅਸ਼ਵਨੀ ਸ਼ਰਮਾ ਐਸ.ਡੀ.ਓ, ਵਿਨੋਦ ਕੁਮਾਰ ਐਸ.ਐਫ.ਓ. ਦਰਸ਼ਨ ਸਿੰਘ, ਰਮੇਸ਼ ਕੁਮਾਰ ਫਾਇਰਮੈਨ, ਸੰਜੀਵ ਕੁਮਾਰ ਸੈਨਟਰੀ ਇੰਸਪੈਕਟਰ, ਬਲਵਿੰਦਰ ਸਿੰਘ, ਸੁਰਜੀਤ ਸਿੰਘ, ਸੁਰਜੀਤ ਲਾਲ, ਨਛੱਤਰ ਲਾਲ, ਮੋਹਨ ਸਿੰਘ, ਨਰੇਸ਼ ਕੁਮਾਰ, ਵਿਜੇ ਕੁਮਾਰ, ਹਰਜਿੰਦਰ ਸਿੰਘ, ਸੀਤਾ ਰਾਮ, ਮਦਨ ਲਾਲ, ਸੰਸਾਰ ਸਿੰਘ, ਤਰਲੋਚਨ ਸਿੰਘ, ਮੰਗਤ ਰਾਮ, ਸੁਰਜੀਤ ਬਹਿਲ, ਸੁਰਿੰਦਰ ਕੁਮਾਰ, ਰਾਮ ਕੁਮਾਰ ਡਰਾਈਵਰ, ਅਸ਼ਵਨੀ ਸ਼ਰਮਾ ਜੇ.ਈ ਆਦਿ ਸ਼ਾਮਲ ਸਨ।

# ਸਕੂਲ ਦੀ ਨਵੀਂ ਐੱਸ ਐੱਮ ਸੀ ਦੀ ਸਰਬਸੰਮਤੀ ਨਾਲ ਚੋਣ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸੈਕਟਰ 37-ਡੀ, ਚੰਡੀਗੜ੍ਹ ਵਿਖੇ ਨਵੀਂ ਐੱਸ ਐੱਮ ਸੀ ਦੇ ਗਠਨ ਲਈ ਆਸ਼ਾ ਰਾਣੀ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ, ਜਿਸ ਵਿੱਚ ਬਹੁਤ ਸਾਰੇ ਅਧਿਆਪਕ, ਬੁੱਧੀਜੀਵੀ ਤੇ ਬੱਚਿਆਂ ਦੇ ਮਾਪੇ ਵੀ ਹਾਜ਼ਰ ਸਨ। ਮੈਡਮ ਮੋਨਿਕਾ ਨੇ ਨਵੀਂ ਕਮੇਟੀ ਦੀ ਚੋਣ ਲਈ ਸਿੱਖਿਆ ਵਿਭਾਗ, ਚੰਡੀਗੜ੍ਹ ਵੱਲੋਂ ਦਿੱਤੀਆਂ ਹਦਾਇਤਾਂ ਹਾਜ਼ਰੀਨ ਨੂੰ ਵਿਸਥਾਰ-ਪੂਰਵਕ ਦੱਸੀਆਂ।ਉਨ੍ਹਾਂ ਨਵੀਂ ਕਮੇਟੀ ਦੀ ਚੋਣ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਸਕੂਲ ਅਧਿਆਪਕਾਂ ਦੀ ਗਿਣਤੀ ਉਨ੍ਹਾਂ 'ਤੇ ਨਿਰਭਰ ਕਰਦੀ ਹੈ। ਇਸ ਮੌਕੇ ਪ੍ਰਿੰਸੀਪਲ ਆਸ਼ਾ ਰਾਣੀ ਨੇ ਪਿਛਲੇ ਸਾਲ ਦੀ ਐੱਸ ਐੱਮ ਸੀ ਦੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ ਅਤੇ ਕਮੇਟੀ ਦੇ ਸਹਿਯੋਗ ਨਾਲ ਸ਼ੁਰੂ ਕੀਤੇ ਕਾਰਜਾਂ ਦਾ ਵੇਰਵਾ ਦਿੱਤਾ। ਇਸ ਮੌਕੇ ਨਵੀਂ ਐੱਸ.ਐੱਮ.ਸੀ. ਦੀ ਸਰਬ-ਸੰਮਤੀ ਨਾਲ ਚੋਣ ਕੀਤੀ ਗਈ, ਜਿਸ



ਵਿੱਚ ਕਈ ਖੇਤਰਾਂ ਦੇ ਨੁਮਾਇੰਦਿਆਂ ਨੂੰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਕੀਤਾ ਗਿਆ, ਜਿਨ੍ਹਾਂ ਵਿੱਚ ਪ੍ਰਿੰਸੀਪਲ ਆਸ਼ਾ ਰਾਣੀ ਨੂੰ ਮੈਂਬਰ ਸਕੱਤਰ, ਬਲਵਿੰਦਰ ਕੌਰ ਵਾਈਸ ਪ੍ਰਿੰਸੀਪਲ, ਪ੍ਰਿੰ. ਬਹਾਦਰ ਸਿੰਘ ਗੋਸਲ ਸਿੱਖਿਆ ਸ਼ਾਸਤਰੀ ਤੇ ਸਮਾਜ ਸੇਵੀ ਸ਼ਾਮਿਲ ਹਨ।

ਇਨ੍ਹਾਂ ਤੋਂ ਇਲਾਵਾ ਮੋਨਿਕਾ, ਸਵਰਨਾ ਸ਼ਰਮਾ, ਰਿੰਕੂ ਰਾਣੀ, ਅਨੀਤਾ ਸ਼ਰਮਾ, ਗੁਰਪ੍ਰੀਤ ਕੌਰ, ਸੁਨੀਲ ਕੁਮਾਰ, ਪ੍ਰੀਤੀ ਪਨਵਰ, ਅੰਜਲੀ ਰਾਣੀ, ਬਲਵਿੰਦਰ ਸਿੰਘ ਅਤੇ ਈਸ਼ਵਰ ਸਿੰਘ ਨੂੰ ਮੈਂਬਰ ਲਿਆ ਗਿਆ ਹੈ।

ਐੱਸ ਐੱਮ ਸੀ ਦੀ ਚੋਣ ਤੋਂ ਬਾਅਦ ਵਾਈਸ ਪ੍ਰਿੰਸੀਪਲ ਬਲਵਿੰਦਰ ਕੌਰ ਨੇ ਸਾਰੇ ਚੁਣੇ ਗਏ ਮੈਂਬਰਾਂ ਨੂੰ ਵਧਾਈ ਦਿੱਤੀ।

# ਖੇਤਾਂ 'ਚ ਭੇਦਭਰੀ ਹਾਲਤ 'ਚ ਨੌਜਵਾਨ ਦੀ ਲਾਸ਼ ਮਿਲੀ

**ਮਾਹਿਲਪੁਰ (ਸਫ਼ਰੀ)**- ਇਥੋਂ ਨਜਦੀਕ ਪਿੰਡ ਮੁਖੋਮਜਾਰਾ ਦੇ ਖੇਤਾਂ ਵਿਚੋਂ ਬੁੱਧਵਾਰ ਸਵੇਰੇ 9.00 ਵਜੇ ਦੇ ਕਰੀਬ ਬੰਬੇਲੀ ਦੇ ਇਕ ਭੇਦਭਰੀ ਹਾਲਤ ਵਿੱਚ ਨੌਜਵਾਨ ਦੀ ਲਾਸ਼ ਮਿਲੀ ਹੈ। ਮ੍ਰਿਤਕ ਦੇ ਨਜਦੀਕ ਦੀ ਸਰਿੰਜਾ ਇਕ ਪਾਣੀ ਦੀ ਬੋਤਲ ਅਤੇ ਇਕ ਲਾਇਟਰ ਪਿਆ ਹੋਇਆ ਸੀ। ਮ੍ਰਿਤਕ ਦੀ ਪਹਿਚਾਣ ਹਰਕਮਲ ਸਿੰਘ (26) ਪੁੱਤਰ ਹਰਭਜਨ ਸਿੰਘ ਨਿਵਾਸੀ ਬੰਬੇਲੀ ਦੇ ਤੌਰ ਤੇ ਹੋਈ। ਜਾਣਕਾਰੀ ਮੁਤਾਬਿਕ ਪਿੰਡ ਬੰਬੇਲੀ ਦੇ ਨੰਬਰਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ 9.30 ਵਜੇ ਦੇ ਕਰੀਬ ਸੂਚਨਾ ਮਿਲੀ ਕਿ ਪਿੰਡ ਦੇ ਬਾਹਰ ਮੁਖੋਮਜਾਰੇ ਦੇ ਖੇਤਾਂ ਵਿਚ ਪਿੰਡ ਦੇ ਹਰਕਮਲ ਸਿੰਘ ਪੁੱਤਰ ਹਰਭਜਨ ਸਿੰਘ ਦੀ ਲਾਸ਼ ਪਈ ਹੈ। ਉਨ੍ਹਾਂ ਦੱਸਿਆ ਕਿ ਜਦ ਉਨ੍ਹਾਂ ਮੌਕੇ 'ਤੇ ਜਾ ਕੇ ਦੇਖਿਆ ਤਾਂ ਹਰਕਮਲ ਸਿੰਘ ਦੀ ਮੌਤ ਹੋ ਚੁੱਕੀ ਸੀ ਅਤੇ ਲਾਸ਼ ਦੇ ਕੋਲ ਦੋ ਸਰਿੰਜਾਂ, ਇਕ ਪਾਣੀ ਦੀ ਬੋਤਲ ਅਤੇ ਇੱਕ ਲਾਇਟਰ ਪਿਆ ਹੋਇਆ ਸੀ। ਚੱਬੇਵਾਲ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਢੁਕਵੀਂ ਕਾਰਵਾਈ ਕਾਰਨ ਤੋਂ ਬਾਅਦ ਲਾਸ਼ ਨੂੰ ਵਾਰਿਸਾਂ ਦੇ ਹਵਾਲੇ ਕਰ ਦਿੱਤਾ।



# ਭਾਜਪਾ ਵੱਲੋਂ ਸਰਕਾਰੀ ਹਸਪਤਾਲ 'ਚ ਸਫਾਈ ਮੁਹਿੰਮ ਸ਼ੁਰੂ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਮੋਦੀ ਸਰਕਾਰ ਦੇ ਦਿਸ਼ਾ ਨਿਰਦੇਸ਼ ਅਧੀਨ ਭਾਰਤੀ ਜਨਤਾ ਪਾਰਟੀ ਮੰਡਲ ਟਾਂਡਾ ਵੱਲੋਂ ਸਰਕਾਰੀ ਹਸਪਤਾਲ ਟਾਂਡਾ ਵਿੱਚ ਸਫਾਈ



ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਪਲੈਨਿੰਗ ਬੋਰਡ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਤੇ ਭਾਜਪਾ ਸਟੇਟ ਕਾਰਜਕਾਰਨੀ ਦੇ ਮੈਂਬਰ ਜਵਾਹਰ ਲਾਲ ਖੁਰਾਣਾ ਦੀ ਅਗਵਾਈ ਕੀਤੇ ਗਏ ਸਫਾਈ ਅਭਿਆਨ ਦੌਰਾਨ ਸਮੂਹ ਭਾਜਪਾ ਵਰਕਰਾਂ ਨੇ ਹਸਪਤਾਲ ਵਿੱਚ ਸਫਾਈ ਕੀਤੀ। ਇਸ ਮੌਕੇ ਸਾਬਕਾ ਚੇਅਰਮੈਨ ਜਵਾਹਰ ਲਾਲ ਖੁਰਾਣਾ ਨੇ ਕਿਹਾ ਭਾਜਪਾ ਸਰਕਾਰ ਵੱਲੋਂ ਕੀਤਾ ਜਾ ਰਿਹਾ ਉਪਰਾਲਾ ਬਹੁਤ ਹੀ ਪ੍ਰਸ਼ੰਸਾਯੋਗ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਘਰ ਘਰ ਪਹੁੰਚਾਉਣ ਲਈ ਯੋਗ ਜਤਨ ਕੀਤੇ ਜਾਣਗੇ। ਇਸ ਮੌਕੇ ਜ਼ਿਲਾ ਵਾਈਸ ਪ੍ਰਧਾਨ ਵੀਨੂੰ ਪੰਡਿਤ, ਜੁਗਰਾਜ ਸਿੰਘ ਗੁਰੂ, ਰਾਜ ਕੁਮਾਰ, ਅਸ਼ੋਕ ਕੁਮਾਰ, ਹਰਭਜਨ ਸੈਣੀ, ਵਿਕੀ ਮਦਾਨ, ਪ੍ਰੇਮ ਕੁਮਾਰ,ਦੇਵ ਰਾਜ, ਪ੍ਰੀਤਮ ਸਿੰਘ ਆਦਿ ਵੀ ਹਾਜ਼ਰ ਸਨ।

# ਖੇੜੀ ਜੱਟਾਂ 'ਚ ਟਿਊਬਵੈੱਲ ਦੇ ਕੰਮ ਦਾ ਰੱਖਿਆ ਨੀਂਹ ਪੱਥਰ

**ਲਾਲੜੂ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਉਪਰਾਲਿਆਂ ਤਹਿਤ ਪਿੰਡ ਖੇੜੀ ਜੱਟਾਂ, ਬਲਾਕ ਡੇਰਾਬੱਸੀ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ 24.88 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਪੀਣ ਵਾਲੇ ਪਾਣੀ ਦੇ ਟਿਊਬਵੈੱਲ ਦੇ ਕੰਮ ਦਾ ਨੀਂਹ ਪੱਥਰ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵੱਲੋਂ ਰੱਖਿਆ ਗਿਆ।ਇਸ ਮੌਕੇ ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਘਰ ਤੱਕ ਸ਼ੁੱਧ ਪੀਣ ਵਾਲਾ ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ



ਪਹੁੰਚਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਟਿਊਬਵੈੱਲ ਦੇ ਚਾਲੂ ਹੋਣ ਨਾਲ ਪਿੰਡ ਵਾਸੀਆਂ ਨੂੰ ਨਿਰਵਿਘਨ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣੇਗੀ ਅਤੇ ਲੰਬੇ ਸਮੇਂ ਤੋਂ ਦਰਪੇਸ਼ ਸਮੱਸਿਆ ਦਾ ਸਥਾਈ ਹੱਲ ਹੋਵੇਗਾ।ਇਸ ਮੌਕੇ ਸਰਪੰਚ ਮਨਬੀਰ ਸਿੰਘ, ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਨੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਰੀਬ ਡੇਢ ਦਹਾਕੇ ਬਾਅਦ ਪਿੰਡ ਨੂੰ ਨਵਾਂ ਪੀਣ ਵਾਲੇ ਪਾਣੀ ਦਾ ਟਿਊਬਵੈੱਲ ਮਿਲਣ ਜਾ ਰਿਹਾ ਹੈ, ਜਿਸ ਨਾਲ ਪਿੰਡ ਦੇ ਵਸਨੀਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰਬਰ-3, ਐੱਸ.ਏ.ਐੱਸ. ਨਗਰ ਦੇ ਅਧਿਕਾਰੀ, ਬਲਾਕ ਪ੍ਰਧਾਨ ਤੇਜੀ, ਪੰਚਾਇਤ ਮੈਂਬਰ, ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਸੱਭਿਆਚਾਰਕ ਮੇਲੇ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਸੱਭਿਅਤਾ ਨਾਲ ਜੁੜਨ ਦੀ ਪ੍ਰੇਰਨਾ ਦਿੰਦੇ : ਚਰੜ, ਫੱਕਰ ਸ਼ਾਹ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ ਧੰਨ ਬਾਬਾ ਵੰਝਾਂ ਵਾਲੀ ਸਰਕਾਰ ਦੀ ਦਰਗਾਹ ਮਿਆਨੀ ਰੋਡ ਟਾਂਡਾ ਵਿਖੇ ਦਰਬਾਰ ਦੇ ਮੁੱਖ ਸੇਵਾਦਾਰ ਫੱਕਰ ਸ਼ਾਹ ਦੀ ਅਗਵਾਈ ਵਿੱਚ ਕਰਵਾਏ ਜਾ ਰਹੇ ਦੋ ਦਿਨਾਂ ਸੱਭਿਆਚਾਰ ਮੇਲੇ ਦੇ ਪਹਿਲੇ ਦਿਨ ਦਰਗਾਹ ਤੇ ਝੰਡਾ ਚੜਾਉਣ ਉਪਰੰਤ ਚਾਦਰ ਚੜਾਉਣ ਦੀ ਰਸਮ ਅਦਾ ਕੀਤੀ ਗਈ। ਸ਼ਾਮ 6 ਵਜੇ ਇਸ ਸਭਿਆਚਾਰ ਮੇਲੇ ਦੀ ਸ਼ੁਰੂਆਤ ਕੀਤੀ ਗਈ ਜਿਸ ਦਾ ਉਦਘਾਟਨ ਮੁੱਖ ਮਹਿਮਾਨ ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਨੇ ਕੀਤਾ। ਮੇਲੇ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਰਿਟਾਇਰਡ ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾਕਟਰ ਕੇਵਲ ਸਿੰਘ ਕਾਜਲ, ਭਾਜਪਾ ਪੰਜਾਬ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ, ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਅਖਿਲ ਵਾਲਮੀਕਿ ਧਰਮ ਸਮਾਜ ਪੰਜਾਬ ਦੇ ਸੀਨੀਅਰ ਚੇਅਰਮੈਨ ਗਗਨ ਭੱਟੀ, ਸ਼ਿਵ ਸੈਨਾ ਜਿਲਾ ਚੇਅਰਮੈਨ



ਵਿਕਾਸ ਜਸਰਾ, ਏਕ ਹਾਥ ਸੇਵਾ ਕੇ ਨਾਮ ਦੇ ਸਰਪ੍ਰਸਤ ਸੁਮਿਤ ਗੁਪਤਾ, ਸ਼ਿਵ ਸੈਨਾ ਬੇਟ ਏਰੀਆ ਦੇ ਪ੍ਰਧਾਨ ਅਤੇ ਯੁਵਾ ਜਲੰਧਰ ਇੰਚਾਰਜ ਗਗਨ ਪਰੋਜ, ਸਾਈਂ ਕੁਲਦੀਪ ਸ਼ਾਹ ਜੀ, ਬੀਜਾ, ਅਮਨ, ਦੀਪਕ ਕੁਮਾਰ, ਮਨੀਸ਼ ਕੁਮਾਰ, ਸਾਧੂ, ਕੁੰਦਾ, ਵਿਜੇ, ਰਾਜੂ, ਸੁੱਖਾ, ਮਾਥੂ ਰਾਜਵੀਰ, ਸੰਨੀ, ਸੰਜੀਵ, ਅਜੇ ਕੁੰਦਾ, ਬੱਗਾ ਅਤੇ ਸਨੀ ਠੇਕੇਦਾਰ ਤੋਂ ਇਲਾਵਾ ਹੋਰ ਵੱਖ-ਵੱਖ ਸੰਸਥਾਵਾਂ ਦੀਆਂ ਉੱਘੀਆਂ ਸ਼ਖਸੀਅਤਾਂ ਨੇ ਬਾਬਾ ਜੀ ਦੇ ਦਰਬਾਰ ਵਿੱਚ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਸੱਭਿਆਚਾਰਕ ਮੇਲੇ ਵਿੱਚ ਹਜਰਤ ਬਾਬਾ ਬਿੱਟੂ ਸ਼ਾਹ, ਮਾਤਾ ਦਲਬੀਰ ਕੌਰ, ਸਰਕਾਰ ਬਾਬਾ ਬਿੱਲੇ ਸ਼ਾਹ, ਹਜਰਤ ਜਨਾਬ ਬਾਬਾ ਲਾਡੀ ਸ਼ਾਹ ਸਰਕਾਰ, ਬਾਬਾ ਬੀਰੇ ਸ਼ਾਹ ਸਰਕਾਰ, ਬਾਬਾ ਫੱਗਣ ਸ਼ਾਹ ਤੇ ਬਾਬਾ ਖਬਰੀ ਸ਼ਾਹ ਤੋਂ ਇਲਾਵਾ ਹੋਰ ਸੰਤ ਮਹਾਂਪੁਰਸ਼ਾਂ ਨੇ ਆਪਣੇ ਪ੍ਰਵਚਨਾਂ ਰਾਹੀਂ ਬਾਬਾ ਜੀ ਦਾ ਗੁਣਗਾਨ ਕਰਦੇ ਹੋਏ ਕਿਹਾ ਕਿ ਹਰ ਇਨਸਾਨ ਨੂੰ ਪ੍ਰਭੂ ਦਾ ਨਾਮ ਸਿਮਰਨ ਕਰਕੇ ਆਪਣੇ ਇਸ ਜੀਵਨ ਦੇ ਅਸਲ ਮਕਸਦ ਨੂੰ ਹਾਸਿਲ ਕਰਨਾ ਚਾਹੀਦਾ ਹੈ ਤਾਂ ਜੋ ਇਹ ਇਨਸਾਨੀ ਜਾਮਾ ਸਫਲ ਹੋ ਸਕੇ। ਇਸ ਮੌਕੇ ਤੇ ਬਾਬਾ ਫਕਰ ਸ਼ਾਹ ਨੇ ਆਏ ਹੋਏ ਮਹਿਮਾਨਾ ਨੂੰ ਜੀ ਆਇਆ ਕਹਿੰਦੇ ਹੋਏ ਉਨ੍ਹਾਂ ਨੂੰ ਸਨਮਾਨਤ ਕੀਤਾ। ਦਿਨ ਰਾਤ ਬਾਬਾ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ।

# ਦਲਵਿੰਦਰ ਦਿਆਲਪੁਰੀ ਵਤਨ ਪਰਤੇ

**ਕਪੂਰਥਲਾ (ਮਨਜੀਤ ਮਾਨ)**- ਇੰਗਲੈਂਡ ਦੇ ਸ਼ਹਿਰ ਦੀ ਸਟੇਟ ਲਗੋਨੀਅਲ ਦੇ ਵਿੱਚ 11 ਦੇਸ਼ਾਂ ਦਾ ਇੰਟਰਨੈਸ਼ਨਲ ਮਿਊਜ਼ਿਫੈਸਟੀਵਲ ਤੇ ਲੋਕ ਨਾਚ ਫੈਸਟੀਵਲ ਜਿਸ ਵਿੱਚ ਇੰਟਰਨੈਸ਼ਨਲ ਪਰੇਡ ਦੀ ਭਾਰਤ ਵੱਲੋਂ ਅਗਵਾਈ ਰਾਸ਼ਟਰੀ ਤਿਰੰਗੇ ਝੰਡੇ ਨਾਲ ਦਲਵਿੰਦਰ ਦਿਆਲਪੁਰੀ ਵੱਲੋਂ ਕੀਤੀ ਗਈ। ਗੋਨੀਅਲ 'ਚ ਹੋਏ (ਲਗੋਨਾ) ਫੈਸਟੀਵਲ ਦੀ ਨੁਮਾਇੰਦਗੀ ਫੋਕ ਫਿਊਜਨ ਇੰਟਰਟੇਨਮੈਂਟ ਕੰਪਨੀ ਭਾਰਤ ਤੇ ਕਪੂਰਥਲਾ ਹੈਰੀਟੇਜ ਵੱਲੋਂ ਪ੍ਰਮੋਟਰ ਰਣਧੀਰ ਸਿੰਘ ਧੀਰਾ ਤੇ ਮੇਜਰ ਸਾਹਿਬ ਦੀ ਨਿਰਦੇਸ਼ਨਾ ਵਿੱਚ



ਹੋਈ ਜਿੱਥੇ ਕਿ ਦਲਵਿੰਦਰ ਦਿਆਲਪੁਰੀ ਨੇ ਦੱਸਿਆ ਕਿ ਪੰਜਾਬੀ ਭਾਈਚਾਰੇ ਨੇ ਉਹਨਾਂ ਦੀ ਗਾਇਕੀ ਨੂੰ ਬਹੁਤ ਜਿਆਦਾ ਪਿਆਰ ਤੇ ਸਤਿਕਾਰ ਦਿੱਤਾ। ਉਥੇ ਪਹੁੰਚੇ ਦੇਸ਼ਾਂ ਦੇ ਕਲਚਰਲ ਪ੍ਰੋਗਰਾਮਾਂ ਦੀਆਂ ਵੱਖੋ ਵੱਖ ਵੰਨਗੀਆਂ ਦਾ ਆਪਸੀ ਅਦਾਨ ਪ੍ਰਦਾਨ ਵੀ ਬੜਾ ਸ਼ਲਾਘਾਯੋਗ ਰਿਹਾ। ਦਲਵਿੰਦਰ ਦਿਆਲਪੁਰੀ ਨਾਲ ਗਏ ਢੋਲੀ ਬਲਦੇਵ ਰਾਜ, ਐਂਕਰ ਕੋਮਲ ਸ਼ਰਮਾ ਜਲੰਧਰ, ਹਿੰਦੀ ਅਤੇ ਪੰਜਾਬੀ ਫਿਲਮਾਂ ਦੀ ਹੀਰੋਇਨ ਮਿਸ ਬੋਨਕਾ ਖੋਸਲਾ ਤੇ ਭੰਗੜਾ ਟੀਮ ਆਦਿ ਦੀ ਆਦਮਪੁਰ ਏਅਰਪੋਰਟ ਤੇ ਪੰਜਾਬ ਵਿੱਚ ਆਮਦ ਹੋਈ ਹੈ।

# ਤਜਿੰਦਰ ਸਿੰਘ ਕਲਸੀ ਨੂੰ ਸਦਮਾ, ਪਿਤਾ ਦਾ ਦੇਹਾਂਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਵਾਈਸ ਪ੍ਰਧਾਨ ਤਜਿੰਦਰ ਸਿੰਘ ਕਲਸੀ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੇ ਪਿਤਾ ਸ਼੍ਰੋਮਣੀ ਅਕਾਲੀ ਦਲ ਬੀ ਸੀ ਵਿੰਗ ਮੋਰਿੰਡਾ ਦੇ ਸਾਬਕਾ ਪ੍ਰਧਾਨ ਦੇ ਚਰਨਜੀਤ ਸਿੰਘ ਕਲਸੀ (80 ਸਾਲ) ਦਾ ਅਚਾਨਕ ਦੇਹਾਂਤ ਹੋ ਗਿਆ , ਜਿਨਾਂ ਦਾ ਅੰਤਿਮ ਸੰਸਕਾਰ ਮੋਰਿੰਡਾ ਸ਼ਮਸਾਨ ਘਾਟ ਵਿਖੇ ਅੱਜ ਕੀਤਾ ਜਾਵੇਗਾ। ਚਰਨਜੀਤ ਸਿੰਘ ਕਲਸੀ ਦੀ ਹੋਈ ਅਚਨਚੇਤ ਮੌਤ 'ਤੇ ਵੱਖ ਵੱਖ ਧਾਰਮਿਕ,ਸਮਾਜਿਕ ਤੇ ਰਾਜਨੀਤਿਕ ਆਗੂਆਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਮੋਰਿੰਡਾ ਦੇ ਇੰਚਾਰਜ ਹਰਮੋਹਨ ਸਿੰਘ ਸੰਧੂ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਹਲਕਾ ਵਿਧਾਇਕ ਡਾ.ਚਰਨਜੀਤ ਸਿੰਘ, ਖਰੜ ਹਲਕਾ ਇੰਚਾਰਜ ਵਿਜੇ ਸ਼ਰਮਾ ਟਿੰਕੂ,ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਸਾਬਕਾ ਚੇਅਰਮੈਨ ਜਸਵਿੰਦਰ ਸਿੰਘ ਛੋਟੂ, ਮਹਾਰਾਜ ਸਰਦਾਰ ਜੱਸਾ ਸਿੰਘ ਰਾਮਗੜੀਆ ਦੇ ਸਰਪ੍ਰਸਤ ਕੁਲਵੀਰ ਸਿੰਘ ਸੋਨੂੰ, ਪ੍ਰਧਾਨ ਬਿਕਰਮ ਸਿੰਘ ਸੋਹਨਪਾਲ, ਸ੍ਰੀ ਵਿਸ਼ਵਕਰਮਾ ਸਭਾ ਮੋਰਿੰਡਾ ਦੇ ਪ੍ਰਧਾਨ ਪਵਨ ਧੀਮਾਨ, ਸੀਨੀਅਰ ਮੀਤ ਪ੍ਰਧਾਨ ਬਿਕਰਮ ਬਹਾਦਰ, ਸਾਬਕਾ ਪ੍ਰਧਾਨ ਹਰਮੀਤ ਸਿੰਘ ਸੱਲ੍ਹ, ਨਗਰ ਕੌਂਸਲ ਮੋਰਿੰਡਾ ਦੇ ਸਾਬਕਾ ਪ੍ਰਧਾਨ ਹਰੀਪਾਲ, ਕੌਂਸਲਰ ਅੰਮ੍ਰਿਤਪਾਲ ਸਿੰਘ ਖੱਟੜਾ, ਨੰਬਰਦਾਰ ਜਗਵਿੰਦਰ ਸਿੰਘ ਪੰਮੀ, ਰੋਟਰੀ ਕਲੱਬ ਮੋਰਿੰਡਾ ਦੇ ਸਮੂਹ ਮੈਂਬਰ, ਸਵਰਨਕਾਰ ਸੰਘ ਦੇ ਪ੍ਰਧਾਨ ਮੁਨੀਸ਼ ਭੋਲਾ, ਮਨਮੋਹਨ ਵਰਮਾ, ਪਰਮਿੰਦਰ ਸਿੰਘ ਬਿੱਟੂ ਕੰਗ,ਅਮਰਿੰਦਰ ਸਿੰਘ ਹੈਲੀ, ਅਭਿਜੀਤ ਸਿੰਘ ਸੋਨੂੰ ਢੋਲਨਮਾਜਰਾ, ਸੁਖਵਿੰਦਰ ਸਿੰਘ ਦੁੱਮਣਾ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ।



# ਡੋਪ ਟੈਸਟ ਪਾਜ਼ੀਟਿਵ ਆਉਣ 'ਤੇ 2 ਨੌਜਵਾਨਾਂ ਖ਼ਿਲਾਫ਼ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਟਾਂਡਾ ਪੁਲਸ ਨੇ ਡੋਪ ਟੈਸਟ ਪਾਜ਼ੀਟਿਵ ਆਉਣ ਤੋਂ ਬਾਅਦ ਪਿੰਡ ਟਾਹਲੀ ਅਤੇ ਭੁੱਲਪੁਰ ਦੇ ਦੋ ਨੌਜਵਾਨਾਂ ਖ਼ਿਲਾਫ਼ ਐਨ ਡੀ ਪੀ ਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਵਧੀਕ ਐੱਸ.ਐੱਚ.ਓ ਜਗਦੀਪ ਸਿੰਘ ਨੇ ਦੱਸਿਆ ਕਿ ਇਹ ਕਾਰਵਾਈ ਨੌਜਵਾਨਾਂ ਦੇ ਪਰਵਾਰਕ ਮੈਂਬਰਾਂ ਦੀ ਬੇਨਤੀ 'ਤੇ ਕੀਤੀ ਗਈ। ਪਰਵਾਰਕ ਮੈਂਬਰਾਂ ਨੇ ਪੁਲਸ ਨੂੰ ਦੱਸਿਆ ਕਿ ਉਨ੍ਹਾਂ ਦੇ ਪੁੱਤਰ ਨਸ਼ੇ ਦੇ ਆਦੀ ਹਨ ਅਤੇ ਉਨ੍ਹਾਂ ਦੀ ਕਾਊਂਸਲਿੰਗ ਅਤੇ ਇਲਾਜ ਲਈ ਲੋੜੀਂਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਤੋਂ ਬਾਅਦ ਏ.ਐੱਸ.ਆਈ ਰਾਜਵਿੰਦਰ ਸਿੰਘ ਵੱਲੋਂ ਦੋਵਾਂ ਨੌਜਵਾਨਾਂ ਦਾ ਡੋਪ ਟੈਸਟ ਕਰਵਾਇਆ ਗਿਆ, ਜਿਸ ਦੀ ਰਿਪੋਰਟ ਪਾਜ਼ੀਟਿਵ ਆਈ। ਰਿਪੋਰਟ ਦੇ ਆਧਾਰ 'ਤੇ ਪੁਲਸ ਨੇ ਦੋਵਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ। ਉਨ੍ਹਾਂ ਦੱਸਿਆ ਕਿ ਮਾਮਲਾ ਦਰਜ ਕੀਤੇ ਜਾਣ ਤੋਂ ਬਾਅਦ ਦੋਵਾਂ ਨੌਜਵਾਨਾਂ ਨੂੰ ਇਲਾਜ ਅਤੇ ਨਸ਼ਾ ਮੁਕਤੀ ਲਈ ਦਸੂਹਾ ਸਥਿਤ ਨਸ਼ਾ ਮੁਕਤੀ ਕੇਂਦਰ ਵਿੱਚ ਦਾਖ਼ਲ ਕਰਵਾਇਆ ਗਿਆ ਹੈ।

# ਸੰਤ ਮਹਾਂਪੁਰਸ਼ਾਂ ਦੀ ਬਰਸੀ ਸੰਬੰਧੀ ਸਮਾਗਮ ਭਲਕੇ

**ਅਲਾਵਲਪੁਰ (ਮਦਨ ਬੰਗੜ)**- ਧੰਨ-ਧੰਨ ਡੇਰਾ ਸੰਤ ਬਾਬਾ ਨਰਾਇਣ ਦਾਸ ਜੀ, ਕੱਲਰਾਂ ਸ਼ੇਰਪੁਰ ਢੱਕੋ ਵਿਖੇ ਸੰਤ ਮਹਾਂਪੁਰਸ਼ਾਂ ਦੀਆਂ ਸਾਲਾਨਾ ਬਰਸੀਆਂ ਸਬੰਧੀ ਧਾਰਮਿਕ ਸਮਾਗਮ 17 ਜੁਲਾਈ ਨੂੰ ਦੇਸ਼-ਵਿਦੇਸ਼ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਅਤੇ ਉਤਸ਼ਾਹ ਨਾਲ ਆਯੋਜਿਤ ਕਰਵਾਏ ਜਾਣਗੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੇਰੇ ਦੇ ਮੌਜੂਦਾ ਗੱਦੀਨਸ਼ੀਨ ਸੰਤ ਰਮੇਸ਼ ਦਾਸ ਜੀ ਪ੍ਰਚਾਰ ਸਕੱਤਰ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ ਨੇ ਦੱਸਿਆ ਕਿ ਸਮਾਗਮ ਦੌਰਾਨ ਸੱਚਖੰਡ ਵਾਸੀ ਬ੍ਰਹਮਲੀਨ ਸੰਤ ਅਮਰ ਦਾਸ ਦੀ 17ਵੀਂ ਬਰਸੀ, ਸੰਤ ਰਾਮ ਕਿਸ਼ਨ ਦੀ 5ਵੀਂ ਬਰਸੀ ਤੇ ਸੰਤ ਬੀਬੀ ਜੁਆਲੀ ਦੀ 24ਵੀਂ ਬਰਸੀ ਸ਼ਰਧਾ ਸਹਿਤ ਮਨਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਸਮਾਗਮ ਵਿੱਚ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ ਨਾਲ ਸਬੰਧਤ ਵੱਖ-ਵੱਖ ਡੇਰਿਆਂ ਤੋਂ ਸੰਤ ਮਹਾਂਪੁਰਸ਼ ਪੁੱਜਣਗੇ ਅਤੇ ਸੰਤਾਂ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਪ੍ਰਤੀ ਉਨ੍ਹਾਂ ਦੀਆਂ ਸੇਵਾਵਾਂ ਬਾਰੇ ਆਪਣੇ ਵਿਚਾਰ ਪ੍ਰਗਟ ਕਰਨਗੇ। ਸਮਾਗਮ ਦੌਰਾਨ ਆਉਣ ਵਾਲੀਆਂ ਸਮੂਹ ਸੰਗਤਾਂ ਲਈ ਗੁਰੂ ਕੇ ਅਤੁੱਟ ਲੰਗਰ ਵੀ ਵਰਤਾਏ ਜਾਣਗੇ।

# 'ਐੱਲ ਪੀ ਯੂ ਵਿਦਿਆਰਥੀਆਂ ਨੂੰ ਭਵਿੱਖ ਦੇ ਕੈਰੀਅਰ ਲਈ ਤਿਆਰ ਕਰਦਾ'

**ਜਲੰਧਰ (ਸ਼ੈਲੀ ਐਲਬਰਟ)**- ਤਕਨਾਲੋਜੀ, ਸਿਹਤ ਸੰਭਾਲ, ਡਿਜ਼ਾਈਨ ਅਤੇ ਰਚਨਾਤਮਕ ਖੇਤਰਾਂ ਵਿੱਚ ਹੋ ਰਹੇ ਬਦਲਾਅ ਦੇ ਨਾਲ ਉਦਯੋਗ ਵੀ ਬਦਲ ਰਹੇ ਹਨ।ਨਤੀਜੇ ਵਜੋਂ ਵਿਦਿਆਰਥੀ ਰਵਾਇਤੀ ਡਿਗਰੀ ਵਿਕਲਪਾਂ ਤੋਂ ਪਰੇ ਦੇਖ ਰਹੇ ਹਨ ਅਤੇ ਵਿਸ਼ੇਸ਼ ਪ੍ਰੋਗਰਾਮਾਂ ਦੀ ਭਾਲ ਕਰ ਰਹੇ ਹਨ ਜੋ ਉਨ੍ਹਾਂ ਦੇ ਕਰੀਅਰ ਨੂੰ ਵਧਾਉਂਦੇ ਹਨ। ਬਦਲਦੇ ਵਾਤਾਵਰਣ ਦੇ ਮੱਦੇਨਜ਼ਰ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਕਈ ਤਰ੍ਹਾਂ ਦੇ ਭਵਿੱਖ-ਕੇਂਦ੍ਰਿਤ ਪ੍ਰੋਗਰਾਮ ਪੇਸ਼ ਕਰਦੀ ਹੈ। ਇਨ੍ਹਾਂ ਪ੍ਰੋਗਰਾਮਾਂ ਦਾ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗ ਲਈ ਲੋੜੀਂਦੇ ਹੁਨਰ ਅਤੇ ਵਿਹਾਰਕ ਅਨੁਭਵ ਪ੍ਰਦਾਨ ਕਰਨਾ ਹੈ।ਇੰਜੀਨੀਅਰਿੰਗ, ਪ੍ਰਬੰਧਨ ਅਤੇ ਵਣਜ ਵਰਗੇ ਸਥਾਪਿਤ ਵਿਸ਼ਿਆਂ ਤੋਂ ਇਲਾਵਾ, ਐਲਪੀਯੂ ਕਈ ਨਵੇਂ ਖੇਤਰਾਂ ਵਿੱਚ ਪ੍ਰੋਗਰਾਮ ਚਲਾ ਰਿਹਾ ਹੈ। ਇਨ੍ਹਾਂ ਵਿੱਚ ਫਿਜ਼ੀਓਥੈਰੇਪੀ, ਭਰੂਣ ਵਿਗਿਆਨ, ਜੈਨੇਟਿਕਸ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ ਅਤੇ ਆਟੋਮੇਸ਼ਨ, ਫੋਰੈਂਸਿਕ ਸਾਇੰਸਜ਼, ਉਤਪਾਦ ਅਤੇ ਇੰਡਸਟਰੀਅਲ ਡਿਜ਼ਾਈਨ, ਇੰਟਰਐਕਸ਼ਨ ਡਿਜ਼ਾਈਨ, ਮਲਟੀਮੀਡੀਆ ਅਤੇ ਐਨੀਮੇਸ਼ਨ, ਗੇਮਿੰਗ ਅਤੇ ਗ੍ਰਾਫਿਕਸ, ਫਿਲਮ ਅਤੇ ਟੀਵੀ ਪ੍ਰੋਡਕਸ਼ਨ, ਭਾਸ਼ਾ ਅਤੇ



ਸਾਹਿਤ, ਸਮਾਜਿਕ ਵਿਗਿਆਨ ਅਤੇ ਮਾਨਵਤਾ, ਅੰਦਰੂਨੀ ਅਤੇ ਫਰਨੀਚਰ ਡਿਜ਼ਾਈਨ, ਆਰਕੀਟੈਕਚਰ, ਪੋਸ਼ਣ ਅਤੇ ਡਾਇਟੈਟਿਕਸ, ਅਪਲਾਈਡ ਮੈਡੀਕਲ ਸਾਇੰਸਜ਼, ਪਲੈਨਿੰਗ ਤੇ ਆਯੁਰਵੈਦਿਕ ਫਾਰਮਾਸਿਊਟੀਕਲ ਸਾਇੰਸਜ਼ ਸ਼ਾਮਲ ਹਨ।ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਤੇਜ਼ੀ ਨਾਲ ਵਧ ਰਹੇ ਖੇਤਰਾਂ ਲਈ ਤਿਆਰ ਕਰਦੇ ਹਨ। ਆਰਟੀਫੀਸ਼ੀਅਲ ਇੰਟੈਲੀਜੈਂਸ ਸਿਹਤ ਸੰਭਾਲ ਤੇ ਜੈਨੇਟਿਕਸ ਵਿੱਚ ਨਵੇਂ ਮੌਕੇ ਪੈਦਾ ਕਰ ਰਿਹਾ ਹੈ, ਜਦੋਂ ਕਿ ਰੋਬੋਟਿਕਸ ਅਤੇ ਆਟੋਮੇਸ਼ਨ ਨਿਰਮਾਣ ਅਤੇ ਉਦਯੋਗਿਕ ਕਾਰਜਸ਼ੀਲ ਅਭਿਆਸਾਂ ਨੂੰ ਬਦਲ ਰਹੇ ਹਨ। ਜਿਵੇਂ-ਜਿਵੇਂ ਕਾਰੋਬਾਰ ਆਪਣੀ ਡਿਜੀਟਲ ਮੌਜੂਦਗੀ ਦਾ ਵਿਸਤਾਰ ਕਰਦੇ ਹਨ, ਫੋਰੈਂਸਿਕ ਸਾਇੰਸਜ਼, ਡਿਜੀਟਲ ਡਿਜ਼ਾਈਨ, ਗੇਮਿੰਗ, ਐਨੀਮੇਸ਼ਨ, ਮਲਟੀਮੀਡੀਆ ਅਤੇ ਸਮੱਗਰੀ ਸਿਰਜਣਾ ਵਰਗੇ ਖੇਤਰਾਂ ਵਿੱਚ ਪੇਸ਼ੇਵਰਾਂ ਦੀ ਮੰਗ ਵੀ ਵੱਧ ਰਹੀ ਹੈ। ਫਿਜ਼ੀਓਥੈਰੇਪੀ, ਭਰੂਣ ਵਿਗਿਆਨ, ਅਪਲਾਈਡ ਮੈਡੀਕਲ ਸਾਇੰਸਜ਼, ਪੋਸ਼ਣ ਅਤੇ ਡਾਇਟੈਟਿਕਸ, ਅਤੇ ਆਯੁਰਵੈਦਿਕ ਫਾਰਮਾਸਿਊਟੀਕਲ ਸਾਇੰਸਜ਼ ਵਰਗੇ ਹੈਲਥਕੇਅਰ ਨਾਲ ਸਬੰਧਤ ਪ੍ਰੋਗਰਾਮ ਹਸਪਤਾਲਾਂ, ਪੁਨਰਵਾਸ ਕੇਂਦਰਾਂ, ਪ੍ਰਜਨਨ ਕਲੀਨਿਕਾਂ, ਖੋਜ ਸੰਗਠਨਾਂ, ਤੰਦਰੁਸਤੀ ਸੰਸਥਾਵਾਂ ਅਤੇ ਰੋਕਥਾਮ ਸਿਹਤ ਸੰਭਾਲ ਵਿੱਚ ਕਰੀਅਰ ਦੇ ਮੌਕੇ ਖੋਲ੍ਹਦੇ ਹਨ।

# ਘਰ/ਹੋਟਲ/ਰੈਸਟੋਰੈਂਟ 'ਚ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਦੀ ਸੂਚਨਾ ਹਫਤੇ ਦੇ ਅੰਦਰ-ਅੰਦਰ ਦਿੱਤੀ ਜਾਵੇ : ਜ਼ਿਲ੍ਹਾ ਮੈਜਿਸਟਰੇਟ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਈਆਂ ਸਕਤੀਆਂ ਦੀ ਵਰਤੋਂ ਕਰਦੇ ਹੋਏ ਇਹ ਹੁਕਮ ਜਾਰੀ ਕੀਤਾ ਹੈ ਕਿ ਜ਼ਿਲ੍ਹੇ ਦੇ ਮਿਉਂਸਪਲ ਕੌਂਸਲ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਕੋਈ ਵੀ ਵਿਅਕਤੀ ਜੇਕਰ ਆਪਣੇ ਘਰ/ਹੋਟਲ/ਰੈਸਟੋਰੈਂਟ ਵਿੱਚ ਕਿਰਾਏਦਾਰ/ਨੌਕਰ/ਪੇਇੰਗ ਗੈਸਟ/ਨੇਪਾਲੀ ਲਾਂਗਰੀ ਰੱਖੇਗਾ ਤਾਂ ਉਹ ਉਸ ਦੀ ਸੂਚਨਾ ਇੱਕ ਹਫਤੇ ਦੇ ਅੰਦਰ-ਅੰਦਰ ਦੇਣ ਲਈ ਪਾਬੰਦ ਹੋਵੇਗਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮਕਾਨ ਮਾਲਕਾਂ ਨੇ ਅੱਜ ਤੱਕ ਕਿਰਾਏਦਾਰਾਂ ਦੀ ਸੂਚਨਾ ਪੁਲਸ ਨੂੰ ਨਹੀਂ ਦਿੱਤੀ, ਉਹ ਈ-ਮੇਲ 'ਤੇ ਕਿਰਾਏਦਾਰ (ਨਾਂਅ, ਪਿਤਾ ਦਾ ਨਾਂਅ, ਫੋਟੋ ਅਤੇ ਆਧਾਰ ਕਾਰਡ) ਦੀ ਸੂਚਨਾ ਇਸ ਹੁਕਮ ਦੇ ਜਾਰੀ ਹੋਣ ਦੀ ਮਿਤੀ ਦੇ ਇੱਕ ਹਫਤੇ ਦੇ ਅੰਦਰ-ਅੰਦਰ ਦੇਣ।ਉਨ੍ਹਾਂ ਕਿਹਾ ਕਿ ਮਕਾਨ ਮਾਲਕਾਂ ਵੱਲੋਂ ਰੱਖੇ ਗਏ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਆਦਿ ਕਈ ਵਾਰ ਨਸ਼ੇ, ਅਸਮਾਜਿਕ ਅਤੇ ਅਪਰਾਧਕ ਪਿਛੋਕੜ ਦੇ ਹੁੰਦੇ ਹਨ ਅਤੇ ਕਿਰਾਏ ਵਾਲੇ ਮਕਾਨਾਂ ਅਤੇ ਪਬਲਿਕ ਸਥਾਨਾਂ 'ਤੇ ਹੁੜਦੰਗ ਕਰਦੇ ਰਹਿੰਦੇ ਹਨ, ਜਿਸ ਕਰਕੇ ਅਮਨ ਕਾਨੂੰਨ ਦੀ ਸਥਿਤੀ ਵਿਗੜਨ ਦਾ ਡਰ ਹੈ, ਪਰ ਮਕਾਨ ਮਾਲਕਾਂ ਵੱਲੋਂ ਇਨ੍ਹਾਂ ਕਿਰਾਏਦਾਰਾਂ ਦੀ ਸੂਚਨਾ ਪੁਲਸ ਪਾਸ ਸਮੇਂ ਸਿਰ ਦਰਜ ਨਹੀਂ ਕਰਵਾਈ ਜਾਂਦੀ। ਇਸ ਤਰ੍ਹਾਂ ਦੀਆਂ ਵਾਰਦਾਤਾਂ ਨੂੰ ਰੋਕਣ ਲਈ ਉਕਤ ਹੁਕਮ ਲਾਗੂ ਕੀਤਾ ਗਿਆ ਹੈ। ਇਹ ਹੁਕਮ 12 ਸਤੰਬਰ, 2026 ਤੱਕ ਲਾਗੂ ਰਹੇਗਾ।

# ਨਾਮੀ ਫੁੱਟਬਾਲਰ ਸੰਦੀਪ ਸੈਣੀ 'ਵਿੱਕੀ' ਦੇ ਪਿਤਾ ਦਾ ਦੇਹਾਂਤ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਇਲਾਕਾ ਮਾਹਿਲਪੁਰ ਦੇ ਫੁੱਟਬਾਲ ਖਿਡਾਰੀਆਂ ਤੇ ਖੇਡ ਸੰਸਥਾਵਾਂ ਨਾਲ ਜੁੜੀਆਂ ਸ਼ਖਸੀਅਤਾਂ ਵਿੱਚ ਉਸ ਸਮੇਂ ਸੋਗ ਦੀ ਲਹਿਰ ਫੈਲ ਗਈ



ਜਦੋਂ ਨਾਮੀ ਫੁੱਟਬਾਲਰ ਤੇ ਨੇਕ ਇਨਸਾਨ ਸੰਦੀਪ ਸੈਣੀ 'ਵਿੱਕੀ' ਤੇ ਚਰਨਜੀਤ ਸੈਣੀ ਦੇ ਪਿਤਾ ਤਰਸੇਮ ਸਿੰਘ ਸੈਣੀ ਦਾ ਅਚਾਨਕ ਦੇਹਾਂਤ ਹੋ ਗਿਆ।ਸਾਰੇ ਇਲਾਕਾ ਨਿਵਾਸੀਆਂ ਤੇ ਵਿਦੇਸ਼ਾਂ ਚ ਵਸਦੇ ਦੋਸਤਾਂ,ਰਿਸ਼ਤੇਦਾਰਾਂ ਨੇ ਸੈਣੀ ਪਰਵਾਰ ਨਾਲ ਦੁੱਖ ਵੰਡਾਇਆ ਤੇ ਦਿਲੋਂ ਹਮਦਰਦੀ ਪ੍ਰਗਟ ਕੀਤੀ।ਉਨ੍ਹਾਂ ਦਾ ਅੰਤਿਮ ਸੰਸਕਾਰ ਵਿਦੇਸ਼ ਵਸਦੇ ਰਿਸ਼ਤੇਦਾਰਾਂ ਦੇ ਪਹੁੰਚਣ ਤੇ 17 ਜੁਲਾਈ ਸ਼ੁੱਕਰਵਾਰ ਨੂੰ ਸਵੇਰੇ 11 ਵਜੇ ਮਾਹਿਲਪੁਰ ਸ਼ਮਸ਼ਾਨਘਾਟ ਵਿਖੇ ਕੀਤਾ ਜਾਵੇਗਾ।ਮਾਹਿਲਪੁਰ ਫੁੱਟਬਾਲ ਪਲੇਅਰਜ਼ ਸੁਸਾਇਟੀ ਵੱਲੋਂ ਗੁਰਦੇਵ ਸਿੰਘ ਗਿੱਲ, ਦਰਸ਼ਨ ਸਿੰਘ ਢਿੱਲੋਂ, ਦਲਜੀਤ ਸਿੰਘ ਬਿੱਟੂ, ਬੰਧਨ ਸਿੰਘ ਕੋਚ, ਯਸ਼ਪਾਲ ਜੱਸੀ, ਮਦਨ ਲਾਲ ਮੱਦੋ, ਤਲਵਿੰਦਰ ਸਿੰਘ ਹੀਰ ਨੰਗਲ ਖਿਡਾਰੀਆਂ ਤੇ ਮਨਜਿੰਦਰ ਸਿੰਘ ਨੇ ਘਰ ਜਾ ਕੇ ਸੈਣੀ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ 7 ਦੀ ਮਹਾਂ ਰੈਲੀ ਦੀਆਂ ਤਿਆਰੀਆਂ ਸੰਬੰਧੀ ਮੀਟਿੰਗ

**ਭਲਕੇ ਜ਼ਿਲ੍ਹਾ ਹੈੱਡ ਕੁਆਟਰਾਂ 'ਤੇ ਮੁਲਾਜ਼ਮ ਮਾਰੂ ਪੱਤਰ ਫੂਕ ਕੇ ਕਾਲਾ ਦਿਵਸ ਮਨਾਉਣ ਦਾ ਐਲਾਨ**

**ਮਾਨਸਾ, (ਆਤਮਾ ਸਿੰਘ ਪਮਾਰ) :** ਸਮੂਹ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸੱਦੇ 'ਤੇ ਸਥਾਨਕ ਬਚਤ ਭਵਨ ਵਿਖੇ ਜ਼ਿਲ੍ਹੇ ਦੇ ਸਮੂਹ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਇੱਕ ਭਰਵੀਂ ਮੀਟਿੰਗ ਜਸਵੰਤ ਸਿੰਘ ਮੌਜੋ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ 'ਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਤਾਪ ਸਿੰਘ ਪ੍ਰਧਾਨ ਪੀ.ਐੱਸ.ਐੱਮ.ਐੱਸ.ਯੂ., ਹਰਪ੍ਰੀਤ ਸਿੰਘ ਪ੍ਰਧਾਨ ਡੀ. ਸੀ. ਦਫ਼ਤਰ, ਲਖਨ ਲਾਲ ਮੌੜ ਤੇ ਬਾਬੂ ਸਿੰਘ ਪੈਨਸ਼ਨਰ ਯੂਨੀਅਨ ਨੇ ਦੱਸਿਆ ਕਿ 17 ਜੁਲਾਈ ਨੂੰ ਜ਼ਿਲ੍ਹਾ ਪੱਧਰ 'ਤੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੌਰਾਨ 17/7/2020 ਵਾਲਾ ਮੁਲਾਜ਼ਮ ਵਿਰੋਧੀ ਪੱਤਰ ਫੂਕ ਕੇ 'ਕਾਲਾ ਦਿਵਸ' ਮਨਾਇਆ ਜਾਵੇਗਾ।ਆਗੂਆਂ ਨੇ ਕਿਹਾ ਕਿ ਇਹ ਪੱਤਰ ਪੰਜਾਬ ਦੇ ਨਵੇਂ ਭਰਤੀ ਹੋਣ ਵਾਲੇ ਮੁਲਾਜ਼ਮਾਂ 'ਤੇ ਕੇਂਦਰੀ ਤਨਖਾਹ ਸਕੇਲ ਮੜ੍ਹ ਕੇ ਉਨ੍ਹਾਂ ਦੇ ਹੱਕਾਂ 'ਤੇ ਵੱਡਾ ਡਾਕਾ ਮਾਰਿਆ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਦੇ ਨਾਲ ਹੀ ਮੀਟਿੰਗ 'ਚ 7 ਅਗਸਤ ਨੂੰ ਮੋਹਾਲੀ ਵਿਖੇ ਹੋਣ ਵਾਲੀ ਸੂਬਾ ਪੱਧਰੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਸਬੰਧੀ ਵੀ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਸਾਥੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਆਗੂਆਂ ਨੇ ਦਾਅਵਾ ਕੀਤਾ ਕਿ ਮਾਨਸਾ ਜ਼ਿਲ੍ਹੇ 'ਚੋਂ ਹਜ਼ਾਰਾਂ ਦੀ ਗਿਣਤੀ 'ਚ ਮੁਲਾਜ਼ਮ ਤੇ ਪੈਨਸ਼ਨਰ ਮੋਹਾਲੀ ਵੱਲ ਕੂਚ ਕਰਨਗੇ। ਇਸ ਮੀਟਿੰਗ ਦੌਰਾਨ ਪੈਨਸ਼ਨਰ ਤੇ ਮੁਲਾਜ਼ਮ ਆਗੂਆਂ 'ਚ ਬਿੱਕਰ ਸਿੰਘ ਮੰਘਾਣੀਆ, ਦੀਪ ਸਿੰਘ ਜੋਗਾ, ਸੁਰਜੀਤ ਸਿੰਘ, ਜੱਗਾ ਸਿੰਘ ਅਲੀਸ਼ੇਰ, ਸੁਖਵਿੰਦਰ ਸਿੰਘ ਵਾਟਰ ਸਪਲਾਈ, ਬਿਕਰ ਸਿੰਘ ਮਾਖਾ, ਹਰਦੀਪ ਸਿੰਘ, ਸਿਕੰਦਰ ਘਰਾਂਗਣਾ, ਲਖਨ ਲਾਲ ਮੌੜ, ਹਰਪਾਲ ਸਿੰਘ ਮੂਲੇਵਾਲਾ, ਜਗਦੇਵ ਘੁਰਕਣੀ, ਦਰਸ਼ਨ ਕੁਮਾਰ, ਦਰਸ਼ਨ ਸਿੰਘ ਅਲੀਸ਼ੇਰ, ਅਜਾਇਬ ਸਿੰਘ ਅਲੀਸ਼ੇਰ, ਮਿਸ਼ਰਾ ਸਿੰਘ, ਪ੍ਰਦੀਪ, ਮਨਪ੍ਰੀਤ ਸਿੰਘ, ਧਰਮਿੰਦਰ ਸਿੰਘ, ਮਨਪ੍ਰੀਤ ਸਿੰਘ, ਦੀਪ ਸਿੰਘ ਸੋਨੀ, ਰਾਜਕੁਮਾਰ, ਕੁਲਵਿੰਦਰ ਸਿੰਘ ਤੇ ਹਰਦੀਪ ਸਿੰਘ, ਰਾਜਪਾਲ ਜਰਨਲ ਸਕੱਤਰ ਪੀ ਐੱਸ ਐੱਮ ਐੱਸ ਯੂ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਸੈਂਟੀਨਲ ਇੰਟਰਨੈਸ਼ਨਲ ਸਕੂਲ 'ਚ ਕੁਇਜ਼ ਮੁਕਾਬਲੇ ਕਰਾਏ



**ਸਮਰਾਲਾ, (ਸੁਰਜੀਤ ਸਿੰਘ)** ਸੈਂਟੀਨਲ ਇੰਟਰਨੈਸ਼ਨਲ ਸਕੂਲ ਵਿੱਚ ਪ੍ਰਿੰਸੀਪਲ ਡਾ ਪੂਨਮ ਸ਼ਰਮਾ ਦੀ ਅਗਵਾਈ ਵਿਚ ਵਿਦਿਆਰਥੀਆਂ ਦੇ ਗਿਆਨ ਵਿਚ ਵਾਧਾ ਕਰਨ ਲਈ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਜਿਸ ਦੀ ਲੜੀ ਦੇ ਸਿਲਸਿਲੇ ਵਿਚ ਅੰਗਰੇਜ਼ੀ, ਗਣਿਤ, ਵਿਗਿਆਨ, ਪੰਜਾਬੀ, ਸਮਾਜਿਕ ਅਧਿਐਨ ਅਤੇ ਭੌਤਿਕ ਵਿਗਿਆਨ, ਵਪਾਰਕ ਅਧਿਐਨ ਵਰਗੇ ਵਿਸ਼ਿਆਂ ਤੇ ਅਧਾਰਿਤ ਵਿਸ਼ੇਸ਼ ਕੁਇਜ਼ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਡਾ. ਪੂਨਮ ਸ਼ਰਮਾ ਨੇ ਕਿਹਾ ਕਿ ਇਹ ਕੁਇਜ਼ ਮੁਕਾਬਲੇ ਵਿਦਿਆਰਥੀਆਂ ਦੇ ਗਿਆਨ ਤੇ ਉਨ੍ਹਾਂ ਦੀ ਵਿਸ਼ਿਆਂ ਪ੍ਰਤੀ ਡੂੰਘੀ ਸਮਝ ਵਿਕਸਿਤ ਕਰਨ ਵਿੱਚ ਮਦਦ ਕਰਨਗੇ।ਉਨ੍ਹਾਂ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਵਿੱਚ ਪ੍ਰਤਿਭਾਵਾਂ ਦੀ ਤਿਆਰੀ ਤੇ ਜ਼ਿੰਦਗੀ ਦੇ ਹੋਰ ਖੇਤਰਾਂ ਵਿਚ ਮੁਕਾਬਲੇ ਲਈ ਆਤਮ-ਵਿਸ਼ਵਾਸ ਵਿਚ ਵਾਧਾ ਹੋਵੇਗਾ।ਵਿਦਿਆਰਥੀਆਂ ਦੇ ਮਾਪਿਆਂ ਨੇ ਸਕੂਲ ਦੀ ਇਸ ਪਹਿਲਕਦਮੀ ਦੀ ਭਰਪੂਰ ਸ਼ਲਾਘਾ ਕੀਤੀ।ਵਿਦਿਆਰਥੀਆਂ ਦਾ ਕਹਿਣਾ ਹੈ ਕਿ ਕੁਇਜ਼ ਮੁਕਾਬਲਿਆਂ ਨੇ ਉਨ੍ਹਾਂ ਨੂੰ ਵਖਰੇ ਤਰੀਕਿਆਂ ਨਾਲ ਸੋਚਣ ਲਈ ਪ੍ਰੇਰਿਤ ਕੀਤਾ ਹੈ।ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਅਜਿਹੇ ਅਕਾਦਮਿਕ ਮੁਕਾਬਲੇ ਵਿਦਿਆਰਥੀਆਂ ਦੀ ਯਾਦਸ਼ਕਤੀ, ਤਰਕਸ਼ੀਲ ਸੋਚ ਤੇ ਸਮੱਸਿਆ ਹੱਲ ਕਰਨ ਦੀ ਸਮਰੱਥਾ ਨੂੰ ਨਿਖਾਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਗਿਆਨਵਰਧਕ ਤੇ ਰਚਨਾਤਮਕ ਪ੍ਰੋਗਰਾਮ ਨਿਯਮਿਤ ਤੌਰ 'ਤੇ ਕਰਾਏ ਜਾਣਗੇ।

# 'ਮੇਰੀ ਰਸੋਈ ਯੋਜਨਾ' ਬਣੀ ਲੋੜਵੰਦਾਂ ਦਾ ਸਹਾਰਾ, ਜਲਾਣ 'ਚ ਵੰਡੀਆਂ ਰਾਸ਼ਨ ਕਿੱਟਾਂ

**ਡਾ. ਮਿੰਕੂ ਜਵੰਧਾ ਨੇ ਕਿਹਾ- ਹਰ ਲੋੜਵੰਦ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਸਰਕਾਰ ਦੀ ਤਰਜੀਹ**

**ਭਵਾਨੀਗੜ੍ਹ, (ਰਾਜ ਖੁਰਮੀ)** ਲੋੜਵੰਦ ਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਰਾਹਤ ਪ੍ਰਦਾਨ ਕਰਨ ਦੇ ਉਦੇਸ਼ ਨਾਲ 'ਮੇਰੀ ਰਸੋਈ ਯੋਜਨਾ' ਤਹਿਤ ਹਲਕਾ ਭਵਾਨੀਗੜ੍ਹ ਦੇ ਪਿੰਡ ਜਲਾਣ ਵਿਖੇ ਰਾਸ਼ਨ ਕਿੱਟਾਂ ਵੰਡਣ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਖੁਦ ਹਾਜ਼ਰ ਹੋ ਕੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਭੇਟ ਕੀਤੀਆਂ ਤੇ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਲੋੜਾਂ ਬਾਰੇ ਜਾਣਕਾਰੀ ਵੀ ਹਾਸਲ ਕੀਤੀ।ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਮਕਸਦ ਸਮਾਜ ਦੇ ਹਰ ਲੋੜਵੰਦ ਵਿਅਕਤੀ ਤੱਕ ਸਰਕਾਰੀ ਭਲਾਈ ਯੋਜਨਾਵਾਂ ਦਾ ਲਾਭ ਪੁਚਾਉਣਾ ਹੈ।ਉਨ੍ਹਾਂ ਕਿਹਾ ਕਿ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਬੁਨਿਆਦੀ ਸਹੂਲਤਾਂ ਨਾਲ ਜੋੜਨਾ ਸਰਕਾਰ ਦੀ ਮੁੱਖ ਤਰਜ਼ੀਹ ਹੈ ਤੇ 'ਮੇਰੀ ਰਸੋਈ ਯੋਜਨਾ' ਇਸੇ ਸੋਚ ਦਾ ਅਹਿਮ ਹਿੱਸਾ ਹੈ।ਉਨ੍ਹਾਂ ਕਿਹਾ ਕਿ ਲੋਕ-ਕੇਂਦਰਤ ਪ੍ਰਸ਼ਾਸਨ ਦੀ ਅਸਲ ਪਹਿਚਾਣ ਇਹ ਹੈ ਕਿ ਲੋੜਵੰਦ ਲੋਕਾਂ ਤੱਕ ਸਿੱਧੀ ਪਹੁੰਚ ਕਰਕੇ ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਸਮਝਿਆ ਜਾਵੇ ਤੇ ਸਮੇਂ ਸਿਰ ਮਦਦ ਮੁਹੱਈਆ ਕਰਵਾਈ ਜਾਵੇ।ਉਨ੍ਹਾਂ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਅਜਿਹੇ ਲੋਕ-ਭਲਾਈ ਦੇ ਉਪਰਾਲੇ ਲਗਾਤਾਰ ਜਾਰੀ ਰਹਿਣਗੇ ਤਾਂ ਜੁ ਕੋਈ ਵੀ ਪਰਿਵਾਰ ਆਪਣੀਆਂ ਬੁਨਿਆਦੀ ਲੋੜਾਂ ਤੋਂ ਵਾਂਝਾ ਨਾ ਰਹੇ। ਰਾਸ਼ਨ ਕਿੱਟਾਂ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਪੰਜਾਬ ਸਰਕਾਰ ਅਤੇ ਡਾ. ਮਿੰਕੂ ਜਵੰਧਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਯੋਜਨਾਵਾਂ ਲੋੜਵੰਦ ਪਰਿਵਾਰਾਂ ਲਈ ਵੱਡਾ ਸਹਾਰਾ ਸਾਬਤ ਹੋ ਰਹੀਆਂ ਹਨ।ਸਮਾਗਮ ਦੌਰਾਨ ਪਿੰਡ ਵਾਸੀਆਂ ਅਤੇ ਨੌਜਵਾਨਾਂ ਵਿੱਚ ਵੀ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਲੋਕਾਂ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।



# ਅਕਾਲੀ ਦਲ ਨੂੰ ਝਟਕਾ, ਕਈ ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ

* ਸ਼ਾਮਲ ਹੋਏ ਪਰਵਾਰਾਂ ਦਾ ਡਾ. ਅਰੋੜਾ ਵੱਲੋਂ ਸਵਾਗਤ



**ਮੋਗਾ, (ਇਕਬਾਲ ਸਿੰਘ ਖਹਿਰਾ)**-ਪਿੰਡ ਘੱਲਕਲਾਂ ਦੀ ਪੱਤੀ ਮਿਹਰ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਇਲਾਕੇ ਦੇ ਪ੍ਰਮੁੱਖ ਪਰਵਾਰ ਨਾਲ ਸਬੰਧਤ ਪਰਮਪਾਲ ਸਿੰਘ ਗਿੱਲ ਨੇ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਇਸ ਦੌਰਾਨ ਸਰਦਾਰ ਚਮਕੌਰ ਸਿੰਘ, ਕਬੱਡੀ ਖਿਡਾਰੀ ਸੋਨੂ ਤੇ ਵੱਡੀ ਗਿਣਤੀ ਵਿੱਚ ਹੋਰ ਪਰਵਾਰਾਂ ਨੇ ਵੀ ਆਮ ਆਦਮੀ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕੀਤੀ।ਇਸ ਮੌਕੇ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਨਵੇਂ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ-ਭਲਾਈ ਨੀਤੀਆਂ ਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲਗਾਤਾਰ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਸਿੱਖਿਆ, ਸਿਹਤ, ਰੁਜ਼ਗਾਰ ਤੇ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਇਤਿਹਾਸਕ ਕੰਮ ਕਰ ਰਹੀ ਹੈ, ਜਿਸ ਕਾਰਨ ਲੋਕਾਂ ਦਾ ਭਰੋਸਾ ਪਾਰਟੀ ਪ੍ਰਤੀ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਪਰਿਵਾਰ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ ਤੇ ਪੰਜਾਬ ਨੂੰ ਵਿਕਾਸ ਦੀਆਂ ਨਵੀਆਂ ਬੁਲੰਦੀਆਂ ਤੱਕ ਲੈ ਜਾਣ ਲਈ ਸਾਰੇ ਮਿਲ ਕੇ ਕੰਮ ਕਰਨਗੇ।ਇਸ ਮੌਕੇ ਸਰਪੰਚ ਸੁਖਚੈਨ ਸਿੰਘ, ਕਰਮਜੀਤ ਸਿੰਘ ਕੱਮਾ, ਮਨਦੀਪ ਸਿੰਘ, ਜਗਤਾਰ ਸਿੰਘ, ਲਾਲੀ ਘਲਕਲਾਂ, ਪ੍ਰੀਤਮ ਸਿੰਘ, ਸੁਖਮੰਦਰ ਸਿੰਘ, ਪ੍ਰਧਾਨ ਗੁਰਲਾਲ ਸਿੰਘ, ਸਾਬਕਾ ਚੇਅਰਮੈਨ ਰਜਿੰਦਰਪਾਲ ਸਿੰਘ ਸਮੇਤ ਹੋਰ ਕਈ ਪਤਵੰਤੇ ਹਾਜ਼ਰ ਸਨ।

# ਚੇਅਰਮੈਨ ਮਾਨ ਵੱਲੋਂ ਮੰਦਰ ਦੀ ਕਾਰ ਸੇਵਾ ਲਈ ਦਾਨ



**ਬਠਿੰਡਾ (ਰਾਜੀਵ ਗੋਇਲ)** : ਹਲਕਾ ਰਾਮਪੁਰਾ ਫੂਲ ਦੇ ਪਿੰਡ ਸੇਲਬਰਾਹ ਵਿਖੇ ਮਾਤਾ ਸ਼ੀਤਲਾ ਦੇਵੀ ਜੀ ਦੇ ਮੰਦਰ ਦੀ ਚੱਲ ਰਹੀ ਉਸਾਰੀ ਨੂੰ ਲੈ ਕੇ ਅੱਜ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਵੱਲੋਂ ਯੋਗਦਾਨ ਪਾਉਂਦੇ ਹੋਏ ਬਰੇਤੀ ਦਾ ਟਰਾਲਾ ਭੇਟ ਕੀਤਾ ਗਿਆ। ਗੱਲਬਾਤ ਕਰਦਿਆਂ ਚੇਅਰਮੈਨ ਮਾਨ ਨੇ ਕਿਹਾ ਕਿ ਉਹ ਹਰ ਧਰਮ ਦਾ ਸਤਿਕਾਰ ਕਰਦੇ ਹਨ ਤੇ ਆਮ ਲੋਕਾਂ ਨੂੰ ਧਰਮ ਨਾਲ ਜੋੜਨਾ ਸਾਡੀ ਸਭ ਦੀ ਅਹਿਮ ਜ਼ੁੰਮੇਵਾਰੀ ਹੈ। ਇਸ ਮੌਕੇ ਰਣਧੀਰ ਸਿੰਘ ਧੀਰਾ, ਸੀਰਾ ਮੱਲੂਆਣਾ ਤੋਂ ਇਲਾਵਾ ਐਡਵੋਕੇਟ ਬਲਕਰਨ ਸਿੰਘ ਸੰਧੂ, ਗੁਰਦੀਪ ਸਿੰਘ, ਖਜ਼ਾਨਚੀ ਰਸਵੀਰ ਸਿੰਘ, ਕੁਲਵਿੰਦਰ ਕੁਮਾਰ, ਮਲਕੀਤ ਸਿੰਘ, ਸੁਖਪਿਆਰ ਸਿੰਘ, ਸੁਖਪਿਆਰ ਸਿੰਘ, ਸੁਖਪਾਲ ਸਿੰਘ, ਸੁਖਮੰਦਰ ਸਿੰਘ, ਭਗਵਾਨ ਸਿੰਘ, ਕਰਮਜੀਤ ਸਿੰਘ, ਲਖਵੀਰ ਸਿੰਘ, ਹਰਦੀਪ ਸਿੰਘ, ਗਗਨ ਤੇ ਭੋਲਾ ਸਿੰਘ ਆਦਿ ਹਾਜ਼ਰ ਸਨ।

# ਬਾਬਾ ਖੇਤਰਪਾਲ ਮੰਦਰ 'ਚ ਹਫ਼ਤਾਵਾਰੀ ਲੰਗਰ ਲਾਇਆ

**ਬਾਘਾਪੁਰਾਣਾ (ਮਨੀ ਸਿੰਗਲਾ)** ਚੰਨੂੰਵਾਲਾ ਰੋਡ 'ਤੇ ਮਹਿੰਦਰਾ ਪੈਲੇਸ ਦੀ ਬੈਕਸਾਈਡ ਸਥਿਤ ਬਾਬਾ ਖੇਤਰਪਾਲ ਜੀ ਦੇ ਮੰਦਰ ਵਿਖੇ ਲਗਾਏ ਜਾਂਦੇ ਹਫ਼ਤਾਵਾਰੀ ਲੰਗਰ ਦੀ ਲੜੀ ਤਹਿਤ ਇਸ ਹਫ਼ਤੇ ਜਗਪਤੀ ਮਾਣੂੰਕੇ ਵਾਲਿਆਂ ਦੇ ਪਰਵਾਰ ਵੱਲੋਂ ਵਿਸ਼ਾਲ ਲੰਗਰ ਲਾਇਆ ਗਿਆ।ਵੱਡੀ ਗਿਣਤੀ 'ਚ ਸ਼ਰਧਾਲੂਆਂ ਨੇ ਮੰਦਰ ਵਿਖੇ ਨਤਮਸਤਕ ਹੋ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਗੁਰੂ ਦੇ ਲੰਗਰ ਦਾ ਪ੍ਰਸ਼ਾਦ ਛਕਿਆ।ਮੰਦਰ ਕਮੇਟੀ ਦੇ ਚੇਅਰਮੈਨ ਵਿਜੇ ਬਾਂਸਲ, ਪ੍ਰਧਾਨ ਸੰਜੀਵ ਗਰਗ, ਕੈਸ਼ੀਅਰ ਰਾਕੇਸ਼ ਜਿੰਦਲ ਤੋਤਾ, ਮੁਕੇਸ਼ ਗੋਇਲ ਅਤੇ ਨਵੀਨ ਗੋਇਲ ਨੇ ਕਿਹਾ ਕਿ ਬਾਬਾ ਖੇਤਰਪਾਲ ਜੀ ਦੀ ਕਿਰਪਾ ਸਦਕਾ ਹਰ ਹਫ਼ਤੇ ਸੰਗਤ ਤੇ ਭਗਤਾਂ ਦੇ ਸਹਿਯੋਗ ਨਾਲ ਲੰਗਰ ਲਾਇਆ ਜਾਂਦਾ ਹੈ।ਉਨ੍ਹਾਂ ਕਿਹਾ ਕਿ ਵੱਖ-ਵੱਖ ਪਰਿਵਾਰ ਆਪਣੀ ਸ਼ਰਧਾ ਅਨੁਸਾਰ ਇਸ ਪੁੰਨ ਦੇ ਕਾਰਜ ਵਿਚ ਯੋਗਦਾਨ ਪਾਉਂਦੇ ਹਨ, ਜਿਸ ਨਾਲ ਸੇਵਾ ਤੇ ਭਾਈਚਾਰੇ ਦੀ ਭਾਵਨਾ ਨੂੰ ਹੋਰ ਮਜ਼ਬੂਤੀ ਮਿਲਦੀ ਹੈ।ਉਨ੍ਹਾਂ ਜਗਪਤੀ ਮਾਣੂੰਕੇ ਪਰਿਵਾਰ ਵੱਲੋਂ ਨਿਭਾਈ ਗਈ ਸੇਵਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਤੇ ਸਮਾਜਿਕ ਉਪਰਾਲੇ ਸਮਾਜ ਨੂੰ ਆਪਸੀ ਪਿਆਰ, ਸਦਭਾਵਨਾ ਅਤੇ ਸਾਂਝ ਦਾ ਸੰਦੇਸ਼ ਦਿੰਦੇ ਹਨ।



# ਇੰਟਰਲਾਇਕ ਟਾਈਲ ਕਾਰੋਬਾਰੀਆਂ ਵੱਲੋਂ ਰੇਟ ਵਧਾਉਣ ਦੀ ਮੰਗ

**ਭਵਾਨੀਗੜ੍ਹ, (ਰਾਜ ਖੁਰਮੀ)** ਇੰਟਰਲਾਕ ਟਾਈਲਾਂ ਸਮੇਤ ਹੋਰ ਸੀ.ਸੀ. ਮਟੀਰੀਅਲ ਬਣਾਉਣ ਵਾਲ਼ੇ ਉਦਯੋਗਤੀਆਂ ਮੰਗ ਕੀਤੀ ਕਿ ਟਾਈਲ ਦੇ ਰੇਟ ਵਧਾਏ। ਉਨ੍ਹਾਂ ਕਿਹਾ ਕਿ ਸਾਡੇ ਰਾਹੀਂ ਅਨੇਕਾਂ ਹੀ ਮਜ਼ਦੂਰਾਂ ਨੂੰ ਰੁਜ਼ਗਾਰ ਮਿਲਿਆ ਹੋਇਆ, ਪਰ ਮਹਿੰਗਾਈ ਦੇ ਦੌਰ ਵਿੱਚ ਇੰਟਰਲਾਕ ਟਾਈਲ ਬਣਾਉਣ ਲਈ ਵਰਤਿਆ ਜਾਂਦਾ ਕੱਚਾ ਮਾਲ ਜਿਸ ਵਿੱਚ ਰੇਤਾ, ਬੱਜਰੀ, ਸੀਮੈਂਟ ਤੇ ਹੋਰ ਮਟੀਰੀਅਲ ਸਮੇਤ ਲੇਬਰ ਦਾ ਖਰਚਾ ਹੁੰਦਾ ਹੈ, ਜੋ ਇਹ ਪੂਰੀ ਤਰ੍ਹਾਂ ਮਹਿੰਗਾ ਹੁੰਦਾ ਜਾ ਰਿਹਾ ਹੈ। ਉਕਤ ਮਟੀਰੀਅਲ ਤੋਂ ਬਣੀ ਇੰਟਰਲਾਕ ਟਾਈਲ 60 ਐੱਮ.ਐੱਮ. ਜਿਸ ਦਾ ਸਰਕਾਰੀ ਰੇਟ ਮਾਰਚ 2021 ਵਿੱਚ 12.75/- ਰੁਪਏ ਸੀ ਅਤੇ ਉਸ ਤੋਂ ਬਾਅਦ ਉਸ ਨੂੰ ਘਟਾ ਕੇ ਰੇਟ 11.40/- ਰੁਪਏ ਕਰ ਦਿੱਤਾ ਹੈ, ਜਿਸ ਕਰਕੇ ਫੈਕਟਰੀਆਂ ਵਿੱਚ ਬਣਨ ਵਾਲੇ ਮਾਲ ਦੀ ਲਾਗਤ ਜ਼ਿਆਦਾ ਹੈ ਤੇ ਆਮਦਨੀ ਨਾ ਮਾਤਰ ਹੈ ਅਤੇ ਜਿਸ ਕਾਰਨ ਪੰਜਾਬ 'ਚ ਕਈ ਫੈਕਟਰੀਆਂ ਜਾਂ ਤਾਂ ਬੰਦ ਹੋ ਗਈਆਂ ਹਨ ਜਾਂ ਬੰਦ ਹੋਣ ਦੇ ਕਿਨਾਰੇ ਹਨ। ਉਕਤ ਟਾਇਲਾਂ ਫੈਕਟਰੀਆਂ ਨਾਲ ਕਈ ਪਰਵਾਰਾਂ ਦੀ ਰੋਜ਼ੀ-ਰੋਟੀ ਦਾ ਸਾਧਨ ਜੁੜਿਆ ਹੋਇਆ ਹੈ ਅਤੇ ਘੱਟੋ-ਘੱਟ ਹੋਰ ਵੀ ਫੈਕਟਰੀਆਂ ਦੇ ਮਾਲਕ ਅਤੇ ਸਮੂਹ ਕ੍ਰਮਚਾਰੀ ਤੋਂ ਪ੍ਰੇਸ਼ਾਨ ਹੋ ਗਏ ਹਨ।

# ਕਾਲੇ ਦੌਰ ਦੇ ਪੀੜਤਾਂ ਨੂੰ ਟਰੁੱਥ ਕਮਿਸ਼ਨ ਦਾ ਗਠਨ ਕਰਕੇ ਇਨਸਾਫ਼ ਦੇਵੇ ਕੇਂਦਰ ਸਰਕਾਰ : ਗਰਗ

**ਭਵਾਨੀਗੜ੍ਹ, (ਰਾਜ ਖੁਰਮੀ)** ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਬਾਬੂ ਪ੍ਰਕਾਸ਼ ਚੰਦ ਗਰਗ ਸਾਬਕਾ ਮੁੱਖ ਸੰਸਦੀ ਸਕੱਤਰ ਨੇ ਕੇਂਦਰ ਸਰਕਾਰ ਤੋਂ ਫ਼ਿਲਮ 'ਸਤਲੁਜ' ਤੋਂ ਪਾਬੰਦੀ ਹਟਾਉਣ ਤੇ ਕਾਲੇ ਦੌਰ ਦੌਰਾਨ ਜਾਨਾਂ ਗੁਆਉਣ ਵਾਲੇ ਪੰਜਾਬੀਆਂ ਨੂੰ ਇਨਸਾਫ਼ ਦੇਣ ਟਰੁੱਥ ਕਮਿਸ਼ਨ ਦੇ ਗਠਨ ਦੀ ਮੰਗ ਕੀਤੀ। ਗਰਗ ਨੇ ਕਿਹਾ ਕਿ ਜਸਵੰਤ ਸਿੰਘ ਖਾਲੜਾ ਵੱਲੋਂ ਕਾਲੇ ਦੌਰ ਦੇ ਭਿਆਨਕ ਸੰਤਾਪ ਨੂੰ ਆਪਣੇ ਸੰਘਰਸ਼ ਰਾਹੀਂ ਲੋਕਾਂ ਦੇ ਸਾਹਮਣੇ ਲਿਆਉਣ ਦਾ ਯਤਨ ਕੀਤਾ ਗਿਆ।ਉਨ੍ਹਾਂ ਦੇ ਜੀਵਨ ਉੱਤੇ ਬਣਾਈ ਫ਼ਿਲਮ 'ਸਤਲੁਜ' ਨੇ ਕਾਲੇ ਦੌਰ ਦੇ ਪੀੜਤਾਂ ਪਰਿਵਾਰਾਂ ਅੰਦਰ ਇੱਕ ਵਾਰ ਫਿਰ ਇਨਸਾਫ਼ ਦੀ ਆਸ ਜਗਾਈ ਹੈ।ਉਨ੍ਹਾਂ ਗ੍ਰਹਿ ਮੰਤਰੀ ਅਮਿਤ ਸ਼ਾਹ ਤੋਂ ਮੰਗ ਕੀਤੀ ਕਿ ਸਭ ਤੋਂ ਪਹਿਲਾਂ ਤਾਂ ਫ਼ਿਲਮ 'ਸਤਲੁਜ' 'ਤੇ ਲੱਗੀ ਪਾਬੰਦੀ ਨੂੰ ਹਟਾਇਆ ਜਾਵੇ, ਕਿਉਂਕਿ ਇਹ ਪਾਬੰਦੀ ਮਨੁੱਖੀ ਹਕੂਕਾਂ ਦੇ ਖਿਲਾਫ਼ ਹੈ।



ਉਨ੍ਹਾਂ ਖਾਸ ਤੌਰ 'ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਸਵੰਤ ਸਿੰਘ ਖਾਲੜਾ ਦੇ ਮਾਮਲੇ 'ਚ ਸਜ਼ਾ ਜ਼ਾਬਤਾ ਸਾਬਕਾ ਡੀ.ਐੱਸ.ਪੀ. ਜੋ ਜ਼ਮਾਨਤ ਤੋਂ ਬਾਅਦ ਗੁੰਮ ਹੋ ਗਿਆ, ਉਸਦੀ ਵੀ ਪੂਰੀ ਜਾਂਚ ਕੀਤੀ ਜਾਵੇ ਤੇ ਉਸਨੂੰ ਜਲਦ ਤੋਂ ਜਲਦ ਲੱਭ ਕੇ ਜੇਲ ਦੀਆਂ ਸਲਾਖਾਂ ਪਿੱਛੇ ਪੁਚਾਇਆ ਜਾਵੇ।

# ਸੇਂਟ ਜ਼ੇਵੀਅਰਜ਼ ਦੇ ਵਿਦਿਆਰਥੀਆਂ ਨੈਸ਼ਨਲ ਖੇਡਾਂ 'ਚ ਤਮਗੇ ਜਿੱਤੇ

**ਸਮਾਣਾ, (ਇਕਬਾਲ ਸਿੰਘ ਬੱਲ) :** ਸੇਂਟ ਜ਼ੇਵੀਅਰਜ਼ ਇੰਟਰਨੈਸ਼ਨਲ ਸਕੂਲ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਹਾਲ ਹੀ ਵਿੱਚ ਹੋਈ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵਾਲੀਬਾਲ, ਕ੍ਰਿਕਟ ਤੇ ਬੈਡਮਿੰਟਨ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤ ਹਾਸਿਲ ਕੀਤੀ ਹੈ।ਸਕੂਲ ਦੇ ਖੇਡ ਸਿਤਾਰਿਆਂ ਨੇ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਤੇ ਬਿਹਤਰੀਨ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਦੇ ਹੋਏ ਕਈ ਤਮਗੇ ਸਕੂਲ ਦੀ ਝੋਲੀ ਪਾਏ ਹਨ। ਵਾਲੀਬਾਲ ਦੇ ਮੁਕਾਬਲਿਆਂ ਵਿੱਚ ਸਕੂਲ ਦੀ ਟੀਮ ਨੇ ਵਿਰੋਧੀਆਂ ਨੂੰ ਮਾਤ ਦਿੰਦਿਆਂ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।ਟੀਮ ਦੇ ਮੈਂਬਰਾਂ ਮਨਜੋਤ ਸਿੰਘ, ਹਰਮਨਜੋਤ ਸਿੰਘ, ਪ੍ਰਭਜੋਤ ਸਿੰਘ, ਅਰਸ਼ਦੀਪ ਸਿੰਘ, ਹੁਸਨਪ੍ਰੀਤ ਸਿੰਘ ਤੇ ਨਵਜੋਤ ਸਿੰਘ ਨੇ ਆਪਸੀ ਤਾਲਮੇਲ ਸਦਕਾ ਸੋਨ ਤਮਗਾ ਜਿੱਤ ਕੇ ਨੈਸ਼ਨਲ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ।ਕ੍ਰਿਕਟ ਵਿੱਚ, ਅੰਡਰ-14 ਵਰਗ ਦੇ ਉੱਭਰਦੇ ਖਿਡਾਰੀਆਂ ਨੇ ਪਿੱਚ 'ਤੇ ਆਪਣੀ ਚਮਕ ਖਿਲਾਰੀ।ਜਸਕਰਨ ਸਿੰਘ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਬਦੌਲਤ ਟੀਮ ਨੇ ਸਖ਼ਤ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਜਿੱਤਿਆ, ਜੋ ਕਿ ਸਕੂਲ ਲਈ ਇੱਕ ਵੱਡੀ ਪ੍ਰਾਪਤੀ ਹੈ।ਅੰਡਰ-14 ਵਰਗ 'ਚ ਟੈਰਿਸ ਸ਼ਰਮਾ, ਜਸ਼ਨਪ੍ਰੀਤ ਸਿੰਘ ਤੇ ਪ੍ਰਨੀਤ ਸਿੰਘ ਦੀ ਤਿੱਕੜੀ ਨੇ ਆਪਣੀ ਬਿਹਤਰੀਨ ਤਕਨੀਕ ਤੇ ਖੇਡ ਰਣਨੀਤੀ ਸਦਕਾ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਜਿੱਤ ਦਰਜ ਕੀਤੀ।ਅੰਡਰ-11 ਵਰਗ 'ਚ ਅਸ਼ਮਿਤ ਸਿੰਘ ਤੇ ਗੁਰਸੇਵਕ ਸਿੰਘ ਦੀ ਜੋੜੀ ਨੇ ਸਖ਼ਤ ਮੁਕਾਬਲਾ ਕਰਦੇ ਹੋਏ ਕਾਂਸੀ ਦਾ ਤਮਗਾ ਆਪਣੇ ਨਾਮ ਕੀਤਾ।ਇਸ ਇਤਿਹਾਸਿਕ ਸਫ਼ਲਤਾ 'ਤੇ ਖੁਸ਼ੀ ਜ਼ਾਹਰ ਕਰਦਿਆਂ ਸੇਂਟ ਜ਼ੇਵੀਅਰਜ਼ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਮਿਸਟਰ ਅਰਨਬ ਸਰਕਾਰ ਨੇ ਜੇਤੂ ਖਿਡਾਰੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਸਕੂਲ ਪ੍ਰਬੰਧਕਾਂ ਵੱਲੋਂ ਕੋਚਿੰਗ ਸਟਾਫ਼ ਦੀ ਵੀ ਸ਼ਲਾਘਾ ਕੀਤੀ ਗਈ, ਜਿਨ੍ਹਾਂ ਦੀ ਅਣਥੱਕ ਮਿਹਨਤ ਸਦਕਾ ਵਿਦਿਆਰਥੀ ਇਸ ਮੁਕਾਮ 'ਤੇ ਪਹੁੰਚੇ ਹਨ।ਇਨ੍ਹਾਂ ਰਾਸ਼ਟਰੀ ਖੇਡ ਨਾਇਕਾਂ ਨੂੰ ਸਨਮਾਨਤ ਕਰਨ ਲਈ ਸਕੂਲ ਕੈਂਪਸ ਵਿੱਚ ਜਲਦੀ ਹੀ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਜਾਵੇਗਾ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਕੋਟੜਾ ਕਲਾਂ ਤੋਂ ਬੱਸ ਰਵਾਨਾ



**ਮਾਨਸਾ, (ਆਤਮਾ ਸਿੰਘ ਪਮਾਰ) :** ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਦੀਦਾਰੇ ਕਰਵਾਉਣ ਦੇ ਮਕਸਦ ਨਾਲ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਬੀਤੇ ਦਿਨੀਂ ਜ਼ਿਲ੍ਹਾ ਯੋਜਨਾ ਕਮੇਟੀ ਮਾਨਸਾ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ ਵੱਲੋਂ ਪਿੰਡ ਕੋਟੜਾ ਕਲਾਂ ਤੋਂ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਹਾਜ਼ਰ ਸ਼ਰਧਾਲੂਆਂ ਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਭੁੱਚਰ ਨੇ ਪੰਜਾਬ ਸਰਕਾਰ ਦੇ ਇਸ ਕਦਮ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਉਪਰਾਲਾ ਇਤਿਹਾਸਕ ਤੇ ਬੇਹੱਦ ਸ਼ਲਾਘਾਯੋਗ ਹੈ, ਜਿਸ ਨੇ ਆਰਥਿਕ ਤੌਰ 'ਤੇ ਕਮਜ਼ੋਰ ਜਾਂ ਸਾਧਨ-ਹੀਣ ਬਜ਼ੁਰਗਾਂ ਤੇ ਪਰਿਵਾਰਾਂ ਦਾ ਆਪਣੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਪਨਾ ਸਾਕਾਰ ਕੀਤਾ ਹੈ।ਉਨ੍ਹਾਂ ਦੱਸਿਆ ਕਿ ਇਹ ਸ਼ਰਧਾਲੂ ਅੰਮ੍ਰਿਤਸਰ ਵਿਖੇ ਵੱਖ ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਲਈ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਯਾਤਰੀਆਂ ਦੇ ਰਹਿਣ, ਖਾਣ-ਪੀਣ ਤੇ ਆਉਣ-ਜਾਣ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ ਅਤੇ ਸ਼ਰਧਾਲੂਆਂ ਦੀ ਸਹੂਲਤ ਲਈ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਮਾਨਸਾ ਜ਼ਿਲ੍ਹੇ ਦੇ ਹਰ ਵਰਗ ਅੰਦਰ ਇਸ ਯੋਜਨਾ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਏਡਿਡ ਸਕੂਲ ਅਧਿਆਪਕਾਂ ਤੇ ਕਰਮਚਾਰੀਆਂ ਵੱਲੋਂ ਸਰਕਾਰ ਖ਼ਿਲਾਫ਼ ਆਰ-ਪਾਰ ਦੀ ਲੜਾਈ ਦਾ ਐਲਾਨ

**ਡੀ.ਐੱਸ.ਈ. (ਸੈਕੰਡਰੀ) ਦਫ਼ਤਰ ਅੱਗੇ 21 ਨੂੰ ਸੂਬਾ ਪੱਧਰੀ ਧਰਨਾ : ਮਦਨੀਪੁਰ**

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**- ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ (ਪੰਜਾਬ-1967) ਦੇ ਪ੍ਰਧਾਨ ਗੁਰਮੀਤ ਸਿੰਘ ਮਦਨੀਪੁਰ ਤੇ ਜਨਰਲ ਸਕੱਤਰ ਸ਼ਰਨਜੀਤ ਸਿੰਘ ਕਾਦੀਮਾਜਰਾ ਨੇ ਸਾਂਝੇ ਤੌਰ 'ਤੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਐਲਾਨ ਕੀਤਾ ਕਿ ਵਿਭਾਗੀ ਨਾਕਾਮੀਆਂ ਤੇ ਮੰਗਾਂ ਵੱਲ ਕੀਤੇ ਜਾ ਰਹੇ ਲਗਾਤਾਰ ਝੂਠੇ ਵਾਅਦਿਆਂ ਤੋਂ ਤੰਗ ਆ ਕੇ ਸਮੁੱਚਾ ਏਡਿਡ ਸਟਾਫ਼ ਤੇ ਪੈਨਸ਼ਨਰਜ਼ ਸਾਥੀ 21 ਜੁਲਾਈ ਨੂੰ ਸਵੇਰੇ 10:30 ਵਜੇ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ ਦੇ ਦਫ਼ਤਰ ਅੱਗੇ ਇੱਕ ਵਿਸ਼ਾਲ ਰੋਸ ਧਰਨਾ ਦੇਣ ਲਈ ਮਜਬੂਰ ਹੋਏ ਹਨ।ਯੂਨੀਅਨ ਆਗੂ ਮਿਸਰਾ ਸਿੰਘ ਬਮਾਲ ਨੇ ਦੱਸਿਆ ਕਿ ਲੰਘੀ 4 ਜੂਨ ਨੂੰ ਜਥੇਬੰਦੀ ਦੀ ਕੈਬਨਿਟ ਸਬ-ਕਮੇਟੀ ਨਾਲ ਦਫ਼ਤਰ ਵਿੱਚ ਹੋਈ ਅਹਿਮ ਮੀਟਿੰਗ ਦੌਰਾਨ ਸਬ-ਕਮੇਟੀ ਦੇ ਚੇਅਰਮੈਨ ਹਰਪਾਲ ਸਿੰਘ ਚੀਮਾ ਵੱਲੋਂ ਵਿਭਾਗੀ ਅਫ਼ਸਰਾਂ ਨੂੰ ਸਪੱਸ਼ਟ ਹੁਕਮ ਦਿੱਤੇ ਗਏ ਸਨ ਕਿ ਬਿਨਾਂ ਆਡਿਟ ਪੈਰਾ ਰਿਪੋਰਟ ਦੀ ਉਡੀਕ ਕੀਤੇ ਜਨਵਰੀ ਤੋਂ ਮਾਰਚ ਦੀ ਗ੍ਰਾਂਟ ਤੁਰੰਤ ਜਾਰੀ ਕੀਤੀ ਜਾਵੇ, ਪਰ ਬੜੇ ਅਫ਼ਸੋਸ ਦੀ ਗੱਲ ਹੈ ਕਿ ਅੱਜ ਡੇਢ ਮਹੀਨਾ ਲੰਘ ਜਾਣ ਦੇ ਬਾਵਜੂਦ ਇਹ ਗ੍ਰਾਂਟਾਂ ਜਾਰੀ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਸਮੁੱਚੇ ਪੰਜਾਬ ਦਾ ਏਡਿਡ ਸਟਾਫ਼ ਭੁੱਖਮਰੀ ਦੀ ਕਗਾਰ 'ਤੇ ਪਹੁੰਚ ਚੁੱਕਾ ਹੈ ਅਤੇ ਇਸੇ ਰੋਸ ਵਜੋਂ ਇਹ ਮੋਰਚਾ ਖੋਲ੍ਹਿਆ ਜਾ ਰਿਹਾ ਹੈ।ਯੂਨੀਅਨ ਨੇ ਸਰਕਾਰ ਦੇ ਗਰੀਬ ਵਿਰੋਧੀ ਚਿਹਰੇ ਨੂੰ ਨੰਗਾ ਕਰਦਿਆਂ ਕਿਹਾ ਕਿ ਏਡਿਡ ਸਕੂਲਾਂ ਵਿੱਚ ਪੜ੍ਹਦੇ ਲੋੜਵੰਦ ਬੱਚਿਆਂ ਨੂੰ ਵਰਦੀਆਂ ਤੇ ਵਿੱਦਿਅਕ ਟੂਰ 'ਤੇ ਜਾਣ ਦੀ ਗ੍ਰਾਂਟ ਨਾ ਦੇ ਕੇ ਵਿਭਾਗ ਉਨ੍ਹਾਂ ਦੇ ਹੱਕਾਂ 'ਤੇ ਡਾਕਾ ਮਾਰ ਰਿਹਾ ਹੈ।



# ਡੀ.ਸੀ ਵੱਲੋਂ ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਬੀ ਐੱਲ ਓਜ਼ ਦਾ ਸਨਮਾਨ

**ਮਾਲੇਰਕੋਟਲਾ (ਅਸਗਰ ਪਰਿਹਾਰ)** ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਮੁੱਖ ਚੋਣ ਅਫ਼ਸਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ)-2026 ਮੁਹਿੰਮ ਤਹਿਤ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦੇ ਕਾਰਜ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ ਬੂਥ ਲੈਵਲ ਅਫ਼ਸਰਾਂ ਨੂੰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ਵੱਲੋਂ ਪ੍ਰਸ਼ੰਸਾ ਪੱਤਰ ਭੇਟ ਕਰਕੇ ਸਨਮਾਨਤ ਕੀਤਾ ਗਿਆ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਐਸ.ਆਈ.ਆਰ.-2026 ਤਹਿਤ ਬੀ.ਐਲ.ਓਜ਼ ਵੱਲੋਂ ਘਰ-ਘਰ ਜਾ ਕੇ ਯੋਗ ਵੋਟਰਾਂ ਨੂੰ ਐਨਿਊਮਰੇਸ਼ਨ ਫਾਰਮ ਵੰਡੇ ਜਾ ਰਹੇ ਹਨ, ਭਰੇ ਹੋਏ ਫਾਰਮ ਇਕੱਤਰ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਦੀ ਬੀ.ਐਲ.ਓ. ਐਪ ਰਾਹੀਂ ਡਿਜੀਟਾਈਜ਼ੇਸ਼ਨ ਵੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਵੋਟਰ ਸੂਚੀਆਂ ਨੂੰ ਸ਼ੁੱਧ, ਪਾਰਦਰਸ਼ੀ ਅਤੇ ਅਪਡੇਟ ਬਣਾਉਣ ਵਿੱਚ ਬੀ.ਐਲ.ਓਜ਼ ਦੀ ਭੂਮਿਕਾ ਬੇਹੱਦ ਅਹਿਮ ਹੈ ਅਤੇ ਉਨ੍ਹਾਂ ਦੀ ਮਿਹਨਤ ਸਦਕਾ ਮੁਹਿੰਮ ਨੂੰ ਲਗਾਤਾਰ ਸਫਲਤਾ ਮਿਲ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਨਿਰਧਾਰਤ ਟੀਚਿਆਂ ਦੀ ਪਾਲਣਾ ਕਰਦਿਆਂ 100 ਫ਼ੀਸਦੀ ਡਿਜੀਟਾਈਜ਼ੇਸ਼ਨ ਦਾ ਟੀਚਾ ਸਭ ਤੋਂ ਪਹਿਲਾਂ ਪੂਰਾ ਕਰਨ ਵਾਲੇ ਵਿਧਾਨ ਸਭਾ ਹਲਕਾ 105-ਮਾਲੇਰਕੋਟਲਾ ਦੇ ਬੂਥ ਨੰਬਰ 90 ਦੇ ਬੀ.ਐਲ.ਓ. ਮੁਹੰਮਦ ਸ਼ਕੀਲ ਅਤੇ ਵਿਧਾਨ ਸਭਾ ਹਲਕਾ 106-ਅਮਰਗੜ੍ਹ ਦੇ ਬੂਥ ਨੰਬਰ 78 ਦੇ ਬੀ.ਐਲ.ਓ. ਹਰਜਿੰਦਰ ਸਿੰਘ ਨੂੰ ਮੁੱਖ ਚੋਣ ਕਮਿਸ਼ਨਰ ਪੰਜਾਬ ਵਲੋਂ ਭੇਜਿਆ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਡਿਪਟੀ ਕਮਿਸ਼ਨਰ ਨੇ ਦੋਵੇਂ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਮਿਸਾਲ ਹੋਰ ਬੀ.ਐਲ.ਓਜ਼ ਲਈ ਵੀ ਪ੍ਰੇਰਨਾਦਾਇਕ ਹੈ।



# ਹਰਦੀਪ ਸਿੰਘ ਦੌਲਤਪੁਰ ਵੱਲੋਂ ਘਰ-ਘਰ ਮੁਹਿੰਮ ਜਾਰੀ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)** ਕਾਂਗਰਸ ਕਿਸਾਨ ਸੈੱਲ ਦੇ ਜਨਰਲ ਸਕੱਤਰ ਤੇ ਹਲਕਾ ਧੂਰੀ ਤੋਂ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਹਰਦੀਪ ਸਿੰਘ ਦੌਲਤਪੁਰ ਵੱਲੋਂ ਹਲਕਾ ਧੂਰੀ ਦੇ ਪਿੰਡਾਂ ਵਿੱਚ ਵਿੱਢੀ ਡੋਰ-ਟੂ-ਡੋਰ ਜਨ-ਸੰਪਰਕ ਮੁਹਿੰਮ 19ਵੇਂ ਦਿਨ ਵੀ ਸਰਗਰਮੀ ਨਾਲ ਜਾਰੀ ਰਹੀ।ਦੌਲਤਪੁਰ ਨੇ ਦਾਅਵਾ ਕੀਤਾ ਕਿ ਇਹ ਮੁਹਿੰਮ ਹਲਕੇ ਦੇ 70 ਤੋਂ ਵੱਧ ਪਿੰਡਾਂ ਤੱਕ ਲਗਾਤਾਰ ਜਾਰੀ ਰਹੇਗੀ। ਘਨੌਰੀ ਕਲਾਂ ਵਿਖੇ ਦੌਰੇ ਦੌਰਾਨ ਉਨ੍ਹਾਂ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ ਤੇ ਵਪਾਰੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ।ਉਹ ਦਲਿਤ ਮੁਹੱਲਿਆਂ ਵਿੱਚ ਬਜ਼ੁਰਗਾਂ ਕੋਲ ਪੀੜ੍ਹੀ 'ਤੇ ਬੈਠ ਕੇ ਪਰਵਾਰਕ ਗੱਲਾਂ ਕਰਦੇ ਅਤੇ ਪਿੰਡ ਦੀਆਂ ਸੱਥਾਂ ਵਿੱਚ ਵਿਚਾਰ ਸਾਂਝੇ ਕਰਦੇ ਨਜ਼ਰ ਆਏ।ਇਸ ਦੌਰਾਨ ਪਿੰਡ ਘਨੌਰੀ ਕਲਾਂ ਵਾਸੀਆਂ ਨੇ ਵਿਸ਼ੇਸ਼ ਤੌਰ 'ਤੇ ਯਾਦ ਕੀਤਾ ਕਿ ਕੁਝ ਸਮਾਂ ਪਹਿਲਾਂ ਖੇਤਾਂ ਵਿੱਚ ਅੱਗ ਲੱਗਣ ਕਾਰਨ ਕਿਸਾਨਾਂ ਦੀ ਸੜੀ ਕਣਕ ਦੇ ਨੁਕਸਾਨ ਵੇਲੇ ਦੌਲਤਪੁਰ ਨੇ ਆਪਣੀ ਜੇਬ ਵਿੱਚੋਂ ਇੱਕ ਲੱਖ ਰੁਪਏ ਦੀ ਆਰਥਿਕ ਮਦਦ ਕੀਤੀ ਸੀ।



# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਨੇ ਡੀ ਸੀ ਨੂੰ ਮੰਗ-ਪੱਤਰ ਦਿੱਤਾ ਗਿਆ

**ਜਲਾਲਾਬਾਦ, (ਜੀਤ ਕੁਮਾਰ)** ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਧਰਮ ਸਿੰਘ ਸਿੱਧੂ ਤੇ ਸ਼ਹੀਦ ਭਗਤ ਸਿੰਘ ਜ਼ੋਨ ਪ੍ਰਧਾਨ ਗੁਰਬਖ਼ਸ਼ ਸਿੰਘ ਦੀ ਅਗਵਾਈ ਹੇਠ ਪਿੰਡ ਮੋਹਕਮ ਅਰਾਈ ਵਿਖੇ ਧਰਨਾ ਇਕ ਸਾਲ ਤੋਂ ਚੱਲ ਰਿਹਾ ਹੈ। ਮਸਲੇ ਨੂੰ ਲੈ ਕੇ ਡਿਪਟੀ ਕਮਿਸ਼ਨਰ ਫਾਜ਼ਿਲਕਾ ਨੂੰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਇੱਕ ਮੰਗ ਪੱਤਰ ਦਿੱਤਾ ਗਿਆ ਹੈ ਅਤੇ ਮੰਗ ਕੀਤੀ ਗਈ ਕਿ ਕਿਸਾਨ ਕਸ਼ਮੀਰ ਸਿੰਘ ਪੁੱਤਰ ਸ਼ੰਕਰ ਸਿੰਘ ਵਾਸੀ ਪਿੰਡ ਮੋਹਕਮ ਅਰਾਈ ਨੇ ਵੱਖ ਵੱਖ ਮਾਲਕਾਂ ਤੋਂ ਜ਼ਮੀਨ ਖਰੀਦੀ ਸੀ ਅਤੇ ਇਸ ਜ਼ਮੀਨ ਵਿਚ ਸ਼ੰਕਰ ਸਿੰਘ ਦਾ ਪਰਿਵਾਰ ਲਗਪਗ 40 ਸਾਲ ਤੋਂ ਕਾਸ਼ਤ ਕਰ ਰਹੇ ਹਨ ਅਤੇ ਰਿਹਾਇਸ਼ ਵੀ ਹੈ, ਜੋ ਐਸ.ਡੀ.ਐਮ. ਨੇ ਸਰਕਾਰ ਦੀ ਕਥਿਤ ਮਿਲੀਭੁਗਤ ਨਾਲ ਮਾਲਕਾਂ ਦੀ ਜ਼ਮੀਨ ਦਾ ਇੰਤਕਾਲ ਪੰਚਾਇਤ ਦੇ ਹੱਕ ਵਿੱਚ ਕਰ ਦਿੱਤਾ ਹੈ, ਜਿਸ ਸਬੰਧ ਵਿੱਚ ਐਸ.ਡੀ.ਐਮ. ਨੇ ਮਾਲਕਾਂ ਨੂੰ ਕੋਈ ਨੋਟਿਸ ਨਹੀਂ ਭੇਜਿਆ ਤੇ ਨਾ ਹੀ ਮਾਲਕਾਂ ਦਾ ਪੱਖ ਸੁਣਿਆ। ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੇ ਡੀਸੀ ਫਾਜ਼ਿਲਕਾ ਨੂੰ ਮੰਗ ਪੱਤਰ ਰਾਹੀ ਦੱਸਿਆ ਕਿ ਸ਼ੰਕਰ ਸਿੰਘ ਖੁਦ ਹੀ ਰਿਕਾਰਡ ਮੁਤਾਬਕ ਅਸਲ ਮਾਲਕ ਹੈ। ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕਦੇ ਵੀ ਸ਼ੰਕਰ ਸਿੰਘ ਦਾ ਮਾਲਕੀ ਹੱਕ ਨਹੀਂ ਖੋਹ ਦਿੱਤਾ ਜਾਵੇਗਾ।



# ਸ਼ਹੀਦ ਕਿਰਨਜੀਤ ਕੌਰ ਦਾ 29ਵਾਂ ਸ਼ਰਧਾਂਜਲੀ ਸਮਾਗਮ ਜੋਸ਼ੋ-ਖਰੋਸ਼ ਨਾਲ ਮਨਾਇਆ ਜਾਵੇਗਾ : ਕਲਾਲਾ

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲ ਕਲਾਂ ਦੀ ਮੀਟਿੰਗ ਕਨਵੀਨਰ ਗੁਰਬਿੰਦਰ ਸਿੰਘ ਕਲਾਲਾ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਮਨਜੀਤ ਸਿੰਘ ਧਨੇਰ, ਜਗਰਾਜ ਸਿੰਘ ਹਰਦਾਸਪੁਰਾ, ਗੁਰਮੀਤ ਸੁਖਪੁਰਾ, ਡਾ: ਅਮਰਜੀਤ ਸਿੰਘ ਕਾਲਸਾਂ, ਪ੍ਰੇਮ ਕੁਮਾਰ ਤੇ ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ ਨੇ ਕਿਹਾ ਕਿ 'ਜਬਰ ਜ਼ੁਲਮ ਖਿਲਾਫ਼ ਲੋਕ ਟਾਕਰੇ ਦਾ ਐਲਾਨਨਾਮਾ ਮਹਿਲ ਕਲਾਂ ਲੋਕ ਘੋਲ' 29ਵੇਂ ਸਾਲ ਵਿੱਚ ਦਾਖ਼ਲ ਹੋ ਗਿਆ ਹੈ।ਇਹ ਲੋਕ ਘੋਲ ਅਨੇਕਾਂ ਮੋੜਾਂ ਘੋੜਾਂ ਨੂੰ ਸਰ ਕਰਦਾ ਹੋਇਆ ਵਿਗਿਆਨਕ ਵਿਚਾਰਧਾਰਾ ਤੇ ਦਰੁਸਤ ਅਗਵਾਈ ਸਦਕਾ ਨਵੀਆਂ ਪੁਲਾਂਘਾਂ ਪੁੱਟ ਰਿਹਾ ਹੈ।ਇਸ ਵਾਰ ਦਾ ਸ਼ਰਧਾਂਜਲੀ ਸਮਾਗਮ ਅਮਰੀਕੀ-ਇਜ਼ਰਾਈਲੀ ਹਮਲੇ ਦੌਰਾਨ ਮੀਨਾਬ (ਇਰਾਨ) ਵਿੱਚ ਮਾਰੀਆਂ ਗਈਆਂ ਬੱਚੀਆਂ ਤੇ ਅਧਿਆਪਕਾਵਾਂ ਨੂੰ ਸਮਰਪਤ ਕਰਦਿਆਂ, ਬੱਬਰ ਅਕਾਲੀ ਲਹਿਰ ਦਾ ਸ਼ਤਾਬਦੀ ਵਰ੍ਹਾ ਹੋਣ ਕਰਕੇ ਇਸ ਦੇ ਜੁਝਾਰੂ ਵਿਰਸੇ ਨੂੰ ਬੁਲੰਦ ਕਰਨ ਦਾ ਫ਼ੈਸਲਾ ਕੀਤਾ ਗਿਆ।ਯਾਦਗਾਰ ਕਮੇਟੀ ਦੇ ਆਗੂਆਂ ਗੁਰਮੇਲ ਸਿੰਘ ਠੁੱਲੀਵਾਲ, ਜਰਨੈਲ ਸਿੰਘ ਚੰਨਣਵਾਲ, ਗੁਰਦੇਵ ਸਿੰਘ ਮਾਂਗੇਵਾਲ, ਨਿਰਮਲ ਸਿੰਘ ਚੁਹਾਣਕੇ, ਜੱਗਾ ਸਿੰਘ ਮਹਿਲ ਕਲਾਂ, ਪ੍ਰੀਤਮ ਸਿੰਘ ਮਹਿਲ ਕਲਾਂ, ਹਰਪ੍ਰੀਤ ਸਿੰਘ ਮਹਿਲ ਕਲਾਂ ਨੇ ਕਿਹਾ ਕਿ ਇਸ ਵਾਰ ਕੌਮੀ ਪੱਧਰ ਦੀ ਪ੍ਰਮੁੱਖ ਔਰਤ ਆਗੂ ਮੁੱਖ ਬੁਲਾਰੇ ਵਜੋਂ ਮਜ਼ਦੂਰ ਹੱਕਾਂ ਪ੍ਰਤੀ ਚੇਤੰਨ ਫਰਜ਼ ਅਦਾ ਕਰ ਰਹੀ 'ਰਾਖ਼ੀ ਸਹਿਗਲ' ਤੇ ਐਡਵੋਕੇਟ ਅਮਨਦੀਪ ਕੌਰ ਬੁਲਾਰੇ ਵਜੋਂ ਸ਼ਾਮਲ ਹੋਣਗੇ। ਜਸਪਾਲ ਮਾਨਖੇੜਾ ਵੱਲੋਂ ਮਹਿਲ ਕਲਾਂ ਲੋਕ ਨੂੰ ਅਧਾਰ ਬਣਾ ਕੇ ਰਚੇ ਇਤਿਹਾਸਕ ਨਾਵਲ 'ਹਵੇਲੀਆਲਾ' 'ਤੇ ਅਧਾਰਤ ਤੇ ਔਰਤਾਂ ਦੀ ਸਮੁੱਚੀ ਹਾਲਤ ਨੂੰ ਦਰਸਾਉਂਦਾ ਨਾਟਕ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਪੇਸ਼ ਕੀਤਾ ਜਾਵੇਗਾ।ਇਨਕਲਾਬੀ ਕਵੀਸ਼ਰੀ ਜਥਾ ਰਸੂਲਪੁਰ ਤੇ ਇਨਕਲਾਬੀ ਗਾਇਕ ਅਜਮੇਰ ਅਕਲੀਆ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।ਰੰਗਦਾਰ, ਵੱਡੀ ਅਕਾਰੀ ਪੋਸਟਰ ਤੇ ਮੌਜੂਦਾ ਹਾਲਤ ਦੇ ਪ੍ਰਸੰਗ ਵਿੱਚ ਲੀਫਲੈਟ ਜਾਰੀ ਕਰਨ ਦਾ ਫ਼ੈਸਲਾ ਕੀਤਾ ਗਿਆ।ਮਿਤੀ 12 ਅਗਸਤ ਦੇ ਇਸ ਵਿਸ਼ਾਲ ਸਮਾਗਮ ਦੀ 15 ਰੋਜ਼ਾ ਤਿਆਰੀ ਮੁਹਿੰਮ ਦੀ ਠੋਸ ਵਿਉਂਤਬੰਦੀ ਲਈ ਸ਼ਹੀਦ ਕਿਰਨਜੀਤ ਕੌਰ ਯਾਦਗਾਰ ਕਮੇਟੀ ਮਹਿਲ ਕਲਾਂ ਦੀ ਆਗੂ ਨੁਮਾ ਵਧਵੀਂ ਮੀਟਿੰਗ 27 ਜੁਲਾਈ ਨੂੰ ਬਾਅਦ ਦੁਪਹਿਰ 2.30 ਵਜੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਰੱਖੀ ਗਈ ਹੈ।ਆਗੂਆਂ ਨੇ ਸਾਰੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੂੰ ਇਸ ਮੀਟਿੰਗ ਵਿੱਚ ਸਮੇਂ ਸਿਰ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।



# ਮੈਗਾ ਰੁਜ਼ਗਾਰ ਮੇਲੇ 'ਚ 60 ਨਾਮਵਰ ਕੰਪਨੀਆਂ ਕਰਨਗੀਆਂ ਭਰਤੀ

**ਮਾਲੇਰਕੋਟਲਾ (ਅਸਗਰ ਪਰਿਹਾਰ)** ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਮਾਲੇਰਕੋਟਲਾ ਕੰਵਲਪੁਨੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਉਪਲਬਧ ਕਰਾਉਣ ਦੇ ਉਦੇਸ਼ ਨਾਲ 20 ਜੁਲਾਈ ਨੂੰ ਮਹਾਰਾਜਾ ਪੈਲੇਸ, ਸੁਨਾਮ (ਜ਼ਿਲ੍ਹਾ ਸੰਗਰੂਰ) ਵਿਖੇ ਇੱਕ ਮੈਗਾ ਰੋਜ਼ਗਾਰ ਮੇਲੇ ਦਾ ਆਯੋਜਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ 60 ਤੋਂ ਵੱਧ ਨਾਮਵਰ ਨਿੱਜੀ ਕੰਪਨੀਆਂ ਅਤੇ ਉਦਯੋਗਿਕ ਅਦਾਰੇ, ਜਿਵੇਂ ਕੇ.ਆਰ.ਬੀ.ਐੱਲ., ਜਗਤਜੀਤ ਐਗਰੋ, ਅਵਾਨੀ ਟੈਕਸਟਾਈਲ, ਅਰੀਹੰਤ ਸਪਿੰਨਿੰਗ ਮਿਲਜ਼, ਆਈ.ਸੀ.ਆਈ.ਸੀ.ਆਈ. ਬੈਂਕ ਆਦਿ ਸ਼ਮੂਲੀਅਤ ਕਰਨਗੇ। ਇਨ੍ਹਾਂ ਕੰਪਨੀਆਂ ਵੱਲੋਂ 3,000 ਤੋਂ ਵੱਧ ਖਾਲੀ ਅਸਾਮੀਆਂ ਲਈ ਯੋਗ ਉਮੀਦਵਾਰਾਂ ਦੀ ਮੌਕੇ 'ਤੇ ਹੀ ਇੰਟਰਵਿਊ ਰਾਹੀਂ ਚੋਣ ਕੀਤੀ ਜਾਵੇਗੀ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ 8ਵੀਂ ਪਾਸ ਤੋਂ ਲੈ ਕੇ ਪੋਸਟ ਗ੍ਰੈਜੂਏਸ਼ਨ ਤੱਕ ਦੀ ਯੋਗਤਾ ਰੱਖਣ ਵਾਲੇ ਨੌਜਵਾਨ ਭਾਗ ਲੈ ਸਕਦੇ ਹਨ।ਉਨ੍ਹਾਂ ਜ਼ਿਲ੍ਹੇ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਸੁਨਹਿਰੀ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਤੇ ਆਪਣੀ ਯੋਗਤਾ ਅਨੁਸਾਰ ਰੋਜ਼ਗਾਰ ਪ੍ਰਾਪਤ ਕਰਨ ਲਈ ਮੇਲੇ ਵਿੱਚ ਸ਼ਮੂਲੀਅਤ ਕਰਨ।ਉਨ੍ਹਾਂ ਦੱਸਿਆ ਕਿ ਰੋਜ਼ਗਾਰ ਮੇਲੇ ਵਿੱਚ ਭਾਗ ਲੈਣ ਲਈ ਉਮੀਦਵਾਰਾਂ ਲਈ ਪਹਿਲਾਂ ਤੋਂ ਗੂਗਲ ਫਾਰਮ ਰਾਹੀਂ ਰਜਿਸਟ੍ਰੇਸ਼ਨ ਕਰਾਉਣਾ ਲਾਜ਼ਮੀ ਹੈ।ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਕਿਹਾ ਕਿ ਅਜਿਹੇ ਰੋਜ਼ਗਾਰ ਮੇਲੇ ਨੌਜਵਾਨਾਂ ਨੂੰ ਉਦਯੋਗਾਂ ਨਾਲ ਸਿੱਧੇ ਤੌਰ 'ਤੇ ਜੋੜਨ ਦਾ ਪ੍ਰਭਾਵਸ਼ਾਲੀ ਮੰਚ ਸਾਬਤ ਹੋ ਰਹੇ ਹਨ ਤੇ ਇਸ ਨਾਲ ਉਨ੍ਹਾਂ ਨੂੰ ਆਪਣੀ ਯੋਗਤਾ ਅਨੁਸਾਰ ਰੋਜ਼ਗਾਰ ਪ੍ਰਾਪਤ ਕਰਨ ਦੇ ਬਿਹਤਰ ਮੌਕੇ ਮਿਲਦੇ ਹਨ।

# ਡਾ. ਇਕਬਾਲ ਸਿੰਘ ਸਕਰੌਦੀ ਦੇ ਕਹਾਣੀ ਸੰਗ੍ਰਹਿ 'ਗੁਨਾਹਗਾਰ ਕੌਣ' ਉਪਰ ਗੋਸ਼ਟੀ

**ਬਰਨਾਲਾ (ਚੰਡਿਹੋਕ)**- ਮਾਲਵਾ ਸਾਹਿਤ ਸਭਾ ਬਰਨਾਲਾ ਵੱਲੋਂ ਮਹੀਨਾਵਾਰ ਸਾਹਿਤਕ ਸਮਾਗਮ ਸਥਾਨਕ ਪੰਜਾਬ ਆਈ ਟੀ ਆਈ ਵਿਖੇ ਕਰਵਾਇਆ ਗਿਆ ।ਇਸ ਸਮਾਗਮ ਵਿੱਚ ਡਾ ਇਕਬਾਲ ਸਿੰਘ ਸਕਰੌਦੀ ਦੇ ਕਹਾਣੀ ਸੰਗ੍ਰਹਿ ਗੁਨਾਹਗਾਰ ਕੌਣ ਉੱਪਰ ਗੋਸ਼ਟੀ ਕਰਵਾਈ ਗਈ ਜਿਸ ਉੱਪਰ ਪਰਚਾ ਪੜ੍ਹਦਿਆਂ ਡਾ ਅਰਵਿੰਦਰ ਕੌਰ ਕਾਕੜਾ ਨੇ ਕਿਹਾ ਕਿ ਡਾ ਇਕਬਾਲ ਸਿੰਘ ਸਕਰੌਦੀ ਦੀਆਂ ਕਹਾਣੀਆਂ ਮਾਨਵਵਾਦੀ ਦ੍ਰਿਸ਼ਟੀ ਨੂੰ ਉਭਾਰਦੀਆਂ ਸਮਾਜਿਕ ਚੇਤਨਾ ਦਾ ਪ੍ਰਸਾਰ ਕਰਦੀਆਂ ਹਨ। ਇਹਨਾਂ ਕਹਾਣੀਆਂ ਦੀ ਮੁੱਖ ਧੁਨੀ ਸਮਾਜ ਵਿਚਲੇ ਗੰਧਲੇਪਣ ਨੂੰ ਖਤਮ ਕਰਨ ਦਾ ਹੋਕਾ ਦਿੰਦੀ ਹੈ। ਪ੍ਰਸਿੱਧ ਆਲੋਚਕ ਡਾ ਸੁਰਜੀਤ ਬਰਾੜ ਨੇ ਕਿਹਾ ਕਿ ਇਸ ਕਹਾਣੀ ਸੰਗ੍ਰਹਿ ਦੀਆਂ ਸਾਰੀਆਂ ਕਹਾਣੀਆਂ ਸੰਵੇਦਨਹੀਨ ਮਨੁੱਖ ਨੂੰ ਸੰਵੇਦਨਸ਼ੀਲ ਕਿਰਿਆਹੀਣ ਨੂੰ ਕਿਰਿਆਸ਼ੀਲ ਬਣਨ ਅਤੇ ਮੁਹੱਬਤਹੀਣ ਲੋਕਾਂ ਦੇ ਅੰਦਰ ਮੋਹ ਦੇ ਕਰੰਡ ਹੋਏ ਬੀਜਾਂ ਨੂੰ ਉੱਗਣ ਲਈ ਮੌਸਮ ਪ੍ਰਦਾਨ ਕਰਦੀਆਂ ਮਨੁੱਖ ਅੰਦਰ ਮਾਣਵੀ ਗੁਣ ਪੈਦਾ ਕਰਦੀਆਂ ਹਨ । ਸਭਾ ਦੇ ਪ੍ਰਧਾਨ ਡਾ ਸੰਪੂਰਨ ਸਿੰਘ ਟੱਲੇਵਾਲੀਆ ਨੇ ਕਿਹਾ ਕਿ ਇਸ ਸੰਗ੍ਰਹਿ ਦੀਆਂ ਸਾਰੀਆਂ ਕਹਾਣੀਆਂ ਮਨੁੱਖ ਨੂੰ ਆਦਰਸ਼ਵਾਦੀ ਮਨੁੱਖ ਬਣਨ ਦਾ ਸੁਨੇਹਾ ਦਿੰਦੀਆਂ ਯਥਾਰਥਵਾਦ ਦੇ ਨੇੜੇ ਹਨ।ਤੇਜਾ ਸਿੰਘ ਤਿਲਕ ਨੇ ਕਿਹਾ ਕਿ ਸਾਰੀਆਂ ਕਹਾਣੀਆਂ ਸਿੱਖਿਆਦਾਇਕ ਅਤੇ ਉਪਦੇਸ਼ਆਤਮਕ ਹਨ ਵਿਦਿਆਰਥੀ ਵਰਗ ਨੂੰ ਇਹ ਕਹਾਣੀਆਂ ਜ਼ਰੂਰ ਪੜ੍ਹਨੀਆਂ ਚਾਹੀਦੀਆਂ ਹਨ । ਭੋਲਾ ਸਿੰਘ ਸੰਘੇੜਾ ਨੇ ਕਿਹਾ ਕਿ ਸਾਰੀਆਂ ਕਹਾਣੀਆਂ ਸਾਡੇ ਦੁਆਲੇ ਦੇ ਜੀਵਨ ਬਿਰਤਾਂਤ ਦੀ ਮਹੱਤਵਪੂਰਨ ਸਮਝ ਪੈਦਾ ਕਰਦੀਆਂ ਹਨ ਇਹ ਕਹਾਣੀ ਸੰਗ੍ਰਹਿ ਦੀ ਵਿਧਾ ਸਾਹਿਤਕ ਨਿਬੰਧਾਂ ਦਾ ਭੁਲੇਖਾ ਪਾਉਂਦੀ ਹੋਈ ਕਹਾਣੀ ਕੈਨਵਸ ਵਿੱਚ ਆਪਣਾ ਨਾਂ ਲਿਖਵਾਉਂਦੀ ਹੈ। ਇਹਨਾਂ ਤੋਂ ਇਲਾਵਾ ਜੁਗਰਾਜ ਧੌਲਾ ਕਹਾਣੀਕਾਰ ,ਪਰਮਜੀਤ ਮਾਨ ਨਾਵਲਕਾਰ, ਦਰਸ਼ਨ ਸਿੰਘ ਗੁਰੂ, ਡਾ ਅਮਨਦੀਪ ਸਿੰਘ ਟੱਲੇਵਾਲੀਆ, ਜਗਤਾਰ ਜਜ਼ੀਰਾ ਅਤੇ ਡਾ ਰਾਮਪਾਲ ਸਿੰਘ ਸ਼ਾਹਪੁਰੀ ਨੇ ਇਸ ਕਹਾਣੀ ਸੰਗ੍ਰਹਿ ਬਾਰੇ ਆਪਣੇ ਵਿਚਾਰ ਪੇਸ਼ ਕੀਤੇ। ਉਪਰੰਤ ਹੋਏ ਕਵੀ ਦਰਬਾਰ ਵਿੱਚ ਸੁਦਰਸ਼ਨ ਗੁੱਡੂ ,ਜਗਤਾਰ ਬੈਂਸ, ਕਰਮ ਸਿੰਘ ਜ਼ਖ਼ਮੀ, ਲਖਵਿੰਦਰ ਸਿੰਘ ਠੀਕਰੀਵਾਲ, ਪ੍ਰਿੰ. ਕੌਰ ਸਿੰਘ ਧਨੌਲਾ, ਸਿੰਦਰ ਧੌਲਾ, ਸੁਖਦੇਵ ਸਿੰਘ ਔਲਖ, ਦਵਿੰਦਰ ਸਿੰਘ ਸੰਘੇੜਾ, ਰਾਮ ਸਿੰਘ ਬੀਹਲਾ, ਡਾ ਉਜਾਗਰ ਸਿੰਘ ਮਾਨ, ਗੁਰਜੰਟ ਸਿੰਘ ਬਰਨਾਲਾ ਐਸ ਪੀ ਕਾਲੇ ਕੇ, ਜਗਰਾਜ ਚੰਦ ਰਾਏਸਰ, ਪਵਨ ਕੁਮਾਰ ਹੋਸ਼ੀ ,ਸੁਰਜੀਤ ਸਿੰਘ ਮੌਜੀ, ਸੁਖਵਿੰਦਰ ਸਿੰਘ ਸਨੇਹ ਬੱਲੀ, ਬਲਜਿੰਦਰ ਈਲਵਾਲ, ਰੁਪਿੰਦਰ ਕੌਰ ਸ਼ਹਿਣਾ, ਜਸਵਿੰਦਰ ਕੌਰ ਘਨੌਰੀ, ਗੁਰਤੇਜ ਸਿੰਘ, ਮੱਖਣ, ਹਾਕਮ ਸਿੰਘ ਰੂੜਕੇ ,ਅਮਰਜੀਤ ਸਿੰਘ ਅਮਨ ਧੂਰੀ, ਸੁਰਿੰਦਰ ਸ਼ਰਮਾ ਨਾਗਰਾ ,ਰਘਵੀਰ ਸਿੰਘ ਗਿੱਲ ਕੱਟੂ, ਭਰਪੂਰ ਸਿੰਘ ਗਰਚਾ ,ਜਤਿੰਦਰ ਸਿੰਘ ਉਪਲੀ, ਸਰੂਪ ਚੰਦ ਹਰੀਗੜ੍ਹ, ਬਹਾਦਰ ਸਿੰਘ ਧੌਲਾ, ਸੁਰਿੰਦਰ ਬਾਵਾ, ਪਰਮਜੀਤ ਕੌਰ ਜੋਧਪੁਰ ਅਤੇ ਚਰਨਜੀਤ ਕੌਰ ਨੇ ਆਪਣੇ ਗੀਤ, ਅਤੇ ਕਵਿਤਾਵਾਂ ਪੇਸ਼ ਕੀਤੀਆਂ ।ਉਪਰੰਤ ਸਭਾ ਵੱਲੋਂ ਡਾ ਇਕਬਾਲ ਸਿੰਘ ਸਕਰੌਦੀ ਦਾ ਸਨਮਾਨ ਕੀਤਾ ਗਿਆ।



# ਡੇਰਾ ਬਾਬਾ ਰੱਬ ਲੋਕ 'ਚ ਧਾਰਮਿਕ ਸਮਾਗਮ ਕਰਾਇਆ



**ਭੀਖੀ, (ਧਰਮਵੀਰ ਸ਼ਰਮਾ)** ਡੇਰਾ ਬਾਬਾ ਰੱਬ ਲੋਕ ਵਿਖੇ ਗੱਦੀਨਸ਼ੀਨ ਬਾਬਾ ਸੁਖਰਾਜ ਦਾਸ (ਕੌਂਸਲਰ) ਵੱਲੋਂ ਨਗਰ, ਇਲਾਕੇ ਦੀ ਸੁੱਖ ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਸਲਾਨਾ ਭੰਡਾਰੇ ਦੌਰਾਨ ਸ਼੍ਰੀ ਸਿਧਾਂਤ ਸਾਗਰ ਦੇ ਭੋਗ ਪਾਏ ਗਏ, ਉਪਰੰਤ ਅਤੁੱਟ ਭੰਡਾਰਾ ਵਰਤਾਇਆ ਗਿਆ।

ਬਾਬਾ ਸੁਖਰਾਜ ਦਾਸ ਨੇ ਦੱਸਿਆ ਕਿ ਸੰਗਤ ਦੇ ਸਹਿਯੋਗ ਨਾਲ ਹਰ ਸਾਲ ਦੀ ਤਰਾਂ ਡੇਰਾ ਵਿਖੇ ਧਾਰਮਿਕ ਸਮਾਗਮ ਕਰਵਾਉਣ ਦਾ ਮੁੱਖ ਮਕਸਦ ਲੋਕਾਂ ਦੀ ਸੁੱਖ ਸ਼ਾਂਤੀ ਤੋਂ ਇਲਾਵਾ ਸਮਾਜਿਕ ਕੁਰਿਹਤਾਂ ਤੋਂ ਦੂਰ ਰਹਿਣ ਲਈ ਵਿਸ਼ੇਸ਼ ਤੌਰ 'ਤੇ ਪ੍ਰੇਰਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਭੌਤਿਕੀ ਜੀਵਨ ਜਿਉਂਦੇ ਸਮਾਜਿਕ ਕੁਰਿਹਤਾਂ ਤੋਂ ਬਚਣ ਲਈ ਅਧਿਆਤਮਿਕਵਾਦ ਇੱਕ ਸਰਲ ਵਿਧੀ ਹੈ ਤੇ ਮਨੁੱਖ ਨੂੰ ਸਮਾਜ ਵਿੱਚ ਸੰਗਤ ਦੀ ਤਰਾਂ ਵਿਚਰ ਕੇ ਜਿਥੇ ਸਮਾਜਿਕ ਬੁਰਾਈਆਂ ਤੋਂ ਬਚਿਆ ਜਾ ਸਕਦਾ ਹੈ, ਉਥੇ ਅਧਿਆਤਮ ਰਾਹੀਂ ਆਪਣੇ ਸ਼ਰੀਰ ਨੂੰ ਨਿਰੋਗ ਅਤੇ ਆਤਮਾ ਨੂੰ ਪਵਿੱਤਰ ਕਰ ਸਕਦੇ ਹਨ।

# ਕਿਸਾਨਾਂ ਦੇ ਵਿਸ਼ਾਲ ਰੋਡ ਮਾਰਚ ਵੱਲੋਂ ਭਾਰਤ-ਅਮਰੀਕਾ ਵਪਾਰ ਸਮਝੌਤਾ ਰੱਦ ਕਰਨ ਦੀ ਮੰਗ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸ਼ਹੀਦ ਭਾਈ ਤਾਰੂ ਸਿੰਘ ਜੀ ਪੂਹਲਾ ਜ਼ੋਨ ਭਿੱਖੀਵਿੰਡ ਅਤੇ ਧੰਨ-ਧੰਨ ਬਾਬਾ ਭਾਈ ਝਾੜੂ ਸਾਹਿਬ ਜੀ ਜ਼ੋਨ ਵਲਟੋਹਾ ਵੱਲੋਂ ਦੇਸ਼ ਬਚਾਓ ਮੋਰਚੇ ਦੀ ਕਾਲ ਤਹਿਤ ਬੁੱਧਵਾਰ ਨੂੰ ਦਾਣਾ ਮੰਡੀ ਅਮਰਕੋਟ ਤੋਂ ਐੱਸਡੀਐੱਮ ਦਫ਼ਤਰ ਭਿੱਖੀਵਿੰਡ ਤੱਕ ਵਿਸ਼ਾਲ ਰੋਡ ਮਾਰਚ ਕੱਢਿਆ ਗਿਆ। ਮਾਰਚ ਦੀ ਅਗਵਾਈ ਜ਼ੋਨ ਪ੍ਰਧਾਨ ਦਿਲਬਾਗ ਸਿੰਘ ਪਹੂਵਿੰਡ ਅਤੇ ਦਲਬੀਰ ਸਿੰਘ ਭੂਰਾ ਨੇ ਕੀਤੀ।ਰੋਸ ਮਾਰਚ ਤੋਂ ਬਾਅਦ ਕਿਸਾਨਾਂ ਨੇ ਆਪਣੀਆਂ ਮੰਗਾਂ ਸਬੰਧੀ ਐਸਡੀਐਮ ਰਾਹੀਂ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜਿਆ।ਰੈਲੀ ਨੂੰ ਸੰਬੋਧਨ ਕਰਦਿਆਂ ਦਿਲਬਾਗ ਸਿੰਘ ਪਹੂਵਿੰਡ, ਦਲਬੀਰ ਸਿੰਘ ਭੂਰਾ, ਨਿਸ਼ਾਨ ਸਿੰਘ ਮਾੜੀਮੇਘਾ ਅਤੇ ਸੁਖਦੇਵ ਸਿੰਘ ਦੁੱਬਲੀ ਨੇ ਕਿਹਾ ਕਿ ਪ੍ਰਸਤਾਵਿਤ ਭਾਰਤ-ਅਮਰੀਕਾ ਵਪਾਰ ਸਮਝੌਤਾ ਦੇਸ਼ ਦੇ ਕਿਸਾਨਾਂ, ਖੇਤ ਮਜ਼ਦੂਰਾਂ, ਪਸ਼ੂ ਪਾਲਕਾਂ, ਛੋਟੇ ਵਪਾਰੀਆਂ ਅਤੇ ਲਘੂ ਉਦਯੋਗਾਂ ਲਈ ਗੰਭੀਰ ਖ਼ਤਰਾ ਬਣ ਸਕਦਾ ਹੈ।ਉਨ੍ਹਾਂ ਕੇਂਦਰ ਸਰਕਾਰ ਤੋਂ ਭਾਰਤ-ਅਮਰੀਕਾ ਮੁਕਤ ਵਪਾਰ (ਫ੍ਰੀ ਟਰੇਡ) ਸਮਝੌਤੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ।ਇਸ ਮੌਕੇ ਰਣਜੀਤ ਸਿੰਘ ਚੀਮਾ ਅਤੇ ਬੱਗੂ ਸਿੰਘ ਭੂਰਾ ਨੇ ਜਾਰੀ ਪ੍ਰੈੱਸ ਬਿਆਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਕਾਰਨ ਲੋਕ ਪਹਿਲਾਂ ਹੀ ਮਹਿੰਗਾਈ ਦੀ ਮਾਰ ਝੱਲ ਰਹੇ ਹਨ।ਉਨ੍ਹਾਂ ਕਿਹਾ ਕਿ ਲੈਂਡ ਪੂਲਿੰਗ ਨੀਤੀ, ਪਿੰਡਾਂ ਵਿੱਚ ਜ਼ਬਰਦਸਤੀ ਸਮਾਰਟ ਮੀਟਰ ਲਗਾਉਣ ਅਤੇ ਕਿਸਾਨ-ਮਜ਼ਦੂਰ ਵਿਰੋਧੀ ਫ਼ੈਸਲਿਆਂ ਨੇ ਪੇਂਡੂ ਲੋਕਾਂ ਵਿੱਚ ਭਾਰੀ ਰੋਸ ਪੈਦਾ ਕੀਤਾ ਹੈ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਲੋਕ ਵਿਰੋਧੀ ਨੀਤੀਆਂ ਨੂੰ ਤੁਰੰਤ ਵਾਪਸ ਲੈ ਕੇ ਲੋਕ ਹਿਤੈਸ਼ੀ ਫ਼ੈਸਲੇ ਕੀਤੇ ਜਾਣ।ਰੋਡ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਨੇ ਹੱਥਾਂ ਵਿੱਚ ਝੰਡੇ ਅਤੇ ਬੈਨਰ ਫੜ ਕੇ ਕੇਂਦਰ ਅਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਕਿਸਾਨਾਂ ਦੀਆਂ ਮੰਗਾਂ ਨੂੰ ਅਣਡਿੱਠਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਵੱਡੇ ਪੱਧਰ ਤੇ ਜਨ ਅੰਦੋਲਨ ਖੜ੍ਹਾ ਕੀਤਾ ਜਾਵੇਗਾ।ਇਸ ਮੌਕੇ ਪੂਰਨ ਸਿੰਘ ਮੱਦਰ, ਅਜਮੇਰ ਸਿੰਘ ਅਮੀਸ਼ਾਹ, ਮਾਨ ਸਿੰਘ ਮਾੜੀਮੇਘਾ, ਸੁਖਪਾਲ ਸਿੰਘ ਦੋਦੇ, ਤਰਸੇਮ ਸਿੰਘ ਬਰਵਾਲਾ, ਸੁਖਚੈਨ ਸਿੰਘ ਜੰਡ, ਬਲਜੀਤ ਸਿੰਘ ਮਾਹਣੇਕੇ, ਸੁਖਵੰਤ ਸਿੰਘ ਠੱਠਾ, ਆਤਮਾ ਸਿੰਘ ਘਰਿਆਲੀ, ਧਰਮ ਸਿੰਘ ਘਰਿਆਲੀ, ਹਰਜਿੰਦਰ ਸਿੰਘ ਮੱਦਰ, ਸੁਖਚੈਨ ਸਿੰਘ ਡਲੀਰੀ, ਸਤਨਾਮ ਸਿੰਘ ਮਨਿਹਾਲਾ, ਕਾਰਜ ਸਿੰਘ ਅਮੀਸ਼ਾਹ, ਜਰਨੈਲ ਸਿੰਘ ਉੱਦੋਕੇ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਅਤੇ ਵਰਕਰ ਹਾਜ਼ਰ ਸਨ।

# ਜਨਵਾਦੀ ਇਸਤਰੀ ਸਭਾ ਨੇ ਕਟਾਰੂਚੱਕ ਨੂੰ ਸੌਂਪਿਆ ਮੰਗ ਪੱਤਰ



ਪਠਾਨਕੋਟ (ਦਵਿੰਦਰ ਸਿੰਘ)-ਜਨਵਾਦੀ ਇਸਤਰੀ ਸਭਾ ਪੰਜਾਬ ਦੇ ਸੱਦੇ ਤੇ ਜ਼ਿਲ੍ਹਾ ਪਠਾਨਕੋਟ ਦੇ ਪ੍ਰਧਾਨ ਕਾਮਰੇਡ ਸੁਧਾ ਰਾਣੀ ਅਤੇ ਜਨਰਲ ਸਕੱਤਰ ਕਾਮਰੇਡ ਦੇਵੀ ਸੈਣੀ ਦੀ ਅਗਵਾਈ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੂੰ ਮੰਗ ਪੱਤਰ ਦਿੱਤਾ ਗਿਆ।

ਇਸ ਮੌਕੇ ਸੁਧ ਰਾਣੀ, ਦੇਵੀ ਸੈਣੀ, ਸੁਰੇਖਾ, ਹਰਬੰਸ ਕੌਰ, ਕਿਸਾਨ ਆਗੂ ਕੇਵਲ ਕਾਲੀਆ ਅਤੇ ਸੀਟੂ ਆਗੂ ਸੁਰਿੰਦਰ ਸਹਿਗਲ ਹਾਜ਼ਰ ਸਨ।ਮੰਗਾਂ ਬਾਰੇ ਜਾਣਕਾਰੀ ਦਿੰਦਿਆਂ ਜਨਰਲ ਸਕੱਤਰ ਦੇਵੀ ਸੈਣੀ ਨੇ ਦੱਸਿਆ ਕਿ ਸੂਬਾਈ ਸੱਦੇ ਤੇ ਕੈਬਨਿਟ ਮੰਤਰੀ ਕਟਾਰੂਚੱਕ ਨੂੰ ਮੰਗ ਪੱਤਰ ਦਿੱਤਾ ਗਿਆ।

ਮੰਗਾਂ ਬਾਰੇ ਗੱਲ ਕਰਦਿਆਂ ਉਨ੍ਹਾਂ ਨੇ ਮੰਗ ਕੀਤੀ ਕਿ ਸੰਸਦ ਅਤੇ ਦੇਸ਼ ਦੀਆਂ ਸਾਰੀਆਂ ਵਿਧਾਨ ਸਭਾ ਵਿੱਚ ਮਹਿਲਾਵਾਂ ਲਈ 33 ਫੀਸਦੀ ਰਾਖਵਾਂਕਰਨ ਬਿਨਾ ਦੇਰੀ ਦੇ ਤੁਰੰਤ ਲਾਗੂ ਕੀਤਾ ਜਾਵੇ।ਇਸ ਇਤਿਹਾਸਕ ਮੰਗ ਲਈ ਜੱਥੇਬੰਦੀ ਵੱਲੋਂ ਰੈਲੀਆਂ, ਧਰਨੇ, ਵਿਰੋਧ ਮੁਜ਼ਾਹਰੇ ਅਤੇ ਜਨ ਅਭਿਆਨਾਂ ਰਾਹੀਂ ਦੇਸ਼ ਪੱਧਰ ਤੇ ਇਹ ਮੁੱਦਾ ਉਠਾਇਆ ਜਾਂਦਾ ਰਿਹਾ ਹੈ, ਜਿਸਦੇ ਨਤੀਜੇ ਵਜੋਂ ਸਾਲ 2023 ਵਿੱਚ ਕੇਂਦਰ ਸਰਕਾਰ ਨੇ ਸੰਸਦ ਵਿਚ ਨਾਰੀ ਸ਼ਕਤੀ ਵੰਦਨ ਅਧਿਨਿਯਮ ਪਾਸ ਕੀਤਾ। ਕੇਂਦਰ ਸਰਕਾਰ ਨੇ ਲਾਗੂ ਕਰਨ ਦੀ ਥਾਂ ਸਿਆਸੀ ਲਾਭ ਲਈ ਜਨਗਣਨਾ ਅਤੇ ਹਦਬੰਦੀ ਨਾਲ ਜੋੜ ਦਿੱਤਾ।ਇਸ ਲਈ ਅਸੀਂ ਮੰਗ ਕਰਦੇ ਹਾਂ ਕਿ ਇਸਨੂੰ ਤੁਰੰਤ ਲਾਗੂ ਕੀਤਾ ਜਾਵੇ।ਰਾਖਵਾਂਕਰਨ ਨੂੰ ਜਨਗਣਨਾ ਅਤੇ ਹੱਦਬੰਦੀ ਨਾਲ ਨਾਂ ਜੋੜਿਆ ਜਾਵੇ।ਇਸ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਕਾਰਜ ਯੋਜਨਾ ਜਨਤਕ ਕੀਤੀ ਜਾਵੇ।

# ਖੰਡ ਮਿੱਲ ਸ਼ੇਰੋਂ ਨੂੰ ਚਾਲੂ ਕਰਾਉਣ ਲਈ ਪੱਕਾ ਮੋਰਚਾ 56ਵੇਂ ਦਿਨ ਵੀ ਰਿਹਾ ਜਾਰੀ



ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਸ਼ੇਰੋਂ ਖੰਡ ਮਿੱਲ ਬਚਾਓ ਪੱਕਾ ਮੋਰਚਾ ਵਿੱਚ ਸ਼ਾਮਿਲ ਸੰਯੁਕਤ ਕਿਸਾਨ ਮੋਰਚੇ ਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ 56ਵੇਂ ਦਿਨ ਵੀ ਸਹਿਕਾਰੀ ਖੰਡ ਮਿੱਲ ਸ਼ੇਰੋਂ ਵਿਖੇ ਪੱਕਾ ਮੋਰਚਾ ਜਾਰੀ ਰਿਹਾ।ਇਸ ਮੌਕੇ ਬੋਲਦਿਆਂ ਕਿਸਾਨ ਮੋਰਚਾ ਦੇ ਆਗੂਆਂ ਹਰਜਿੰਦਰ ਸਿੰਘ ਟਾਂਡਾ, ਮਨਜੀਤ ਸਿੰਘ ਬੱਗੂ, ਮਹਾਂਵੀਰ ਸਿੰਘ ਗਿੱਲ, ਤਰਸੇਮ ਸਿੰਘ ਲੁਹਾਰ, ਨਛੱਤਰ ਸਿੰਘ ਪੰਨੂ, ਸੁਖਚੈਨ ਸਿੰਘ ਸਰਹਾਲੀ ਆਦਿ ਆਗੂਆਂ ਨੇ ਕਿਹਾ ਕਿ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਲਈ ਪਿਛਲੇ ਦੋ ਤਿੰਨ ਦਹਾਕਿਆਂ ਤੋਂ ਦਬਾਅ ਪਾਇਆ ਜਾ ਰਿਹਾ ਸੀ।ਮੋਦੀ ਸਰਕਾਰ ਅਮਰੀਕਾ ਦੇ ਥੱਲੇ ਲੱਗ ਕੇ ਤੇ ਉਸ ਦੀਆਂ ਸ਼ਰਤਾਂ ਤਹਿਤ ਵਪਾਰਕ ਸਮਝੌਤਾ ਕਰਨ ਲਈ ਕਾਹਲੀ ਹੈ, ਜਿਸ ਨਾਲ ਭਾਰਤੀ ਖੇਤੀ ਤੇ ਅਰਥਚਾਰੇ ਨੂੰ ਵੱਡਾ ਨੁਕਸਾਨ ਹੋਵੇਗਾ। ਮੋਟੇ ਅਨਾਜ ਵਿੱਚ ਖੁਸ਼ਕ ਫ਼ਲਾਂ ਤੇ ਮੁਕਾਬਲੇ ਦੇ ਸਾਹਮਣੇ ਘਰੇਲੂ ਕਿਸਾਨੀ ਬਿਲਕੁਲ ਨਿਹੱਥੀ ਹੋ ਜਾਵੇਗੀ ਤੇ ਉਹ ਅਮਰੀਕਨ ਕਿਸਾਨਾਂ ਦਾ ਮੁਕਾਬਲਾ ਨਹੀਂ ਕਰ ਸਕਣਗੇ।ਇਸ ਲਈ ਭਾਰਤ ਸਰਕਾਰ ਨੂੰ ਅਮਰੀਕਾ ਨਾਲ ਸੰਧੀ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।ਇਹ ਸ਼ਬਦ ਸ਼ੇਰੋਂ ਖੰਡ ਮਿੱਲ ਬਚਾਓ ਪੱਕਾ ਮੋਰਚਾ ਤੇ ਬੈਠੇ ਕਿਸਾਨ ਆਗੂਆਂ ਨੇ ਧਰਨੇ 'ਤੇ ਬੈਠੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਹੇ।ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਮੋਦੀ ਸਰਕਾਰ ਦੇ ਫ਼ੈਸਲੇ ਦੇ ਵਿਰੋਧ ਵਿੱਚ 22 ਜੁਲਾਈ ਨੂੰ ਟੋਲ ਪਲਾਜ਼ੇ ਮੁਫ਼ਤ ਕਰਨ ਤੇ ਬੀਜੇਪੀ ਆਗੂਆਂ ਦਾ ਘਿਰਾਓ ਕਰਨ ਦਾ ਫ਼ੈਸਲਾ ਲਿਆ ਗਿਆ ਹੈ।ਇਸ ਪ੍ਰਦਰਸ਼ਨ ਦੀ ਤਿਆਰੀ ਹਿੱਤ ਕਿਸਾਨਾਂ ਵੱਲੋਂ ਪਿੰਡਾਂ ਵਿੱਚ ਲਾਮਬੰਦੀ ਸ਼ੁਰੂ ਕਰ ਦਿੱਤੀ ਗਈ ਹੈ।ਮੋਰਚੇ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਸੰਯੁਕਤ ਕਿਸਾਨ ਮੋਰਚਾ ਦੇ ਸੂਬਾਈ ਆਗੂ ਡਾ. ਸਤਨਾਮ ਸਿੰਘ ਅਜਨਾਲਾ ਉਚੇਚੇ ਤੌਰ ਤੇ ਸ਼ੇਰੋਂ ਵਿਖੇ ਖੰਡ ਮਿੱਲ ਮੋਰਚੇ ਵਿੱਚ ਪਹੁੰਚੇ ਤੇ ਉਹਨਾਂ ਕਿਸਾਨ ਆਗੂਆਂ ਦੀ ਹੌਸਲਾ ਹਫ਼ਜ਼ਾਈ ਕਰਦੇ ਹੋਏ 15000/- ਰੁਪੈ ਸਹਾਇਤਾ ਵਜੋਂ ਦਿੱਤੇ ਗਏ। ਧਰਨੇ ਤੇ ਬੈਠੇ ਕਿਸਾਨ ਆਗੂ ਰੇਸ਼ਮ ਸਿੰਘ ਫੇਲੋਕੇ, ਗੁਰਚਰਨ ਸਿੰਘ ਸਭਰਾ, ਬਲਵਿੰਦਰ ਸਿੰਘ ਫੇਲੋਕੇ, ਹਰਭਜਨ ਸਿੰਘ ਚੂਸਲੇਵੜ, ਹਰਦੀਪ ਸਿੰਘ ਸਭਰਾ, ਕੇਵਲ ਸਿੰਘ ਮਾੜੀ, ਕਾਰਜ ਸਿੰਘ ਕੈਰੋਂ, ਗੁਰਦਿਆਲ ਸਿੰਘ ਵਰਨਾਲਾ, ਮਾਸਟਰ ਦਲਜੀਤ ਸਿੰਘ ਦਿਆਲਪੁਰ, ਨਰਿੰਦਰ ਸਿੰਘ ਤੂਤ, ਅੰਗਰੇਜ਼ ਸਿੰਘ ਸ਼ੇਰੋਂ, ਕੁਲਦੀਪ ਸਿੰਘ ਮਾਣੋਚਾਹਲ, ਜੱਸਾ ਸਿੰਘ ਕੰਦਰਿਲ, ਦਿਲਬਾਗ ਸਿੰਘ ਪੱਟੀ, ਗੁਰਮੁੱਖ ਸਿੰਘ ਪੱਟੀ, ਮਾਹੀਪਾਲ ਸਿੰਘ ਠੱਠੀਆਂ ਮਹੰਤਾਂ, ਨਾਜਰ ਸਿੰਘ ਸਰਹਾਲੀ, ਵਿਰਸਾ ਸਿੰਘ ਸਰਹਾਲੀ, ਕਸ਼ਮੀਰ ਸਿੰਘ ਸ਼ੇਰੋਂ, ਜਸਬੀਰ ਸਿੰਘ ਸਰਹਾਲੀ, ਅਮਰੀਕ ਸਿੰਘ ਸ਼ੇਰੋਂ, ਕਰਨਬੀਰ ਸਿੰਘ ਗੰਡੀਵਿੰਡ ਆਦਿ ਕਿਸਾਨਾਂ ਨੇ ਮੰਗ ਕੀਤੀ ਕਿ ਤਰਨ ਤਾਰਨ ਜ਼ਿਲ੍ਹੇ ਵਿਚ ਇਕ ਹੀ ਸ਼ੇਰੋਂ ਖੰਡ ਮਿੱਲ ਹੈ ਜਿਸ ਦੀ ਜ਼ਮੀਨ ਹੋਰ ਵਿਭਾਗਾਂ ਨੂੰ ਦੇਣ ਦੀ ਜ਼ਿੱਦ ਛੱਡ ਕੇ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਦਾ ਫੈਸਲਾ ਲੋਕ ਹਿੱਤ ਵਿੱਚ ਲਵੇ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਨੇ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਭਾਰਤ ਅਮਰੀਕਾ ਸਮਝੌਤੇ ਨੂੰ ਰੱਦ ਕਰਵਾਉਣ ਲਈ ਮੋਟਰਸਾਈਕਲ ਰੈਲੀ ਤੋਂ ਬਾਅਦ ਐੱਸ ਡੀ ਐੱਮ ਪੱਟੀ ਅਮਨਦੀਪ ਨੂੰ ਮੰਗ ਪੱਤਰ ਸੌਂਪਿਆ ਗਿਆ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂ ਜਸਵੰਤ ਸਿੰਘ ਜੁਗਰਾਜ ਸਿੰਘ ਨੇ ਦੱਸਿਆ ਕਿ ਭਾਰਤ ਅਮਰੀਕਾ ਮੁਕਤ ਵਪਾਰ ਫਰੀ ਟਰੇਡ ਸਮਝੌਤੇ ਨੂੰ ਰੱਦ ਕਰਨ ਸਬੰਧੀ ਦੇਸ਼ ਬਚਾਓ ਮੋਰਚਾ ਭਾਰਤ ਵੱਲੋਂ ਅਸੀਂ ਤੁਹਾਡਾ ਧਿਆਨ ਭਾਰਤ ਅਮਰੀਕਾ ਮੁਕਤ ਵਪਾਰ ਫ੍ਰੀ ਟਰੇਡ ਸਮਝੌਤੇ ਵੱਲ ਖਿੱਚਣਾ ਚਾਹੁੰਦੇ ਹਾਂ।

ਅਸੀਂ ਸਪਸ਼ਟ ਤੌਰ 'ਤੇ ਕਹਿਣਾ ਚਾਹੁੰਦੇ ਹਾਂ ਕਿ ਪ੍ਰਸਤਾਵਤ ਭਾਰਤ ਅਮਰੀਕਾ ਵਪਾਰ ਸਮਝੌਤੇ ਦੇਸ਼ ਦੇ ਕਿਸਾਨਾਂ, ਖੇਤ ਮਜ਼ਦੂਰਾਂ, ਪਸ਼ੂ ਪਾਲਕਾਂ, ਛੋਟੇ ਵਪਾਰੀਆਂ, ਲਘੂ ਉਦਯੋਗਾਂ ਅਤੇ ਦੇਸ਼ ਦੀ ਖੁਰਾਕੀ ਅਤੇ ਆਰਥਿਕ ਖੁਦ ਮੁਖਤਿਆਰੀ ਲਈ ਗੰਭੀਰ ਖਤਰਾ ਹਨ। ਖੇਤੀਬਾੜੀ, ਪੇਂਡੂ ਅਰਥ ਵਿਵਸਥਾ ਅਤੇ ਕਰੋੜਾਂ ਲੋਕਾਂ ਦੀ ਰੋਜ਼ੀ ਰੋਟੀ 'ਤੇ ਮਾੜਾ ਅਸਰ ਪਾਉਣਗੇ। ਦੇਸ਼ ਬਚਾਓ ਮੋਰਚਾ ਇਸ ਭਾਰਤ ਅਮਰੀਕਾ ਵਪਾਰ ਸਮਝੌਤੇ ਦਾ ਪੂਰੀ ਤਰ੍ਹਾਂ ਵਿਰੋਧ ਕਰਦਾ ਹੈ। ਸਾਨੂੰ ਇਹ ਵਪਾਰਕ ਸਮਝੌਤਾ ਕਿਸੇ ਵੀ ਹਾਲਤ ਵਿੱਚ ਮਨਜ਼ੂਰ ਨਹੀਂ ਹੈ।

ਅਸੀਂ ਮੰਗ ਕਰਦੇ ਹਾਂ ਕਿ ਭਾਰਤ ਅਮਰੀਕਾ ਮੁਕਤ ਵਪਾਰ ਫਰੀ ਟਰੇਡ ਸਮਝੌਤੇ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕੀਤਾ ਜਾਵੇ।

ਜੇਕਰ ਸਰਕਾਰ ਸਾਡੀ ਇਹ ਜਾਇਜ਼ ਮੰਗ ਨੂੰ ਅਣਡਿੱਠ ਕਰਦੀ ਹੈ ਤਾਂ ਦੇਸ਼ ਬਚਾਓ ਮੋਰਚਾ ਦੇਸ਼ ਭਰ ਵਿੱਚ ਲੋਕਤੰਤਰੀ ਅਤੇ ਸੰਵਿਧਾਨਕ ਢੰਗ ਨਾਲ ਵਿਆਪਕ ਜਨ ਅੰਦੋਲਨ ਚਲਾਉਣ ਲਈ ਮਜਬੂਰ ਹੋਵੇਗਾ ਜਿਸ ਦੀ ਪੂਰੀ ਜ਼ਿੰਮੇਵਾਰੀ ਭਾਰਤ ਸਰਕਾਰ ਦੀ ਹੋਵੇਗੀ।

# ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਦਾਖਲਿਆਂ ਲਈ ਵਿਦਿਆਰਥੀਆਂ 'ਚ ਭਾਰੀ ਉਤਸ਼ਾਹ



ਧਾਰੀਵਾਲ, (ਮਨਦੀਪ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਵਿਦਿਅਕ ਸੈਸ਼ਨ 2026-27 ਲਈ ਗ੍ਰੈਜੂਏਸ਼ਨ ਕਲਾਸਾਂ ਲਈ ਦਾਖਲਾ ਪ੍ਰਕਿਰਿਆ ਪੂਰਜ਼ੋਰ ਚੱਲ ਰਹੀ ਹੈ।

ਵਿਦਿਆਰਥੀਆਂ ਵਿੱਚ ਕਾਲਜ ਵਿਖੇ ਦਾਖਲਾ ਲੈਣ ਲਈ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਕਾਲਜ ਵਿੱਚ 10+1,10+2 ਮੈਡੀਕਲ, ਨਾਨ-ਮੈਡੀਕਲ, ਆਰਟਸ, ਕਾਮਰਸ ਅਤੇ ਗ੍ਰੈਜੂਏਸ਼ਨ ਵਿੱਚ ਬੀ. ਏ. ( 14 ਚੋਣਵੇਂ ਵਿਸ਼ੇ), ਬੀ.ਐੱਸ. ਸੀ ਮੈਡੀਕਲ, ਨਾਨ-ਮੈਡੀਕਲ, ਕੰਪਿਊਟਰ ਸਾਇੰਸ, ਬੀ.ਕਾਮ, ਬੀ.ਸੀ.ਏ, ਡੀ.ਸੀ.ਏ ਅਤੇ ਪੀ.ਜੀ.ਡੀ.ਸੀ.ਏ ਸਫਲਤਾਪੂਰਵਕ ਚੱਲ ਰਹੇ ਹਨ।

ਪ੍ਰਿੰਸੀਪਲ ਸਾਹਿਬ ਨੇ ਦੱਸਿਆ ਕਿ ਕਾਲਜ ਪ੍ਰਤੀ ਵਿਦਿਆਰਥੀਆਂ ਦੀ ਰੁਚੀ ਦਾ ਮੁੱਖ ਕਾਰਨ ਕਾਲਜ ਵਿੱਚ ਤਜਰਬੇਕਾਰ ਅਧਿਆਪਕ, ਵਧੀਆ ਨਤੀਜੇ, ਆਧੁਨਿਕ ਸਹੂਲਤਾਂ ਨਾਲ ਲੈਸ ਲਾਇਬ੍ਰੇਰੀ, ਹਰ ਵਿਸ਼ੇ ਨਾਲ ਸਬੰਧਤ ਲੈਬਾਂ ਦਾ ਹੋਣਾ ਹੈ।ਉਨ੍ਹਾਂ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ,ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੁਖਮਿੰਦਰ ਸਿੰਘ ਸਕੱਤਰ ਵਿੱਦਿਆ ਦੀ ਦੂਰ ਅੰਦੇਸ਼ੀ ਸੋਚ ਸਦਕਾ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਉਨ੍ਹਾਂ ਦੇ ਸਰਬਪੱਖੀ ਵਿਕਾਸ ਲਈ ਕਾਲਜ ਵਿੱਚ ਹਾਈ-ਟੈਕ ਆਈ.ਸੀ.ਟੀ ਲੈਬ ਅਤੇ ਸਮਾਰਟ ਕਮਰਿਆਂ ਦੀ ਸਹੂਲਤ ਉਪਲਬਧ ਹੈ।ਵਿਦਿਆਰਥੀਆਂ ਨੂੰ ਪੜ੍ਹਾਈ ਉਪਰੰਤ ਰੁਜ਼ਗਾਰ ਮੁਹੱਈਆ ਕਰਵਾਉਣ ਲਈ ਉਨ੍ਹਾਂ ਦੀ ਵੱਖ-ਵੱਖ ਕੰਪਨੀਆਂ ਵਿੱਚ ਪਲੇਸਮੈਂਟ ਕਰਵਾਈ ਜਾਂਦੀ ਹੈ।

ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਲਈ ਪੜ੍ਹਾਈ ਦੇ ਨਾਲ-ਨਾਲ ਐੱਨਡੀਏ, ਯੂਪੀਐੱਸਸੀ ਆਦਿ ਦੀ ਤਿਆਰੀ ਕਰਵਾਈ ਜਾਂਦੀ ਹੈ। ਕਾਲਜ ਵਿਖੇ ਹਾਕੀ, ਵਾਲੀਬਾਲ, ਫੁੱਟਬਾਲ, ਕਬੱਡੀ, ਰੱਸਾਕਸ਼ੀ, ਬਾਕਸਿੰਗ ਆਦਿ ਖੇਡਾਂ ਵੱਡੇ ਪੱਧਰ ਤੇ ਕਰਵਾਈਆਂ ਜਾਂਦੀਆਂ ਹਨ।ਪ੍ਰਿੰਸੀਪਲ ਨੇ ਕਿਹਾ ਕਿ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਲਈ ਕਾਲਜ ਹਰ ਸੰਭਵ ਸਹਿਯੋਗ ਦੇਣ ਲਈ ਵਚਨਬੱਧ ਹੈ।

# ਰੋਜ਼ਗਾਰ ਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਰੋਜ਼ਗਾਰ ਕੈਂਪ ਭਲਕੇ

ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਜ), ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵੱਲੋਂ 17 ਜੁਲਾਈ ਨੂੰ ਇੱਕ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ।ਇਹ ਕੈਂਪ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਡੀ. ਸੀ. ਦਫਤਰ ਕੰਪਲੈਕਸ ਗੁਰਦਾਸਪੁਰ ਦੇ ਕਮਰਾ ਨੰ: 217 ਬਲਾਕ-ਬੀ ਵਿੱਚ ਸਵੇਰੇ 10 ਵਜੇ ਤੋਂ ਲੈ ਕੇ ਦੁਪਹਿਰ ਦੇ 2:30 ਵਜੇ ਤੱਕ ਲੱਗੇਗਾ।

ਜਾਣਕਾਰੀ ਦਿੰਦਿਆਂ ਨਰੇਸ਼ ਕੁਮਾਰ ਜ਼ਿਲ੍ਹਾ ਰੋਜ਼ਗਾਰ ਅਫਸਰ ਨੇ ਦੱਸਿਆ ਕਿ ਇਸ ਕੈਂਪ ਵਿਚ ਮਾਰੂਤੀ ਸੁਜ਼ੂਕੀ ਪ੍ਰਾਈਵੇਟ ਲਿਮਿਟਡ ਦੇ ਕਰਮਚਾਰੀਆਂ ਵੱਲੋਂ ਕੰਪਿਊਟਰ ਆਪਰੇਟਰ, ਸੇਲਜ਼ਮੈਨ ਅਤੇ ਰਿਲੇਸ਼ਨਸ਼ਿਪ ਮੈਨੇਜਰ ਦੀਆਂ ਆਸਾਮੀਆਂ ਵਾਸਤੇ ਮੌਕੇ ਤੇ ਇੰਟਰਵਿਊ ਕੀਤੀ ਜਾਵੇਗੀ।ਪਾਸ ਕਰਨ ਵਾਲੇ ਪ੍ਰਾਰਥੀਆਂ ਨੂੰ ਸਿਲੈਕਸ਼ਨ ਹੋਣ ਉਪਰੰਤ ਵਧੀਆਂ ਤਨਖਾਹ ਦਿੱਤੀ ਜਾਵੇਗੀ । ਆਸਾਮੀਆਂ ਨੂੰ ਅਪਲਾਈ ਕਰਨ ਲਈ ਘੱਟੋ-ਘੱਟ ਯੋਗਤਾ ਬਾਰ੍ਹਵੀਂ ਪਾਸ ਹੈ।ਚਾਹਵਾਨ ਆਪਣੇ ਸਾਰੇ ਅਸਲੀ ਦਸਤਾਵੇਜ਼ (ਸਰਟੀਫਿਕੇਟ, ਆਧਾਰ ਕਾਰਡ, ਰੀਜ਼ਿਊਮ ਆਦਿ) ਨਾਲ ਲੈ ਕੇ ਸਮੇਂ ਸਿਰ ਦਫਤਰ ਪਹੁੰਚਣ।

# ਤਰੁਣ ਚੁੱਘ ਨੂੰ ਐੱਸ ਆਈ ਆਰ ਮੁਹਿੰਮ ਬਾਰੇ ਦਿੱਤੀ ਜਾਣਕਾਰੀ



ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨਾਲ ਭਾਜਪਾ ਆਗੂ ਸੁਰਿੰਦਰ ਮਹਿਰਾ ਹਾਥੀ ਗੇਟ ਵਾਲੇ ਨੇ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਮੁਲਾਕਾਤ ਕੀਤੀ ਅਤੇ ਅੰਮ੍ਰਿਤਸਰ ਦੇ ਕੇਂਦਰੀ ਵਿਧਾਨ ਸਭਾ ਹਲਕੇ ਵਿਚ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸਆਈਆਰ) ਮੁਹਿੰਮ ਬਾਰੇ ਤੇ ਬੂਥ ਲੈਵਲ 'ਤੇ ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ। ਸੁਰਿੰਦਰ ਮਹਿਰਾ ਨੇ ਦੱਸਿਆ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ ਸਾਰੇ ਬੂਥਾਂ 'ਤੇ ਭਾਜਪਾ ਵਰਕਰ ਪੂਰੀ ਜ਼ਿੰਮੇਵਾਰੀ ਨਾਲ ਵੋਟਰ ਸੂਚੀ ਸੋਧ ਮੁਹਿੰਮ ਵਿਚ ਸਰਗਰਮ ਭੂਮਿਕਾ ਨਿਭਾਅ ਰਹੇ ਹਨ। ਬੂਥ ਪੱਧਰ 'ਤੇ ਯੋਗ ਵੋਟਰਾਂ ਦੇ ਨਾਂ ਜੋੜਨ, ਗਲਤੀਆਂ ਨੂੰ ਦੂਰ ਕਰਨ, ਜ਼ਰੂਰੀ ਦਸਤਾਵੇਜ਼ਾਂ ਦੀ ਤਸਦੀਕ ਕਰਨ ਤੇ ਇਹ ਯਕੀਨੀ ਬਣਾਉਣ ਲਈ ਨਿਰੰਤਰ ਜਨਸੰਪਰਕ ਕੀਤਾ ਜਾ ਰਿਹਾ ਹੈ ਕਿ ਹਰੇਕ ਯੋਗ ਨਾਗਰਿਕ ਦਾ ਨਾਂ ਵੋਟਰ ਸੂਚੀ ਵਿਚ ਸ਼ਾਮਲ ਹੋਵੇ। ਮੁਹਿੰਮ ਵਿਚ ਸ਼ਾਮਲ ਸਾਰੇ ਵਰਕਰਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਤਰੁਣ ਚੁੱਘ ਨੇ ਕਿਹਾ ਕਿ ਸਹੀ, ਪਾਰਦਰਸ਼ੀ ਤੇ ਅੱਪਡੇਟ ਕੀਤੀ ਵੋਟਰ ਸੂਚੀ ਲੋਕਤੰਤਰ ਦੀ ਸਭ ਤੋਂ ਮਜ਼ਬੂਤ ਨੀਂਹ ਹੈ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਹਰ ਵਰਕਰ ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧਤਾ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਸਾਰੇ ਵਰਕਰਾਂ ਨੂੰ ਉਤਸ਼ਾਹਿਤ ਕੀਤਾ ਤੇ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਦਾ ਸੱਦਾ ਦਿੱਤਾ।

# ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਵੱਲੋਂ ਪ੍ਰਾਇਮਰੀ ਹੈਲਥ ਸੈਂਟਰ ਅਟਾਰੀ ਦਾ ਅਚਨਚੇਤ ਦੌਰਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਵੱਲੋਂ ਸੂਬੇ ਦੇ ਵੱਖ-ਵੱਖ ਸਰਕਾਰੀ ਹਸਪਤਾਲਾਂ, ਸਿਹਤ ਕੇਂਦਰਾਂ ਅਤੇ ਮੁਹੱਲਾ ਕਲੀਨਿਕਾਂ ਦਾ ਦੌਰਾ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਉਨ੍ਹਾਂ ਸਰਹੱਦੀ ਹਲਕਾ ਅਟਾਰੀ ਵਿਖੇ ਸਥਿਤ ਪ੍ਰਾਇਮਰੀ ਹੈਲਥ ਸੈਂਟਰ ਦਾ ਅਚਨਚੇਤ ਦੌਰਾ ਕਰਕੇ ਉੱਥੇ ਮਿਲ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਨੇ ਸਿਹਤ ਕੇਂਦਰ ਵਿੱਚ ਤਾਇਨਾਤ ਮੈਡੀਕਲ ਅਫਸਰਾਂ ਅਤੇ ਹੋਰ ਸਟਾਫ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਅਤੇ ਲੋੜਾਂ ਸਬੰਧੀ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਸਿਹਤ ਕੇਂਦਰ ਵਿੱਚ ਇਲਾਜ ਲਈ ਆਏ ਮਰੀਜ਼ਾਂ ਨਾਲ ਵੀ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ ਅਤੇ ਸਿਹਤ ਸੇਵਾਵਾਂ ਸਬੰਧੀ ਫੀਡਬੈਕ ਪ੍ਰਾਪਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਛੀਨਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਅਚਨਚੇਤ ਦੌਰੇ ਦੌਰਾਨ ਸਾਰੇ ਡਾਕਟਰ ਅਤੇ ਸਟਾਫ ਆਪਣੀ ਡਿਊਟੀ ਤੇ ਹਾਜ਼ਰ ਪਾਏ ਗਏ। ਉਨ੍ਹਾਂ ਕਿਹਾ ਕਿ ਸਰਹੱਦੀ ਇਲਾਕੇ ਨਾਲ ਸਬੰਧਤ ਇਸ ਸਿਹਤ ਕੇਂਦਰ ਵਿੱਚ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ ਅਤੇ ਪੰਜਾਬ ਸਰਕਾਰ ਵੱਲੋਂ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਤੋਂ ਲੋਕ ਸੰਤੁਸ਼ਟ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿਹਤ ਖੇਤਰ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਨੂੰ ਘਰ ਦੇ ਨੇੜੇ ਹੀ ਬਿਹਤਰ ਅਤੇ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੀ 10 ਲੱਖ ਰੁਪਏ ਸਿਹਤ ਬੀਮਾ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ। ਇਸ ਮੌਕੇ ਜ਼ਿਲ੍ਹਾ ਸਕੱਤਰ ਆਮ ਆਦਮੀ ਪਾਰਟੀ ਗੁਰਸ਼ਰਨ ਸਿੰਘ ਗੋਲਡੀ, ਪੀ. ਏ. ਅਮਿਤ ਸਹਿਗਲ, ਡਾ. ਦਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਰੋਟਰੀ ਕਲੱਬ ਅੰਮ੍ਰਿਤਸਰ ਈਕੋ ਨੇ ਮਨਾਇਆ ਅੰਨਪੂਰਨਾ ਦਿਵਸ




ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਰੋਟਰੀ ਕਲੱਬ ਅੰਮ੍ਰਿਤਸਰ ਈਕੋ ਵੱਲੋਂ ਪ੍ਰਧਾਨ ਪੁਨੀਤ ਨਾਗਪਾਲ ਦੀ ਅਗਵਾਈ ਅਤੇ ਚਾਰਟਰ ਪ੍ਰਧਾਨ ਐੱਸ. ਐੱਸ. ਬੱਤਰਾ ਦੀ ਦੇਖ-ਰੇਖ ਵਿਚ ਸਥਾਨਕ ਵੱਲਾ ਸਥਿਤ ਲਾਵਾਰਿਸ ਮਾਨਸਿਕ ਰੋਗੀਆਂ ਦੀ ਦੇਖਭਾਲ ਦੇ ਲਈ ਬਣੀ ਸਮਾਜ ਸੇਵੀ ਸੰਸਥਾ 'ਤੇਰਾ ਆਸਰਾ' ਦੇ ਵਿਹੜੇ ਵਿਚ ਅੰਨਪੂਰਨਾ ਦਿਵਸ ਮਨਾਇਆ ਗਿਆ।ਸੰਸਥਾ ਦੇ ਚੇਅਰਮੈਨ ਡਾ. ਸਨੇਹ ਸਿੰਘਲ ਕਰੀਬ 50 ਮਾਨਸਿਕ ਰੋਗੀਆਂ ਦੀ ਸੇਵਾ ਵਿਚ ਦਿਨ ਰਾਤ ਲੱਗੇ ਹੋਏ ਹਨ ਅਤੇ ਉਹ ਉਨ੍ਹਾਂ ਨੂੰ ਆਪਣੀ ਸੰਸਥਾ ਦਾ ਦਾਇਰਾ ਵੱਡਾ ਕਰਕੇ ਇਸ ਤਰ੍ਹਾਂ ਦੇ ਰੋਗੀਆਂ ਲਈ ਬਟਾਲਾ ਤੇ ਗੁਰਦਾਸਪੁਰ ਵਿੱਚ ਵੀ ਮੁਫਤ ਇਲਾਜ ਉਪਲਬਧ ਤੇ ਦਵਾਈਆਂ ਮੁਹੱਈਆ ਕਰਵਾ ਦਿੱਤੀਆਂ ਹਨ। ਇਸ ਮੌਕੇ ਪ੍ਰਧਾਨ ਪੁਨੀਤ ਨਾਗਪਾਲ ਨੇ ਸੰਸਥਾ ਦੇ ਸੰਚਾਲਕਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਤੁਹਾਡੀ ਇਹ ਦਿਨ-ਰਾਤ ਦੀ ਸੇਵਾ ਕਈ ਜ਼ਿੰਦਗੀਆਂ ਬਦਲ ਰਹੀ ਹੈ।ਇਸ ਸਮਰਪਣ ਤੇ ਸੇਵਾ ਨੂੰ ਸ਼ਬਦਾਂ ਵਿਚ ਬਿਆਨ ਨਹੀਂ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਈਕੋ ਪਹਿਲਾਂ ਵੀ ਇਸ ਸੰਸਥਾ ਨੂੰ ਸਹਿਯੋਗ ਦਿੰਦਾ ਰਿਹਾ ਹੈ ਅਤੇ ਅਗਾਂਹ ਹੀ ਇਹ ਸਹਿਯੋਗ ਜਾਰੀ ਰਹੇਗਾ।ਇਸ ਦੇ ਨਾਲ ਹੀ ਸੰਸਥਾ ਵਿਚ ਰਹਿ ਰਹੇ ਮਰੀਜ਼ਾਂ ਦੇ ਲਈ ਇਕ ਮਹੀਨੇ ਦਾ ਰਾਸ਼ਨ ਕਲੱਬ ਮੈਂਬਰਾਂ ਵਲੋਂ ਦਿੱਤਾ ਗਿਆ। ਸਾਬਕਾ ਪ੍ਰਧਾਨ ਹਰਬੀਰ ਸਿੰਘ ਅਤੇ ਸਾਬਕਾ ਸਹਾਇਕ ਗਵਰਨਰ ਜਸਪਾਲ ਸਿੰਘ ਨੇ ਵੀ ਸੰਚਾਲਕਾਂ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਦੇ ਸੇਵਾ ਕਾਰਜਾਂ ਦੀ ਪ੍ਰਸ਼ੰਸਾ ਕੀਤੀ।ਅੰਤ ਵਿਚ ਸਾਬਕਾ ਪ੍ਰਧਾਨ ਏਪੀਐੱਸ ਬੱਤਰਾ ਨੇ ਧੰਨਵਾਦ ਮਤਾ ਪੇਸ਼ ਕੀਤਾ ਅਤੇ ਆਏ ਸਾਰੇ ਕਲੱਬ ਮੈਂਬਰਾਂ ਅਤੇ ਮਹਿਮਾਨਾਂ ਦਾ ਇਸ ਸਹਿਯੋਗ ਲਈ ਵੀ ਧੰਨਵਾਦ ਕੀਤਾ।ਉਨ੍ਹਾਂ ਸੰਸਥਾ ਸੰਚਾਲਕਾਂ ਨੂੰ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿਚ ਵੀ ਕਲੱਬ ਉਨ੍ਹਾਂ ਦੀ ਇਸੇ ਤਰ੍ਹਾਂ ਸਹਾਇਤਾ ਕਰਦਾ ਰਹੇਗਾ।ਇਸ ਮੌਕੇ ਸੁਰਿੰਦਰਪਾਲ ਸਿੰਘ, ਸੰਜੇ ਅਹੂਜਾ, ਵਿਪਨ ਸ਼ਰਮਾ, ਵਰੁਣ ਅਗਰਵਾਲ, ਸੰਜੇ ਮਹਿਰਾ, ਡਾ. ਜਸਪ੍ਰੀਤ ਸਿੰਘ ਨਾਗਪਾਲ, ਹਰਿੰਦਰਪਾਲ ਸਿੰਘ, ਸੁਮਿਤ ਬੇਦੀ, ਬਿਕਰਮਜੀਤ ਸਿੰਘ, ਗਗਨਦੀਪ ਸਿੰਘ ਆਦਿ ਰੋਟਰੀ ਮੈਂਬਰ ਹਾਜ਼ਰ ਸਨ।

# ਵਾਰਡ ਦਾ ਚਹੁੰ-ਮੁਖੀ ਵਿਕਾਸ ਕਰਨਾ ਮੇਰੀ ਮੁੱਖ ਤਰਜੀਹ: ਲਵਲੀ ਅਰੋੜਾ



ਪੱਟੀ ( ਸ਼ਮਸ਼ੇਰ ਸਿੰਘ ਯੋਧਾ )-ਵਾਰਡ ਨੰਬਰ 4 ਤੋਂ ਕੌਂਸਲਰ ਸੁਨੀਲ ਕੁਮਾਰ ਲਵਲੀ ਅਰੋੜਾ ਨੇ ਜਿੱਤ ਹਾਸਲ ਕੀਤੀ ਸੀ।ਲਵਲੀ ਅਰੋੜਾ ਨੇ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਮਾਣ ਸਤਿਕਾਰ ਅਤੇ ਪਿਆਰ ਹਮੇਸ਼ਾ ਯਾਦ ਰੱਖਣਗੇ ਅਤੇ ਵਾਰਡ ਵਾਸੀਆਂ ਦੀਆਂ ਮੁਸ਼ਕਿਲਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ ਅਤੇ ਵਾਰਡ 'ਚ ਗਲੀਆਂ, ਨਾਲੀਆਂ, ਸੀਵਰੇਜ ਦੀ ਸਾਫ ਸਫਾਈ ਕਰਵਾਈ ਜਾਵੇਗੀ, ਬੰਦ ਪਈਆਂ ਸਟਰੀਟ ਲਾਈਟਾਂ ਨੂੰ ਠੀਕ ਕਰਵਾਇਆ ਜਾਵੇਗਾ ਅਤੇ ਅਧੂਰੇ ਰਹਿੰਦੇ ਕੰਮਾਂ ਨੂੰ ਜਲਦ ਕੰਪਲੀਟ ਕਰਵਾਇਆ ਜਾਵੇਗਾ। ਲਵਲੀ ਅਰੋੜਾ ਨੇ ਕਿਹਾ ਕਿ ਵਾਰਡ ਨੂੰ ਸੁੰਦਰ ਬਣਾਉਣਾ ਮੇਰਾ ਸੁਪਨਾ ਹੈ ਅਤੇ ਵਾਰਡ 'ਚ ਵਿਕਾਸ ਕਰਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਉਪਰੰਤ ਲਵਲੀ ਅਰੋੜਾ ਨੇ ਸ਼ਹਿਰ ਵਾਸੀਆਂ ਅਤੇ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਭਾਰਤੀ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਮੁਹਿੰਮ (ਐੱਸਆਈਆਰ) ਦਾ ਹਿੱਸਾ ਬਣਨ ਅਤੇ ਸੰਬੰਧਿਤ ਬੀ. ਐਲ. ਓਜ਼ ਨੂੰ ਆਪਣੇ ਲੋੜੀਂਦੇ ਦਸਤਾਵੇਜ਼ ਦਿੱਤੇ ਜਾਣ ਤਾਂ ਜੋ ਵੋਟਰ ਸੂਚੀ ਦੀ ਸੋਧ ਹੋ ਸਕੇ ਨਹੀਂ ਤਾਂ ਛੋਟੀ ਜਿਹੀ ਗਲਤੀ ਕਾਰਨ ਵੋਟ ਕੱਟੀ ਜਾ ਸਕਦੀ ਹੈ। ਇਸ ਲਈ ਦਰੁਸਤੀ ਕਰਵਾਉਣੀ ਬਹੁਤ ਜ਼ਰੂਰੀ ਹੈ। ਹਰੇਕ ਵਿਅਕਤੀ ਨੂੰ ਆਪਣਾ ਫਰਜ਼ ਸਮਝਦੇ ਹੋਏ ਬਾਕੀ ਕੰਮ ਛੱਡ ਕੇ ਐੱਸਆਈਆਰ ਨੂੰ ਤਰਜੀਹ ਦੇਣੀ ਚਾਹੀਦੀ।

# ਸਰਪੰਚ ਬਲਬੀਰ ਸਿੰਘ ਮਾਰਕੀਟ ਕਮੇਟੀ ਦੇ ਚੇਅਰਮੈਨ ਨਿਯੁਕਤ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਆਮ ਆਦਮੀ ਪਾਰਟੀ ਵੱਲੋਂ ਵੱਖ-ਵੱਖ ਹਲਕਿਆਂ ਦੇ ਵਰਕਰਾਂ ਨੂੰ ਪਾਰਟੀ ਦੇ ਵੱਡੇ-ਵੱਡੇ ਅਹੁਦਿਆਂ ਨਾਲ ਨਿਵਾਜਿਆ ਜਾ ਰਿਹਾ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਮਜੀਠਾ 'ਚ ਪੈਂਦੇ ਪਿੰਡ ਬੋਪਾਰਾਏ ਦੇ ਸਰਪੰਚ ਬਲਬੀਰ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਨੂੰ ਹਲਕਾ ਮਜੀਠਾ ਦੀ ਮਾਰਕੀਟ ਕਮੇਟੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਅਤੇ ਉਹ ਮੁੱਖ ਮੰਤਰੀ ਪੰਜਾਬ ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਤਹਿ ਦਿਲੋਂ ਧੰਨਵਾਦ ਕਰਦੇ ਹਨ ਅਤੇ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨ ਮਨ ਨਾਲ ਨਿਭਾਉਣਗੇ।ਪਾਰਟੀ ਨੂੰ ਮਜ਼ਬੂਤ ਕਰਨ ਲਈ ਸਦਾ ਯਤਨਸ਼ੀਲ ਰਹਿਣਗੇ।

# ਮੁੱਖਦੇਵ ਸਿੰਘ ਮਾਰਕੀਟ ਕਮੇਟੀ ਕਾਦੀਆਂ ਦੇ ਚੇਅਰਮੈਨ ਨਿਯੁਕਤ



ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਸਰਕਾਰ (ਮੁੱਖ ਮੰਤਰੀ ਭਗਵੰਤ ਸਿੰਘ ਮਾਨ) ਵੱਲੋਂ ਅੱਜ ਜਾਰੀ ਕੀਤੀ ਮਾਰਕੀਟ ਕਮੇਟੀ ਦੇ ਚੇਅਰਮੈਨਾਂ ਦੀ ਸੂਚੀ ਵਿੱਚ ਸ਼ਹਿਰ ਧਾਰੀਵਾਲ ਤੋਂ ਨੇੜਲੇ ਪਿੰਡ ਆਲੋਵਾਲ ਦੇ ਵਸਨੀਕ ਅਤੇ ਆਮ ਆਦਮੀ ਪਾਰਟੀ ਜ਼ਿਲ੍ਹਾ ਗੁਰਦਾਸਪੁਰ ਦੇ ਸ਼ੋਸ਼ਲ ਮੀਡੀਆ ਇੰਚਾਰਜ ਮੁੱਖਦੇਵ ਸਿੰਘ ਨੂੰ ਮਾਰਕੀਟ ਕਮੇਟੀ ਕਾਦੀਆਂ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਨਵ-ਨਿਯੁਕਤ ਚੇਅਰਮੈਨ ਮੁੱਖਦੇਵ ਸਿੰਘ ਆਲੋਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਮ ਆਦਮੀ ਪਾਰਟੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ ਦੇ ਚੇਅਰਮੈਨ ਜ਼ੋਬਨ ਰੰਧਾਵਾ ਅਤੇ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ, ਲੋਕ ਸਭਾ ਹਲਕਾ ਦੇ ਇੰਚਾਰਜ ਅਤੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਪਾਰਟੀ ਹਾਈਕਮਾਂਡ ਦਾ ਵੀ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਉਹ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਕੰਮਾਂ ਨੂੰ ਉਹ ਪਾਰਦਰਸਤਾ ਨਾਲ ਕਰਨ ਨੂੰ ਤਰਜੀਹ ਦੇਣਗੇ।

# ਆਂਗਣਵਾੜੀ ਵਰਕਰਜ਼ ਯੂਨੀਅਨ (ਸੀਟੂ) ਦੀ ਆਲ ਇੰਡੀਆ ਵਰਕਿੰਗ ਕਮੇਟੀ ਮੀਟਿੰਗ 16 ਤੋਂ 18 ਅਗਸਤ ਤੱਕ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਆਂਗਣਵਾੜੀ ਵਰਕਰਜ਼ ਯੂਨੀਅਨ (ਸੀਟੂ) ਵੱਲੋਂ 16 ਤੋਂ 18 ਅਗਸਤ 2026 ਨੂੰ ਅੰਮ੍ਰਿਤਸਰ ਵਿਚ ਹੋਣ ਜਾ ਰਹੀ ਆਲ ਇੰਡੀਆ ਵਰਕਿੰਗ ਕਮੇਟੀ ਦੀ ਮੀਟਿੰਗ ਦੀਆਂ ਤਿਆਰੀਆਂ ਨੂੰ ਲੈ ਕੇ ਸੂਬਾ ਪ੍ਰਧਾਨ ਹਰਜੀਤ ਕੌਰ ਪੰਜੋਲਾ ਦੀ ਅਗਵਾਈ ਹੇਠ ਅਹਿਮ ਮੀਟਿੰਗ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਸਕੱਤਰ ਸੁਭਾਸ਼ ਰਾਣੀ ਨੇ ਦੱਸਿਆ ਕਿ ਅੰਮ੍ਰਿਤਸਰ ਵਿਚ ਹੋਣ ਵਾਲੀ ਇਸ ਰਾਸ਼ਟਰੀ ਪੱਧਰ ਦੀ ਵਰਕਿੰਗ ਕਮੇਟੀ ਮੀਟਿੰਗ ਵਿਚ ਜੰਮੂ-ਕਸ਼ਮੀਰ ਤੋਂ ਲੈ ਕੇ ਕੰਨਿਆਕੁਮਾਰੀ ਤਕ ਦੇ ਸਮੁੱਚੇ ਭਾਰਤ ਦੇ ਵਰਕਰ ਤੇ ਅਹੁਦੇਦਾਰ ਸ਼ਾਮਿਲ ਹੋਣਗੇ। ਮੀਟਿੰਗ ਦੌਰਾਨ ਦੇਸ਼ ਭਰ ਦੀਆਂ ਆਂਗਣਵਾੜੀ ਵਰਕਰਾਂ ਦੀਆਂ ਜਾਇਜ਼ ਮੰਗਾਂ ਤੇ ਭਵਿੱਖੀ ਸੰਘਰਸ਼ਾਂ ਦੀ ਰੂਪ-ਰੇਖਾ ਸਬੰਧੀ ਗੰਭੀਰ ਵਿਚਾਰ-ਵਟਾਂਦਰਾ ਕਰਕੇ ਅਗਲੀ ਰਣਨੀਤੀ ਉਲੀਕੀ ਜਾਵੇਗੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਵਿਸ਼ਵਾਸ ਦਿਵਾਇਆ ਕਿ ਸੀਟੂ ਹਮੇਸ਼ਾ ਆਂਗਣਵਾੜੀ ਵਰਕਰਾਂ ਦੀਆਂ ਜਾਇਜ਼ ਮੰਗਾਂ ਦੀ ਹਮਾਇਤ ਕਰਦਾ ਰਿਹਾ ਹੈ ਤੇ ਹੱਕ ਮਿਲਣ ਤਕ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਰਹੇਗਾ। ਇਸ ਦੇ ਨਾਲ ਹੀ ਉਨ੍ਹਾਂ ਨੇ ਸਮੂਹ ਵਰਕਰਾਂ ਨੂੰ 29 ਜੁਲਾਈ ਨੂੰ ਦਿੱਲੀ ਦੇ ਤਾਲਕਟੋਰਾ ਸਟੇਡੀਅਮ ਵਿਚ ਹੋ ਰਹੀ ਕੌਮੀ ਪੱਧਰ ਦੀ ਕਨਵੈਂਸ਼ਨ ਵਿਚ ਵੱਧ ਤੋਂ ਵੱਧ ਸਾਥੀਆਂ ਸਮੇਤ ਸ਼ਾਮਿਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ।

ਇਸ ਮੀਟਿੰਗ ਵਿਚ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਕੌਰ, ਜ਼ਿਲ੍ਹਾ ਜਨਰਲ ਸਕੱਤਰ ਬਲਜਿੰਦਰ ਕੌਰ ਰਈਆ, ਵਿੱਤ ਸਕੱਤਰ ਜਸਪਾਲ ਕੌਰ, ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਕੌਰ, ਇੰਦਰਜੀਤ ਕੌਰ ਕਲਾਨੌਰ, ਇੰਦਰਜੀਤ ਕੌਰ ਫਤਿਹਗੜ੍ਹ ਚੂੜੀਆਂ, ਚਰਨਜੀਤ ਕੌਰ ਮਜੀਠਾ, ਅਮਨਦੀਪ ਕੌਰ, ਨਿਰਮਲਜੀਤ ਕੌਰ, ਹਰਜਿੰਦਰ ਕੌਰ, ਸੰਦੀਪ ਕੌਰ, ਹਰਕਵਲਜੀਤ ਕੌਰ, ਗੁਰਿੰਦਰ ਕੌਰ ਅਜਨਾਲਾ, ਜਗਜੀਤ ਕੌਰ ਅਤੇ ਵਿਸ਼ਵਾ ਦੀਨਾਨਗਰ ਹਾਜ਼ਰ ਸਨ।

ਇਸ ਤੋਂ ਇਲਾਵਾ ਸੀਟੂ ਦੇ ਜ਼ਿਲ੍ਹਾ ਪ੍ਰਧਾਨ ਚਰਨਜੀਤ ਸਿੰਘ ਮਜੀਠਾ, ਕਿਰਪਾ ਰਾਮ, ਕਾਮਰੇਡ ਜਸਬੀਰ ਸਿੰਘ ਝਬਾਲ ਤੇ ਐਡਵੋਕੇਟ ਕੰਵਲਜੀਤ ਕੌਰ ਸਮੇਤ ਕਈ ਹੋਰ ਪ੍ਰਮੁੱਖ ਆਗੂਆਂ ਨੇ ਵੀ ਸ਼ਮੂਲੀਅਤ ਕੀਤੀ।

# ਪਿੰਡਾਂ 'ਚ ਗੁਰੂ ਰਵਿਦਾਸ ਜੀ ਨੂੰ ਸਮਰਪਿਤ ਦਸਤਾਵੇਜ਼ੀ ਫ਼ਿਲਮ ਦਿਖਾਈ



ਗੁਰਦਾਸਪੁਰ, (ਜਨਕ ਮਹਾਜਨ)- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਲਈ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਪਿੰਡਾਂ ਵਿੱਚ ਵਿਸ਼ੇਸ਼ ਐੱਲ. ਈ. ਡੀ. ਵੈਨਾਂ ਰਾਹੀਂ ਦਸਤਾਵੇਜ਼ੀ ਫ਼ਿਲਮ ਵਿਖਾਉਣ ਦਾ ਉਦਮ ਕੀਤਾ ਗਿਆ ਹੈ। ਇਸੇ ਤਹਿਤ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡਾਂ ਲਈ ਐੱਲ ਈ ਡੀ ਵੈਨਾਂ ਰਾਹੀਂ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ। ਗੁਰਦਾਸਪੁਰ, ਬਟਾਲਾ, ਦੀਨਾਨਗਰ ਅਤੇ ਡੇਰਾ ਬਾਬਾ ਨਾਨਕ ਦੇ ਪਿੰਡਾਂ ਵਿੱਚ ਦਸਤਾਵੇਜ਼ੀ ਫਿਲਮ ਦਿਖਾਈ ਜਾ ਰਹੀ ਹੈ। ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਿੱਤੇ ਸਮਾਜਿਕ ਬਰਾਬਰੀ, ਸਦਭਾਵਨਾ, ਸੱਚ, ਮਿਹਨਤ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਸਰਕਾਰ ਦੇ ਉਪਰਾਲੇ ਦੀ ਸਰਾਹਨਾ ਕੀਤੀ ਗਈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿਚ ਆਪਸੀ ਭਾਈਚਾਰੇ, ਸਮਾਨਤਾ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਸਿੱਧ ਹੋਣਗੇ।

# ਆਈ ਐੱਸ ਆਈ ਕਾਰਕੁਨ ਹੈਂਡ ਗ੍ਰਨੇਡ ਤੇ ਪਿਸਤੌਲ ਸਮੇਤ ਗ੍ਰਿਫ਼ਤਾਰ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਇਕ ਵਿਅਕਤੀ ਨੂੰ ਹੈਂਡ ਗ੍ਰਨੇਡ, 9 ਐੱਮ.ਐੱਮ. ਗਲਾਕ ਪਿਸਤੌਲ ਤੇ ਚਾਰ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰ ਕੇ ਸਰਹੱਦ ਪਾਰ ਦੀ ਅੱਤਵਾਦੀ ਸਾਜ਼ਿਸ਼ ਦਾ ਪਰਦਾਫਾਸ਼ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਸੁਮਿਤ ਕੁਮਾਰ ਉਰਫ਼ ਪੰਡਿਤ (24) ਵਜੋਂ ਹੋਈ ਹੈ, ਜੋ ਰੂਪਨਗਰ ਦੇ ਪਿੰਡ ਸੁਖਸਾਲ ਦਾ ਰਹਿਣ ਵਾਲਾ ਹੈ ਤੇ ਮੌਜੂਦਾ ਸਮੇਂ ਵਿਚ ਅੰਮ੍ਰਿਤਸਰ ਦੇ ਪੰਡੋਰੀ ਵੜੈਚ ਵਿਚ ਰਹਿ ਰਿਹਾ ਸੀ। ਹੈਂਡ ਗ੍ਰਨੇਡ ਤੇ ਪਿਸਤੌਲ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਸ ਦਾ ਮੋਟਰਸਾਈਕਲ ਵੀ ਜ਼ਬਤ ਕਰ ਲਿਆ ਹੈ।ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਇੰਸਟਾਗ੍ਰਾਮ ਰਾਹੀਂ ਸਰਹੱਦ ਪਾਰ ਦੇ ਆਈ.ਐੱਸ.ਆਈ. ਹੈਂਡਲਰਾਂ ਦੇ ਸੰਪਰਕ ਵਿਚ ਸੀ ਅਤੇ ਉਸ ਨੂੰ ਅਮਨ-ਕਾਨੂੰਨ ਦੀ ਸਥਿਤੀ ਨੂੰ ਭੰਗ ਕਰਨ ਲਈ ਪੁਲਿਸ ਅਦਾਰਿਆਂ ਤੇ ਜਨਤਕ ਥਾਵਾਂ ਨੂੰ ਨਿਸ਼ਾਨਾ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਸਨ। ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ (ਸੀ.ਪੀ.) ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਖਤਾ ਖੁਫ਼ੀਆ ਜਾਣਕਾਰੀ ਤੇ ਤਕਨੀਕੀ ਨਿਗਰਾਨੀ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਸੁਮਿਤ ਕੁਮਾਰ ਉਰਫ਼ ਪੰਡਿਤ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਸ਼ੁਰੂ ਵਿਚ ਉਸ ਦੇ ਕਬਜ਼ੇ ਵਿਚੋਂ ਇਕ ਗਲਾਕ ਪਿਸਤੌਲ ਤੇ ਚਾਰ ਜ਼ਿੰਦਾ ਕਾਰਤੂਸ ਬਰਾਮਦ ਹੋਏ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਦੇ ਖੁਲਾਸਿਆਂ ਦੇ ਅਧਾਰ 'ਤੇ ਪੁਲਸ ਟੀਮਾਂ ਨੇ ਇਕ ਹੈਂਡ ਗ੍ਰਨੇਡ ਵੀ ਬਰਾਮਦ ਕੀਤਾ।

# ਪੰਕਜ ਅਰੋੜਾ ਨੇ ਬਤੌਰ ਬੀਪੀਈਓ ਚਾਰਜ ਸੰਭਾਲਿਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਨਰੇਸ਼ ਪਨਿਆੜ ਜਿਨ੍ਹਾਂ ਨੂੰ ਐਲੀਮੈਂਟਰੀ ਜ਼ਿਲ੍ਹਾ ਸਿੱਖਿਆ ਅਫਸਰ ਮੈਡਮ ਪਰਮਜੀਤ ਵੱਲੋਂ ਬਲਾਕ ਡੇਰਾ ਬਾਬਾ ਨਾਨਕ -1 ਵਾਧੂ ਚਾਰਜ ਦਿੱਤਾ ਗਿਆ ਸੀ, ਕੋਲੋਂ ਬਲਾਕ ਡੇਰਾ ਬਾਬਾ ਨਾਨਕ -1 ਦਾ ਵਾਧੂ ਚਾਰਜ ਵਾਪਸ ਲੈਣ ਉਪਰੰਤ ਉਨ੍ਹਾਂ ਦੀ ਜਗਾ ਡੀਈਓ ਐਲੀਮੈਂਟਰੀ ਮੈਡਮ ਪਰਮਜੀਤ ਵੱਲੋਂ ਪੰਕਜ ਅਰੋੜਾ ਬੀਪੀਈਓ ਬਲਾਕ ਦੀਨਾਨਗਰ -1 ਨੂੰ ਬਤੌਰ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਡੇਰਾ ਬਾਬਾ ਨਾਨਕ -1 ਦਾ ਵਾਧੂ ਚਾਰਜ ਦਿੱਤਾ ਗਿਆ ਹੈ ।ਪੰਕਜ ਅਰੋੜਾ ਨੇ ਬਤੌਰ ਬੀਪੀਈਓ ਬਲਾਕ ਡੇਰਾ ਬਾਬਾ ਨਾਨਕ -1 ਦਾ ਚਾਰਜ ਸੰਭਾਲ ਲਿਆ ਹੈ ।ਇਸ ਮੌਕੇ ਉਨ੍ਹਾਂ ਨਾਲ ਨਰੇਸ਼ ਪਨਿਆੜ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦੋਰਾਂਗਲਾ ਵੀ ਹਾਜ਼ਰ ਸਨ ।ਪੰਕਜ ਅਰੋੜਾ ਦਾ ਸਮੂਹ ਕਰਮਚਾਰੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਤੇ ਜੀ ਆਇਆਂ ਆਖਿਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਕਜ ਅਰੋੜਾ ਨੇ ਕਿਹਾ ਕਿ ਮੈਂ ਆਪਣੇ ਆਪ ਨੂੰ ਬੜਾ ਵੱਡਭਾਗਾ ਮਹਿਸੂਸ ਕਰ ਰਿਹਾ ਹਾਂ ਜੋ ਮੈਨੂੰ ਕਸਬਾ ਡੇਰਾ ਬਾਬਾ ਨਾਨਕ ਦੀ ਸੇਵਾ ਕਰਨ ਦਾ ਮੌਕਾ ਪ੍ਰਾਪਤ ਹੋਇਆ ਹੈ ।ਉਨ੍ਹਾਂ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਉਹ ਸਕੂਲ ਸਮੇਂ ਦੌਰਾਨ ਵਿਦਿਆਰਥੀਆਂ ਨੂੰ ਪੂਰੀ ਇਮਾਨਦਾਰੀ ਤੇ ਲਗਨ ਨਾਲ ਪੜ੍ਹਾਉਣ।ਇਸ ਮੌਕੇ ਸੈਂਟਰ ਮੁੱਖ ਅਧਿਆਪਕਾ ਮੈਡਮ ਮਮਤਾ, ਸੈਂਟਰ ਮੁੱਖ ਅਧਿਆਪਕ ਕਾਹਲਾਂ ਵਾਲੀ ਜਗਦੀਸ਼ ਸਿੰਘ, ਸੈਂਟਰ ਮੁੱਖ ਅਧਿਆਪਕ ਜਗਤਪੁਰ ਸੰਜੀਵ ਗੁਪਤਾ, ਕਲਰਕ ਦਿਲਰਾਜ ਸਿੰਘ, ਹੈੱਡਮਾਸਟਰ ਜਸਵੰਤ ਸਿੰਘ, ਡਾਟਾ ਅਪਰੇਟਰ ਰਘਬੀਰ ਸਿੰਘ, ਅਕਾਊਂਟੈਂਟ ਮੈਡਮ ਰੁਪਿੰਦਰ ਕੌਰ ਆਦਿ ਹਾਜ਼ਰ ਸਨ।

# ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਹਮਾਇਤ 'ਚ ਵਿਸ਼ਾਲ ਇਕੱਠ



ਮਜੀਠਾ (ਸੋਇਮ ਆਨੰਦ)- ਹਲਕਾ ਮਜੀਠਾ ਦੇ ਪਿੰਡ ਟਰਪਈ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਇੰਚਾਰਜ ਨਾਥਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਵੱਡੀ ਇਕੱਤਰਤਾ ਕੀਤੀ ਗਈ, ਜਿਸ ਵਿੱਚ ਪਿੰਡ ਦੇ ਲੋਕਾਂ ਅਤੇ ਸੰਗਤਾਂ ਨੇ ਵੱਡੀ ਪੱਧਰ ਤੇ ਸ਼ਿਰਕਤ ਕਰਕੇ ਇਸ ਪ੍ਰੋਗਰਾਮ ਨੂੰ ਸਫਲ ਬਣਾਇਆ।ਇਸ ਇਕੱਠ ਦੌਰਾਨ ਪਾਰਟੀ ਦੇ ਹਲਕਾ ਇੰਚਾਰਜ ਸਮੇਤ ਹੋਰ ਸੀਨੀਅਰ ਆਗੂਆਂ ਨੇ ਮੌਜੂਦ ਲੋਕਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਪਾਰਟੀ ਦੇ ਮਨਸੂਬਿਆਂ, ਸਿਧਾਂਤਾਂ ਅਤੇ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਹਲਕਾ ਮਜੀਠਾ ਦੇ ਇੰਚਾਰਜ ਭਾਈ ਨਾਥਵਿੰਦਰ ਸਿੰਘ ਬਾਜਵਾ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਭਰਵਾਂ ਪਿਆਰ ਪਾਰਟੀ ਦਾ ਮਨੋਬਲ ਵਧਾ ਰਿਹਾ ਹੈ।ਇਕੱਠ ਨੂੰ ਸੰਬੋਧਨ ਕਰਦਿਆਂ ਹੋਰ ਆਗੂਆਂ ਨੇ ਵੀ ਕਿਹਾ ਕਿ ਜਨਤਾ ਦੇ ਸਹਿਯੋਗ ਸਦਕਾ ਜਥੇਬੰਦੀ ਦਿਨੋਂ-ਦਿਨ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਅਗਲੇ ਦਿਨਾਂ ਵਿੱਚ ਵੀ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਅਜਿਹੇ ਸਮਾਗਮ ਕਰਕੇ ਲੋਕਾਂ ਨਾਲ ਸਿੱਧਾ ਤਾਲਮੇਲ ਕੀਤਾ ਜਾਵੇਗਾ ਅਤੇ ਪਾਰਟੀ ਦੇ ਵਿਚਾਰਾਂ ਤੋਂ ਜਾਣੂ ਕਰਵਾਇਆ ਜਾਵੇਗਾ।

ਇਸ ਮੌਕੇ ਹਲਕਾ ਮਜੀਠਾ ਦੇ ਮੁੱਖ ਸੇਵਾਦਾਰ ਭਾਈ ਨਾਥਵਿੰਦਰ ਸਿੰਘ ਬਾਜਵਾ, ਜਨਰਲ ਸਕੱਤਰ ਭਾਈ ਬਲਵਿੰਦਰ ਸਿੰਘ, ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਮੀਡੀਆ ਇੰਚਾਰਜ ਕੰਵਲਜੀਤ ਸਿੰਘ ਸੋਹੀ, ਸਰਕਲ ਪ੍ਰਧਾਨ ਮਜੀਠਾ ਭਾਈ ਕ੍ਰਿਪਾਲ ਸਿੰਘ ਸਮੇਤ ਕਈ ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮਾਤਾ ਜਗੀਰ ਕੌਰ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਲੇਬਰਫੈੱਡ ਦੇ ਸਾਬਕਾ ਚੇਅਰਮੈਨ ਗੁਰਪ੍ਰਤਾਪ ਸਿੰਘ ਖੁਸ਼ਹਾਲਪੁਰ ਅਤੇ ਸ਼ੂਗਰ ਮਿੱਲ ਬਟਾਲਾ ਦੇ ਸਾਬਕਾ ਚੇਅਰਮੈਨ ਕਿਸਾਨ ਆਗੂ ਕੰਵਲਜੀਤ ਸਿੰਘ ਖੁਸ਼ਹਾਲਪੁਰ ਦੇ ਮਾਤਾ ਜਗੀਰ ਕੌਰ (86) ਪਤਨੀ ਸਵਰਗਵਾਸੀ ਜਥੇਦਾਰ ਰਘਬੀਰ ਸਿੰਘ ਖੁਸ਼ਹਾਲਪੁਰ ਸਾਬਕਾ ਚੇਅਰਮੈਨ ਸ਼ੂਗਰ ਮਿੱਲ ਬਟਾਲਾ ਜੋ ਬੀਤੇ ਕੁਝ ਸਮੇ ਤੋਂ ਬਿਮਾਰ ਚੱਲ ਰਹੇ ਸਨ, ਦਾ ਬੀਤੇ ਦਿਨ ਚੰਡੀਗੜ੍ਹ ਵਿਖੇ ਅਚਾਨਕ ਦੇਹਾਂਤ ਹੋ ਗਿਆ ।ਉਨ੍ਹਾਂ ਦਾ ਅੰਤਿਮ ਸੰਸਕਾਰ ਸਥਾਨਕ ਕਸਬੇ ਦੀ ਸ਼ਿਵਪੁਰੀ ਵਿਖੇ ਕਰ ਦਿੱਤਾ ਗਿਆ।ਚਿਖਾ ਨੂੰ ਅਗਨੀ ਉਨ੍ਹਾਂ ਦੇ ਵੱਡੇ ਸਪੁੱਤਰ ਕੰਵਲਜੀਤ ਸਿੰਘ ਖੁਸ਼ਹਾਲਪੁਰ ਅਤੇ ਛੋਟੇ ਸਪੁੱਤਰ ਗੁਰਪ੍ਰਤਾਪ ਸਿੰਘ ਖੁਸ਼ਹਾਲ ਵੱਲੋਂ ਸਾਂਝੇ ਤੌਰ 'ਤੇ ਦਿਖਾਈ ਗਈ ।ਅੰਤਿਮ ਯਾਤਰਾ ਮੌਕੇ ਵੱਡੀ ਗਿਣਤੀ ਵਿੱਚ ਰਾਜਨੀਤਕ, ਧਾਰਮਿਕ, ਸਮਾਜ ਸੇਵੀ ਆਗੂਆਂ ਤੋਂ ਇਲਾਵਾ ਇਲਾਕੇ ਦੇ ਲੋਕਾਂ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਨੇ ਹਾਜ਼ਰ ਹੋ ਕੇ ਮਾਤਾ ਜਗੀਰ ਕੌਰ ਨੂੰ ਨਮ ਅੱਖਾਂ ਨਾਲ ਅੰਤਮ ਵਿਦਾਇਗੀ ਦਿੱਤੀ। ਇਸ ਮੌਕੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ, ਪੰਜਾਬ ਦੇ ਸਾਬਕਾ ਮੰਤਰੀ ਸੁੱਚਾ ਸਿੰਘ ਛੋਟੇਪੁਰ, ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਗੋਰਾਇਆ ਮੈਂਬਰ ਐੱਸਜੀਪੀਸੀ, ਕਾਂਗਰਸੀ ਆਗੂ ਅਮਨ ਕੁਮਾਰ ਜੈਂਤੀਪੁਰ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣ ਵਾਲੇ, ਬਾਬਾ ਗੁਰਸੇਵਕ ਸਿੰਘ ਮਸ਼ਰਾਲਾ, ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਚੇਅਰਮੈਨ ਹਰਦੀਪ ਸਿੰਘ ਤਲਵੰਡੀ ਗੋਰਾਇਆ, ਮੰਡੀਕਰਨ ਬੋਰਡ ਐਕਸੀਅਨ ਬਲਦੇਵ ਸਿੰਘ ਸ਼ਾਹਪੁਰ, ਚੇਅਰਮੈਨ ਲਾਡੀ ਸਮਰਾ, ਆਪ ਆਗੂ ਪ੍ਰਧਾਨ ਰਾਜੇਸ਼ ਕੁਮਾਰ ਗੁਪਤਾ, ਕੌਂਸਲਰ ਸਤਪਾਲ ਸ਼ੌਂਕੀ, ਕੌਂਸਲਰ ਹਰਿੰਦਰ ਸਿੰਘ ਰੰਧਾਵਾ, ਕੌਂਸਲਰ ਹਰਦੀਪ ਸਿੰਘ, ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ, ਕਾਂਗਰਸੀ ਆਗੂ ਮੁਨੀਸ਼ ਮਹਾਜਨ, ਬਾਬਾ ਬਲਬੀਰ ਸਿੰਘ ਬੇਦੀ ਚੋਲਾ ਸਾਹਿਬ ਵਾਲੇ, ਹਰਦੀਪ ਸਿੰਘ ਖੁਸ਼ਹਾਲਪੁਰ, ਸੁਰਜੀਤ ਸਿੰਘ,ਮਾਸਟਰ ਗੁਰਪ੍ਰੀਤ ਸਿੰਘ, ਮਾਸਟਰ ਗੁਰਵਿੰਦਰ ਸਿੰਘ, ਲੱਕੀ ਢਿੱਲੋਂ, ਵਪਾਰ ਮੰਡਲ ਡੇਰਾ ਬਾਬਾ ਨਾਨਕ ਦੇ ਪ੍ਰਧਾਨ ਵਿਪਨ ਸੋਨੀ, ਪ੍ਰਭਜੋਤ ਸਿੰਘ, ਜਸਕਰਨ ਸਿੰਘ, ਮਨਪ੍ਰਤਾਪ ਸਿੰਘ, ਹਰਜੀਤ ਸਿੰਘ ਠੇਠਰਕੇ, ਮੇਜਰ ਸਿੰਘ ਠੇਠਰਕੇ, ਮਨਜੀਤ ਸਿੰਘ ਬੇਦੀ, ਪੱਪਾ ਰੰਧਾਵਾ, ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਵਿਨੋਦ ਕੁਮਾਰ ਮੱਤਰੀ, ਅਸ਼ਵਨੀ ਬੇਦੀ, ਗਗਨ ਕੁਮਾਰ, ਦਵਿੰਦਰ ਕੁਮਾਰ, ਰਜਤ ਮਹਾਜਨ, ਜੌਂਟੀ ਮਹਾਜਨ, ਐਡਵੋਕੇਟ ਮਨਜਿੰਦਰ ਸਿੰਘ,ਐਡਵੋਕੇਟ ਮਲਕੀਤ ਸਿੰਘ,ਸੱਜਣ ਸਿੰਘ ਖਲੀਲਪੁਰ, ਕਾਮਰੇਡ ਸੁਖਦੇਵ ਸਿੰਘ ਉਦੋਵਾਲੀ, ਲੰਬਰਦਾਰ ਜਗਜੀਤ ਸਿੰਘ, ਸੁਰਜੀਤ ਸਿੰਘ, ਮੱਖਣ ਸਿੰਘ ਸੈਕਟਰੀ, ਜੰਗ ਬਹਾਦਰ ਕਲਾਨੌਰ, ਅਨਿਲ ਤੁੱਲੀ ਕਲਾਨੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਤੇ ਖੁਸ਼ਹਾਲਪੁਰ ਪਰਿਵਾਰ ਦੇ ਰਿਸ਼ਤੇਦਾਰ ਹਾਜ਼ਰ ਸਨ।

# ਰਾਵੀ ਵੱਲੋਂ ਲਗਾਏ ਜਾ ਰਹੇ ਖੋਰੇ ਨਾਲ ਸਰਹੱਦੀ ਪਿੰਡ ਕੱਕੜ 'ਤੇ ਮੰਡਰਾਇਆ ਖ਼ਤਰਾ



ਛੇਹਰਟਾ, (ਮਨੋਜ ਕੁਮਾਰ) : ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਬੁੱਧਵਾਰ ਨੂੰ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਪਿੰਡ ਕੱਕੜ ਦਾ ਦੌਰਾ ਕਰ ਕੇ ਰਾਵੀ ਦਰਿਆ ਵੱਲੋਂ ਲਗਾਏ ਜਾ ਰਹੇ ਖੋਰੇ ਕਾਰਨ ਬਣੇ ਗੰਭੀਰ ਹਾਲਾਤ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਇਸ ਦੌਰਾਨ ਬੀ.ਐੱਸ.ਐੱਫ. ਅਧਿਕਾਰੀਆਂ ਨਾਲ ਵੀ ਮੁਲਾਕਾਤ ਕੀਤੀ। ਉਨ੍ਹਾਂ ਕਿਹਾ ਕਿ ਰਾਵੀ ਦਰਿਆ ਵੱਲੋਂ ਲਗਾਏ ਜਾ ਰਹੇ ਲਗਾਤਾਰ ਖੋਰੇ ਕਾਰਨ ਸੈਂਕੜੇ ਏਕੜ ਕੀਮਤੀ ਖੇਤੀਬਾੜੀ ਵਾਲੀ ਜ਼ਮੀਨ ਦਰਿਆ ਵਿਚ ਸਮਾ ਚੁੱਕੀ ਹੈ ਤੇ ਹੁਣ ਬੀ.ਐੱਸ.ਐੱਫ. ਦੀਆਂ ਡਿਫੈਂਸ ਲਾਈਨਾਂ ਵੀ ਖ਼ਤਰੇ ਵਿਚ ਹਨ। ਸਾਂਸਦ ਔਜਲਾ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਤੁਰੰਤ ਅਸਥਾਈ ਤੌਰ 'ਤੇ ਰੇਤ ਦੀਆਂ ਬੋਰੀਆਂ ਜਾਂ ਹੋਰ ਪ੍ਰਬੰਧ ਕਰਕੇ ਵਹਾਅ ਰੋਕਿਆ ਜਾਵੇ। ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਕਰੀਬ ਦੋ ਤੋਂ ਢਾਈ ਕਿਲੋਮੀਟਰ ਲੰਬੇ ਪ੍ਰਭਾਵਿਤ ਹਿੱਸੇ 'ਤੇ ਪੱਕੇ ਤੌਰ 'ਤੇ ਪੱਥਰ ਲਗਾ ਕੇ ਦਰਿਆ ਦੇ ਵਹਾਅ ਨੂੰ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਸੰਸਦ ਦਾ ਸੈਸ਼ਨ ਸ਼ੁਰੂ ਹੋਣ 'ਤੇ ਉਹ ਇਹ ਮਾਮਲਾ ਵੀ ਉਠਾਉਣਗੇ ਤੇ ਜੇਕਰ ਪੰਜਾਬ ਸਰਕਾਰ ਕੇਂਦਰ ਨੂੰ ਕੋਈ ਤਜਵੀਜ਼ ਭੇਜੇਗੀ ਤਾਂ ਉਸ ਨੂੰ ਮਨਜ਼ੂਰ ਕਰਵਾਉਣ ਲਈ ਪੂਰਾ ਯਤਨ ਕਰਨਗੇ। ਉਨ੍ਹਾਂ ਕਿਹਾ ਕਿ ਕੱਕੜ ਤੋਂ ਲੈ ਕੇ ਇਸ ਸਰਹੱਦੀ ਪੱਟੀ ਦੇ ਆਖ਼ਰੀ ਹਿੱਸੇ ਤਕ ਕਿਤੇ ਵੀ ਬਚਾਅ ਲਈ ਪੱਥਰ ਜਾਂ ਰੇਤ ਦੀਆਂ ਬੋਰੀਆਂ ਨਹੀਂ ਲਗਾਈਆਂ ਗਈਆਂ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਤੁਰੰਤ ਮੌਕੇ 'ਤੇ ਪੁੱਜ ਕੇ ਕਿਸਾਨਾਂ ਤੇ ਸਰਹੱਦੀ ਇਲਾਕੇ ਦੀ ਸੁਰੱਖਿਆ ਲਈ ਲੋੜੀਂਦੇ ਬਚਾਅ ਕਾਰਜ ਸ਼ੁਰੂ ਕੀਤੇ ਜਾਣ।

# ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਨਾਰੂ ਨੰਗਲ ਲਿਫਟ ਸਕੀਮ ਦਾ ਕੀਤਾ ਉਦਘਾਟਨ

## 18 ਪਿੰਡਾਂ ਦੀ 3200 ਏਕੜ ਖੇਤੀਯੋਗ ਜ਼ਮੀਨ ਨੂੰ ਮਿਲੇਗੀ ਸਿੰਚਾਈ ਦੀ ਸਹੂਲਤ

**ਹੁਸ਼ਿਆਰਪੁਰ, ਦਸੂਹਾ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ, ਕਰਨੈਲ ਮਾਂਗਟ)**- ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਪਿੰਡ ਬੱਸੀ ਪੁਰਾਣੀ ਵਿਖੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਦੀ ਮੌਜੂਦਗੀ ਵਿੱਚ ਨਾਰੂ ਨੰਗਲ ਲਿਫਟ ਸਕੀਮ ਅਤੇ ਕੰਡੀ ਨਹਿਰ ਸਟੇਜ-2 ਦੇ 330 ਕਿਲੋਵਾਟ ਸੋਲਰ ਪੈਨਲ ਸਿਸਟਮ ਦਾ ਉਦਘਾਟਨ ਕੀਤਾ।ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਨੂੰ ਆਧੁਨਿਕ ਸਿੰਚਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਲ ਸਰੋਤਾਂ ਦੀ ਵਿਗਿਆਨਕ ਅਤੇ ਪ੍ਰਭਾਵਸ਼ਾਲੀ ਵਰਤੋਂ ਯਕੀਨੀ ਬਣਾ ਕੇ ਖੇਤੀ ਦੀ ਲਾਗਤ ਘਟਾਉਣ ਅਤੇ ਕਿਸਾਨਾਂ ਦੀ ਆਮਦਨ ਵਧਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਪੂਰਾ ਯਤਨ ਹੈ ਕਿ ਹਰ ਖੇਤ ਅਤੇ ਟੇਲ ਤੱਕ ਪਾਣੀ ਪਹੁੰਚੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਕੰਡੀ ਨਹਿਰ ਦੇ ਆਰ.ਡੀ. 65693 ਮੀਟਰ 'ਤੇ ਸਥਾਪਿਤ ਨਾਰੂ ਨੰਗਲ ਲਿਫਟ ਸਕੀਮ ਦਾ ਨਿਰਮਾਣ ਕੰਡੀ ਨਹਿਰ ਦੇ ਖੱਬੇ ਕੰਢੇ 'ਤੇ ਸਥਿਤ ਉੱਚੇ ਇਲਾਕਿਆਂ ਤੱਕ ਸਿੰਚਾਈ ਦਾ ਪਾਣੀ ਪਹੁੰਚਾਉਣ ਦੇ ਮੰਤਵ ਨਾਲ ਕੀਤਾ ਗਿਆ ਹੈ। ਇਸ ਪ੍ਰੋਜੈਕਟ ਤਹਿਤ 100-100 ਹਾਰਸ ਪਾਵਰ ਦੀਆਂ ਸੱਤ ਮੋਟਰਾਂ ਰਾਹੀਂ ਨਹਿਰ ਦਾ ਪਾਣੀ ਲਗਭਗ 75 ਫੁੱਟ ਦੀ ਉਚਾਈ ਤੱਕ ਚੁੱਕਿਆ ਜਾਂਦਾ ਹੈ। ਇਸ ਤੋਂ ਬਾਅਦ ਭੂਮੀਗਤ ਪਾਈਪਲਾਈਨ ਨੈੱਟਵਰਕ ਰਾਹੀਂ ਗਰੈਵਟੀ ਰਾਹੀਂ ਕਿਸਾਨਾਂ ਦੇ ਖੇਤਾਂ ਤੱਕ ਪਾਣੀ ਪਹੁੰਚਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਲਿਫਟ ਸਕੀਮ ਦੇ ਦੋ ਪੜਾਅ ਹਨ, ਜਿਨ੍ਹਾਂ ਦੀ ਕੁੱਲ ਡਿਸਚਾਰਜ ਸਮਰੱਥਾ 20 ਕਿਊਸਿਕ ਹੈ। ਇਸ ਰਾਹੀਂ ਲਗਭਗ 3200 ਏਕੜ ਖੇਤੀਯੋਗ ਜ਼ਮੀਨ ਨੂੰ ਸਿੰਚਾਈ ਦੀ ਸਹੂਲਤ ਦਿੱਤੀ ਜਾ ਰਹੀ ਹੈ। ਪ੍ਰੋਜੈਕਟ ਅਧੀਨ 92 ਕਿਲੋਮੀਟਰ ਲੰਬਾ ਭੂਮੀਗਤ ਪਾਈਪਲਾਈਨ ਨੈੱਟਵਰਕ ਵਿਛਾਇਆ ਗਿਆ ਹੈ, ਜਿਸ ਨਾਲ ਹੁਸ਼ਿਆਰਪੁਰ ਅਤੇ ਚੱਬੇਵਾਲ ਵਿਧਾਨ ਸਭਾ ਹਲਕਿਆਂ ਦੇ 18 ਪਿੰਡਾਂ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਨਾਲ ਸਿੰਚਾਈ ਦਾ ਲਾਭ ਮਿਲ ਰਿਹਾ ਹੈ। ਬਰਿੰਦਰ ਗੋਇਲ ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਬੱਸੀ ਪੁਰਾਣੀ, ਨੰਦਨ, ਬੱਸੀ ਕਿੱਕਰਾਂ, ਜਹਾਨਖੇਲਾਂ, ਮਹਿਲਾਂਵਾਲੀ, ਬੱਸੀ ਹਸਤ ਖਾਂ, ਬੱਸੀ ਕੁੱਡੀਆਂ, ਬੱਸੀ ਦਾਊਦ ਖਾਂ, ਨਾਰੂ ਨੰਗਲ, ਕੱਕੋਂ, ਅਲੀ ਦੀ ਬੱਸੀ, ਬੈਨ੍ਹਾ, ਬੱਸੀ ਮੁਸਤਫ਼ਾ, ਬਾਹਦਰਪੁਰ ਬਾਹੀਆਂ, ਨਾਰੂ ਨੰਗਲ ਖ਼ਾਸ, ਧੋਰਿਆਲ, ਬੱਸੀ ਅਲੀ ਖ਼ਾਂ ਅਤੇ ਜੰਡੋਲੀ ਸਮੇਤ 18 ਪਿੰਡਾਂ ਦੇ ਕਿਸਾਨਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ।



# ਗੁਰੂ ਨਾਨਕ ਦੇਵ 'ਵਰਸਿਟੀ ਕਾਲਜ ਦੀਆਂ ਵਿਦਿਆਰਥਣਾਂ ਯਸ਼ਿਕਾ ਤੇ ਯੁਵਿਕਾ ਦੀ ਸਹਾਇਕ ਪ੍ਰੋਫੈਸਰ ਵਜੋਂ ਚੋਣ

**ਜਲੰਧਰ (ਕਮਲਜੀਤ ਬਾਬਲਕੇ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ (ਲਾਡੋਵਾਲੀ ਰੋਡ) ਨੇ ਇੱਕ ਵਾਰ ਫਿਰ ਅਕਾਦਮਿਕ ਖੇਤਰ ਵਿੱਚ ਆਪਣੀ ਉੱਚ ਪੱਧਰੀ ਸਿੱਖਿਆ ਅਤੇ ਗੁਣਵੱਤਾ ਦਾ ਲੋਹਾ ਮਨਵਾਇਆ ਹੈ। ਕਾਲਜ ਦੇ ਮਾਸਟਰ ਆਫ ਕੰਪਿਊਟਰ ਐਪਲੀਕੇਸ਼ਨਜ਼ (ਐਮਸੀਏ) ਵਿਭਾਗ ਦੀਆਂ ਹੋਣਹਾਰ ਵਿਦਿਆਰਥਣਾਂ ਯਸ਼ਿਕਾ ਅਤੇ ਯੁਵਿਕਾ ਦੀ ਜਲੰਧਰ ਦੇ ਨਾਮਵਰ ਕਾਲਜਾਂ ਵਿੱਚ ਸਹਾਇਕ ਪ੍ਰੋਫੈਸਰ ਵਜੋਂ ਚੋਣ ਹੋਈ ਹੈ। ਇਸ ਸ਼ਾਨਦਾਰ ਪ੍ਰਾਪਤੀ ਨਾਲ ਕਾਲਜ ਵਿੱਚ ਖੁਸ਼ੀ ਦਾ ਮਾਹੌਲ ਹੈ। ਜਿੱਥੇ ਇਹ ਪ੍ਰਾਪਤੀ ਦੋਵੇਂ ਵਿਦਿਆਰਥਣਾਂ ਦੀ ਲਗਨ, ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਉੱਥੇ ਨਾਲ ਹੀ ਇਹ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੁਆਰਾ ਪ੍ਰਦਾਨ ਕੀਤੀ ਜਾ ਰਹੀ ਉੱਚ ਪੱਧਰੀ ਸਿੱਖਿਆ, ਤਜਰਬੇਕਾਰ ਅਧਿਆਪਕਾਂ ਦੀ ਮਾਰਗਦਰਸ਼ਨ ਅਤੇ ਵਿਦਿਆਰਥੀ-ਕੇਂਦਰਿਤ ਸਿੱਖਣ ਪ੍ਰਣਾਲੀ ਦੀ ਵੀ ਪ੍ਰਤੀਕ ਹੈ। ਕਾਲਜ ਲਗਾਤਾਰ ਅਜਿਹੇ ਹੋਣਹਾਰ ਅਤੇ ਸਮਰੱਥ ਪੇਸ਼ੇਵਰ ਤਿਆਰ ਕਰ ਰਿਹਾ ਹੈ ਜੋ ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਰਹੇ ਹਨ। ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਦੀ ਐਸੋਸੀਏਟ ਪ੍ਰੋ. (ਡਾ.) ਨਵਜੋਤ ਨੇ ਯਸ਼ਿਕਾ ਅਤੇ ਯੁਵਿਕਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਉਪਲਬਧੀ ਨਾ ਸਿਰਫ ਦੋਵੇਂ ਵਿਦਿਆਰਥਣਾਂ ਲਈ, ਸਗੋਂ ਸਮੁੱਚੇ ਕਾਲਜ ਪਰਵਾਰ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਦੋਵਾਂ ਨੇ ਆਪਣੀ ਪ੍ਰਤਿਭਾ ਅਤੇ ਸਖ਼ਤ ਮਿਹਨਤ ਦੇ ਬਲਬੂਤੇ ਇਹ ਸਫਲਤਾ ਹਾਸਲ ਕੀਤੀ ਹੈ, ਜੋ ਕਾਲਜ ਦੇ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਬਣੇਗੀ। ਉਨ੍ਹਾਂ ਭਰੋਸਾ ਜਤਾਇਆ ਕਿ ਯਸ਼ਿਕਾ ਅਤੇ ਯੁਵਿਕਾ ਆਪਣੇ ਅਧਿਆਪਨ ਕਾਰਜ ਰਾਹੀਂ ਉੱਚ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੀਆਂ ਅਤੇ ਆਪਣੇ ਗਿਆਨ, ਸਮਰਪਣ ਅਤੇ ਕਾਬਲੀਅਤ ਨਾਲ ਅਨੇਕਾਂ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਐੱਮ ਸੀ ਏ ਵਿਭਾਗ ਤੋਂ ਡਾ. ਪਰਵਿੰਦਰ ਕੌਰ ਢਿੱਲੋਂ ਨੇ ਵੀ ਦੋਵੇਂ ਵਿਦਿਆਰਥਣਾਂ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਡਾ. ਨਵਜੋਤ ਕੌਰ ਨੇ ਕਿਹਾ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਜਲੰਧਰ ਆਪਣੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ, ਖੋਜ, ਨੈਤਿਕ ਕਦਰਾਂ-ਕੀਮਤਾਂ ਅਤੇ ਰੁਜ਼ਗਾਰਮੁਖੀ ਮੌਕਿਆਂ ਨਾਲ ਜੋੜਨ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਦਾ ਨਤੀਜਾ ਹੈ ਕਿ ਕਾਲਜ ਦੇ ਵਿਦਿਆਰਥੀ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਕੇ ਸੰਸਥਾ ਦਾ ਨਾਮ ਰੌਸ਼ਨ ਕਰ ਰਹੇ ਹਨ।



# ਐਚ ਡੀ ਐਫ ਸੀ ਬੈਂਕ ਪਰਿਵਰਤਨ 9.6 ਲੱਖ ਵਿਅਕਤੀਆਂ ਨੂੰ ਸਸ਼ਕਤ ਬਣਾਉਂਦਾ

**ਜਲੰਧਰ/ਅੰਮ੍ਰਿਤਸਰ:** ਐੱਚ ਡੀ ਐੱਫ ਸੀ ਬੈਂਕ ਦੀ ਸੀਐੱਸਆਰ ਪਹਿਲਕਦਮੀ, ਐਚਡੀਐਫਸੀ ਬੈਂਕ ਪਰਿਵਰਤਨ ਨੇ ਵਿਸ਼ਵ ਯੁਵਾ ਹੁਨਰ ਦਿਵਸ ਦੇ ਮੌਕੇ 'ਤੇ, ਭਾਰਤ ਦੀ ਵਧਦੀ ਅਰਥਵਿਵਸਥਾ ਵਿੱਚ ਅਰਥਪੂਰਨ ਹਿੱਸਾ ਲੈਣ ਲਈ ਨੌਜਵਾਨਾਂ ਨੂੰ ਜ਼ਰੂਰੀ ਹੁਨਰ, ਗਿਆਨ ਅਤੇ ਮੌਕੇ ਪ੍ਰਦਾਨ ਕਰਨ ਦੇ ਆਪਣੇ ਨਿਰੰਤਰ ਯਤਨਾਂ ਨੂੰ ਉਜਾਗਰ ਕੀਤਾ। ਆਪਣੀ ਸ਼ੁਰੂਆਤ ਤੋਂ ਲੈ ਕੇ, ਬੈਂਕ ਦੇ ਹੁਨਰ ਵਿਕਾਸ ਅਤੇ ਰੋਜ਼ੀ-ਰੋਟੀ ਪਹਿਲਕਦਮੀਆਂ ਨੇ 9.6 ਲੱਖ ਵਿਅਕਤੀਆਂ ਨੂੰ ਸਕਾਰਾਤਮਕ ਤੌਰ 'ਤੇ ਪ੍ਰਭਾਵਿਤ ਕੀਤਾ ਹੈ। ਇਸ ਮੌਕੇ 'ਤੇ ਟਿੱਪਣੀ ਕਰਦੇ ਹੋਏ, ਐਚਡੀਐਫਸੀ ਬੈਂਕ ਦੀ ਸੀ ਐੱਸ ਆਰ ਮੁਖੀ ਨੁਸਰਤ ਪਠਾਨ ਨੇ ਕਿਹਾ, ਨੌਜਵਾਨਾਂ ਦਾ ਜਨਸੰਖਿਆ ਲਾਭਅੰਸ਼ ਇੱਕ ਹੁਨਰਮੰਦ, ਸਸ਼ਕਤ, ਅਤੇ ਭਵਿੱਖ ਲਈ ਤਿਆਰ ਕਾਰਜਬਲ ਬਣਾਉਣ ਦਾ ਇੱਕ ਬੇਮਿਸਾਲ ਮੌਕਾ ਪ੍ਰਦਾਨ ਕਰਦਾ ਹੈ।' ਐੱਚ ਡੀ ਐੱਫ ਸੀ ਬੈਂਕ ਪਰਿਵਰਤਨ ਵਿਖੇ, ਸਾਡਾ ਮੰਨਣਾ ਹੈ ਕਿ ਹੁਨਰ ਵਿਕਾਸ ਆਰਥਿਕ ਸਸ਼ਕਤੀਕਰਨ ਅਤੇ ਸਮਾਜਿਕ ਗਤੀਸ਼ੀਲਤਾ ਦੇ ਸਭ ਤੋਂ ਪ੍ਰਭਾਵਸ਼ਾਲੀ ਮਾਰਗਾਂ ਵਿੱਚੋਂ ਇੱਕ ਹੈ।

# ਮਰਦਮਸ਼ੁਮਾਰੀ ਸੁਪਰਵਾਈਜ਼ਰਾਂ ਤੇ ਗਿਣਤੀਕਾਰਾਂ ਦਾ ਸਨਮਾਨ

**ਮੁਹਾਲੀ (ਗੁਰਜੀਤ ਬਿੱਲਾ)**- ਤਹਿਸੀਲਦਾਰ-ਕਮ-ਚਾਰਜ ਅਫ਼ਸਰ (ਮਰਦਮਸ਼ੁਮਾਰੀ), ਮੋਹਾਲੀ ਦਿਹਾਤੀ ਗੁਰਪ੍ਰੀਤ ਸਿੰਘ ਢਿੱਲੋਂ ਨੇ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਦੇ ਮੀਟਿੰਗ ਹਾਲ ਵਿਖੇ ਕਰਵਾਏ



ਗਏ ਸਾਦਾ ਸਮਾਗਮ ਦੌਰਾਨ ਮੋਹਾਲੀ ਦਿਹਾਤੀ ਦੇ ਮਰਦਮਸ਼ੁਮਾਰੀ ਦੇ ਸੁਪਰਵਾਈਜ਼ਰਾਂ ਅਤੇ ਗਿਣਤੀਕਾਰਾਂ ਨੂੰ ਪਹਿਲੇ ਪੜਾਅ ਦੌਰਾਨ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਤ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਗੁਰਪ੍ਰੀਤ ਸਿੰਘ ਢਿੱਲੋਂ ਨੇ ਕਿਹਾ ਕਿ ਮਰਦਮਸ਼ੁਮਾਰੀ ਦਾ ਕੰਮ ਬਹੁਤ ਹੀ ਚੁਣੌਤੀਪੂਰਨ ਸੀ, ਪਰ ਟੀਮ ਦੇ ਹਰ ਮੈਂਬਰ ਨੇ ਪੂਰੀ ਲਗਨ, ਮਿਹਨਤ ਅਤੇ ਟੀਮ ਭਾਵਨਾ ਨਾਲ ਕੰਮ ਕਰਦਿਆਂ 100 ਫ਼ੀਸਦੀ ਟੀਚੇ ਸਫ਼ਲਤਾਪੂਰਵਕ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਸਮੁੱਚੀ ਟੀਮ ਦੀ ਵਚਨਬੱਧਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਦਾ ਨਤੀਜਾ ਹੈ। ਉਨ੍ਹਾਂ ਦੱਸਿਆ ਕਿ ਮਰਦਮਸ਼ੁਮਾਰੀ ਦਾ ਅਗਲਾ ਪੜਾਅ ਆਉਣ ਵਾਲੇ ਨਵੰਬਰ ਮਹੀਨੇ ਵਿੱਚ ਸ਼ੁਰੂ ਹੋਵੇਗਾ, ਜਿਸ ਲਈ ਸਿਖਲਾਈ ਪ੍ਰੋਗਰਾਮ ਜਲਦੀ ਹੀ ਆਯੋਜਿਤ ਕੀਤੇ ਜਾਣਗੇ, ਤਾਂ ਜੋ ਅਗਲੇ ਪੜਾਅ ਨੂੰ ਵੀ ਸੁਚਾਰੂ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ।ਉਨ੍ਹਾਂ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਭਵਿੱਖ ਵਿੱਚ ਵੀ ਇਸੇ ਸਮਰਪਣ ਅਤੇ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੋਹਾਲੀ ਦਿਹਾਤੀ ਖੇਤਰ ਦੀ ਮਰਦਮਸ਼ੁਮਾਰੀ ਨਾਲ ਸਬੰਧਤ 70 ਮੈਂਬਰੀ ਟੀਮ, ਜਿਸ ਵਿੱਚ ਸੁਪਰਵਾਈਜ਼ਰ ਅਤੇ ਗਿਣਤੀਕਾਰ ਸ਼ਾਮਲ ਸਨ, ਨੂੰ ਉਨ੍ਹਾਂ ਵੱਲੋਂ ਸਨਮਾਨਤ ਕੀਤਾ ਗਿਆ। ਇਸ ਟੀਮ ਨੇ ਮਰਦਮਸ਼ੁਮਾਰੀ ਕਾਰਜ ਦੇ ਪਹਿਲੇ ਪੜਾਅ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਅਹਿਮ ਭੂਮਿਕਾ ਨਿਭਾਈ।

# ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਵੱਲੋਂ ਲਗਾਏ ਜਾਣਗੇ 11 ਹਜ਼ਾਰ ਬੂਟੇ





**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਸਿਲੈਕਸ਼ਨ ਸਟਾਰ ਸਪੈਸ਼ਲ ਸਟੇਟਸ ਮਾਡਲ ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਵੱਲੋਂ ਚੱਠਾ ਫਾਰਮ ਹਦੀਆਬਾਦ ਵਿਖੇ ਬੂਟੇ ਲਗਾ ਕੇ ਇਸ ਸਾਲ ਦੇ ਬਰਸਾਤੀ ਮੌਸਮ 'ਚ ਦਰਖ਼ਤ ਲਗਾਉਣ ਦੀ ਮੁਹਿਮ ਆਰੰਭੀ ਗਈ। ਜਾਣਕਾਰੀ ਦਿੰਦੇ ਹੋਏ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਡਾਇਰੈਕਟਰ ਲਾਇਨਸਟਰ ਹਰਿੰਦਰ ਸਿੰਘ ਚੱਠਾ ਦੇ ਪ੍ਰਧਾਨ ਲਾਇਨ ਪ੍ਰਦੀਪ ਸਿੰਘ ਸਨ ਜਿਹਨਾਂ ਦੇ ਆਪਣੇ ਪੁੱਤਰ ਦੇ ਜਨਮ ਦਿਨ ਮੌਕੇ ਇਸ ਪ੍ਰੋਜੈਕਟ ਨੂੰ ਸਫਲਤਾ ਪੂਰਵਕ ਨੇਪਰੇ ਚਾੜ੍ਹਿਆ ਹੈ। ਉਹਨਾਂ ਕਿਹਾ ਕਿ ਅੱਜ ਇਸ ਤੋਂ ਵੱਧ ਬੂਟੇ ਲਗਾਉਣ ਅੱਜ ਸਮੇਂ ਦੀ ਮੰਗ ਹੈ, ਤਾਂ ਜੋ ਅਸੀਂ ਗੰਧਲੇ ਹੋ ਰਹੇ ਵਾਤਾਵਰਣ ਨੂੰ ਸੁਰੱਖਿਅਤ ਬਣਾ ਕੇ ਆਪਣੀਆਂ ਆਉਣ ਵਾਲੀਆਂ ਨਸਲਾਂ ਨੂੰ ਇੱਕ ਚੰਗਾ ਤੇ ਸਾਫ ਸੁਥਰਾ ਵਾਤਾਵਰਣ ਦੇ ਕੇ ਜਾਈਏ। ਉਹਨਾਂ ਹਰੇਕ ਨਾਗਰਿਕ ਨੂੰ ਬੂਟੇ ਲਗਾਉਣ ਦੀ ਮੁਹਿਮ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਕਲੱਬ ਪ੍ਰਧਾਨ ਲਾਇਨ ਪ੍ਰਦੀਪ ਸਿੰਘ ਨੇ ਦੱਸਿਆ ਕਿ ਇਸ ਵਾਰ ਉਹਨਾਂ ਦੀ ਟੀਮ ਵੱਲੋਂ 11 ਹਜ਼ਾਰ ਬੂਟੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ ਜਿਸ ਨੂੰ ਇਸੇ ਬਰਸਾਤੀ ਮੌਸਮ ਦੌਰਾਨ ਪੂਰਾ ਕਰ ਲਿਆ ਜਾਵੇਗਾ। ਸਮੂਹ ਕਲੱਬ ਮੈਂਬਰਾਂ ਨੇ ਕਿਹਾ ਕਿ ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਟੀਮ ਨੂੰ ਮਿੱਥੇ ਸਮੇਂ ਤੋਂ ਹਮੇਸ਼ਾ ਪਹਿਲਾਂ ਪੂਰਾ ਕਰਦੀ ਹੈ। ਇਸ ਵਾਰ ਵੀ ਬਹੁਤ ਜਲਦੀ 11 ਹਜ਼ਾਰ ਬੂਟੇ ਲਗਾਉਣ ਦਾ ਟੀਚਾ ਹਾਸਲ ਕਰਨਗੇ। ਉਹਨਾਂ ਲਾਇਨ ਪ੍ਰਦੀਪ ਸਿੰਘ ਨੂੰ ਪੁੱਤਰ ਦੇ ਜਨਮ ਦਿਨ ਦੀਆਂ ਸ਼ੁੱਭ ਇੱਛਾਵਾਂ ਦਿੰਦਿਆਂ ਕਿਹਾ ਕਿ ਕਲੱਬ ਦੇ ਹਰੇਕ ਮੈਂਬਰ ਵੱਲੋਂ ਆਪਣੀਆਂ ਖੁਸ਼ੀਆਂ ਦੇ ਮੌਕੇ ਬੂਟੇ ਲਗਾ ਕੇ ਮਨਾਏ ਜਾਣਗੇ। ਇਸ ਮੌਕੇ ਕਲੱਬ ਦੇ ਖਜ਼ਾਨਚੀ ਲਾਇਨ ਇੰਦਰਜੀਤ ਸਿੰਘ, ਲਾਇਨ ਬਲਵਿੰਦਰ ਸਿੰਘ ਤੋਂ ਇਲਾਵਾ ਹੋਰ ਕਲੱਬ ਮੈਂਬਰ ਵੀ ਹਾਜਰ ਸਨ।

# ਹੈਰੋਇਨ ਸਮੇਤ ਔਰਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਸਿਟੀ ਨਵਾਂਸ਼ਹਿਰ ਦੀ ਪੁਲਿਸ ਵੱਲੋਂ ਇਕ ਔਰਤ ਨੂੰ 3 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ।ਸਿਟੀ ਨਵਾਂਸ਼ਹਿਰ ਵਿਖੇ ਦਰਜ ਮਾਮਲੇ ਅਨੁਸਾਰ ਐੱਸ ਆਈ ਨਰੇਸ਼ ਕੁਮਾਰ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਦੇ ਗਸ਼ਤ ਬਾ ਚੈਕਿੰਗ ਬਾਈਪਾਸ ਹੁੰਦੇ ਹੋਏ ਪਿੰਡ ਦੁਰਗਾਪੁਰ ਲਿੰਕ ਰੋਡ ਵੱਲ ਨੂੰ ਜਾ ਰਹੇ ਸੀ ਤੇ ਪੁਲਿਸ ਪਾਰਟੀ ਮੇਨ ਰੋਡ ਤੋਂ ਲਿੰਕ ਰੋਡ ਦੁਰਗਾਪੁਰ ਸਾਈਡ ਨੂੰ ਕਰੀਬ 200 ਮੀਟਰ ਅੱਗੇ ਗਈ।ਪੁਲੀ ਦੇ ਕੱਚ ਸੜਕ ਦੇ ਸੱਜੇ ਪਾਸੇ ਸਾਹਮਣੇ ਤੋਂ ਇੱਕ ਔਰਤ ਪੈਦਲ ਆਉਂਦੀ ਦਿਖਾਈ ਦਿੱਤੀ ਜਿਸ ਨੇ ਪੁਲਿਸ ਪਾਰਟੀ ਦੀ ਸਰਕਾਰੀ ਗੱਡੀ ਦੇਖ ਕੇ ਘਬਰਾ ਕੇ ਆਪਣੇ ਖੱਬੇ ਹੱਥ ਵਿਚ ਫੜੀ ਇੱਕ ਪਾਰਦਰਸ਼ੀ ਮੋਮੀ ਲਿਫਾਫੇ ਨੂੰ ਨੇੜੇ ਘਾਹ ਫੂਸ ਵਿਚ ਸੁੱਟ ਦਿੱਤੀ। ਉਸ ਨੂੰ ਕਾਬੂ ਕਰ ਕੇ ਨਾਂਅ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਜਸਵੀਰ ਕੌਰ ਉਰਫ ਮਲੰਕੀ ਪਤਨੀ ਹਰਨੇਕ ਵਾਸੀ ਕੱਲਰ ਮੁਹੱਲਾ ਮਹਿੰਦੀਪੁਰ ਦੱਸਿਆ। ਉਸ ਵੱਲੋਂ ਸੁੱਟੀ ਲਿਫਾਫੀ ਵਿਚੋਂ 3 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਸ ਨੇ ਐਨ ਡੀ ਪੀ ਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਰੰਗਲਾ ਪੰਜਾਬ ਵੱਲੋਂ 'ਮੇਗਾ ਤੀਜਾਂ ਪ੍ਰਦਰਸ਼ਨੀ-2026' 18 ਨੂੰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਤੀਜ ਦੇ ਪਵਿੱਤਰ ਤਿਉਹਾਰ ਨੂੰ ਸਮਰਪਿਤ ਸੁਲਤਾਨਪੁਰ ਲੋਧੀ ਵਿੱਚ 18 ਜੁਲਾਈ ਨੂੰ ਓਪੀਨੀਅਨ ਕੈਂਸਲ ਵਿਖੇ ਰੰਗਲਾ ਪੰਜਾਬ ਬੈਨਰ ਹੇਠ 'ਮੇਗਾ ਤੀਜਾਂ ਪ੍ਰਦਰਸ਼ਨੀ-2026' ਦਾ ਸ਼ਾਨਦਾਰ ਆਯੋਜਨ ਕੀਤਾ ਜਾ ਰਿਹਾ ਹੈ। ਇਸ ਪ੍ਰਦਰਸ਼ਨੀ ਦਾ ਮਕਸਦ ਲੋਕਾਂ ਨੂੰ ਇੱਕ ਛੱਤ ਹੇਠ ਵੱਖ-ਵੱਖ ਚੀਜ਼ਾਂ ਦੀ ਖਰੀਦਦਾਰੀ, ਨਵੇਂ ਫੈਸ਼ਨ ਟਰੈਂਡ ਤੇ ਮਨੋਰੰਜਨ ਦਾ ਵਿਲੱਖਣ ਅਨੁਭਵ ਮੁਹੱਈਆ ਕਰਵਾਉਣਾ ਹੈ। ਆਯੋਜਕਾਂ ਨੇ ਦੱਸਿਆ ਕਿ ਪ੍ਰਦਰਸ਼ਨੀ ਵਿੱਚ 20 ਤੋਂ ਵੱਧ ਸਟਾਲ ਲਗਾਏ ਜਾਣਗੇ, ਜਿੱਥੇ ਪੰਜਾਬੀ ਰਵਾਇਤੀ ਅਤੇ ਆਧੁਨਿਕ ਫੈਸ਼ਨ ਨਾਲ ਜੁੜੇ ਉਤਪਾਦ ਉਪਲਬਧ ਹੋਣਗੇ। ਇਨ੍ਹਾਂ ਵਿੱਚ ਪੰਜਾਬੀ ਜੁੱਤੀਆਂ, ਰੈਡੀਮੇਡ ਸੂਟ, ਡਿਜ਼ਾਈਨਰ ਡਰੈੱਸਾਂ, ਬੰਗਾਲੀ ਸਾੜੀਆਂ, ਫੈਂਸੀ ਜਿਊਲਰੀ, ਹੋਮ ਡੈਕੋਰ ਦਾ ਸਮਾਨ, ਬੱਚਿਆਂ ਦੇ ਖਿਡੌਣੇ, ਕਾਸਮੈਟਿਕਸ ਅਤੇ ਹੋਰ ਘਰੇਲੂ ਵਰਤੋਂ ਦੀਆਂ ਵਸਤਾਂ ਸ਼ਾਮਲ ਹੋਣਗੀਆਂ। ਇਸ ਤੋਂ ਇਲਾਵਾ ਕਈ ਨਵੇਂ ਬ੍ਰਾਂਡ ਤੇ ਸਥਾਨਕ ਉਦਯੋਗਪਤੀ ਵੀ ਆਪਣੇ ਉਤਪਾਦਾਂ ਦੀ ਪ੍ਰਦਰਸ਼ਨੀ ਲਗਾਉਣਗੇ। ਪ੍ਰਦਰਸ਼ਨੀ ਦੌਰਾਨ ਖਰੀਦਦਾਰੀ ਕਰਨ ਵਾਲੇ ਗਾਹਕਾਂ ਲਈ ਲੱਕੀ ਡਰਾਅ ਦਾ ਵੀ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ। ਇਸ ਦੇ ਨਾਲ ਹੀ ਪਹਿਲੇ 20 ਗਾਹਕਾਂ ਨੂੰ ਆਕਰਸ਼ਕ ਤੋਹਫ਼ੇ ਦੇ ਕੇ ਸਨਮਾਨਤ ਕੀਤਾ ਜਾਵੇਗਾ। ਇਹ ਪ੍ਰਦਰਸ਼ਨੀ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਤੱਕ ਚੱਲੇਗੀ।ਇਸ ਮੇਲੇ ਵਿੱਚ ਗੱਗੀ ਧੀਰਾਂਵਾਲੀ ਇੰਟਰਨੈਸ਼ਨਲ ਕਬੱਡੀ ਖਿਡਾਰੀ ਸ਼ਿਰਕਤ ਕਰਨਗੇ।



# ਨਿਰਮਲਜੀਤ ਦਾ ਨਵਾਂ ਸਿੰਗਲ ਟਰੈਕ 'ਡਿਸੈਪਸਨ' ਰਿਲੀਜ਼

**ਬੰਗਾ (ਅਵਤਾਰ ਕਲੇਰ)**- ਅਨੇਕਾਂ ਹੀ ਗੀਤਾਂ ਨਾਲ ਆਪਣੀ ਵੱਖਰੀ ਪਛਾਣ ਬਣਾਉਣ ਵਾਲਾ ਗਾਇਕ ਨਿਰਮਲਜੀਤ ਦਾ ਨਵਾਂ ਸਿੰਗਲ ਟਰੈਕ ਡਿਸੈਪਸਨ ਜੋ ਕਿ ਗੋਕਰੇਜੀ ਮਿਊਜ਼ਿਕ ਵੱਲੋਂ ਰਿਲੀਜ਼ ਕੀਤਾ ਗਿਆ ਹੈ। ਪ੍ਰੋਡਿਊਸਰ ਅਮਰ ਜੋਤ ਸਿੰਘ ਨੇ ਦੱਸਿਆ ਕਿ ਇਸ ਸਿੰਗਲ ਟਰੈਕ ਦਾ ਮਿਊਜ਼ਿਕ ਦਿ ਮਿਊਜ਼ਿਕ ਫੈਕਟਰੀ ਵੱਲੋਂ ਤਿਆਰ ਕੀਤਾ ਗਿਆ ਹੈ ਜਿਸ ਨੂੰ ਲਿਖਿਆ ਹੈ ਹਰਿੰਦਰ ਸਿੰਘ ਦੋਸਾਂਝ ਨੇ।ਇਸ ਸਿੰਗਲ ਟਰੈਕ ਦਾ ਵੀਡੀਓ ਬਿੱਲ ਮੀਡੀਆ ਐਂਟਰਪ੍ਰਾਈਜਿਜ਼ ਯੂ ਕੇ ਵੱਲੋਂ ਸ਼ੂਟ ਕੀਤਾ ਗਿਆ ਹੈ ਜੋ ਕਿ ਯੂ-ਟਿਊਬ 'ਤੇ ਚਲ ਰਿਹਾ ਹੈ। ਇਸ ਸਿੰਗਲ ਟਰੈਕ ਨੂੰ ਦਰਸ਼ਕਾਂ ਵੱਲੋਂ ਖੂਬ ਪਿਆਰ ਮਿਲ ਰਿਹਾ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਸਿਗਲ ਟਰੈਕ ਨੂੰ ਰਿਲੀਜ਼ ਕਰਵਾਉਣ ਵਿਚ ਨਾਰਾ ਮੌਲੀ ਵਾਲਾ, ਰਾਕੇਸ਼ ਕਪੂਰ ਨੇ ਵੱਡਾ ਯੋਗਦਾਨ ਪਾਇਆ ਹੈ।ਇਸ ਮੌਕੇ ਗਾਇਕ ਨਿਰਮਲਜੀਤ, ਗਾਇਕ ਭੈਣਾਂ ਕੌਰ ਸਿਸਟਰਜ਼, ਬਾਬਾ ਸੁਰਜੀਤ ਸ਼ਾਹ ਜੱਸੋਮਜਾਰਾ, ਬਾਬਾ ਚਰਨਜੀਤ ਝੱਮਟ, ਸੌਰਵ ਬਾਬਾ, ਬੌਬੀ ਸਾਈਂ, ਰਾਜਵੀਰ, ਮੁਖਤਿਆਰ ਝੱਮਟ ਆਦਿ ਹਾਜ਼ਰ ਸਨ।



# ਪੰਜਾਬ ਕਲਾ ਪਰਿਸ਼ਦ ਵੱਲੋਂ ਸਾਬਕਾ ਐੱਮ ਪੀ ਤਰਲੋਚਨ ਸਿੰਘ ਨੂੰ ਦਿੱਤਾ ਜਾਵੇਗਾ 'ਗੁਰਮਤਿ ਰਤਨ' ਐਵਾਰਡ

**ਚੰਡੀਗੜ੍ਹ**- ਪੰਜਾਬ ਕਲਾ ਪਰਿਸ਼ਦ ਵੱਲੋਂ ਪਦਮ ਸ੍ਰੀ ਡਾ. ਰਤਨ ਸਿੰਘ ਜੱਗੀ ਮੈਮੋਰੀਅਲ ਚੈਰਿਟੇਬਲ ਫਾਉਂਡੇਸ਼ਨ ਦੇ ਸਹਿਯੋਗ ਨਾਲ ਪਹਿਲਾ ਯਾਦਗਾਰੀ 'ਗੁਰਮਤਿ ਰਤਨ'



ਐਵਾਰਡ ਸਰਦਾਰ ਤਰਲੋਚਨ ਸਿੰਘ ਸਾਬਕਾ ਐਮ ਪੀ ਨੂੰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੂੰ 51000/- ਰੁਪਏ, ਦੁਸ਼ਾਲਾ ਤੇ ਯਾਦਗਾਰੀ ਚਿੰਨ ਪ੍ਰਦਾਨ ਕੀਤਾ ਜਾਵੇਗਾ । ਇਨਾਮ ਸੰਬੰਧੀ ਜਿਊਰੀ ਮੈਂਬਰ ਡਾ. ਬਲਕਾਰ ਸਿੰਘ, ਡਾ ਨਵਿਦੇਤਾ ਸਿੰਘ, ਡਾ. ਆਤਮ ਰੰਧਾਵਾ ਤੇ ਮਲਵਿੰਦਰ ਸਿੰਘ ਜੱਗੀ ਸਨ। ਤਰਲੋਚਨ ਸਿੰਘ ਸਾਬਕਾ ਐਮ ਪੀ ਜਿਨ੍ਹਾਂ ਨੇ ਹਰ ਮੰਚ ਉੱਤੇ ਗੁਰਮਤਿ ਸਿਧਾਂਤ ਲੋਕਾਂ ਤੱਕ ਪਹੁੰਚਾਉਣ ਲਈ ਤੇ ਸਾਰੀ ਦੁਨੀਆਂ ਵਿਚ ਗੁਰਮਤਿ ਸਿਧਾਂਤ ਦਾ ਸੁਨੇਹਾ ਪਹੁੰਚਾਉਣ ਲਈ ਵੱਡੀ ਭੂਮਿਕਾ ਨਿਭਾਈ ਹੈ। ਪੰਜਾਬ ਕਲਾ ਪਰਿਸ਼ਦ ਦੇ ਓਪਨ ਏਅਰ ਥੀਏਟਰ ਦਾ ਰੈਨੋਵੇਸ਼ਨ ਦਾ ਕੰਮ ਵੀ ਇਸ ਟਰਸਟ ਵੱਲੋਂ ਡਾ. ਰਤਨ ਸਿੰਘ ਜੱਗੀ ਦੇ ਬੇਟੇ ਡਾ. ਮਲਵਿੰਦਰ ਸਿੰਘ ਜੱਗੀ ਵੱਲੋਂ ਕਰਵਾਇਆ ਜਾ ਰਿਹਾ ਹੈ। ਇਹ ਐਵਾਰਡ ਹਰ ਸਾਲ ਗੁਰਮਤਿ ਸਿਧਾਂਤ ਦੇ ਖੇਤਰ ਵਿਚ ਕਿਸੇ ਉੱਘੀ ਸ਼ਖ਼ਸੀਅਤ ਨੂੰ ਦਿੱਤਾ ਜਾਇਆ ਕਰੇਗਾ। ਸਾਬਕਾ ਸੰਸਦ ਮੈਂਬਰ ਤਰਲੋਚਨ ਸਿੰਘ ਇੱਕ ਉੱਘੇ ਸਿੱਖ ਆਗੂ, ਸਮਾਜ ਸੇਵੀ ਅਤੇ ਸਿੱਖਿਆ ਪ੍ਰੇਮੀ ਸਨ। ਉਹ 2004 ਤੋਂ 2010 ਤੱਕ ਰਾਜ ਸਭਾ ਦੇ ਮੈਂਬਰ ਰਹੇ। ਇਸ ਤੋਂ ਪਹਿਲਾਂ ਉਹ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਵਜੋਂ ਵੀ ਸੇਵਾਵਾਂ ਨਿਭਾ ਚੁੱਕੇ ਸਨ। ਪ੍ਰਸਿੱਧ ਸਾਹਿਤਕਾਰ ਡਾ. ਰਤਨ ਸਿੰਘ ਜੱਗੀ ਦਾ ਨਾਮ ਪੰਜਾਬੀ-ਹਿੰਦੀ ਤੇ ਗੁਰਮਤਿ ਤੇ ਭਗਤੀ ਲਹਿਰ ਸਾਹਿਤ ਦੇ ਉੱਘੇ ਵਿਦਵਾਨਾਂ/ਮਾਹਿਰਾਂ ਵਿੱਚ ਸ਼ੁਮਾਰ ਹੈ।

# ਨਸ਼ਿਆਂ ਨੂੰ ਉਤਸ਼ਾਹਿਤ ਕਰਨ ਵਾਲੇ ਅਨਸਰਾਂ ਦੀ ਮਦਦ ਨਾ ਕੀਤੀ ਜਾਵੇ : ਮੰਗੂਪੁਰ

**ਬਲਾਚੌਰ, (ਜਸਵਿੰਦਰ ਬੈਂਸ)**- ਜ਼ਿਲ੍ਹਾ ਕਾਂਗਰਸ ਪ੍ਰਧਾਨ ਅਜੇ ਮੰਗੂਪੁਰ ਨੇ ਨਸ਼ਿਆਂ ਖ਼ਿਲਾਫ਼ ਆਪਣੇ ਹਮਾਇਤੀਆਂ ਨਾਲ ਇੱਕਜੁਟਤਾ ਪ੍ਰਗਟਾਉਂਦਿਆਂ ਸਮੂਹ ਜਨਤਕ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਨਸ਼ੇ ਨੂੰ ਉਤਸ਼ਾਹਿਤ ਕਰਨ ਵਾਲੇ ਕਿਸੇ ਵੀ ਅਨਸਰ ਦੀ ਮੱਦਦ ਨਾ ਕੀਤੀ ਜਾਵੇ। ਉਨਾਂ ਕਿਹਾ ਕਿ ਅੱਜ ਸਮਾਂ ਆ ਗਿਆ ਹੈ ਕਿ ਨੌਜਵਾਨ ਪੀੜ੍ਹੀ ਨੂੰ ਮੌਤ ਦੇ ਰਾਹ ਪਾਉਣ ਵਾਲੇ ਅਜਿਹੇ ਗਲਤ ਅਨਸਰਾਂ ਨੂੰ ਕਾਨੂੰਨਨ ਸਬਕ ਸਿਖਾਉਣ ਦੇ ਨਾਲ-ਨਾਲ ਉਨਾਂ ਦਾ ਸਮਾਜਿਕ ਤੌਰ 'ਤੇ ਵੀ ਬਾਈਕਾਟ ਕੀਤਾ ਜਾਵੇ। ਉਨਾਂ ਨੌਜਵਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਮਾਜ ਨੂੰ ਘੁਣ ਵਾਂਗ ਲੱਗੀ ਇਸ ਬਿਮਾਰੀ ਨੂੰ ਗਲੋਂ ਲਾਹੁਣ ਲਈ ਆਪਣੇ ਆਲੇ- ਦੁਆਲੇ ਦੇ ਨਸ਼ਾ ਪੀੜਤਾਂ ਦੀ ਸ਼ਨਾਖਤ ਕਰਕੇ ਉਨਾਂ ਨੂੰ ਇਲਾਜ ਕਰਵਾਉਣ ਲਈ ਪ੍ਰੇਰਨ ਅਤੇ ਜੇਕਰ ਲੋੜ ਪਵੇ ਤਾਂ ਉਨਾਂ ਨੂੰ ਲੈਫ਼ਟੀਨੈਂਟ ਜਨਰਲ ਬਿਕਰਮ ਸਿੰਘ ਸਬ-ਡਵੀਜ਼ਨਲ ਸਿਵਲ ਹਸਪਤਾਲ ਬਲਾਚੌਰ ਵਿਖੇ ਨਸ਼ਾ ਛੁਡਾਊ ਕੇਂਦਰ 'ਚ ਲੈ ਕੇ ਆਉਣ। ਅਜੇ ਮੰਗੂਪੁਰ ਨੇ ਆਖਿਆ ਕਿ ਸਾਨੂੰ ਵੀ ਨਸ਼ਾ ਪੀੜਤਾਂ ਪ੍ਰਤੀ ਨਫ਼ਰਤ ਦੀ ਬਜਾਏ ਹਮਦਰਦੀ ਵਾਲਾ ਵਤੀਰਾ ਅਪਨਾਉਣਾ ਪਵੇਗਾ ਅਤੇ ਉਨ੍ਹਾਂ ਨੂੰ ਇਸ ਦਲ-ਦਲ ਵਿੱਚੋਂ ਬਾਹਰ ਕੱਢਣ ਚ ਉਨਾਂ ਦੀ ਬਾਂਹ ਫੜਨੀ ਪਵੇਗੀ।



# ਵਿੱਤ ਮੰਤਰੀ ਵੱਲੋਂ ਮੁਲਾਜ਼ਮ ਯੂਨੀਅਨਾਂ ਨਾਲ ਮੀਟਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਅਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜਾਇਜ਼ ਮੰਗਾਂ ਅਤੇ ਸ਼ਿਕਾਇਤਾਂ ਦਾ ਹੱਲ ਕੱਢਣ ਲਈ ਇੱਥੇ ਵੱਖ-ਵੱਖ ਮੁਲਾਜ਼ਮ ਯੂਨੀਅਨਾਂ ਨਾਲ ਅਹਿਮ ਮੀਟਿੰਗਾਂ ਕੀਤੀਆਂ। ਭਗਵੰਤ ਮਾਨ ਸਰਕਾਰ ਦੀ ਮੁਲਾਜ਼ਮ ਭਲਾਈ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਇਹਨਾਂ ਮੀਟਿੰਗਾਂ ਦਾ ਮੁੱਖ ਉਦੇਸ਼ ਸੌਂਪੇ ਗਏ ਮੰਗ ਪੱਤਰਾਂ ਨੂੰ ਘੋਖਣਾ ਅਤੇ ਸਿੱਖਿਆ, ਸਿਹਤ ਸੰਭਾਲ ਅਤੇ ਜੰਗਲਾਤ ਖੇਤਰਾਂ ਵਿੱਚ ਭਰਤੀ, ਤਰੱਕੀਆਂ, ਪੱਕੇ ਕਰਨ ਅਤੇ ਪੇ-ਸਕੇਲ ਵਰਗੀਆਂ ਅਹਿਮ ਮੰਗਾਂ ਦਾ ਸਮਾਂ-ਬੱਧ ਹੱਲ ਯਕੀਨੀ ਬਣਾਉਣਾ ਸੀ।ਮੀਟਿੰਗ ਵਿੱਚ ਸ਼ਾਮਲ ਯੂਨੀਅਨਾਂ ਨੂੰ ਭਰੋਸਾ ਦਿਵਾਉਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਯੂਨੀਅਨਾਂ ਵੱਲੋਂ ਸੌਂਪੇ ਗਏ ਸਾਰੇ ਮੰਗ ਪੱਤਰਾਂ ਅਤੇ ਮੰਗਾਂ 'ਤੇ ਕੈਬਨਿਟ ਸਬ-ਕਮੇਟੀ ਵੱਲੋਂ ਗੰਭੀਰਤਾ ਨਾਲ ਵਿਚਾਰ ਕੀਤਾ ਜਾ ਰਿਹਾ ਹੈ ਤਾਂ ਜੋ ਇਨ੍ਹਾਂ ਦਾ ਜਲਦ, ਨਿਰਪੱਖ ਅਤੇ ਢੁਕਵਾਂ ਹੱਲ ਕੱਢਿਆ ਜਾ ਸਕੇ' ਵਿਚਾਰ-ਵਟਾਂਦਰੇ ਦੌਰਾਨ, ਸਿੱਖਿਆ ਖੇਤਰ ਨਾਲ ਸਬੰਧਤ ਮੁੱਦੇ ਕੇਂਦਰ ਵਿੱਚ ਰਹੇ। ਬੇਰੁਜ਼ਗਾਰ ਸਪੈਸ਼ਲ ਐਜੂਕੇਟਰ ਫਰੰਟ ਪੰਜਾਬ ਤੇ ਪੰਜਾਬ ਐਜੂਕੇਸ਼ਨ ਡਿਪਾਰਟਮੈਂਟ ਮਨਿਸਟੀਰੀਅਲ ਸਟਾਫ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦਿਆਂ ਨੇ ਆਪਣੇ ਮੰਗ ਪੱਤਰ ਪੇਸ਼ ਕੀਤੇ। ਬੇਰੁਜ਼ਗਾਰ ਸਪੈਸ਼ਲ ਐਜੂਕੇਟਰ ਫਰੰਟ ਨੇ ਸਰਕਾਰ ਨੂੰ 2026 ਲਈ 1,200 ਸਪੈਸ਼ਲ ਐਜੂਕੇਸ਼ਨ ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੀ ਅਪੀਲ ਕੀਤੀ।

ਹੋਰਨਾਂ ਯੂਨੀਅਨਾਂ ਨਾਲ ਮੀਟਿੰਗਾਂ ਦੌਰਾਨ ਵਿੱਤ ਮੰਤਰੀ ਨੇ ਨੋਵਲ ਇੰਟੀਗ੍ਰੇਟਿਡ ਐਸੋਸੀਏਸ਼ਨ ਆਫ ਕਮਿਊਨਿਟੀ ਹੈਲਥ ਆਫੀਸਰਜ਼, ਪੰਜਾਬ ਅਤੇ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਨਾਲ ਉਸਾਰੂ ਗੱਲਬਾਤ ਕੀਤੀ।



# ਸੁਖਦੀਪ ਸਿੰਘ ਅੱਪਰਾ ਮਾਰਕੀਟ ਕਮੇਟੀ ਫਿਲੌਰ ਦੇ ਚੇਅਰਮੈਨ ਨਿਯੁਕਤ

**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਸੁਖਦੀਪ ਸਿੰਘ ਅੱਪਰਾ ਨੂੰ ਮਾਰਕੀਟ ਕਮੇਟੀ ਫਿਲੌਰ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਪੱਤਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਸਾਂਝਾ ਕੀਤਾ ਗਿਆ ਹੈ।ਸੁਖਦੀਪ ਸਿੰਘ ਅੱਪਰਾ ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰਾਂ ਵਿੱਚੋਂ ਇੱਕ ਹਨ ਅਤੇ ਪਾਰਟੀ ਲਈ ਲੰਬੇ ਸਮੇਂ ਤੋਂ ਸਰਗਰਮ ਸੇਵਾਵਾਂ ਨਿਭਾ ਰਹੇ ਹਨ। ਉਹ ਪੰਜਾਬ ਦੇ ਜਨਰਲ ਸਕੱਤਰ, ਲੋਕ ਸਭਾ ਇੰਚਾਰਜ ਅਤੇ ਹਲਕਾ ਫਿਲੌਰ ਦੇ ਪਹਿਲੇ ਹਲਕਾ ਇੰਚਾਰਜ ਵਜੋਂ ਵੀ ਆਪਣੀਆਂ ਜ਼ਿੰਮੇਵਾਰੀਆਂ ਨਿਭਾ ਚੁੱਕੇ ਹਨ। ਪਾਰਟੀ ਪ੍ਰਤੀ ਉਨ੍ਹਾਂ ਦੀ ਨਿਸ਼ਠਾ ਅਤੇ ਯੋਗਦਾਨ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਇਸ ਮੌਕੇ ਹਲਕਾ ਫਿਲੌਰ ਦੀ ਇੰਚਾਰਜ ਹਰਜੋਤ ਕੌਰ ਲੋਹਟੀਆ, ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਨੇ ਸੁਖਦੀਪ ਸਿੰਘ ਅੱਪਰਾ ਨੂੰ ਵਧਾਈ ਦਿੱਤੀ। ਨਾਲ ਹੀ ਪਾਰਟੀ ਹਾਈਕਮਾਂਡ, ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ।



# ਸਮਾਜ ਸੇਵਕ ਸੁਸਾਇਟੀ ਵੱਲੋਂ ਸੰਸਥਾ ਸਨਮਾਨਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਨ੍ਹਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਸੰਸਥਾ ਵਲੋਂ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਮਹਾਰਾਜ ਵੱਲੋਂ ਵਰੋਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸਮਾਜ ਸੇਵਕ ਸੋਸਾਇਟੀ ਡੀਂਗਰੀਆਂ (ਆਦਮਪੁਰ) ਵਲੋਂ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ । ਇਹ ਸਨਮਾਨ ਸਮਾਜ ਸੇਵਕ ਸੋਸਾਇਟੀ ਵਲੋਂ ਪਿੰਡ ਡੀਂਗਰੀਆਂ ਵਿਖੇ ਦਫਤਰ ਦਾ ਉਦਘਾਟਨ ਮੌਕੇ ਕੀਤਾ ਗਿਆ। ਇਸ ਮੌਕੇ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ, ਬਲਜੀਤ ਸਿੰਘ ਬਿੱਲਾ ਅਜਨੋਹਾ, ਪੰਜਾਬੀ ਗਾਇਕ ਦਲਵਿੰਦਰ ਦਿਆਲਪੁਰੀ, ਪਰਮਿੰਦਰ ਸਿੰਘ ਸੋਨੂ ਆਦਮਪੁਰ, ਹਰਕੀਰਤ ਸਿੰਘ, ਮਨਜੀਤ ਸਿੰਘ, ਗੁਰਜੀਤ ਸਿੰਘ ਆਦਿ ਹਾਜ਼ਰ ਸਨ।



# ਸਰਕਾਰੀ ਆਈ ਟੀ ਆਈ ਵਿਖੇ ਦਾਖਲਾ 19 ਤੋਂ

**ਫਗਵਾੜਾ (ਡਾ. ਰਮਨ)**- ਡਾਇਰੈਕਟਰ ਤਕਨੀਕੀ ਸਿੱਖਿਆ ਤੋਂ ਉਦਯੋਗਿਕ ਸਿਖਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਦੇ ਸਨਮੁਖ ਸਰਕਾਰੀ ਆਈ. ਟੀ. ਆਈ. (ਇ) ਮਾਡਲ ਟਾਊਨ, ਫਗਵਾੜਾ ਵਿਖੇ ਨਵੇਂ ਸ਼ੈਸ਼ਨ 2026-27 ਦੀ ਦੂਜੀ ਕਾਊਸਲਿੰਗ ਦਾ ਦਾਖਲਾ 19 ਜੁਲਾਈ ਨੂੰ ਸ਼ੁਰੂ ਹੋ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸੁਨੀਤਾ ਰਾਣੀ ਨੇ ਦੱਸਿਆ ਹੈ ਕਿ ਸੰਸਥਾ ਵਿੱਚ ਕਟਾਈ ਸਿਲਾਈ, ਕਢਾਈ. ਕੰਪਿਊਟਰ, ਕੋਸਮੈਟੋਲੋਜੀ (ਬਿਊਟੀ ਪਾਰਲਰ) ਦੀਆਂ ਟਰੇਡਾਂ ਦਾ ਦਾਖਲਾ ਹੋ ਰਿਹਾ ਹੈ ਇਹਨਾਂ ਕੋਰਸਾਂ ਵਿੱਚ ਦਾਖਲਾ ਲੈਣ ਦੇ ਇਛੁੱਕ ਸਿਖਿਆਰਥੀ ਆਈ. ਟੀ. ਆਈ. (ਇ) ਫਗਵਾੜਾ ਵਿਖੇ ਪਹੁੰਚ ਕੇ ਦਾਖਲਾ ਲੈ ਸਕਦੇ ਹਨ। ਦੱਸਣਯੋਗ ਹੈ ਕਿ ਇਹ ਸਾਡੇ ਕੋਰਸ ਸਾਲ ਦੇ ਹਨ। ਕੋਰਸ ਦੇ ਜਰਨਲ ਕੈਟਾਗਰੀ ਦੇ ਸਿਖਿਆਰਥੀਆਂ ਦੀ ਸਲਾਨਾ ਫੀਸ 3500 ਰੁਪਏ ਕੇਵਲ ਹਨ ਜੋ ਕਿ 4 ਤਿਮਾਹੀ ਕਿਸ਼ਤਾਂ ਵਿੱਚ ਲਈ ਜਾਵੇਗੀ ਅਨੁਸੂਚਿਤ ਜਾਤੀ ਦੇ ਸਿਖਿਆਰਥੀਆਂ ਜਿਨ੍ਹਾਂ ਦੇ ਮਾਪਿਆਂ ਦੀ ਆਮਦਨ 2.50 ਲੱਖ ਤੋਂ ਘੱਟ ਹੈ ਉਹਨਾਂ ਨੂੰ ਆਮਦਨ ਸਰਟੀਫਿਕੇਟ ਪੇਸ਼ ਕਰਨ ਤੇ ਟਿਊਸ਼ਨ ਫੀਸ ਮਾਫ ਕਰ ਦਿੱਤੀ ਜਾਵੇਗੀ। ਇਨ੍ਹਾਂ ਸਿੱਖਿਆਰਥੀਆਂ ਦੀ ਸਾਲਾਨਾ ਫੀਸ 150 ਰੁਪਏ ਲਈ ਜਾਵੇਗੀ ਅਤੇ ਸਰਕਾਰ ਦੀ ਪੋਸਟ ਮੈਟਰਿਕ ਸਕਲਾਰਸ਼ਿਪ ਦੇ ਅਧੀਨ ਵਜ਼ੀਫਾ ਵੀ ਦਿੱਤਾ ਜਾਵੇਗਾ।



# ਰੇਂਜ ਫੌਰੈਸਟ ਅਫਸਰ ਵੱਲੋਂ ਅਹੁਦਾ ਸੰਭਾਲਣ ਮੌਕੇ ਦਫਤਰੀ ਸਟਾਫ ਨੇ ਕੀਤਾ ਸਵਾਗਤ

**ਫਗਵਾੜਾ (ਡਾ ਰਮਨ)** ਵਣ ਵਿਭਾਗ ਫਗਵਾੜਾ ਦੇ ਖੇੜਾ ਰੋਡ ਫਗਵਾੜਾ ਸਥਿਤ ਦਫਤਰ ਵਿਖੇ ਬਤੌਰ ਰੇਂਜ ਫੋਰੈਸਟ ਅਫਸਰ ਸੁਨੀਲ ਵਿਲਸਨ ਦੇ ਅਹੁਦਾ ਸੰਭਾਲਣ ਮੌਕੇ ਦਫਤਰੀ ਸਟਾਫ ਵਲੋਂ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਅਹੁਦਾ ਸੰਭਾਲਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਰ ਐੱਫ ਓ ਸੁਨੀਲ ਵਿਲਸਨ ਨੇ ਕਿਹਾ ਕਿ ਵਾਤਾਵਰਣ ਦੀ ਸੰਭਾਲ ਅਤੇ ਹਰਿਆਵਲੀ ਨੂੰ ਪ੍ਰਫੁੱਲਤ ਕਰਨਾ ਵਣ ਵਿਭਾਗ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਵਣ ਵਿਭਾਗ ਵੱਲੋਂ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਲਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸਤਿਗੁਰੂ ਗੁਰੂ ਰਵਿਦਾਸ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ਿਲ੍ਹਾ ਪੱਧਰ 'ਤੇ 6.50 ਲੱਖ ਬੂਟੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਹੈ। ਇਸ ਮੁਹਿੰਮ ਤਹਿਤ ਫਗਵਾੜਾ ਬਲਾਕ ਨੂੰ 50 ਹਜਾਰ ਬੂਟੇ ਪ੍ਰਾਪਤ ਹੋਏ ਹਨ, ਜੋ ਕਿ ਵਾਤਾਵਰਣ ਪ੍ਰੇਮੀਆਂ ਨੂੰ ਫਰੀ ਵੰਡੇ ਜਾਣਗੇ। ਉਹਨਾਂ ਦੱਸਿਆ ਕਿ ਸਰਕਾਰੀ ਵਿਭਾਗਾਂ, ਵਿੱਦਿਅਕ ਸੰਸਥਾਵਾਂ, ਪਿੰਡਾਂ ਦੀਆਂ ਪੰਚਾਇਤਾਂ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਅਤੇ ਆਮ ਲੋਕਾਂ ਦੇ ਸਹਿਯੋਗ ਨਾਲ ਵੱਡੀ ਪੱਧਰ 'ਤੇ ਇਸ ਬਰਸਾਤੀ ਮੌਸਮ 'ਚ ਬੂਟੇ ਲਗਾਏ ਜਾਣਗੇ। ਉਨ੍ਹਾਂ ਆਮ ਲੋਕਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਲੋੜ ਅਨੁਸਾਰ ਬੂਟੇ ਖੇੜਾ ਰੋਡ ਦਫਤਰ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। ਇੱਥੇ ਦੱਸਣਯੋਗ ਹੈ ਕਿ ਸੁਨੀਲ ਵਿਲਸਨ ਇਸ ਤੋਂ ਪਹਿਲਾਂ ਅਜਨਾਲਾ ਵਿਖੇ ਸੇਵਾਵਾਂ ਨਿਭਾ ਰਹੇ ਸਨ। ਉਹਨਾਂ ਨੇ ਰੇਂਜ ਫੋਰੈਸਟ ਅਫਸਰ ਹਰਜੀਤ ਸਿੰਘ ਦੇ ਤਬਾਦਲੇ ਮਗਰੋਂ ਫਗਵਾੜਾ ਵਿਖੇ ਅਹੁਦਾ ਸੰਭਾਲਿਆ ਹੈ। ਇਸ ਮੌਕੇ ਰੇਂਜ ਅਫਸਰ ਹਰਜੀਤ ਸਿੰਘ, ਬਲਾਕ ਅਫਸਰ ਤੀਰਥ ਸਿੰਘ, ਫੋਰੈਸਟ ਗਾਰਡ ਸੋਮ ਪ੍ਰਕਾਸ਼ ਅਤੇ ਕਿਰਨਜੀਤ ਕੌਰ ਆਦਿ ਹਾਜ਼ਰ ਸਨ।



# ਡੀ ਏ ਵੀ ਕਾਲਜ ਕੋ-ਆਰਡੀਨੇਸ਼ਨ ਕਮੇਟੀ ਦੀ ਮੀਟਿੰਗ 19 ਨੂੰ

**ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**- ਡੀ ਏ ਵੀ ਕਾਲਜਜ਼ ਕੋ-ਆਰਡੀਨੇਸ਼ਨ ਕਮੇਟੀ (ਨਾਨ-ਟੀਚਿੰਗ ਇੰਪਲਾਈਜ਼), ਪੰਜਾਬ ਦੀ ਇੱਕ ਅਹਿਮ ਸੂਬਾ ਪੱਧਰੀ ਮੀਟਿੰਗ 19 ਜੁਲਾਈ ਨੂੰ ਸਵੇਰੇ 11:30 ਵਜੇ ਡੀ ਏ ਵੀ ਕਾਲਜ ਫਾਰ ਵੂਮੈਨ, ਫਿਰੋਜ਼ਪੁਰ ਕੈਂਟ ਵਿਖੇ ਹੋਵੇਗੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਤੇਜਿੰਦਰ ਸਿੰਘ, ਸੀਨੀਅਰ ਲੈਕਚਰ ਸਹਾਇਕ ਅਤੇ ਸੂਬਾ ਪ੍ਰੈੱਸ ਸਕੱਤਰ, ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ (ਪੀ ਸੀ ਐੱਨ ਟੀ ਈ ਯੂ) ਨੇ ਦੱਸਿਆ ਕਿ ਇਹ ਮੀਟਿੰਗ ਜਗਦੀਪ ਸਿੰਘ, ਕਨਵੀਨਰ, ਡੀ ਏ ਵੀ ਕਾਲਜ ਕੋ-ਆਰਡੀਨੇਸ਼ਨ ਕਮੇਟੀ (ਨਾਨ-ਟੀਚਿੰਗ ਇੰਪਲਾਈਜ਼), ਪੰਜਾਬ ਅਤੇ ਜਨਰਲ ਸਕੱਤਰ, ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਦੀ ਪ੍ਰਧਾਨਗੀ ਹੇਠ ਹੋਵੇਗੀ। ਇਸ ਮੌਕੇ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਸਵਿੰਦਰ ਸਿੰਘ ਗੋਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਣਗੇ।ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਨਾਨ-ਟੀਚਿੰਗ ਕਰਮਚਾਰੀਆਂ ਦੀਆਂ ਲੰਬੇ ਸਮੇਂ ਤੋਂ ਲੰਬਿਤ ਤਰੱਕੀਆਂ, ਪਿਛਲੇ 10 ਤੋਂ 15 ਸਾਲਾਂ ਤੋਂ ਸੇਵਾ ਨਿਭਾ ਰਹੇ ਐਡਹਾਕ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ, ਅਗਲੇ ਦੋ ਸਾਲਾਂ ਲਈ ਨਵੀਂ ਕੋ-ਆਰਡੀਨੇਸ਼ਨ ਕਮੇਟੀ ਦੇ ਗਠਨ ਅਤੇ ਹੋਰ ਅਹਿਮ ਕਰਮਚਾਰੀ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਤੋਂ ਇਲਾਵਾ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਸਬੰਧੀ ਭਵਿੱਖ ਦੀ ਰਣਨੀਤੀ ਅਤੇ ਸੰਘਰਸ਼ੀ ਪ੍ਰੋਗਰਾਮ ਨੂੰ ਅੰਤਿਮ ਰੂਪ ਵੀ ਦਿੱਤਾ ਜਾਵੇਗਾ।



# ਰੋਜ਼ਗਾਰ ਕੈਂਪ ਅੱਜ

**ਮੁਹਾਲੀ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪੱਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਅਧੀਨ ਕਾਰਜਸ਼ੀਲ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ (ਡੀ.ਬੀ.ਈ.ਈ.), ਮੋਹਾਲੀ ਵੱਲੋਂ 16 ਜੁਲਾਈ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 1:00 ਵਜੇ ਤੱਕ ਮਾਡਲ ਕਰੀਅਰ ਸੈਂਟਰ/ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤੀਜੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76, ਮੋਹਾਲੀਵਿਖੇ ਇੱਕ ਰੋਜ਼ਗਾਰ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਰੋਜ਼ਗਾਰ ਕੈਂਪ ਦਾ ਉਦੇਸ਼ ਬੇਰੁਜ਼ਗਾਰ ਨੌਜਵਾਨਾਂ ਨੂੰ ਪ੍ਰਸਿੱਧ ਨਿੱਜੀ ਕੰਪਨੀਆਂ ਵਿੱਚ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ। ਇਸ ਕੈਂਪ ਵਿੱਚ ਸਟਾਫਿੰਗ ਟੀਟਾਨਸ ਪ੍ਰਾਈਵੇਟ ਲਿਮਿਟੇਡ, ਆਈ ਟੀ ਐਮ (ਆਈ ਸੀ ਆਈ ਸੀ ਆਈ ਬੈਂਕ ਪਲੇਸਮੈਂਟ ਪ੍ਰੋਗ੍ਰਾਮ), ਅਮੇਜ਼ਾਨ ਡਾਰਕ ਸਟੋਰ, 360 ਬਾਈਟਸ ਅਤੇ ਕਿਊਸ ਕੋਰਪ ਵਰਗੀਆਂ ਨਾਮਵਰ ਕੰਪਨੀਆਂ ਭਾਗ ਲੈ ਰਹੀਆਂ ਹਨ। ਇਨ੍ਹਾਂ ਕੰਪਨੀਆਂ ਵੱਲੋਂ ਐੱਚ ਆਰ ਰਿਕਰੂਟਰ, ਪਿਕਰ/ਪੈਕਰ, ਰਿਲੇਸ਼ਨਸ਼ਿਪ ਮੈਨੇਜਰ, ਆਊਟਬਾਊਂਡ ਸੇਲਜ਼ ਐਗਜ਼ੈਕਟਿਵ ਸਮੇਤ ਵੱਖ-ਵੱਖ ਅਸਾਮੀਆਂ ਲਈ ਭਰਤੀ ਕੀਤੀ ਜਾਵੇਗੀ। ਉਮੀਦਵਾਰਾਂ ਲਈ ਯੋਗਤਾ 10ਵੀਂ ਪਾਸ ਤੋਂ ਲੈ ਕੇ ਗ੍ਰੈਜੂਏਸ਼ਨ ਤੱਕ ਨਿਰਧਾਰਤ ਕੀਤੀ ਗਈ ਹੈ ਤੇ ਤਨਖਾਹ 14,000 ਰੁਪਏ ਪ੍ਰਤੀ ਮਹੀਨਾ ਤੋਂ 4 ਲੱਖ ਰੁਪਏ ਸਾਲਾਨਾ ਤੱਕ ਹੋ ਸਕਦੀ ਹੈ।

# ਕੈਬਨਿਟ ਮੰਤਰੀ ਨੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸਥਾਨਕ ਬਸਤੀ ਸ਼ੇਖ ਇਲਾਕੇ ਵਿੱਚ ਸਥਾਨਕ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ। ਇਸ ਦੌਰਾਨ ਉਨ੍ਹਾਂ ਇਲਾਕੇ ਦੇ ਲੋਕਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਨੂੰ ਗਹੁ ਨਾਲ ਸੁਣਿਆ ਤੇ ਉਨ੍ਹਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦਿੰਦੀ ਹੈ ਅਤੇ ਉਨ੍ਹਾਂ ਦੇ ਹੱਲ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਮਿਲਣੀ ਪਹਿਲਕਦਮੀਆਂ ਲੋਕਾਂ ਦੇ ਮਸਲਿਆਂ ਦੇ ਹੱਲ ਵਿੱਚ ਅਹਿਮ ਭੂਮਿਕਾ ਨਿਭਾਅ ਰਹੀਆਂ ਹਨ। ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਸੰਕਲਪ ਤਹਿਤ ਲੋਕ ਭਲਾਈ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਸਿਹਤ, ਸਿੱਖਿਆ, ਰੋਜ਼ਗਾਰ, ਬੁਨਿਆਦੀ ਢਾਂਚੇ, ਉਦਯੋਗ ਸਮੇਤ ਵੱਖ-ਵੱਖ ਖੇਤਰਾਂ ਦੇ ਵਿਕਾਸ ਲਈ ਇਤਿਹਾਸਕ ਕਦਮ ਚੁੱਕੇ ਹਨ। 600 ਯੂਨਿਟ ਬਿਜਲੀ ਮੁਆਫੀ ਨੇ ਵੱਡੀ ਗਿਣਤੀ ਪਰਿਵਾਰਾਂ ਨੂੰ ਰਾਹਤ ਦਿੱਤੀ ਹੈ।ਇਸ ਮੌਕੇ ਸਾਬਕਾ ਡਿਪਟੀ ਮੇਅਰ ਹਰਸਿਮਰਨ ਸਿੰਘ ਬੰਟੀ ਅਤੇ ਇਲਾਕੇ ਦੇ ਵੱਡੀ ਗਿਣਤੀ ਲੋਕ ਮੌਜੂਦ ਸਨ।

# ਸਕੱਤਰੇਤ ਦੇ ਮੁਲਾਜ਼ਮਾਂ ਨੂੰ ਕੀਤਾ ਗਿਆ ਪਦ-ਉੱਨਤ

**ਚੰਡੀਗੜ੍ਹ (ਸੁਰਜੀਤ ਸੁਮਨ)**- ਮੁੱਖ ਸਕੱਤਰ, ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਪੰਜਾਬ ਸਿਵਲ ਸਕੱਤਰੇਤ ਵਿਖੇ ਕੰਮ ਕਰ ਰਹੇ ਕਰਮਚਾਰੀਆਂ/ ਅਧਿਕਾਰੀਆਂ ਦੀਆਂ ਤਰੱਕੀਆਂ ਸਬੰਧੀ ਹੁਕਮ ਜਾਰੀ ਕੀਤੇ ਗਏ ਹਨ। ਵਿਭਾਗੀ ਤਰੱਕੀ ਕਮੇਟੀ ਦੀਆਂ ਸਿਫਾਰਸ਼ਾਂ ਸਨਮੁੱਖ ਨੌ ਸੁਪਰਡੰਟ ਗਰੇਡ-1, ਤਿੰਨ ਅਧੀਨ ਸਕੱਤਰ ਅਤੇ ਇੱਕ ਉਪ ਸਕੱਤਰ ਪਦ-ਉੱਨਤ ਕੀਤਾ ਗਿਆ ਹੈ। ਇਨ੍ਹਾਂ ਵਿੱਚ ਸੀਨੀਅਰ ਸਹਾਇਕ ਗੁਰਚਰਨ ਸਿੰਘ, ਮੁਕੇਸ਼ ਕੁਮਾਰ, ਸੰਦੀਪ ਸਿੰਘ, ਕੁਲਦੀਪ ਚੰਦ, ਰੁਪਿੰਦਰ ਕੌਰ, ਸੁਨੀਤਾ ਗੁਲੇਰੀਆ, ਕਿਰਨ, ਜਸਪ੍ਰੀਤ ਸਿੰਘ ਰੰਧਾਵਾ ਅਤੇ ਪਰਮਿੰਦਰ ਸਿੰਘ ਨੂੰ ਬਤੌਰ ਸੁਪਰਡੰਟ ਗਰੇਡ-1 ਪਦ-ਉੱਨਤ ਕੀਤਾ ਗਿਆ ਹੈ। ਇਸੇ ਤਰ੍ਹਾਂ ਸੁਪਰਡੰਟ ਮੁਨੀਸ਼ ਵਰਮਾ, ਸਤਵਿੰਦਰ ਸਿੰਘ ਤੇ ਪਵਨ ਕੁਮਾਰ ਪੱਡਾ ਨੂੰ ਬਤੌਰ ਅਧੀਨ ਸਕੱਤਰ ਤੇ ਜਸਵਿੰਦਰ ਸਿੰਘ ਨੂੰ ਬਤੌਰ ਉਪ ਸਕੱਤਰ ਪਦ-ਉੱਨਤ ਕੀਤਾ ਗਿਆ ਹੈ। ਇਨ੍ਹਾਂ ਤੋਂ ਇਲਾਵਾ ਵੱਖਰੇ ਹੁਕਮਾਂ ਵਿੱਚ ਸਕੱਤਰੇਤ ਵਿਖੇ ਤਾਇਨਾਤ ਨਿੱਜੀ ਸਹਾਇਕ ਕਾਡਰ ਦੇ ਪੰਜ ਅਧਿਕਾਰੀਆਂ ਨੀਲਮ ਕੁਮਾਰੀ, ਪਰਮਜੀਤ ਸਿੰਘ, ਅਮਰ ਸਿੰਘ, ਵੀਨਾ ਰਾਣੀ, ਪਵਨ ਕੁਮਾਰ ਨੂੰ ਬਤੌਰ ਨਿੱਜੀ ਸਕੱਤਰ ਅਤੇ ਨਿੱਜੀ ਸਕੱਤਰ ਕਾਡਰ ਦੇ ਦੋ ਅਧਿਕਾਰੀਆਂ ਰਿਤੂ ਸਚਦੇਵਾ ਤੇ ਸ਼ਾਮ ਲਾਲ ਨੂੰ ਬਤੌਰ ਸਕੱਤਰ/ ਮੰਤਰੀ ਪਦ-ਉਨਤ ਕੀਤਾ ਗਿਆ ਹੈ। ਸਕੱਤਰੇਤ ਦੀਆਂ ਵੱਖ ਵੱਖ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ, ਪਰਮਦੀਪ ਸਿੰਘ ਭਬਾਤ, ਪਰਮਜੀਤ ਸਿੰਘ ਮੁੰਦੋਂ, ਸ਼ਾਮ ਲਾਲ, ਭੁਪਿੰਦਰ ਝੱਜ, ਸੁਖਦੇਵ ਸਿੰਘ, ਕਰਤਾਰ ਸਿੰਘ ਛੀਨਾ, ਬਲਕਾਰ ਸਿੰਘ, ਮਲਕੀਅਤ ਸਿੰਘ ਔਜਲਾ, ਗੁਰਚਰਨ ਸਿੰਘ, ਕੁਲਵਿੰਦਰ ਸਿੰਘ, ਭੁਪਿੰਦਰ ਸਿੰਘ, ਹਰਮਿੰਦਰ ਖੁਰਮੀ, ਪੂਨਮ ਬਾਲਾ, ਮਨਵੀਨ, ਗਰਮੀਤ ਕੌਰ ਆਦਿ ਵੱਲੋਂ ਇਨਾਂ ਸਮੁੱਚੀਆਂ ਪਦ-ਉੱਨਤੀਆਂ ਦਾ ਸਵਾਗਤ ਕਰਦਿਆਂ ਪਰਮੋਟ ਹੋਏ ਅਧਿਕਾਰੀਆਂ ਨੂੰ ਉਨ੍ਹਾਂ ਦੇ ਚੰਗੇਰੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ ਗਈਆਂ।



# ਆਈ ਸੀ ਆਈ ਸੀ ਆਈ ਪ੍ਰੋਗੋਲਡ ਪੈਨਸ਼ਨ ਬੱਚਤ ਜੀਵਨ ਭਰ ਵਿੱਤੀ ਆਜ਼ਾਦੀ ਵੱਲ ਵਧ ਰਿਹਾ ਬਦਲਾਅ

**ਜਲੰਧਰ**- ਭਾਰਤ ਇੱਕ ਮਹੱਤਵਪੂਰਨ ਜਨਸੰਖਿਆ ਤਬਦੀਲੀ ਦਾ ਅਨੁਭਵ ਕਰ ਰਿਹਾ ਹੈ। ਅਸੀਂ ਇੱਕ ਨੌਜਵਾਨ ਰਾਸ਼ਟਰ ਹੋਣ ਦਾ ਜਸ਼ਨ ਮਨਾਉਂਦੇ ਹਾਂ, ਪਰ ਅਸੀਂ ਤੇਜ਼ੀ ਨਾਲ ਇੱਕ ਸਮਾਜ ਵਿੱਚ ਬਦਲ ਰਹੇ ਹਾਂ ਜਿੱਥੇ ਤੇਜ਼ੀ ਨਾਲ ਉਮਰ ਵਧ ਰਹੀ ਆਬਾਦੀ ਹੈ। ਰਾਸ਼ਟਰੀ ਆਬਾਦੀ ਕਮਿਸ਼ਨ ਦੇ ਅਨੁਸਾਰ, 2036 ਤੱਕ, ਸੱਤ ਵਿੱਚੋਂ ਇੱਕ ਭਾਰਤੀ ਸੀਨੀਅਰ ਨਾਗਰਿਕ ਹੋਵੇਗਾ ਅਤੇ ਇਹ ਗਿਣਤੀ 230 ਮਿਲੀਅਨ ਤੱਕ ਵਧਣ ਦਾ ਅਨੁਮਾਨ ਹੈ। ਆਈ ਸੀ ਆਈ ਸੀ ਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਕੰਪਨੀ ਲਿਮਟਿਡ ਦੇ ਮੁੱਖ ਉਤਪਾਦ ਅਧਿਕਾਰੀ ਵਿਕਾਸ ਗੁਪਤਾ ਨੇ ਕਿਹਾ, ਆਈ ਸੀ ਆਈ ਸੀ ਆਈ ਪ੍ਰੂਡੈਂਸ਼ੀਅਲ ਲਾਈਫ ਵਿਖੇ ਸਾਡਾ ਮੰਨਣਾ ਹੈ ਕਿ ਰਿਟਾਇਰਮੈਂਟ ਜਸ਼ਨ ਦਾ ਇੱਕ ਮੀਲ ਪੱਥਰ ਹੋਣਾ ਚਾਹੀਦਾ ਹੈ, ਵਿੱਤੀ ਤਣਾਅ ਨਹੀਂ।ਆਈ ਸੀ ਆਈ ਸੀ ਆਈ ਪ੍ਰੂ ਗੋਲਡ ਪੈਨਸ਼ਨ ਸੇਵਿੰਗਜ਼ ਨੂੰ ਨਿਸ਼ਚਤਤਾ, ਬੋਨਸ ਰਾਹੀਂ ਵਾਧਾ ਤੇ ਵੱਡੀਆਂ ਜੀਵਨ ਘਟਨਾਵਾਂ ਜਾਂ ਬਿਮਾਰੀਆਂ ਦੇ ਮਾਮਲੇ ਵਿੱਚ ਜੀਵਨ ਦੀਆਂ ਅਨਿਸ਼ਚਿਤਤਾਵਾਂ ਨੂੰ ਪੂਰਾ ਕਰਨ ਲਈ ਫੰਡਾਂ ਤੱਕ ਪਹੁੰਚ ਕਰਨ ਦੀ ਲਚਕਤਾ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ।

# ਪੰਜਾਬ ਇਸਤਰੀ ਸਭਾ ਤੇ ਨਾਰੀ ਚੇਤਨਾ ਮੰਚ ਵੱਲੋਂ ਡਾ. ਸੌਂਦ ਨੂੰ ਨਮ ਅੱਖਾਂ ਨਾਲ ਅੰਤਮ ਵਿਦਾਇਗੀ

**ਅੰਮ੍ਰਿਤਸਰ (ਨਜ਼ਸ)**- ਡਾ. ਇਕਬਾਲ ਕੌਰ ਸੌਂਦ 14 ਜੁਲਾਈ ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ।ਉਹ ਇਕ ਮਹਾਨ ਸ਼ਖਸੀਅਤ ਸਨ, ਸ਼ਖਸੀਅਤ ਹੀ ਨਹੀਂ ਸਗੋਂ ਇੱਕ ਸੰਸਥਾ ਸਨ।ਉਹ ਯੂਨੀਵਰਸਿਟੀ ਵਿੱਚ ਪ੍ਰੋਫੈਸਰ ਤੋਂ ਇਲਾਵਾ ਭਗਤ ਨਾਮਦੇਵ ਜੀ ਚੇਅਰ ਦੇ ਚੇਅਰਪਰਸਨ ਵੀ ਰਹਿ ਚੁੱਕੇ ਸਨ।ਉਹ ਇੱਕ ਉੱਘੇ ਲੇਖਕ ਸਨ ਅਤੇ ਉਨ੍ਹਾਂ ਅਨੇਕਾਂ ਕਿਤਾਬਾਂ ਲਿਖੀਆਂ।ਕਿਤਾਬਾਂ ਲਿਖਣ ਵਾਲੇ ਤਾਂ ਬਹੁਤ ਲੇਖਕ ਹਨ ਪਰੰਤੂ ਕਿਤਾਬਾਂ ਲਿਖਾਉਣ ਵਾਲੇ ਬਹੁਤ ਵਿਰਲੇ ਹੁੰਦੇ ਹਨ ।ਡਾਕਟਰ ਇਕਬਾਲ ਕੌਰ ਉਨ੍ਹਾਂ ਵਿਰਲੇ ਲੋਕਾਂ ਵਿੱਚੋਂ ਸਨ, ਜਿਹੜੇ ਕਿ ਹਰ ਮਿਲਣ ਵਾਲੇ ਨੂੰ ਲਿਖਣ ਦੀ ਪ੍ਰੇਰਨਾ ਜ਼ਰੂਰ ਦਿੰਦੇ ਸਨ।ਉਨ੍ਹਾਂ ਨੇ ਕਈ ਲੇਖਕ ਪੈਦਾ ਕੀਤੇ।15 ਜੁਲਾਈ ਨੂੰ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ।ਇਸ ਮੌਕੇ ਪੰਜਾਬ ਇਸਤਰੀ ਸਭਾ ਅਤੇ ਨਾਰੀ ਚੇਤਨਾ ਮੰਚ ਵੱਲੋਂ ਰਜਿੰਦਰਪਾਲ ਕੌਰ, ਰੇਖਾ ਭੱਟੀ, ਪਵਨ ਭੱਟੀ, ਪ੍ਰੋਫੈਸਰ ਬਲਜਿੰਦਰ ਕੌਰ, ਪੂਨਮ ਸ਼ਰਮਾ, ਕੰਵਲ ਜੱਸਲ, ਡਾਕਟਰ ਪ੍ਰਭਜੋਤ ਕੌਰ, ਬਲਜੀਤ ਕੌਰ, ਰਾਜਬੀਰ ਕੌਰ ਗਰੇਵਾਲ ਆਦਿ ਮੈਂਬਰ ਸ਼ਾਮਿਲ ਹੋਏ।ਇਸ ਤੋਂ ਇਲਾਵਾ ਬਹੁਤ ਨਾਮੀ ਹਸਤੀਆਂ ਜਿਨ੍ਹਾਂ ਵਿੱਚ ਰੰਗਮੰਚ ਦੇ ਬੇਤਾਜ ਬਾਦਸ਼ਾਹ ਕੇਵਲ ਧਾਲੀਵਾਲ, ਦਲਜੀਤ ਸਿੰਘ ਸੋਨਾ ਅਤੇ ਭੁਪਿੰਦਰ ਸੰਧੂ ਆਦਿ ਇਸ ਦੁੱਖ ਭਰੇ ਮੌਕੇ ਸ਼ਾਮਿਲ ਸਨ।

